# ਜ਼ਬੂਰ

## ਪਹਿਲਾ ਭਾਗ 1 (ਜ਼ਬੂਰ 1–41)

1 [1]ਉਹ ਵਿਅਕਤੀ ਵੱਡਭਾਗਾ ਹੈ ਜਿਹੜਾ ਬੁਰੇ ਬੰਦਿਆਂ ਦੀਆਂ ਸਲਾਹਾਂ ਨਹੀਂ ਲੈਂਦਾ ਅਤੇ ਜਿਹੜਾ ਪਾਪੀਆਂ ਵਾਂਗ ਨਹੀਂ ਜੀਉਂਦਾ। ਅਤੇ ਉਨ੍ਹਾਂ ਲੋਕਾਂ ਨਾਲ ਨਹੀਂ ਰਲਦਾ ਜਿਹੜੇ ਪਰਮੇਸ਼ੁਰ ਨੂੰ ਮਾਣ ਨਹੀਂ ਦਿੰਦੇ।

2 ਇੱਕ ਨੇਕ ਵਿਅਕਤੀ, ਯਹੋਵਾਹ ਦੇ ਉਪਦੇਸ਼ਾਂ ਨੂੰ ਪਿਆਰ ਕਰਦਾ, ਅਤੇ ਉਹ ਉਨ੍ਹਾਂ ਤੇ ਦਿਨ ਰਾਤ ਸੋਚ ਵਿਚਾਰ ਕਰਦਾ ਹੈ।

3 ਇਸ ਤਰ੍ਹਾਂ ਉਹ ਉਸ ਰੁੱਖ ਵਾਂਗ ਬਲਵਾਨ ਬਣ ਜਾਂਦਾ ਹੈ ਜਿਹੜਾ ਨਦੀ ਦੇ ਕਿਨਾਰੇ ਉੱਤੇ ਬਰਾਬਰੀ ਨਾਲ ਵੱਧਦਾ ਹੈ। ਅਤੇ ਉਹ ਰੁੱਖ ਉਪਯੁਕਤ ਸਮੇਂ ਤੇ ਫ਼ਲ ਦਿੰਦਾ ਹੈ। ਉਹ ਉਸ ਰੁੱਖ ਵਰਗਾ ਹੈ ਜਿਸ ਦੇ ਪੱਤੇ ਨਹੀਂ ਸੁੱਕਦੇ ਅਤੇ ਉਹ ਆਪਣੇ ਹਰ ਕੰਮ ਵਿੱਚ ਸਫਲ ਹੋ ਜਾਂਦਾ ਹੈ।

4 ਪਰ ਬੁਰੇ ਵਿਅਕਤੀ ਇਸ ਤਰ੍ਹਾਂ ਨਹੀਂ ਹਨ। ਬੁਰੇ ਵਿਅਕਤੀ ਉਸ ਤੂੜੀ ਵਰਗੇ ਹਨ ਜਿਹੜੀ ਹਵਾ ਦੇ ਨਾਲ ਉੱਡ ਜਾਂਦੀ ਹੈ।

5 ਜੇ ਨੇਕ ਬੰਦੇ ਕਿਸੇ ਅਦਾਲਤੀ ਮੁਕੱਦਮੇ ਦਾ ਨਿਆਂ ਕਰਨ ਲਈ ਇਕੱਠੇ ਹੁੰਦੇ ਹਨ, ਤਾਂ ਬੁਰੇ ਵਿਅਕਤੀਆਂ ਨੂੰ ਬੁਰੇ ਅਮਲਾਂ ਵਾਸਤੇ ਦੋਸ਼ੀ ਠਹਿਰਾਇਆ ਜਾਵੇਗਾ। ਉਨ੍ਹਾਂ ਪਾਪੀਆਂ ਦਾ ਨਿਆਂ ਬੇਕਸੂਰਾਂ ਵਾਂਗ ਨਹੀਂ ਹੋਵੇਗਾ।

6 ਕਿਉਂਕਿ ਯਹੋਵਾਹ, ਨੇਕ ਬੰਦਿਆਂ ਦੀ ਰੱਖਿਆ ਕਰਦਾ ਹੈ, ਪਰ ਬੁਰੇ ਵਿਅਕਤੀਆਂ ਨੂੰ ਖਤਮ ਕਰਦਾ ਹੈ।

2 [1]ਪਰਾਈਆਂ ਕੌਮਾਂ ਦੇ ਲੋਕ ਇੰਨੇ ਕ੍ਰੋਧ ਵਿੱਚ ਕਿਉਂ ਹਨ? ਉਹ ਐਸੀਆਂ ਯੋਜਨਾਵਾਂ ਕਿਉਂ ਬਣਾ ਰਹੇ ਹਨ ਜਿਹੜੀਆਂ ਵਿਅਰਥ ਹਨ?

2 ਉਨ੍ਹਾਂ ਦੇ ਰਾਜੇ ਅਤੇ ਆਗੂ ਯਹੋਵਾਹ ਦੇ ਖਿਲਾਫ਼ ਅਤੇ ਉਸ ਰਾਜੇ ਦੇ ਖਿਲਾਫ਼ ਲੜਨ ਲਈ ਇੱਕਜੁਟ ਹੋ ਗਏ ਹਨ ਜੋ ਉਸ ਦੁਆਰਾ ਚੁਣਿਆ ਗਿਆ ਹੈ।

3 ਉਨ੍ਹਾਂ ਆਗੂਆਂ ਨੇ ਆਖਿਆ, "ਯਹੋਵਾਹ ਦੇ ਖਿਲਾਫ਼ ਨਾਲੇ ਉਸ ਰਾਜੇ ਦੇ ਖਿਲਾਫ਼ ਵਿਦ੍ਰੋਹ ਕਰੀਏ ਜੋ ਉਸ ਦੁਆਰਾ ਚੁਣਿਆ ਗਿਆ ਹੈ। ਆਓ। ਆਪਾਂ ਇਨ੍ਹਾਂ ਬੰਧਨਾਂ ਨੂੰ ਵੱਢ ਸੁੱਟੀਏ ਜਿਨ੍ਹਾਂ ਨੇ ਸਾਨੂੰ ਬੰਨ੍ਹ ਰੱਖਿਆ ਹੈ ਅਤੇ ਉਨਾਂ ਤੋਂ ਆਜ਼ਾਦ ਹੋ ਜਾਈਏ।"

4 ਪਰ ਮੇਰਾ ਮਾਲਕ, ਸਵਰਗ ਦਾ ਰਾਜਾ, ਉਨ੍ਹਾਂ ਲੋਕਾਂ ਉੱਤੇ ਹੱਸਦਾ ਹੈ।

5 ਪਰਮੇਸ਼ੁਰ ਗੁੱਸੇ ਹੈ ਅਤੇ ਉਨ੍ਹਾਂ ਲੋਕਾਂ ਨੂੰ ਦੱਸਦਾ ਹੈ, "ਇਹ ਮੈਂ ਹੀ ਸੀ ਜਿਸ ਨੇ ਉਸ ਆਦਮੀ ਨੂੰ ਰਾਜਾ ਹੋਣ ਲਈ ਚੁਣਿਆ ਸੀ।

6 ਅਤੇ ਉਹ ਪਰਬਤ ਸੀਯੋਨ ਉੱਤੇ ਰਾਜ ਕਰੇਗਾ। ਸੀਯੋਨ ਮੇਰਾ ਪਵਿੱਤਰ ਪਰਬਤ ਹੈ। ਅਤੇ ਇਸ ਨਾਲ ਉਹ ਆਗੂ ਭੈਭੀਤ ਹੋ ਰਹੇ ਹਨ।"

7 ਹੁਣ ਮੈਂ ਤੈਨੂੰ ਪਰਮੇਸ਼ੁਰ ਦੇ ਕਰਾਰ ਬਾਰੇ ਦੱਸਾਂਗਾ। ਪਰਮੇਸ਼ੁਰ ਨੇ ਮੈਨੂੰ ਆਖਿਆ। "ਅੱਜ ਤੋਂ ਮੈਂ ਤੇਰਾ ਪਿਤਾ ਹਾਂ। ਅਤੇ ਤੂੰ ਮੇਰਾ ਪੁੱਤਰ ਹੈਂ।

8 ਤੂੰ ਮੈਥੋਂ ਜਿਸ ਕਾਸੇ ਦੀ ਵੀ ਮੰਗ ਕਰੇਗਾ, ਮੈਂ ਤੈਨੂੰ ਸਾਰੀਆਂ ਕੌਮਾਂ ਦੇ ਦਿਆਂਗਾ। ਸਾਰੀ ਧਰਤੀ ਦੇ ਲੋਕ ਤੇਰੇ ਆਪਣੇ ਹੋਣਗੇ।

9 ਉਨ੍ਹਾਂ ਕੌਮਾਂ ਨੂੰ ਤਬਾਹ ਕਰਨ ਯੋਗ ਹੋਵੇਂਗਾ, ਜਿਵੇਂ ਲੋਹੇ ਦਾ ਡੰਡਾ ਮਿੱਟੀ ਦੇ ਭਾਂਡਿਆਂ ਨੂੰ ਚਕਨਾਚੂਰ ਕਰਨ ਦੇ ਯੋਗ ਹੁੰਦਾ ਹੈ।"

10 ਇਸੇ ਲਈ, ਰਾਜਿਓ, ਤੁਸੀਂ ਸਿਆਣੇ ਬਣੋ। ਤੂੰ ਸਾਰੇ ਆਗੂਓ, ਇਹ ਸਬਕ ਸਿੱਖ ਲਓ।

11 ਯਹੋਵਾਹ ਨੂੰ ਸ਼ਰਧਾ ਨਾਲ ਮੰਨੋ।

12 ਦਰਸ਼ਾਓ ਕਿ ਤੁਸੀਂ ਸਾਰੇ ਪਰਮੇਸ਼ੁਰ ਦੇ ਪੁੱਤਰ ਦੇ ਵਫ਼ਾਦਾਰ ਹੋ। ਜੇ ਤੁਸੀਂ ਅਜਿਹਾ ਨਹੀਂ ਕਰੋਂਗੇ, ਉਹ ਗੁੱਸੇ ਹੋਵੇਗਾ ਤੇ ਤੁਹਾਨੂੰ ਖਤਮ ਕਰ ਦੇਵੇਗਾ। ਉਹ ਵੱਡਭਾਗੇ ਹਨ ਜਿਹੜੇ ਪਰਮੇਸ਼ੁਰ ਵਿੱਚ ਯਕੀਨ ਰੱਖਦੇ ਹਨ। ਪਰ ਹੋਰਾਂ ਨੂੰ ਹੁਸ਼ਿਆਰ ਰਹਿਣਾ ਚਾਹੀਦਾ ਹੈ। ਯਹੋਵਾਹ ਆਪਣਾ ਗੁੱਸਾ ਵਿਖਾਉਣ ਲਈ ਤਿਆਰ ਹੈ।

*ਦਾਊਦ ਦਾ ਗੀਤ ਹੈ ਜਦੋਂ ਉਹ ਆਪਣੇ ਪੁੱਤਰ ਅਬਸ਼ਾਲੋਮ ਕੋਲੋਂ ਭੱਜ ਗਿਆ ਸੀ।*

3 [1]ਹੇ ਯਹੋਵਾਹ, ਮੇਰੇ ਕਈ ਦੁਸ਼ਮਣ ਹਨ। ਬਹੁਤ ਲੋਕੀ ਮੇਰੇ ਖਿਲਾਫ਼ ਹੋ ਗਏ ਨੇ।

2 ਬਹੁਤ ਲੋਕ ਮੇਰੇ ਬਾਰੇ ਬੁਰੀਆਂ ਗੱਲਾਂ ਕਰ ਰਹੇ ਹਨ। ਉਹ ਲੋਕ ਆਖਦੇ ਨੇ, "ਪਰਮੇਸ਼ੁਰ ਇਸ ਨੂੰ ਨਹੀਂ ਬਚਾਵੇਗਾ।"

3 ਪਰ, ਹੇ ਯਹੋਵਾਹ, ਤੂੰ ਮੇਰੀ ਢਾਲ ਹੈਂ। ਤੂੰ ਮੇਰੀ ਮਹਿਮਾ ਹੈਂ। ਹੇ ਯਹੋਵਾਹ ਤੇਰੇ ਨਾਲ ਹੀ ਮੇਰਾ ਸਿਰ ਉੱਚਾ ਹੈ।

4 ਮੈਂ ਯਹੋਵਾਹ ਅੱਗੇ ਪ੍ਰਾਰਥਨਾ ਕਰਾਂਗਾ ਤੇ ਉਹ ਮੈਨੂੰ ਆਪਣੇ ਪਵਿੱਤਰ ਪਰਬਤ ਉੱਤੋਂ ਉੱਤਰ ਦੇਵੇਗਾ।

5 ਹੁਣ ਮੈਂ ਪੱਥਰ ਉੱਤੇ ਪੈ ਕੇ ਅਰਾਮ ਕਰ ਸਕਦਾ ਹਾਂ, ਅਤੇ ਮੈਂ ਜਾਣਦਾ ਹਾਂ ਕਿ ਮੈਂ ਜਾਗ ਪਵਾਂਗਾ। ਕਿਉਂਕਿ ਯਹੋਵਾਹ ਮੈਨੂੰ ਕੱਜਦਾ ਹੈ ਤੇ ਉਹ ਮੈਨੂੰ ਆਸਰਾ ਦਿੰਦਾ ਹੈ।

6 ਹਜ਼ਾਰਾਂ ਸਿਪਾਹੀਆਂ ਨੂੰ ਮੈਨੂੰ ਘੇਰ ਲੈਣ ਮੈਂ ਉਨ੍ਹਾਂ ਦੁਸ਼ਮਣਾਂ ਤੋਂ ਨਹੀਂ ਡਰਾਂਗਾ।

7 ਯਹੋਵਾਹ, ਉੱਠੋ। ਮੇਰੇ ਪਰਮੇਸ਼ੁਰ ਆ ਕੇ ਮੈਨੂੰ ਬਚਾ! ਤੂੰ

ਬਹੁਤ ਬਲਵਾਨ ਹੋ! ਤੇਰਾ ਇੱਕ ਵੀ ਥੱਪੜ ਮੇਰੇ ਦੁਸ਼ਮਣਾਂ
ਦੇ ਸਾਰੇ ਦੰਦ ਤੋੜਨ ਲਈ ਕਾਫ਼ੀ ਹੈ।
8 ਹੇ ਯਹੋਵਾਹ, ਜਿੱਤ ਤੇਰੀ ਹੀ ਹੈ। ਕਿਰਪਾ ਕਰਕੇ ਆਪਣਿਆਂ
ਲੋਕਾਂ ਨੂੰ ਅਸੀਸ ਦੇ।

*ਨਿਰਦੇਸ਼ਕ ਲਈ। ਤਾਰਾਂ ਵਾਲੇ ਸਾਜ਼ਾਂ ਨਾਲ ਦਾਊਦ ਦਾ ਇੱਕ ਗੀਤ।*

4 1ਮੇਰੇ ਭਲੇ ਯਹੋਵਾਹ, ਮੈਂ ਜਦੋਂ ਵੀ ਪ੍ਰਾਰਥਨਾ ਕਰਾਂ ਸੁਣ
ਲਵੀਂ! ਮੇਰੀ ਪ੍ਰਾਰਥਨਾ ਸੁਣ ਲਵੀਂ ਤੇ ਮੇਰੇ ਉੱਤੇ ਦਯਾਵਾਨ
ਹੋਈਂ! ਮੈਨੂੰ ਮੇਰੀਆਂ ਮੁਸੀਬਤਾਂ ਤੋਂ ਰਾਹਤ ਦੇਵੀਂ!
2 ਹੇ ਆਦਮੀਓ, ਕਿੰਨਾ ਕੁ ਚਿਰ ਤੁਸੀਂ ਮੇਰੇ ਬਾਰੇ ਬੁਰਾ
ਬੋਲੋਗੇ? ਤੁਸੀਂ ਮੇਰੇ ਬਾਰੇ ਦੱਸਣ ਲਈ ਨਵੇਂ-ਨਵੇਂ ਝੂਠਾਂ ਨੂੰ
ਲੱਭਦੇ ਹੋ। ਤੁਹਾਨੂੰ ਉਨ੍ਹਾਂ ਝੂਠਾਂ ਨੂੰ ਦੱਸਣਾ ਪਿਆਰਾ ਲੱਗਦਾ
ਹੈ। ਸਲਹ।
3 ਤੁਸੀਂ ਚੰਗੀ ਤਰ੍ਹਾਂ ਜਾਣਦੇ ਹੋ ਕਿ ਯਹੋਵਾਹ ਆਪਣੇ ਨੇਕ
ਬੰਦਿਆਂ ਦੀ ਅਵਾਜ਼ ਨੂੰ ਸੁਣਦਾ ਹੈ। ਇਸੇ ਲਈ ਯਹੋਵਾਹ
ਮੇਰੀ ਵੀ ਸੁਣਦਾ ਹੈ, ਜਦੋਂ ਵੀ ਮੈਂ ਉਸ ਅੱਗੇ ਪ੍ਰਾਰਥਨਾ
ਕਰਦਾ ਹਾਂ।
4 ਜੇਕਰ ਕੋਈ ਚੀਜ਼ ਤੁਹਾਨੂੰ ਪਰੇਸ਼ਾਨ ਕਰਦੀ ਹੈ। ਜਦੋਂ ਤੁਸੀਂ
ਗੁੱਸੇ ਹੁੰਦੇ ਹੋ, ਪਾਪ ਨਾ ਕਰੋ। ਜਦੋਂ ਤੁਸੀਂ ਆਪਣੇ ਬਿਸਤਰੇ
ਤੇ ਲੇਟਦੇ ਹੋ ਇਨ੍ਹਾਂ ਗੱਲਾਂ ਬਾਰੇ ਸੋਚ ਵਿਚਾਰ ਕਰੋ ਅਤੇ ਫ਼ੇਰ
ਨਿਸ਼ਚਿੰਤ ਹੋ ਜਾਉ।
5 ਯਹੋਵਾਹ ਵਿੱਚ ਯਕੀਨ ਰੱਖੋ ਅਤੇ ਧਰਮੀ ਗੱਲਾਂ ਕਰੋ।
6 ਬਹੁਤ ਲੋਕੀਂ ਪੁੱਛਦੇ ਹਨ, “ਸਾਨੂੰ ਪਰਮੇਸ਼ੁਰ ਦੀ ਭਲਿਆਈ
ਕੌਣ ਵਿਖਾਵੇਗਾ? ਹੇ ਯਹੋਵਾਹ, ਅਸੀਂ ਤੁਹਾਡੀ ਕ੍ਰਿਪਾਲਤਾ
ਮਾਣ ਸਕੀਏ।”
7 ਯਹੋਵਾਹ ਤੈਂ ਮੈਨੂੰ ਉਨ੍ਹਾਂ ਨਾਲੋਂ ਬਹੁਤ ਖੁਸ਼ ਕੀਤਾ ਹੈ! ਜਦ
ਉਨ੍ਹਾਂ ਦੇ ਦਾਣੇ ਅਤੇ ਦਾਖਰਸ ਬਹੁਤ ਸਨ।
8 ਜਦ ਮੈਂ ਬਿਸਤਰ ਉੱਤੇ ਜਾਂਦਾ ਹਾਂ ਤਾਂ ਮੈਂ ਸ਼ਾਂਤੀ ਨਾਲ ਸੌਂ
ਜਾਂਦਾ ਹਾਂ। ਕਿਉਂਕਿ ਹੇ ਯਹੋਵਾਹ, ਤੂੰ ਮੈਨੂੰ ਸੁਰੱਖਿਅਤ
ਰੱਖਦਾ ਹੈਂ।

*ਨਿਰਦੇਸ਼ਕ ਲਈ। ਬੰਸਰੀਆਂ ਦੇ ਨਾਲ ਗਾਉਣ ਵਾਲਾ। ਦਾਊਦ ਦਾ ਇੱਕ ਗੀਤ।*

5 1ਹੇ ਯਹੋਵਾਹ, ਮੇਰੇ ਸ਼ਬਦਾਂ ਨੂੰ ਸੁਣ। ਸਮਝ, ਮੈਂ ਕੀ
ਆਖਣਾ ਚਾਹ ਰਿਹਾ ਹਾਂ।
2 ਮੇਰੇ ਪਰਮੇਸ਼ੁਰ ਅਤੇ ਮੇਰੇ ਰਾਜਾ, ਮੇਰੀ ਪ੍ਰਾਰਥਨਾ ਨੂੰ ਸੁਣ।
3 ਹੇ ਯਹੋਵਾਹ, ਹਰ ਰੋਜ਼ ਅੰਮ੍ਰਿਤ ਵੇਲੇ ਮੈਂ ਤੈਨੂੰ ਆਪਣੀਆਂ
ਭੇਟਾਂ ਅਰਪਣ ਕਰਦਾ ਹਾਂ ਅਤੇ ਤੇਰੇ ਵੱਲ ਸਹਾਇਤਾ ਲਈ
ਤੱਕਦਾ ਹਾਂ। ਅਤੇ ਹਰ ਰੋਜ਼ ਅੰਮ੍ਰਿਤ ਵੇਲੇ ਤੂੰ ਮੇਰੀਆਂ
ਪ੍ਰਾਰਥਨਾ ਨੂੰ ਸੁਣਦਾ ਹੈਂ।
4 ਹੇ ਪਰਮੇਸ਼ੁਰ, ਤੂੰ ਬੁਰੇ ਲੋਕਾਂ ਨੂੰ ਆਪਣੇ ਨੇੜੇ ਪਸੰਦ ਨਹੀਂ
ਕਰਦਾ। ਬੁਰੇ ਲੋਕ ਤੇਰੀ ਉਪਾਸਨਾ ਨਹੀਂ ਕਰ ਸਕਦੇ।
5 ਮੂਰਖ ਤੇਰੇ ਨਜ਼ਦੀਕ ਨਹੀਂ ਆ ਸਕਦੇ। ਤੂੰ ਉਨ੍ਹਾਂ ਨੂੰ
ਨਫ਼ਰਤ ਕਰਦਾ ਹੈਂ ਜਿਹੜੇ ਬਦੀ ਕਰਦੇ ਹਨ।
6 ਤੂੰ ਉਨ੍ਹਾਂ ਲੋਕਾਂ ਨੂੰ ਮਾਰ ਦਿੰਦਾ ਹੈਂ ਜਿਹੜੇ ਝੂਠ ਬੋਲਦੇ ਹਨ।
ਤੂੰ ਉਨ੍ਹਾਂ ਲੋਕਾਂ ਨੂੰ ਨਫ਼ਰਤ ਕਰਦਾ ਹੈਂ ਜਿਹੜੇ ਦੂਸਰਿਆਂ ਨੂੰ
ਨੁਕਸਾਨ ਪਹੁੰਚਾਉਣ ਲਈ ਗੁਪਤ ਯੋਜਨਾਵਾਂ ਬਣਾਉਂਦੇ
ਹਨ।
7 ਪਰ ਯਹੋਵਾਹ, ਤੇਰੀ ਵੱਡੀ ਮਿਹਰ ਕਾਰਣ, ਮੈਂ ਤੇਰੇ ਮੰਦਰ
ਵਿੱਚ ਆਵਾਂਗਾ। ਮੈਂ ਤੇਰੇ ਪਵਿੱਤਰ ਮੰਦਰ ਵਿੱਚ ਡਰ ਅਤੇ
ਸ਼ਰਧਾ ਨਾਲ ਆਪਣਾ ਸੀਸ ਝੁਕਾਵਾਂਗਾ। ਯਹੋਵਾਹ।
8 ਹੇ ਯਹੋਵਾਹ, ਲੋਕੀ ਸਿਰਫ਼ ਮੇਰੀਆਂ ਕਮਜ਼ੋਰੀਆਂ ਨੂੰ ਹੀ
ਲੱਭਦੇ ਹਨ। ਇਸ ਲਈ ਮੈਨੂੰ ਆਪਣੇ ਜੀਵਨ ਦੀ ਸਹੀ
ਜਾਂਚ ਸਿਖਾ ਤਾਂ ਕਿ ਉਸ ਦਾ ਅਨੁਸਰਣ ਕਰਨਾ ਮੇਰੇ ਲਈ
ਸੁਖਾਲਾ ਹੋਵੇ।
9 ਉਹ ਲੋਕ ਸੱਚ ਨਹੀਂ ਆਖਦੇ। ਉਹ ਲੋਕ ਝੂਠੇ ਹਨ ਜਿਹੜੇ
ਸੱਚ ਨੂੰ ਮਰੋੜਦੇ ਹਨ। ਉਨ੍ਹਾਂ ਦੇ ਮੂੰਹ ਖਾਲੀ ਕਬਰਾਂ ਵਰਗੇ
ਹਨ। ਭਾਵੇਂ ਉਹ ਹੋਰਨਾਂ ਨੂੰ ਮਿੱਠੇ ਸ਼ਬਦ ਬੋਲਦੇ ਹਨ, ਉਹ
ਸਿਰਫ਼ ਉਨ੍ਹਾਂ ਨੂੰ ਫ਼ਸਾਉਣ ਅਤੇ ਨੁਕਸਾਨ ਪਹੁੰਚਾਉਣ
ਦੀਆਂ ਹੀ ਵਿਉਂਤਾਂ ਬਣਾਉਂਦੇ ਹਨ।
10 ਉਨ੍ਹਾਂ ਨੂੰ ਸਜ਼ਾ ਦੇ, ਪਰਮੇਸ਼ੁਰ! ਉਹ ਖੁਦ ਆਪਣੇ ਹੀ ਜਾਲ
ਵਿੱਚ ਫ਼ਸ ਜਾਣ। ਉਹ ਲੋਕ ਤੇਰੇ ਵਿਰੁੱਧ ਖੜ੍ਹੇ ਹੋ ਗਏ
ਹਨ। ਉਨ੍ਹਾਂ ਨੂੰ ਉਨ੍ਹਾਂ ਦੇ ਅਨੇਕਾਂ ਪਾਪਾਂ ਦੀ ਸਜ਼ਾ ਦੇ।
11 ਪਰ ਜਿਹੜੇ ਲੋਕ ਪਰਮੇਸ਼ੁਰ ਵਿੱਚ ਯਕੀਨ ਰੱਖਦੇ ਹਨ, ਉਹ
ਪ੍ਰਸੰਨ ਹੋਣ। ਉਹ ਸਦਾ ਲਈ ਖੁਸ਼ ਹੋਣ। ਹੇ ਪਰਮੇਸ਼ੁਰ,
ਸਾਨੂੰ ਬਚਾ ਅਤੇ ਉਨ੍ਹਾਂ ਨੂੰ ਬਲ ਦੇ ਜਿਹੜੇ ਤੇਰੇ ਨਾਮ ਨੂੰ
ਪਿਆਰ ਕਰਦੇ ਹਨ!
12 ਹੇ ਯਹੋਵਾਹ, ਜਦੋਂ ਤੂੰ ਚੰਗੇ ਲੋਕਾਂ ਦਾ ਭਲਾ ਕਰਦਾ ਹੈਂ। ਤੂੰ
ਇੱਕ ਢਾਲ ਦੀ ਤਰ੍ਹਾਂ ਉਨ੍ਹਾਂ ਦੀ ਰੱਖਿਆ ਕਰਦਾ ਹੈਂ।

*ਨਿਰਦੇਸ਼ਕ ਲਈ। ਸੇਮਿਨਿਥ ਨਾਲ ਵਜਾਏ ਜਾਣ ਵਾਲੇ ਤਾਰਾਂ ਵਾਲੇ ਸਾਜ਼ਾਂ ਨਾਲ। ਦਾਊਦ ਦਾ ਇੱਕ ਗੀਤ।*

6 1ਯਹੋਵਾਹ, ਮੈਨੂੰ ਗੁੱਸੇ ਨਾਲ ਠੀਕ ਨਾ ਕਰ। ਗੁੱਸੇ ਨਾ ਹੋ,
ਮੈਨੂੰ ਸਜ਼ਾ ਨਾ ਦੇ ਅਤੇ ਮੈਨੂੰ ਧੀਰਜ ਨਾਲ ਠੀਕ ਕਰ।
2 ਯਹੋਵਾਹ, ਮੇਰੇ ਉੱਤੇ ਦਯਾ ਕਰ, ਮੈਂ ਬਿਮਾਰ ਤੇ ਕਮਜ਼ੋਰ
ਹਾਂ। ਮੈਨੂੰ ਤੰਦਰੁਸਤੀ ਬਖਸ਼! ਮੇਰੀ ਹੱਡੀਆਂ ਬਲਹੀਣ ਹੋ
ਗਈਆਂ ਹਨ।
3 ਮੇਰਾ ਸਾਰਾ ਸਰੀਰ ਕੰਬ ਰਿਹਾ ਹੈ। ਯਹੋਵਾਹ, ਮੈਨੂੰ ਚੰਗਾ
ਕਰਨ ਲਈ ਤੂੰ ਕਿੰਨਾ ਸਮਾਂ ਲਵੇਂਗਾ?
4 ਯਹੋਵਾਹ ਕਿਰਪਾ ਕਰਕੇ ਮੁੜ ਆ, ਅਤੇ ਮੈਨੂੰ ਚੰਗਾ ਕਰ!
ਤੂੰ ਬਹੁਤ ਕ੍ਰਿਪਾਲੂ ਹੈਂ, ਇਸ ਲਈ ਮੇਰੀ ਰੱਖਿਆ ਕਰ।
5 ਮੁਰਦੇ ਆਪਣੀਆਂ ਕਬਰਾਂ ਵਿੱਚ ਤੈਨੂੰ ਯਾਦ ਨਹੀਂ ਕਰਦੇ।
ਅਤੇ ਜਿਹੜੇ ਲੋਕ ਮ੍ਰਿਤ ਲੋਕ ਵਿੱਚ ਹਨ, ਤੇਰੀ ਉਸਤਤ
ਨਹੀਂ ਕਰਦੇ।
6 ਯਹੋਵਾਹ, ਮੈਂ ਸਾਰੀ ਰਾਤ ਤੇਰੇ ਅੱਗੇ ਪ੍ਰਾਰਥਨਾ ਕੀਤੀ
ਅਤੇ ਮੇਰੇ ਹੰਝੂਆਂ ਨਾਲ ਮੇਰਾ ਬਿਸਤਰਾ ਭਿੱਜ ਗਿਆ
ਹੈ। ਮੇਰੇ ਹੰਝੂ ਬਿਸਤਰੇ ਵਿੱਚੋਂ ਚੋਅ ਰਹੇ ਹਨ। ਮੈਂ ਤੇਰੇ
ਅੱਗੇ ਰੋ ਰਿਹਾ ਸਾਂ ਅਤੇ ਇਸ ਲਈ ਮੈਂ ਕਮਜ਼ੋਰ ਹੋ
ਗਿਆ।
7 ਮੇਰੇ ਦੁਸ਼ਮਣਾਂ ਨੇ ਮੈਨੂੰ ਬਹੁਤ ਦੁੱਖ ਦਿੱਤੇ ਹਨ। ਇਸੇ ਗੱਲੋਂ
ਮੈਂ ਬਹੁਤ ਦੁਖੀ ਤੇ ਉਦਾਸ ਹਾਂ। ਕਿਉਂਕਿ ਮੈਂ ਆਪਣੇ ਦੁੱਖਾਂ
ਕਾਰਣ ਰੋ ਰਿਹਾ ਸੀ ਮੇਰੀਆਂ ਅੱਖਾਂ ਧੁੰਦਲੀਆਂ ਤੇ ਕਮਜ਼ੋਰ
ਹੋ ਗਈਆਂ ਹਨ।

8 ਤੁਸੀਂ ਬਦ ਲੋਕੋ, ਦੂਰ ਚਲੇ ਜਾਉ। ਕਿਉਂਕਿ ਯਹੋਵਾਹ ਨੇ
ਮੇਰੀ ਦੁਹਾਈ ਸੁਣ ਲਈ ਹੈ।
9 ਯਹੋਵਾਹ ਨੇ ਮੇਰੀ ਪ੍ਰਾਰਥਨਾ ਸੁਣ ਲਈ ਹੈ ਅਤੇ ਸੁਣਨ ਤੋਂ
ਬਾਦ ਯਹੋਵਾਹ ਨੇ ਮੇਰੀ ਪ੍ਰਾਰਥਨਾ ਕਬੂਲ ਕਰ ਲਈ ਹੈ।
10 ਮੇਰੇ ਸਾਰੇ ਦੁਸ਼ਮਣ ਦੁਖੀ ਤੇ ਨਾਉਮੀਦ ਹੋਣਗੇ। ਨਿਸ਼ਚਿਤ
ਹੀ ਅਚਾਨਕ ਕੁਝ ਵਾਪਰੇਗਾ, ਅਤੇ ਉਹ ਸਾਰੇ ਲੋਕ
ਸ਼ਰਮਸਾਰ ਹੋ ਕੇ ਮੁੜ ਜਾਣਗੇ।

*ਦਾਊਦ ਦਾ ਇੱਕ ਗੀਤ, ਜਿਹੜਾ ਉਸ ਨੇ ਯਹੋਵਾਹ ਨੂੰ ਸੁਣਾਇਆ ਸੀ। ਇਹ ਗੀਤ ਕੂਸ਼ ਬਾਰੇ ਹੈ[a] ਜੋ ਕਿ ਬਿਨਯਾਮਿਨ ਦੇ ਪਰਿਵਾਰਿਕ ਸਮੂਹ ਵਿੱਚੋਂ ਸੀ।*

# 7

1ਹੇ ਯਹੋਵਾਹ, ਮੇਰੇ ਪਰਮੇਸ਼ੁਰ, ਮੈਂ ਤੇਰੇ ਵਿੱਚ ਸ਼ਰਨ ਲੈਂਦਾ
ਹਾਂ। ਮੈਨੂੰ ਉਨ੍ਹਾਂ ਲੋਕਾਂ ਤੋਂ ਬਚਾ ਜਿਹੜੇ ਮੇਰੇ ਪਿੱਛਾ ਕਰਦੇ
ਹਨ। ਮੈਨੂੰ ਬਚਾ।
2 ਜੇ ਤੂੰ ਮੈਨੂੰ ਨਹੀਂ ਬਚਾਵੇਂਗਾ, ਮੈਂ ਸ਼ੇਰ ਦੁਆਰਾ ਫ਼ੜੇ ਅਤੇ
ਧੂਏ ਜਾਣ ਵਾਲੇ ਜਾਨਵਰ ਵਰਗਾ ਹੋਵਾਂਗਾ। ਜਿਸ ਨੂੰ
ਕੋਈ ਵੀ ਨਹੀਂ ਬਚਾਉਂਦਾ।
3 ਯਹੋਵਾਹ ਮੇਰੇ ਪਰਮੇਸ਼ੁਰ, ਮੈਂ ਕੋਈ ਬੁਰਾ ਕੰਮ ਨਹੀਂ ਕੀਤਾ।
ਮੈਂ ਵਾਇਦਾ ਕਰਦਾ ਹਾਂ ਮੈਂ ਕੋਈ ਵੀ ਗਲਤ ਕੰਮ ਨਹੀਂ
ਕੀਤਾ।
4 ਮੈਂ ਆਪਣੇ ਕਿਸੇ ਵੀ ਸਹਾਇਕ ਦਾ ਬੁਰਾ ਨਹੀਂ ਕੀਤਾ।
ਅਤੇ ਨਾ ਹੀ ਆਪਣੇ ਸਹਾਇਕ ਦੇ ਦੁਸ਼ਮਣਾਂ ਦੀ ਕੋਈ
ਮਦਦ ਕੀਤੀ ਹੈ।
5 ਜੇ ਇਹ ਸੱਚ ਨਹੀਂ ਹੈ, ਤਾਂ ਮੈਨੂੰ ਸਜ਼ਾ ਦੇ। ਮੇਰੇ ਦੁਸ਼ਮਣ ਨੂੰ
ਮੇਰਾ ਪਿੱਛਾ ਕਰਨ ਦੇ, ਤੇ ਉਸ ਨੂੰ ਮੈਨੂੰ ਮਾਰ ਲੈਣ ਦੇ। ਉਸ
ਨੂੰ ਮੈਨੂੰ ਧਰਤੀ ਅੰਦਰ ਦੱਬ ਲੈਣ ਦੇ ਅਤੇ ਮੈਨੂੰ ਮਿੱਧਣ ਦੇ
ਅਤੇ ਮੇਰੀ ਰੂਹ ਨੂੰ ਗੰਦਗੀ ਅੰਦਰ ਪਾ ਲੈਣ ਦੇ।
6 ਹੇ ਯਹੋਵਾਹ, ਉੱਠ ਤੇ ਆਪਣਾ ਗੁੱਸਾ ਦਿਖਾ। ਮੇਰਾ ਵੈਰੀ
ਗੁੱਸੇ ਹੈ। ਇਸ ਲਈ ਤੂੰ ਉੱਠ ਤੇ ਉਸ ਦੇ ਵਿਰੁੱਧ ਲੜ। ਹੇ
ਪਰਮੇਸ਼ੁਰ, ਉੱਠ ਤੇ ਨਿਆਂ ਦੀ ਘੋਸ਼ਣਾ ਕਰ।
7 ਯਹੋਵਾਹ, ਲੋਕਾਂ ਦਾ ਨਿਆਂ ਕਰ। ਕੌਮਾਂ ਨੂੰ ਇਕੱਠਿਆਂ ਕਰ
ਅਤੇ ਲੋਕਾਂ ਦਾ ਨਿਆਂ ਕਰ।
8 ਅਤੇ ਲੋਕਾਂ ਦਾ ਨਿਆਂ ਕਰ। ਯਹੋਵਾਹ, ਮੇਰਾ ਨਿਆਂ ਕਰੇ।
ਸਿੱਧ ਕਰ ਕਿ ਮੈਂ ਬੇਕਸੂਰ ਹਾਂ।
9 ਬੁਰੇ ਲੋਕਾਂ ਨੂੰ ਸਜ਼ਾ ਦੇ, ਅਤੇ ਚੰਗੇ ਲੋਕਾਂ ਦੇ ਸਹਾਇਕ
ਬਣ। ਹੇ ਪਰਮੇਸ਼ੁਰ, ਤੂੰ ਭਲਾ ਹੈਂ, ਤੂੰ ਲੋਕਾਂ ਦੇ ਅੰਦਰਲੇਪਣ
ਨੂੰ ਵੇਖ ਸਕਦਾ ਹੈਂ।
10 ਪਰਮੇਸ਼ੁਰ ਉਨ੍ਹਾਂ ਲੋਕਾਂ ਦੀ ਮਦਦ ਕਰਦਾ ਹੈ ਜਿਨ੍ਹਾਂ ਕੋਲ
ਨਿਸ਼ਕਪਟ ਹਿਰਦੇ ਹਨ। ਇਸ ਲਈ ਪਰਮੇਸ਼ੁਰ ਮੇਰੀ
ਰੱਖਿਆ ਕਰੇਗਾ।
11 ਪਰਮੇਸ਼ੁਰ ਸਹੀ ਨਿਆਂਕਾਰ ਹੈ। ਉਹ ਹਮੇਸ਼ਾ ਦੁਸ਼ਟ ਲੋਕਾਂ
ਦੇ ਵਿਰੁੱਧ ਬੋਲਦਾ ਹੈ।
12-13 ਜੇ ਦੁਸ਼ਟ ਨਾ ਬਦਲੇ ਤਾਂ ਪਰਮੇਸ਼ੁਰ ਉਸ ਨੂੰ ਸਜ਼ਾ ਦੇਣ
ਲਈ ਤਿਆਰ ਹੈ। ਉਸ ਨੇ ਆਪਣੇ ਘਾਤਕ ਹਥਿਆਰ
ਤਿਆਰ ਕਰ ਲਏ ਹਨ। ਉਸ ਦੀ ਤਲਵਾਰ ਤੇਜ਼ ਹੈ। ਉਸ
ਨੇ ਆਪਣਾ ਧਣੁਖ ਤਿਆਰ ਕਰ ਲਿਆ ਹੈ ਅਤੇ ਅਗਨੀ
ਤੀਰ ਚਲਾਉਣ ਲਈ ਤਿਆਰ ਹੈ।
14 ਕੁਝ ਲੋਕ ਹਮੇਸ਼ਾ ਮੁਸੀਬਤਾਂ ਖੜੀਆਂ ਕਰਨ ਦੀਆਂ
ਵਿਉਂਤਾਂ ਬਣਾਉਂਦੇ ਹਨ। ਉਸ ਨੇ ਆਪਣਾ ਧਣੁਖ ਤਿਆਰ
ਕਰ ਲਿਆ ਹੈ ਅਤੇ ਅਗਨੀ ਤੀਰ ਚਲਾਉਣ ਲਈ
ਤਿਆਰ ਹੈ।
15 ਉਹ ਹੋਰਾਂ ਨੂੰ ਫ਼ਸਾਉਣ ਅਤੇ ਉਨ੍ਹਾਂ ਨੂੰ ਸੱਟਾਂ ਮਾਰਨ ਦੀਆਂ
ਯੋਜਨਾਵਾਂ ਬਣਾਉਂਦੇ ਹਨ। ਪਰ ਉਹ ਖੁਦ ਹੀ ਆਪਣੇ
ਜਾਲ ਵਿੱਚ ਫ਼ਸ ਜਾਣਗੇ।
16 ਉਨ੍ਹਾਂ ਨੂੰ ਉਹ ਸਜ਼ਾ ਮਿਲੇਗੀ ਜਿਸ ਦੇ ਉਹ ਲਾਇਕ ਹਨ।
ਉਹ ਹੋਰਾਂ ਲਈ ਜ਼ਾਲਮ ਸਨ। ਪਰ ਉਨ੍ਹਾਂ ਨੂੰ ਉਨ੍ਹਾਂ ਦੇ
ਗਲਤ ਕਾਰਿਆਂ ਵਾਸਤੇ ਸਜ਼ਾ ਮਿਲੇਗੀ।
17 ਮੈਂ ਯਹੋਵਾਹ ਦੀ ਉਸਤਤ ਕਰਾਂਗਾ ਕਿਉਂਕਿ ਉਹ ਭਲਾ
ਹੈ। ਮੈਂ ਅੱਤ ਉੱਚੇ ਯਹੋਵਾਹ ਦੇ ਨਾਮ ਦੀ ਉਸਤਤ
ਕਰਾਂਗਾ।

*ਨਿਰਦੇਸ਼ਕ ਲਈ: ਗਿੱਟੀਥ ਦੇ ਸਾਜ਼ ਨਾਲ[b]। ਦਾਊਦ ਦਾ ਇੱਕ ਗੀਤ।*

# 8

1ਯਹੋਵਾਹ ਸਾਡੇ ਮਾਲਕ, ਸਾਰੀ ਧਰਤੀ ਵਿੱਚ ਤੇਰਾ ਨਾਂ
ਵਧੇਰੇ ਅਦਭੁਤ ਹੈ। ਤੇਰੇ ਨਾਮ ਨੂੰ ਸਵਰਗ ਵਿੱਚ ਹਰ ਥਾਂ
ਉਸਤਤ ਮਿਲਦੀ ਹੈ।
2 ਬੱਚੇ ਤੇ ਨਿਆਣੇ ਤੇਰੀਆਂ ਉਸਤਤਾਂ ਦੇ ਗੀਤ ਗਾਉਂਦੇ
ਹਨ। ਤੂੰ ਉਨ੍ਹਾਂ ਨੂੰ ਇਹ ਗੀਤ ਆਪਣੇ ਸਾਰੇ ਦੁਸ਼ਮਣਾਂ ਦੇ
ਮੂੰਹ ਬੰਦ ਕਰਨ ਲਈ ਦਿੱਤੇ ਹਨ।
3 ਯਹੋਵਾਹ, ਮੈਂ ਉਸ ਸਵਰਗ ਵੱਲ ਵੇਖਦਾ ਹਾਂ, ਜਿਹੜਾ ਤੂੰ
ਆਪਣੇ ਖੁਦ ਦੇ ਹੱਥੀਂ ਸਾਜਿਆ ਹੈ। ਜਦ ਮੈਂ ਤੇਰੇ ਸਾਜੇ
ਚੰਦ ਤੇ ਤਾਰਿਆਂ ਨੂੰ ਵੇਖਦਾ ਹਾਂ, ਮੈਂ ਅਚੰਭਿਤ ਹੁੰਦਾ ਹਾਂ;
4 "ਲੋਕੀਂ ਤੇਰੇ ਲਈ ਇੰਨੇ ਮਹੱਤਵਪੂਰਣ ਕਿਉਂ ਹਨ? ਤੂੰ
ਉਨ੍ਹਾਂ ਨੂੰ ਯਾਦ ਕਿਉਂ ਰੱਖਦਾ ਹੈਂ? ਲੋਕੀਂ ਤੇਰੇ ਲਈ ਇੰਨੇ
ਮਹੱਤਵਪੂਰਣ ਕਿਉਂ ਹਨ? ਤੂੰ ਉਨ੍ਹਾਂ ਵੱਲ ਧਿਆਨ ਕਿਉਂ
ਦਿੰਦੇ ਹੋ?"
5 ਪਰ ਲੋਕੀਂ ਤੇਰੇ ਲਈ ਮਹੱਤਵਪੂਰਣ ਹਨ। ਤੂੰ ਲੋਕਾਂ ਨੂੰ
ਦੇਵਤਿਆਂ ਤੋਂ ਬੱਸ ਥੋੜਾ ਜਿਹਾ ਹੀ ਘੱਟ ਬਣਾਇਆ ਹੈ।
ਤੂੰ ਉਨ੍ਹਾਂ ਨੂੰ ਮਹਿਮਾ ਅਤੇ ਆਦਰ ਦਾ ਤਾਜ ਪੁਆਇਆ
ਹੈ।
6 ਤੂੰ ਲੋਕਾਂ ਨੂੰ ਆਪਣੀਆਂ ਸਾਜੀਆਂ ਸਾਰੀਆਂ ਚੀਜ਼ਾਂ ਉੱਤੇ
ਅਧਿਕਾਰ ਦੇ ਦਿੱਤਾ। ਤੂੰ ਸਭ ਕੁਝ ਉਨ੍ਹਾਂ ਦੇ ਨਿਯੰਤ੍ਰਣ ਹੇਠਾਂ
ਕਰ ਦਿੱਤਾ।
7 ਲੋਕੀਂ ਭੇਡਾਂ, ਜਾਨਵਰਾਂ ਅਤੇ ਜੰਗਲ ਦੇ ਸਾਰੇ ਜਾਨਵਰਾਂ
ਉੱਪਰ ਹਕੂਮਤ ਕਰਦੇ ਹਨ।
8 ਉਹ ਅਕਾਸ਼ ਵਿੱਚਲੇ ਪੰਛੀਆਂ ਉੱਤੇ ਅਤੇ ਸਮੁੰਦਰ ਵਿੱਚ
ਤੈਰਦੀਆਂ ਮੱਛੀਆਂ ਉੱਤੇ ਰਾਜ ਕਰਦੇ ਹਨ।
9 ਹੇ ਪਰਮੇਸ਼ੁਰ, ਸਾਡੇ ਯਹੋਵਾਹ, ਸਾਰੀ ਧਰਤੀ ਉੱਪਰ ਤੇਰਾ
ਨਾਂ ਵਧੇਰੇ ਅਦਭੁਤ ਹੈ।

[a] *7:1* **ਇਹ ਗੀਤ ਕੂਸ਼ ਬਾਰੇ ਹੈ** ਜਾਂ "ਇਹ ਗੀਤ ਸ਼ਾਊਲ, ਕੂਸ਼ ਦੇ ਪੁਤਰ ਬਾਰੇ ਹੈ।"

[b] *8:1* **ਗਿੱਟੀਥ ਦੇ ਸਾਜ਼ ਨਾਲ** ਜਾਂ "ਗਿੱਟੀਥ ਉੱਤੇ।" ਇਹ ਇੱਕ ਪ੍ਰਕਾਰ ਦਾ ਸਾਜ਼, ਇੱਕ ਧੁਨ, ਜਾਂ ਗਾਥ ਤੋਂ ਓਬੇਦ ਅਦੋਮ ਜਿਹਾ ਮੰਦਰ ਦੀ ਸਭਾ ਵਿੱਚ ਇੱਕ ਕਲਾਕਾਰ ਹੋ ਸਕਦਾ ਹੈ। 1 ਇਤਹਾਸ 15:21; 16:4–7 ਵੇਖੋ।

*ਨਿਰਦੇਸ਼ਕ ਲਈ: ਮੁਥੱਲਬੇਨ ਦੀ ਸਰਗਮ[a] ਵਿੱਚ ਗਾਉਣ ਲਈ। ਦਾਊਦ ਦਾ ਇੱਕ ਗੀਤ।*

9 1ਮੈਂ ਸੱਚੇ ਦਿਲੋਂ ਯਹੋਵਾਹ ਦੀ ਉਸਤਤ ਕਰਦਾ ਹਾਂ।
ਯਹੋਵਾਹ ਮੈਂ ਲੋਕਾਂ ਨੂੰ ਉਨ੍ਹਾਂ ਸਮੂਹ ਅਚੰਭਿਆਂ ਬਾਰੇ ਦੱਸਾਂਗਾ ਜਿਨ੍ਹਾਂ ਨੂੰ ਤੂੰ ਕੀਤਾ ਹੈ।
2 ਤੂੰ ਮੈਨੂੰ ਇੰਨਾ ਖੁਸ਼ ਕੀਤਾ ਹੈ, ਇਸ ਲਈ ਮੈਂ ਤੇਰੇ ਵਿੱਚ ਖੁਸ਼ੀ ਮਨਾਵਾਂਗਾ। ਹੇ ਸਭ ਤੋਂ ਉੱਚੇ ਪਰਮੇਸ਼ੁਰ, ਮੈਂ ਤੇਰੇ ਨਾਮ ਦੀ ਉਸਤਤ ਕਰਾਂਗਾ।
3 ਮੇਰੇ ਦੁਸ਼ਮਣ ਤੈਥੋਂ ਡਰ ਕੇ ਨੱਸ ਗਏ ਹਨ। ਅਤੇ ਉਹ ਡਿੱਗ ਪਏ ਹਨ ਤੇ ਉਨ੍ਹਾਂ ਦਾ ਨਾਸ਼ ਹੋ ਗਿਆ।
4 ਤੂੰ ਆਪਣੇ ਤਖਤ ਉੱਤੇ ਧਰਮੀ ਨਿਆਂਕਾਰ ਵਾਂਗ ਬੈਠਾ ਸੀ। ਯਹੋਵਾਹ, ਤੂੰ ਮੇਰੀ ਬੇਨਤੀ ਸੁਣੀ। ਅਤੇ ਤੂੰ ਨਿਆਂ ਸੁਣਾ ਦਿੱਤਾ।
5 ਤੂੰ ਪਰਾਈਆਂ ਕੌਮਾਂ ਨੂੰ ਝਿੜਕਿਆ, ਯਹੋਵਾਹ ਤੂੰ ਉਨ੍ਹਾਂ ਬੁਰਿਆਂ ਲੋਕਾਂ ਨੂੰ ਖਤਮ ਕਰ ਦਿੱਤਾ ਹੈ। ਤੂੰ ਹਮੇਸ਼ਾ ਲਈ ਉਨ੍ਹਾਂ ਦਾ ਨਾਮ ਉਨ੍ਹਾਂ ਲੋਕਾਂ ਦੀ ਸੂਚੀ ਵਿੱਚੋਂ ਮਿਟਾ ਦਿੱਤਾ ਜਿਹੜੇ ਜੀਉਂਦੇ ਜਾਗਦੇ ਹਨ।
6 ਦੁਸ਼ਮਣ ਖਤਮ ਹੋ ਗਿਆ ਹੈ। ਯਹੋਵਾਹ ਤੂੰ ਉਨ੍ਹਾਂ ਦੇ ਸ਼ਹਿਰਾਂ ਨੂੰ ਤਬਾਹ ਕਰ ਦਿੱਤਾ। ਹੁਣ ਸਿਰਫ਼ ਉਨ੍ਹਾਂ ਘਰਾਂ ਦਾ ਮਲਬਾ ਹੀ ਬਚਿਆ ਹੈ। ਕੁਝ ਵੀ ਨਹੀਂ ਬਚਿਆ ਜਿਹੜਾ ਸਾਨੂੰ ਉਨ੍ਹਾਂ ਬੁਰੇ ਲੋਕਾਂ ਦਾ ਚੇਤਾ ਕਰਾ ਸਕੇ।
7 ਪਰ ਯਹੋਵਾਹ ਸਦਾ ਲਈ ਰਾਜ ਕਰਦਾ ਹੈ। ਉਸ ਨੇ ਆਪਣੇ ਰਾਜ ਨੂੰ ਸ਼ਕਤੀਸ਼ਾਲੀ ਬਣਾਇਆ। ਉਸ ਨੇ ਅਜਿਹਾ ਇਸ ਲਈ ਕੀਤਾ ਤਾਂ ਜੋ ਦੁਨੀਆ ਵਿੱਚ ਨਿਆਂ ਪ੍ਰਬਲ ਹੋ ਸਕੇ।
8 ਯਹੋਵਾਹ ਧਰਤੀ ਉੱਤੇ ਸਭ ਨਾਲ ਸੱਚਾ ਨਿਆਂ ਕਰਦਾ ਹੈ। ਉਹ ਸਾਰੀਆਂ ਕੌਮਾਂ ਵਾਸਤੇ ਨਿਆਂਈ ਹੈ।
9 ਯਹੋਵਾਹ ਸਤਾਏ ਹੋਏ ਲੋਕਾਂ ਲਈ ਸੁਰੱਖਿਅਤ ਸਥਾਨ ਹੋਵੇਗਾ। ਅਤੇ ਉਨ੍ਹਾਂ ਲੋਕਾਂ ਲਈ ਸ਼ਰਨ ਦਾ ਇੱਕ ਸਥਾਨ ਹੋਵੇਗਾ ਜਿਹੜੇ ਤਕਲੀਫ਼ਾਂ ਝੱਲ ਰਹੇ ਹਨ।
10 ਉਹ ਲੋਕ ਜਿਹੜੇ ਤੇਰੇ ਸੱਚੇ ਨਾਮ ਤੋਂ ਸਚੇਤ ਹਨ, ਉਨ੍ਹਾਂ ਨੂੰ ਤੇਰੇ ਵਿੱਚ ਯਕੀਨ ਰੱਖਣਾ ਪਵੇਗਾ। ਯਹੋਵਾਹ, ਜੇਕਰ ਇਹ ਲੋਕ ਤੇਰੇ ਵੱਲ ਆਉਣ ਤਾਂ ਉਨ੍ਹਾਂ ਨੂੰ ਬਿਨਾ ਮਦਦ ਤੋਂ ਨਾ ਛੱਡੀਂ।
11 ਹੇ ਸੀਯੋਨ ਪਰਬਤ ਦੇ ਵਾਸੀਓ ਯਹੋਵਾਹ ਦੀ ਉਸਤਤ ਦੇ ਗੀਤ ਗਾਵੋ। ਪਰਾਈਆਂ ਕੌਮਾਂ ਨੂੰ ਯਹੋਵਾਹ ਦੀਆਂ ਮਹਾਨ ਗੱਲਾਂ ਬਾਰੇ ਦੱਸੋ।
12 ਯਹੋਵਾਹ ਨੇ ਉਨ੍ਹਾਂ ਲੋਕਾਂ ਨੂੰ ਚੇਤੇ ਰੱਖਦਾ ਹੈ ਜਿਹੜੇ ਉਸ ਵੱਲ ਸਹਾਇਤਾ ਲਈ ਆਉਂਦੇ ਹਨ। ਯਹੋਵਾਹ ਹਲੀਮ ਲੋਕਾਂ ਦੀ ਦੁਹਾਈ ਨੂੰ ਨਹੀਂ ਭੁੱਲਦਾ।

13 ਮੈਂ ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ: "ਹੇ ਯਹੋਵਾਹ, ਮੇਰੇ ਉੱਪਰ ਮਿਹਰ ਕਰ। ਵੇਖੋ ਮੇਰੇ ਦੁਸ਼ਮਣ ਮੈਨੂੰ ਉਦਾਸ ਕਰ ਰਹੇ ਹਨ। ਮੈਨੂੰ 'ਮੌਤ ਦੇ ਦਰਵਾਜ਼ੇ' ਤੋਂ ਬਚਾ।
14 ਫ਼ੇਰ ਹੇ ਯਹੋਵਾਹ, ਮੈਂ ਯਰੂਸ਼ਲਮ ਦੇ ਦਰਾਂ ਤੇ ਤੇਰੀ ਉਸਤਤ ਕਰਾਂਗਾ। ਮੈਂ ਬਹੁਤ ਖੁਸ਼ ਹੋਵਾਂਗਾ, ਕਿਉਂਕਿ ਤੂੰ ਮੈਨੂੰ ਬਚਾਇਆ।"
15 ਪਰਾਈਆਂ ਕੌਮਾਂ ਨੇ ਟੋਆ ਪੁੱਟਿਆ ਤਾਂ ਕਿ ਲੋਕ ਉਸ ਵਿੱਚ ਡਿੱਗ ਪੈਣ, ਪਰ ਉਹ ਉਸ ਵਿੱਚ ਆਪ ਹੀ ਡਿੱਗ ਪਏ ਅਤੇ ਆਪਣੇ ਹੀ ਜਾਲ ਵਿੱਚ ਫ਼ਸ ਗਏ ਹਨ।
16 ਯਹੋਵਾਹ ਨੇ ਉਨ੍ਹਾਂ ਬੁਰੇ ਲੋਕਾਂ ਨੂੰ ਫ਼ੜ ਲਿਆ ਹੈ। ਇਸੇ ਲਈ ਲੋਕਾਂ ਨੇ ਇੱਕ ਸਬਕ ਸਿੱਖਿਆ ਹੈ ਕਿ ਯਹੋਵਾਹ ਉਨ੍ਹਾਂ ਲੋਕਾਂ ਨੂੰ ਦੰਡ ਦਿੰਦਾ ਹੈ ਜਿਹੜੇ ਬੁਰੀਆਂ ਗੱਲਾਂ ਕਰਦੇ ਹਨ।
17 ਜਿਹੜੇ ਲੋਕ ਪਰਮੇਸ਼ੁਰ ਨੂੰ ਭੁੱਲ ਗਏ ਹਨ, ਬੁਰੇ ਹਨ। ਅਜਿਹੇ ਲੋਕ ਮਰਨਗੇ।
18 ਕਈ ਵਾਰੀ, ਇੰਝ ਲੱਗਦਾ ਹੈ ਜਿਵੇਂ ਪਰਮੇਸ਼ੁਰ ਉਨ੍ਹਾਂ ਦੁਖੀ ਲੋਕਾਂ ਨੂੰ ਭੁੱਲ ਗਿਆ ਹੈ। ਕਈ ਵਾਰੀ ਇਹ ਵੀ ਲੱਗਦਾ ਹੈ ਜਿਵੇਂ ਉਨ੍ਹਾਂ ਹਲੀਮ ਲੋਕਾਂ ਨੂੰ ਕੋਈ ਆਸ ਨਹੀਂ ਹੈ। ਪਰ ਸੱਚਮੁੱਚ, ਪਰਮੇਸ਼ੁਰ ਅਜਿਹੇ ਲੋਕਾਂ ਨੂੰ ਸਦਾ ਲਈ ਨਾ ਭੁੱਲੇ।
19 ਯਹੋਵਾਹ, ਉੱਠ ਅਤੇ ਕੌਮਾਂ ਦਾ ਨਿਆਂ ਕਰ, ਲੋਕਾਂ ਨੂੰ ਨਾ ਸੋਚਣ ਦੇ ਕਿ ਉਹ ਤਾਕਤਵਰ ਹਨ।
20 ਲੋਕਾਂ ਨੂੰ ਇੱਕ ਸਬਕ ਸਿਖਾ। ਤਾਂ ਜੋ, ਉਹ ਜਾਣ ਸਕਣ ਕਿ ਉਹ ਉੱਕੇ ਇਨਸਾਨ ਹੀ ਹਨ।

10 1ਹੇ ਯਹੋਵਾਹ, ਤੂੰ ਇੰਨੀ ਦੂਰ ਕਿਉਂ ਹੈਂ? ਮੁਸੀਬਤਾਂ
ਵਿੱਚ ਘਿਰੇ ਲੋਕ ਤੈਨੂੰ ਵੇਖਣ ਯੋਗ ਨਹੀਂ ਹਨ।
2 ਦੁਸ਼ਟ ਲੋਕ ਜਿਹੜੇ ਘਮੰਡੀ ਹਨ ਦੁਸ਼ਟ ਵਿਉਂਤਾਂ ਬਣਾਉਂਦੇ ਹਨ ਅਤੇ ਹਲੀਮ ਲੋਕਾਂ ਨੂੰ ਦੁੱਖ ਪਹੁੰਚਾਉਂਦੇ ਹਨ।
3 ਦੁਸ਼ਟ ਲੋਕੀਂ ਉਨ੍ਹਾਂ ਚੀਜ਼ਾਂ ਬਾਰੇ ਸ਼ੇਖੀ ਮਾਰਦੇ ਨੇ ਜਿਨ੍ਹਾਂ ਦੀ ਉਹ ਇੱਛਾ ਕਰਦੇ ਨੇ ਅਤੇ ਉਹ ਲੋਭੀ ਲੋਕ ਪਰਮੇਸ਼ੁਰ ਦੀ ਬੁਰਾਈ ਕਰਦੇ ਹਨ। ਇਸ ਤੋਂ ਇਲਾਵਾ ਇਸ ਤਰ੍ਹਾਂ ਉਹ ਬੁਰੇ ਲੋਕ ਦਰਸ਼ਾਉਂਦੇ ਹਨ ਕਿ ਉਹ ਯਹੋਵਾਹ ਨੂੰ ਵੀ ਨਫ਼ਰਤ ਕਰਦੇ ਹਨ।
4 ਬੁਰੇ ਲੋਕ ਪਰਮੇਸ਼ੁਰ ਦਾ ਅਨੁਸਰਣ ਕਰਨ ਤੋਂ ਇਨਕਾਰ ਕਰ ਦਿੰਦੇ ਹਨ, ਜਿਵੇਂ ਕਿ ਉਹ ਬਹੁਤ ਅਭਿਮਾਨੀ ਹਨ। ਉਹ ਆਪਣੀਆਂ ਬੁਰੀਆਂ ਯੋਜਨਾਵਾਂ ਬਣਾਉਂਦੇ ਨੇ ਅਤੇ ਇਸ ਤਰ੍ਹਾਂ ਵਿਹਾਰ ਕਰਦੇ ਨੇ, ਜਿਵੇਂ ਪਰਮੇਸ਼ੁਰ ਮੌਜੂਦ ਹੀ ਨਹੀਂ ਹੁੰਦਾ।
5 ਬੁਰੇ ਲੋਕ ਹਮੇਸ਼ਾ ਵਿੰਗੀਆਂ ਗੱਲਾਂ ਕਰਦੇ ਹਨ। ਉਹ ਪਰਮੇਸ਼ੁਰ ਦੇ ਨਿਯਮਾਂ ਅਤੇ ਉਸ ਦੇ ਸਿਆਣੇ ਉਪਦੇਸ਼ਾਂ ਦਾ ਨਿਰੀਖਣ ਕਰਦੇ ਹਨ। ਪਰਮੇਸ਼ੁਰ ਦੇ ਦੁਸ਼ਮਣ ਉਸ ਦੇ ਉਪਦੇਸ਼ਾਂ ਦੀ ਅਣਗਹਿਲੀ ਕਰਦੇ ਹਨ।
6 ਉਹ ਮਹਿਸੂਸ ਕਰਦੇ ਹਨ ਉਨ੍ਹਾਂ ਲਈ ਕੁਝ ਵੀ ਬੁਰਾ ਨਹੀਂ ਵਾਪਰਨ ਵਾਲਾ। ਉਹ ਆਖਦੇ ਹਨ, "ਅਸੀਂ ਹਮੇਸ਼ਾ ਖੁਸ਼ ਹੋਵਾਂਗੇ ਤੇ ਸਾਡੇ ਲਈ ਕਦੀ ਵੀ ਕੋਈ ਸਜ਼ਾ ਨਹੀਂ ਆਵੇਗੀ।"
7 ਉਹ ਹਮੇਸ਼ਾ ਸਰਾਪਦੇ ਹਨ। ਉਹ ਹਮੇਸ਼ਾ ਦੂਸਰਿਆਂ ਬਾਰੇ ਬੁਰੀਆਂ ਗੱਲਾਂ ਆਖਦੇ ਹਨ। ਇਸ ਤੋਂ ਇਲਾਵਾ ਉਹ ਬੁਰੀਆਂ ਗੱਲਾਂ ਦੀਆਂ ਯੋਜਨਾਵਾਂ ਬਣਾਉਂਦੇ ਰਹਿੰਦੇ ਹਨ।
8 ਉਹ ਆਪਣੇ ਆਪ ਨੂੰ ਲੁਕੋ ਲੈਂਦੇ ਹਨ ਅਤੇ ਪਰਤੱਖ ਥਾਵਾਂ

[a] **9:1 ਸਰਗਮ** ਜਦੋਂ ਬੱਚਾ ਨੌਜਵਾਨੀ ਵਿੱਚ ਕਦਮ ਰੱਖਦਾ ਹੈ ਉਸ ਵੇਲੇ ਦੇ ਇੱਕ ਰਸਮੀ ਮੌਕੇ ਉੱਤੇ ਗਾਉਣ ਲਈ।

ਤੇ ਦਿਖਾਈ ਨਹੀਂ ਦਿੰਦੇ। ਉਹ ਬੇਕਸੂਰ ਲੋਕਾਂ ਨੂੰ ਫ਼ੜ ਕੇ
ਮਾਰਨ ਲਈ ਇੰਤਜ਼ਾਰ ਕਰਦੇ ਹਨ।
9 ਉਹ ਬੁਰੇ ਬੰਦੇ ਉਨ੍ਹਾਂ ਤਕੜੇ ਸ਼ੇਰਾਂ ਵਰਗੇ ਹਨ ਜਿਹੜੇ
ਜਾਨਵਰਾਂ ਦੇ ਸ਼ਿਕਾਰ ਲਈ ਇੰਤਜ਼ਾਰ ਕਰਦੇ ਰਹਿੰਦੇ ਹਨ।
ਉਹ ਮਸਕੀਨ ਲੋਕਾਂ ਦੇ ਇੰਤਜ਼ਾਰ ਵਿੱਚ ਛਹਿ ਵਿੱਚ ਬੈਠ
ਜਾਂਦੇ ਹਨ ਅਤੇ ਉਹ ਉਨ੍ਹਾਂ ਦੇ ਜਾਲ ਵਿੱਚ ਫ਼ਸ ਜਾਂਦੇ ਹਨ।
10 ਉਹ ਮਸਕੀਨ ਲੋਕਾਂ ਨੂੰ ਦੁਖੀ ਕਰਦੇ ਰਹਿੰਦੇ ਹਨ। ਉਹ
ਬੁਰੇ ਲੋਕ ਇਨਸਾਨੀਅਤ ਨੂੰ ਉਦਾਸ ਬਣਾਉਂਦੇ ਹਨ।
11 ਇਸੇ ਲਈ, ਬੇਬਸ ਲੋਕ ਸੋਚਣ ਲੱਗੇ ਹਨ, “ਕਿ ਪਰਮੇਸ਼ੁਰ
ਸਾਨੂੰ ਸਦਾ ਲਈ ਭੁੱਲ ਗਿਆ ਹੈ, ਉਹ ਸਾਥੋਂ ਬੇਮੁੱਖ ਹੋ
ਗਿਆ ਹੈ, ਉਹ ਇਹ ਵੀ ਨਹੀਂ ਵੇਖਦਾ ਕਿ ਸਾਡੇ ਨਾਲ ਕੀ
ਵਾਪਰਦਾ ਹੈ।”
12 ਹੇ ਯਹੋਵਾਹ ਉੱਠ, ਕੁਝ ਤਾਂ ਕਰ। ਹੇ ਪਰਮੇਸ਼ੁਰ, ਉਨ੍ਹਾਂ
ਦੁਸ਼ਟ ਲੋਕਾਂ ਨੂੰ ਦੰਡ ਦੇ ਅਤੇ ਗਰੀਬ ਲੋਕਾਂ ਨੂੰ ਨਾ ਭੁੱਲ।
13 ਬੁਰੇ ਲੋਕ ਪਰਮੇਸ਼ੁਰ ਦੇ ਖਿਲਾਫ਼ ਕਿਉਂ ਹੋ ਜਾਂਦੇ ਹਨ?
ਕਿਉਂਕਿ ਉਹ ਸੋਚਦੇ ਹਨ ਕਿ ਪਰਮੇਸ਼ੁਰ ਉਨ੍ਹਾਂ ਨੂੰ ਦੰਡ
ਨਹੀਂ ਦੇਵੇਗਾ।
14 ਯਹੋਵਾਹ, ਅਵੱਸ਼ ਹੀ ਤੂੰ ਉਸ ਜ਼ੁਲਮ ਅਤੇ ਬਦੀ ਨੂੰ
ਵੇਖਦਾ ਹੈਂ ਜਿਹੜੀ ਬੁਰੇ ਲੋਕਾਂ ਦੁਆਰਾ ਕੀਤੀ ਜਾਂਦੀ ਹੈ।
ਇਨ੍ਹਾਂ ਮਸਲਿਆਂ ਵੱਲ ਤੱਕ ਅਤੇ ਕੁਝ ਕਰ। ਮੁਸੀਬਤਾਂ
ਦੇ ਮਾਰੇ ਅਨੇਕਾਂ ਬੰਦੇ ਤੇਰੀ ਸਹਾਇਤਾ ਲਈ ਇੰਤਜ਼ਾਰ
ਕਰਦੇ ਹਨ। ਯਹੋਵਾਹ ਇਹ ਤੂੰ ਹੀ ਹੈਂ ਜਿਹੜਾ ਯਤੀਮਾਂ
ਦੀ ਸਹਾਇਤਾ ਕਰਦਾ ਹੈਂ। ਇਸ ਲਈ ਉਨ੍ਹਾਂ ਦਾ ਧਿਆਨ
ਰੱਖ।
15 ਯਹੋਵਾਹ ਬਦ ਲੋਕਾਂ ਨੂੰ ਨਸ਼ਟ ਕਰ ਦੇ।
16 ਉਨ੍ਹਾਂ ਨੂੰ ਆਪਣੀ ਧਰਤੀ ਤੋਂ ਲਾਹ ਦਿਓ।
17 ਪਰਮੇਸ਼ੁਰ, ਤੂੰ ਸੁਣਿਆ ਹੈ ਕਿ ਉਹ ਮਸਕੀਨ ਲੋਕ ਕੀ
ਚਾਹੁੰਦੇ ਹਨ। ਉਨ੍ਹਾਂ ਦੀਆਂ ਪ੍ਰਾਰਥਨਾ ਸੁਣ ਤੇ ਅਤੇ ਉਨ੍ਹਾਂ
ਦੀਆਂ ਮੰਗਾਂ ਪੂਰੀਆਂ ਕਰ।
18 ਯਹੋਵਾਹ, ਉਨ੍ਹਾਂ ਦੀ ਰੱਖਿਆ ਕਰ ਜਿਨ੍ਹਾਂ ਦੇ ਮਾਪੇ ਨਹੀਂ
ਹਨ ਅਤੇ ਜਿਹੜੇ ਸਤਾਏ ਹੋਏ ਹਨ। ਉਦਾਸ ਲੋਕਾਂ ਨੂੰ ਹੋਰ
ਵਧੇਰੇ ਮੁਸੀਬਤਾਂ ਤੋਂ ਬਚਾ, ਤਾਂ ਕਿ ਤਾਕਤਵਰ ਲੋਕ ਉਨ੍ਹਾਂ
ਨੂੰ ਜ਼ਮੀਨ ਵਿੱਚੋਂ ਜ਼ਬਰਦਸਤੀ ਕੱਢਣ ਲਈ ਜ਼ੁਲਮ ਨਾ ਕਰ
ਸਕਣ।

*ਨਿਰਦੇਸ਼ਕ ਲਈ। ਦਾਊਦ ਦਾ ਇੱਕ ਗੀਤ।*

**11** 1ਮੈਂ ਯਹੋਵਾਹ ਵਿੱਚ ਯਕੀਨ ਰੱਖਦਾ ਹਾਂ। ਫ਼ਿਰ
ਤੂੰ ਕਿਉਂ ਆਖਦੇ ਹੋ ਕਿ ਮੈਨੂੰ ਭੱਜ ਕੇ ਲੁਕ ਜਾਣਾ
ਚਾਹੀਦਾ ਹੈ। ਤੂੰ ਮੈਨੂੰ ਕਿਹਾ ਸੀ, “ਪੰਛੀ ਵਾਂਗ ਉੱਡ ਕੇ
ਆਪਣੇ ਪਰਬਤ ਤੇ ਚਲਾ ਜਾਹ।”
2 ਬੁਰੇ ਆਦਮੀ ਸ਼ਿਕਾਰੀ ਵਾਂਗ ਹਨ, ਜਿਹੜੇ ਆਪਣੇ-ਆਪ
ਨੂੰ ਹਨੇਰੇ ਦੀ ਚਾਦਰ ਹੇਠਾਂ ਲੁਕੋ ਲੈਂਦੇ ਹਨ ਅਤੇ ਹਮਲਾ
ਕਰਨ ਲਈ ਵਾਪਸ ਮੁੜਦੇ ਹਨ। ਉਹ ਆਪਣੀ ਕਮਾਣ
ਉੱਤੇ ਝੁਕ ਕੇ ਤੀਰਾਂ ਦਾ ਨਿਸ਼ਾਨਾਂ ਸਿੱਧਾ ਨੇਕ ਇਨਸਾਨਾਂ,
ਅਤੇ ਇਮਾਨਦਾਰ ਲੋਕਾਂ ਦੇ ਦਿਲਾਂ ਤੇ ਸਾਧਦੇ ਹਨ।
3 ਕੀ ਹੋਵੇਗਾ ਜੇਕਰ ਉਹ ਸਭ ਕੁਝ ਤਬਾਹ ਕਰ ਦੇਣ ਜੋ
ਚੰਗਾ ਹੈ? ਤਦ ਚੰਗੇ ਲੋਕ ਕੀ ਕਰਨਗੇ?
4 ਯਹੋਵਾਹ ਆਪਣੇ ਪਵਿੱਤਰ ਮਹਿਲ ਵਿੱਚ ਹਾਜ਼ਰ ਹੈ। ਉਹ
ਸਵਰਗ ਵਿੱਚ ਆਪਣੇ ਤਖਤ ਉੱਤੇ ਬੈਠਾ ਹੈ ਅਤੇ ਜੋ ਕੁਝ
ਵੀ ਵਾਪਰੇ ਉਹ ਵੇਖਦਾ ਹੈ। ਉਹ ਲੋਕਾਂ ਦਾ ਨਿਆਂ ਕਰਨ
ਲਈ, ਤੱਕਦਾ ਹੈ ਕਿ ਉਹ ਚੰਗੇ ਹਨ ਜਾਂ ਬੁਰੇ।
5 ਪਰਮੇਸ਼ੁਰ ਚੰਗੇ ਲੋਕਾਂ ਨੂੰ ਤਲਾਸ਼ਦਾ ਹੈ, ਪਰ ਜ਼ਾਲਮ ਅਤੇ
ਦੁਸ਼ਟ ਲੋਕਾਂ ਨੂੰ ਨਾਮੰਜ਼ੂਰ ਕਰਦਾ ਹੈ।
6 ਉਹ ਭਖਦੇ ਹੋਏ ਕੋਲਿਆਂ ਅਤੇ ਬਲਦੀ ਹੋਈ ਗੰਧਕ ਦੀ
ਵਰਖਾ ਬਦ ਰੂਹਾਂ ਉੱਤੇ ਕਰੇਗਾ। ਇਸ ਲਈ ਇਨ੍ਹਾਂ ਬਦ
ਰੂਹਾਂ ਨੂੰ ਤਪਦੀਆਂ ਸੜਦੀਆਂ ਲਹਿਰਾਂ ਬਾਝੋਂ ਕੁਝ ਨਹੀਂ
ਮਿਲੇਗਾ।
7 ਪਰਮੇਸ਼ੁਰ ਭਲਾ ਹੈ। ਅਤੇ ਉਹ ਉਨ੍ਹਾਂ ਨੂੰ ਪਿਆਰ ਕਰਦਾ
ਹੈ ਜਿਹੜੇ ਨੇਕ ਕਰਨੀਆਂ ਕਰਦੇ ਹਨ। ਇਹ ਨੇਕ ਰੂਹਾਂ
ਹਮੇਸ਼ਾ ਪਰਮੇਸ਼ੁਰ ਦੇ ਨਾਲ ਰਹਿਣਗੀਆਂ ਅਤੇ ਪਰਮੇਸ਼ੁਰ
ਦੇ ਮੁੱਖ ਨੂੰ ਵੇਖਣਗੀਆਂ।

*ਨਿਰਦੇਸ਼ਕ ਲਈ: ਸੇਮਿਨਿਥ ਦੀ ਸੰਗਤ ਨਾਲ*
*ਦਾਊਦ ਦਾ ਇੱਕ ਗੀਤ।*

**12** 1ਯਹੋਵਾਹ, ਮੈਨੂੰ ਬਚਾ। ਸਾਰੇ ਚੰਗੇ ਲੋਕ ਚਲੇ ਗਏ
ਹਨ। ਧਰਤੀ ਉਤਲੀ ਮਾਨਵਤਾ ਵਿੱਚ ਕੋਈ ਵੀ
ਸੱਚਾ ਆਸਥਾਵਾਨ ਨਹੀਂ ਬਚਿਆ।
2 ਲੋਕੀਂ ਆਪਣੇ ਗੁਆਂਢੀਆਂ ਨੂੰ ਝੂਠ ਬੋਲਦੇ ਹਨ, ਉਹ
ਆਪਣੇ ਗੁਆਂਢੀਆਂ ਨੂੰ ਝੂਠ ਬੋਲਦੇ ਹਨ ਅਤੇ ਚਾਪਲੂਸੀ
ਕਰਦੇ ਹਨ।
3 ਯਹੋਵਾਹ, ਉਨ੍ਹਾਂ ਚਾਪਲੂਸੀ ਭਰੇ ਬੁੱਲ੍ਹਾਂ ਅਤੇ ਸ਼ੇਖੀ
ਮਾਰਦੀਆਂ ਜੀਭਾਂ ਵਾਲੇ ਲੋਕਾਂ ਨੂੰ ਤੜੀਪਾਰ ਕਰ ਦੇਵੇ।
4 ਉਹ ਲੋਕ ਆਖਦੇ ਹਨ, “ਅਸੀਂ ਢੁਕਵੇਂ ਝੂਠ ਬੋਲਾਂਗੇ ਅਤੇ
ਬਹੁਤ ਮਹੱਤਵਪੂਰਣ ਬਣ ਜਾਵਾਂਗੇ। ਅਸੀਂ ਜਾਣਦੇ ਹਾਂ ਕਿ
ਕੀ ਆਖਣਾ ਹੈ, ਇਸ ਲਈ ਕੋਈ ਵੀ ਸਾਡਾ ਮਾਲਕ ਨਹੀਂ
ਹੋਵੇਗਾ।”
5 ਪਰ ਯਹੋਵਾਹ ਆਖਦਾ ਹੈ, “ਬੁਰੇ ਵਿਅਕਤੀ ਗਰੀਬੜਿਆਂ
ਦੀ ਚੋਰੀ ਕਰ ਰਹੇ ਹਨ, ਉਹ ਬੇਸਹਾਰਿਆਂ ਦਾ ਮਾਲ ਲੁੱਟ
ਰਹੇ ਹਨ। ਪਰ ਹੁਣ ਉਨ੍ਹਾਂ ਥੱਕਿਆਂ ਅਤੇ ਹਾਰਿਆਂ ਹੋਇਆਂ
ਨਾਲ ਮੈਂ ਖਲੋਵਾਂਗਾ।”
6 ਯਹੋਵਾਹ ਦੇ ਸ਼ਬਦ ਸੱਚੇ ਅਤੇ ਪਵਿੱਤਰ ਹਨ, ਜਿਵੇਂ
ਸੱਚਮੁੱਚ ਚਾਂਦੀ ਸੱਤ ਵੇਰਾਂ ਤਪਾਈ ਗਈ ਹੋਵੇ।
7 ਯਹੋਵਾਹ, ਲਾਚਾਰ ਲੋਕਾਂ ਦਾ ਧਿਆਨ ਕਰ। ਉਨ੍ਹਾਂ ਦੀ ਹੁਣ
ਅਤੇ ਹਮੇਸ਼ਾ ਰੱਖਿਆ ਕਰ।
8 ਉਹ ਬੁਰੇ ਲੋਕ ਇੰਝ ਵਿਖਾਵਾ ਕਰਦੇ ਹਨ ਜਿਵੇਂ ਕਿ ਉਹ
ਮਹੱਤਵਪੂਰਣ ਹਨ। ਪਰ ਅਸਲ ਵਿੱਚ ਉਹ ਨਕਲੀ ਮੋਤੀ
ਹਨ। ਉਹ ਬਹੁਤ ਮਹਿੰਗੇ ਮੁੱਲ ਦੇ ਲੱਗਦੇ ਹਨ ਪਰ ਅਸਲ
ਵਿੱਚ ਕੌਡੀਉਂ ਵੀ ਸਸਤੇ ਹਨ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**13** 1ਹੇ ਯਹੋਵਾਹ ਕਿੰਨਾ ਕੁ ਚਿਰ ਤੂੰ ਮੈਥੋਂ ਆਪਣਾ ਮੂੰਹ
ਲੁਕੋਵੇਂਗਾ? ਕੀ ਤੂੰ ਮੈਨੂੰ ਸਦਾ ਲਈ ਭੁੱਲ ਜਾਵੇਂਗਾ?
ਤੂੰ ਕਿੰਨਾ ਕੁ ਚਿਰ ਮੈਨੂੰ ਪ੍ਰਵਾਨ ਨਹੀਂ ਕਰੇਂਗਾ?
2 ਕਿੰਨਾ ਕੁ ਚਿਰ ਮੈਂ ਉਦਾਸੀ ਵਿੱਚ ਸੋਚਾਂਗਾ ਕਿ ਸ਼ਾਇਦ ਤੂੰ

ਮੈਨੂੰ ਭੁੱਲ ਗਿਆ ਹੈਂ? ਕਿੰਨਾ ਕੁ ਚਿਰ ਮੈਂ ਇਹ ਉਦਾਸੀ ਆਪਣੇ ਦਿਲ ਅੰਦਰ ਜਰਾਂਗਾ? ਕਿੰਨੇ ਕੁ ਚਿਰ ਤੱਕ ਮੇਰਾ ਦੁਸ਼ਮਣ ਮੇਰੇ ਉੱਤੋਂ ਜਿੱਤ ਪ੍ਰਾਪਤ ਕਰਦਾ ਰਹੇਗਾ?

3 ਯਹੋਵਾਹ, ਮੇਰੇ ਪਰਮੇਸ਼ੁਰ, ਮੇਰੇ ਵੱਲ ਤੱਕ। ਮੇਰੇ ਪ੍ਰਸ਼ਨ ਦਾ ਉੱਤਰ ਦੇ। ਮੈਨੂੰ ਜਵਾਬ ਦੇ ਨਹੀਂ ਤਾਂ ਮੈਂ ਮਰ ਜਾਵਾਂਗਾ।

4 ਜੇਕਰ ਇਹ ਵਾਪਰੇ ਮੇਰਾ ਵੈਰੀ ਆਖੇਗਾ, "ਮੈਂ ਉਸ ਨੂੰ ਹਰਾ ਦਿੱਤਾ ਹੈ।" ਜੇਕਰ ਮੇਰਾ ਦੁਸ਼ਮਣ ਮੈਨੂੰ ਹਰਾ ਦੇਵੇਗਾ। ਉਹ ਖੁਸ਼ ਹੋਵੇਗਾ।

5 ਯਹੋਵਾਹ, ਮੈਂ ਸਹਾਇਤਾ ਲਈ ਤੇਰੇ ਪ੍ਰੇਮ ਵਿੱਚ ਆਸਥਾ ਰੱਖੀ, ਤੂੰ ਮੈਨੂੰ ਬਚਾਇਆ ਅਤੇ ਖੁਸ਼ੀ ਬਖਸ਼ੀ।

6 ਮੈਂ ਪਰਮੇਸ਼ੁਰ ਦੀ ਉਸਤਤ ਕਰਦਿਆਂ ਇੱਕ ਖੁਸ਼ੀ ਦਾ ਗੀਤ ਗਾਵਾਂਗਾ, ਕਿਉਂਕਿ ਉਸ ਨੇ ਮੇਰੇ ਲਈ ਚੰਗਾ ਕੀਤਾ ਹੈ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**14** 1ਮੂਰਖ, ਆਪਣੇ ਮਨ ਵਿੱਚ ਆਖਦੇ ਨੇ, "ਕਿਤੇ ਵੀ ਕੋਈ ਪਰਮੇਸ਼ੁਰ ਨਹੀਂ ਹੈ।" ਮੂਰਖ ਲੋਕ ਭਰਿਸ਼ਟ ਕਰਨੀਆਂ ਕਰਦੇ ਹਨ। ਉਨ੍ਹਾਂ ਵਿੱਚੋਂ ਕੋਈ ਵੀ ਭਲਿਆਈ ਨਹੀਂ ਕਰਦਾ।

2 ਯਹੋਵਾਹ ਨੇ ਸਵਰਗ ਵਿੱਚੋਂ, ਜੇ ਕੁਝ ਸਿਆਣੇ ਲੋਕ ਹੋਣ, ਵੇਖਣ ਲਈ ਤੱਕਿਆ। ਸਿਆਣੇ ਲੋਕੋ, ਮਦਦ ਲਈ ਪਰਮੇਸ਼ੁਰ ਵੱਲ ਮੁੜੋ।

3 ਪਰ ਹਰ ਕਿਸੇ ਨੇ ਪਰਮੇਸ਼ੁਰ ਤੋਂ ਮੁੱਖ ਮੋੜਿਆ ਹੋਇਆ ਹੈ, ਸਾਰੇ ਹੀ ਦੁਸ਼ਟ ਰੂਹਾਂ ਬਣ ਗਏ ਹਨ। ਇੱਕ ਵੀ ਚੰਗੀਆਂ ਕਰਨੀਆਂ ਨਹੀਂ ਕਰਦਾ।

4 ਦੁਸ਼ਟ ਲੋਕਾਂ ਨੇ ਮੇਰੇ ਲੋਕਾਂ ਨੂੰ ਤਬਾਹ ਕਰ ਦਿੱਤਾ ਹੈ ਅਤੇ ਉਹ ਬੁਰੇ ਲੋਕ ਪਰਮੇਸ਼ੁਰ ਬਾਰੇ ਨਹੀਂ ਜਾਣਦੇ। ਬੁਰੇ ਵਿਅਕਤੀਆਂ ਕੋਲ ਚੋਖਾ ਭੋਜਨ ਹੈ ਅਤੇ ਉਹ ਯਹੋਵਾਹ ਦੀ ਉਪਾਸਨਾ ਨਹੀਂ ਕਰਦੇ।

5 ਉਹ ਬੁਰੇ ਲੋਕ ਕਿਸੇ ਗਰੀਬ ਪਾਸੋਂ ਭਲਿਆਈ ਨਹੀਂ ਸੁਣਨਾ ਚਾਹੁੰਦੇ। ਕਿਉਂਕਿ ਉਹ ਗਰੀਬ ਆਦਮੀ ਪਰਮੇਸ਼ੁਰ ਉੱਤੇ ਨਿਰਭਰ।

6 ਪਰ ਪਰਮੇਸ਼ੁਰ ਹਮੇਸ਼ਾ ਭਗਤ ਬੰਦਿਆਂ ਦੇ ਨਾਲ ਹੈ। ਇਸੇ ਲਈ ਬੁਰੇ ਬੰਦਿਆਂ ਨੂੰ ਵੱਡੇਰਾ ਭੈ ਹੈ।

7 ਸੀਯੋਨ ਪਰਬਤ ਉੱਤੇ ਕੌਣ ਹੈ ਜੋ ਇਸਰਾਏਲ ਦੀ ਰੱਖਿਆ ਕਰ ਸਕਦਾ ਹੈ? ਯਹੋਵਾਹ ਹੀ ਹੈ ਜੋ ਇਸਰਾਏਲ ਨੂੰ ਬਚਾ ਸਕਦਾ। ਯਹੋਵਾਹ ਦੇ ਲੋਕਾਂ ਨੂੰ ਕੈਦੀਆਂ ਵਾਂਗ ਲੈ ਲਿਆ ਗਿਆ ਹੈ। ਪਰ ਪਰਮੇਸ਼ੁਰ ਆਪਣੇ ਲੋਕਾਂ ਨੂੰ ਵਾਪਸ ਲਿਆਵੇਗਾ। ਫ਼ੇਰ ਯਾਕੂਬ (ਇਸਰਾਏਲ) ਬਹੁਤ ਖੁਸ਼ ਹੋਵੇਗਾ।

*ਦਾਊਦ ਦਾ ਇੱਕ ਗੀਤ।*

**15** 1ਹੇ ਯਹੋਵਾਹ, ਤੇਰੇ ਪਵਿੱਤਰ ਤੰਬੂ ਵਿੱਚ ਕੌਣ ਵੱਸੇਗਾ? ਤੇਰੇ ਪਵਿੱਤਰ ਪਰਬਤ ਉੱਤੇ ਕੌਣ ਠਹਿਰ ਸਕਦਾ ਹੈ?

2 ਸਿਰਫ਼ ਉਹੀ ਲੋਕ ਜਿਹੜੇ ਸ਼ੁੱਧ ਜੀਵਨ ਜੀਉਂਦੇ ਅਤੇ ਜੋ ਠੀਕ ਹੈ ਉਹ ਹੀ ਕਰਦੇ ਹਨ, ਅਤੇ ਜਿਹੜੇ ਦਿਲੋਂ ਅਤੇ ਮਨੋਂ ਸੱਚ ਬੋਲਦੇ ਹਨ।

3 ਉਹ ਬੰਦਾ ਜਿਹੜਾ ਦੂਸਰਿਆਂ ਬਾਰੇ ਕਦੇ ਵੀ ਬੁਰਾ ਨਹੀਂ ਬੋਲਦਾ। ਉਹ ਬੰਦਾ ਜਿਹੜਾ ਕਦੀ ਵੀ ਆਪਣੇ ਗੁਆਂਢੀਆਂ ਨੂੰ ਨੁਕਸਾਨ ਨਹੀਂ ਪਹੁੰਚਾਉਂਦਾ। ਉਹ ਆਪਣੇ ਸਾਥੀਆਂ ਦੀਆਂ ਬੇਸ਼ਰਮੀ ਦੀਆਂ ਗੱਲਾਂ ਕਦੇ ਵੀ ਨਹੀਂ ਦੱਸਦਾ।

4 ਉਹ ਉਨ੍ਹਾਂ ਨੂੰ ਦੀ ਇੱਜ਼ਤ ਨਹੀਂ ਕਰਦਾ ਹੈ, ਜਿਹੜੇ ਪਰਮੇਸ਼ੁਰ ਨੂੰ ਨਫ਼ਰਤ ਕਰਦੇ ਹਨ। ਪਰ ਉਹ ਉਨ੍ਹਾਂ ਸਾਰਿਆਂ ਦੀ ਇੱਜ਼ਤ ਕਰਦਾ ਹੈ ਜਿਹੜੇ ਯਹੋਵਾਹ ਦੀ ਸੇਵਾ ਕਰਦੇ ਹਨ। ਜੇ ਉਹ ਆਪਣੇ ਗੁਆਂਢੀ ਨਾਲ ਵਾਇਦਾ ਕਰਦਾ ਹੈ ਤਾਂ ਉਹ ਉਸ ਨੂੰ ਪੂਰਾ ਕਰਦਾ[a] ਹੈ।

5 ਜੇ ਉਹ ਕਿਸੇ ਨੂੰ ਪੈਸੇ ਦਿੰਦਾ ਹੈ ਉਹ ਉਸ ਪੈਸੇ ਉੱਤੇ ਸੂਦ ਨਹੀਂ ਵਸੂਲਦਾ। ਉਹ ਬੇਗੁਨਾਹਾਂ ਨੂੰ ਨੁਕਸਾਨ ਪਹੁੰਚਾਉਣ ਲਈ ਪੈਸੇ ਨਹੀਂ ਲੈਂਦਾ। ਜੇਕਰ ਇੱਕ ਵਿਅਕਤੀ ਇੱਕ ਚੰਗੇ ਮਨੁੱਖ ਵਾਂਗੂ ਰਹਿੰਦਾ ਹੈ,
ਫ਼ੇਰ ਉਹ ਹਮੇਸ਼ਾ ਪਰਮੇਸ਼ੁਰ ਦੇ ਨੇੜੇ ਹੋਵੇਗਾ।[b]

*ਦਾਊਦ ਦਾ ਮਿਕਤਾਮ।*

**16** 1ਮੇਰੀ ਰੱਖਿਆ ਕਰ, ਪਰਮੇਸ਼ੁਰ, ਕਿਉਂਕਿ ਮੈਂ ਤੇਰੇ ਉੱਤੇ ਨਿਰਭਰ ਹਾਂ।

2 ਮੈਂ ਆਪਣੇ ਯਹੋਵਾਹ ਨੂੰ ਆਖਿਆ, "ਹੇ ਯਹੋਵਾਹ ਤੂੰ ਮੇਰਾ ਪਰਮੇਸ਼ੁਰ ਹੈਂ। ਮੇਰੇ ਕੋਲ ਜੋ ਕੁਝ ਵੀ ਚੰਗਾ ਹੈ ਇਹ ਤੇਰੇ ਤੋਂ ਪ੍ਰਾਪਤ ਹੋਇਆ ਹੈ।"

3 ਪਰ ਤੁਸੀਂ ਲੋਕ ਇਸ ਦੇਸ ਦੇ ਦੇਵਤਿਆਂ ਬਾਰੇ ਆਖਦੇ ਹੋ, "ਉਹ ਸਾਡੇ ਸ਼ਕਤੀਸ਼ਾਲੀ ਦੇਵਤੇ ਹਨ। ਉਹੀ ਹਨ ਜੋ ਸਾਨੂੰ ਖੁਸ਼ ਰੱਖਦੇ ਹਨ।"

4 ਪਰ ਇਨ੍ਹਾਂ ਦੇਵਤਿਆਂ ਦੀ ਪੂਜਾ ਕਰਨ ਵਾਲੇ ਲੋਕ ਬਹੁਤ ਦੁੱਖ ਸਹਿਣਗੇ। ਮੈਂ ਉਨ੍ਹਾਂ ਦੀਆਂ ਲਹੂ ਭੇਟਾਂ ਵਿੱਚ ਸਾਂਝ ਨਹੀਂ ਪਾਵਾਂਗਾ ਜਿਹੜੀਆਂ ਉਹ ਉਨ੍ਹਾਂ ਮੂਰਤੀਆਂ ਨੂੰ ਦਿੰਦੇ ਹਨ। ਮੈਂ ਉਨ੍ਹਾਂ ਮੂਰਤੀਆਂ ਦੇ ਨਾਮ ਵੀ ਨਹੀਂ ਉੱਚਰਾਂਗਾ।

5 ਮੇਰਾ ਭੋਜਨ ਤੇ ਪਿਆਲਾ ਸਿਰਫ਼ ਪਰਮੇਸ਼ੁਰ ਪਾਸੋਂ ਆਉਂਦਾ ਹੈ। ਜਿਸ ਤਰ੍ਹਾਂ ਕਿ ਯਹੋਵਾਹ ਨੇ ਮੈਨੂੰ ਮੇਰਾ ਵਿਰਸਾ[c] ਦਿੱਤਾ ਹੈ।

6 ਮੇਰੀ ਹਿੱਸੇ ਦੀ ਜ਼ਮੀਨ ਬਹੁਤ ਮਨਭਾਵਨੀ ਹੈ, ਮੇਰਾ ਵਿਰਸਾ ਬਹੁਤ ਖੂਬਸੂਰਤ ਹੈ।

7 ਮੈਂ ਪਰਮੇਸ਼ੁਰ ਦੀ ਉਸਤਤ ਕਰਦਾ ਹਾਂ ਕਿਉਂਕਿ ਉਸ ਨੇ ਮੈਨੂੰ ਚੰਗੀ ਸਲਾਹ ਦਿੱਤੀ ਹੈ। ਰਾਤ ਵੇਲੇ ਵੀ ਉਹ ਮੈਨੂੰ ਉਪਦੇਸ਼ ਦਿੰਦਾ ਹੈ ਅਤੇ ਮੇਰੇ ਮਨ ਦੇ ਧੁਰ ਅੰਦਰ ਚੰਗੀਆਂ ਸਲਾਹਾਂ ਰੱਖਦਾ ਹੈ।

---

[a] *15:4* **ਜੇ ਉਹ...ਪੂਰਾ ਕਰਦਾ** ਜਾਂ "ਉਸ ਵਿਅਕਤੀ ਨੇ ਵਾਇਦਾ ਕੀਤਾ ਕਿ ਉਹ ਬੁਰੇ ਕਾਰੇ ਨਹੀਂ ਕਰੇਗਾ ਅਤੇ ਉਸ ਨੇ ਆਪਣਾ ਵਾਇਦਾ ਪੂਰਾ ਕੀਤਾ ਹੈ।"

[b] *15:5* **ਉਹ...ਨੇੜੇ ਹੋਵੇਗਾ** ਮੂਲ ਅਰਥ, "ਉਹ ਵਿਅਕਤੀ ਹਿਲਾਇਆ ਨਹੀਂ ਜਾਵੇਗਾ।"

[c] *16:5* **ਵਿਰਸਾ** ਮੂਲ ਅਰਥ, "ਪਰਚੀਆਂ, ਗੁਣੇ" ਇਹ ਉਸ ਜ਼ਮੀਨ ਨਾਲ ਸੰਬੰਧਿਤ ਹੈ ਜਿਹੜੀ ਹਰ ਪਰਿਵਾਰ ਵਿੱਚ ਵੰਡੀ ਗਈ ਸੀ ਜਦੋਂ ਯਹੋਸ਼ੁਆ ਨੇ ਇਸਰਾਏਲ ਦੇ ਮੁੱਢਲੇ ਆਕਰਮਣ ਦੀ ਅਗਵਾਈ ਕਨਾਨ ਦੀ ਧਰਤੀ ਅੰਦਰ ਕੀਤੀ ਸੀ। ਇਥੇ, ਹਸਤੀ ਨਾਲ ਸੰਬੰਧਿਤ ਪਰਮੇਸ਼ੁਰ ਦੇ ਜ਼ਬਤ ਅਕਸ ਅਤੇ ਪਰਮੇਸ਼ੁਰ ਨਾਲ ਸੰਬੰਧਿਤ ਹਸਤੀ ਹੈ।

8 ਮੈਂ ਹਮੇਸ਼ਾ ਮੇਰੇ ਯਹੋਵਾਹ ਨੂੰ ਸਾਹਮਣੇ ਰੱਖਦਾ ਹਾਂ, ਉਹ ਮੇਰੇ
ਸੱਜੇ ਹੱਥ ਹੈ, ਮੈਂ ਆਪਣੀ ਥਾਂ ਨਹੀਂ ਛੱਡਾਂਗਾ।
9 ਇਸੇ ਲਈ ਮੇਰੀ ਰੂਹ ਤੇ ਮੇਰਾ ਮਨ ਅਨੰਦਮਈ ਹੋਣਗੇ।
ਅਤੇ ਮੇਰਾ ਸਰੀਰ ਵੀ ਸੁਰੱਖਿਅਤ ਰਹੇਗਾ।
10 ਕਿਉਂਕਿ ਹੇ ਯਹੋਵਾਹ, ਤੂੰ ਮੇਰੀ ਰੂਹ ਨੂੰ ਮ੍ਰਿਤ ਲੋਕ ਵਿੱਚ
ਦਾਖਲ ਨਹੀਂ ਹੋਣ ਦੇਵੇਂਗਾ। ਅਤੇ ਤੂੰ ਆਪਣੇ ਇੱਕ
ਵਫ਼ਾਦਾਰ ਨੂੰ ਕਬਰ ਵਿੱਚ ਸੜਨ ਨਹੀਂ ਦੇਵੇਂਗਾ।
11 ਤੂੰ ਮੈਨੂੰ ਸਿਰਫ਼ ਤੇਰੇ ਨਜ਼ਦੀਕ ਆ ਕੇ ਜਿਉਣ ਦਾ ਸਹੀ
ਤਰੀਕਾ ਸਿਖਾਵੇਂਗਾ। ਯਹੋਵਾਹ, ਮੈਂ ਪੂਰਨ ਖੁਸ਼ੀ ਦਾ
ਅਨੰਦ ਮਾਣਾਂਗਾ। ਤੇਰੇ ਸੱਜੇ ਪਾਸੇ ਹੋ ਕੇ ਮੈਂ ਸਦੀਵੀ
ਅਸੀਸ ਦਾ ਅਨੰਦ ਮਾਣਾਂਗਾ।

*ਦਾਊਦ ਦੀ ਪ੍ਰਾਰਥਨਾ।*

**17** 1ਯਹੋਵਾਹ, ਨਿਆਂ ਲਈ ਮੇਰੀ ਪ੍ਰਾਰਥਨਾ ਨੂੰ ਸੁਣ।
ਮੈਂ ਉੱਚੀ-ਉੱਚੀ ਤੈਨੂੰ ਹਾਕਾਂ ਮਾਰ ਰਿਹਾ ਹਾਂ। ਮੈਂ ਉਸ
ਵਿੱਚ ਇਮਾਨਦਾਰ ਹਾਂ ਜੋ ਮੈਂ ਆਖਦਾ ਹਾਂ, ਇਸ ਲਈ
ਕਿਰਪਾ ਕਰਕੇ ਮੇਰੀ ਪ੍ਰਾਰਥਨਾ ਨੂੰ ਸੁਣ।
2 ਕਿਉਂਕਿ ਤੂੰ ਸੱਚ ਨੂੰ ਵੇਖ ਸਕਦਾ ਹੈਂ, ਤੂੰ ਮੈਨੂੰ ਸੱਚ ਪ੍ਰਦਾਨ
ਕਰੇਂਗਾ।
3 ਤੂੰ ਮੇਰੇ ਦਿਲ ਦੀ ਡੂੰਘਾਈ ਅੰਦਰ ਵੇਖਿਆ ਹੈ। ਤੂੰ ਸਾਰੀ
ਰਾਤ ਮੇਰੇ ਨਾਲ ਸੀ। ਤੂੰ ਮੈਨੂੰ ਪਰਖਿਆ ਹੈ ਤੂੰ ਮੇਰੇ ਵਿੱਚ
ਕੁਝ ਵੀ ਬੁਰਾਈ ਨਹੀਂ ਲੱਭੀ ਨਾ ਹੀ ਮੈਂ ਕੋਈ ਵੀ ਬੁਰੀ
ਵਿਉਂਤ ਬਣਾਈ ਸੀ।
4 ਮੈਂ ਤੇਰੇ ਹੁਕਮਾਂ ਨੂੰ ਮੰਨਣ ਲਈ ਜਿੰਨੀ ਮਨੁੱਖੀ ਤੌਰ ਤੇ
ਸੰਭਵ ਸੀ, ਕੋਸ਼ਿਸ਼ ਕੀਤੀ ਹੈ। ਮੈਂ ਤੇਰੇ ਸਾਰੇ ਹੁਕਮਾਂ ਨੂੰ
ਮੰਨਿਆ ਹੈ।
5 ਮੈਂ ਤੇਰੇ ਰਸਤਿਆਂ ਤੇ ਚੱਲਿਆ ਹਾਂ। ਮੇਰੇ ਪਗ ਤੇਰੇ
ਦੁਆਰਾ ਦੱਸੇ ਜੀਵਨ ਦੇ ਰਾਹ ਤੋਂ ਕਦੇ ਨਹੀਂ ਥਿੜਕੇ।
6 ਹਰ ਵਾਰੀ ਮੈਂ ਤੈਨੂੰ ਅਵਾਜ਼ ਦਿੱਤੀ, ਪਰਮੇਸ਼ੁਰ। ਤੇ ਤੂੰ
ਹੁੰਗਾਰਾ ਭਰਿਆ, ਇਸ ਲਈ ਹੁਣ ਕਿਰਪਾ ਕਰਕੇ ਮੈਨੂੰ
ਸੁਣੋ।
7 ਹੇ ਪਰਮੇਸ਼ੁਰ, ਤੂੰ ਉਨ੍ਹਾਂ ਦੀ ਮਦਦ ਕਰ ਜਿਹੜੇ ਤੇਰੇ ਵਿੱਚ
ਆਸਥਾ ਰੱਖਦੇ ਹਨ ਉਹ ਲੋਕ ਆਉਂਦੇ ਹਨ ਅਤੇ ਤੇਰੇ ਸੱਜੇ
ਪਾਸੇ ਖਲੋਂਦੇ ਹਨ। ਇਸ ਲਈ ਇਸ ਪ੍ਰਾਰਥਨਾ ਨੂੰ ਸੁਣੋ,
ਜਿਹੜੀ ਤੇਰੇ ਇੱਕ ਚੇਲੇ ਵੱਲੋਂ ਹੈ।
8 ਮੇਰੀ ਰੱਖਿਆ ਆਪਣੀ ਅੱਖ ਦੀ ਕਾਕੀ ਵਾਂਗ ਕਰ। ਮੈਨੂੰ
ਆਪਣੇ ਖੰਭਾਂ ਦੀ ਛੱਤ ਹੇਠਾਂ ਛੁਪਾ ਲੈ।
9 ਯਹੋਵਾਹ, ਮੈਨੂੰ ਉਨ੍ਹਾਂ ਬੁਰੇ ਲੋਕਾਂ ਪਾਸੋਂ ਬਚਾ ਜਿਹੜੇ ਮੇਰੀ
ਬਰਬਾਦੀ ਲਈ ਕੰਮ ਕਰਦੇ ਹਨ। ਹੇ ਪਰਮੇਸ਼ੁਰ, ਮੈਨੂੰ
ਘੇਰੀ ਹੋਏ ਲੋਕਾਂ ਤੋਂ ਮੇਰੀ ਰੱਖਿਆ ਕਰ, ਜਿਹੜੇ ਮੈਨੂੰ ਦੁਖੀ
ਕਰਨ ਦੀ ਕੋਸ਼ਿਸ਼ ਕਰ ਰਹੇ ਹਨ।
10 ਉਹ ਦੁਸ਼ਟ ਲੋਕ ਇੰਨੇ ਘਮੰਡੀ ਹਨ ਕਿ ਉਹ ਪਰਮੇਸ਼ੁਰ ਨੂੰ
ਵੀ ਨਹੀਂ ਸੁਣਦੇ। ਅਤੇ ਉਹ ਸਿਰਫ਼ ਆਪਣੇ ਆਪ ਬਾਰੇ
ਹੀ ਸ਼ੇਖੀ ਮਾਰਦੇ ਹਨ।
11 ਉਨ੍ਹਾਂ ਨੇ ਬੇਚੈਨੀ ਨਾਲ ਮੇਰੀ ਭਾਲ ਕੀਤੀ। ਉਨ੍ਹਾਂ ਨੇ ਮੈਨੂੰ
ਘੇਰ ਲਿਆ, ਅਤੇ ਹੁਣ ਹਮਲਾ ਕਰਨ ਲਈ ਤਿਆਰ
ਹਨ।
12 ਉਹ ਬੁਰੇ ਲੋਕ ਸ਼ੇਰਾਂ ਵਰਗੇ ਹਨ, ਜਿਹੜੇ ਦੂਜੇ ਜਾਨਵਰਾਂ
ਨੂੰ ਮਾਰ ਖਾਣ ਦੀ ਉਡੀਕ ਵਿੱਚ ਹਨ। ਉਹ ਹਮਲਾ ਕਰਨ
ਲਈ ਸ਼ੇਰਾਂ ਵਾਂਗ ਲੁਕਦੇ ਹਨ।
13 ਹੇ ਯਹੋਵਾਹ ਉੱਠ, ਅਤੇ ਦੁਸ਼ਮਣ ਵੱਲ ਜਾਹ, ਉਨ੍ਹਾਂ ਕੋਲੋਂ
ਸਮਰਪਣ ਕਰਾ। ਆਪਣੀ ਤਲਵਾਰ ਵਰਤ ਅਤੇ ਉਨ੍ਹਾਂ
ਦੁਸ਼ਟ ਲੋਕਾਂ ਕੋਲੋਂ ਮੇਰੀ ਰੱਖਿਆ ਕਰ।
14 ਹੇ ਯਹੋਵਾਹ, ਆਪਣੀ ਸ਼ਕਤੀ ਵਰਤ ਤੇ ਜਿਉਂਦਿਆਂ ਲੋਕਾਂ
ਦੀ ਧਰਤੀ ਤੋਂ ਬਦ ਰੂਹਾਂ ਨੂੰ ਦੂਰ ਕਰ। ਯਹੋਵਾਹ, ਬਹੁਤ
ਸਾਰੇ ਲੋਕ ਤੇਰੇ ਕੋਲ ਸਹਾਇਤਾ ਲਈ ਆਉਂਦੇ ਹਨ, ਉਨ੍ਹਾਂ
ਲੋਕਾਂ ਕੋਲ ਆਪਣੇ ਜੀਵਨ ਵਿੱਚ ਬਹੁਤ ਕੁਝ ਨਹੀਂ ਹੈ।
ਉਨ੍ਹਾਂ ਨੂੰ ਕਾਫ਼ੀ ਭੋਜਨ ਦੇ। ਉਨ੍ਹਾਂ ਲੋਕਾਂ ਦੇ ਬੱਚਿਆਂ ਨੂੰ ਉਹ
ਦੇ ਜੋ ਵੀ ਉਹ ਚਾਹੁੰਦੇ ਹਨ। ਬੱਚਿਆਂ ਨੂੰ ਇੰਨਾ ਸਾਰਾ
ਭੋਜਨ ਦੇ, ਕਿ ਉਨ੍ਹਾਂ ਦਾ ਭੋਜਨ ਉਨ੍ਹਾਂ ਦੇ ਬੱਚਿਆਂ ਲਈ
ਵੀ ਬਚ ਜਾਵੇ।
15 ਹੇ ਪਰਮੇਸ਼ੁਰ, ਮੈਂ ਤੈਨੂੰ ਇਨਸਾਫ਼ ਲਈ ਪ੍ਰਾਰਥਨਾ ਕੀਤੀ
ਸੀ। ਉਸ ਵਾਸਤੇ, ਮੈਂ ਤੈਨੂੰ ਵੇਖਾਂਗਾ। ਅਤੇ ਤੈਨੂੰ ਵੇਖ ਕੇ,
ਹੇ ਪਰਮੇਸ਼ੁਰ, ਮੈਂ ਪੂਰਨ ਸੰਤੁਸ਼ਟ ਹੋ ਜਾਵਾਂਗਾ।

*ਨਿਰਦੇਸ਼ਕ ਲਈ: ਯਹੋਵਾਹ ਦੇ ਸੇਵਕ ਦਾਊਦ ਦਾ ਇੱਕ ਗੀਤ। ਇਹ ਗੀਤ ਦਾਊਦ ਨੇ ਉਸ ਵੇਲੇ ਲਿਖਿਆ, ਜਦੋਂ ਯਹੋਵਾਹ ਨੇ ਸ਼ਾਊਲ ਅਤੇ ਉਸ ਦੇ ਹੋਰ ਦੁਸ਼ਮਣਾਂ ਤੋਂ ਉਸ ਦੀ ਰੱਖਿਆ ਕੀਤੀ।*

**18** 1ਉਸ ਨੇ ਆਖਿਆ, "ਹੇ ਯਹੋਵਾਹ, ਮੇਰੇ ਬਲ, ਮੈਂ
ਤੈਨੂੰ ਪਿਆਰ ਕਰਦਾ ਹਾਂ।"
2 ਯਹੋਵਾਹ ਮੇਰੀ ਚੱਟਾਨ, ਮੇਰਾ ਗੜ੍ਹ, ਅਤੇ ਮੇਰਾ ਸੁਰੱਖਿਅਤ
ਸਥਾਨ ਹੈ। ਮੇਰਾ ਪਰਮੇਸ਼ੁਰ ਮੇਰੀ ਚੱਟਾਨ ਹੈ। ਮੈਂ ਸੁਰੱਖਿਆ
ਲਈ ਉਸ ਵੱਲ ਨੱਸਦਾ ਹਾਂ। ਪਰਮੇਸ਼ੁਰ ਹੀ ਮੇਰੀ ਢਾਲ ਹੈ,
ਉਸ ਦੀ ਸ਼ਕਤੀ ਮੈਨੂੰ ਬਚਾਉਂਦੀ ਹੈ। ਉੱਚੇ ਪਰਬਤਾਂ ਵਿੱਚ
ਯਹੋਵਾਹ ਮੇਰੇ ਛੁਪਣੇ ਦਾ ਸਥਾਨ ਹੈ।
3 ਉਨ੍ਹਾਂ ਨੇ ਮੇਰਾ ਮਜ਼ਾਕ ਉਡਾਇਆ। ਪਰ ਮੈਂ ਸਹਾਇਤਾ
ਲਈ ਯਹੋਵਾਹ ਨੂੰ ਅਵਾਜ਼ ਦਿੱਤੀ ਅਤੇ ਉਸ ਨੇ ਮੈਨੂੰ ਮੇਰੇ
ਦੁਸ਼ਮਣਾਂ ਤੋਂ ਬਚਾ ਲਿਆ।
4 ਮੇਰੇ ਦੁਸ਼ਮਣ ਮੈਨੂੰ ਮਾਰਨ ਦੀ ਕੋਸ਼ਿਸ਼ ਕਰ ਰਹੇ ਸਨ। ਮੇਰੇ
ਆਲੇ-ਦੁਆਲੇ ਮੌਤ ਦੇ ਸ਼ਿਕੰਜੇ ਸਨ। ਮੈਂ ਉਸ ਹੜ੍ਹ ਅੰਦਰ
ਰੁੜ੍ਹ ਚੱਲਿਆ ਸਾਂ ਜਿਹੜਾ ਮੈਨੂੰ ਪਤਾਲ ਵੱਲ ਲਿਜਾ ਰਿਹਾ
ਸੀ।
5 ਕਬਰ ਦੇ ਰੱਸੇ ਮੈਨੂੰ ਘੇਰੀ ਹੋਏ ਸਨ, ਮੌਤ ਦੇ ਜਾਲ ਮੇਰੇ
ਅੱਗੇ ਵਿਛੇ ਹੋਏ ਸਨ।
6 ਇੱਥੋਂ ਤੀਕ ਕਿ ਮੈਂ ਘੇਰਿਆ ਗਿਆ ਸਾਂ, ਫ਼ੇਰ ਮੈਂ ਪਰਮੇਸ਼ੁਰ
ਨੂੰ ਪ੍ਰਾਰਥਨਾ ਕੀਤੀ। ਹਾਂ, ਹਾਂ ਮੈਂ ਆਪਣੇ ਪਰਮੇਸ਼ੁਰ ਨੂੰ
ਪੁਕਾਰਿਆ ਪਰਮੇਸ਼ੁਰ ਆਪਣੇ ਮੰਦਰ ਅੰਦਰ ਸੀ। ਉਸ ਨੇ
ਮੇਰੀ ਦੁਹਾਈ ਸੁਣੀ। ਉਸ ਨੇ ਮਦਦ ਲਈ ਮੇਰੀ ਅਵਾਜ਼
ਨੂੰ ਸੁਣਿਆ।
7 ਧਰਤੀ ਹਿੱਲੀ ਅਤੇ ਕੰਬੀ; ਅਤੇ ਪਹਾੜਾਂ ਦੀਆਂ ਨੀਹਾਂ ਵੀ
ਹਿੱਲ ਗਈਆਂ। ਕਿਉਂਕਿ ਯਹੋਵਾਹ ਗੁੱਸੇ ਸੀ।
8 ਪਰਮੇਸ਼ੁਰ ਦੇ ਨੱਕ ਵਿੱਚੋਂ ਧੂਆਂ ਨਿੱਕਲਿਆ। ਪਰਮੇਸ਼ੁਰ
ਦੇ ਮੁੱਖ ਵਿੱਚੋਂ ਬਲਦੀਆਂ ਲਾਟਾਂ ਨਿੱਕਲੀਆਂ, ਉਸ ਪਾਸੋਂ
ਬਲਦੇ ਹੋਏ ਚੰਗਿਆੜੇ ਉੱਡੇ।

9 ਯਹੋਵਾਹ ਨੇ ਆਕਾਸ਼ ਨੂੰ ਪਾੜ ਸੁੱਟਿਆ ਅਤੇ ਉਹ ਹੇਠਾਂ
ਆਇਆ। ਉਹ ਗਹਿਰੇ ਕਾਲੇ ਬੱਦਲ ਉੱਤੇ ਖਲੋਤਾ
ਸੀ।
10 ਯਹੋਵਾਹ ਆਕਾਸ਼ ਵਿੱਚ ਉੱਡ ਰਿਹਾ ਸੀ। ਉਹ ਤੇਜ਼ ਦੇ
ਕਰੂਬੀਆਂ ਤੇ ਸਵਾਰ ਉੱਡ ਰਿਹਾ ਸੀ। ਉਹ ਉੱਚੀਆਂ
ਹਵਾਵਾਂ ਉੱਤੋਂ ਦੀ ਉੱਡ ਰਿਹਾ ਸੀ।
11 ਯਹੋਵਾਹ ਹਨੇਰੇ ਬੱਦਲਾਂ ਵਿੱਚ ਛੁਪਿਆ ਹੋਇਆ ਸੀ,
ਜਿਹੜੇ ਉਸ ਨੂੰ ਤੰਬੂਆਂ ਵਾਂਗ ਘੇਰੇ ਹੋਏ ਸਨ। ਉਹ
ਆਪਣੇ-ਆਪ ਨੂੰ ਬੱਦਲਾਂ ਅੰਦਰ ਛੁਪਾ ਰਿਹਾ ਸੀ।
12 ਫ਼ੇਰ, ਯਹੋਵਾਹ ਦੀ ਚਮਕਦੀ ਰੌਸ਼ਨੀ ਬੱਦਲਾਂ ਨੂੰ ਪਾੜਦੀ
ਹੋਈ ਬਾਹਰ ਨਿੱਕਲੀ। ਇਸ ਨੇ ਗੜ੍ਹੇਮਾਰ ਕੀਤੀ ਅਤੇ
ਬਿਜਲੀ ਲਿਸ਼ਕਾਈ।
13 ਯਹੋਵਾਹ ਆਕਾਸ਼ ਵਿੱਚੋਂ ਗਰਜਿਆ। ਸਭ ਤੋਂ ਉੱਚੇ
ਪਰਮੇਸ਼ੁਰ ਨੇ ਲੋਕਾਂ ਨੂੰ ਆਪਣੀ ਅਵਾਜ਼ ਸੁਣਾਈ। ਇੱਥੋਂ
ਤੱਕ ਕਿ ਗੜ੍ਹੇਮਾਰ ਹੋਈ ਅਤੇ ਬਿਜਲੀ ਲਿਸ਼ਕ ਉੱਠੀ।
14 ਯਹੋਵਾਹ ਨੇ ਆਪਣੇ ਤੀਰ ਛੱਡੇ ਅਤੇ ਦੁਸ਼ਮਣਾਂ ਨੂੰ ਭਜਾ
ਦਿੱਤਾ। ਯਹੋਵਾਹ ਨੇ ਬਿਜਲੀ ਦੀਆਂ ਅਨੇਕਾਂ ਕਿਰਣਾਂ
ਫ਼ੈਲਾਈਆਂ ਅਤੇ ਲੋਕ ਘਬਰਾਹਟ ਵਿੱਚ ਭੱਜ ਗਏ।
15 ਯਹੋਵਾਹ, ਜਦੋਂ ਤੂੰ ਉੱਚੀ ਅਵਾਜ਼ ਨਾਲ ਹੁਕਮ ਦਿੱਤਾ, ਪਾਣੀ
ਪਿੱਛਾਹਾਂ ਧੱਕਿਆ ਗਿਆ ਸੀ। ਅਸੀਂ ਸਮੁੰਦਰ ਦਾ ਤਲਾ
ਵੇਖ ਸਕਦੇ ਸਾਂ। ਅਸੀਂ ਧਰਤੀ ਦੀਆਂ ਨੀਹਾਂ ਵੀ ਦੇਖ
ਸਕਦੇ ਸਾਂ।
16 ਯਹੋਵਾਹ, ਉੱਚਾਈ 'ਚੋਂ ਹੇਠਾ ਆਇਆ ਅਤੇ ਮੈਨੂੰ ਬਚਾ
ਲਿਆ। ਉਸ ਨੇ ਮੈਨੂੰ ਫ਼ੜ ਲਿਆ ਅਤੇ ਮੈਨੂੰ ਡੂੰਘੇ ਪਾਣੀ
(ਮੁਸੀਬਤ) ਵਿੱਚੋਂ ਆਪਣੇ ਵੱਲ ਖਿੱਚਿਆ।
17 ਮੇਰੇ ਦੁਸ਼ਮਣ ਮੇਰੇ ਨਾਲੋਂ ਸ਼ਕਤੀਸ਼ਾਲੀ ਸਨ। ਉਨ੍ਹਾਂ ਨੇ
ਮੈਨੂੰ ਨਫ਼ਰਤ ਕੀਤੀ। ਮੇਰੇ ਦੁਸ਼ਮਣ ਮੇਰੇ ਨਾਲੋਂ ਵਧੇਰੇ
ਸ਼ਕਤੀਸ਼ਾਲੀ ਸਨ। ਇਸੇ ਲਈ ਪਰਮੇਸ਼ੁਰ ਨੇ ਮੈਨੂੰ ਬਚਾ
ਲਿਆ।
18 ਮੈਂ ਵੱਡੇ ਸੰਕਟ ਵਿੱਚ ਸਾਂ, ਮੇਰੇ ਦੁਸ਼ਮਣਾਂ ਨੇ ਮੇਰੇ ਉੱਤੇ
ਹਮਲਾ ਕੀਤਾ ਹੋਇਆ ਸੀ। ਪਰ ਯਹੋਵਾਹ ਮੇਰੀ ਮਦਦ
ਲਈ ਆਇਆ।
19 ਯਹੋਵਾਹ ਮੈਨੂੰ ਪਿਆਰ ਕਰਦਾ ਹੈ। ਇਸੇ ਲਈ ਉਸ ਨੇ
ਮੈਨੂੰ ਬਚਾਇਆ। ਉਹ ਮੈਨੂੰ ਇੱਕ ਸੁਰੱਖਿਅਤ ਸਥਾਨ
ਉੱਤੇ ਲੈ ਗਿਆ।
20 ਮੈਂ ਬੇਗੁਨਾਹ ਹਾਂ, ਇਸੇ ਲਈ ਯਹੋਵਾਹ ਮੈਨੂੰ ਇਨਾਮ
ਦੇਵੇਗਾ। ਮੈਂ ਕੋਈ ਵੀ ਬਦੀ ਨਹੀਂ ਕੀਤੀ ਇਸੇ ਲਈ ਉਹ
ਮੇਰਾ ਭਲਾ ਕਰੇਗਾ।
21 ਕਿਉਂਕਿ ਮੈਂ ਉਸ ਦੇ ਹੁਕਮ ਮੰਨੇ। ਮੈਂ ਤੇਰੇ ਖਿਲਾਫ਼ ਕੋਈ ਵੀ
ਅਪਰਾਧ ਨਹੀਂ ਕੀਤਾ ਪਰਮੇਸ਼ੁਰ।
22 ਮੈਂ ਸਦਾ ਯਹੋਵਾਹ ਦੇ ਫ਼ੈਸਲਿਆਂ ਨੂੰ ਚੇਤੇ ਰੱਖਦਾ ਹਾਂ। ਮੈਂ
ਉਸ ਦੇ ਅਸੂਲਾਂ ਨੂੰ ਮੰਨਦਾ ਹਾਂ ਅਤੇ ਉਸ ਦਾ ਆਚਰਣ
ਕਰਦਾ ਹਾਂ।
23 ਮੈਂ ਉਸ ਦੇ ਨਮਿੱਤ ਸ਼ੁੱਧ ਤੇ ਇਮਾਨਦਾਰ ਸਾਂ, ਮੈਂ
ਆਪਣੇ-ਆਪ ਨੂੰ ਬੁਰੇ ਕਾਰਿਆਂ ਤੋਂ ਦੂਰ ਰੱਖਿਆ।
24 ਇਸੇ ਲਈ, ਯਹੋਵਾਹ ਮੈਨੂੰ ਇਨਾਮ ਦੇਵੇਗਾ। ਕਿਉਂਕਿ
ਮੈਂ ਬੇਕਸੂਰ ਹਾਂ। ਜਿਵੇਂ ਪਰਮੇਸ਼ੁਰ ਇਸ ਨੂੰ ਵੇਖਦਾ ਹੈ, ਮੈਂ
ਕੋਈ ਗਲਤ ਕੰਮ ਨਹੀਂ ਕੀਤਾ, ਇਸ ਲਈ ਉਹ ਮੇਰਾ
ਭਲਾ ਕਰੇਗਾ।
25 ਯਹੋਵਾਹ, ਜੇ ਕੋਈ ਸੱਚਮੁੱਚ ਤੈਨੂੰ ਪਿਆਰ ਕਰਦਾ ਹੈ, ਤਾਂ
ਤੂੰ ਵੀ ਉਸ ਉੱਪਰ ਆਪਣਾ ਸੱਚਾ ਪਿਆਰ ਛਿੜਕ। ਜੇ
ਕੋਈ ਤੇਰੇ ਪ੍ਰਤਿ ਸੱਚਾ ਹੈ ਤਾਂ ਤੂੰ ਵੀ ਉਸ ਦੇ ਪ੍ਰਤਿ ਸੱਚਾ
ਹੋਵੇਂਗਾ।
26 ਯਹੋਵਾਹ, ਤੂੰ ਉਨ੍ਹਾਂ ਲੋਕਾਂ ਲਈ ਸ਼ੁਭ ਤੇ ਪਵਿੱਤਰ ਹੋ ਜਿਹੜੇ
ਸ਼ੁਭ ਤੇ ਪਵਿੱਤਰ ਹਨ। ਪਰ ਤੂੰ ਕਮੀਨੇ ਅਤੇ ਮੀਸਣੇ ਲੋਕਾਂ
ਲਈ ਵਧੇਰੇ ਚਤੁਰ ਬਣ ਜਾਂਦਾ ਹੈਂ।
27 ਹੇ ਯਹੋਵਾਹ, ਤੂੰ ਉਨ੍ਹਾਂ ਲੋਕਾਂ ਦੀ ਮਦਦ ਕਰਦਾ ਹੈਂ ਜਿਹੜੇ
ਹਲੀਮ ਹਨ। ਪਰ ਤੂੰ ਹੰਕਾਰੀ ਲੋਕਾਂ ਨੂੰ ਨਿਵਾਉਂਦਾ ਹੈਂ।
28 ਯਹੋਵਾਹ, ਤੂੰ ਮੇਰਾ ਦੀਵਾ ਰੌਸ਼ਨ ਕਰ। ਮੇਰਾ ਪਰਮੇਸ਼ੁਰ,
ਮੇਰੇ ਚਾਰ-ਚੁਫ਼ੇਰੇ ਫ਼ੈਲੇ ਅੰਧਕਾਰ ਨੂੰ ਰੌਸ਼ਨ ਕਰਦਾ ਹੈ।
29 ਹੇ ਯਹੋਵਾਹ, ਤੇਰੀ ਸਹਾਇਤਾ ਨਾਲ, ਮੈਂ ਫ਼ੌਜ ਨੂੰ ਹਰਾ
ਸਕਦਾ ਹਾਂ। ਪਰਮੇਸ਼ੁਰ ਦੀ ਸਹਾਇਤਾ ਨਾਲ ਮੈਂ ਦੁਸ਼ਮਣ
ਦੀਆਂ ਕੰਧਾਂ ਉੱਤੇ ਚੜ੍ਹ ਸਕਦਾ ਹਾਂ।
30 ਪਰਮੇਸ਼ੁਰ ਦੀ ਸ਼ਕਤੀ ਪੂਰਨ ਹੈ, ਯਹੋਵਾਹ ਦਾ ਬਚਨ
ਪਰਖਿਆ ਗਿਆ ਹੈ। ਉਹ ਉਨ੍ਹਾਂ ਲੋਕਾਂ ਦੀ ਰੱਖਿਆ
ਕਰਦਾ ਹੈ ਜਿਹੜੇ ਉਸ ਵਿੱਚ ਆਸਥਾ ਰੱਖਦੇ ਹਨ।
31 ਯਹੋਵਾਹ ਬਿਨਾ ਕੋਈ ਪਰਮੇਸ਼ੁਰ ਨਹੀਂ ਹੈ। ਸਾਡੇ ਪਰਮੇਸ਼ੁਰ
ਤੋਂ ਬਿਨਾ ਕੋਈ ਚੱਟਾਨ ਨਹੀਂ।
32 ਪਰਮੇਸ਼ੁਰ ਮੈਨੂੰ ਬਲ ਬਖਸ਼ਦਾ ਹੈ। ਉਹ ਮੈਨੂੰ ਸ਼ੁੱਧ ਜੀਵਨ
ਜਿਉਣ ਵਿੱਚ ਸਹਾਰਾ ਦਿੰਦਾ ਹੈ।
33 ਪਰਮੇਸ਼ੁਰ ਹਿਰਨ ਵਾਂਗ ਤੇਜ਼ ਦੌੜਨ ਵਿੱਚ ਮੇਰੀ ਮਦਦ
ਕਰਦਾ ਹੈ। ਉਹ ਮੈਨੂੰ ਉੱਚੀਆਂ ਥਾਵਾਂ ਤੇ ਸਥਿਰ ਰੱਖਦਾ ਹੈ।
34 ਪਰਮੇਸ਼ੁਰ ਮੈਨੂੰ ਜੰਗ ਦੀ ਸਿਖਲਾਈ ਦਿੰਦਾ ਹੈ ਤਾਂ ਜੋ
ਮੇਰੀਆਂ ਬਾਹਾਂ ਸ਼ਕਤੀਸ਼ਾਲੀ ਧਨੁਸ਼ ਨੂੰ ਝੁਕਾ ਸਕਣ।
35 ਹੇ ਪਰਮੇਸ਼ੁਰ, ਤੂੰ ਮੈਨੂੰ ਬਚਾਇਆ ਤੇ ਮੇਰੀ ਜਿੱਤਣ ਵਿੱਚ
ਮਦਦ ਕੀਤੀ। ਤੂੰ ਮੈਨੂੰ ਆਪਣੀ ਸੱਜੀ ਬਾਂਹ ਦਾ ਸਹਾਰਾ
ਦਿੱਤਾ। ਤੂੰ ਮੇਰੇ ਦੁਸ਼ਮਣ ਨੂੰ ਹਰਾਉਣ ਵਿੱਚ ਮਦਦ ਕੀਤੀ।
36 ਮੇਰੀਆਂ ਲੱਤਾਂ ਅਤੇ ਗਿੱਟਿਆਂ ਨੂੰ ਮਜ਼ਬੂਤ ਬਣਾ ਤਾਂ ਜੋ ਮੈਂ
ਠੋਕਰਾਂ ਤੋਂ ਬਿਨਾ ਤੇਜ਼ ਤੁਰ ਸਕਾਂ।
37 ਫ਼ੇਰ ਮੈਂ ਆਪਣੇ ਦੁਸ਼ਮਣਾਂ ਦਾ ਪਿੱਛਾ ਕਰ ਸਕਾਂਗਾ ਅਤੇ
ਉਨ੍ਹਾਂ ਨੂੰ ਫ਼ੜ ਸਕਾਂਗਾ। ਮੈਂ ਉਨ੍ਹਾਂ ਨੂੰ ਤਬਾਹ ਕੀਤੇ ਬਿਨਾ
ਵਾਪਸ ਨਹੀਂ ਮੁੜਾਂਗਾ।
38 ਮੈਂ ਆਪਣੇ ਵੈਰੀਆਂ ਨੂੰ ਹਰਾ ਦਿਆਂਗਾ, ਤਾਂ ਜੋ ਉਹ
ਦੁਬਾਰਾ ਨਹੀਂ ਉੱਠ ਸਕਣਗੇ। ਮੇਰੇ ਸਾਰੇ ਦੁਸ਼ਮਣਾਂ ਨੂੰ
ਪੈਰਾਂ ਹੇਠ ਹੋਣਾ ਚਾਹੀਦਾ ਹੈ।
39 ਹੇ ਪਰਮੇਸ਼ੁਰ, ਤੂੰ ਮੈਨੂੰ ਯੁੱਧ ਵਿੱਚ ਸ਼ਕਤੀਸ਼ਾਲੀ
ਬਣਾਇਆ। ਤੂੰ ਮੇਰੇ ਦੁਸ਼ਮਣਾਂ ਨੂੰ ਮੇਰੇ ਅੱਗੇ ਡੇਗਿਆ।
40 ਤੂੰ ਮੈਨੂੰ ਮੇਰੇ ਦੁਸ਼ਮਣ ਦੀ ਗਿੱਚੀ ਤੇ ਵਾਰ ਕਰਨ ਦਾ ਇੱਕ
ਮੌਕਾ ਦਿੱਤਾ, ਅਤੇ ਮੈਂ ਆਪਣੇ ਵੈਰੀਆਂ ਨੂੰ ਥੱਲੇ ਵੱਢ
ਸੁੱਟਿਆ।
41 ਮੇਰੇ ਦੁਸ਼ਮਣਾਂ ਮਦਦ ਲਈ ਪੁਕਾਰਿਆ ਸੀ, ਪਰ ਕੋਈ
ਨਹੀਂ ਸੀ ਜਿਹੜਾ ਉਨ੍ਹਾਂ ਨੂੰ ਬਚਾ ਸਕੇ। ਉਨ੍ਹਾਂ ਨੇ ਯਹੋਵਾਹ
ਨੂੰ ਵੀ ਪੁਕਾਰਿਆ ਸੀ, ਪਰ ਉਸ ਨੇ ਉਨ੍ਹਾਂ ਦੀ ਪੁਕਾਰ ਨਹੀਂ
ਸੁਣੀ।

42 ਮੈਂ ਆਪਣੇ ਦੁਸ਼ਮਣਾਂ ਦੇ ਟੁਕੜੇ ਕੀਤੇ। ਉਹ ਉਸ ਖਾਕ ਵਾਂਗ ਸਨ, ਜਿਹੜੀ ਹਵਾ ਵਿੱਚ ਉੱਡਦੀ ਹੈ। ਮੈਂ ਉਨ੍ਹਾਂ ਨੂੰ ਟੋਟੇ-ਟੋਟੇ ਕੀਤਾ ਸੀ।
43 ਮੈਨੂੰ ਉਨ੍ਹਾਂ ਲੋਕਾਂ ਤੋਂ ਬਚਾ ਜਿਹੜੇ ਮੇਰੇ ਵਿਰੁੱਧ ਲੜਦੇ ਹਨ। ਮੈਂ ਉਨ੍ਹਾਂ ਕੌਮਾਂ ਦਾ ਆਗੂ ਬਣਾ। ਉਨ੍ਹਾਂ ਲੋਕਾਂ ਨੂੰ ਜਿਨ੍ਹਾਂ ਨੂੰ ਮੈਂ ਜਾਣਦਾ ਵੀ ਨਹੀਂ ਮੇਰੀ ਸੇਵਾ ਕਰਨ ਦੇ।
44 ਉਹ ਲੋਕ ਮੇਰੇ ਬਾਰੇ ਸੁਣਨਗੇ ਅਤੇ ਫ਼ੌਰਨ ਮੇਰਾ ਹੁਕਮ ਮੰਨਣਗੇ। ਉਹ ਵਿਦੇਸ਼ੀ ਮੇਰੇ ਪਾਸੋਂ ਡਰਨਗੇ।
45 ਉਹ ਵਿਦੇਸ਼ੀ ਡਰ ਨਾਲ ਕੰਬਣਗੇ। ਉਹ ਡਰ ਨਾਲ ਕੰਬਦੇ ਹੋਏ ਆਪਣੀਆਂ ਛੁਪਣਗਾਹਾਂ ਵਿੱਚੋਂ ਨਿੱਕਲ ਆਉਣਗੇ।
46 ਯਹੋਵਾਹ ਜੀਉਂਦਾ ਜਾਗਦਾ ਹੈ। ਮੈਂ ਆਪਣੀ ਓਟ ਦੀ ਉਸਤਤ ਕਰਦਾ ਹਾਂ। ਪਰਮੇਸ਼ੁਰ ਮੈਨੂੰ ਬਚਾਉਂਦਾ ਹੈ, ਉਹ ਮਹਾਨ ਹੈ।
47 ਪਰਮੇਸ਼ੁਰ ਨੇ ਮੇਰੇ ਲਈ ਮੇਰੇ ਦੁਸ਼ਮਣਾਂ ਨੂੰ ਦੰਡ ਦਿੱਤਾ। ਉਸ ਨੇ ਲੋਕਾਂ ਨੂੰ ਮੇਰੇ ਅਧੀਨ ਕਰ ਦਿੱਤਾ ਹੈ।
48 ਯਹੋਵਾਹ, ਤੂੰ ਮੇਰੇ ਦੁਸ਼ਮਣਾਂ ਤੋਂ ਮੇਰੀ ਰੱਖਿਆ ਕੀਤੀ, ਤੂੰ ਉਨ੍ਹਾਂ ਨੂੰ ਹਰਾਉਣ ਵਿੱਚ ਮੇਰੀ ਮਦਦ ਕੀਤੀ ਜਿਹੜੇ ਮੇਰੇ ਖਿਲਾਫ਼ ਆ ਖਲੋਏ ਸਨ। ਤੂੰ ਮੈਨੂੰ ਜ਼ਾਲਮ ਆਦਮੀਆਂ ਤੋਂ ਬਚਾਇਆ।
49 ਹੇ ਯਹੋਵਾਹ, ਇਸੇ ਲਈ ਮੈਂ ਕੌਮਾਂ ਦੇ ਦਰਮਿਆਨ ਤੇਰੀ ਉਸਤਤ ਕਰਦਾ ਹਾਂ। ਯਹੋਵਾਹ, ਇਸੇ ਲਈ ਮੈਂ ਤੇਰੇ ਨਾਂ ਦੀ ਮਹਿਮਾ ਲਈ, ਗੀਤ ਗਾਉਂਦਾ ਹਾਂ।
50 ਯਹੋਵਾਹ ਕਈ ਯੁੱਧ ਜਿੱਤਣ ਵਿੱਚ ਆਪਣੇ ਰਾਜੇ ਦੀ ਮਦਦ ਕਰਦਾ ਹੈ। ਉਹ ਉਸ ਦਾ ਸੱਚਾ ਪਿਆਰ ਆਪਣੇ ਚੁਣੇ ਹੋਏ ਰਾਜੇ ਲਈ ਵਿਖਾਉਂਦਾ ਹੈ। ਉਹ ਦਾਊਦ ਲਈ ਅਤੇ ਉਸ ਦੀ ਅੰਸ਼ ਲਈ ਸਦਾ ਵਾਸਤੇ ਵਫ਼ਾਦਾਰ ਹੋਵੇਗਾ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**19** 1ਸਵਰਗ ਪਰਮੇਸ਼ੁਰ ਦੀ ਮਹਿਮਾ ਬਾਰੇ ਗੱਲਾਂ ਕਰਦੇ ਹਨ। ਅਕਾਸ਼ ਉਨ੍ਹਾਂ ਚੰਗੀਆਂ ਚੀਜ਼ਾਂ ਬਾਰੇ ਦੱਸਦੇ ਹਨ ਜਿਹੜੀਆਂ ਪਰਮੇਸ਼ੁਰ ਦੇ ਹੱਥੀਂ ਸਾਜੀਆਂ ਗਈਆਂ ਹਨ।
2 ਹਰ ਦਿਨ ਉਸ ਬਾਰੇ ਹੋਰ ਵਧੇਰੇ ਕਥਾ ਦੱਸਦਾ ਹੈ। ਅਤੇ ਹਰ ਰਾਤ ਪਰਮੇਸ਼ੁਰ ਦੀ ਹੋਰ ਵਧੇਰੇ ਸ਼ਕਤੀ ਪਰਗਟ ਕਰਦੀ ਹੈ।
3 ਤੂੰ ਸੱਚਮੁੱਚ ਕੋਈ ਭਾਸ਼ਣ ਜਾਂ ਸ਼ਬਦ ਨਹੀਂ ਸੁਣ ਸਕਦੇ। ਉਹ ਅਜਿਹੀ ਅਵਾਜ਼ ਨਹੀਂ ਕਰਦੇ ਜਿਸ ਨੂੰ ਅਸੀਂ ਸੁਣ ਸਕੀਏ।
4 ਪਰ ਉਨ੍ਹਾਂ ਦੀ "ਅਵਾਜ਼" ਪੂਰੇ ਸੰਸਾਰ ਵਿੱਚ ਫ਼ੈਲਦੀ ਹੈ। ਉਨ੍ਹਾਂ ਦੇ "ਸ਼ਬਦ" ਧਰਤੀ ਦੇ ਅੰਤ ਤੀਕਰ ਜਾਂਦੇ ਹਨ। ਆਕਾਸ਼ ਸੂਰਜ ਲਈ ਇੱਕ ਘਰ ਵਾਂਗ ਹੈ।
5 ਸੂਰਜ ਇਉਂ ਬਾਹਰ ਨਿੱਕਲਦਾ ਹੈ ਜਿਵੇਂ ਲਾੜਾ ਆਪਣੇ ਸੌਣ ਦੇ ਕਮਰੇ ਵਿੱਚੋਂ ਬਾਹਰ ਆਉਂਦਾ ਹੈ। ਸੂਰਜ ਅਕਾਸ਼ ਵਿੱਚ ਆਪਣਾ ਰਾਹ ਇੰਝ ਸ਼ੁਰੂ ਕਰਦਾ ਹੈ ਜਿਵੇਂ ਇੱਕ ਖਿਡਾਰੀ ਆਪਣੀ ਦੌੜ ਦੌੜਣ ਲਈ ਉਤਸੁਕ ਹੁੰਦਾ ਹੈ।
6 ਸੂਰਜ ਅਕਾਸ਼ ਦੇ ਇੱਕ ਸਿਰੇ ਤੋਂ ਸ਼ੁਰੂ ਕਰਦਾ ਹੈ, ਅਤੇ ਇੱਕ ਸਾਰ ਦੂਸਰੇ ਸਿਰੇ ਤੀਕ ਦੌੜਦਾ ਹੈ। ਕੋਈ ਵੀ ਇਸ ਦੀ ਤਪਸ਼ ਤੋਂ ਆਪਣੇ-ਆਪ ਨੂੰ ਨਹੀਂ ਬਚਾ ਸਕਦਾ। ਯਹੋਵਾਹ ਦੇ ਉਪਦੇਸ਼ ਇਸ ਤਰ੍ਹਾਂ ਦੇ ਹਨ। ਇਹ ਮੂਰਖ ਲੋਕਾਂ ਨੂੰ ਸਿਆਣਾ ਬਣਾਉਂਦੇ ਹਨ।
7 ਯਹੋਵਾਹ ਦੇ ਉਪਦੇਸ਼ ਸੰਪੂਰਣਤਾ ਸ਼ੁੱਧ ਹਨ। ਇਹ ਪਰਮੇਸ਼ੁਰ ਦੇ ਲੋਕਾਂ ਨੂੰ ਨਵੀਂ ਤਾਕਤ ਬਖਸ਼ਦੇ ਹਨ। ਯਹੋਵਾਹ ਦਾ ਕਰਾਰ ਭਰੋਸੇਯੋਗ ਹੈ। ਅਤੇ ਇਹ ਆਮ ਲੋਕਾਂ ਨੂੰ ਸਿਆਣੇ ਬਣਾਉਂਦਾ ਹੈ।
8 ਯਹੋਵਾਹ ਦੇ ਨਿਯਮ ਸਹੀ ਹਨ। ਉਹ ਲੋਕਾਂ ਨੂੰ ਖੁਸ਼ੀ ਪ੍ਰਦਾਨ ਕਰਦੇ ਹਨ। ਯਹੋਵਾਹ ਦੇ ਹੁਕਮ ਚੰਗੇ ਹਨ। ਉਹ ਲੋਕਾਂ ਨੂੰ ਜਿਉਣ ਦਾ ਸਹੀ ਰਸਤਾ ਵਿਖਾਉਂਦੇ ਹਨ।
9 ਯਹੋਵਾਹ ਦੀ ਉਪਾਸਨਾ ਕਰਨੀ ਰੌਸ਼ਨੀ ਵਾਂਗ ਹੈ ਜਿਹੜੀ ਸਦਾ ਲਈ ਲਿਸ਼ਕਦੀ ਹੈ। ਯਹੋਵਾਹ ਦੇ ਨਿਆਂ ਚੰਗੇ ਤੇ ਨਿਰਪੱਖ ਹਨ। ਉਹ ਸੰਪੂਰਣਤਾ ਸਹੀ ਹਨ।
10 ਯਹੋਵਾਹ ਦੇ ਉਪਦੇਸ਼ ਹਾਲੇ ਵੀ ਸਭ ਤੋਂ ਚੰਗੇ ਸੋਨੇ ਨਾਲੋਂ ਮਹਿੰਗੇ ਹਨ ਅਤੇ ਉਹ ਸਭ ਨਾਲੋਂ ਵਧੀਆ ਸ਼ਹਿਦ ਤੋਂ ਵੀ ਮਿੱਠੇ ਹਨ ਜਿਹੜਾ ਸਿੱਧਾ ਸ਼ਹਿਦ ਦੀਆਂ ਮੱਖੀਆਂ ਦੇ ਛੱਤੇ ਵਿੱਚੋਂ ਪ੍ਰਾਪਤ ਕੀਤਾ ਗਿਆ ਹੈ।
11 ਯਹੋਵਾਹ ਦੇ ਉਪਦੇਸ਼ ਉਸ ਦੇ ਸੇਵਕ ਨੂੰ ਚੇਤਾਵਨੀ ਦਿੰਦੇ ਹਨ, ਅਤੇ ਉਨ੍ਹਾਂ ਨੂੰ ਮੰਨਣ ਤੇ ਚੰਗੀਆਂ ਚੀਜ਼ਾਂ ਪ੍ਰਾਪਤ ਹੁੰਦੀਆਂ ਹਨ।
12 ਯਹੋਵਾਹ, ਕੋਈ ਵੀ ਆਦਮੀ ਆਪਣੀਆਂ ਸਾਰੀਆਂ ਗਲਤੀਆਂ ਨੂੰ ਨਹੀਂ ਵੇਖ ਸਕਦਾ। ਇਸ ਲਈ ਮੈਨੂੰ ਗੁਪਤ ਪਾਪ ਨਾ ਕਰਨ ਦੇ।
13 ਮੇਰੇ ਕੋਲੋਂ ਉਹ ਪਾਪ ਨਾ ਕਰਾ ਜਿਨ੍ਹਾਂ ਨੂੰ ਮੇਰਾ ਮਨ ਕਰਨਾ ਲੋਚਦਾ। ਉਨ੍ਹਾਂ ਪਾਪਾਂ ਨੂੰ ਮੇਰੇ ਉੱਤੇ ਹਾਵੀ ਨਾ ਹੋਣ ਦੇ। ਜੇ ਤੂੰ ਮੇਰੇ ਸਹਾਈ ਹੋਵੇਂ ਫ਼ੇਰ ਮੈਂ ਪਵਿੱਤਰ ਅਤੇ ਆਪਣੇ ਪਾਪਾਂ ਤੋਂ ਮੁਕਤ ਹੋ ਸਕਦਾ ਹਾਂ।
14 ਮੇਰੇ ਸ਼ਬਦਾਂ ਤੇ ਸੋਚਾਂ ਨੂੰ ਤੈਨੂੰ ਪ੍ਰਸੰਨ ਕਰਨ ਦੇ। ਯਹੋਵਾਹ, ਤੂੰ ਮੇਰੀ ਓਟ ਹੋ ਇਹ ਤੂੰ ਹੀ ਹੈ ਜਿਸ ਨੇ ਮੈਨੂੰ ਬਚਾਇਆ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**20** 1ਯਹੋਵਾਹ ਤੇਰੀ ਬੇਨਤੀ ਸੁਣੇ ਅਤੇ ਜਵਾਬ ਦੇਵੇ, ਜਦੋਂ ਵੀ ਤੂੰ ਗੰਭੀਰ ਮੁਸੀਬਤਾਂ ਪਾਰ ਕਰਦੇ ਹੋਏ ਉਸ ਦੀ ਮਦਦ ਲਈ ਪੁਕਾਰ ਕਰੇਂ।
ਯਾਕੂਬ ਦਾ ਪਰਮੇਸ਼ੁਰ ਤੇਰੀ ਰੱਖਿਆ ਕਰੇ।
2 ਕਾਸ਼ ਪਰਮੇਸ਼ੁਰ ਤੈਨੂੰ ਆਪਣੇ ਪਵਿੱਤਰ ਸਥਾਨ ਵਿੱਚੋਂ ਮਦਦ ਭੇਜੇ। ਉਹ ਸੀਯੋਨ ਤੋਂ ਤੇਰੀ ਸਹਾਇਤਾ ਕਰੇ।
3 ਯਹੋਵਾਹ ਉਨ੍ਹਾਂ ਸਾਰੀਆਂ ਸੁਗਾਤਾਂ ਨੂੰ ਚੇਤੇ ਰੱਖੇ ਜਿਹੜੀਆਂ ਤੂੰ ਭੇਟ ਕਰਦਾ ਹੈਂ ਅਤੇ ਤੇਰੀਆਂ ਸਾਰੀਆਂ ਬਲੀਆਂ ਪ੍ਰਵਾਨ ਕਰੇ।
4 ਪਰਮੇਸ਼ੁਰ ਤੈਨੂੰ ਉਹ ਸਭ ਕੁਝ ਦੇਵੇ ਜਿਸ ਦੀ ਸੱਚਮੁੱਚ ਤੂੰ ਇੱਛਾ ਕਰਦਾ ਹੈਂ। ਉਹ ਤੇਰੀਆਂ ਸਾਰੀਆਂ ਯੋਜਨਾਵਾਂ ਸਫ਼ਲ ਬਣਾਵੇ।
5 ਸਾਨੂੰ ਖੁਸ਼ੀ ਹੋਵੇਗੀ ਜਦੋਂ ਪਰਮੇਸ਼ੁਰ ਤੇਰਾ ਸਹਾਈ ਹੋਵੇਗਾ। ਆਉ ਪਰਮੇਸ਼ੁਰ ਦੇ ਨਾਮ ਦੀ ਉਸਤਤ ਕਰੀਏ। ਜੋ ਕੁਝ ਵੀ ਤੂੰ ਉਸ ਤੋਂ ਮੰਗੇਂ ਪਰਮੇਸ਼ੁਰ ਤੈਨੂੰ ਦੇਵੇ।
6 ਹੁਣ ਮੈਂ ਜਾਣਦਾ ਹਾਂ ਕਿ ਯਹੋਵਾਹ ਆਪਣੇ ਚੁਣੇ ਹੋਏ

ਰਾਜੇ ਦੀ ਮਦਦ ਕਰਦਾ ਹੈ। ਪਰਮੇਸ਼ੁਰ ਆਪਣੇ ਪਵਿੱਤਰ
ਸਵਰਗ ਵਿੱਚ ਸੀ, ਅਤੇ ਉਸ ਨੇ ਆਪਣੇ ਚੁਣੇ ਹੋਏ ਰਾਜੇ
ਦੀ ਪੁਕਾਰ ਸੁਣੀ। ਪਰਮੇਸ਼ੁਰ ਨੇ ਰਾਜੇ ਨੂੰ ਬਚਾਉਣ ਲਈ
ਆਪਣੀ ਮਹਾਂਸ਼ਕਤੀ ਵਰਤੀ।
7 ਕੁਝ ਲੋਕੀਂ ਆਪਣੇ ਰਥਾਂ ਉੱਤੇ ਭਰੋਸਾ ਰੱਖਦੇ ਹਨ। ਦੂਜੇ
ਲੋਕ ਆਪਣੇ ਫ਼ੌਜੀਆਂ ਉੱਤੇ ਭਰੋਸਾ ਕਰਦੇ ਹਨ। ਪਰ
ਅਸੀਂ ਆਪਣੇ ਯਹੋਵਾਹ ਪਰਮੇਸ਼ੁਰ ਨੂੰ ਯਾਦ ਰੱਖਦੇ ਹਾਂ।
8 ਉਹ ਦੂਸਰੇ ਲੋਕ ਹਾਰ ਗਏ ਸਨ – ਉਹ ਯੁੱਧ ਅੰਦਰ ਮਰ
ਗਏ। ਪਰ ਅਸੀਂ ਜਿੱਤ ਪ੍ਰਾਪਤ ਕੀਤੀ ਸੀ। ਅਸੀਂ ਜੇਤੂ
ਹਾਂ।
9 ਯਹੋਵਾਹ ਨੇ ਆਪਣੇ ਚੁਣੇ ਰਾਜੇ ਨੂੰ ਬਚਾਇਆ। ਪਰਮੇਸ਼ੁਰ
ਦੇ ਚੁਣੇ ਰਾਜੇ ਨੇ ਸਹਾਇਤਾ ਲਈ ਪੁਕਾਰਿਆ ਸੀ, ਅਤੇ
ਪਰਮੇਸ਼ੁਰ ਨੇ ਪੁਕਾਰ ਸੁਣੀ ਸੀ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**21** 1ਹੇ ਯਹੋਵਾਹ, ਤੇਰੀ ਸ਼ਕਤੀ ਰਾਜੇ ਨੂੰ ਪ੍ਰਸੰਨ ਕਰਦੀ
ਹੈ। ਜਦੋਂ ਤੂੰ ਉਸ ਨੂੰ ਬਚਾਉਂਦਾ ਉਹ ਇੰਨਾ ਖੁਸ਼ ਹੈ।
2 ਤੂੰ ਰਾਜੇ ਨੂੰ ਮਨ ਇੱਛਿਤ ਵਸਤਾਂ ਦਿੱਤੀਆਂ, ਅਤੇ ਜੋ ਵੀ
ਉਸ ਨੇ ਮੰਗਿਆਂ ਤੂੰ ਉਸ ਨੂੰ ਦਿੱਤਾ।
3 ਯਹੋਵਾਹ ਸੱਚਮੁੱਚ ਤੂੰ ਰਾਜੇ ਨੂੰ ਅਸੀਸ ਦਿੱਤੀ। ਤੂੰ ਉਸ ਦੇ
ਸੀਸ ਉੱਤੇ ਸੁਨਿਹਰੀ ਤਾਜ ਰੱਖਿਆ।
4 ਹੇ ਪਰਮੇਸ਼ੁਰ, ਰਾਜੇ ਨੇ ਤੈਥੋਂ ਜੀਵਨ ਮੰਗਿਆ ਸੀ, ਅਤੇ
ਤੂੰ ਇਹ ਉਸ ਨੂੰ ਪ੍ਰਦਾਨ ਕੀਤਾ। ਤੂੰ ਉਸ ਨੂੰ ਲੰਮਾ ਜੀਵਨ
ਦਿੱਤਾ ਜਿਹੜਾ ਸਦਾ-ਸਦਾ ਲਈ ਕਾਇਮ ਰਹਿੰਦਾ ਹੈ।
5 ਤੂੰ ਰਾਜੇ ਨੂੰ ਜਿੱਤ ਪ੍ਰਦਾਨ ਕੀਤੀ ਅਤੇ ਉਸ ਨੂੰ ਵੱਡੀ ਮਹਿਮਾ
ਦਿੱਤੀ। ਤੂੰ ਉਸ ਨੂੰ ਇੱਜ਼ਤ ਅਤੇ ਉਸਤਤ ਦਿੱਤੀ।
6 ਹੇ ਪਰਮੇਸ਼ੁਰ, ਸੱਚਮੁੱਚ ਤੂੰ ਰਾਜੇ ਨੂੰ ਸਦੀਵੀ ਅਸੀਸ
ਦਿੱਤੀ। ਜਦ ਵੀ ਰਾਜਾ ਤੇਰਾ ਮੁੱਖ ਤੱਕਦਾ ਹੈ, ਉਸ ਨੂੰ
ਇਸ ਤੋਂ ਅਪਾਰ ਖੁਸ਼ੀ ਹੁੰਦੀ ਹੈ।
7 ਰਾਜਾ ਯਹੋਵਾਹ ਉੱਤੇ ਭਰੋਸਾ ਰੱਖਦਾ ਹੈ। ਸੱਭ ਤੋਂ ਉੱਚਾ
ਰਾਜਾ ਉਸ ਨੂੰ ਨਿਰਾਸ਼ ਨਹੀਂ ਕਰੇਗਾ।
8 ਹੇ ਪਰਮੇਸ਼ੁਰ, ਤੂੰ ਆਪਣੇ ਸਾਰੇ ਦੁਸ਼ਮਣਾਂ ਨੂੰ ਵਿਖਾ ਦਿਉਂਗੇ
ਕਿ ਤੂੰ ਸ਼ਕਤੀਮਾਨ ਹੈਂ। ਤੇਰੀ ਸ਼ਕਤੀ ਉਨ੍ਹਾਂ ਨੂੰ ਹਰਾਏਗੀ
ਜਿਹੜੇ ਤੈਨੂੰ ਨਫ਼ਰਤ ਕਰਦੇ ਹਨ।
9 ਹੇ ਪਰਮੇਸ਼ੁਰ, ਜਦੋਂ ਤੂੰ ਰਾਜੇ ਦੇ ਨਾਲ ਹੈਂ ਉਹ ਬਲਦੇ ਗਰਮ
ਤੰਦੂਰ ਵਰਗਾ ਹੈ, ਜਿਹੜਾ ਉਸ ਸਾਰੀ ਸਮਗਰੀ ਨੂੰ ਸਾੜ
ਦਿੰਦਾ ਹੈ, ਜਿਹੜੀ ਉਸ ਦੇ ਅੰਦਰ ਹੁੰਦੀ ਹੈ। ਉਸ ਦਾ ਗੁੱਸਾ
ਮੱਚਦੀ ਅੱਗ ਵਰਗਾ ਹੈ ਜਿਹੜਾ ਮੁਕੰਮਲ ਤੌਰ ਤੇ ਉਸ ਦੇ
ਵੈਰੀਆਂ ਦੀ ਤਬਾਹੀ ਦਾ ਕਾਰਣ ਬਣਦਾ ਹੈ।
10 ਉਸ ਦੇ ਦੁਸ਼ਮਣਾਂ ਦੇ ਪਰਿਵਾਰ ਵੀ ਤਬਾਹ ਹੋ ਜਾਣਗੇ, ਉਹ
ਧਰਤੀ ਉੱਤੋਂ ਮਿਟ ਜਾਣਗੇ।
11 ਕਿਉਂਕਿ ਯਹੋਵਾਹ, ਉਨ੍ਹਾਂ ਲੋਕਾਂ ਨੇ ਤੇਰੇ ਖਿਲਾਫ਼ ਦੁਸ਼ਟ
ਗੱਲਾਂ ਵਿਉਂਤੀਆਂ ਹਨ। ਉਨ੍ਹਾਂ ਨੇ ਦੁਸ਼ਟ ਗੱਲਾਂ ਕਰਨ
ਦੀਆਂ ਵਿਉਂਤਾਂ ਬਣਾਈਆਂ ਪਰ ਉਹ ਸਫ਼ਲਤਾ ਪ੍ਰਾਪਤ
ਨਾ ਕਰ ਸਕੇ।
12 ਯਹੋਵਾਹ, ਤੂੰ ਉਨ੍ਹਾਂ ਲੋਕਾਂ ਨੂੰ ਆਪਣੇ ਗੁਲਾਮ ਬਣਾਇਆ।
ਤੂੰ ਉਨ੍ਹਾਂ ਨੂੰ ਇੱਕ ਜੁੱਟ ਰੱਸੇ ਵਿੱਚ ਬੰਨ੍ਹ ਦਿੱਤਾ ਤੂੰ ਉਨ੍ਹਾਂ ਦੇ
ਗਲਾਂ ਵਿੱਚ ਰੱਸੇ ਪਾਏ। ਤੂੰ ਗੁਲਾਮਾਂ ਵਾਂਗ ਉਨ੍ਹਾਂ ਦਾ ਸਿਰ
ਝੁਕਾਇਆ।
13 ਯਹੋਵਾਹ, ਤੇਰੀ ਸ਼ਕਤੀ ਦੇ ਗੀਤਾਂ ਨੂੰ ਤੇਰੀ ਉਸਤਤ ਕਰਨ
ਦਿਓ। ਅਸੀਂ ਤੇਰੀ ਮਹਾਨਤਾ ਦੇ ਗੀਤ ਗਾਵਾਂਗੇ।

*ਨਿਰਦੇਸ਼ਕ ਲਈ: "ਸਵੇਰ ਦਾ ਹਿਰਨ"*
*ਦੀ ਧੁਨੀ। ਦਾਊਦ ਦਾ ਇੱਕ ਗੀਤ।*

**22** 1ਹੇ ਮੇਰੇ ਪਰਮੇਸ਼ੁਰ, ਹੇ ਮੇਰੇ ਪਰਮੇਸ਼ੁਰ। ਤੂੰ ਮੈਨੂੰ
ਕਿਉਂ ਛੱਡ ਦਿੱਤਾ? ਤੂੰ ਮੈਨੂੰ ਬਚਾਉਣ ਤੋਂ ਬਹੁਤ
ਦੂਰ ਹੈਂ। ਤੂੰ ਮਦਦ ਲਈ ਮੇਰੀ ਪੁਕਾਰ ਸੁਣਨ ਲਈ ਬਹੁਤ
ਦੂਰ ਹੈਂ।
2 ਮੇਰੇ ਪਰਮੇਸ਼ੁਰ, ਮੈਂ ਦਿਨ ਵੇਲੇ ਤੈਨੂੰ ਅਵਾਜ਼ ਦਿੱਤੀ। ਪਰ
ਤੂੰ ਹੁੰਗਾਰਾ ਨਹੀਂ ਭਰਿਆ। ਅਤੇ ਮੈਂ ਤੈਨੂੰ ਰਾਤ ਵੇਲੇ ਵੀ
ਪੁਕਾਰਦਾ ਰਿਹਾ।
3 ਹੇ ਪਰਮੇਸ਼ੁਰ, ਤੂੰ ਹੀ ਪਵਿੱਤਰ ਹੋ ਅਤੇ ਤੂੰ ਰਾਜੇ ਵਾਂਗ
ਬਿਰਾਜਮਾਨ ਹੋ। ਇਸਰਾਏਲ ਦੀਆਂ ਉਸਤਤਾਂ ਤੁਹਾਡਾ
ਤਖਤ ਹਨ।
4 ਸਾਡੇ ਪੁਰਵਜਾਂ ਨੇ ਤੇਰੇ ਤੇ ਯਕੀਨ ਰੱਖਿਆ। ਹਾਂ ਉਨ੍ਹਾਂ ਨੇ
ਤੇਰੇ ਉੱਤੇ ਭਰੋਸਾ ਰੱਖਿਆ, ਪਰਮੇਸ਼ੁਰ, ਅਤੇ ਤੂੰ ਉਨ੍ਹਾਂ ਨੂੰ
ਬਚਾਇਆ।
5 ਹੇ ਪਰਮੇਸ਼ੁਰ, ਸਾਡੇ ਪੁਰਵਜਾਂ ਨੇ ਤੈਨੂੰ ਪੁਕਾਰਿਆ ਅਤੇ
ਉਹ ਆਪਣਿਆਂ ਦੁਸ਼ਮਣਾਂ ਤੋਂ ਬਚ ਗਏ ਸਨ। ਉਨ੍ਹਾਂ ਨੇ
ਤੇਰੇ ਉੱਤੇ ਯਕੀਨ ਕੀਤਾ, ਅਤੇ ਉਹ ਨਿਰਾਸ਼ ਨਾ ਹੋਏ।
6 ਇਸ ਲਈ, ਕਿ ਮੈਂ ਨਿਰਾ ਕੀੜਾ ਹੀ ਹਾਂ ਅਤੇ ਇੱਕ ਬੰਦਾ
ਨਹੀਂ? ਲੋਕੀਂ ਮੇਰੇ ਉੱਤੇ ਸ਼ਰਮਸਾਰ ਹਨ। ਲੋਕੀਂ ਮੈਨੂੰ
ਨਫ਼ਰਤ ਕਰਦੇ ਹਨ।
7 ਹਰ ਕੋਈ, ਜੋ ਮੇਰੇ ਵੱਲ ਵੇਖਦਾ ਹੈ ਮੇਰਾ ਮਜ਼ਾਕ
ਉਡਾਉਂਦਾ। ਉਹ ਆਪਣੇ ਸਿਰ ਫ਼ੇਰਨ ਅਤੇ ਮੈਨੂੰ ਦੰਦੀਆਂ
ਚਿੜ੍ਹਾਵਨ।
8 ਉਹ ਮੈਨੂੰ ਆਖਦੇ ਹਨ: "ਯਹੋਵਾਹ ਨੂੰ ਮਦਦ ਲਈ ਬੁਲਾ,
ਸ਼ਾਇਦ ਉਹ ਤੈਨੂੰ ਬਚਾ ਸਕੇ। ਜੇ ਉਹ ਤੈਨੂੰ ਇੰਨਾ ਚਾਹੁੰਦਾ,
ਤਾਂ ਅਵੱਸ਼ ਹੀ ਤੇਰਾ ਨਿਸਤਾਰਾ ਕਰੇਗਾ।"
9 ਹੇ ਪਰਮੇਸ਼ੁਰ, ਸੱਚ ਤਾਂ ਇਹ ਹੈ ਕਿ ਤੂੰ ਹੀ ਹੈਂ ਜਿਸ ਉੱਪਰ ਮੈਂ
ਨਿਰਭਰ ਹਾਂ। ਤੂੰ ਹੀ ਉਸ ਦਿਨ ਤੋਂ ਮੇਰਾ ਧਿਆਨ ਰੱਖਿਆ
ਹੈ ਜਦੋਂ ਮੈਂ ਜਨਮਿਆ ਸਾਂ। ਤੂੰ ਹੀ ਮੈਨੂੰ ਉਦੋਂ ਹੌਸਲਾ ਤੇ
ਸਕੂਨ ਦਿੱਤਾ, ਜਦੋਂ ਮੈਂ ਹਾਲੇ ਦੁੱਧ ਚੁੰਘਦਾ ਬੱਚਾ ਸਾਂ।
10 ਤੂੰ ਹੀ ਉਸ ਦਿਨ ਤੋਂ ਹੀ ਮੇਰਾ ਪਰਮੇਸ਼ੁਰ ਹੈਂ ਜਿਸ ਦਿਨ
ਤੋਂ ਮੈਂ ਜੰਮਿਆ ਹਾਂ। ਮੈਨੂੰ ਤੇਰੀ ਨਿਗਰਾਨੀ ਵਿੱਚ ਸੌਂਪ
ਦਿੱਤਾ ਗਿਆ ਸੀ ਜਦੋਂ ਮੈਂ ਮਾਤਾ ਦੇ ਗਰਭ ਵਿੱਚੋਂ ਬਾਹਰ
ਆਇਆ ਸੀ।
11 ਇਸ ਲਈ ਹੇ ਪਰਮੇਸ਼ੁਰ, ਮੈਨੂੰ ਛੱਡ ਕੇ ਨਾ ਜਾਵੀਂ। ਸੰਕਟ
ਨੇੜੇ ਹੈ। ਅਤੇ ਇੱਥੇ ਕੋਈ ਮੇਰੀ ਮਦਦ ਕਰਨ ਵਾਲਾ ਨਹੀਂ
ਹੈ।
12 ਲੋਕੀਂ ਮੈਨੂੰ ਘੇਰਾ ਪਾ ਰਹੇ ਹਨ, ਉਹ ਤਕੜੇ ਸਾਨਾਂ ਵਾਂਗ
ਮੈਨੂੰ ਘੇਰੇ ਹੋਏ ਹਨ।
13 ਉਨ੍ਹਾਂ ਦੇ ਮੂੰਹ ਖੁਲ੍ਹੇ ਹੋਏ ਹਨ ਜਿਵੇਂ ਕੋਈ ਬੱਬਰ ਦਹਾੜੇ
ਅਤੇ ਕਿਸੇ ਜਾਨਵਰ ਤਾਈਂ ਪਾੜੇ।

14 ਮੇਰੀ ਤਾਕਤ ਮੁੱਕ ਗਈ ਹੈ, ਜਿਵੇਂ ਧਰਤੀ ਤੇ ਪਾਣੀ ਡੁੱਲ੍ਹ
ਜਾਂਦਾ ਹੈ। ਮੇਰੀਆਂ ਸਾਰੀਆਂ ਹੱਡੀਆਂ ਅਲੱਗ-ਅਲੱਗ
ਕਰ ਦਿੱਤੀਆਂ ਗਈਆਂ ਹਨ ਅਤੇ ਮੇਰਾ ਹੌਸਲਾ ਚਲਿਆ
ਗਿਆ ਹੈ।[a]
15 ਮੇਰਾ ਮੂੰਹ[b] ਵੀ ਟੁੱਟੇ ਹੋਏ ਠੀਕਰੇ ਵਾਂਗ ਸੁੱਕ ਗਿਆ ਹੈ।
ਮੇਰੀ ਜੀਭ ਤਾਲੂ ਨਾਲ ਲੱਗ ਗਈ ਹੈ। ਤੂੰ ਮੈਨੂੰ "ਮੌਤ ਦੀ
ਮਿੱਟੀ" ਵਿੱਚ ਰੱਖਿਆ ਹੈ।
16 ਦੁਸ਼ਟ ਲੋਕਾਂ ਦੇ ਸਮੂਹ ਨੇ ਮੈਨੂੰ ਕੁੱਤਿਆਂ ਵਾਂਗ ਘੇਰ ਲਿਆ
ਹੈ। ਉਨ੍ਹਾਂ ਨੇ ਸ਼ੇਰਾਂ ਵਾਂਗ ਮੇਰੇ ਹੱਥ ਅਤੇ ਪੈਰ ਵਿੰਨ੍ਹ ਦਿੱਤੇ
ਹਨ।
17 ਮੈਂ ਆਪਣੀਆਂ ਹੱਡੀਆਂ ਨੂੰ ਵੇਖ ਸਕਦਾ ਹਾਂ। ਤੇ ਲੋਕੀਂ ਮੈਨੂੰ
ਬਿਟਰ-ਬਿਟਰ ਤਕਦੇ ਹਨ। ਉਹ ਮੇਰੇ ਵੱਲ ਹੀ ਦੇਖੀ ਜਾਂਦੇ
ਹਨ।
18 ਉਹ ਲੋਕ ਆਪਣੇ ਦਰਮਿਆਨ ਮੇਰੇ ਕੱਪੜੇ ਵੰਡ ਰਹੇ ਹਨ
ਅਤੇ ਉਹ ਮੇਰੇ ਚੋਲੇ ਲਈ ਗੁਣੇ[c] ਪਾ ਰਹੇ ਹਨ।
19 ਯਹੋਵਾਹ, ਮੈਨੂੰ ਛੱਡ ਕੇ ਨਾ ਜਾ। ਤੂੰ ਮੇਰੀ ਸ਼ਕਤੀ ਹੋ। ਛੇਤੀ
ਬਹੁੜ ਮੇਰੀ ਮਦਦ ਕਰ।
20 ਯਹੋਵਾਹ, ਮੇਰੀ ਜਿੰਦ ਨੂੰ ਤਲਵਾਰ ਕੋਲੋਂ ਬਚਾ ਲਵੋ। ਮੇਰੀ
ਕੀਮਤੀ ਜਿੰਦ ਉਨ੍ਹਾਂ ਕੁਤਿਆਂ ਕੋਲੋਂ ਬਚਾ ਲਵੋ।
21 ਮੈਨੂੰ ਬੱਬਰ ਸ਼ੇਰਾਂ ਦੇ ਜਬਾੜਿਆਂ ਵਿੱਚੋਂ ਕੱਢ ਲਵੋ, ਮੈਨੂੰ
ਸਾਨ੍ਹ ਦੇ ਸਿੰਗਾ ਤੋਂ ਬਚਾਉ।
22 ਯਹੋਵਾਹ, ਮੈਂ ਆਪਣੇ ਭਰਾਵਾਂ ਨੂੰ ਤੇਰੇ ਬਾਰੇ ਦੱਸਾਂਗਾ। ਮੈਂ
ਵੱਡੀ ਸੰਗਤ ਵਿੱਚ ਤੁਹਾਡੀ ਉਸਤਤ ਕਰਾਂਗਾ।
23 ਯਹੋਵਾਹ, ਦੀ ਉਸਤਤ ਕਰੋ, ਸਮੂਹ ਲੋਕੋ ਤੁਸੀਂ ਜਿਹੜੇ
ਉਸ ਦੀ ਉਪਾਸਨਾ ਕਰਦੇ ਹੋ। ਤੁਸੀਂ ਇਸਰਾਏਲ ਦੀਉ
ਔਲਾਦੋ, ਯਹੋਵਾਹ ਦੀ ਇੱਜ਼ਤ ਕਰੋ। ਤੁਸੀਂ ਯਹੋਵਾਹ
ਤੋਂ ਡਰੋ ਇਸਰਾਏਲ ਦੇ ਸਮੂਹ ਲੋਕੋ ਤੁਸੀਂ ਯਹੋਵਾਹ ਦੀ
ਇੱਜ਼ਤ ਕਰੋ।
24 ਕਿਉਂਕਿ ਯਹੋਵਾਹ ਉਨ੍ਹਾਂ ਗਰੀਬਾਂ ਦੀ ਮਦਦ ਕਰਦਾ ਹੈ
ਜਿਹੜੇ ਸੰਕਟ ਵਿੱਚ ਹਨ। ਯਹੋਵਾਹ ਉਨ੍ਹਾਂ ਤੋਂ ਸ਼ਰਮਸਾਰ
ਨਹੀਂ ਹੈ, ਤੇ ਨਾ ਹੀ ਉਹ ਉਨ੍ਹਾਂ ਨੂੰ ਨਫ਼ਰਤ ਕਰਦਾ ਹੈ। ਜੇ
ਲੋਕੀ ਯਹੋਵਾਹ ਵਲੋ ਮਦਦ ਲਈ ਪੁਕਾਰ ਕਰਨਗੇ ਉਹ
ਆਪਣੇ-ਆਪ ਨੂੰ ਲੋਕਾਂ ਤੋਂ ਨਹੀਂ ਲੁਕਾਵੇਗਾ।
25 ਯਹੋਵਾਹ, ਵੱਡੀ ਸਭਾ ਵਿੱਚ ਮੇਰੀ ਉਸਤਤ ਤੇਰੇ ਵੱਲੋਂ
ਆਉਂਦੀ ਹੈ। ਪਰਮੇਸ਼ੁਰ ਦੇ ਇਨ੍ਹਾਂ ਸਭ ਉਪਾਸਕਾਂ ਦੇ
ਸਾਹਮਣੇ, ਮੈਂ ਬਲੀਆਂ ਭੇਟ ਕਰਾਂਗਾ ਜਿਹੜੀਆਂ ਮੈਂ ਦੇਣ
ਦਾ ਵਾਇਦਾ ਕੀਤਾ ਸੀ।
26 ਗਰੀਬ ਲੋਕੋ, ਆਉ ਭੋਜਨ ਕਰੋ ਤੇ ਸੰਤੁਸ਼ਟ ਹੋ ਜਾਵੋ।
ਤੁਸੀਂ ਸਾਰੇ, ਜਿਹੜੇ ਯਹੋਵਾਹ ਨੂੰ ਲੱਭਦੇ ਆਏ ਹੋ
ਉਸ ਦੀ ਉਸਤਤ ਕਰੋ। ਤੇਰੇ ਦਿਲ ਸਦਾ ਲਈ ਪ੍ਰਸੰਨ
ਰਹਿਣ।
27 ਦੂਰ ਦੁਰਾਡੇ ਦੇ ਸਭ ਦੇਸ਼ਾਂ ਦੇ ਲੋਕ, ਯਹੋਵਾਹ ਨੂੰ ਚੇਤੇ
ਕਰਨ, ਤੇ ਵਾਪਸ ਉਸ ਕੋਲ ਆ ਜਾਣ। ਅਤੇ ਵਿਦੇਸ਼ਾਂ ਦੇ
ਸਾਰੇ ਪਰਿਵਾਰਿਕ ਸਮੂਹ ਉਸ ਦੀ ਉਪਾਸਨਾ ਕਰਨ।
28 ਕਿਉਂਕਿ ਯਹੋਵਾਹ ਹੀ ਰਾਜਾ ਹੈ। ਉਹ ਸਮੂਹ ਕੌਮਾਂ ਉੱਤੇ
ਰਾਜ ਕਰਦਾ ਹੈ।
29 ਤਕੜੇ, ਨਿਰੋਗ ਬੰਦਿਆਂ ਨੇ ਭੋਜਨ ਕੀਤਾ ਹੈ ਅਤੇ
ਪਰਮੇਸ਼ੁਰ ਅੱਗੇ ਸ਼ੀਸ਼ ਨਿਵਾਇਆ। ਅਸਲ ਵਿੱਚ,
ਸਮੂਹ ਲੋਕ, ਉਹ ਜਿਹੜੇ ਮਰ ਜਾਣਗੇ ਅਤੇ ਉਹ ਜਿਹੜੇ
ਪਹਿਲਾਂ ਹੀ ਮਰ ਚੁੱਕੇ ਹਨ, ਪਰਮੇਸ਼ੁਰ ਅੱਗੇ ਸ਼ੀਸ਼
ਨਿਵਾਉਣਗੇ।
30 ਅਤੇ ਭਵਿੱਖ ਵਿੱਚ, ਸਾਡੀ ਔਲਾਦ ਯਹੋਵਾਹ ਦੀ ਸੇਵਾ
ਕਰੇਗੀ। ਲੋਕੀਂ ਸਦਾ ਹੀ ਉਸ ਦੀਆਂ ਉਸਤਤਾਂ ਕਰਨਗੇ।
31 ਹਰੇਕ ਪੀੜੀ ਪਰਮੇਸ਼ੁਰ ਦੁਆਰਾ ਕੀਤੀਆਂ ਚੰਗੀਆਂ ਗੱਲਾਂ
ਬਾਰੇ ਆਪਣੇ ਬੱਚਿਆਂ ਨੂੰ ਦੱਸੇਗੀ।

*ਦਾਊਦ ਦਾ ਇੱਕ ਗੀਤ।*

**23** 1ਯਹੋਵਾਹ ਮੇਰਾ ਆਜੜੀ ਹੈ, ਮੈਨੂੰ ਕਦੇ ਵੀ ਕਿਸੇ
ਚੀਜ਼ ਦੀ ਕੋਈ ਘਟੀ ਨਹੀਂ ਆਵੇਗੀ।
2 ਉਹ ਮੈਨੂੰ ਹਰਿਆਂ ਖੇਤਾਂ ਵਿੱਚ ਬੈਠ ਜਾਣ ਦਿੰਦਾ ਹੈ। ਉਹ
ਪਾਣੀ ਦੇ ਸ਼ਾਂਤ ਤਲਾਵਾਂ ਦੇ ਪਾਸੀਂ ਮੇਰੀ ਅਗਵਾਈ ਕਰਦਾ
ਹੈ।
3 ਉਹ ਆਪਣੇ ਨਾਂ ਦੇ ਚੰਗੇ ਲਈ, ਮੇਰੀ ਰੂਹ ਨੂੰ ਤਾਜ਼ੀ ਊਰਜਾ
ਦਿੰਦਾ ਹੈ। ਇਹ ਵਿਖਾਉਣ ਲਈ ਕਿ ਉਹ ਸੱਚਮੁੱਚ ਚੰਗਾ
ਹੈ ਉਹ ਭਲਿਆਈ ਦੇ ਰਾਹਾਂ ਤੇ ਮੇਰੀ ਅਗਵਾਈ ਕਰਦਾ
ਹੈ।
4 ਜੇ ਕਿਤੇ ਮੈਂ ਕਿਸੇ ਵਾਦੀ ਵਿੱਚੋਂ ਦੀ ਲੰਘਦਾ ਹਾਂ ਜੋ ਕਬਰ
ਜਿੰਨੀ ਹਨੇਰੀ ਹੈ ਮੈਂ ਕਿਸੇ ਖਤਰੇ ਤੋਂ ਨਹੀਂ ਡਰਾਂਗਾ।
ਕਿਉਂਕਿ ਹੇ ਯਹੋਵਾਹ, ਤੂੰ ਮੇਰੇ ਨਾਲ ਹੈਂ ਅਤੇ ਤੇਰੀ ਸੋਟੀ ਤੇ
ਲਾਠੀ ਮੈਨੂੰ ਆਰਾਮ ਦਿੰਦੀਆਂ ਹਨ।
5 ਯਹੋਵਾਹ, ਤੂੰ ਮੇਰੇ ਦੁਸ਼ਮਣਾਂ ਦੇ ਸਨਮੁੱਖ ਮੇਰਾ ਮੇਜ
ਸਜਾਇਆ ਹੈ। ਤੂੰ ਮੇਰੇ ਸਿਰ ਉੱਤੇ ਤੇਲ ਪਾਇਆ ਹੈ ਮੇਰਾ
ਭਰਿਆ ਪਿਆਲਾ ਛਲਕ ਰਿਹਾ ਹੈ।
6 ਨੇਕੀ ਤੇ ਮਿਹਰ ਮੇਰੇ ਰਹਿੰਦੇ ਜੀਵਨ ਤੱਕ ਅੰਗ-ਸੰਗ
ਹੋਵੇਗੀ। ਅਤੇ ਮੈਂ ਯਹੋਵਾਹ ਦੇ ਮੰਦਰ ਵਿੱਚ ਲੰਮੇ-ਲੰਮੇ
ਸਮੇਂ ਲਈ ਬੈਠਾਂਗਾ।

*ਦਾਊਦ ਦਾ ਇੱਕ ਗੀਤ।*

**24** 1ਧਰਤੀ ਅਤੇ ਇਸ ਦੀ ਹਰ ਸ਼ੈਅ ਯਹੋਵਾਹ ਦੀ
ਮਲਕੀਅਤ ਹੈ। ਦੁਨੀਆ ਤੇ ਇਸ ਦੇ ਸਾਰੇ ਲੋਕ
ਉਸ ਦੇ ਹਨ।
2 ਯਹੋਵਾਹ ਨੇ ਧਰਤੀ ਨੂੰ ਪਾਣੀ ਉੱਤੇ ਸਾਜਿਆ। ਉਸ ਨੇ
ਇਸ ਨੂੰ ਦਰਿਆਵਾਂ ਉੱਤੇ ਸਾਜਿਆ।
3 ਯਹੋਵਾਹ ਦੇ ਪਰਬਤ ਉੱਤੇ ਕੌਣ ਚੜ੍ਹ ਸਕਦਾ ਹੈ। ਕੌਣ ਖਲੋ
ਸਕਦਾ ਹੈ ਤੇ ਯਹੋਵਾਹ ਦੇ ਪਵਿੱਤਰ ਮੰਦਰ ਵਿੱਚ ਉਪਾਸਨਾ
ਕਰ ਸਕਦਾ ਹੈ?
4 ਕਿਹੜੇ ਲੋਕ ਗਿਰਜਾਘਰ ਤੱਕ ਜਾ ਸਕਦੇ ਹਨ? ਪਵਿੱਤਰ
ਹੱਥਾਂ ਅਤੇ ਜਿਨ੍ਹਾਂ ਦੇ ਦਿਲ ਸ਼ੁੱਧ ਹਨ। ਉਹ ਲੋਕ ਜਿਨ੍ਹਾਂ ਨੇ
ਬੁਰੇ ਕੰਮ ਨਹੀਂ ਕੀਤੇ ਹਨ, ਉਹ ਲੋਕ ਜਿਨ੍ਹਾ ਦੇ ਹਿਰਦੇ ਸ਼ੁੱਧ

[a] ***22:14* ਮੇਰਾ…ਗਿਆ ਹੈ** ਮੂਲ ਅਰਥ, "ਮੇਰੇ ਅੰਦਰ, ਮੇਰਾ ਦਿਲ ਮੋਮ ਵਾਂਗ ਪਿਘਲ ਗਿਆ ਹੈ।"

[b] ***22:15* ਮੂੰਹ** ਜਾਂ "ਤਾਕਤ।"

[c] ***22:18* ਗੁਣੇ** ਡੰਡੇ, ਪਥਰ ਜਾਂ "ਫ਼ੈਸਲਾ ਕਰਨ ਲਈ ਗੁਣੇ ਪਾਏ ਜਾਣ ਲਈ ਇਸਤੇਮਾਲ ਕੀਤੇ ਜਾਣ ਵਾਲੀਆਂ ਹੱਡੀਆਂ।" ਕਹਾਉਤਾਂ 16:13 ਦੇਖੋ।

ਹਨ, ਉਹ ਲੋਕ ਜਿਨ੍ਹਾਂ ਨੇ ਝੂਠੀ ਸੌਂਹ ਖਾਣ ਲਈ ਮੇਰੇ ਨਾਂ
ਦੀ ਵਰਤੋਂ ਨਹੀਂ ਕੀਤੀ ਅਤੇ ਉਹ ਲੋਕ ਜਿਨ੍ਹਾਂ ਨੇ ਧੋਖਾ ਦੇਣ
ਵਾਲੇ ਵਾਇਦੇ ਨਹੀਂ ਕੀਤੇ ਹਨ।
5 ਚੰਗੇ ਬੰਦੇ ਯਹੋਵਾਹ ਤਾਈਂ ਹੋਰਾਂ ਨੂੰ ਅਸੀਸ ਦੇਣ ਲਈ
ਆਖਦੇ ਹਨ। ਉਹ ਲੋਕ ਆਪਣੇ ਪਰਮੇਸ਼ੁਰ, ਆਪਣੇ
ਮੁਕਤੀਦਾਤਾ ਨੂੰ ਸ਼ੁਭ ਕਾਰਜ ਕਰਨ ਲਈ ਆਖਦੇ ਹਨ।
6 ਉਹ ਚੰਗੇ ਲੋਕ ਪਰਮੇਸ਼ੁਰ ਦਾ ਅਨੁਸਰਣ ਕਰਨ ਦੀਆਂ
ਕੋਸ਼ਿਸ਼ਾਂ ਕਰਦੇ ਹਨ, ਉਹ ਲੋਕ ਯਾਕੂਬ ਦੇ ਪਰਮੇਸ਼ੁਰ ਕੋਲ
ਮਦਦ ਲਈ ਜਾਂਦੇ ਹਨ।
7 ਦਰਵਾਜਿਉ ਆਪਣੇ ਸਿਰ ਚੁੱਕੋ। ਪੁਰਾਤਨ ਦਰਵਾਜਿਉ
ਖੁੱਲ੍ਹ ਜਾਵੋ, ਤਾਂ ਜੋ ਮਹਿਮਾਮਈ ਰਾਜਾ ਅੰਦਰ ਆ ਸਕੇ।
8 ਉਹ ਤੇਜਸਵੀ ਰਾਜਾ ਕੌਣ ਹੈ? ਯਹੋਵਾਹ ਸਰਬ ਸ਼ਕਤੀਮਾਨ
ਉਹ ਰਾਜਾ ਹੈ। ਉਹ ਤੇਜਸਵੀ ਰਾਜਾ ਹੈ। ਉਹੀ ਯੁੱਧ ਦਾ
ਨਾਇਕ ਹੈ।
9 ਦਰਵਾਜਿਉ, ਆਪਣੇ ਸਿਰ ਚੁੱਕੋ। ਪੁਰਾਤਨ ਦਰਵਾਜਿਉ
ਖੁੱਲ੍ਹ ਜਾਵੋ, ਮਹਿਮਾਮਈ ਰਾਜਾ ਅੰਦਰ ਆਏਗਾ।
10 ਉਹ ਮਹਾਨ ਰਾਜਾ ਕੌਣ ਹੈ? ਪਰਮੇਸ਼ੁਰ ਹੀ ਉਹ ਅੱਤ
ਮਹਾਨ ਰਾਜਾ ਹੈ। ਉਹ ਮਹਿਮਾਮਈ ਰਾਜਾ ਹੈ।

*ਦਾਊਦ ਦਾ ਇੱਕ ਗੀਤ।*

**25** 1ਯਹੋਵਾਹ, ਮੈਂ ਤੈਨੂੰ ਆਪਣਾ-ਆਪ ਅਰਪਣ
ਕਰਦਾ ਹਾਂ।
2 ਮੇਰੇ ਪਰਮੇਸ਼ੁਰ, ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ, ਮੈਂ ਆਸ
ਰੱਖਦਾ ਹਾਂ ਕਿ ਮੈਂ ਕਦੀ ਵੀ ਨਿਰਾਸ਼ ਨਹੀਂ ਹੋਵਾਂਗਾ। ਮੇਰੇ
ਦੁਸ਼ਮਣ ਮੇਰੇ ਉੱਤੇ ਨਹੀਂ ਹੱਸਣਗੇ।
3 ਉਹ ਜੋ ਤੇਰੇ ਵਿੱਚ ਯਕੀਨ ਰੱਖਦਾ ਹੈ ਕਦੀ ਵੀ ਨਿਰਾਸ਼
ਨਹੀਂ ਹੋਵੇਗਾ। ਪਰ ਗਦਾਰ ਨਾਉਮੀਦ ਹੋਣਗੇ ਉਨ੍ਹਾਂ ਨੂੰ
ਕੁਝ ਨਹੀਂ ਮਿਲੇਗਾ।
4 ਯਹੋਵਾਹ, ਤੇਰੇ ਰਾਹਾਂ ਤੇ ਤੁਰਨਾ ਸਿਖਣ ਵਿੱਚ ਮੇਰੀ ਮਦਦ
ਕਰ। ਮੈਨੂੰ ਆਪਣੇ ਤੌਰ ਤਰੀਕੇ ਸਿਖਾ।
5 ਮੇਰੀ ਅਗਵਾਈ ਕਰ ਅਤੇ ਆਪਣੇ ਸੱਚ ਨੂੰ ਸਿਖਾ। ਤੂੰ
ਮੇਰਾ ਪਰਮੇਸ਼ੁਰ, ਮੁਕਤੀਦਾਤਾ ਹੈਂ। ਮੈਂ ਹਰ ਦਿਨ ਤੇਰੇ ਉੱਤੇ
ਭਰੋਸਾ ਕਰਦਾ ਹਾਂ।
6 ਮੇਰੇ ਉੱਤੇ ਮਿਹਰਬਾਨ ਹੋਣਾ ਚੇਤੇ ਰੱਖ, ਯਹੋਵਾਹ। ਮੇਰੇ
ਲਈ ਆਪਣਾ ਕੋਮਲ ਪਿਆਰ ਵਿਖਾਉ ਜਿਹੜਾ ਸਦਾ ਤੋਂ
ਤੇਰੇ ਕੋਲ ਹੈ।
7 ਮੇਰੇ ਉਨ੍ਹਾਂ ਗੁਨਾਹਾਂ ਤੇ ਬੁਰੀਆਂ ਗੱਲਾਂ ਨੂੰ ਚੇਤੇ ਨਾ ਕਰ ਜੋ
ਮੈਂ ਉਸ ਵੇਲੇ ਕੀਤੀਆਂ ਸਨ ਜਦੋਂ ਮੈਂ ਜਵਾਨ ਸਾਂ। ਆਪਣੇ
ਸ਼ੁਭ ਨਾਮ ਸਦਕਾ, ਯਹੋਵਾਹ ਮੈਨੂੰ ਪਿਆਰ ਨਾਲ ਚੇਤੇ
ਕਰ।
8 ਯਹੋਵਾਹ ਸੱਚਮੁੱਚ ਸ਼ੁਭ ਹੈ। ਉਹ ਪਾਪੀਆਂ ਨੂੰ ਜਿਉਣ ਦਾ
ਸਹੀ ਤਰੀਕਾ ਸਿਖਾਉਂਦਾ ਹੈ।
9 ਉਹ ਖੁਦ ਨਿਰਪੱਖ ਹੋ ਕੇ ਹਲੀਮ ਲੋਕਾਂ ਨੂੰ ਆਪਣਾ ਜੀਵਨ
ਢੰਗ ਸਿਖਾਉਂਦਾ ਹੈ।
10 ਯਹੋਵਾਹ ਉਨ੍ਹਾਂ ਲੋਕਾਂ ਲਈ ਦਯਾਵਾਨ ਅਤੇ ਵਫ਼ਾਦਾਰ ਹੈ
ਜਿਹੜੇ ਉਸ ਦੇ ਵਾਇਦਿਆਂ, ਅਤੇ ਕਰਾਰਾਂ ਦਾ ਅਨੁਸਰਣ
ਕਰਦੇ ਹਨ।
11 ਹੇ ਯਹੋਵਾਹ, ਮੈਂ ਬਹੁਤ ਸਾਰੀਆਂ ਗਲਤ ਗੱਲਾਂ ਕੀਤੀਆਂ
ਹਨ। ਪਰ ਤੂੰ ਆਪਣੀ ਭਲਿਆਈ ਵਿਖਾਉਂਦਿਆਂ ਮੈਨੂੰ
ਉਹ ਸਭ ਕੁਝ ਮਾਫ ਕਰ ਦਿੱਤਾ ਜੋ ਮੈਂ ਕੀਤਾ ਸੀ।
12 ਜੇ ਕੋਈ ਵੀ ਵਿਅਕਤੀ ਯਹੋਵਾਹ ਦੇ ਮਾਰਗ ਉੱਤੇ ਚੱਲਣ
ਦੀ ਚੋਣ ਕਰਦਾ ਹੈ। ਯਹੋਵਾਹ ਉਸ ਆਦਮੀ ਨੂੰ ਜਿਉਣ
ਦਾ ਸਭ ਤੋਂ ਚੰਗਾ ਰਸਤਾ ਦਿਖਾਵੇਗਾ।
13 ਉਹ ਚੰਗੀਆਂ ਚੀਜ਼ਾਂ ਦਾ ਅਨੰਦ ਮਾਣੇਗਾ ਅਤੇ ਉਸ ਦੇ
ਬੱਚੇ ਵੀ ਉਸ ਧਰਤੀ ਦੇ ਮਾਲਕ ਰਹਿਣਗੇ, ਜਿਸ ਦਾ
ਪਰਮੇਸ਼ੁਰ ਨੇ ਇਕਰਾਰ ਕੀਤਾ ਸੀ।
14 ਯਹੋਵਾਹ ਆਪਣੇ ਭੇਤ ਆਪਣੇ ਚੇਲਿਆਂ ਨੂੰ ਦੱਸਦਾ ਹੈ।
ਉਹ ਉਨ੍ਹਾਂ ਨੂੰ ਆਪਣੇ ਕਰਾਰ ਦੀ ਸਿੱਖਿਆ ਦਿੰਦਾ ਹੈ।
15 ਮੈਂ ਸਦਾ ਯਹੋਵਾਹ ਦੀ ਓਟ ਤੱਕਦਾ ਹਾਂ ਉਹ ਮੈਨੂੰ ਮੇਰੀਆਂ
ਮੁਸੀਬਤਾਂ ਤੋਂ ਸਦਾ ਮੁਕਤ ਕਰਦਾ ਹੈ।
16 ਯਹੋਵਾਹ, ਮੈਂ ਦੁਖੀ ਤੇ ਇਕੱਲਾ ਹਾਂ। ਆਪਣਾ ਮੁੱਖ ਮੇਰੀ
ਵੱਲ ਫ਼ੇਰ ਅਤੇ ਮੈਨੂੰ ਆਪਣੀ ਮਿਹਰ ਵਿਖਾ।
17 ਮੈਨੂੰ ਮੇਰੀਆਂ ਮੁਸੀਬਤਾਂ ਤੋਂ ਮੁਕਤ ਕਰ। ਮੈਨੂੰ ਮੇਰੇ
ਮਾਮਲਿਆਂ ਨੂੰ ਸੁਲਝਾਉਣ ਵਿੱਚ ਮੇਰੀ ਮਦਦ ਕਰ।
18 ਹੇ ਯਹੋਵਾਹ, ਇੱਕ ਵਾਰ ਮੇਰੀ ਆਜ਼ਮਾਇਸ਼ ਅਤੇ ਕਸ਼ਟਾਂ
ਵੱਲ ਵੇਖ। ਉਹ ਸਾਰੇ ਪਾਪ ਮਾਫ ਕਰ ਦੇ ਜੋ ਮੇਰੇ ਕੋਲੋਂ ਹੋਏ
ਹਨ।
19 ਮੇਰੇ ਸਾਰੇ ਦੁਸ਼ਮਣਾਂ ਵੱਲ ਵੇਖ, ਉਹ ਮੈਨੂੰ ਇੰਨੀ ਜ਼ਿਆਦਾ
ਨਫ਼ਰਤ ਕਰਦੇ ਹਨ ਕਿ ਉਹ ਮੈਨੂੰ ਸੱਟਾਂ ਮਾਰਨਾ ਚਾਹੁੰਦੇ
ਹਨ।
20 ਹੇ ਪਰਮੇਸ਼ੁਰ, ਮੇਰੀ ਰੱਖਿਆ ਕਰੋ ਅਤੇ ਮੈਨੂੰ ਬਚਾ। ਮੈਂ ਤੇਰੇ
ਵਿੱਚ ਯਕੀਨ ਰੱਖਦਾ ਹਾਂ, ਇਸ ਲਈ ਮੈਨੂੰ ਨਿਰਾਸ਼ ਨਾ
ਕਰ।
21 ਹੇ ਪਰਮੇਸ਼ੁਰ, ਤੂੰ ਸੱਚਮੁੱਚ ਸ਼ੁਭ ਹੈਂ। ਮੈਨੂੰ ਤੇਰੇ ਉੱਤੇ ਭਰੋਸਾ
ਹੈ, ਇਸ ਲਈ ਮੇਰੀ ਰੱਖਿਆ ਕਰ।
22 ਯਹੋਵਾਹ, ਇਸਰਾਏਲ ਦੇ ਲੋਕਾਂ ਨੂੰ ਉਨ੍ਹਾਂ ਦੇ ਸਮੂਹ
ਦੁਸ਼ਮਣਾਂ ਪਾਸੋਂ ਬਚਾ।

*ਦਾਊਦ ਦਾ ਇੱਕ ਗੀਤ।*

**26** 1ਹੇ ਯਹੋਵਾਹ, ਮੇਰਾ ਨਿਆਂ ਕਰ। ਸਾਬਤ ਕਰ ਕਿ
ਮੈਂ ਸ਼ੁੱਧ ਜੀਵਨ ਜੀਵਿਆ ਹੈ। ਮੈਂ ਹਮੇਸ਼ਾ ਯਹੋਵਾਹ
ਵਿੱਚ ਯਕੀਨ ਰੱਖਿਆ ਹੈ।
2 ਹੇ ਪਰਮੇਸ਼ੁਰ, ਮੈਨੂੰ ਪਰਖ ਤੇ ਪਰਤਾ। ਮੇਰੇ ਦਿਲ ਅਤੇ ਮੇਰੇ
ਮਨ ਨੂੰ ਪਰਤਾ।
3 ਮੈਂ ਸਦਾ ਹੀ ਤੇਰਾ ਕੋਮਲ ਪਿਆਰ ਵੇਖਦਾ ਹਾਂ। ਮੈਂ ਤੇਰੀ
ਸੱਚਾਈ ਦੇ ਅਨੁਸਾਰ ਜੀਉਂਦਾ ਹਾਂ।
4 ਮੈਂ ਉਨ੍ਹਾਂ ਨਿਕੰਮੇ ਲੋਕਾਂ ਵਿੱਚੋਂ ਨਹੀਂ ਹਾਂ।
5 ਮੈਂ ਉਨ੍ਹਾਂ ਬਦੀ ਦੇ ਟੋਲਿਆਂ ਨੂੰ ਨਫ਼ਰਤ ਕਰਦਾ ਹਾਂ। ਮੈਂ
ਕਦੇ ਵੀ ਬਦਚਲਣ ਲੋਕਾਂ ਦੇ ਉਨ੍ਹਾਂ ਸਮੂਹਾਂ ਦਾ ਸੰਗ ਨਹੀਂ
ਕਰਾਂਗਾ।
6 ਹੇ ਯਹੋਵਾਹ, ਮੈਂ ਇਹ ਵਿਖਾਉਣ ਲਈ ਆਪਣੇ ਹੱਥ ਧੋਂਦਾ
ਹਾਂ ਕਿ ਮੈਂ ਪਵਿੱਤਰ ਹਾਂ ਤਾਂ ਕਿ ਮੈਂ ਤੇਰੀ ਜਗਵੇਦੀ ਦੀ
ਪਰਿਕ੍ਰਮਾ ਕਰ ਸਕਾਂ।
7 ਯਹੋਵਾਹ, ਮੈਂ ਤੇਰੀ ਉਸਤਤ ਦੇ ਗੀਤ ਗਾਉਂਦਾ ਹਾਂ। ਮੈਂ

ਉਨ੍ਹਾਂ ਅਚਰਜ ਗੱਲਾਂ ਬਾਰੇ ਗਾਉਂਦਾ ਹਾਂ ਜੋ ਤੂੰ ਕੀਤੀਆਂ
ਹਨ।
8 ਯਹੋਵਾਹ, ਮੈਂ ਤੇਰੇ ਮੰਦਰ ਨੂੰ ਪਿਆਰ ਕਰਦਾ ਹਾਂ। ਮੈਂ ਤੇਰੇ
ਮਹਿਮਾਮਈ ਤੰਬੂ ਨੂੰ ਪਿਆਰ ਕਰਦਾ ਹਾਂ।
9 ਹੇ ਯਹੋਵਾਹ, ਮੈਨੂੰ ਉਨ੍ਹਾਂ ਪਾਪੀਆਂ ਸਮੇਤ ਨਾ ਗਿਣ। ਮੈਨੂੰ
ਉਨ੍ਹਾਂ ਕਾਤਲਾਂ ਸੰਗ ਕਤਲ ਨਾ ਕਰ।
10 ਹੋ ਸਕਦਾ ਉਹ ਲੋਕ ਹੋਰਾਂ ਲੋਕਾਂ ਨੂੰ ਧੋਖਾ ਦਿੰਦੇ ਹੋਣ। ਹੋ
ਸਕਦਾ ਉਹ ਬੁਰੇ ਕਾਰੇ ਕਰਨ ਦੇ ਪੈਸੇ ਲੈਂਦੇ ਹੋਣ।
11 ਪਰ ਮੈਂ ਬੇਕਸੂਰ ਹਾਂ। ਇਸ ਲਈ ਪਰਮੇਸ਼ੁਰ ਮੇਰੇ ਉੱਤੇ
ਮਿਹਰਬਾਨ ਹੋਵੇ ਤੇ ਮੈਨੂੰ ਬਚਾਵੇ।
12 ਮੈਂ ਸਾਰੇ ਖਤਰਿਆਂ ਤੋਂ ਸੁਰੱਖਿਅਤ ਹਾਂ। ਹੇ ਯਹੋਵਾਹ, ਮੈਂ
ਉਨ੍ਹਾਂ ਲੋਕਾਂ ਦਰਮਿਆਨ ਖਲੋਕੇ ਤੇਰੀ ਉਸਤਤ ਕਰ ਰਿਹਾ
ਹਾਂ, ਜਿਹੜੇ ਤੇਰੇ ਲੋਕਾਂ ਨੂੰ ਆਪਣੀ ਸਭਾ ਲਈ ਸੱਦਾ ਦੇ
ਰਹੇ ਹਨ।

*ਦਾਊਦ ਦਾ ਇੱਕ ਗੀਤ।*

**27** 1ਯਹੋਵਾਹ, ਤੂੰ ਮੇਰਾ ਚਾਨਣ ਅਤੇ ਮੇਰਾ
ਮੁਕਤੀਦਾਤਾ ਵੀ ਹੈਂ। ਮੈਨੂੰ ਕਿਸੇ ਕੋਲੋਂ ਵੀ ਨਹੀਂ
ਡਰਨਾ ਚਾਹੀਦਾ। ਯਹੋਵਾਹ, ਮੇਰੇ ਜੀਵਨ ਦੀ ਸੁਰੱਖਿਆ
ਦਾ ਟਿਕਾਣਾ ਹੈ। ਇਸ ਲਈ ਮੈਂ ਕਿਸੇ ਕੋਲੋਂ ਵੀ ਨਹੀਂ
ਡਰਾਂਗਾ।
2 ਦੁਸ਼ਟ ਲੋਕ ਮੇਰੇ ਤੇ ਹਮਲਾ ਕਰ ਸਕਦੇ ਹਨ। ਉਹ ਮੇਰੇ
ਸਰੀਰ ਨੂੰ ਤਲਵਾਰ ਨਾਲ ਵੱਢਣ ਦੀ ਕੋਸ਼ਿਸ਼ ਕਰ ਸਕਦੇ
ਹਨ। ਮੇਰੇ ਦੁਸ਼ਮਣ ਮੇਰੇ ਉੱਤੇ ਹਮਲਾ ਕਰਕੇ ਮੈਨੂੰ ਮਾਰਨ
ਦੀ ਕੋਸ਼ਿਸ਼ ਕਰ ਸਕਦੇ ਹਨ। ਪਰ ਉਹ ਠੋਕਰ ਖਾਣਗੇ
ਅਤੇ ਡਿੱਗਣਗੇ।
3 ਪਰ ਭਾਵੇਂ ਪੂਰੀ ਫ਼ੌਜ ਮੈਨੂੰ ਘੇਰ ਲਵੇ, ਫ਼ੇਰ ਵੀ ਮੈਂ ਨਹੀਂ
ਡਰਾਂਗਾ। ਭਾਵੇਂ ਯੁੱਧ ਵਿੱਚ ਲੋਕ ਮੇਰੇ ਉੱਤੇ ਹਮਲਾ ਕਰਨ,
"ਮੈਨੂੰ ਕੋਈ ਡਰ ਨਹੀਂ ਹੋਵੇਗਾ। ਕਿਉਂਕਿ ਮੈਨੂੰ ਯਹੋਵਾਹ
ਵਿੱਚ ਯਕੀਨ ਹੈ।"
4 ਯਹੋਵਾਹ ਤੋਂ ਮੈਂ ਇੱਕੋ ਚੀਜ਼ ਮੰਗਦਾ ਹਾਂ, ਮੈਨੂੰ ਸਾਰੀ ਉਮਰ
ਆਪਣੇ ਮੰਦਰ ਵਿੱਚ ਬੈਠਣ ਦੇ, ਤਾਂ ਜੋ ਮੈਂ ਯਹੋਵਾਹ ਦੀ
ਸੁੰਦਰਤਾ ਵੇਖ ਸਕਾਂ। ਅਤੇ ਉਸ ਦਾ ਮਹਿਲ ਵੇਖ ਸਕਾਂ।
5 ਜਦੋਂ ਵੀ ਮੈਂ ਸੰਕਟ ਵਿੱਚ ਹੋਵਾਂਗਾ ਯਹੋਵਾਹ ਮੇਰੀ ਰੱਖਿਆ
ਕਰੇਗਾ। ਉਹ ਮੈਨੂੰ ਆਪਣੇ ਤੰਬੂ ਵਿੱਚ ਛੁਪਾ ਲਵੇਗਾ, ਉਹ
ਮੈਨੂੰ ਆਪਣੀ ਸੁਰੱਖਿਅਤ ਥਾਂ ਉੱਤੇ ਲੈ ਜਾਵੇਗਾ।
6 ਮੇਰੇ ਦੁਸ਼ਮਣਾਂ ਨੇ ਮੈਨੂੰ ਘੇਰ ਲਿਆ ਹੈ। ਪਰ ਉਨ੍ਹਾਂ ਨੂੰ
ਹਰਾਉਣ ਵਿੱਚ ਯਹੋਵਾਹ ਮੇਰੀ ਮਦਦ ਕਰੇਗਾ। ਫ਼ੇਰ ਮੈਂ
ਉਸ ਦੇ ਤੰਬੂ ਵਿੱਚ ਬਲੀ ਦੇ ਤੌਰ ਤੇ ਜੈ-ਕਾਰੇ ਚੜ੍ਹਾਵਾਂਗਾ।
ਅਤੇ ਮੈਂ ਗਾਵਾਂਗਾ ਅਤੇ ਯਹੋਵਾਹ ਨੂੰ ਆਦਰ ਦੇਣ ਲਈ
ਸਾਜ ਵਜਾਵਾਂਗਾ।
7 ਯਹੋਵਾਹ, ਮੇਰੀ ਪੁਕਾਰ ਨੂੰ ਸੁਣ ਅਤੇ ਹੁੰਘਾਰਾ ਭਰ। ਮੇਰੇ
ਤੇ ਦਯਾਵਾਨ ਹੋ।
8 ਯਹੋਵਾਹ, ਮੈਂ ਤੇਰੇ ਤੇਰੇ ਨਾਲ ਗੱਲਾਂ ਕਰਨੀਆਂ ਚਾਹੁੰਦਾ ਹਾਂ।
ਮੈਂ ਆਪਣੇ ਦਿਲ ਦੀਆਂ ਗੱਲਾਂ ਆਖਣੀਆਂ ਚਾਹੁੰਦਾ ਹਾਂ।
ਮੈਂ ਤੇਰੇ ਨਾਲ ਗੱਲ ਕਰਨ ਲਈ ਤੇਰੇ ਸਨਮੁੱਖ ਆ ਗਿਆ
ਹਾਂ।
9 ਯਹੋਵਾਹ, ਆਪਣੇ ਸੇਵਕ ਕੋਲੋਂ ਮੁੱਖ ਨਾ ਮੋੜ। ਮੇਰੀ
ਸਹਾਇਤਾ ਕਰ। ਮੈਨੂੰ ਦੂਰ ਨਾ ਧੱਕ, ਮੈਨੂੰ ਛੱਡ ਕੇ ਨਾ
ਜਾਹ। ਮੇਰੇ ਪਰਮੇਸ਼ੁਰ, ਤੂੰ ਮੇਰਾ ਮੁਕਤੀਦਾਤਾ ਹੈਂ।
10 ਮੇਰੇ ਮਾਪਿਆਂ ਨੇ ਮੈਨੂੰ ਛੱਡ ਦਿੱਤਾ ਸੀ। ਪਰ ਯਹੋਵਾਹ ਨੇ
ਮੇਰੀ ਬਾਂਹ ਫ਼ੜੀ ਅਤੇ ਮੈਨੂੰ ਆਪਣਾ ਬਣਾਇਆ।
11 ਹੇ ਯਹੋਵਾਹ, ਲੋਕ ਵੇਖ ਰਹੇ ਹਨ ਕਿ ਮੈਂ ਕੋਈ ਗਲਤੀ
ਕਰਾਂ। ਇਸ ਲਈ ਮੈਨੂੰ ਸਹੀ ਗੱਲਾਂ ਕਰਨੀਆਂ ਸਿਖਾ।
12 ਮੈਨੂੰ ਮੇਰੇ ਦੁਸ਼ਮਣਾਂ ਦੇ ਘਾਤਕ ਫ਼ੰਦਿਆਂ ਵਿੱਚ ਨਾ ਫ਼ਸਣ
ਦੇਵੋ। ਉਨ੍ਹਾਂ ਨੇ ਮੇਰੇ ਉੱਤੇ ਝੂਠੀਆਂ ਗਵਾਹੀਆਂ ਨਾਲ
ਹਮਲਾ ਕੀਤਾ ਹੈ। ਉਹ ਮੇਰੇ ਉੱਤੇ ਹਿੰਸਕ ਹਮਲੇ ਕਰਨ
ਲਈ ਤਿਆਰ ਹਨ।
13 ਮੈਨੂੰ ਪੱਕਾ ਵਿਸ਼ਵਾਸ ਹੈ ਕਿ ਮੈਂ ਮਰਨ ਤੋਂ ਪਹਿਲਾਂ ਯਹੋਵਾਹ
ਦੀ ਭਲਿਆਈ ਦੇਖਾਂਗਾ।
14 ਯਹੋਵਾਹ ਦੀ ਸਹਾਇਤਾ ਲਈ ਇੰਤਜ਼ਾਰ ਕਰ। ਮਜ਼ਬੂਤ
ਅਤੇ ਬਹਾਦੁਰ ਬਣ, ਅਤੇ ਯਹੋਵਾਹ ਦੀ ਸਹਾਇਤਾ ਲਈ
ਇੰਤਜ਼ਾਰ ਕਰ।

*ਦਾਊਦ ਦਾ ਇੱਕ ਗੀਤ।*

**28** 1ਹੇ ਯਹੋਵਾਹ, ਤੂੰ ਮੇਰੀ ਚੱਟਾਨ ਹੇਂ। ਮੈਂ ਮਦਦ ਲਈ
ਤੈਨੂੰ ਪੁਕਾਰ ਰਿਹਾ ਹਾਂ। ਮੇਰੀਆਂ ਪ੍ਰਾਰਥਨਾ ਲਈ
ਆਪਣੇ ਕੰਨ ਬੰਦ ਨਾ ਕਰ। ਜੇਕਰ ਤੂੰ ਮਦਦ ਲਈ ਮੇਰੀ
ਪੁਕਾਰ ਨਾ ਸੁਣੀ ਤਦ ਲੋਕੀਂ ਸੋਚਣਗੇ ਕਿ ਮੈਂ ਕਬਰ ਵਿੱਚ
ਪਏ ਮੁਰਦਾ ਲੋਕਾਂ ਨਾਲੋਂ ਬਿਹਤਰ ਨਹੀਂ ਹਾਂ।
2 ਯਹੋਵਾਹ, ਮੈਂ ਆਪਣੇ ਹੱਥ ਚੁੱਕਦਾ ਹਾਂ ਅਤੇ ਤੇਰੇ ਸਭ ਤੋਂ
ਪਵਿੱਤਰ ਸਥਾਨ ਵੱਲ ਪ੍ਰਾਰਥਨਾ ਕਰਦਾ ਹਾਂ। ਮੈਂ ਜਦ ਵੀ
ਬੁਲਾਵਾਂ ਮੈਨੂੰ ਸੁਣ। ਮੇਰੇ ਉੱਤੇ ਮਿਹਰ ਕਰ।
3 ਯਹੋਵਾਹ, ਮੇਰੇ ਬਾਰੇ ਇਵੇਂ ਨਾ ਸੋਚ ਜਿਵੇਂ ਮੈਂ ਬੁਰੇ ਲੋਕਾਂ
ਵਿੱਚੋਂ ਇੱਕ ਹੋਵਾਂ। ਉਹ ਲੋਕ ਆਪਣੇ ਗੁਆਂਢੀਆਂ ਦਾ
ਸਵਾਗਤ "ਸ਼ਾਲੋਮ" ਸ਼ਬਦ ਨਾਲ ਕਰਦੇ ਹਨ। ਪਰ
ਆਪਣੇ ਦਿਲਾਂ ਵਿੱਚ ਆਪਣੇ ਗੁਆਂਢੀਆਂ ਦੇ ਖਿਲਾਫ਼
ਬੁਰੀਆਂ ਗੱਲਾਂ ਦੀਆਂ ਵਿਉਂਤਾਂ ਘੜਦੇ ਹਨ।
4 ਯਹੋਵਾਹ, ਉਹ ਲੋਕ ਦੂਜੇ ਲੋਕਾਂ ਨਾਲ ਬੁਰਾ ਕਰਦੇ ਹਨ।
ਇਸ ਲਈ ਉਨ੍ਹਾਂ ਨਾਲ ਬੁਰੀਆਂ ਗੱਲਾਂ ਵਾਪਰਨ ਦੇ। ਉਨ੍ਹਾਂ
ਨੂੰ ਦੰਡ ਦੇ ਜਿਸ ਦੇ ਉਹ ਲਾਇਕ ਹਨ।
5 ਕਿਉਂਕਿ ਉਹ ਲੋਕ ਸਮਝਣ ਦੀ ਕੋਸ਼ਿਸ਼ ਨਹੀਂ ਕਰਦੇ ਕਿ
ਯਹੋਵਾਹ ਨੇ ਆਪਣੇ ਹੱਥੀਂ ਕੀ ਕੀਤਾ ਹੈ। ਯਹੋਵਾਹ ਉਨ੍ਹਾਂ
ਦੀ ਉਸਾਰੀ ਕਰਨ ਦੀ ਬਜਾਇ ਉਨ੍ਹਾਂ ਨੂੰ ਨਸ਼ਟ ਕਰ
ਦੇਵੇ।
6 ਯਹੋਵਾਹ ਦੀ ਉਸਤਤ ਕਰੋ। ਉਸ ਨੇ ਮਿਹਰ ਲਈ
ਪ੍ਰਾਰਥਨਾ ਸੁਣ ਲਈ।
7 ਯਹੋਵਾਹ ਹੀ ਮੇਰਾ ਬਲ ਹੈ। ਉਹੀ ਮੇਰੀ ਢਾਲ ਹੈ। ਮੈਂ ਉਸ
ਵਿੱਚ ਯਕੀਨ ਰੱਖਿਆ ਅਤੇ ਉਸ ਨੇ ਮੇਰੀ ਮਦਦ ਕੀਤੀ।
ਮੈਂ ਬਹੁਤ ਪ੍ਰਸੰਨ ਹਾਂ, ਅਤੇ ਮੈਂ ਉਸ ਨੂੰ ਉਸਤਤ ਦੇ ਗੀਤ
ਗਾਉਂਦਾ ਹਾਂ।
8 ਯਹੋਵਾਹ ਆਪਣੇ ਚੁਣੇ ਹੋਏ ਬੰਦੇ ਦੀ ਰੱਖਿਆ ਕਰਦਾ
ਹੈ। ਯਹੋਵਾਹ ਉਸ ਨੂੰ ਬਚਾਉਂਦਾ ਹੈ। ਯਹੋਵਾਹ ਉਸ ਦੀ
ਸ਼ਕਤੀ ਹੈ।

9 ਹੇ ਪਰਮੇਸ਼ੁਰ, ਆਪਣੇ ਲੋਕਾਂ ਨੂੰ ਬਚਾਉ। ਉਨ੍ਹਾਂ ਨੂੰ ਬਰਕਤ
ਦੇ ਜਿਨ੍ਹਾਂ ਦਾ ਤੂੰ ਮਾਲਕ ਹੈਂ। ਉਨ੍ਹਾਂ ਦੀ ਅਗਵਾਈ ਕਰ
ਅਤੇ ਉਨ੍ਹਾਂ ਨੂੰ ਸਦਾ ਲਈ ਇੱਜ਼ਤ ਬਖਸ਼।

*ਦਾਊਦ ਦਾ ਇੱਕ ਗੀਤ।*

29 1ਪਰਮੇਸ਼ੁਰ ਦੇ ਪੁੱਤਰੋ, ਯਹੋਵਾਹ ਦੀ ਉਸਤਤ ਕਰੋ।
ਉਸ ਦੀ ਮਹਿਮਾ ਦੀ, ਉਸ ਦੀ ਸ਼ਕਤੀ ਦੀ ਉਸਤਤ
ਕਰੋ।
2 ਯਹੋਵਾਹ ਦੀ ਉਸਤਤ ਕਰੋ ਅਤੇ ਉਸ ਦੇ ਨਾਂ ਦੀ ਇੱਜ਼ਤ
ਕਰੋ। ਆਪਣੀ ਖਾਸ ਪੁਸ਼ਾਕ ਵਿੱਚ ਉਸ ਦੀ ਉਪਾਸਨਾ
ਕਰੋ।
3 ਯਹੋਵਾਹ ਸਮੁੰਦਰ ਉੱਤੇ ਆਪਣੀ ਅਵਾਜ਼ ਬੁਲੰਦ ਕਰਦਾ
ਹੈ, ਇਹ ਅਵਾਜ਼ ਮਹਾਨ ਪਰਮੇਸ਼ੁਰ ਦੀ ਹੈ ਜਿਹੜੀ ਮਹਾਂ
ਸਾਗਰ ਉੱਤੇ ਗਰਜ ਵਾਂਗ ਫ਼ੈਲਦੀ ਹੈ।
4 ਯਹੋਵਾਹ ਦੀ ਕੜਕਦਾਰ ਅਵਾਜ਼ ਉਸ ਦੀ ਸ਼ਕਤੀ ਅਤੇ
ਤੇਜ਼ ਨੂੰ ਦਰਸ਼ਾਉਂਦੀ ਹੈ।
5 ਯਹੋਵਾਹ ਦੀ ਅਵਾਜ਼ ਦਿਉਦਾਰਾਂ ਦੇ ਰੁੱਖਾਂ ਨੂੰ ਟੁਕੜੇ-
ਟੁਕੜੇ ਕਰ ਦਿੰਦੀ ਹੈ। ਯਹੋਵਾਹ ਦੀ ਅਵਾਜ਼ ਲਬਾਨੋਨ ਦੇ
ਦਿਉਦਾਰਾਂ ਦੇ ਰੁੱਖਾਂ ਨੂੰ ਵੱਢਦੀ ਹੈ।
6 ਯਹੋਵਾਹ ਲਬਾਨੋਨ ਨੂੰ ਹਿਲਾ ਦਿੰਦਾ ਹੈ। ਇਹ ਛੋਟੇ ਵੱਛੇ ਦੇ
ਨੱਚਣ ਵਰਗਾ ਲੱਗਦਾ ਹੈ। ਸਿਰਯੋਨ ਹਿੱਲਦਾ ਹੈ। ਇਹ
ਬੱਕਰੀ ਦੇ ਬੱਚੇ ਦੇ ਕੁੱਦਣ ਵਾਂਗ ਲੱਗਦਾ ਹੈ।
7 ਯਹੋਵਾਹ ਦੀ ਅਵਾਜ਼ ਬਿਜਲੀ ਦੀ ਲਸ਼ਕੋਰ ਨਾਲ ਹਵਾ ਨੂੰ
ਚੀਰਦੀ ਹੈ।
8 ਯਹੋਵਾਹ ਦੀ ਅਵਾਜ਼ ਮਾਰੂਥਲ ਨੂੰ ਹਿਲਾ ਦਿੰਦੀ ਹੈ।
ਯਹੋਵਾਹ ਦੀ ਅਵਾਜ਼ ਨਾਲ ਕਾਦੇਸ਼ ਮਾਰੂਥਲ ਕੰਬਦਾ ਹੈ।
9 ਯਹੋਵਾਹ ਦੀ ਅਵਾਜ਼ ਹਿਰਨ ਨੂੰ ਹਿਲਾ ਦਿੰਦੀ ਹੈ। ਯਹੋਵਾਹ
ਜੰਗਲਾਂ ਨੂੰ ਤਬਾਹ ਕਰਦਾ ਹੈ। ਪਰ ਉਸ ਦੇ ਮਹਿਲ ਅੰਦਰ
ਲੋਕੀਂ ਉਸ ਦੀ ਮਹਿਮਾ ਦੇ ਗੀਤ ਗਾਉਂਦੇ ਹਨ।
10 ਹੜ੍ਹ ਵੇਲੇ ਯਹੋਵਾਹ ਰਾਜਾ ਸੀ। ਅਤੇ ਪਰਮੇਸ਼ੁਰ ਸਦਾ
ਲਈ ਰਾਜੇ ਵਾਂਗ ਰਹੇਗਾ।
11 ਯਹੋਵਾਹ ਨੂੰ ਆਪਣੇ ਲੋਕਾਂ ਦੀ ਰੱਖਿਆ ਕਰੇ। ਯਹੋਵਾਹ ਨੂੰ
ਆਪਣੇ ਲੋਕਾਂ ਨੂੰ ਸ਼ਾਂਤੀ ਦੀ ਅਸੀਸ ਦੇਵੇ।

*ਦਾਊਦ ਦੇ ਗੀਤਾਂ ਵਿੱਚੋਂ ਇੱਕ ਇਹ ਗੀਤ ਮੰਦਰ ਦੇ ਸਮਰਪਣ ਲਈ ਸੀ।*

30 1ਯਹੋਵਾਹ, ਤੂੰ ਮੈਨੂੰ ਮੇਰੇ ਸੰਕਟਾਂ ਵਿੱਚੋਂ ਉਭਾਰਿਆ।
ਤੂੰ ਮੇਰੇ ਦੁਸ਼ਮਣਾਂ ਨੂੰ ਮੈਨੂੰ ਹਰਾਉਣ, ਅਤੇ ਮੇਰੇ ਉੱਤੇ
ਹੱਸਣ ਨਹੀਂ ਦਿੱਤਾ। ਇਸ ਲਈ ਮੈਂ ਤੇਰੇ ਲਈ ਆਦਰ
ਵਿਖਾਵਾਂਗਾ।
2 ਮੇਰੇ ਯਹੋਵਾਹ ਪਰਮੇਸ਼ੁਰ, ਮੈਂ ਤੈਨੂੰ ਪ੍ਰਾਰਥਨਾ ਕੀਤੀ। ਤੇ ਤੂੰ
ਮੈਨੂੰ ਨਿਰੋਗ ਕੀਤਾ।
3 ਤੂੰ ਮੈਨੂੰ ਕਬਰ ਵਿੱਚੋਂ ਉਠਾ ਲਿਆ ਸੀ। ਤੂੰ ਮੈਨੂੰ ਜੀਣ
ਦਿੱਤਾ। ਮੈਨੂੰ ਮੁਰਦਿਆਂ ਦੇ ਨਾਲ ਲੇਟਣਾ ਨਹੀਂ ਪਿਆ
ਜਿਹੜੇ ਪਤਾਲ ਲੋਕ ਵਿੱਚ ਪਏ ਹਨ।
4 ਹੇ ਪਰਮੇਸ਼ੁਰ, ਦੇ ਚੇਲਿਓ, ਯਹੋਵਾਹ ਨੂੰ ਉਸਤਤਾਂ ਗਾਵੋ।
ਉਸ ਦੇ ਪਵਿੱਤਰ ਨਾਮ ਦੀ ਉਸਤਤ ਕਰੋ।
5 ਪਰਮੇਸ਼ੁਰ ਗੁੱਸੇ ਸੀ, ਇਸ ਲਈ ਫ਼ੈਸਲਾ “ਮੌਤ” ਸੀ।
ਪਰ ਉਸ ਨੇ ਆਪਣਾ ਪਿਆਰ ਵਿਖਾਇਆ, ਅਤੇ ਉਸ ਨੇ
ਮੈਨੂੰ “ਜੀਵਨ ਦੀ ਬਰਕਤ” ਦਿੱਤੀ। ਰਾਤ ਵੇਲੇ ਮੈਂ ਰੋਂਦਾ
ਹੋਇਆ ਲੇਟਿਆ ਸਾਂ। ਅਗਲੀ ਸਵੇਰ, ਮੈਂ ਪ੍ਰਸੰਨ ਸਾਂ ਤੇ
ਗਾ ਰਿਹਾ ਸਾਂ।
6 ਜਦੋਂ ਮੈਂ ਸੁਰੱਖਿਅਤ ਤੇ ਨਿਸ਼ਚਿੰਤ ਸਾਂ, ਮੈਂ ਸੋਚਿਆ ਮੈਨੂੰ
ਕੋਈ ਵੀ ਸੱਟ ਨਹੀਂ ਮਾਰ ਸਕਦਾ।
7 ਹਾਂ, ਯਹੋਵਾਹ, ਜਦੋਂ ਤੂੰ ਮੇਰੇ ਉੱਤੇ ਮਿਹਰਬਾਨ ਸੀ। ਮੈਂ
ਮਹਿਸੂਸ ਕੀਤਾ ਜਿਵੇਂ ਕੁਝ ਵੀ ਨਹੀਂ ਜੋ ਮੈਨੂੰ ਹਰਾ ਸਕਦਾ
ਸੀ। ਪਰ ਜਦੋਂ ਤੂੰ ਮੈਥੋਂ ਮੁੱਖ ਮੋੜਿਆ ਸੀ ਮੈਂ ਸਹਿਮ ਗਿਆ
ਅਤੇ ਡਰ ਨਾਲ ਕੰਬ ਗਿਆ।
8 ਇਸ ਲਈ, ਹੇ ਪਰਮੇਸ਼ੁਰ, ਮੈਂ ਧਰਤੀ ਉੱਤੇ ਤੇਰੇ ਅੱਗੇ
ਪ੍ਰਾਰਥਨਾ ਕੀਤੀ। ਮੈਂ ਆਖਿਆ ਕਿ ਤੂੰ ਮੇਰੇ ਉੱਪਰ ਦਯਾ
ਕਰ।
9 ਮੈਂ ਆਖਿਆ, “ਹੇ ਪਰਮੇਸ਼ੁਰ, ਇਸ ਵਿੱਚ ਕੀ ਚੰਗਾ ਹੈ ਜੇ
ਮੈਂ ਮਰ ਜਾਵਾਂ ਤੇ ਮੈਂ ਕਬਰ ਵਿੱਚ ਨਿਘਰ ਜਾਵਾਂ? ਸਿਰਫ਼
ਮੁਰਦਾ ਲੋਕ ਖਾਕ ਵਿੱਚ ਲੇਟਦੇ ਹਨ? ਉਹ ਤੇਰੀ ਉਸਤਤ
ਨਹੀਂ ਕਰਦੇ। ਉਹ ਲੋਕਾਂ ਤਾਈਂ ਨਹੀਂ ਦੱਸਦੇ ਅਸੀਂ ਤੇਰੇ
ਉੱਤੇ ਕਿੰਨਾ ਨਿਰਭਰ ਹੋ ਸਕਦੇ ਹਾਂ।
10 ਹੇ ਯਹੋਵਾਹ, ਮੇਰੀ ਪ੍ਰਾਰਥਨਾ ਸੁਣ ਅਤੇ ਮੇਰੇ ਉੱਤੇ
ਮਿਹਰਬਾਨ ਹੋ। ਹੇ ਯਹੋਵਾਹ, ਮੇਰੀ ਮਦਦ ਕਰ।”
11 ਮੈਂ ਪ੍ਰਾਰਥਨਾ ਕੀਤੀ ਅਤੇ ਤੂੰ ਮੇਰੀ ਮਦਦ ਕੀਤੀ। ਤੂੰ ਮੇਰੇ
ਰੋਣ ਨੂੰ ਨੱਚਣ ਵਿੱਚ ਬਦਲਿਆ। ਤੂੰ ਮੇਰੀ ਉਦਾਸੀ ਦੀ
ਪੋਸ਼ਾਕ ਲਾਹ ਲਈ। ਅਤੇ ਤੂੰ ਮੈਨੂੰ ਖੁਸ਼ੀ ਨਾਲ ਢੱਕਿਆ।
12 ਯਹੋਵਾਹ, ਮੇਰੇ ਪਰਮੇਸ਼ੁਰ, ਮੈਂ ਸਦਾ ਤੇਰੀ ਉਸਤਤ ਕਰਾਂਗਾ
ਇਸ ਲਈ ਕਦੇ ਵੀ ਖਾਮੋਸ਼ੀ ਨਹੀਂ ਛਾਏਗੀ ਅਤੇ ਇੱਥੋਂ
ਕੋਈ ਨਾ ਕੋਈ ਸਦਾ ਤੇਰੇ ਆਦਰ ਦੇ ਗੀਤ ਗਾ ਰਿਹਾ
ਹੋਵੇਗਾ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

31 1ਯਹੋਵਾਹ, ਮੈਂ ਤੇਰੇ ਉੱਤੇ ਨਿਰਭਰ ਹਾਂ। ਮੈਨੂੰ
ਨਿਰਾਸ਼ ਨਾ ਕਰ। ਮੇਰੇ ਉੱਪਰ ਮਿਹਰਬਾਨ ਹੋ ਅਤੇ
ਮੈਨੂੰ ਬਚਾ ਲੈ।
2 ਹੇ ਪਰਮੇਸ਼ੁਰ, ਮੇਰੀ ਪ੍ਰਾਰਥਨਾ ਨੂੰ ਸੁਣ। ਛੇਤੀ ਆ ਅਤੇ
ਮੈਨੂੰ ਬਚਾ। ਮੇਰੀ ਚੱਟਾਨ ਹੋ, ਮੇਰਾ ਸੁਰੱਖਿਅਤ ਸਥਾਨ ਹੋ।
ਮੇਰਾ ਕਿਲ੍ਹਾ ਹੋ ਮੇਰੀ ਰੱਖਿਆ ਕਰ।
3 ਹੇ ਪਰਮੇਸ਼ੁਰ, ਤੂੰ ਮੇਰੀ ਚੱਟਾਨ ਹੋ, ਇਸੇ ਲਈ ਆਪਣੇ ਨਾਂ
ਦੇ ਚੰਗੇ ਵਾਸਤੇ, ਮੇਰੇ ਆਗੂ ਬਣ ਅਤੇ ਮੇਰੀ ਅਗਵਾਈ
ਕਰ।
4 ਮੇਰੇ ਦੁਸ਼ਮਣਾਂ ਨੇ ਮੇਰੇ ਲਈ ਜਾਲ ਵਿਛਾਇਆ ਹੈ। ਮੈਨੂੰ
ਉਨ੍ਹਾਂ ਦੇ ਜਾਲ ਤੋਂ ਬਚਾ। ਤੂੰ ਹੀ ਮੇਰਾ ਸੁਰੱਖਿਅਤ ਸਥਾਨ
ਹੋ।
5 ਯਹੋਵਾਹ, ਤੂੰ ਹੀ ਪਰਮੇਸ਼ੁਰ ਹੈਂ ਜਿਸ ਤੇ ਸਾਨੂੰ ਭਰੋਸਾ ਹੈ।
ਮੈਂ ਤੇਰੇ ਹੱਥਾਂ ਵਿੱਚ ਆਪਣੀ ਜਿੰਦ ਸੌਂਪਦਾ ਹਾਂ। ਮੈਨੂੰ ਬਚਾ।
6 ਮੈਂ ਉਨ੍ਹਾਂ ਨੂੰ ਨਫ਼ਰਤ ਕਰਦਾ ਹਾਂ ਜਿਹੜੇ ਝੂਠੇ ਦੇਵਤਿਆਂ ਦੀ
ਪੂਜਾ ਕਰਦੇ ਹਨ। ਮੈਂ ਸਿਰਫ਼ ਯਹੋਵਾਹ ਵਿੱਚ ਹੀ ਯਕੀਨ
ਰੱਖਦਾ ਹਾਂ।

7 ਹੇ ਪਰਮੇਸ਼ੁਰ, ਤੇਰੇ ਮਿਹਰਬਾਨੀ ਸਦਕਾ ਮੈਂ ਬਹੁਤ ਪ੍ਰਸੰਨ
ਹਾਂ। ਤੂੰ ਮੇਰੀ ਬਿਪਤਾ ਦੇਖੀ ਹੈ। ਤੂੰ ਮੇਰੀਆਂ ਮੁਸੀਬਤਾਂ
ਬਾਰੇ ਜਾਣਦਾ ਹੈਂ।
8 ਤੂੰ ਮੈਨੂੰ ਦੁਸ਼ਮਣਾਂ ਨੂੰ ਨਹੀਂ ਫ਼ੜਨ ਦੇਵੇਂਗੇ। ਤੂੰ ਮੈਨੂੰ ਉਨ੍ਹਾਂ
ਦੇ ਜਾਲਾਂ ਤੋਂ ਮੁਕਤ ਕਰੋਂਗੇ।
9 ਯਹੋਵਾਹ, ਮੈਂ ਵੱਡੇ ਸੰਕਟਾਂ ਵਿੱਚ ਪਿਆ ਹਾਂ। ਇਸ ਲਈ
ਮੇਰੇ ਉੱਤੇ ਮਿਹਰਬਾਨ ਹੋ। ਕਿਉਂਕਿ ਮੈਂ ਬਹੁਤ ਪਰੇਸ਼ਾਨ ਹਾਂ,
ਮੇਰੀਆਂ ਅੱਖਾਂ ਵੀ, ਗਲਾ ਅਤੇ ਢਿੱਡ ਵੀ ਦੁੱਖ ਰਹੇ ਹਨ।
10 ਮੇਰੀ ਜਿੰਦ ਉਦਾਸੀ ਅੰਦਰ ਬੀਤ ਰਹੀ ਹੈ। ਆਹਾਂ ਵਿੱਚ,
ਮੇਰੇ ਸਾਲ ਬੀਤਦੇ ਜਾ ਰਹੇ ਹਨ। ਮੇਰੀਆਂ ਮੁਸੀਬਤਾਂ ਮੈਨੂੰ
ਕਮਜ਼ੋਰ ਬਣਾ ਰਹੀਆਂ ਹਨ। ਮੇਰੀ ਸ਼ਕਤੀ ਮੈਨੂੰ ਜਵਾਬ
ਦੇ ਰਹੀ ਹੈ।
11 ਮੇਰੇ ਦੁਸ਼ਮਣ ਮੈਨੂੰ ਨਫ਼ਰਤ ਕਰਦੇ ਹਨ ਅਤੇ ਮੇਰੇ ਸਾਰੇ
ਗੁਆਂਢੀ ਵੀ ਮੈਨੂੰ ਨਫ਼ਰਤ ਕਰਦੇ ਹਨ। ਮੇਰੇ ਸਾਰੇ
ਰਿਸ਼ਤੇਦਾਰ ਰਾਹਾਂ ਵਿੱਚ ਮੇਰੇ ਵੱਲ ਤੱਕਦੇ ਹਨ। ਉਹ ਮੇਰੇ
ਕੋਲੋਂ ਡਰਦੇ ਹਨ ਅਤੇ ਮੈਥੋਂ ਬਚਦੇ ਫ਼ਿਰਦੇ ਹਨ।
12 ਲੋਕ ਮੈਨੂੰ ਗੁਆਚੇ ਹੋਏ ਸੰਦ ਵਾਂਗ ਮੁਕੰਮਲ ਤੌਰ ਤੇ ਭੁੱਲ
ਗਏ ਹਨ।
13 ਮੈਂ ਟਿਪਣੀਆਂ ਸੁਣਦਾ ਹਾਂ, ਜਿਹੜੀਆਂ ਲੋਕ ਮੇਰੇ ਬਾਰੇ
ਆਖਦੇ ਹਨ। ਉਹ ਲੋਕੀਂ ਮੇਰੇ ਖਿਲਾਫ਼ ਹੋ ਗਏ ਹਨ ਅਤੇ
ਮੈਨੂੰ ਮਾਰਨ ਦੀਆਂ ਵਿਉਂਤਾਂ ਬਣਾ ਰਹੇ ਹਨ।
14 ਹੇ ਯਹੋਵਾਹ, ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ। ਤੂੰ ਮੇਰਾ
ਪਰਮੇਸ਼ੁਰ ਹੈਂ।
15 ਮੇਰੀ ਜਿੰਦ ਤੇਰੇ ਹੱਥਾਂ ਵਿੱਚ ਹੈ। ਮੈਨੂੰ ਮੇਰੇ ਦੁਸ਼ਮਣਾਂ ਤੋਂ
ਬਚਾ। ਕੁਝ ਲੋਕੀਂ ਮੇਰਾ ਪਿੱਛਾ ਕਰ ਰਹੇ ਹਨ। ਮੈਨੂੰ ਉਨ੍ਹਾਂ
ਤੋਂ ਬਚਾ।
16 ਕਿਰਪਾ ਕਰਕੇ ਜੀ ਆਇਆਂ ਨੂੰ ਆਖੋ ਅਤੇ ਆਪਣੇ ਸੇਵਕ
ਨੂੰ ਪ੍ਰਵਾਨ ਕਰ। ਮੇਰੇ ਉੱਤੇ ਮਿਹਰਬਾਨ ਹੋ ਅਤੇ ਮੈਨੂੰ ਬਚਾ।
17 ਹੇ ਯਹੋਵਾਹ, ਮੈਂ ਤੈਨੂੰ ਪ੍ਰਾਰਥਨਾ ਕੀਤੀ। ਇਸ ਲਈ ਮੈਂ
ਨਿਰਾਸ਼ ਨਹੀਂ ਹੋਵਾਂਗਾ, ਪਰ ਬੁਰੇ ਲੋਕ ਨਿਰਾਸ਼ ਹੋਣਗੇ।
ਉਹ ਕਬਰ ਵਿੱਚ ਖਾਮੋਸ਼ ਹੋਣਗੇ।
18 ਉਹ ਬੁਰੇ ਲੋਕ ਬਹੁਤ ਹੰਕਾਰੀ ਹਨ। ਉਹ ਆਪਣੇ ਬਾਰੇ
ਸ੍ਵੈ-ਪ੍ਰਸ਼ੰਸਾ ਕਰਦੇ ਹਨ ਅਤੇ ਚੰਗੇ ਲੋਕਾਂ ਬਾਰੇ ਝੂਠ ਦੱਸਦੇ
ਹਨ। ਪਰ ਉਨ੍ਹਾਂ ਦੇ ਝੂਠ ਬੋਲਣ ਵਾਲੇ ਬੁੱਲ੍ਹ ਖਾਮੋਸ਼ ਹੋ
ਜਾਣਗੇ।
19 ਹੇ ਪਰਮੇਸ਼ੁਰ, ਤੂੰ ਆਪਣੇ ਚੇਲਿਆਂ ਲਈ ਅਨੇਕ ਅਦਭੁਤ
ਚੀਜ਼ਾਂ ਛੁਪਾ ਕੇ ਰੱਖੀਆਂ ਹਨ। ਜੋ ਤੇਰੇ ਵਿੱਚ ਯਕੀਨ ਰੱਖਦੇ
ਹਨ ਉਨ੍ਹਾਂ ਲਈ ਤੂੰ ਬਹੁਤ ਭਲੇ ਕੰਮ ਕੀਤੇ ਹਨ। ਤੂੰ ਉਨ੍ਹਾਂ
ਨੂੰ ਬਰਕਤ ਦਿੱਤੀ ਹੈ ਤਾਂ ਕਿ ਸਾਰਾ ਸੰਸਾਰ ਦੇਖ ਸਕੇ।
20 ਬੁਰੇ ਲੋਕੀਂ ਚੰਗੇ ਲੋਕਾਂ ਨੂੰ ਦੁੱਖ ਦੇਣ ਲਈ ਇਕੱਠੇ ਹੋ ਗਏ
ਹਨ। ਉਹ ਬੁਰੇ ਲੋਕੀਂ ਲੜਾਈ ਛੇੜਨ ਦੀ ਕੋਸ਼ਿਸ਼ ਕਰਦੇ
ਹਨ। ਪਰ ਤੂੰ ਚੰਗੇ ਲੋਕਾਂ ਨੂੰ ਉਨ੍ਹਾਂ ਤੋਂ ਛੁਪਾ ਲੈਂਦਾ ਹੈਂ ਅਤੇ
ਉਨ੍ਹਾਂ ਦੀ ਰੱਖਿਆ ਕਰਦਾ ਹੈਂ। ਤੂੰ ਆਪਣੀ ਸ਼ਰਣ ਹੇਠਾਂ
ਉਨ੍ਹਾਂ ਦੀ ਰੱਖਿਆ ਕਰ।
21 ਯਹੋਵਾਹ ਨੂੰ ਮੁਬਾਰਕ ਆਖੋ। ਉਸ ਨੇ ਮੇਰੇ ਲਈ ਆਪਣਾ
ਸੱਚਾ ਪਿਆਰ ਵਿਖਾਇਆ ਸੀ। ਜਦੋਂ ਦੁਸ਼ਮਣਾਂ ਨੇ ਨਿਰਾਲੇ
ਢੰਗ ਨਾਲ ਸ਼ਹਿਰ ਨੂੰ ਘੇਰਾ ਘਤਿਆ ਸੀ।
22 ਮੈਂ ਡਰਦਾ ਸਾਂ ਅਤੇ ਮੈਂ ਆਖਿਆ, "ਮੈਂ ਉਸ ਥਾਵੇਂ ਹਾਂ ਜਿੱਥੇ
ਪਰਮੇਸ਼ੁਰ ਮੈਨੂੰ ਨਹੀਂ ਦੇਖ ਸਕਦਾ।" ਪਰ ਮੈਂ ਤੇਰੇ ਅੱਗੇ
ਪ੍ਰਾਰਥਨਾ ਕੀਤੀ, ਹੇ ਪਰਮੇਸ਼ੁਰ, ਅਤੇ ਤੂੰ ਮਦਦ ਲਈ ਮੇਰੀ
ਉੱਚੀ ਪੁਕਾਰ ਸੁਣ ਲਈ।
23 ਪਰਮੇਸ਼ੁਰ ਦੇ ਮੰਨਣ ਵਾਲਿਓ, ਤੁਹਾਨੂੰ ਪਰਮੇਸ਼ੁਰ ਨੂੰ
ਪਿਆਰ ਕਰਨਾ ਚਾਹੀਦਾ ਹੈ। ਯਹੋਵਾਹ ਉਨ੍ਹਾਂ ਦੀ ਰੱਖਿਆ
ਕਰਦਾ ਹੈ ਜੋ ਉਸ ਦੇ ਵਫ਼ਾਦਾਰ ਹਨ। ਪਰ ਉਹ ਉਨ੍ਹਾਂ ਲੋਕਾਂ
ਨੂੰ ਦੰਡ ਦਿੰਦਾ ਹੈ ਜੋ ਆਪਣੀ ਹੀ ਤਾਕਤ ਬਾਰੇ ਸ਼ੇਖੀ ਮਾਰਦੇ
ਹਨ। ਉਹ ਉਨ੍ਹਾਂ ਨੂੰ ਢੁਕਵਾਂ ਦੰਡ ਦਿੰਦਾ ਹੈ।
24 ਤੁਸੀਂ ਸਾਰੇ ਜਿਹੜੇ ਪਰਮੇਸ਼ੁਰ ਦੀ ਮਦਦ ਲਈ ਇੰਤਜ਼ਾਰ
ਕਰ ਰਹੇ ਹੋ, ਤਕੜੇ ਅਤੇ ਬਹਾਦੁਰ ਬਣੋ।

*ਦਾਊਦ ਦਾ ਇੱਕ ਭਗਤੀ ਗੀਤ।*

# 32

1 ਬੰਦਾ ਬਹੁਤ ਪ੍ਰਸੰਨ ਹੁੰਦਾ ਹੈ, ਜਦੋਂ ਉਸ ਦੇ ਪਾਪ
ਬਖਸ਼ੇ ਜਾਂਦੇ ਹਨ। ਉਹ ਬੰਦਾ ਬਹੁਤ ਸੁਭਾਗਾ ਹੈ
ਜਦੋਂ ਉਸ ਦੇ ਪਾਪ ਮਿਟਾਏ ਜਾਂਦੇ ਹਨ।
2 ਉਹ ਵਿਅਕਤੀ ਵਡ਼ਭਾਗਾ ਹੈ ਜਿਹੜਾ ਪਰਮੇਸ਼ੁਰ ਦੁਆਰਾ
ਨਿਰਦੋਸ਼ ਘੋਸ਼ਿਤ ਕੀਤਾ ਜਾਵੇਗਾ। ਉਹ ਆਦਮੀ ਬਹੁਤ
ਸੁਭਾਗਾ ਹੈ ਜਿਸ ਨੇ ਆਪਣੇ ਗੁਪਤ ਪਾਪ ਵੀ ਨਹੀਂ ਛੁਪਾਏ।
3 ਹੇ ਪਰਮੇਸ਼ੁਰ, ਮੈਂ ਬਾਰ-ਬਾਰ ਤੈਨੂੰ ਪ੍ਰਾਰਥਨਾ ਕੀਤੀ, ਪਰ
ਮੈਂ ਆਪਣੇ ਗੁਪਤ ਗੁਨਾਹਾਂ ਬਾਰੇ ਨਹੀਂ ਦੱਸਿਆ। ਮੈਂ ਹਰ
ਸਮੇਂ ਕਮਜ਼ੋਰ ਬਣ ਗਿਆ ਜਦੋਂ ਵੀ ਮੈਂ ਪ੍ਰਾਰਥਨਾ ਕੀਤੀ।
4 ਹੇ ਪਰਮੇਸ਼ੁਰ, ਤੂੰ ਮੇਰੀ ਜ਼ਿੰਦਗੀ ਦਿਨ ਅਤੇ ਰਾਤ, ਸਖਤ
ਤੋਂ ਸਖਤ ਬਣਾ ਦਿੱਤੀ ਹੈ। ਮੈਂ ਗਰਮੀ ਦੀ ਝੁਲਸੀ ਤਪਸ਼
ਵਿੱਚ ਸੁੱਕੀ ਜ਼ਮੀਨ ਵਰਗਾ ਬਣ ਗਿਆ ਹਾਂ।
5 ਪਰ ਫ਼ੇਰ ਮੈਂ ਆਪਣੇ ਸਾਰੇ ਗੁਨਾਹਾਂ ਦਾ ਯਹੋਵਾਹ ਸਾਹਮਣੇ
ਇਕਰਾਰ ਕਰਨ ਦਾ ਫ਼ੈਸਲਾ ਕੀਤਾ। ਯਹੋਵਾਹ, ਮੈਂ ਤੈਨੂੰ
ਆਪਣੇ ਗੁਨਾਹਾਂ ਬਾਰੇ ਦੱਸਿਆ। ਮੈਂ ਤੇਰੇ ਕੋਲੋਂ ਕੋਈ ਵੀ
ਦੋਸ਼ ਨਹੀਂ ਛੁਪਾਇਆ। ਅਤੇ ਤੂੰ ਮੈਨੂੰ ਮੇਰੇ ਸਾਰੇ ਗੁਨਾਹਾਂ
ਲਈ ਮਾਫ਼ ਕਰ ਦਿੱਤਾ।
6 ਇਸੇ ਕਾਰਣ ਹੇ ਪਰਮੇਸ਼ੁਰ, ਤੇਰੇ ਸਮੂਹ ਪੈਰੋਕਾਰਾਂ ਨੂੰ
ਚਾਹੀਦਾ ਹੈ ਕਿ ਉਹ ਤੇਰੇ ਅੱਗੇ ਪ੍ਰਾਰਥਨਾ ਕਰਨ। ਤੇਰੇ
ਪੈਰੋਕਾਰਾਂ ਨੂੰ ਉਦੋਂ ਵੀ ਪ੍ਰਾਰਥਨਾ ਕਰਨੀ ਚਾਹੀਦੀ ਹੈ ਜਦੋਂ
ਮੁਸੀਬਤਾਂ ਹੜ੍ਹ ਵਾਂਗਰਾਂ ਭਿਆਨਕ ਹੋਣ।
7 ਹੇ ਪਰਮੇਸ਼ੁਰ, ਤੂੰ ਮੇਰੀ ਸ਼ਰਨ ਹੈਂ। ਤੂੰ ਮੇਰੀਆਂ ਮੁਸੀਬਤਾਂ
ਵਿੱਚ ਮੇਰੀ ਰੱਖਿਆ ਕਰਦਾ ਹੈਂ। ਤੂੰ ਮੈਨੂੰ ਘੇਰ ਅਤੇ ਮੇਰੀ
ਰੱਖਿਆ ਕਰ। ਜਿਵੇਂ ਤੂੰ ਮੈਨੂੰ ਬਚਾਇਆ ਹੈ ਉਸ ਦੇ ਬਾਰੇ
ਮੈਂ ਗੀਤ ਗਾਉਂਦਾ ਹਾਂ। ਸਲਹ।
8 ਯਹੋਵਾਹ ਆਖਦਾ ਹੈ, "ਮੈਂ ਤੈਨੂੰ ਸਿੱਖਿਆ ਦੇਵਾਂਗਾ ਅਤੇ
ਤੇਰੀ ਰਾਹਨੁਮਾਈ ਉਸ ਤਰ੍ਹਾਂ ਕਰਾਂਗਾ ਜਿਵੇਂ ਤੈਨੂੰ ਜਿਉਣਾ
ਚਾਹੀਦਾ ਹੈ। ਮੈਂ ਤੈਨੂੰ ਬਚਾਵਾਂਗਾ ਅਤੇ ਤੇਰਾ ਰਹਿਨੁਮਾ
ਬਣਾਂਗਾ।
9 ਇਸ ਲਈ ਕਿਸੇ ਘੋੜੇ ਜਾਂ ਖੱਚਰ ਵਾਂਗਰਾਂ ਮੂਰਖ ਨਾ
ਬਣੋ। ਲੋਕਾਂ ਉਨ੍ਹਾਂ ਜਾਨਵਰਾਂ ਤੇ ਕਾਬੂ ਕਰਨ ਲਈ ਵਾਂਗਾ
ਅਤੇ ਲਗਾਮਾਂ ਇਸਤੇਮਾਲ ਕਰਦੇ ਹਨ। ਉਨ੍ਹਾਂ ਚੀਜ਼ਾਂ ਤੋਂ
ਬਿਨਾ ਉਹ ਜਾਨਵਰ ਤੇਰੇ ਨੇੜੇ ਨਹੀਂ ਆਉਣਗੇ।"
10 ਬੁਰੇ ਲੋਕ ਬਹੁਤ ਸਾਰੇ ਦਰਦਾਂ ਦਾ ਸਾਹਮਣਾ ਕਰਨਗੇ।

ਪਰ ਪਰਮੇਸ਼ੁਰ ਦਾ ਸੱਚਾ ਪਿਆਰ ਉਨ੍ਹਾਂ ਲੋਕਾਂ ਨੂੰ ਘੇਰ
ਲਵੇਗਾ ਜਿਹੜੇ ਯਹੋਵਾਹ ਵਿੱਚ ਯਕੀਨ ਰੱਖਦੇ ਹਨ।
11 ਹੇ ਸੱਜਨੋ, ਅਨੰਦ ਮਾਣੋ ਅਤੇ ਯਹੋਵਾਹ ਵਿੱਚ ਬਹੁਤ ਖੁਸ਼
ਹੋਵੋ। ਤੁਸੀਂ ਪਵਿੱਤਰ ਹਿਰਦਿਆਂ ਵਾਲੇ ਸਮੂਹ ਲੋਕੋ, ਖੁਸ਼ੀ
ਮਨਾਓ।

**33** 1ਹੇ ਸੱਜਣੋ, ਯਹੋਵਾਹ ਵਿੱਚ ਅਨੰਦ ਮਾਣੋ। ਚੰਗੇ
ਲੋਕਾਂ ਲਈ ਉਸ ਦੀ ਉਸਤਤ ਕਰਨਾ ਚੰਗਾ ਹੈ।
2 ਸਾਰੰਗੀ ਵਜਾਓ ਅਤੇ ਉਸ ਦੀ ਉਸਤਤ ਕਰੋ। ਯਹੋਵਾਹ
ਲਈ ਦਸ ਤਾਰਾਂ ਵਾਲਾ ਸਾਜ਼ ਵਜਾਓ।
3 ਉਸ ਲਈ ਇੱਕ ਨਵਾਂ ਗੀਤ ਗਾਓ। ਸੋਹਣੇ ਢੰਗ ਨਾਲ
ਖੁਸ਼ੀ ਦੀ ਧੁਨ ਵਜਾਓ।
4 ਪਰਮੇਸ਼ੁਰ ਦਾ ਸ਼ਬਦ ਸੱਚਾ ਹੈ। ਜੋ ਵੀ ਉਹ ਕਰਦਾ ਤੁਸੀਂ
ਉਸ ਉੱਤੇ ਭਰੋਸਾ ਕਰ ਸਕਦੇ ਹੋ।
5 ਪਰਮੇਸ਼ੁਰ ਨਿਆਂਕਾਰ ਹੋਣ ਅਤੇ ਚੰਗੀਆਂ ਗੱਲਾਂ ਕਰਨ
ਨੂੰ ਪਿਆਰ ਕਰਦਾ ਹੈ। ਧਰਤੀ ਉੱਤੇ ਯਹੋਵਾਹ ਦਾ ਸੱਚਾ
ਪਿਆਰ ਭਰਪੂਰ ਹੈ।
6 ਯਹੋਵਾਹ ਨੇ ਹੁਕਮ ਦਿੱਤਾ ਅਤੇ ਦੁਨੀਆ ਸਾਜੀ ਗਈ।
ਪਰਮੇਸ਼ੁਰ ਦੇ ਮੁੱਖ ਤੋਂ ਨਿਕਲੇ ਹਰ ਸਾਹ ਨੇ ਧਰਤੀ ਦੀ ਹਰ
ਸ਼ੈਅ ਨੂੰ ਸਾਜਿਆ ਹੈ।
7 ਪਰਮੇਸ਼ੁਰ ਨੇ ਸਾਗਰ ਦੇ ਪਾਣੀ ਨੂੰ ਇੱਕ ਥਾਵੇਂ ਇਕੱਠਾ
ਕੀਤਾ। ਉਹ ਸਾਗਰ ਨੂੰ ਇਸ ਦੀ ਥਾਂ ਸਿਰ ਰੱਖਦਾ ਹੈ।
8 ਧਰਤੀ ਦੇ ਹਰ ਬੰਦੇ ਨੂੰ ਡਰਨਾ ਅਤੇ ਯਹੋਵਾਹ ਦਾ ਆਦਰ
ਕਰਨਾ ਚਾਹੀਦਾ ਹੈ। ਦੁਨੀਆ ਦੇ ਸਮੂਹ ਲੋਕਾਂ ਨੂੰ ਉਸ ਤੋਂ
ਡਰਨਾ ਚਾਹੀਦਾ ਹੈ।
9 ਕਿਉਂਕਿ ਪਰਮੇਸ਼ੁਰ ਸਿਰਫ਼ ਹੁਕਮ ਦਿੰਦਾ ਅਤੇ ਉਹ ਗੱਲ
ਵਾਪਰ ਜਾਂਦੀ ਹੈ। ਅਤੇ ਜੇਕਰ ਉਹ ਆਖਦਾ, "ਰੁਕੋ" ਤਾਂ
ਉਹ ਸੈਅ ਠਹਿਰ ਜਾਵੇਗੀ।
10 ਯਹੋਵਾਹ ਕੌਮਾਂ ਦੀ ਸਲਾਹ ਨੂੰ ਅਵਿਰਥਾ ਕਰਦਾ ਹੈ, ਲੋਕਾਂ
ਦੀਆਂ ਜੁਗਤਾਂ ਨੂੰ ਅਕਾਰਥ ਕਰ ਦਿੰਦਾ ਹੈ।
11 ਪਰ ਯਹੋਵਾਹ ਦਾ ਮਸ਼ਵਰਾ ਸਦਾ ਲਈ ਸ਼ੁਭ ਹੈ। ਉਸ
ਦੀਆਂ ਵਿਉਂਤਾਂ ਪੀੜ੍ਹੀ ਦਰ ਪੀੜ੍ਹੀ ਸ਼ੁਭ ਹਨ।
12 ਉਹ ਲੋਕ ਜਿਨ੍ਹਾਂ ਦਾ ਯਹੋਵਾਹ ਪਰਮੇਸ਼ੁਰ ਹੈ ਬਹੁਤ ਸੁਭਾਗੇ
ਹਨ। ਕਿਉਂਕਿ ਪਰਮੇਸ਼ੁਰ ਨੇ ਉਨ੍ਹਾਂ ਨੂੰ ਆਪਣੇ ਖਾਸ ਲੋਕ
ਹੋਣ ਲਈ ਚੁਣਿਆ।
13 ਯਹੋਵਾਹ ਨੇ ਸਵਰਗ ਤੋਂ ਹੇਠਾਂ ਤੱਕਿਆ, ਅਤੇ ਉਸ ਨੇ
ਸਮੂਹ ਲੋਕਾਂ ਨੂੰ ਦੇਖਿਆ।
14 ਉਸ ਨੇ ਆਪਣੇ ਉੱਚੇ ਤਖਤ ਤੋਂ ਧਰਤੀ ਉੱਤੇ ਰਹਿਣ ਵਾਲੇ
ਸਾਰੇ ਹੀ ਲੋਕਾਂ ਵੱਲ ਹੇਠਾਂ ਦੇਖਿਆ।
15 ਪਰਮੇਸ਼ੁਰ ਨੇ ਹਰ ਬੰਦੇ ਦਾ ਮਨ ਸਾਜਿਆ। ਜੋ ਵੀ ਹਰ
ਬੰਦਾ ਸੋਚਦਾ ਪਰਮੇਸ਼ੁਰ ਜਾਣਦਾ ਹੈ।
16 ਰਾਜਾ ਆਪਣੇ ਹੀ ਵੱਡੇ ਬਲ ਦੁਆਰਾ ਨਹੀਂ ਬਚਾਇਆ
ਜਾਂਦਾ। ਤਾਕਤਵਰ ਯੋਧਾ ਉਸ ਦੇ ਆਪਣੀ ਹੀ ਵੱਡੇ ਬਲ
ਦੁਆਰਾ ਨਹੀਂ ਬਚਾਇਆ ਜਾਂਦਾ।
17 ਅਸਲ ਵਿੱਚ ਘੋੜੇ ਯੁੱਧ ਅੰਦਰ ਜਿੱਤ ਪ੍ਰਾਪਤ ਨਹੀਂ
ਕਰਦੇ। ਅਸਲ ਵਿੱਚ ਤੇਰੇ ਬਚ ਨਿਕਲਣ ਵਿੱਚ ਉਨ੍ਹਾਂ ਦਾ
ਬਲ ਤੇਰੀ ਮਦਦ ਨਹੀਂ ਕਰਦਾ।
18 ਯਹੋਵਾਹ ਦੇਖਦਾ ਅਤੇ ਉਨ੍ਹਾਂ ਦੇ ਦੇਖਭਾਲ ਕਰਦਾ ਜਿਹੜੇ
ਉਸ ਦੇ ਮਾਰਗ ਉੱਤੇ ਤੁਰਦੇ ਹਨ। ਉਸ ਦਾ ਵੱਡਾ ਪਿਆਰ
ਉਨ੍ਹਾਂ ਲੋਕਾਂ ਦੀ ਮਦਦ ਕਰਦਾ ਜਿਹੜੇ ਉਸ ਦੀ ਉਪਾਸਨਾ
ਕਰਦੇ ਹਨ।
19 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਮੌਤ ਤੋਂ ਬਚਾਉਂਦਾ ਹੈ, ਉਹ ਉਨ੍ਹਾਂ
ਨੂੰ ਉਦੋਂ ਬਲ ਬਖਸ਼ਦਾ ਹੈ ਜਦੋਂ ਉਹ ਭੁੱਖੇ ਹੁੰਦੇ ਹਨ।
20 ਇਸ ਲਈ ਅਸੀਂ ਯਹੋਵਾਹ ਦਾ ਇੰਤਜ਼ਾਰ ਕਰਾਂਗੇ। ਉਹ
ਸਾਡੀ ਮਦਦ ਕਰਦਾ ਹੈ ਅਤੇ ਉਹ ਸਾਡੀ ਰੱਖਿਆ ਕਰਦਾ
ਹੈ।
21 ਪਰਮੇਸ਼ੁਰ ਸਾਨੂੰ ਖੁਸ਼ੀ ਪ੍ਰਦਾਨ ਕਰਦਾ ਹੈ। ਅਸੀਂ ਸੱਚਮੁੱਚ
ਉਸ ਦੇ ਪਵਿੱਤਰ ਨਾਮ ਵਿੱਚ ਭਰੋਸਾ ਕਰਦੇ ਹਾਂ।
22 ਯਹੋਵਾਹ ਅਸੀਂ ਸੱਚਮੁੱਚ ਤੁਹਾਡੀ ਉਪਾਸਨਾ ਕਰਦੇ
ਹਾਂ। ਇਸ ਲਈ ਆਪਣਾ ਵੱਡਾ ਪਿਆਰ ਸਾਡੇ ਲਈ
ਵਿਖਾਉ।

*ਦਾਊਦ ਦਾ ਇੱਕ ਗੀਤ ਇਹ ਲਿਖਿਆ ਹੈ, ਜਦੋਂ ਦਾਊਦ ਨੇ
ਅਬੀਮਲਕ ਅੱਗੇ ਪਾਗਲ ਵਿਅਕਤੀ ਹੋਣ ਦਾ ਦਿਖਾਵਾ
ਕੀਤਾ ਅਤੇ ਉਸ ਨੂੰ ਛੱਡ ਦਿੱਤਾ।*

**34** 1ਮੈਂ ਹਰ ਵੇਲੇ ਯਹੋਵਾਹ ਨੂੰ ਮੁਬਾਰਕ ਆਖਾਂਗਾ।
ਉਸ ਦੀ ਉਸਤਤ ਹਰ ਵੇਲੇ ਮੇਰੇ ਬੁੱਲ੍ਹਾਂ ਉੱਤੇ ਹੈ।
2 ਹਲੀਮ ਲੋਕੋ, ਸੁਣੋ ਅਤੇ ਅਨੰਦ ਮਾਣੋ। ਮੇਰੀ ਰੂਹ ਯਹੋਵਾਹ
ਬਾਰੇ ਮਾਣ ਕਰਦੀ ਹੈ।
3 ਮੇਰੇ ਸੰਗ ਪਰਮੇਸ਼ੁਰ ਦੀ ਉਸਤਤ ਕਰੋ। ਆਉ ਉਸ ਦੇ ਨਾਂ
ਦਾ ਆਦਰ ਕਰੀਏ।
4 ਮੈਂ ਮਦਦ ਲਈ ਪਰਮੇਸ਼ੁਰ ਵੱਲ ਗਿਆ, ਅਤੇ ਉਸ ਨੇ
ਮੇਰੀ ਗੱਲ ਸੁਣੀ। ਉਸ ਨੇ ਮੈਨੂੰ ਉਨ੍ਹਾਂ ਸਾਰੀਆਂ ਚੀਜ਼ਾਂ ਤੋਂ
ਬਚਾਇਆ ਜਿਨ੍ਹਾਂ ਤੋਂ ਮੈਂ ਭੈਭੀਤ ਹਾਂ।
5 ਮਦਦ ਲਈ, ਪਰਮੇਸ਼ੁਰ ਵੱਲ ਤੱਕੋ। ਤੁਸੀਂ ਪ੍ਰਵਾਨ ਹੋਵੋਂਗੇ,
ਸ਼ਰਮਸਾਰ ਨਾ ਹੋਵੋ।
6 ਇਸ ਗਰੀਬ ਬੰਦੇ ਨੇ ਯਹੋਵਾਹ ਨੂੰ ਮਦਦ ਲਈ
ਪੁਕਾਰਿਆ। ਅਤੇ ਯਹੋਵਾਹ ਨੇ ਮੈਨੂੰ ਸੁਣਿਆ। ਉਸ ਨੇ
ਮੈਨੂੰ ਸਾਰੀਆਂ ਮੁਸੀਬਤਾਂ ਤੋਂ ਬਚਾਇਆ।
7 ਯਹੋਵਾਹ ਦਾ ਦੂਤ ਉਸ ਦੇ ਮੰਨਣ ਵਾਲਿਆਂ ਦੇ ਦੁਆਲੇ
ਡੇਰਾ ਲਾਉਂਦਾ ਹੈ। ਯਹੋਵਾਹ ਦਾ ਦੂਤ ਉਨ੍ਹਾਂ ਦੀ ਰੱਖਿਆ
ਕਰਦਾ।
8 ਯਹੋਵਾਹ ਨੂੰ ਚਖੋ ਅਤੇ ਦੇਖੋ ਉਹ ਕਿੰਨਾ ਭਲਾ ਹੈ। ਜੋ ਬੰਦਾ
ਯਹੋਵਾਹ ਉੱਤੇ ਨਿਰਭਰ ਹੁੰਦਾ ਸੱਚਮੁੱਚ ਖੁਸ਼ ਹੁੰਦਾ ਹੈ।
9 ਯਹੋਵਾਹ ਦੇ ਪਵਿੱਤਰ ਲੋਕਾਂ ਨੂੰ ਉਸ ਤੋਂ ਡਰਨਾ ਅਤੇ ਉਸ
ਦੀ ਉਪਾਸਨਾ ਕਰਨੀ ਚਾਹੀਦੀ ਹੈ। ਪਰਮੇਸ਼ੁਰ ਦੇ ਚੇਲਿਆਂ
ਲਈ ਹੋਰ ਕੋਈ ਸੁਰੱਖਿਆ ਦਾ ਸਥਾਨ ਨਹੀਂ ਹੈ।
10 ਇਥੋਂ ਤਕ ਕਿ ਜੁਆਨ ਸ਼ੇਰ ਕਮਜ਼ੋਰ ਅਤੇ ਭੁੱਖੇ ਹੋ ਜਾਣਗੇ।
ਪਰ ਉਹ ਲੋਕ ਜਿਹੜੇ ਮਦਦ ਲਈ ਪਰਮੇਸ਼ੁਰ ਵੱਲ ਜਾਂਦੇ
ਹਨ ਉਨ੍ਹਾਂ ਕੋਲ ਹਰ ਚੰਗੀ ਚੀਜ਼ ਹੋਵੇਗੀ।
11 ਬੱਚਿਓ ਮੇਰੀ ਗੱਲ ਸੁਣੋ। ਅਤੇ ਮੈਂ ਤੈਨੂੰ ਯਹੋਵਾਹ ਦੀ
ਇੱਜ਼ਤ ਕਰਨੀ ਸਿਖਾਵਾਂਗਾ।
12 ਜੇ ਕੋਈ ਬੰਦਾ ਆਪਣੀ ਜਿੰਦ ਨੂੰ ਪਿਆਰ ਕਰਦਾ ਹੈ ਅਤੇ
ਚੰਗੀ ਅਤੇ ਲੰਮੀ ਜ਼ਿੰਦਗੀ ਰਹਿਣਾ ਚਾਹੁੰਦਾ ਹੈ।

13 ਤਾਂ ਉਸ ਬੰਦੇ ਨੂੰ ਚਾਹੀਦਾ ਕਿ ਉਹ ਬਿਲਕੁਲ ਵੀ ਬੁਰੀਆਂ ਗੱਲਾਂ ਨਾ ਆਖੇ ਅਤੇ ਉਹ ਬੰਦਾ ਬਿਲਕੁਲ ਵੀ ਝੂਠ ਨਾ ਬੋਲੇ।

14 ਬੁਰੇ ਕੰਮ ਕਰਨੇ ਛੱਡੋ। ਨੇਕ ਕੰਮ ਕਰੇ, ਅਮਨ ਵਾਸਤੇ ਕੰਮ ਕਰੇ। ਸ਼ਾਂਤੀ ਦੇ ਪਿੱਛੇ ਭੱਜੇ ਜਦੋਂ ਤੱਕ ਇਸ ਨੂੰ ਫ਼ੜ ਨਾ ਲਵੇ।

15 ਯਹੋਵਾਹ ਨੇਕ ਬੰਦਿਆਂ ਦੀ ਰੱਖਿਆ ਕਰਦਾ ਹੈ। ਉਹ ਉਨ੍ਹਾਂ ਦੀਆਂ ਪ੍ਰਾਰਥਨਾ ਸੁਣਦਾ ਹੈ।

16 ਪਰ ਯਹੋਵਾਹ ਉਨ੍ਹਾਂ ਲੋਕਾਂ ਦੇ ਖਿਲਾਫ਼ ਹੈ ਜਿਹੜੇ ਬੁਰੇ ਕੰਮ ਕਰਦੇ ਹਨ। ਉਹ ਉਨ੍ਹਾਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੰਦਾ ਹੈ।

17 ਯਹੋਵਾਹ ਅੱਗੇ ਪ੍ਰਾਰਥਨਾ ਕਰੋ ਅਤੇ ਉਹ ਸੁਣ ਲਵੇਗਾ। ਉਹ ਤੈਨੂੰ ਤੇਰੀਆਂ ਸਾਰੀਆਂ ਮੁਸੀਬਤਾਂ ਤੋਂ ਬਚਾਵੇਗਾ।

18 ਜਦੋਂ ਕੁਝ ਲੋਕ ਮੁਸੀਬਤਾਂ ਵਿੱਚ ਹੁੰਦੇ ਹਨ, ਤਾਂ ਉਹ ਗੁਮਾਨ ਕਰਨਾ ਛੱਡ ਦਿੰਦੇ ਹਨ। ਯਹੋਵਾਹ ਉਨ੍ਹਾਂ ਹਲੀਮ ਲੋਕਾਂ ਦੇ ਨੇੜੇ ਹੁੰਦਾ ਹੈ। ਉਹ ਉਨ੍ਹਾਂ ਨੂੰ ਬਚਾਵੇਗਾ।

19 ਹੋ ਸਕਦਾ ਨੇਕ ਬੰਦਿਆਂ ਨੂੰ ਔਕੜਾਂ ਆਉਣ। ਪਰ ਯਹੋਵਾਹ ਉਨ੍ਹਾਂ ਨੂੰ ਉਨ੍ਹਾਂ ਦੀ ਹਰ ਔਕੜ ਤੋਂ ਬਚਾਵੇਗਾ।

20 ਯਹੋਵਾਹ ਉਨ੍ਹਾਂ ਦੀਆਂ ਸਾਰੀਆਂ ਹੱਡੀਆਂ ਦੀ ਰੱਖਿਆ ਕਰੇਗਾ। ਉਨ੍ਹਾਂ ਦੀ ਕੋਈ ਵੀ ਹੱਡੀ ਨਹੀਂ ਟੁੱਟੇਗੀ।

21 ਪਰ ਮੁਸੀਬਤਾਂ ਬੁਰੇ ਲੋਕਾਂ ਨੂੰ ਮਾਰ ਦੇਣਗੀਆਂ। ਨੇਕ ਲੋਕਾਂ ਦੇ ਸਾਰੇ ਦੁਸ਼ਮਣ ਤਬਾਹ ਹੋ ਜਾਣਗੇ।

22 ਯਹੋਵਾਹ ਆਪਣੇ ਸੇਵਕ ਦੀਆਂ ਰੂਹਾਂ ਬਚਾਉਂਦਾ ਹੈ। ਉਹ ਲੋਕ ਉਸ ਉੱਤੇ ਨਿਰਭਰ ਕਰਦੇ ਹਨ। ਉਹ ਉਨ੍ਹਾਂ ਨੂੰ ਤਬਾਹ ਨਹੀਂ ਹੋਣ ਦੇਵੇਗਾ।

*ਦਾਊਦ ਦਾ ਇੱਕ ਗੀਤ।*

**35** 1ਹੇ ਯਹੋਵਾਹ, ਮੇਰੇ ਵਿਰੋਧੀਆਂ ਦੇ ਖਿਲਾਫ਼ ਲੜ। ਮੇਰੇ ਯੁੱਧ ਲੜ।

2 ਹੇ ਯਹੋਵਾਹ, ਆਪਣੀ ਢਾਲ ਅਤੇ ਫ਼ਰੀ ਚੁੱਕ ਲੈ। ਉੱਠ ਅਤੇ ਮੇਰੀ ਮਦਦ ਕਰ।

3 ਆਪਣਾ ਨੇਜਾ ਅਤੇ ਬਰਛਾ ਚੁੱਕ ਅਤੇ ਉਨ੍ਹਾਂ ਲੋਕਾਂ ਦੇ ਖਿਲਾਫ਼ ਲੜ ਜੋ ਮੇਰਾ ਪਿੱਛਾ ਕਰ ਰਹੇ ਹਨ। ਯਹੋਵਾਹ, ਮੇਰੀ ਜਾਨ ਨੂੰ ਆਖ, "ਮੈਂ ਤੈਨੂੰ ਬਚਾਵਾਂਗਾ।"

4 ਉਹ ਜੋ ਮੈਨੂੰ ਮਾਰਨ ਦੀ ਕੋਸ਼ਿਸ਼ ਕਰਦੇ ਹਨ ਨਿਰਾਸ਼ ਅਤੇ ਸ਼ਰਮਸਾਰ ਹੋਣ। ਉਹ ਜਿਹੜੇ ਮੈਨੂੰ ਸੱਟ ਮਾਰਨ ਦੀ ਸਾਜਿਸ਼ ਕਰਦੇ ਹਨ, ਹਾਰ ਜਾਣ ਅਤੇ ਸ਼ਰਮਸਾਰ ਹੋਣ।

5 ਉਨ੍ਹਾਂ ਨੂੰ ਉਸ ਤੂੜੀ ਵਾਂਗ ਬਣਾ। ਜਿਹੜੀ ਹਵਾ ਦੁਆਰਾ ਉੱਡ ਜਾਂਦੀ ਹੈ। ਯਹੋਵਾਹ ਦੇ ਦੂਤ ਨੂੰ ਉਨ੍ਹਾਂ ਦਾ ਪਿੱਛਾ ਕਰਨ ਦਿਓ।

6 ਯਹੋਵਾਹ, ਉਨ੍ਹਾਂ ਦੇ ਰਾਹਾਂ ਨੂੰ ਹਨੇਰਮਈ ਅਤੇ ਤਿਲਕਣਾ ਬਣਾ ਦੇ। ਯਹੋਵਾਹ ਦੇ ਦੂਤ ਨੂੰ ਉਨ੍ਹਾਂ ਦਾ ਪਿੱਛਾ ਕਰਨ ਦਿਓ।

7 ਮੈਂ ਕੋਈ ਗਲਤ ਕੰਮ ਨਹੀਂ ਕੀਤਾ। ਪਰ ਉਨ੍ਹਾਂ ਲੋਕਾਂ ਨੇ ਮੈਨੂੰ ਫ਼ੜਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੇ ਮੈਨੂੰ ਅਕਾਰਣ ਹੀ ਫ਼ਸਾਉਣ ਦੀ ਕੋਸ਼ਿਸ਼ ਕੀਤੀ।

8 ਇਸ ਲਈ ਯਹੋਵਾਹ, ਉਨ੍ਹਾਂ ਨੂੰ ਆਪਣੀਆਂ ਚਾਲਾਂ ਵਿੱਚ ਫ਼ਸਣ ਦਿਓ, ਉਨ੍ਹਾਂ ਨੂੰ ਆਪਣੇ ਹੀ ਜਾਲਾਂ ਵਿੱਚ ਡਿੱਗਣ ਦਿਓ। ਕੋਈ ਅਣਪਛਾਣਿਆ ਖਤਰਾ ਉਨ੍ਹਾਂ ਨੂੰ ਫ਼ੜ ਲਵੇ।

9 ਫ਼ੇਰ ਮੈਂ ਯਹੋਵਾਹ ਵਿੱਚ ਅਨੰਦ ਮਾਣਾਂਗਾ। ਮੈਂ ਖੁਸ਼ ਹੋਵਾਂਗਾ ਜਦੋਂ ਉਸ ਨੇ ਮੈਨੂੰ ਬਚਾਉਂਦਾ ਹੈ।

10 ਫ਼ੇਰ ਮੇਰੀ ਪੂਰੀ ਹਸਤੀ ਆਖੇਗੀ; "ਯਹੋਵਾਹ, ਤੇਰੇ ਜਿਹਾ ਕੋਈ ਨਹੀਂ। ਤੂੰ ਗਰੀਬ ਲੋਕਾਂ ਨੂੰ ਉਨ੍ਹਾਂ ਤੋਂ ਬਚਾਉਂਦਾ ਹੈਂ ਜੋ ਡਾਢੇ ਹਨ। ਤੂੰ ਡਾਢਿਆਂ ਕੋਲੋਂ ਚੀਜ਼ਾਂ ਖੋਹ ਕੇ ਉਹ ਚੀਜ਼ਾਂ ਤੂੰ ਗਰੀਬ ਅਤੇ ਲਾਚਾਰਾਂ ਨੂੰ ਦਿੰਦੇ ਹੈਂ।"

11 ਗਵਾਹਾਂ ਦੀ ਇੱਕ ਟੋਲੀ ਮੈਨੂੰ ਨੁਕਸਾਨ ਪਹੁੰਚਾਣ ਲਈ ਵਿਉਂਤਾਂ ਘੜ ਰਹੀ ਹੈ, ਉਹ ਲੋਕ ਮੇਰੇ ਪਾਸੋਂ ਐਸੇ ਸਵਾਲ ਪੁੱਛਦੇ ਹਨ ਜਿਨ੍ਹਾਂ ਦਾ ਮੈਂ ਕੋਈ ਜਵਾਬ ਨਹੀਂ ਜਾਣਦਾ।

12 ਮੈਂ ਤਾਂ ਸਿਰਫ਼ ਚੰਗੇ ਕੰਮ ਕੀਤੇ ਹਨ। ਪਰ ਉਹ ਲੋਕ ਮੇਰੇ ਨਾਲ ਬੁਰੇ ਕੰਮ ਕਰਦੇ ਹਨ। ਯਹੋਵਾਹ, ਮੈਨੂੰ ਸ਼ੁਭ ਚੀਜ਼ਾਂ ਦੇ ਜਿਨ੍ਹਾਂ ਦਾ ਮੈਂ ਹੱਕਦਾਰ ਹਾਂ।

13 ਜਦੋਂ ਉਹ ਲੋਕ ਬਿਮਾਰ ਸਨ, ਮੈਂ ਉਨ੍ਹਾਂ ਲਈ ਦੁਖੀ ਸੀ। ਮੈਂ ਭੋਜਨ ਛੱਡ ਕੇ ਉਨ੍ਹਾਂ ਨੂੰ ਆਪਣਾ ਪਿਆਰ ਵਿਖਾਇਆ। ਕੀ ਮੈਨੂੰ ਉਨ੍ਹਾਂ ਦੀ ਪ੍ਰਾਰਥਨਾ ਕਰਕੇ ਇਹੀ ਸਿਲਾ ਮਿਲਿਆ?

14 ਮੈਂ ਉਨ੍ਹਾਂ ਲੋਕਾਂ ਲਈ ਗਮੀ ਦੇ ਬਸਤਰ ਪਹਿਨੇ। ਮੈਂ ਉਨ੍ਹਾਂ ਨਾਲ ਮਿੱਤਰਾਂ ਜਾਂ ਮੇਰੇ ਭਰਾਵਾਂ ਵਰਗਾ ਵਿਹਾਰ ਕੀਤਾ। ਮੈਂ ਉਦਾਸ ਸਾਂ ਜਿਵੇਂ ਇੱਕ ਵਿਅਕਤੀ ਚੀਕਦਾ ਜਿਸ ਦੀ ਮਾਂ ਮਰ ਗਈ ਹੋਵੇ। ਮੈਂ ਉਨ੍ਹਾਂ ਲੋਕਾਂ ਨੂੰ ਆਪਣੀ ਉਦਾਸੀ ਵਿਖਾਉਣ ਲਈ ਕਾਲੇ ਵਸਤਰ ਪਹਿਨੇ। ਮੈਂ ਗਮ ਨਾਲ ਨੀਵੀਂ ਪਾ ਕੇ ਤੁਰਦਾ।

15 ਪਰ ਜਦੋਂ ਮੈਂ ਕੋਈ ਗਲਤੀ ਕੀਤੀ, ਉਹ ਲੋਕ ਮੇਰੇ ਉੱਤੇ ਹੱਸੇ। ਉਹ ਲੋਕ ਸੱਚਮੁੱਚ ਦੋਸਤ ਨਹੀਂ ਸਨ, ਮੈਂ ਤਾਂ ਉਨ੍ਹਾਂ ਨੂੰ ਜਾਣਦਾ ਵੀ ਨਹੀਂ ਹਾਂ। ਪਰ ਉਨ੍ਹਾਂ ਨੇ ਮੈਨੂੰ ਘੇਰ ਲਿਆ ਅਤੇ ਮੇਰੇ ਉੱਤੇ ਹਮਲਾ ਕੀਤਾ।

16 ਉਨ੍ਹਾਂ ਨੇ ਬੁਰੀ ਭਾਸ਼ਾ ਇਸਤੇਮਾਲ ਕੀਤੀ ਅਤੇ ਮੇਰਾ ਮਜ਼ਾਕ ਉਡਾਇਆ। ਉਨ੍ਹਾਂ ਲੋਕਾਂ ਨੇ ਦੰਦ ਕਰੀਚਦਿਆਂ ਵਿਖਾਇਆ ਕਿ ਉਹ ਕ੍ਰੋਧਵਾਨ ਸਨ।

17 ਮੇਰੇ ਮਾਲਕ ਤੂੰ ਕਿੰਨਾ ਕੁ ਚਿਰ ਇਨ੍ਹਾਂ ਬੁਰੀਆਂ ਗੱਲਾਂ ਦੇ ਵਾਪਰਨ ਨੂੰ ਦੇਖਦੇ ਰਹੇਂਗਾ? ਉਹ ਲੋਕ ਮੈਨੂੰ ਤਬਾਹ ਕਰਨ ਦਾ ਜਤਨ ਕਰ ਰਹੇ ਹਨ। ਹੇ ਪਰਮੇਸ਼ੁਰ, ਮੇਰੀ ਜਿੰਦ ਦੀ ਰੱਖਿਆ ਕਰ। ਮੇਰੀ ਅਨਮੋਲ ਜ਼ਿੰਦਗੀ ਨੂੰ ਉਨ੍ਹਾਂ ਬੁਰੇ ਲੋਕਾਂ ਦੇ ਹੱਥੋਂ ਬਚਾ। ਉਹ ਸ਼ੇਰਾਂ ਵਰਗੇ ਹਨ।

18 ਯਹੋਵਾਹ, ਮੈਂ ਵੱਡੀ ਸਭਾ ਵਿੱਚ ਤੁਹਾਡੀ ਉਸਤਤ ਕਰਾਂਗਾ। ਮੈਂ ਤੁਹਾਡੀ ਉਸਤਤ ਕਰਾਂਗਾ, ਜਦੋਂ ਮੈਂ ਸ਼ਕਤੀਸ਼ਾਲੀ ਲੋਕਾਂ ਦੇ ਸੰਗ ਹੋਵਾਂਗਾ।

19 ਮੇਰੇ ਝੂਠੇ ਦੁਸ਼ਮਣ ਹੱਸਦੇ ਨਹੀਂ ਰਹਿ ਸਕਣਗੇ। ਅਵੱਸ਼ ਹੀ ਮੇਰੇ ਦੁਸ਼ਮਣਾਂ ਨੂੰ ਉਨ੍ਹਾਂ ਦੀਆਂ ਗੁਪਤ ਵਿਉਂਤਾਂ ਦਾ ਦੰਡ ਮਿਲੇਗਾ।

20 ਅਸਲ ਵਿੱਚ ਮੇਰੇ ਦੁਸ਼ਮਣ ਅਮਨ ਦੀਆਂ ਵਿਉਂਤਾਂ ਨਹੀਂ ਬਣਾ ਰਹੇ। ਉਹ ਖੁਫ਼ੀਆਂ ਤੌਰ ਤੇ ਇਸ ਦੇਸ ਦੇ ਅਮਨ ਪਸੰਦ ਲੋਕਾਂ ਲਈ ਬਦੀ ਕਰਨ ਦੀਆਂ ਯੋਜਨਾਵਾਂ ਬਣਾ ਰਹੇ ਹਨ।

21 ਮੇਰੇ ਦੁਸ਼ਮਣ ਮੇਰੇ ਬਾਰੇ ਬੁਰੀਆਂ ਗੱਲਾਂ ਆਖ ਰਹੇ ਹਨ।
ਉਹ ਝੂਠ ਬੋਲਦੇ ਹਨ ਅਤੇ ਆਖਦੇ ਹਨ, “ਆਹਾ ਅਸੀਂ
ਜਾਣਦੇ ਹਾਂ ਕਿ ਤੁਸੀਂ ਕੀ ਕਰ ਰਹੇ ਹੋ।”
22 ਯਹੋਵਾਹ, ਤੂੰ ਲਾਜਮੀ ਤੌਰ ਤੇ ਵੇਖ ਰਿਹਾ ਹੈਂ, ਕਿ ਕੀ ਹੋ
ਰਿਹਾ। ਇਸ ਲਈ ਚੁੱਪ ਨਾ ਰਹਿ। ਮੈਨੂੰ ਛੱਡ ਕੇ ਨਾ ਜਾਹ।
23 ਯਹੋਵਾਹ, ਜਾਗ। ਉੱਠ। ਮੇਰੇ ਪਰਮੇਸ਼ੁਰ ਅਤੇ ਮੇਰੇ
ਯਹੋਵਾਹ, ਮੇਰੇ ਲਈ ਲੜ, ਅਤੇ ਮੇਰੇ ਨਾਲ ਇਨਸਾਫ਼
ਕਰ।
24 ਯਹੋਵਾਹ ਮੇਰੇ ਪਰਮੇਸ਼ੁਰ ਮੇਰੇ ਬਾਰੇ ਆਪਣੀ ਨਿਰਪੱਖਤਾ
ਨਾਲ ਨਿਆਂ ਕਰ। ਉਨ੍ਹਾਂ ਲੋਕਾਂ ਨੂੰ ਮੇਰੇ ਉੱਤੇ ਹੱਸਣ ਨਾ ਦੇ।
25 ਉਨ੍ਹਾਂ ਲੋਕਾਂ ਨੂੰ ਨਾ ਆਖਣ ਦੇ, “ਆਹਾ। ਅਸੀਂ ਜੋ ਚਾਹਿਆ
ਸਾਨੂੰ ਮਿਲ ਗਿਆ।” ਯਹੋਵਾਹ, ਉਨ੍ਹਾਂ ਨੂੰ ਨਾ ਆਖਣ ਦੇ,
“ਅਸੀਂ ਉਸ ਨੂੰ ਤਬਾਹ ਕਰ ਦਿੱਤਾ।”
26 ਮੇਰੇ ਸਾਰੇ ਵੈਰੀ ਸ਼ਰਮਿੰਦਾ ਹੋਣ ਅਤੇ ਪਰੇਸ਼ਾਨੀ ਵਿੱਚ
ਪੈਣ। ਉਹ ਲੋਕੀਂ ਖੁਸ਼ ਸਨ ਜਦੋਂ ਮੇਰੇ ਨਾਲ ਬੁਰੀਆਂ ਗੱਲਾਂ
ਵਾਪਰ ਰਹੀਆਂ ਸਨ। ਉਨ੍ਹਾਂ ਨੇ ਸੋਚਿਆ ਸੀ ਕਿ ਉਹ
ਮੇਰੇ ਨਾਲੋਂ ਬਿਹਤਰ ਹਨ। ਇਸ ਲਈ ਉਨ੍ਹਾਂ ਲੋਕਾਂ ਨੂੰ
ਸ਼ਰਮਿੰਦਗੀ ਅਤੇ ਅਪਮਾਨ ਨਾਲ ਢੱਕ।
27 ਕੁਝ ਲੋਕੀਂ ਚਾਹੁੰਦੇ ਹਨ ਕਿ ਮੇਰੇ ਨਾਲ ਚੰਗੀਆਂ ਗੱਲਾਂ
ਵਾਪਰਨ। ਮੈਂ ਆਸ ਕਰਦਾ ਹਾਂ ਕਿ ਉਹ ਲੋਕ ਬਹੁਤ ਖੁਸ਼
ਹੋਣਗੇ। ਉਹ ਲੋਕ ਸਦਾ ਆਖਦੇ ਹਨ, “ਯਹੋਵਾਹ ਮਹਾਨ
ਹੈ। ਉਹ ਆਪਣੇ ਸੇਵਕਾਂ ਦੀ ਭਲਾਈ ਚਾਹੁੰਦਾ ਹੈ।”
28 ਇਸ ਲਈ ਯਹੋਵਾਹ, ਮੈਂ ਲੋਕਾਂ ਨੂੰ ਤੇਰੀ ਭਲਿਆਈ ਬਾਰੇ
ਦੱਸਦਾ ਹਾਂ। ਮੈਂ ਹਰ ਰੋਜ਼ ਉਸਤਤ ਕਰਦਾ ਹਾਂ।

*ਨਿਰਦੇਸ਼ਕ ਲਈ: ਯਹੋਵਾਹ ਦੇ ਸੇਵਕ ਦਾਊਦ ਦਾ ਇੱਕ ਗੀਤ।*

**36** [1]ਬੁਰਾ ਆਦਮੀ ਬਹੁਤ ਹੀ ਬੁਰਾ ਕਰਦਾ ਹੈ ਜਦੋਂ ਉਹ
ਆਪਣੇ-ਆਪ ਨੂੰ ਆਖਦਾ, ਮੈਂ ਨਹੀਂ ਡਰਾਂਗਾ ਅਤੇ
ਪਰਮੇਸ਼ੁਰ ਦਾ ਆਦਰ ਨਹੀਂ ਕਰਾਂਗਾ।
2 ਉਹ ਆਦਮੀ ਆਪਣੇ-ਆਪ ਨੂੰ ਝੂਠ ਆਖਦਾ। ਉਹ
ਆਪਣੇ ਪਾਪਾਂ ਨੂੰ ਨਹੀਂ ਵੇਖਦਾ, ਇਸੇ ਲਈ ਉਹ ਮਾਫ਼ੀ
ਨਹੀਂ ਮੰਗਦਾ।
3 ਉਸ ਦੇ ਸ਼ਬਦ ਨਿਰਾਰਥਕ ਝੂਠ ਹਨ। ਉਹ ਸਿਆਣਾ ਨਹੀਂ
ਬਣਦਾ ਜਾਂ ਉਹ ਭਲਿਆਈ ਕਰਨਾ ਨਹੀਂ ਸਿੱਖਿਆ।
4 ਰਾਤ ਵੇਲੇ, ਉਹ ਫ਼ਜ਼ੂਲ ਦੀਆਂ ਵਿਉਂਤਾਂ ਬਣਾਉਂਦਾ ਹੈ।
ਉਹ ਜਾਗਦਾ ਅਤੇ ਕੁਝ ਵੀ ਚੰਗਾ ਨਹੀਂ ਕਰਦਾ। ਪਰ ਉਹ
ਬਦੀ ਕਰਨ ਤੋਂ ਇਨਕਾਰ ਨਹੀਂ ਕਰਦਾ।
5 ਯਹੋਵਾਹ, ਤੇਰਾ ਸੱਚਾ ਪਿਆਰ ਆਕਾਸ਼ ਨਾਲੋਂ ਵੀ ਉੱਚਾ
ਹੈ। ਤੇਰੀ ਵਫ਼ਾਦਾਰੀ ਬੱਦਲਾਂ ਤੋਂ ਉੱਚੀ ਹੈ।
6 ਯਹੋਵਾਹ, ਤੇਰੀ ਨੇਕੀ ਸਭ ਤੋਂ ਉੱਚੇ ਪਰਬਤ ਨਾਲੋਂ ਉੱਚੀ
ਹੈ। ਤੇਰੀ ਨਿਰਪੱਖਤਾ ਸਾਗਰਾਂ ਤੋਂ ਡੂੰਘੀ ਹੈ। ਯਹੋਵਾਹ, ਤੂੰ
ਆਦਮੀ ਅਤੇ ਜਾਨਵਰ ਦੀ ਰੱਖਿਆ ਕਰਦਾ ਹੈਂ।
7 ਤੇਰੇ ਪਿਆਰ ਭਰੀ ਦਯਾ ਨਾਲੋਂ ਕੁਝ ਵੀ ਅਨਮੋਲ ਨਹੀਂ।
ਲੋਕ ਅਤੇ ਦੂਤ ਤੇਰੇ ਵੱਲ ਸੁਰੱਖਿਆ ਲਈ ਆਉਂਦੇ ਹਨ।
8 ਯਹੋਵਾਹ, ਉਹ ਤੇਰੇ ਘਰ ਵਿੱਚਲੀਆਂ ਸ਼ੁਭ ਚੀਜ਼ਾਂ ਪਾਸੋਂ
ਨਵੀਂ ਸ਼ਕਤੀ ਹਾਸਲ ਕਰਦੇ ਹਨ। ਤੂੰ ਉਨ੍ਹਾਂ ਨੂੰ ਆਪਣੀ
ਅਦਭੁਤ ਨਦੀ ਦਾ ਨੀਰ ਪੀਣ ਦਿੰਦਾ ਹੈਂ।
9 ਯਹੋਵਾਹ, ਜੀਵਨ ਦਾ ਚਸ਼ਮਾ ਤੇਰੇ ਵੱਲੋਂ ਵੱਗਦਾ ਹੈ। ਤੇਰੇ
ਚਾਨਣ ਵਿੱਚ, ਅਸੀਂ ਚਾਨਣ ਦੇਖਦੇ ਹਾਂ।
10 ਯਹੋਵਾਹ, ਉਨ੍ਹਾਂ ਲੋਕਾਂ ਨੂੰ ਪਿਆਰ ਕਰਦਾ ਹੈ, ਜਿਹੜੇ
ਸੱਚਮੁੱਚ ਤੈਨੂੰ ਜਾਣਦੇ ਹਨ। ਅਤੇ ਉਨ੍ਹਾਂ ਲੋਕਾਂ ਲਈ ਸ਼ੁਭ
ਗੱਲਾਂ ਕਰੋ ਜਿਹੜੇ ਤੇਰੇ ਵੱਲ ਸੱਚੇ ਹਨ।
11 ਹੇ ਯਹੋਵਾਹ, ਮੈਨੂੰ ਹੰਕਾਰੀ ਲੋਕਾਂ ਦੇ ਜਾਲ ਵਿੱਚ ਨਾ ਫ਼ਸਣ
ਦੇ। ਮੈਂ ਦੁਸ਼ਟ ਲੋਕਾਂ ਦੁਆਰਾ ਨਾ ਫ਼ੜਿਆ ਜਾਵਾਂ।
12 ਉਨ੍ਹਾਂ ਦੀਆਂ ਕਬਰਾਂ ਉੱਤੇ ਇਹ ਲਿਖੋ: “ਬਦਕਾਰ ਲੋਕ
ਇੱਥੇ ਡਿੱਗੇ ਸਨ। ਉਹ ਕੁਚਲੇ ਗਏ। ਉਹ ਫ਼ੇਰ ਕਦੀ ਵੀ
ਨਹੀਂ ਖਲੋ ਸਕਣਗੇ।”

*ਦਾਊਦ ਦਾ ਇੱਕ ਗੀਤ।*

**37** [1]ਦੁਸ਼ਟ ਲੋਕਾਂ ਬਾਰੇ ਪਰੇਸ਼ਾਨ ਨਾ ਹੋਵੋ। ਬਦਕਾਰਾਂ
ਬਾਰੇ ਈਰਖਾਲੂ ਨਾ ਹੋਵੋ।
2 ਬੁਰੇ ਲੋਕ ਉਸ ਘਾਹ ਅਤੇ ਹਰੇ ਪੌਦਿਆਂ ਵਰਗੇ ਹਨ
ਜਿਹੜੇ ਛੇਤੀ ਹੀ ਮੁਰਝਾ ਜਾਂਦੇ ਹਨ ਅਤੇ ਮਰ ਜਾਂਦੇ ਹਨ।
3 ਜੇ ਤੂੰ ਯਹੋਵਾਹ ਵਿੱਚ ਯਕੀਨ ਰੱਖਦਾ ਹੈਂ ਅਤੇ ਚੰਗੇ ਕਾਰੇ
ਕਰਦਾ ਹੈਂ, ਤੂੰ ਧਰਤੀ ਉੱਤੇ ਜੀਵੇਂਗਾ ਅਤੇ ਉਨ੍ਹਾਂ ਵਿਭਿੰਨ
ਚੀਜ਼ਾਂ ਨਾਲ ਅਨੰਦਿਤ ਹੋ ਜਾਵੇਗਾ ਜੋ ਉਹ ਦਿੰਦਾ ਹੈ।
4 ਯਹੋਵਾਹ ਦੀ ਸੇਵਾ ਕਰਦਿਆਂ ਖੁਸ਼ੀ ਅਨੁਭਵ ਕਰ, ਅਤੇ
ਉਹ ਤੇਰੀਆਂ ਮੁਰਾਦਾਂ ਪੂਰੀਆਂ ਕਰੇਗਾ।
5 ਯਹੋਵਾਹ ਉੱਤੇ ਨਿਰਭਰ ਰਹਿ, ਅਤੇ ਉਸ ਵਿੱਚ ਯਕੀਨ
ਰੱਖ। ਫ਼ੇਰ ਜਿਹੜਾ ਲੋੜੀਂਦਾ ਹੈ, ਉਹ ਕਰੇਗਾ।
6 ਆਪਣੀ ਨੇਕੀ ਅਤੇ ਨਿਰਪੱਖਤਾ ਨੂੰ ਦੁਪਿਹਰ ਦੀ ਤਿੱਖੀ
ਧੁੱਪ ਵਾਂਗ ਚਮਕਣ ਦੇ।
7 ਯਹੋਵਾਹ ਉੱਤੇ ਭਰੋਸਾ ਕਰ ਅਤੇ ਉਸ ਦੀ ਮਦਦ ਲਈ
ਇੰਤਜ਼ਾਰ ਕਰ। ਜਦੋਂ ਬੁਰੇ ਲੋਕੀਂ ਸਫ਼ਲ ਹੋ ਜਾਂਦੇ ਹਨ ਤਾਂ
ਪਰੇਸ਼ਾਨ ਨਾ ਹੋ। ਜਦੋਂ ਬੁਰੇ ਲੋਕ ਦੁਸ਼ਟ ਵਿਉਂਤਾਂ ਬਣਾਉਂਦੇ
ਹਨ, ਅਤੇ ਉਹ ਸਫ਼ਲ ਹੋ ਜਾਂਦੇ ਹਨ।
8 ਕ੍ਰੋਧ ਨਾ ਕਰ। ਪਾਗਲ ਨਾ ਬਣ। ਇੰਨਾ ਨਾ ਕੁੜ੍ਹ ਕਿ ਤੂੰ ਵੀ
ਬੁਰੀਆਂ ਗੱਲਾਂ ਕਰਨੀਆਂ ਚਾਹੇਂ।
9 ਕਿਉਂਕਿ ਦੁਸ਼ਟ ਲੋਕ ਨਸ਼ਟ ਹੋ ਜਾਣਗੇ। ਪਰ ਉਹ ਜਿਹੜੇ
ਮਦਦ ਲਈ ਯਹੋਵਾਹ ਨੂੰ ਪੁਕਾਰਦੇ ਹਨ ਉਨ੍ਹਾਂ ਨੂੰ ਉਹ ਭੂਮੀ
ਮਿਲੇਗੀ ਜਿਸ ਦਾ ਪਰਮੇਸ਼ੁਰ ਨੇ ਵਾਇਦਾ ਕੀਤਾ ਸੀ।
10 ਥੋੜੇ ਹੀ ਸਮੇਂ ਬਾਦ ਇੱਥੇ ਬੁਰੇ ਲੋਕ ਨਹੀਂ ਹੋਣਗੇ। ਭਾਵੇਂ ਤੂੰ
ਉਨ੍ਹਾਂ ਨੂੰ ਲੱਭਦਾ ਰਹੇਂ ਪਰ ਉਹ ਸਾਰੇ ਹੀ ਜਾ ਚੁੱਕੇ ਹੋਣਗੇ।
11 ਹਲੀਮ ਲੋਕਾਂ ਨੂੰ ਉਹ ਭੂਮੀ ਮਿਲੇਗੀ ਜਿਸ ਦਾ ਪਰਮੇਸ਼ੁਰ
ਨੇ ਵਾਇਦਾ ਕੀਤਾ ਸੀ ਅਤੇ ਉਹ ਸ਼ਾਂਤੀ ਦਾ ਮਜ਼ਾ ਲੈਣਗੇ।
12 ਦੁਸ਼ਟ ਲੋਕੀਂ ਚੰਗੇ ਲੋਕਾਂ ਦੇ ਖਿਲਾਫ਼ ਯੋਜਨਾਵਾਂ ਬਣਾਉਂਦੇ
ਹਨ। ਉਹ ਬੁਰੇ ਲੋਕ ਨੇਕ ਬੰਦਿਆਂ ਉੱਤੇ ਦੰਦ ਪੀਸਕੇ
ਆਪਣਾ ਗੁੱਸਾ ਵਿਖਾਉਂਦੇ ਹਨ।
13 ਪਰ ਸਾਡਾ ਮਾਲਕ ਉਨ੍ਹਾਂ ਬੁਰੇ ਲੋਕਾਂ ਉੱਤੇ ਹੱਸਦਾ ਹੈ। ਅਤੇ
ਉਹ ਜਾਣਦਾ ਉਨ੍ਹਾਂ ਨਾਲ ਕੀ ਵਾਪਰੇਗਾ।
14 ਬੁਰੇ ਲੋਕ ਆਪਣੀ ਤੇਗਾਂ ਧੂਹ ਲੈਂਦੇ ਹਨ ਅਤੇ ਆਪਣੀਆਂ
ਕਮਾਨਾਂ ਸੇਧ ਲੈਂਦੇ ਹਨ। ਉਹ ਗਰੀਬ ਬੇਸਹਾਰਾਂ ਲੋਕਾਂ ਨੂੰ
ਮਾਰਨਾ ਚਾਹੁੰਦੇ ਹਨ। ਉਹ ਚੰਗੇ, ਇਮਾਨਦਾਰ ਲੋਕਾਂ ਨੂੰ
ਮਾਰਨਾ ਚਾਹੁੰਦੇ ਹਨ।

15 ਉਨ੍ਹਾਂ ਦੀਆਂ ਤਲਵਾਰਾਂ ਉਨ੍ਹਾਂ ਦੇ ਖੁਦ ਦੇ ਦਿਲਾਂ ਅੰਦਰ ਹੀ ਧਸਣਗੀਆਂ ਅਤੇ ਉਨ੍ਹਾਂ ਦੇ ਧਨੁਸ਼ ਟੁੱਟ ਜਾਣਗੇ।
16 ਬੁਰੇ ਬੰਦਿਆਂ ਦੀ ਭੀੜ ਨਾਲੋਂ ਥੋੜੇ ਹੀ ਨੇਕ ਬੰਦੇ ਬਿਹਤਰ ਹਨ।
17 ਕਿਉਂਕਿ ਬੁਰੇ ਬੰਦੇ ਤਬਾਹ ਕਰ ਦਿੱਤੇ ਜਾਣਗੇ। ਪਰ ਯਹੋਵਾਹ ਨੇਕ ਬੰਦਿਆਂ ਦਾ ਧਿਆਨ ਰੱਖਦਾ ਹੈ।
18 ਯਹੋਵਾਹ, ਸ਼ੁੱਧ ਲੋਕਾਂ ਦੀ ਸਾਰੀ ਉਮਰ ਰੱਖਿਆ ਕਰਦਾ ਹੈ। ਉਨ੍ਹਾਂ ਦਾ ਇਨਾਮ ਸਦੀਵੀ ਰਹੇਗਾ।
19 ਜਦੋਂ ਕਿਤੇ ਵੀ ਸੰਕਟ ਆਉਂਦਾ, ਚੰਗੇ ਲੋਕ ਨਿਰਾਸ਼ ਨਹੀਂ ਹੋਣਗੇ। ਜਦੋਂ ਭੁੱਖ ਦੇ ਦਿਨ ਆਉਣਗੇ ਚੰਗੇ ਲੋਕਾਂ ਕੋਲ ਖਾਣ ਲਈ ਚੋਖਾ ਹੋਵੇਗਾ।
20 ਪਰ ਬੁਰੇ ਲੋਕੀਂ ਯਹੋਵਾਹ ਦੇ ਦੁਸ਼ਮਣ ਹਨ, ਅਤੇ ਉਹ ਬੁਰੇ ਲੋਕ ਤਬਾਹ ਹੋਣਗੇ। ਉਨ੍ਹਾਂ ਦੀਆਂ ਵਾਦੀਆਂ ਸੜ ਸੁੱਕ ਜਾਣਗੀਆਂ। ਉਹ ਪੂਰੀ ਤਰ੍ਹਾਂ ਤਬਾਹ ਹੋ ਜਾਣਗੇ।
21 ਦੁਸ਼ਟ ਉਧਾਰ ਲੈਂਦਾ ਹੈ ਅਤੇ ਕਦੇ ਵਾਪਸ ਕਰਨ ਦਾ ਨਾਂ ਨਹੀਂ ਲੈਂਦਾ। ਪਰ ਨੇਕ ਆਦਮੀ ਖੁੱਲ੍ਹ ਦਿਲੀ ਨਾਲ ਦਾਨ ਕਰਦਾ ਹੈ।
22 ਹਰ ਇੱਕ ਜਿਸ ਨੂੰ ਯਹੋਵਾਹ ਬਰਕਤ ਦਿੰਦਾ ਹੈ ਉਹ ਧਰਤੀ ਨੂੰ ਪ੍ਰਾਪਤ ਕਰੇਗਾ ਜਿਸ ਦਾ ਉਸ ਨੇ ਵਾਇਦਾ ਕੀਤਾ ਹੈ। ਹਰ ਇੱਕ ਜਿਸ ਨੂੰ ਉਹ ਸਰਾਪ ਦਿੰਦਾ ਹੈ ਨਾਸ ਹੋ ਜਾਵੇਗਾ।
23 ਯਹੋਵਾਹ ਸਾਨੂੰ ਇਹ ਵਿਖਾਉਂਦਾ ਹੈ ਕਿ ਕਿ ਸਾਨੂੰ ਕਿਵੇਂ ਜੀਉਣਾ ਚਾਹੀਦਾ ਹੈ, ਅਤੇ ਉਹ ਖੁਸ਼ ਹੁੰਦਾ ਹੈ ਜਦ ਇਹ ਵੇਖਦਾ ਹੈ ਕਿ ਅਸੀਂ ਉਸੇ ਤਰ੍ਹਾਂ ਹੀ ਜੀ ਰਹੇ ਹਾਂ।
24 ਜੇ ਉਹ ਠੇਡਾ ਖਾਣਗੇ, ਉਹ ਡਿੱਗਣਗੇ ਨਹੀਂ, ਕਿਉਂਕਿ ਯਹੋਵਾਹ ਉਨ੍ਹਾਂ ਨੂੰ ਬਚਾਉਣ ਲਈ ਪਹੁੰਚ ਜਾਂਦਾ ਹੈ।
25 ਮੈਂ ਜਵਾਨ ਸਾਂ ਅਤੇ ਹੁਣ ਬੁੱਢਾ ਹਾਂ ਅਤੇ ਮੈਂ ਕਦੇ ਵੀ ਪਰਮੇਸ਼ੁਰ ਨੂੰ ਨੇਕ ਬੰਦਿਆਂ ਦਾ ਸਾਥ ਛੱਡਦਿਆਂ ਨਹੀਂ ਦੇਖਿਆ। ਮੈਂ ਕਦੇ ਵੀ ਨੇਕ ਬੰਦਿਆਂ ਦੇ ਬੱਚਿਆਂ ਨੂੰ ਭੁੱਖਿਆਂ ਮਰਦਿਆਂ ਨਹੀਂ ਵੇਖਿਆ।
26 ਇੱਕ ਚੰਗਾ ਆਦਮੀ ਹੋਰਾਂ ਨੂੰ ਖੁੱਲ੍ਹ ਦਿਲੀ ਨਾਲ ਦਾਨ ਕਰਦਾ ਹੈ ਅਤੇ ਉਸ ਦੇ ਬੱਚੇ ਇੱਕ ਮੁਬਾਰਕ ਹਨ।
27 ਜੇ ਤੂੰ ਬੁਰੀਆਂ ਗੱਲਾਂ ਕਰਨ ਤੋਂ ਇਨਕਾਰ ਕਰਦਾ ਹੈਂ, ਅਤੇ ਜੇ ਤੂੰ ਚੰਗੀਆਂ ਗੱਲਾਂ ਕਰਦਾ ਹੈਂ। ਤਾਂ ਤੂੰ ਸਦਾ ਲਈ ਜੀਉਂਦਾ ਰਹੇਂਗਾ।
28 ਯਹੋਵਾਹ ਨਿਰਪੱਖਤਾ ਨੂੰ ਪਿਆਰ ਕਰਦਾ ਹੈ। ਉਹ ਆਪਣੇ ਚੇਲਿਆਂ ਨੂੰ ਨਿਆਸਰਾ ਨਹੀਂ ਛੱਡੇਗਾ। ਯਹੋਵਾਹ ਹਮੇਸ਼ਾ ਆਪਣੇ ਆਸਥਾਵਾਨਾਂ ਦੀ ਰੱਖਿਆ ਕਰੇਗਾ, ਪਰ ਉਹ ਬਦਚਲਣ ਲੋਕਾਂ ਨੂੰ ਤਬਾਹ ਕਰ ਦੇਵੇਗਾ।
29 ਨੇਕ ਬੰਦੇ ਉਹ ਭੂਮੀ ਹਾਸਲ ਕਰਨਗੇ ਜਿਸ ਦਾ ਪਰਮੇਸ਼ੁਰ ਨੇ ਇਕਰਾਰ ਕੀਤਾ ਉਹ ਸਦਾ ਲਈ ਇਸ ਉੱਤੇ ਰਹਿਣਗੇ।
30 ਇੱਕ ਚੰਗਾ ਬੰਦਾ ਇੱਕ ਚੰਗਾ ਮਸ਼ਵਰਾ ਦਿੰਦਾ ਹੈ। ਉਸ ਦੇ ਨਿਆਂ ਹਰ ਇੱਕ ਵਾਸਤੇ ਬੇਲਾਗ ਹੁੰਦੇ ਹਨ।
31 ਉਸ ਨੇ ਯਹੋਵਾਹ ਦੇ ਉਪਦੇਸ਼ਾਂ ਨੂੰ ਸਿਖ ਲਿਆ ਹੈ, ਅਤੇ ਉਹ ਜ਼ਿੰਦਗੀ ਦੇ ਸਹੀ ਢੰਗ ਤੋਂ ਵੱਖਰਾ ਨਹੀਂ ਹੋਵੇਗਾ।
32 ਦੁਸ਼ਟ ਲੋਕ ਹਮੇਸ਼ਾ ਚੰਗੇ ਲੋਕਾਂ ਨੂੰ ਮਾਰਨ ਦਾ ਅਵਸਰ ਲੱਭਦੇ ਹਨ।
33 ਪਰਮੇਸ਼ੁਰ ਚੰਗੇ ਲੋਕਾਂ ਤੋਂ ਬੇਮੁੱਖ ਨਹੀਂ ਹੋਵੇਗਾ ਜਦੋਂ ਉਹ ਦੁਸ਼ਟ ਲੋਕਾਂ ਦੁਆਰਾ ਅਦਾਲਤ ਵਿੱਚ ਲਿਜਾਏ ਜਾਂਦੇ ਹਨ। ਉਹ ਉਨ੍ਹਾਂ ਨੂੰ ਨਿੰਦੇ ਨਹੀਂ ਜਾਣ ਦੇਵੇਗਾ।
34 ਉਹੀ ਕਰ ਜੋ ਯਹੋਵਾਹ ਆਖਦਾ ਹੈ ਤੇ ਉਸ ਦੀ ਸਹਾਇਤਾ ਦਾ ਇੰਤਜ਼ਾਰ ਕਰ। ਯਹੋਵਾਹ ਤੈਨੂੰ ਜੇਤੂ ਬਣਾਵੇਗਾ, ਅਤੇ ਉਹ ਤੈਨੂੰ ਉਹ ਧਰਤੀ ਦੇਵੇਗਾ ਜਿਸ ਦਾ ਉਸ ਨੇ ਇਕਰਾਰ ਕੀਤਾ ਸੀ, ਜਦੋਂ ਉਹ ਬੁਰੇ ਲੋਕਾਂ ਨੂੰ ਨਿੱਕਲ ਜਾਣ ਲਈ ਮਜ਼ਬੂਰ ਕਰ ਦੇਵੇਗਾ।
35 ਮੈਂ ਇੱਕ ਦੁਸ਼ਟ ਬੰਦੇ ਨੂੰ ਵੇਖਿਆ ਜੋ ਸ਼ਕਤੀਸ਼ਾਲੀ ਸੀ। ਉਹ ਇੱਕ ਤਕੜੇ ਰੁੱਖ ਵਰਗਾ ਸੀ।
36 ਪਰ ਜਦੋਂ ਉਹ ਚਲਿਆ ਗਿਆ ਮੈਂ ਉਸ ਦੀ ਤਲਾਸ਼ ਕੀਤੀ ਪਰ ਉਹ ਮੈਨੂੰ ਨਹੀਂ ਮਿਲਿਆ।
37 ਪਵਿੱਤਰ ਅਤੇ ਇਮਾਨਦਾਰ ਬਣ। ਅਮਨ ਪਸੰਦ ਲੋਕਾਂ ਦੇ ਬਹੁਤ ਵਾਰਸ ਹੋਣਗੇ।
38 ਪਰ ਉਹ ਲੋਕ ਜਿਹੜੇ ਨਿਯਮ ਤੋੜਦੇ ਹਨ ਪੂਰੀ ਤਰ੍ਹਾਂ ਤਬਾਹ ਹੋ ਜਾਣਗੇ। ਅਤੇ ਉਨ੍ਹਾਂ ਦੀ ਔਲਾਦ ਧਰਤੀ ਛੱਡਣ ਲਈ ਮਜ਼ਬੂਰ ਹੋ ਜਾਵੇਗੀ।
39 ਯਹੋਵਾਹ ਨੇਕ ਬੰਦਿਆਂ ਨੂੰ ਬਚਾਉਂਦਾ ਹੈ। ਜਦੋਂ ਨੇਕ ਬੰਦੇ ਮੁਸੀਬਤਾਂ ਵਿੱਚ ਹੁੰਦੇ ਹਨ ਯਹੋਵਾਹ ਹੀ ਉਨ੍ਹਾਂ ਦੀ ਸ਼ਕਤੀ ਬਣਦਾ ਹੈ।
40 ਯਹੋਵਾਹ ਨੇਕ ਬੰਦਿਆਂ ਦੀ ਸਹਾਇਤਾ ਕਰਦਾ ਹੈ, ਅਤੇ ਉਨ੍ਹਾਂ ਨੂੰ ਬਚਾਉਂਦਾ ਹੈ। ਨੇਕ ਬੰਦੇ ਯਹੋਵਾਹ ਤੇ ਨਿਰਭਰ ਕਰਦੇ ਹਨ। ਅਤੇ ਉਹ ਉਨ੍ਹਾਂ ਲੋਕਾਂ ਨੂੰ ਬੁਰੇ ਲੋਕਾਂ ਤੋਂ ਬਚਾਉਂਦਾ ਹੈ।

*ਦਾਊਦ ਦੇ ਗੀਤਾਂ ਵਿੱਚੋਂ ਇੱਕ। ਯਾਦਗਿਰੀ ਦੇ ਦਿਨ ਲਈ।*[a]

**38** 1ਹੇ ਯਹੋਵਾਹ, ਕ੍ਰੋਧ ਵਿੱਚ ਮੈਨੂੰ ਨਾ ਦਬਕਾ, ਮੈਨੂੰ ਅਨੁਸ਼ਾਸਤ ਕਰਦੇ ਸਮੇਂ ਗੁੱਸੇ ਨਾ ਹੋ।
2 ਤੂੰ ਮੈਨੂੰ ਸੱਟ ਮਾਰੀ ਹੈ, ਤੇਰੇ ਤੀਰ ਮੇਰੇ ਅੰਦਰ ਡੂੰਘੇ ਧਸ ਗਏ ਹਨ।
3 ਤੂੰ ਮੈਨੂੰ ਦੰਡ ਦਿੱਤਾ, ਮੇਰਾ ਸਾਰਾ ਸਰੀਰ ਜ਼ਖਮੀ ਹੈ। ਮੈਂ ਪਾਪ ਕੀਤਾ ਅਤੇ ਤੂੰ ਮੈਨੂੰ ਦੰਡ ਦਿੱਤਾ ਇਸ ਲਈ ਮੇਰੇ ਹੱਡ ਦੁੱਖ ਰਹੇ ਹਨ।
4 ਮੈਂ ਬੁਰੇ ਅਮਲਾਂ ਦਾ ਦੋਸ਼ੀ ਹਾਂ। ਅਤੇ ਇਹ ਦੋਸ਼ ਡਾਢੇ ਭਾਰ ਜਿਹਾ ਹੈ। ਸਿਰ ਚੁੱਕਣ ਲਈ ਮੈਂ ਬਹੁਤ ਸ਼ਰਮਿੰਦਾ ਹਾਂ ਮੈਂ ਅਤਿ ਮੂਰਖ ਹਾਂ।
5 ਮੇਰੇ ਜ਼ਖਮਾਂ ਵਿੱਚ ਪਾਕ ਪੈ ਗਈ ਹੈ, ਅਤੇ ਸੜਿਆਂਦ ਆਉਂਦੀ ਹੈ। ਕਿਉਂਕਿ ਮੈਂ ਇੱਕ ਮੂਰਖਮਈ ਗੱਲ ਕੀਤੀ।
6 ਮੇਰੀ ਕਮਰ ਝੁਕ ਗਈ ਹੈ ਅਤੇ ਮੈਂ ਦਿਨ ਭਰ ਗਮਗੀਨ ਰਹਿੰਦਾ ਹਾਂ।
7 ਮੈਨੂੰ ਬੁਖਾਰ ਹੈ, ਅਤੇ ਮੇਰਾ ਸਰੀਰ ਦੁੱਖ ਰਿਹਾ ਹੈ।
8 ਮੈਨੂੰ ਇੰਨਾ ਦਰਦ ਹੋ ਰਿਹਾ ਕਿ ਮੈਂ ਕੁਝ ਵੀ ਮਹਿਸੂਸ ਨਹੀਂ ਕਰ ਸਕਦਾ ਮੇਰਾ ਦਿਲ ਚੀਕਾਂ ਮਾਰ ਰਿਹਾ ਹੈ ਕਿਉਂਕਿ ਇਹ ਚੂਰ ਹੋਇਆ ਹੈ।

[a] ***38:1 ਯਾਦਗਿਰੀ…ਲਈ*** ਪ੍ਰਾਚੀਨ ਯੂਨਾਨੀ ਅਨੁਵਾਦ ਪੜ੍ਹਦਾ "ਸਬਤ ਲਈ।"

ਜ਼ਬੂਰ

9 ਮੇਰੇ ਮਾਲਕ, ਤੂੰ ਮੇਰਾ ਦਰਦ ਨਾਲ ਕੁਰਾਹੁਣਾ ਸੁਣਿਆ ਹੈ।
ਮੇਰੇ ਹੌਂਕੇ ਤੁਹਾਥੋ ਲੁਕੇ ਹੋਏ ਨਹੀਂ ਹਨ।
10 ਮੇਰਾ ਦਿਲ ਚੂਰ ਹੋ ਰਿਹਾ ਹੈ। ਮੇਰੀ ਸ਼ਕਤੀ ਮੁੱਕ ਗਈ ਹੈ
ਅਤੇ ਮੈਂ ਅੰਨ੍ਹਾ ਹੋ ਰਿਹਾ ਹਾਂ।
11 ਮੇਰੀ ਬਿਮਾਰੀ ਦੇ ਕਾਰਣ, ਮੇਰੇ ਮਿੱਤਰ ਅਤੇ ਗੁਆਂਢੀ
ਮੇਰੇ ਕੋਲ ਨਹੀਂ ਆਉਂਦੇ। ਮੇਰਾ ਪਰਿਵਾਰ ਮੇਰੇ ਨੇੜੇ ਨਹੀਂ
ਢੁਕਦਾ।
12 ਮੇਰੇ ਵੈਰੀ ਮੇਰੇ ਬਾਰੇ ਬੁਰੀਆਂ ਗੱਲਾਂ ਕਰਦੇ ਹਨ। ਉਹ ਝੂਠ
ਅਤੇ ਅਫ਼ਵਾਹਾਂ ਫ਼ੈਲਾ ਰਹੇ ਹਨ। ਉਹ ਦਿਨ ਭਰ ਮੇਰੀਆਂ
ਗੱਲਾਂ ਕਰਦੇ ਹਨ।
13 ਪਰ ਮੈਂ ਉਸ ਬੋਲੇ ਬੰਦੇ ਵਰਗਾ ਹਾਂ ਜਿਹੜਾ ਸੁਣ ਨਹੀਂ
ਸਕਦਾ। ਮੈਂ ਇੱਕ ਗੂੰਗੇ ਆਦਮੀ ਵਾਂਗ ਹਾਂ ਜਿਹੜਾ ਬੋਲ
ਨਹੀਂ ਸਕਦਾ।
14 ਮੈਂ ਉਸ ਬੰਦੇ ਵਰਗਾ ਹਾਂ ਜਿਹੜਾ ਉਹ ਨਹੀਂ ਸੁਣ ਸਕਦਾ ਜੋ
ਲੋਕ ਉਸ ਬਾਰੇ ਆਖਦੇ ਹਨ। ਮੈਂ ਬਹਿਸ ਨਹੀਂ ਕਰ ਸਕਦਾ
ਅਤੇ ਸਾਬਤ ਨਹੀਂ ਕਰ ਸਕਦਾ, ਕਿ ਮੇਰੇ ਦੁਸ਼ਮਣ ਗਲਤ
ਹਨ।
15 ਇਸ ਲਈ ਯਹੋਵਾਹ, ਤੂੰ ਹੀ ਮੇਰੀ ਰੱਖਿਆ ਕਰ। ਮੇਰੇ
ਮਾਲਕ ਤੂੰ ਹੀ ਮੇਰੀ ਥਾਵੇਂ ਬੋਲ।
16 ਜੇਕਰ ਮੈਂ ਕੁਝ ਆਖਦਾ ਹਾ, "ਮੇਰੇ ਦੁਸ਼ਮਣ ਮੇਰੇ ਉੱਤੇ
ਹੱਸਣਗੇ। ਉਹ ਵੇਖਣਗੇ ਕਿ ਮੈਂ ਬਿਮਾਰ ਹਾਂ, ਅਤੇ
ਆਖਣਗੇ ਕਿ ਮੈਨੂੰ ਮੇਰੇ ਪਾਪਾਂ ਲਈ ਦੰਡ ਮਿਲ ਰਿਹਾ
ਹੈ।"
17 ਮੇਰੇ ਦਰਦ ਹਮੇਸ਼ਾ ਮੇਰੇ ਪਿੱਛੇ ਪਏ ਰਹਿੰਦੇ ਹਨ ਇਸ ਲਈ
ਹੁਣ ਮੈਂ ਆਪਣਾ ਹੌਸਲਾ ਛੱਡਣ ਹੀ ਵਾਲਾ ਹਾਂ।
18 ਯਹੋਵਾਹ, ਮੈਂ ਤੈਨੂੰ ਆਪਣੇ ਬੁਰੇ ਅਮਲਾਂ ਬਾਰੇ ਦੱਸਿਆ
ਸੀ। ਮੈਂ ਆਪਣੇ ਗੁਨਾਹਾਂ ਬਾਰੇ ਉਦਾਸ ਹਾਂ।
19 ਮੇਰੇ ਦੁਸ਼ਮਣ ਜੀਉਂਦੇ ਹਨ ਅਤੇ ਉਹ ਸਿਹਤਮੰਦ ਹਨ।
ਅਤੇ ਉਨ੍ਹਾਂ ਨੇ ਬਹੁਤ ਸਾਰੇ ਝੂਠ ਬੋਲੇ ਹਨ।
20 ਮੇਰੇ ਦੁਸ਼ਮਣਾਂ ਨੇ ਮੇਰੇ ਨਾਲ ਦੁਸ਼ਟਤਾ ਭਰੀਆਂ ਗੱਲਾਂ
ਕੀਤੀਆਂ ਜਦ ਕਿ ਮੈਂ ਉਨ੍ਹਾਂ ਨਾਲ ਸਦਾ ਹੀ ਚੰਗਾ ਵਿਹਾਰ
ਕੀਤਾ। ਮੈਂ ਸਿਰਫ਼ ਚੰਗੇ ਸਲੂਕ ਦੀ ਕੋਸ਼ਿਸ਼ ਕੀਤੀ ਪਰ ਫ਼ੇਰ
ਵੀ ਉਹ ਲੋਕ ਮੇਰੇ ਖਿਲਾਫ਼ ਹੋ ਗਏ।
21 ਯਹੋਵਾਹ, ਮੈਨੂੰ ਛੱਡ ਕੇ ਨਾ ਜਾਹ। ਮੇਰੇ ਪਰਮੇਸ਼ੁਰ ਨੇੜੇ
ਰਹਿ।
22 ਛੇਤੀ ਆ ਅਤੇ ਮੇਰੀ ਸਹਾਇਤਾ ਕਰ। ਮੇਰੇ ਪਰਮੇਸ਼ੁਰ,
ਮੈਨੂੰ ਬਚਾ।

*ਨਿਰਦੇਸ਼ਕ ਲਈ, ਯਦੂਥੂਨ ਨੂੰ। ਦਾਊਦ ਦਾ ਇੱਕ ਗੀਤ।*

**39** 1 ਮੈਂ ਆਖਿਆ, "ਮੈਂ ਉਨ੍ਹਾਂ ਗੱਲਾਂ ਦਾ ਧਿਆਨ
ਰੱਖਾਂਗਾ ਜੋ ਮੈਂ ਆਖਾਂਗਾ। ਮੈਂ ਆਪਣੀ ਜ਼ੁਬਾਨ ਨੂੰ,
ਮੈਥੋਂ ਪਾਪ ਕਰਾਉਣ ਦਾ ਕਾਰਣ ਨਹੀਂ ਬਣਨ ਦੇਵਾਂਗਾ। ਮੈਂ
ਆਪਣਾ ਮੂੰਹ ਬੰਦ ਰੱਖਾਂਗਾ ਜਦੋਂ ਮੈਂ ਦੁਸ਼ਟ ਲੋਕਾਂ ਦੁਆਰਾ
ਘਿਰਿਆ ਹੋਵਾਂਗਾ।"
2 ਇਸ ਲਈ ਮੈਂ ਕੁਝ ਵੀ ਨਹੀਂ ਆਖਿਆ। ਮੈਂ ਤਾਂ ਕੋ ਚੰਗੀ
ਗੱਲ ਵੀ ਨਹੀਂ ਆਖੀ। ਪਰ ਮੈਂ ਹੋਰ ਵੀ ਪਰੇਸ਼ਾਨ ਹੋ
ਗਿਆ।
3 ਮੈਂ ਬਹੁਤ ਕ੍ਰੋਧ ਵਿੱਚ ਸਾਂ। ਅਤੇ ਮੈਂ ਜਿੰਨਾ ਵੀ ਇਸ ਬਾਰੇ
ਸੋਚਿਆ, ਮੈਂ ਹੋਰ ਕ੍ਰੋਧਵਾਨ ਹੋ ਗਿਆ। ਇਸ ਲਈ ਮੈਂ ਕੁਝ
ਆਖਿਆ।
4 ਯਹੋਵਾਹ, ਮੈਨੂੰ ਦੱਸ, ਹੁਣ ਮੇਰੇ ਨਾਲ ਕੀ ਹੋਵੇਗਾ? ਮੈਨੂੰ
ਦੱਸ, ਮੈਂ ਕਿੰਨਾ ਕੁ ਚਿਰ ਜੀਵਾਂਗਾ? ਮੈਂ ਜਾਣ ਜਾਵਾਂ, ਅਸਲ
ਵਿੱਚ ਮੇਰੀ ਉਮਰ ਕਿੰਨੀ ਛੋਟੀ ਹੈ।
5 ਹੇ ਯਹੋਵਾਹ, ਤੂੰ ਮੈਨੂੰ ਜ਼ਿੰਦਗੀ ਦਾ ਸਿਰਫ਼ ਇੱਕ ਛੋਟਾ
ਜਿਹਾ ਪਲ ਪ੍ਰਦਾਨ ਕੀਤਾ ਹੈ। ਤੇਰੇ ਮੁਕਾਬਲੇ, ਮੇਰੀ ਥੋੜੀ
ਜਿਹੀ ਉਮਰ ਕੁਝ ਵੀ ਨਹੀਂ। ਹਰ ਬੰਦੇ ਦਾ ਜੀਵਨ ਸਿਰਫ਼
ਬੱਦਲ ਵਰਗਾ ਹੈ। ਜਿਹੜਾ ਛੇਤੀ ਹੀ ਉੱਡ ਜਾਂਦਾ ਹੈ, ਕੋਈ
ਵੀ ਬੰਦਾ ਸਦਾ ਲਈ ਨਹੀਂ ਰਹਿੰਦਾ।
6 ਸਾਡਾ ਜੀਵਨ, ਸ਼ੀਸ਼ੇ ਵਿੱਚਲੇ ਇੱਕ ਅਕਸ ਵਰਗਾ ਹੈ।
ਅਸੀਂ ਜੀਵਨ ਵਿੱਚ ਚੀਜ਼ਾਂ ਪਿੱਛੇ ਭੱਜਦੇ ਹਾਂ ਪਰ ਜਾਣਦੇ
ਨਹੀਂ ਕਿ ਸਾਡੇ ਮਰਨ ਪਿੱਛੋਂ ਉਨ੍ਹਾਂ ਨੂੰ ਕੌਣ ਹਾਸਲ ਕਰੇਗਾ।
7 ਇਸੇ ਲਈ, ਮੇਰੇ ਮਾਲਕ, ਮੇਰੇ ਕੋਲ ਕੀ ਆਸ ਹੈ? ਤੂੰ ਹੀ
ਮੇਰੀ ਆਸ ਹੈਂ।
8 ਯਹੋਵਾਹ, ਮੈਨੂੰ ਉਨ੍ਹਾਂ ਬੁਰੇ ਕੰਮਾਂ ਤੋਂ ਬਚਾ ਜਿਹੜੇ ਮੈਂ ਕੀਤੇ
ਸਨ। ਮੇਰੇ ਨਾਲ ਦੁਸ਼ਟ ਆਦਮੀ ਵਰਗਾ ਸਲੂਕ ਨਾ ਹੋਣ
ਦੇ।
9 ਮੈਂ ਆਪਣਾ ਮੂੰਹ ਨਹੀਂ ਖੋਲ੍ਹਾਂਗਾ। ਮੈਂ ਕੁਝ ਵੀ ਨਹੀਂ
ਆਖਾਂਗਾ। ਯਹੋਵਾਹ, ਤੂੰ ਉਹੀ ਕੀਤਾ ਜੋ ਕਰਨ ਵਾਲਾ ਸੀ।
10 ਪਰ ਹੇ ਪਰਮੇਸ਼ੁਰ, ਮੈਨੂੰ ਦੰਡ ਦੇਣ ਤੋਂ ਰੁਕ ਜਾਹ। ਤੂੰ ਨਹੀਂ
ਰੁਕਿਆ ਤਾਂ ਮੈਨੂੰ ਤਬਾਹ ਕਰ ਦੇਵੇਂਗਾ।
11 ਯਹੋਵਾਹ, ਤੂੰ ਲੋਕਾਂ ਨੂੰ ਜਿਉਣ ਦਾ ਸਹੀ ਰਸਤਾ ਸਿਖਾਉਣ
ਲਈ ਉਨ੍ਹਾਂ ਦੇ ਬੁਰੇ ਕਾਰਿਆਂ ਦਾ ਦੰਡ ਦਿੰਦਾ ਹੈਂ। ਜਿਵੇਂ
ਇੱਕ ਪਤੰਗਾ ਕੱਪੜੇ ਨੂੰ ਬਰਬਾਦ ਕਰਦਾ ਹੈ, ਤੂੰ ਪੂਰੀ ਤਰ੍ਹਾਂ
ਉਨ੍ਹਾਂ ਚੀਜ਼ਾਂ ਨੂੰ ਤਬਾਹ ਕਰ ਦੇ ਜਿਨ੍ਹਾਂ ਨੂੰ ਲੋਕ ਪਿਆਰ
ਕਰਦੇ ਹਨ। ਹਾਂ, ਸਾਡਾ ਜੀਵਨ ਇੱਕ ਨਿੱਕੇ ਬੱਦਲ ਵਰਗਾ
ਹੈ ਜਿਹੜਾ ਛੇਤੀ ਹੀ ਉੱਡ ਜਾਂਦਾ ਹੈ।
12 ਯਹੋਵਾਹ, ਮੇਰੀ ਪ੍ਰਾਰਥਨਾ ਸੁਣ। ਮੇਰੇ ਵਿਰਲਾਪ ਵੱਲ
ਧਿਆਨ ਦੇ। ਮੇਰੇ ਹੰਝੂਆਂ ਵੱਲ ਵੇਖ। ਮੈਂ ਤੇਰੇ ਸੰਗ ਵਿੱਚ
ਸਿਰਫ਼ ਇੱਕ ਮੁਸਾਫ਼ਿਰ ਹਾਂ ਜਿਹੜਾ ਜੀਵਨ ਗੁਜ਼ਾਰ ਰਿਹਾ
ਹੈ। ਆਪਣੇ ਸਾਰੇ ਪੁਰਖਿਆਂ ਦੀ ਤਰ੍ਹਾਂ, ਮੈਂ ਇੱਥੇ ਥੋੜੇ ਸਮੇਂ
ਲਈ ਰਹਿੰਦਾ ਹਾਂ।
13 ਯਹੋਵਾਹ, ਮੈਨੂੰ ਇਕੱਲਾ ਛੱਡ ਦੇ। ਅਤੇ ਮੈਨੂੰ ਖੁਸ਼ ਹੋਣ ਦੇ,
ਇਸ ਤੋਂ ਪਹਿਲਾਂ ਕਿ ਮੈਂ ਮਰ ਜਾਵਾਂ ਅਤੇ ਮੁੱਕ ਜਾਵਾਂ।

*ਨਿਰਦੇਸ਼ਕ ਲਈ : ਦਾਊਦ ਦਾ ਇੱਕ ਗੀਤ।*

**40** 1 ਮੈਂ ਯਹੋਵਾਹ ਨੂੰ ਪੁਕਾਰਿਆ ਅਤੇ ਉਸ ਨੇ ਮੇਰੀ
ਪੁਕਾਰ ਸੁਣੀ। ਉਸ ਨੇ ਮੇਰੀ ਦੁਹਾਈ ਸੁਣੀ।
2 ਯਹੋਵਾਹ ਨੇ ਮੈਨੂੰ ਕਬਰ ਤੋਂ ਬਚਾ ਲਿਆ। ਉਸ ਨੇ ਮੈਨੂੰ
ਚਿੱਕੜ ਵਿੱਚੋਂ ਉਤਾਹਾਂ ਚੁੱਕਿਆ। ਉਸ ਨੇ ਮੈਨੂੰ ਚੁੱਕਿਆ
ਅਤੇ ਠੋਸ ਧਰਤੀ ਉੱਤੇ ਸਥਾਪਿਤ ਕੀਤਾ ਅਤੇ ਮੇਰੇ ਪੈਰਾਂ
ਨੂੰ ਤਿਲਕਣ ਤੋਂ ਬਚਾਇਆ।
3 ਪਰਮੇਸ਼ੁਰ ਨੇ ਮੇਰੇ ਮੂੰਹ ਵਿੱਚ ਇੱਕ ਨਵਾਂ ਗੀਤ ਪਾਇਆ।
ਮੇਰੇ ਪਰਮੇਸ਼ੁਰ ਦੀ ਉਸਤਤ ਦਾ ਗੀਤ। ਬਹੁਤ ਸਾਰੇ ਲੋਕ
ਗਵਾਹੀ ਦੇਣਗੇ ਕਿ ਮੇਰੇ ਨਾਲ ਕੀ ਵਾਪਰਿਆ ਅਤੇ ਉਹ

ਪਰਮੇਸ਼ੁਰ ਦੀ ਉਪਾਸਨਾ ਕਰਨਗੇ। ਉਨ੍ਹਾਂ ਨੂੰ ਯਹੋਵਾਹ
ਵਿੱਚ ਭਰੋਸਾ ਹੋਵੇਗਾ।
4 ਜੇ ਕੋਈ ਵਿਅਕਤੀ ਯਹੋਵਾਹ ਵਿੱਚ ਆਪਣੀ ਆਸਥਾ
ਰੱਖਦਾ ਹੈ, ਉਹ ਸੱਚਮੁੱਚ ਖੁਸ਼ ਹੋਵੇਗਾ। ਉਹ ਵਿਅਕਤੀ
ਸੱਚਮੁੱਚ ਖੁਸ਼ ਹੋਵੇਗਾ ਜੋ ਮਦਦ ਲਈ ਭੂਤਾਂ ਅਤੇ ਝੂਠੇ
ਦੇਵਤਿਆਂ ਵੱਲ ਨਹੀਂ ਤੱਕਦਾ।
5 ਯਹੋਵਾਹ, ਸਾਡੇ ਪਰਮੇਸ਼ੁਰ ਤੂੰ ਬਹੁਤ ਅਦਭੁਤ ਗੱਲਾਂ
ਕੀਤੀਆਂ ਹਨ। ਸਾਡੇ ਲਈ ਤੁਹਾਡੀਆਂ ਅਦਭੁਤ
ਯੋਜਨਾਵਾਂ ਹਨ। ਜਿਨ੍ਹਾਂ ਸਾਰੀਆਂ ਦੀ ਕੋਈ ਵੀ ਗਿਣਤੀ
ਨਹੀਂ ਕਰ ਸਕਦਾ। ਮੈਂ ਇਨ੍ਹਾਂ ਗੱਲਾਂ ਬਾਰੇ ਬਾਰ-ਬਾਰ
ਦੱਸਾਂਗਾ ਜਿਹੜੀਆਂ ਗਿਣਤੀ ਬਾਹਰੀਆਂ ਹਨ।
6 ਯਹੋਵਾਹ, ਤੂੰ ਮੈਨੂੰ ਇਹੀ ਸਮਝਾਇਆ; ਅਸਲ ਵਿੱਚ,
ਤੈਨੂੰ ਬਲੀਆਂ ਅਤੇ ਅੰਨ੍ਹ ਦੇ ਚੜ੍ਹਾਵੇ ਨਹੀਂ ਚਾਹੀਦੇ। ਤੈਨੂੰ
ਸੱਚਮੁੱਚ ਹੋਮ ਚੜ੍ਹਾਵੇ ਅਤੇ ਪਾਪ ਦੇ ਚੜ੍ਹਾਵੇ ਨਹੀਂ ਚਾਹੀਦੇ।
7 ਇਸ ਲਈ ਮੈਂ ਆਖਿਆ, “ਮੈਂ ਇੱਥੇ ਹਾਂ। ਮੈਨੂੰ ਲੈ ਜਾਉ।
ਮੈਂ ਆ ਰਿਹਾ। ਮੇਰੇ ਬਾਰੇ ਪੁਸਤਕ ਵਿੱਚ ਇਹ ਲਿਖਿਆ
ਗਿਆ ਹੈ।
8 ਮੇਰੇ ਪਰਮੇਸ਼ੁਰ ਮੈਂ ਉਹੀ ਕਰਨਾ ਚਾਹੁੰਦਾ ਹਾਂ ਜੋ ਤੂੰ ਚਾਹੁੰਦਾ
ਹੈਂ। ਮੈਂ ਤੇਰੀਆਂ ਸਿੱਖਿਆਵਾਂ ਤੋਂ ਵਾਕਿਫ਼ ਹਾਂ।”
9 ਮੈਂ ਲੋਕਾਂ ਨੂੰ ਮਹਾਂਸਭਾ ਵਿੱਚ ਤੇਰੀ ਜਿੱਤ ਬਾਰੇ ਖੁਸ਼ਖਬਰੀ
ਦੱਸੀ। ਅਤੇ ਯਹੋਵਾਹ, ਤੂੰ ਜਾਣਦਾ ਹੈਂ, ਮੈਂ ਕਦੇ ਵੀ ਉਹ
ਖੁਸ਼ਖਬਰੀ ਦੇਣ ਤੋਂ ਨਹੀਂ ਰੁਕਾਂਗਾ।
10 ਹੇ ਯਹੋਵਾਹ, ਮੈਂ ਤੇਰੀਆਂ ਕੀਤੀਆਂ ਚੰਗੀਆਂ ਗੱਲਾਂ
ਬਾਰੇ ਦੱਸਿਆ। ਮੈਂ ਉਨ੍ਹਾਂ ਗੱਲਾਂ ਨੂੰ ਦਿਲ ਅੰਦਰ ਨਹੀਂ
ਛੁਪਾਇਆ। ਯਹੋਵਾਹ, ਮੈਂ ਲੋਕਾਂ ਨੂੰ ਦੱਸਿਆ ਕਿ ਉਹ
ਆਪਣੇ ਬਚਾਓ ਲਈ ਤੇਰੇ ਉੱਪਰ ਨਿਰਭਰ ਕਰ ਸਕਦੇ
ਹਨ। ਮੈਂ ਸਭਾ ਵਿੱਚ ਲੋਕਾਂ ਕੋਲੋਂ ਤੁਹਾਡੀ ਨਿਸ਼ਠਾ ਅਤੇ
ਤੁਹਾਡਾ ਸੱਚਾ ਪਿਆਰ ਨਹੀਂ ਲੁਕੋਇਆ।
11 ਇਸ ਲਈ ਯਹੋਵਾਹ, ਮੇਰੇ ਪਾਸੋਂ ਆਪਣਾ ਰਹਮ ਨਾ ਛੁਪਾ।
ਤੁਹਾਡੀ ਦਯਾ ਅਤੇ ਵਫ਼ਾਦਾਰੀ ਨੂੰ ਮੇਰੀ ਰੱਖਿਆ ਕਰਨ ਦੇ।
12 ਬੁਰੇ ਲੋਕੀਂ ਮੈਨੂੰ ਘੇਰੀ ਬੈਠੇ ਹਨ। ਉਨ੍ਹਾਂ ਦੀ ਗਿਣਤੀ
ਬੇਸ਼ੁਮਾਰ ਹੈ। ਮੈਨੂੰ ਮੇਰੇ ਗੁਨਾਹਾਂ ਨੇ ਫ਼ੜ ਲਿਆ ਹੈ ਅਤੇ
ਮੈਂ ਉਨ੍ਹਾਂ ਤੋਂ ਨਹੀਂ ਬਚ ਸਕਦਾ। ਉਹ ਗਿਣਤੀ ਵਿੱਚ ਮੇਰੇ
ਸਿਰ ਦੇ ਵਾਲਾਂ ਨਾਲੋਂ ਵੀ ਵੱਧ ਹਨ, ਇਸ ਲਈ ਮੈਂ ਆਪਣਾ
ਹੌਸਲਾ ਹਾਰ ਗਿਆ ਹਾਂ।
13 ਯਹੋਵਾਹ, ਮੇਰੇ ਕੋਲ ਨੱਸ ਕੇ ਆ ਅਤੇ ਮੈਨੂੰ ਬਚਾ ਲੈ।
ਯਹੋਵਾਹ ਛੇਤੀ ਆ ਅਤੇ ਮੇਰੀ ਸਹਾਇਤਾ ਕਰ।
14 ਉਹ ਬੁਰੇ ਲੋਕ ਮੈਨੂੰ ਮਾਰਨ ਦੀ ਕੋਸ਼ਿਸ਼ ਵਿੱਚ ਹਨ।
ਯਹੋਵਾਹ, ਉਨ੍ਹਾਂ ਲੋਕਾਂ ਨੂੰ ਸ਼ਰਮਸਾਰ ਅਤੇ ਨਾ ਉਮੀਦ
ਕਰ। ਉਹ ਲੋਕ ਮੈਨੂੰ ਦੁੱਖ ਦੇਣਾ ਚਾਹੁੰਦੇ ਹਨ। ਉਨ੍ਹਾਂ ਨੂੰ
ਸ਼ਰਮਸਾਰ ਹੋ ਕੇ ਭੱਜ ਜਾਣ ਦੇ।
15 ਉਹ ਬੁਰੇ ਲੋਕ ਮੇਰਾ ਮਜ਼ਾਕ ਉਡਾ ਰਹੇ ਹਨ। ਉਨ੍ਹਾਂ ਨੂੰ
ਬੋਲਣ ਤੋਂ ਵੀ ਸੰਗਣ।
16 ਉਨ੍ਹਾਂ ਲੋਕਾਂ ਨੂੰ, ਜਿਹੜੇ ਤੇਰੇ ਕੋਲ ਆਉਂਦੇ ਹਨ ਉਨ੍ਹਾਂ
ਨੂੰ ਖੁਸ਼ੀ ਅਤੇ ਅਨੰਦ ਮਨਾਉਣ ਦੇ। ਉਹ ਤੇਰੇ ਦੁਆਰਾ
ਬਚਾਏ ਜਾਣ ਨੂੰ ਪਸੰਦ ਕਰਦੇ ਹਨ। ਇਸ ਲਈ ਉਨ੍ਹਾਂ ਨੂੰ
ਹਮੇਸ਼ਾ ਆਖਣ ਦੇ, “ਯਹੋਵਾਹ ਦੀ ਉਸਤਤ ਕਰੋ।”
17 ਮਾਲਕ, ਮੈਂ ਸਿਰਫ਼ ਇੱਕ ਕੰਗਾਲ ਅਤੇ ਬੇਸਹਾਰਾ ਬੰਦਾ
ਹਾਂ। ਮੇਰੀ ਸਹਾਇਤਾ ਕਰ। ਮੈਨੂੰ ਬਚਾ। ਮੇਰੇ ਪਰਮੇਸ਼ੁਰ
ਬਹੁਤ ਦੇਰ ਨਾ ਕਰ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**41** 1 ਜੋ ਬੰਦਾ ਗਰੀਬਾਂ ਦੀ ਸਹਾਇਤਾ ਕਰਦਾ ਹੈ ਉਹ
ਸਫ਼ਲਤਾ ਲਈ ਬਹੁਤ ਬਰਕਤਾਂ ਪ੍ਰਾਪਤ ਕਰੇਗਾ।
ਜਦੋਂ ਮੁਸੀਬਤਾਂ ਆਉਣਗੀਆਂ, ਯਹੋਵਾਹ ਉਸ ਬੰਦੇ ਨੂੰ
ਬਚਾਵੇਗਾ।
2 ਯਹੋਵਾਹ ਉਸ ਬੰਦੇ ਦੀ ਰੱਖਿਆ ਕਰੇਗਾ ਅਤੇ ਉਸ ਦੀ
ਜ਼ਿੰਦਗੀ ਬਚਾਵੇਗਾ। ਉਹ ਬੰਦਾ ਧਰਤੀ ਉੱਤੇ ਸੁਭਾਗਾ
ਹੋਵੇਗਾ। ਪਰਮੇਸ਼ੁਰ ਉਸ ਬੰਦੇ ਨੂੰ ਆਪਣੇ ਦੁਸ਼ਮਣਾਂ ਹੱਥੋਂ
ਤਬਾਹ ਨਹੀਂ ਹੋਣ ਦੇਵੇਗਾ।
3 ਜਦੋਂ ਉਹ ਬੰਦਾ ਬਿਮਾਰ ਅਤੇ ਲਾਚਾਰ ਹੋਵੇਗਾ, ਯਹੋਵਾਹ
ਉਸ ਨੂੰ ਤਾਕਤ ਦੇਵੇਗਾ। ਉਹ ਬੰਦਾ ਬਿਮਾਰੀ ਵਿੱਚ ਮੰਜੇ
ਉੱਤੇ ਪਿਆ ਹੋ ਸਕਦਾ ਹੈ, ਪਰ ਪਰਮੇਸ਼ੁਰ ਉਸ ਨੂੰ ਨਿਰੋਗ
ਕਰੇਗਾ।
4 ਮੈਂ ਆਖਿਆ, “ਯਹੋਵਾਹ, ਮੇਰੇ ਉੱਤੇ ਮਿਹਰ ਕਰ। ਮੈਂ ਤੇਰੇ
ਵਿਰੁੱਧ ਗੁਨਾਹ ਕੀਤਾ, ਮੇਰਾ ਪਾਪ ਮਾਫ ਕਰ ਅਤੇ ਮੈਨੂੰ
ਨਿਰੋਗ ਕਰ।”
5 ਮੇਰੇ ਦੁਸ਼ਮਣ ਮੇਰੇ ਬਾਰੇ ਬੁਰੀਆਂ ਗੱਲਾਂ ਆਖਦੇ ਹਨ।
ਉਹ ਆਖ ਰਹੇ ਹਨ, “ਉਹ ਕਦੋਂ ਮਰੇਗਾ ਅਤੇ ਭੁਲਾਇਆ
ਜਾਵੇਗਾ।”
6 ਲੋਕ ਮੈਨੂੰ ਮਿਲਣ ਆਉਂਦੇ ਹਨ ਪਰ ਉਸ ਬਾਰੇ ਨਹੀਂ
ਦੱਸਦੇ ਜੋ ਉਹ ਅਸਲ ਵਿੱਚ ਸੋਚ ਰਹੇ ਹਨ। ਉਹ ਬਸ
ਮੇਰੀ ਖਬਰ ਲੈਣ ਖ਼ਾਤਰ ਆਉਂਦੇ ਹਨ। ਫ਼ੇਰ ਉਹ ਚੱਲੇ
ਜਾਂਦੇ ਹਨ ਅਤੇ ਆਪਣੀ ਅਫ਼ਵਾਹਾਂ ਫ਼ੈਲਾਉਂਦੇ ਹਨ।
7 ਮੇਰੇ ਦੁਸ਼ਮਣ ਮੇਰੇ ਬਾਰੇ ਬੁਰੀ ਖੁਸਰ-ਫ਼ੁਸਰ ਕਰਦੇ ਹਨ।
ਉਹ ਮੇਰੇ ਬਾਰੇ ਛੜਯੰਤਰ ਰਚ ਰਹੇ ਹਨ।
8 ਉਹ ਆਖਦੇ ਹਨ, “ਉਸ ਨੇ ਕੋਈ ਗਲਤ ਗੱਲ ਕੀਤੀ ਹੈ।
ਇਸੇ ਕਾਰਣ ਉਹ ਬਿਮਾਰ ਹੈ। ਉਹ ਕਦੇ ਵੀ ਚੰਗਾ ਨਹੀਂ
ਹੋਵੇਗਾ।”
9 ਮੇਰੇ ਸਭ ਤੋਂ ਚੰਗੇ ਦੋਸਤ ਨੇ ਮੇਰੇ ਨਾਲ ਭੋਜਨ ਕੀਤਾ। ਮੈਂ
ਉਸ ਉੱਤੇ ਭਰੋਸਾ ਕੀਤਾ। ਪਰ ਹੁਣ ਉਹ ਵੀ ਮੇਰੇ ਖਿਲਾਫ਼
ਹੋ ਗਿਆ ਹੈ।
10 ਇਸ ਲਈ ਯਹੋਵਾਹ, ਮੇਰੇ ਉੱਤੇ ਮਿਹਰ ਕਰ। ਮੈਨੂੰ ਖੜ੍ਹਾ
ਕਰ ਅਤੇ ਮੈਂ ਉਨ੍ਹਾਂ ਨੂੰ ਭਾਜੀ ਮੋੜਾਂਗਾ।
11 ਯਹੋਵਾਹ, ਅਜਿਹਾ ਕਰ ਕਿ ਮੇਰੇ ਦੁਸ਼ਮਣ ਮੈਨੂੰ ਦੁੱਖ ਨਾ ਦੇ
ਸਕਣ। ਫ਼ੇਰ ਮੈਂ ਜਾਣ ਜਾਵਾਂਗਾ ਕਿ ਤੂੰ ਉਨ੍ਹਾਂ ਨੂੰ ਮੈਨੂੰ ਸੱਟ
ਮਾਰਨ ਲਈ ਨਹੀਂ ਭੇਜਿਆ।
12 ਮੈਂ ਬੇਕਸੂਰ ਸਾਂ ਅਤੇ ਤੂੰ ਮੈਨੂੰ ਸਹਾਰਾ ਦਿੱਤਾ। ਤੂੰ ਮੈਨੂੰ
ਖੜ੍ਹਾ ਕੀਤਾ ਅਤੇ ਮੈਨੂੰ ਸਦਾ ਲਈ ਤੇਰੀ ਸੇਵਾ ਕਰਨ
ਦਿੱਤੀ।
13 ਯਹੋਵਾਹ, ਇਸਰਾਏਲ ਦੇ ਪਰਮੇਸ਼ੁਰ ਦੀ ਉਸਤਤ ਕਰੋ।
ਉਹ ਸਦਾ ਸੀ, ਅਤੇ ਸਦਾ ਵਾਸਤੇ ਹੀ ਰਹੇਗਾ।

ਆਮੀਨ ਫੇਰ ਆਮੀਨ।।

## ਦੂਜਾ ਭਾਗ (ਜ਼ਬੂਰ 42–72)

*ਨਿਰਦੇਸ਼ਕ ਲਈ: ਕੋਰਹ ਪਰਿਵਾਰ ਦਾ ਇੱਕ ਭਗਤੀ ਗੀਤ।*

**42** 1ਇੱਕ ਹਿਰਨ ਨੂੰ ਵੱਗਦੀ ਧਾਰਾ ਦੇ ਪਾਣੀ ਦੀ
ਪਿਆਸ ਲੱਗਦੀ ਹੈ। ਹੇ ਪਰਮੇਸ਼ੁਰ, ਇਸੇ ਤਰ੍ਹਾਂ ਹੀ
ਮੇਰੀ ਰੂਹ ਤੇਰੇ ਲਈ ਪਿਆਸੀ ਹੈ।
2 ਮੇਰੀ ਰੂਹ ਜੀਉਂਦੇ ਪਰਮੇਸ਼ੁਰ ਲਈ ਪਿਆਸੀ ਹੈ। ਮੈਂ ਉਸ
ਨੂੰ ਮਿਲਣ ਲਈ ਕਦੋਂ ਜਾ ਸਕਦਾ ਹਾਂ?
3 ਮੇਰਾ ਵੈਰੀ ਲਗਾਤਾਰ ਮੇਰਾ ਮਜ਼ਾਕ ਉਡਾਉਂਦਾ ਹੈ। ਉਹ
ਆਖਦਾ ਹੈ ਤੇਰਾ ਪਰਮੇਸ਼ੁਰ ਕਿੱਥੇ ਹੈ? ਕੀ ਹਾਲੇ ਤੱਕ ਉਹ
ਤੈਨੂੰ ਬਚਾਉਣ ਲਈ ਆਇਆ ਹੈ। ਮੈਂ ਇੰਨਾ ਉਦਾਸ ਹਾਂ।
ਇਸ ਲਈ ਦਿਨ ਅਤੇ ਰਾਤ ਮੇਰਾ ਭੋਜਨ ਕੇਵਲ ਮੇਰੇ ਹੰਝੂ
ਹੀ ਸਨ।
4 ਇਸ ਲਈ ਮੈਂ ਉਦੋਂ ਇਹ ਗੱਲਾਂ ਯਾਦ ਕਰਦਾ ਹਾਂ ਜਦੋਂ
ਮੈਂ ਆਪਣੀ ਰੂਹ ਬਾਹਰ ਡੋਲ੍ਹ ਰਿਹਾ ਹੁੰਦਾ। ਮੈਂ ਭੀੜਾਂ
ਵਿੱਚੋਂ ਲੰਘਦਾ ਹੋਇਆ ਯਾਦ ਕਰਦਾ ਹਾਂ ਜਦੋਂ ਮੈਂ ਉਨ੍ਹਾਂ
ਦੀ ਅਗਵਾਈ ਪਰਮੇਸ਼ੁਰ ਦੇ ਮੰਦਰ ਵੱਲ ਕਰਦਾ ਸਾਂ ਮੈਂ
ਉਸਤਤ ਦੇ ਖੁਸ਼ੀ ਭਰੇ ਗੀਤ ਯਾਦ ਕਰਦਾ ਹਾਂ ਭੀੜਾਂ ਨੇ
ਉਤਸਵਾਂ ਦੇ ਜਸ਼ਨ ਮਨਾਏ।
5-6 ਮੈਨੂੰ ਇੰਨਾ ਉਦਾਸ ਕਿਉਂ ਹੋਣਾ ਚਾਹੀਦਾ ਹੈ? ਮੈਨੂੰ ਇੰਨਾ
ਪਰੇਸ਼ਾਨ ਕਿਉਂ ਹੋਣਾ ਚਾਹੀਦਾ ਹੈ? ਮੈਨੂੰ ਪਰਮੇਸ਼ੁਰ ਦੀ
ਸਹਾਇਤਾ ਲਈ ਇੰਤਜ਼ਾਰ ਕਰਨਾ ਚਾਹੀਦਾ ਹੈ। ਮੈਨੂੰ ਹਾਲੇ
ਉਸ ਦੀ ਉਸਤਤ ਕਰਨ ਦਾ ਮੌਕਾ ਮਿਲੇਗਾ। ਉਹ ਮੈਨੂੰ
ਬਚਾ ਲਵੇਗਾ। ਮੇਰੇ ਪਰਮੇਸ਼ੁਰ, ਮੈਂ ਕਿੰਨਾ ਉਦਾਸ ਹਾਂ।
ਇਸੇ ਲਈ ਮੈਂ ਯਰਦਨ ਘਾਟੀ ਤੋਂ, ਹਰਮੋਨ ਦੇ ਪਰਬਤਾਂ ਤੋਂ
ਅਤੇ ਮਿਸਾਰ ਪਰਬਤ ਤੋਂ ਤੇਰੇ ਲਈ ਪੁਕਾਰਿਆ।
7 ਮੈ ਸਮੁੰਦਰ ਤੋਂ ਲਹਿਰਾਂ ਦੇ ਟਕਰਾਉਣ ਦੀ ਅਵਾਜ਼ ਸੁਣਦਾ
ਹਾਂ। ਬਾਰ-ਬਾਰ ਮੇਰੇ ਉੱਤੇ ਸਮੁੰਦਰ ਵਿੱਚੋਂ ਲਹਿਰਾਂ ਆਉਣ
ਵਾਂਗ ਮੁਸੀਬਤਾਂ ਆਈਆਂ ਹਨ।
8 ਯਹੋਵਾਹ ਮੈਨੂੰ ਆਪਣਾ ਪਿਆਰ ਦਿਨ ਦੇ ਸਮੇਂ ਦਰਸ਼ਾਵੇ,
ਤਾਂ ਜੋ ਮੈਂ ਰਾਤ ਵੇਲੇ ਆਪਣੇ ਜੀਉਂਦੇ ਪਰਮੇਸ਼ੁਰ ਨੂੰ
ਪ੍ਰਾਰਥਨਾ ਦੇ ਤੌਰ ਤੇ ਗੀਤ ਗਾਵਾਂਗਾ।
9 ਮੈਂ ਪਰਮੇਸ਼ੁਰ ਨੂੰ ਆਪਣੀ ਚੱਟਾਨ ਆਖਦਾ ਹਾਂ, "ਤੂੰ ਮੈਨੂੰ
ਕਿਉਂ ਭੁਲਾ ਦਿੱਤਾ ਹੈ। ਮੈਂ ਆਪਣੇ ਦੁਸ਼ਮਣਾਂ ਦੇ ਇੰਨੇ
ਜ਼ੁਲਮ ਕਿਉਂ ਝੱਲਾ?"
10 ਮੇਰਾ ਦੁਸ਼ਮਣ ਲਗਾਤਾਰ ਮੈਨੂੰ ਜ਼ਲੀਲ ਕਰਦਾ ਹੈ ਅਤੇ
ਮਾਰੂ ਵਾਰ ਕਰਦਾ ਹੈ। ਜਦੋਂ ਉਹ ਆਖਦਾ ਤੇਰਾ ਪਰਮੇਸ਼ੁਰ
ਕਿੱਥੇ ਹੈ? "ਉਹ ਅਜੇ ਤੱਕ ਤੈਨੂੰ ਬਚਾਉਣ ਆਇਆ ਹੈ?"
11 ਮੈਂ ਇੰਨਾ ਉਦਾਸ ਕਿਉਂ ਹੋਵਾਂ? ਮੈਨੂੰ ਇੰਨਾ ਪਰੇਸ਼ਾਨ ਕਿਉਂ
ਹੋਣਾ ਚਾਹੀਦਾ ਹੈ? ਮੈਨੂੰ ਪਰਮੇਸ਼ੁਰ ਦੀ ਸਹਾਇਤਾ ਲਈ
ਉਡੀਕਣਾ ਚਾਹੀਦਾ ਹੈ। ਅਜੇ ਮੈਨੂੰ ਉਸ ਦੀ ਉਸਤਤ ਕਰਨ
ਦਾ ਮੌਕਾ ਮਿਲੇਗਾ। ਉਹ ਮੈਨੂੰ ਬਚਾ ਲਵੇਗਾ।

**43** 1ਹੇ ਪਰਮੇਸ਼ੁਰ, ਮੈਨੂੰ ਬਚਾ। ਉਨ੍ਹਾਂ ਲੋਕਾਂ ਦੇ ਖ਼ਿਲਾਫ
ਮੇਰਾ ਮੁਕੱਦਮਾ ਲੜ ਜੋ ਤੈਨੂੰ ਨਹੀਂ ਜਾਣਦੇ। ਕਪਟੀ
ਹੈ ਅਤੇ ਉਹ ਝੂਠ ਬੋਲਦਾ ਹੈ। ਮੈਨੂੰ ਝੂਠੇ ਦੁਸ਼ਟਾਂ ਤੋਂ ਬਚਾ।
2 ਹੇ ਪਰਮੇਸ਼ੁਰ, ਤੂੰ ਮੇਰੀ ਓਟ ਹੈਂ। ਤੂੰ ਮੈਨੂੰ ਕਿਉਂ ਛੱਡ ਦਿੱਤਾ।
ਆਪਣੇ ਦੁਸ਼ਮਣ ਦੇ ਜ਼ੁਲਮ ਸਦਕਾ ਮੈਂ ਇੰਨੀ ਉਦਾਸੀ
ਕਿਉਂ ਝੱਲਾਂ?
3 ਹੇ ਪਰਮੇਸ਼ੁਰ, ਆਪਣੇ ਨੂਰ ਅਤੇ ਸੱਚ ਨੂੰ ਮੇਰੇ ਉੱਪਰ
ਚਮਕਾ। ਤੁਹਾਡਾ ਨੂਰ ਅਤੇ ਸੱਚ ਮੈਨੂੰ ਰਾਹ ਦਿਖਾਵੇਗਾ।
ਉਹ ਤੇਰੇ ਪਵਿੱਤਰ ਪਹਾੜ ਵੱਲ ਮੇਰੀ ਅਗਵਾਈ ਕਰਨਗੇ।
4 ਮੈਂ ਪਰਮੇਸ਼ੁਰ ਦੀ ਜਗਵੇਦੀ ਉੱਪਰ ਆਵਾਂਗਾ। ਮੈਂ ਉਸ
ਪਰਮੇਸ਼ੁਰ ਵੱਲ ਆਵਾਂਗਾ ਜਿਹੜਾ ਮੈਨੂੰ ਬਹੁਤ ਖੁਸ਼
ਕਰਦਾ ਹੈ। ਹੇ ਯਹੋਵਾਹ, ਮੇਰੇ ਪਰਮੇਸ਼ੁਰ, ਮੈਂ ਰਬਾਬ ਨਾਲ
ਤੇਰੀ ਉਸਤਤ ਕਰਾਂਗਾ।
5 ਮੈਂ ਇੰਨਾ ਉਦਾਸ ਕਿਉਂ ਹਾਂ? ਮੈਂ ਇੰਨਾ ਪਰੇਸ਼ਾਨ ਕਿਉਂ
ਹਾਂ? ਮੈਨੂੰ ਪਰਮੇਸ਼ੁਰ ਦੀ ਸਹਾਇਤਾ ਲਈ ਉਡੀਕ ਕਰਨੀ
ਚਾਹੀਦੀ ਹੈ। ਮੈਨੂੰ ਅਜੇ ਪਰਮੇਸ਼ੁਰ ਦੀ ਉਸਤਤ ਕਰਨ ਦਾ
ਮੌਕਾ ਮਿਲੇਗਾ। ਉਹ ਮੈਨੂੰ ਬਚਾ ਲਵੇਗਾ।

*ਨਿਰਦੇਸ਼ਕ ਲਈ: ਕੋਰਹ ਦਾ ਇੱਕ ਭਗਤੀ ਗੀਤ।*

**44** 1ਹੇ ਪਰਮੇਸ਼ੁਰ,। ਅਸੀਂ ਤੇਰੇ ਬਾਰੇ ਸੁਣਿਆ ਹੈ।
ਸਾਡੇ ਪੁਰਖਿਆਂ ਨੇ ਜੋ ਵੀ ਤੂੰ ਉਨ੍ਹਾਂ ਦੇ ਜੀਵਨ
ਕਾਲ ਵਿੱਚ ਕੀਤਾ ਸਾਨੂੰ ਦੱਸਿਆ। ਉਨ੍ਹਾਂ ਨੇ ਉਸ ਬਾਰੇ ਵੀ
ਦੱਸਿਆ ਜੋ ਤੂੰ ਬਹੁਤ ਪਹਿਲਾਂ ਕੀਤਾ ਸੀ।
2 ਹੇ ਪਰਮੇਸ਼ੁਰ, ਇਹ ਧਰਤੀ ਤੂੰ ਹੋਰਾਂ ਪਾਸੋਂ ਆਪਣੀ ਮਹਾਨ
ਸ਼ਕਤੀ ਰਾਹੀਂ ਜਿੱਤ ਲਈ ਸੀ। ਅਤੇ ਇਹ ਸਾਨੂੰ ਸੌਂਪ
ਦਿੱਤੀ ਸੀ। ਤੂੰ ਉਨ੍ਹਾਂ ਵਿਦੇਸ਼ੀਆਂ ਨੂੰ ਕੁਚਲ ਦਿੱਤਾ ਸੀ। ਤੂੰ
ਉਨ੍ਹਾਂ ਨੂੰ ਇਸ ਧਰਤੀ ਵਿੱਚੋਂ ਬਾਹਰ ਕੱਢ ਦਿੱਤਾ।
3 ਇਹ ਸਾਡੇ ਪੁਰਖਿਆਂ ਦੀਆਂ ਤਲਵਾਰਾਂ ਨਹੀਂ ਸਨ ਜਿਨ੍ਹਾਂ
ਨੇ ਇਹ ਜ਼ਮੀਨ ਦਿੱਤੀ ਸੀ। ਇਹ ਉਨ੍ਹਾਂ ਦਾ ਬਾਹੂਬਲ ਨਹੀਂ
ਸੀ ਜਿਸ ਨੇ ਉਨ੍ਹਾਂ ਨੂੰ ਜੇਤੂ ਬਣਾਇਆ। ਇਹ ਇਸ ਲਈ
ਸੀ ਕਿਉਂਕਿ ਤੂੰ ਸਾਡੇ ਪੁਰਖਿਆਂ ਦੀ ਰੱਖਵਾਲੀ ਕਰ ਰਿਹਾ
ਸੀ। ਹੇ ਪਰਮੇਸ਼ੁਰ, ਤੇਰੀ ਮਹਾਂ ਸ਼ਕਤੀ ਨੇ ਸਾਡੇ ਪੁਰਖਿਆਂ
ਨੂੰ ਬਚਾਇਆ। ਕਿਉਂਕਿ ਤੂੰ ਉਨ੍ਹਾਂ ਨੂੰ ਪਸੰਦ ਕੀਤਾ।
4 ਹੇ ਮੇਰੇ ਪਰਮੇਸ਼ੁਰ, ਤੂੰ ਮੇਰਾ ਪਾਤਸ਼ਾਹ ਹੈਂ। ਹੁਕਮ ਕਰ ਅਤੇ
ਯਾਕੂਬ ਦੇ ਲੋਕਾਂ ਦੀ ਜਿੱਤ ਵੱਲ ਅਗਵਾਈ ਕਰ।
5 ਹੇ ਪਰਮੇਸ਼ੁਰ, ਤੇਰੀ ਮਦਦ ਨਾਲ, ਅਸੀਂ ਆਪਣੇ ਦੁਸ਼ਮਣਾਂ
ਨੂੰ ਪਿੱਛਾਂਹ ਧੱਕ ਦੇਵਾਂਗੇ। ਤੇਰਾ ਨਾਮ ਲੈ ਕੇ ਅਸੀਂ ਆਪਣੇ
ਦੁਸ਼ਮਣਾਂ ਨੂੰ ਕੁਚਲ ਦਿਆਂਗੇ।
6 ਮੈਨੂੰ ਆਪਣੇ ਤੀਰਾਂ ਅਤੇ ਕਮਾਣ ਉੱਤੇ ਇਤਬਾਰ ਨਹੀਂ
ਮੇਰੀ ਤਲਵਾਰ ਮੈਨੂੰ ਨਹੀਂ ਬਚਾ ਸਕਦੀ।
7 ਹੇ ਪਰਮੇਸ਼ੁਰ, ਤੂੰ ਸਾਨੂੰ ਦੁਸ਼ਮਣਾਂ ਤੋਂ ਬਚਾਇਆ ਤੂੰ ਸਾਡੇ
ਦੁਸ਼ਮਣਾਂ ਨੂੰ ਸ਼ਰਮਸਾਰ ਕਰ ਦਿੱਤਾ ਸੀ।
8 ਅਸੀਂ ਪਰਮੇਸ਼ੁਰ ਦੀ ਦਿਨ ਭਰ ਉਸਤਤ ਕੀਤੀ ਹੈ। ਅਤੇ
ਅਸੀਂ ਤੇਰੇ ਨਾਮ ਦੀ ਸਦਾ-ਸਦਾ ਉਸਤਤ ਕਰਾਂਗੇ।
9 ਪਰ, ਹੇ ਪਰਮੇਸ਼ੁਰ, ਤੂੰ ਸਾਨੂੰ ਛੱਡ ਦਿੱਤਾ ਅਤੇ ਸਾਨੂੰ
ਸ਼ਰਮਸਾਰ ਕਰ ਦਿੱਤਾ। ਤੂੰ ਸਾਡੇ ਸੰਗ ਮੈਦਾਨੇ ਜੰਗ ਵਿੱਚ
ਨਹੀਂ ਆਏ।
10 ਤੂੰ ਸਾਡੇ ਦੁਸ਼ਮਣਾਂ ਨੂੰ ਸਾਨੂੰ ਪਿੱਛਾਂਹ ਧੱਕਣ ਦਿੱਤਾ। ਸਾਡੇ
ਦੁਸ਼ਮਣਾਂ ਨੇ ਸਾਡੀ ਦੌਲਤ ਲੈ ਲਈ।
11 ਤੂੰ ਸਾਨੂੰ ਭੇਡਾਂ ਵਾਂਗ ਰੋਟੀ ਦੀ ਤਰ੍ਹਾਂ ਦੇ ਦਿੱਤਾ। ਤੂੰ ਸਾਨੂੰ
ਕੌਮਾਂ ਵਿੱਚ ਖਿਲਰਨ ਲਈ ਮਜ਼ਬੂਰ ਕੀਤਾ।

12 ਹੇ ਪਰਮੇਸ਼ੁਰ, ਤੂੰ ਆਪਣੇ ਲੋਕਾਂ ਨੂੰ ਬਿਨਾ ਮੁੱਲ ਤੋਂ ਵੇਚ
ਦਿੱਤਾ ਸੀ।
13 ਸਾਡੇ ਗੁਆਂਢੀ ਦੇਸ਼ਾਂ ਲਈ ਤੂੰ ਸਾਨੂੰ ਇੱਕ ਮਜ਼ਾਕ ਬਣਾ
ਦਿੱਤਾ। ਉਹ ਸਾਡੇ ਉੱਪਰ ਹੱਸਦੇ ਹਨ ਅਤੇ ਸਾਡਾ ਮਜ਼ਾ
ਉਡਾਉਂਦੇ ਹਨ।
14 ਅਸੀਂ ਲੋਕਾਂ ਵੱਲੋਂ ਸੁਣਾਏ ਜਾਂਦੇ ਕਿਸੇ ਚੁਟਕਲੇ ਵਰਗੇ ਹਾਂ।
ਬਿਨ ਕੌਮਾਂ ਦੇ ਲੋਕ ਵੀ ਸਾਡੇ ਉੱਤੇ ਹੱਸਦੇ ਹਨ ਅਤੇ ਸਿਰ
ਹਿਲਾਉਂਦੇ ਹਨ।
15 ਮੈਂ ਸ਼ਰਮ ਵਿੱਚ ਡੁੱਬਿਆ ਹਾਂ। ਮੈਂ ਸਾਰਾ ਦਿਨ ਆਪਣੀ
ਸ਼ਰਮਿੰਦਗੀ ਨੂੰ ਤੱਕਦਾ ਹਾਂ।
16 ਮੈਂ ਸ਼ਰਮ ਨਾਲ ਮੂੰਹ ਛੁਪਾਉਂਦਾ ਹਾਂ, ਉਨ੍ਹਾਂ ਮਖੌਲਾਂ ਅਤੇ ਚੋਭਾਂ
ਤੋਂ ਜੋ ਮੇਰੇ ਦੁਸ਼ਮਣਾਂ ਵੱਲੋਂ ਮੇਰੇ ਉੱਤੇ ਲਾਈਆਂ ਜਾਂਦੀਆਂ
ਹਨ। ਜੋ ਮੇਰੇ ਨਾਲ ਹਿਸਾਬ ਬਰਾਬਰ ਕਰਨਾ ਚਾਹੁੰਦੇ ਹਨ।
17 ਹੇ ਪਰਮੇਸ਼ੁਰ, ਅਸੀਂ ਤੈਨੂੰ ਨਹੀਂ ਭੁੱਲੇ ਹਾਂ ਫ਼ੇਰ ਵੀ ਤੂੰ ਇਹ
ਗੱਲਾਂ ਸਾਡੇ ਨਾਲ ਕਰਦਾ ਹੈਂ। ਅਸੀਂ ਉਦੋਂ ਝੂਠੇ ਨਹੀਂ ਸਾਂ
ਜਦੋਂ ਅਸੀਂ ਉਸ ਇਕਰਾਰਨਾਮੇ ਉੱਤੇ ਹਸਤਾਖਰ ਕੀਤੇ ਸਨ
ਜੋ ਅਸੀਂ ਤੇਰੇ ਨਾਲ ਕੀਤਾ ਸੀ।
18 ਹੇ ਪਰਮੇਸ਼ੁਰ, ਅਸੀਂ ਤੈਨੂੰ ਪਿੱਠ ਨਹੀਂ ਦਿੱਤੀ ਹੈ ਅਸੀਂ ਤੇਰੀ
ਅਗਵਾਈ ਨੂੰ ਨਹੀਂ ਛੱਡਿਆ ਹੈ।
19 ਪਰ ਹੇ ਪਰਮੇਸ਼ੁਰ, ਤੂੰ ਸਾਨੂੰ ਇਸ ਥਾਵੇਂ ਕੁਚਲ ਦਿੱਤਾ ਹੈ
ਜਿੱਥੇ ਗਿੱਦੜ ਰਹਿੰਦੇ ਹਨ। ਤੂੰ ਸਨੂੰ ਉਸ ਥਾਵੇਂ ਛੱਡ ਦਿੱਤਾ
ਹੈ ਜੋ ਮੌਤ ਵਰਗੀ ਹਨੇਰੀ ਹੈ।
20 ਕੀ ਅਸੀਂ ਸਾਡੇ ਪਰਮੇਸ਼ੁਰ ਦਾ ਨਾਮ ਭੁੱਲ ਗਏ ਸੀ। ਕੀ
ਅਸਾਂ ਵਿਦੇਸ਼ੀ ਦੇਵਤਿਆਂ ਨੂੰ ਪ੍ਰਾਰਥਨਾ ਕੀਤੀ? ਨਹੀਂ?
21 ਅਵਸ਼ ਹੀ, ਪਰਮੇਸ਼ੁਰ ਇਨ੍ਹਾਂ ਗੱਲਾਂ ਨੂੰ ਜਾਣਦਾ ਹੈ। ਉਹ
ਸਾਡੇ ਡੂੰਘੇ ਭੇਤਾਂ ਨੂੰ ਵੀ ਜਾਣਦਾ ਹੈ।
22 ਹੇ ਪਰਮੇਸ਼ੁਰ, ਹਰ ਰੋਜ਼ ਅਸੀਂ ਤੇਰੇ ਲਈ ਮਰਦੇ ਹਾਂ।
ਅਸੀਂ ਉਨ੍ਹਾਂ ਭੇਡਾਂ ਵਰਗੇ ਸਾਂ ਜਿਨ੍ਹਾਂ ਨੂੰ ਮਾਰਨ ਵਾਸਤੇ
ਲਿਜਾਇਆ ਜਾਣ ਵਾਲਾ ਹੁੰਦਾ ਹੈ।
23 ਉੱਠ, ਮੇਰੇ ਮਾਲਿਕ। ਤੂੰ ਕਿਉਂ ਸੌਂ ਰਿਹਾ ਹੈਂ? ਉੱਠ। ਸਾਨੂੰ
ਸਦਾ ਲਈ ਛੱਡ ਕੇ ਨਾ ਜਾਹ।
24 ਹੇ ਪਰਮੇਸ਼ੁਰ, ਤੂੰ ਸਾਡੇ ਕੋਲੋਂ ਕਿਉਂ ਲੁਕ ਗਿਆ ਹੈਂ? ਕੀ ਤੂੰ
ਸਾਡੇ ਦੁੱਖਾਂ ਅਤੇ ਮੁਸੀਬਤਾਂ ਨੂੰ ਭੁੱਲ ਗਿਆ ਹੈਂ?
25 ਸਾਨੂੰ ਖਾਕ ਅੰਦਰ ਧੱਕ ਦਿੱਤਾ ਹੈ। ਅਸੀਂ ਮੂਧੇ ਮੂੰਹ ਖਾਕ
ਵਿੱਚ ਪਏ ਹਾਂ।
26 ਹੇ ਪਰਮੇਸ਼ੁਰ, ਉੱਠ ਅਤੇ ਸਾਡੀ ਸਹਾਇਤਾ ਕਰ। ਸਾਨੂੰ
ਆਪਣੇ ਸੱਚੇ ਪਿਆਰ ਸਦਕਾ ਬਚਾ ਲੈ।

*ਨਿਰਦੇਸ਼ਕ ਲਈ: "ਸੋਸਨ ਦੀ ਧੁਨ।" ਕੋਰਹ ਪਰਿਵਾਰ ਦਾ ਇੱਕ ਭਗਤੀ ਗੀਤ। ਇੱਕ ਪਿਆਰਾ ਗੀਤ।*

**45** 1ਮੇਰਾ ਮਨ ਸੁਹਣੇ ਸ਼ਬਦਾਂ ਨਾਲ ਭਰਿਆ ਹੈ ਜਦੋਂ ਮੈਂ
ਇਹ ਗੱਲਾਂ ਆਪਣੇ ਰਾਜੇ ਲਈ, ਲਿਖ ਰਿਹਾ ਹਾਂ।
ਮੇਰੀ ਜ਼ੁਬਾਨ ਵਿੱਚੋਂ ਸ਼ਬਦ ਇਉਂ ਨਿਕਲਦੇ ਹਨ ਜਿਵੇਂ ਸ਼ਬਦ
ਕਿਸੇ ਕੁਸ਼ਲ ਲਿਖਾਰੀ ਦੀ ਕਲਮ ਵਿੱਚੋਂ ਨਿਕਲਦੇ ਹਨ।
2 ਤੂੰ ਹਰ ਇੱਕ ਨਾਲੋਂ ਵਧੇਰੇ ਸੁੰਦਰ ਹੈਂ। ਤੂੰ ਬਹੁਤ ਚੰਗਾ
ਵਕਤਾ ਹੈਂ। ਇਸੇ ਲਈ ਪਰਮੇਸ਼ੁਰ ਤੈਨੂੰ ਸਦੀਵੀ ਅਸੀਸ
ਦੇਵੇਗਾ।
3 ਆਪਣੀ ਤਲਵਾਰ ਪਹਿਨ ਲੈ। ਆਪਣੀ ਸ਼ਾਨਦਾਰ ਵਰਦੀ
ਪਾ ਲੈ।
4 ਤੂੰ ਅਦਭੁਤ ਦਿਖਾਈ ਦਿੰਦਾ ਹੈਂ। ਜਾਹ ਨੇਕੀ ਅਤੇ
ਨਿਰਪੱਖਤਾ ਲਈ ਲੜਾਈ ਜਿੱਤ। ਤੇਰੇ ਤਾਕਤਵਰ ਸੱਜੇ
ਹੱਥ ਨੂੰ ਹੈਰਾਨੀ ਭਰੀਆਂ ਗੱਲਾਂ ਸਿਖਾਈਆਂ ਗਈਆਂ ਸਨ।
5 ਤੇਰੇ ਤੀਰ ਤਿੱਖੇ ਹਨ, ਤੇਰੇ ਦੁਸ਼ਮਣਾਂ ਦੇ ਦਿਲਾਂ ਅੰਦਰ
ਡੂੰਘੇ ਉੱਤਰਦੇ ਹਨ। ਧਰਤੀ ਉੱਤੇ ਲੋਕ ਤੇਰੇ ਸਾਹਮਣੇ
ਡਿੱਗਣਗੇ।
6 ਹੇ ਪਰਮੇਸ਼ੁਰ, ਤੇਰਾ ਤਖਤ ਸਦੀਵੀ ਹੈ। ਇਮਾਨਦਾਰੀ ਤੇਰੇ
ਰਾਜ ਦਾ ਸ਼ਾਹੀ ਨਿਸ਼ਾਨੀ ਹੈ।
7 ਤੂੰ ਨੇਕੀ ਨੂੰ ਪਿਆਰ ਕਰਦਾ ਅਤੇ ਬਦੀ ਨੂੰ ਨਫ਼ਰਤ
ਕਰਦੇ ਹੈਂ। ਇਸ ਲਈ ਪਰਮੇਸ਼ੁਰ, ਤੇਰੇ ਪਰਮੇਸ਼ੁਰ ਨੇ ਤੈਨੂੰ
ਆਪਣੇ ਦੋਸਤਾਂ ਦਾ ਰਾਜਾ ਬਣਨ ਲਈ ਚੁਣਿਆ ਸੀ।
8 ਤੇਰੇ ਸਾਰੇ ਵਸਤਰ ਮੁਰ, ਅਗਰ ਅਤੇ ਤੱਜ ਨਾਲ ਸੁਗੰਧਿਤ
ਹਨ। ਇੱਥੋਂ ਹਾਥੀ ਦੰਦਾਂ ਨਾਲ ਸਜਾਏ ਹੋਏ ਮਹਿਲਾਂ ਵਿੱਚੋਂ
ਤੇਰੇ ਮਨੋਰੰਜਨ ਲਈ ਸੰਗੀਤ ਦੀ ਧੁਨ ਉੱਠਦੀ ਹੈ।
9 ਤੇਰੀਆਂ ਪਤਵੰਤ ਤੀਵੀਆਂ ਵਿੱਚ ਰਾਜਿਆਂ ਦੀਆਂ ਧੀਆਂ
ਹਨ। ਸੁੱਚੇ ਸੋਨੇ ਦਾ ਤਾਜ ਪਹਿਨੇ ਹੋਏ ਤੁਹਾਡੀ ਲਾੜੀ ਤੇਰੇ
ਸੱਜੇ ਪਾਸੇ ਖੜ੍ਹੀ ਹੈ।
10 ਧੀਏ, ਮੈਨੂੰ ਸੁਣ, ਧਿਆਨ ਨਾਲ ਸੁਣੀ, ਅਤੇ ਤੂੰ ਸਮਝੀਂ।
ਆਪਣੇ ਲੋਕਾਂ ਨੂੰ ਅਤੇ ਆਪਣੇ ਬਾਬਲ ਦੇ ਪਰਿਵਾਰਾਂ ਨੂੰ
ਭੁੱਲ ਜਾ।
11 ਰਾਜਾ ਤੇਰੀ ਸੁੰਦਰਤਾ ਦੀ ਇੱਛਾ ਕਰਦਾ ਹੈ। ਉਹ ਤੇਰਾ ਨਵਾਂ
ਪਤੀ ਹੋਵੇਗਾ ਇਸ ਲਈ ਤੈਨੂੰ ਉਸ ਦਾ ਆਦਰ ਕਰਨਾ
ਚਾਹੀਦਾ ਹੈ।
12 ਸੂਰ ਦੇ ਅਮੀਰ ਲੋਕ ਸੁਗਾਤਾਂ ਨਾਲ ਤੈਨੂੰ ਮਿਲਣ ਲਈ
ਆਉਣਗੇ।
13 ਰਾਜਕੁਮਾਰੀ ਆਪਣੇ ਲਿਬਾਸ ਵਿੱਚ, ਜਿਹੜਾ ਖਾਲਸ ਸੋਨੇ
ਦਾ ਬਣਿਆ ਹੈ। ਸੋਨੇ ਵਿੱਚ ਮੜ੍ਹੇ ਹੀਰੇ ਵਾਂਗ ਲੱਗਦੀ ਹੈ।
14 ਲਾੜੀ ਨੂੰ ਉਸ ਦੀ ਸੁੰਦਰ ਪੁਸ਼ਾਕ ਵਿੱਚ ਰਾਜੇ ਕੋਲ ਲਿਆਂਦਾ
ਗਿਆ, ਅਤੇ ਲਾੜੀ ਦੀਆਂ ਸਹੇਲੀਆਂ ਉਸ ਦੇ ਪਿੱਛੇ-ਪਿੱਛੇ
ਆਈਆਂ।
15 ਉਹ ਖੁਸ਼ੀ ਨਾਲ ਭਰੀਆਂ ਹੋਈਆਂ ਆਉਂਦੀਆਂ ਹਨ।
ਉਹ ਖੁਸ਼ੀ ਨਾਲ ਭਰੀਆਂ ਰਾਜੇ ਦੇ ਮਹਿਲ ਵਿੱਚ ਦਾਖਲ
ਹੁੰਦੀਆਂ ਹਨ।
16 ਰਾਜਾ ਤੇਰੇ ਪੁੱਤਰ ਤੇਰੇ ਪਿੱਛੋਂ ਰਾਜ ਕਰਨਗੇ। ਤੂੰ ਉਨ੍ਹਾਂ ਨੂੰ
ਸਾਰੀ ਧਰਤੀ ਦਾ ਹਾਕਮ ਬਣਾ ਦੇਵੇਗਾ।
17 ਮੈਂ ਸਦਾ ਲਈ ਤੁਹਾਡਾ ਨਾਮ ਰੌਸ਼ਨ ਕਰਾਂਗਾ। ਲੋਕ ਸਦਾ-
ਸਦਾ ਲਈ ਤੁਹਾਡੀ ਉਸਤਤ ਕਰਨਗੇ।

*ਨਿਰਦੇਸ਼ਕ ਲਈ: ਕੋਰਹ ਪਰਿਵਾਰ ਦਾ ਇੱਕ ਗੀਤ। ਅਲਾਮੋਥ ਦੁਆਰਾ ਇੱਕ ਗੀਤ।*

**46** 1ਪਰਮੇਸ਼ੁਰ ਸਾਡੀ ਸੁਰੱਖਿਆ ਅਤੇ ਬਲ ਦਾ ਸਰੋਤ
ਹੈ। ਸੰਕਟ ਕਾਲ ਵਿੱਚ ਉਸ ਕੋਲੋਂ, ਅਸੀਂ ਹਮੇਸ਼ਾਂ
ਸਹਾਇਤਾ ਲੈ ਸਕਦੇ ਹਾਂ।
2 ਇਸੇ ਲਈ ਅਸੀਂ ਨਹੀਂ ਡਰਦੇ ਜਦੋਂ ਧਰਤੀ ਹਿੱਲਦੀ ਹੈ,
ਅਤੇ ਪਰਬਤ ਸਮੁੰਦਰ ਵਿੱਚ ਡਿੱਗਦੇ ਹਨ।

3 ਅਸੀਂ ਡਰਦੇ ਨਹੀਂ ਉਦੋਂ ਜਦੋਂ ਸਮੁੰਦਰ ਗਰਜਦੇ ਅਤੇ ਝੱਗ ਕਰਦੇ ਹਨ, ਅਤੇ ਸਮੁੰਦਰ ਵਿੱਚਲੇ ਪਰਬਤ ਕੰਬਦੇ ਹਨ।
4 ਇੱਕ ਦਰਿਆ ਹੈ ਜਿਸ ਦੀਆਂ ਧਾਰਾਂ ਪਰਮੇਸ਼ੁਰ ਦੇ ਸ਼ਹਿਰ ਅੰਦਰ, ਸਭ ਤੋਂ ਉੱਚੇ ਪਰਮੇਸ਼ੁਰ ਦੇ ਪਵਿੱਤਰ ਸ਼ਹਿਰ ਅੰਦਰ ਖੁਸ਼ੀ ਲਿਆਉਂਦੀਆਂ ਹਨ।
5 ਪਰਮੇਸ਼ੁਰ ਉਸ ਸ਼ਹਿਰ ਵਿੱਚ ਹੈ, ਇਸੇ ਲਈ ਉਹ ਕਦੀ ਵੀ ਤਬਾਹ ਨਹੀਂ ਹੋਵੇਗਾ। ਸੂਰਜ ਚੜ੍ਹਨ ਤੋਂ ਵੀ ਪਹਿਲਾਂ ਪਰਮੇਸ਼ੁਰ ਮਦਦ ਲਈ ਉੱਥੇ ਹੁੰਦਾ।
6 ਕੌਮਾਂ ਡਰ ਦੇ ਕਾਰਣ ਕੰਬਣਗੀਆਂ; ਜਦੋਂ ਯਹੋਵਾਹ ਰੌਲਾ ਪਾਉਂਦਾ ਹੈ, ਉਹ ਰਾਜ ਡਿੱਗ ਪੈਣਗੇ ਅਤੇ ਧਰਤੀ ਮਲੀਆ ਮੇਟ ਹੋ ਜਾਵੇਗੀ।
7 ਸਰਬ ਸ਼ਕਤੀਮਾਨ ਯਹੋਵਾਹ ਸਾਡੇ ਅੰਗ-ਸੰਗ ਹੈ। ਯਾਕੂਬ ਦਾ ਪਰਮੇਸ਼ੁਰ ਸਾਡੀ ਸੁਰੱਖਿਅਤ ਥਾਂ ਹੈ।
8 ਉਨ੍ਹਾਂ ਸ਼ਕਤੀਸ਼ਾਲੀ ਗੱਲਾਂ ਵੱਲ ਤੱਕੋ ਜੋ ਯਹੋਵਾਹ ਕਰਦਾ ਹੈ। ਉਨ੍ਹਾਂ ਹੈਰਾਨੀ ਭਰੀਆਂ ਕਰਨੀਆਂ ਵੱਲ ਤੱਕੋ ਜੋ ਉਸ ਨੇ ਧਰਤੀ ਉੱਤੇ ਕੀਤੀਆਂ ਹਨ।
9 ਯਹੋਵਾਹ ਲੜਾਈਆਂ ਨੂੰ ਧਰਤੀ ਦੇ ਕਿਸੇ ਕੋਨੇ ਉੱਤੇ ਵੀ ਰੋਕ ਸਕਦਾ ਹੈ। ਉਹ ਸਿਪਾਹੀਆਂ ਦੀਆਂ ਕਮਾਨਾਂ ਨੂੰ ਤੋੜ ਸਕਦਾ ਹੈ। ਉਹ ਉਨ੍ਹਾਂ ਦੇ ਨੇਜਿਆਂ ਨੂੰ ਟੁੱਕੜਿਆਂ ਵਿੱਚ ਤੋੜ ਸਕਦਾ ਹੈ ਅਤੇ ਜੰਗੀ ਗੱਡਿਆਂ ਨੂੰ ਅੱਗ ਨਾਲ ਸਾੜ ਸਕਦਾ ਹੈ।
10 ਪਰਮੇਸ਼ੁਰ ਆਖਦਾ ਹੈ, "ਸ਼ਾਂਤ ਰਹੋ ਅਤੇ ਜਾਣੋ ਕਿ ਮੈਂ ਹੀ ਪਰਮੇਸ਼ੁਰ ਹਾਂ। ਕੌਮਾਂ ਵਿੱਚ ਮੇਰੀ ਉਸਤਤ ਹੋਵੇਗੀ। ਮੈਂ ਧਰਤੀ ਉੱਤੇ ਮਹਿਮਾਮਈ ਹੋਵਾਂਗਾ।"
11 ਸਰਬ ਸ਼ਕਤੀਮਾਨ ਯਹੋਵਾਹ ਹਮੇਸ਼ਾ ਸਾਡੇ ਨਾਲ ਹੈ। ਯਾਕੂਬ ਦਾ ਪਰਮੇਸ਼ੁਰ ਸਾਡਾ ਸੁਰੱਖਿਅਤ ਸਥਾਨ ਹੈ।

*ਨਿਰਦੇਸ਼ਕ ਲਈ: ਕੋਰਹ ਪਰਿਵਾਰ ਦਾ ਇੱਕ ਗੀਤ।*

**47** 1 ਹੇ ਸਭ ਲੋਕੋ, ਤਾੜੀ ਮਾਰੋ। ਪਰਮੇਸ਼ੁਰ ਲਈ ਖੁਸ਼ੀ ਦੀਆਂ ਕਿਲਕਾਰੀਆਂ ਮਾਰੋ।
2 ਯਹੋਵਾਹ ਸਭ ਤੋਂ ਉੱਚਾ ਅਤੇ ਭਿਆਨਕ ਹੈ। ਉਹੀ ਸਾਰੀ ਧਰਤੀ ਦੇ ਪਾਤਸ਼ਾਹਾਂ ਦਾ ਪਾਤਸ਼ਾਹ ਹੈ।
3 ਉਹ ਸਾਨੂੰ ਹੋਰਾਂ ਨੂੰ ਹਰਾਉਣ ਵਿੱਚ ਸਹਾਈ ਹੋਇਆ। ਉਸ ਨੇ ਹੋਰਾਂ ਕੌਮਾਂ ਨੂੰ ਸਾਡੇ ਅਧੀਨ ਕਰ ਦਿੱਤਾ।
4 ਸਾਡੇ ਪਰਮੇਸ਼ੁਰ ਨੇ ਸਾਡੇ ਲਈ ਸਾਡੀ ਧਰਤੀ ਦੀ ਚੋਣ ਕੀਤੀ। ਉਸ ਨੇ ਯਾਕੂਬ ਲਈ ਜਿਸ ਬੰਦੇ ਨੂੰ ਉਹ ਪਿਆਰ ਕਰਦਾ ਸੀ। ਉਸ ਅਦਭੁਤ ਧਰਤੀ ਨੂੰ ਚੁਣਿਆ।
5 ਯਹੋਵਾਹ ਆਪਣੇ ਤਖਤ ਉੱਤੇ ਬਿਗਲ ਅਤੇ ਸਿੰਗੀ ਦੀ ਧੁਨੀ ਨਾਲ ਬਿਰਾਜਮਾਨ ਹੁੰਦਾ ਹੈ।
6 ਪਰਮੇਸ਼ੁਰ ਦੀਆਂ ਉਸਤਤਾਂ ਗਾਵੋ। ਗਾਵੋ ਉਸਤਤਾਂ। ਸਾਡੇ ਰਾਜੇ ਦੀਆਂ ਉਸਤਤਾਂ ਗਾਵੋ। ਗਾਵੋ ਉਸਤਤਾਂ।
7 ਪਰਮੇਸ਼ੁਰ ਸਾਰੀ ਦੁਨੀਆ ਦਾ ਰਾਜਾ ਹੈ। ਉਸਤਤ ਦੇ ਗੀਤ ਗਾਵੋ।
8 ਪਰਮੇਸ਼ੁਰ ਆਪਣੇ ਪਵਿੱਤਰ ਤਖਤ ਉੱਤੇ ਬਿਰਾਜਮਾਨ ਹੈ। ਉਹ ਸਮੂਹ ਕੌਮਾਂ ਉੱਤੇ ਰਾਜ ਕਰਦਾ ਹੈ।
9 ਕੌਮਾਂ ਦੇ ਆਗੂ ਅਬਰਾਹਾਮ ਦੇ ਪਰਮੇਸ਼ੁਰ ਦੇ ਲੋਕਾਂ ਨਾਲ ਮਿਲਕੇ ਇਕੱਠੇ ਹੁੰਦੇ ਹਨ। ਸਾਰੀਆਂ ਕੌਮਾਂ ਦੇ ਸਾਰੇ ਹੀ ਆਗੂ ਪਰਮੇਸ਼ੁਰ ਦੇ ਹਨ, ਪਰਮੇਸ਼ੁਰ ਉਨ੍ਹਾਂ ਸਾਰਿਆਂ ਉੱਪਰ ਹੈ।

*ਕੋਰਹ ਪਰਿਵਾਰ ਦਾ ਇੱਕ ਉਸਤਤ ਗੀਤ।*

**48** 1 ਯਹੋਵਾਹ ਮਹਾਨ ਹੈ। ਸਾਡੇ ਪਰਮੇਸ਼ੁਰ ਦੀ ਉਸਤਤ ਉਸ ਦੇ ਸ਼ਹਿਰ ਵਿੱਚ, ਉਸ ਦੇ ਪਵਿੱਤਰ ਪਰਬਤ ਉੱਤੇ ਹੁੰਦੀ ਹੈ।
2 ਪਰਮੇਸ਼ੁਰ ਦਾ ਪਵਿੱਤਰ ਸ਼ਹਿਰ ਅਜਿਹੀ ਉੱਚਾਈ ਤੇ ਸਥਿਰ ਹੈ। ਇਹ ਦੁਨੀਆ ਭਰ ਦੇ ਲੋਕਾਂ ਨੂੰ ਖੁਸ਼ੀ ਪ੍ਰਦਾਨ ਕਰਦਾ ਹੈ। ਪਰਬਤ ਸੀਯੋਨ ਹੀ ਪਰਮੇਸ਼ੁਰ ਦਾ ਅਸਲ ਪਰਬਤ ਹੈ। ਇਹ ਸ਼ਹਿਰ ਮਹਾਨ ਰਾਜੇ ਦਾ ਹੈ।
3 ਉਸ ਸ਼ਹਿਰ ਦੇ ਮਹਿਲਾਂ ਵਿੱਚ ਪਰਮੇਸ਼ੁਰ ਨੂੰ ਗੜ੍ਹ ਸਮਝਿਆ ਜਾਂਦਾ ਹੈ।
4 ਇੱਕ ਵਾਰੀ ਕੁਝ ਰਾਜੇ ਇਕੱਠੇ ਹੋਏ ਅਤੇ ਇਸ ਸ਼ਹਿਰ ਉੱਤੇ ਹਮਲਾ ਕਰਨ ਦੀ ਯੋਜਨਾ ਬਣਾਈ। ਉਨ੍ਹਾਂ ਨੇ ਇਕੱਠਿਆਂ ਅਗਾਂਹਾਂ ਕੂਚ ਕੀਤਾ।
5 ਜਦੋਂ ਉਨ੍ਹਾਂ ਰਾਜਿਆਂ ਨੇ ਇਸ ਵੱਲ ਤੱਕਿਆ, ਉਹ ਹੈਰਾਨ ਰਹਿ ਗਏ। ਅਤੇ ਉਹ ਦਹਿਸ਼ਤ ਵਿੱਚ ਭੱਜ ਉੱਠੇ।
6 ਉਨ੍ਹਾਂ ਰਾਜਿਆਂ ਨੂੰ ਡਰ ਨੇ ਖਿੱਚ ਲਿਆ। ਉਹ ਡਰ ਨਾਲ ਕੰਬ ਗਏ।
7 ਹੇ ਪਰਮੇਸ਼ੁਰ, ਤੂੰ ਜ਼ੋਰਦਾਰ ਹਵਾ ਦੀ ਵਰਤੋਂ ਕੀਤੀ ਅਤੇ ਉਨ੍ਹਾਂ ਦੇ ਵੱਡੇ ਜਹਾਜ਼ਾਂ ਨੂੰ ਤਬਾਹ ਕਰ ਦਿੱਤਾ।
8 ਹਾਂ, ਅਸੀਂ ਤੇਰੀ ਸ਼ਕਤੀ ਦੀਆਂ ਕਹਾਣੀਆਂ ਸੁਣੀਆਂ ਪਰ ਅਸੀਂ ਇਸ ਨੂੰ, ਸਾਡੇ ਪਰਮੇਸ਼ੁਰ ਦੇ ਸ਼ਹਿਰ ਅੰਦਰ, ਯਹੋਵਾਹ ਸਰਬ ਸ਼ਕਤੀਮਾਨ ਦੇ ਸ਼ਹਿਰ ਅੰਦਰ ਦੇਖਿਆ ਵੀ। ਪਰਮੇਸ਼ੁਰ ਉਸ ਸ਼ਹਿਰ ਨੂੰ ਸਦਾ ਲਈ ਮਜ਼ਬੂਤ ਬਣਾਉਂਦਾ ਹੈ।
9 ਹੇ ਪਰਮੇਸ਼ੁਰ, ਅਸੀਂ ਤੇਰੇ ਮੰਦਰ ਵਿੱਚ ਤੁਹਾਡੀ ਪਿਆਰ ਭਰੀ ਮਿਹਰ ਬਾਰੇ ਵਿਚਾਰ ਕਰਦੇ ਹਾਂ।
10 ਹੇ ਪਰਮੇਸ਼ੁਰ, ਤੂੰ ਪ੍ਰਸਿੱਧ ਹੈਂ। ਸਾਰੇ ਲੋਕ ਧਰਤੀ ਉੱਪਰ ਹਰ ਥਾਂ ਤੁਹਾਡੀ ਉਸਤਤ ਕਰਦੇ ਹਨ। ਹਰ ਕੋਈ ਜਾਣਦਾ ਹੈ ਤੂੰ ਕਿੰਨਾ ਭਿੰਨ ਹੈਂ।
11 ਹੇ ਪਰਮੇਸ਼ੁਰ, ਸੀਯੋਨ ਪਰਬਤ ਪ੍ਰਸੰਨ ਹੈ। ਯਹੂਦਾਹ ਦੇ ਸ਼ਹਿਰ ਤੇਰੇ ਸ਼ੁਭ ਨਿਆਂ ਕਾਰਣ ਖੁਸ਼ੀ ਮਨਾਉਂਦੇ ਹਨ।
12 ਸੀਯੋਨ ਪਰਬਤ ਦੇ ਆਲੇ-ਦੁਆਲੇ ਫ਼ਿਰੋ। ਸ਼ਹਿਰ ਵੱਲ ਵੇਖੋ। ਬੁਰਜਾਂ ਨੂੰ ਗਿਣੋ।
13 ਉੱਚੀਆਂ ਕੰਧਾਂ ਵੱਲ ਵੇਖੋ, ਸੀਯੋਨ ਦੇ ਮਹਿਲਾਂ ਦੀ ਤਾਰੀਫ਼ ਕਰੋ। ਫ਼ੇਰ ਤੂੰ ਅਗਲੀ ਪੀੜ੍ਹੀ ਨੂੰ ਇਸ ਬਾਰੇ ਦੱਸ ਸਕੇਂਗਾ।
14 ਇਹ ਪਰਮੇਸ਼ੁਰ ਸਦਾ-ਸਦਾ ਲਈ ਸਾਡਾ ਪਰਮੇਸ਼ੁਰ ਹੈ। ਉਸ ਸਾਡੀ ਸਦਾ-ਸਦਾ ਲਈ ਅਗਵਾਈ ਕਰੇਗਾ।

*ਨਿਰਦੇਸ਼ਕ ਲਈ: ਕੋਰਹ ਪਰਿਵਾਰ ਦਾ ਇੱਕ ਗੀਤ।*

**49** 1 ਹੇ ਸਾਰੀਓ ਕੌਮੋ ਇਸ ਨੂੰ ਸੁਣੋ। ਧਰਤੀ ਦੇ ਸਮੂਹ ਲੋਕੋ ਇਸ ਸਭ ਕਾਸੇ ਨੂੰ ਧਿਆਨ ਨਾਲ ਸੁਣੋ।
2 ਅਮੀਰ ਹੋਵੇ ਜਾਂ ਗਰੀਬ ਹਰ ਬੰਦੇ ਨੂੰ ਸੁਣਨਾ ਚਾਹੀਦਾ ਹੈ।
3 ਮੈਂ ਤੈਨੂੰ ਕੁਝ ਸਿਆਣੀਆਂ ਅਤੇ ਸੂਝਵਾਨ ਗੱਲਾਂ ਦੱਸਾਂਗਾ।
4 ਮੈਂ ਵੀ ਇਹ ਕਹਾਣੀਆਂ ਸੁਣੀਆਂ ਸਨ। ਅਤੇ ਹੁਣ ਮੈਂ

ਆਪਣੇ ਰਬਾਬ ਨਾਲ ਗਾਵਾਂਗਾ ਅਤੇ ਉਹ ਸੰਦੇਸ਼ ਤੇਰੇ ਲਈ ਉਜਾਗਰ ਕਰਾਂਗਾ।

5 ਜੇ ਮੁਸੀਬਤ ਆਵੇ ਮੈਂ ਕਿਉਂ ਡਰਾਂ। ਡਰਨ ਦੀ ਕੋਈ ਲੋੜ ਨਹੀਂ ਜੇ ਬੁਰੇ ਲੋਕੀ ਮੇਰੇ ਦੁਆਲੇ ਹਨ ਅਤੇ ਮੈਨੂੰ ਫ਼ਸਾਉਣ ਦੀ ਕੋਸ਼ਿਸ਼ ਵਿੱਚ ਹਨ।

6 ਉਹ ਜਿਹੜੇ ਸੋਚਦੇ ਹਨ ਕਿ ਉਨ੍ਹਾਂ ਦੀ ਤਾਕਤ ਅਤੇ ਧਨ ਉਨ੍ਹਾਂ ਦੀ ਰੱਖਿਆ ਕਰੇਗੀ ਮੂਰਖ ਹਨ।

7 ਕੋਈ ਐਸਾ ਇਨਸਾਨੀ ਦੋਸਤ ਨਹੀਂ ਜਿਹੜਾ ਤੈਨੂੰ ਬਚਾ ਸਕੇ। ਅਤੇ ਤੂੰ ਪਰਮੇਸ਼ੁਰ ਨੂੰ ਰਿਸ਼ਵਤ ਨਹੀਂ ਦੇ ਸਕਦਾ।

8 ਕੋਈ ਬੰਦਾ ਇੰਨਾ ਧਨ ਪ੍ਰਾਪਤ ਨਹੀਂ ਕਰ ਸਕਦਾ ਜਿਸ ਦੁਆਰਾ ਉਹ ਆਪਣੀ ਜ਼ਿੰਦਗੀ ਖਰੀਦ ਸਕੇ।

9 ਕੋਈ ਵੀ ਇੰਨਾ ਧਨ ਪ੍ਰਾਪਤ ਨਹੀਂ ਕਰ ਸਕਦਾ ਜਿਸ ਦੁਆਰਾ ਉਹ ਸਦੀਵੀ ਜਿਉਣ ਦਾ ਹੱਕ ਖਰੀਦ ਸਕੇ। ਅਤੇ ਆਪਣੇ ਸਰੀਰ ਨੂੰ ਕਬਰ ਵਿੱਚ ਸੜਨ ਤੋਂ ਬਚਾ ਲਵੇ।

10 ਦੇਖੋ, ਸਿਆਣੇ ਲੋਕ ਵੀ ਉਵੇਂ ਮਰਦੇ ਹਨ ਜਿਵੇਂ ਮੂਰਖ ਅਤੇ ਉਜੱਡ ਲੋਕ ਮਰਦੇ ਹਨ। ਉਹ ਮਰ ਜਾਂਦੇ ਹਨ ਅਤੇ ਆਪਣੀ ਦੌਲਤ ਹੋਰਨਾਂ ਲਈ ਛੱਡ ਜਾਂਦੇ ਹਨ।

11 ਉਨ੍ਹਾਂ ਦੀਆਂ ਕਬਰਾਂ ਹੀ ਸਦਾ-ਸਦਾ ਲਈ ਉਨਾਂ ਦਾ ਨਵਾਂ ਘਰ ਹੋਣਗੀਆਂ। ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਭਾਵੇਂ ਉਹ ਕਿੰਨੀ ਵੀ ਜ਼ਮੀਨ ਦੇ ਮਾਲਕ ਹੋਣ।

12 ਲੋਕ ਅਮੀਰ ਹੋ ਸਕਦੇ ਹਨ, ਪਰ ਸਦਾ ਲਈ ਉਹ ਇੱਥੇ ਟਿਕ ਨਹੀਂ ਸਕਦੇ।

13 ਸੱਚਮੁੱਚ ਉਹੀ ਉਨ੍ਹਾਂ ਦਾ ਅੰਤ ਹੈ ਜਿਹੜੇ ਆਪਣੀ ਦੌਲਤ ਤੋਂ ਪ੍ਰਸੰਨ ਹੁੰਦੇ ਹਨ।

14 ਉਹ ਲੋਕ ਬਸ ਭੇਡਾਂ ਵਰਗੇ ਹਨ। ਕਬਰਿਸਤਾਨ ਹੀ ਉਨ੍ਹਾਂ ਦਾ ਬਾੜਾ ਹੋਵੇਗੀ ਮੌਤ ਉਨ੍ਹਾਂ ਦੀ ਆਜੜੀ ਹੋਵੇਗੀ, ਫ਼ੇਰ ਉਸ ਸਵੇਰ ਨੂੰ ਚੰਗੇ ਲੋਕ ਹੀ ਜੇਤੂ ਹੋਣਗੇ। ਕਿਉਂਕਿ ਉਨ੍ਹਾਂ ਹੰਕਾਰੀ ਲੋਕਾਂ ਦੇ ਸਰੀਰ ਆਪਣੇ ਮਹਿਲਾਂ ਤੋਂ ਦੂਰ ਹੌਲੀ-ਹੌਲੀ ਕਬਰ ਵਿੱਚ ਸੜ ਜਾਣਗੇ।

15 ਪਰ ਪਰਮੇਸ਼ੁਰ ਮੁੱਲ ਤਾਰੇਗਾ ਅਤੇ ਮੇਰੀ ਜ਼ਿੰਦਗੀ ਦੀ ਰੱਖਿਆ ਕਰੇਗਾ। ਉਹ ਮੈਨੂੰ ਕਬਰ ਦੇ ਜ਼ੋਰ ਤੋਂ ਬਚਾ ਲਵੇਗਾ ਜਦੋਂ ਉਹ ਮੈਨੂੰ ਆਪਣੇ ਨਾਲ ਲੈ ਜਾਵੇਗਾ।

16 ਲੋਕਾਂ ਤੋਂ ਇਸ ਲਈ ਨਾ ਡਰੋ ਕਿ ਉਹ ਅਮੀਰ ਹਨ। ਲੋਕਾਂ ਤੋਂ ਇਸ ਲਈ ਨਾ ਡਰੋ ਕਿ ਉਹ ਆਲੀਸ਼ਾਨ ਮਕਾਨਾਂ ਵਿੱਚ ਰਹਿੰਦੇ ਹਨ।

17 ਉਹ ਕੋਈ ਵੀ ਚੀਜ਼ ਆਪਣੇ ਨਾਲ ਲੈ ਕੇ ਨਹੀਂ ਜਾ ਸਕਦੇ। ਜਦੋਂ ਉਹ ਮਰਨਗੇ ਉਹ ਆਪਣੇ ਨਾਲ ਉਨ੍ਹਾਂ ਸਾਰੀਆਂ ਖੂਬਸੂਰਤ ਚੀਜ਼ਾਂ ਵਿੱਚੋਂ ਇੱਕ ਵੀ ਲੈ ਕੇ ਨਹੀਂ ਜਾਣਗੇ।

18 ਇੱਕ ਅਮੀਰ ਆਦਮੀ ਆਪਣੇ ਜੀਵਨ ਵਿੱਚ ਪ੍ਰਾਪਤ ਕੀਤੀ ਸਾਰੀ ਸਫ਼ਲਤਾ ਲਈ ਆਪਣੇ-ਆਪ ਦੀ ਪ੍ਰਸੰਸਾ ਕਰ ਸਕਦਾ ਹੈ। ਅਤੇ ਹਾਂ, ਹੋਰ ਲੋਕੀਂ ਵੀ ਉਸ ਦੀ ਉਸਤਤ ਕਰ ਸਕਦੇ ਹਨ ਕਿ ਉਸ ਨੇ ਕਿੰਨੀ ਸਫ਼ਲਤਾ ਪ੍ਰਾਪਤ ਕੀਤੀ ਹੈ।

19 ਪਰ ਉਸ ਦੇ ਮਰਨ ਦਾ ਅਤੇ ਆਪਣੇ ਪੁਰਖਿਆਂ ਕੋਲ ਜਾਣ ਦਾ ਸਮਾਂ ਆਵੇਗਾ। ਅਤੇ ਉਹ ਫ਼ੇਰ ਕਦੇ ਵੀ ਦਿਨ ਦੀ ਰੌਸ਼ਨੀ ਨਹੀਂ ਦੇਖੇਗਾ।

20 ਲੋਕੀ ਅਮੀਰ ਹੋ ਸਕਦੇ ਹਨ, ਪਰ ਜੇਕਰ ਫ਼ੇਰ ਵੀ ਉਹ ਨਾ ਸਮਝਣ ਉਹ ਬਿਲਕੁਲ ਜਾਨਵਰਾਂ ਵਾਂਗ ਮਰਨਗੇ।

*ਆਸਾਫ਼ ਦਾ ਇੱਕ ਗੀਤ।*

**50** 1 ਸਰਬਸ਼ਕਤੀਮਾਨ ਪਰਮੇਸ਼ੁਰ, ਯਹੋਵਾਹ ਬੋਲਿਆ ਹੈ। ਉਹ ਧਰਤੀ ਦੇ ਸਾਰੇ ਲੋਕਾਂ ਨੂੰ ਸਵੇਰ ਤੋਂ ਸ਼ਾਮ ਤੱਕ ਬੁਲਾਉਂਦਾ ਹੈ।

2 ਸੀਯੋਨ ਤੋਂ ਚਮਕਦਾ ਹੋਇਆ ਪਰਮੇਸ਼ੁਰ ਪਰਮ ਸੁੰਦਰ ਹੈ।

3 ਸਾਡਾ ਪਰਮੇਸ਼ੁਰ ਆ ਰਿਹਾ ਹੈ। ਅਤੇ ਉਹ ਚੁੱਪ ਨਹੀਂ ਰਹੇਗਾ। ਅੱਗ ਉਸ ਦੇ ਅੱਗੇ ਬਲਦੀ ਹੈ। ਇੱਕ ਵੱਡਾ ਤੂਫ਼ਾਨ ਉਸ ਦੇ ਆਲੇ-ਦੁਆਲੇ ਹੈ।

4 ਸਾਡਾ ਪਰਮੇਸ਼ੁਰ ਧਰਤੀ ਅਤੇ ਅਕਾਸ਼ ਨੂੰ ਅਵਾਜ਼ ਦਿੰਦਾ ਹੈ ਕਿ ਉਹ ਆਪਣੇ ਲੋਕਾਂ ਬਾਰੇ ਨਿਆਂ ਕਰੇ ਉਹ ਗਵਾਹ ਹੋਣ।

5 ਪਰਮੇਸ਼ੁਰ ਆਖਦਾ ਹੈ, “ਤੁਸੀਂ ਸਭ ਜੋ ਮੇਰੇ ਵਫ਼ਾਦਾਰ ਹੋ, ਮੇਰੇ ਆਲੇ-ਦੁਆਲੇ ਇਕੱਠੇ ਹੋਵੋ। ਤੁਸੀਂ ਸਾਰੇ ਜਿਨ੍ਹਾਂ ਦਾ ਮੇਰੇ ਨਾਲ ਕਰਾਰ ਹੈ, ਆਵੋ ਅਤੇ ਮੈਨੂੰ ਆਪਣੀਆਂ ਬਲੀਆਂ ਭੇਟ ਕਰੋ।”

6 ਪਰਮੇਸ਼ੁਰ ਨਿਆਂਕਾਰ ਹੈ, ਅਤੇ ਅਕਾਸ਼ ਉਸ ਦੀ ਨੇਕੀ ਬਾਰੇ ਦੱਸਦਾ ਹੈ।

7 ਪਰਮੇਸ਼ੁਰ ਆਖਦਾ ਹੈ, “ਮੇਰੇ ਲੋਕੋ, ਮੇਰੀ ਗੱਲ ਸੁਣੋ। ਇਸਰਾਏਲ ਦੇ ਲੋਕੋ, ਮੈਂ ਆਪਣਾ ਸਬੂਤ ਤੁਹਾਡੇ ਵਿਰੁੱਧ ਵਿਖਾਵਾਂਗਾ। ਮੈਂ ਪਰਮੇਸ਼ੁਰ ਹਾਂ, ਤੁਹਾਡਾ ਪਰਮੇਸ਼ੁਰ।

8 ਮੈਂ ਤੁਹਾਡੀਆਂ ਬਲੀਆਂ ਬਾਰੇ ਸ਼ਿਕਵਾ ਨਹੀਂ ਕਰ ਰਿਹਾ। ਤੁਸੀਂ ਇਸਰਾਏਲ ਦੇ ਲੋਕ ਹਰ ਸਮੇਂ ਮੇਰੇ ਲਈ ਬਲੀ ਚੜ੍ਹਾਵੇ ਲੈ ਕੇ ਆਉਂਦੇ ਹੋ। ਤੁਸੀਂ ਇਹ ਮੈਨੂੰ ਹਰ ਰੋਜ਼ ਦਿੰਦੇ ਹੋ।

9 ਮੈਂ ਤੇਰੇ ਘਰਾਂ ਵਿੱਚੋਂ ਬਲਦ ਨਹੀਂ ਲਵਾਂਗਾ। ਮੈਂ ਤੇਰੇ ਬਾੜਿਆਂ ਵਿੱਚੋਂ ਬੱਕਰੇ ਨਹੀਂ ਲਵਾਂਗਾ।

10 ਮੈਨੂੰ ਇਨ੍ਹਾਂ ਜਾਨਵਰਾਂ ਦੀ ਕੋਈ ਲੋੜ ਨਹੀਂ। ਮੈਂ ਪਹਿਲਾਂ ਹੀ ਜੰਗਲ ਦੇ ਸਾਰੇ ਜਾਨਵਰਾਂ ਦਾ ਮਾਲਕ ਹਾਂ। ਮੈਂ ਪਹਿਲਾਂ ਹੀ ਪਰਬਤਾਂ ਦੇ ਸਾਰੇ ਹਜ਼ਾਰਾਂ ਜਾਨਵਰਾਂ ਦਾ ਮਾਲਕ ਹਾਂ।

11 ਉੱਚੇ ਤੋਂ ਉੱਚੇ ਪਰਬਤ ਉੱਤੇ ਬੈਠੇ ਹਰ ਪੰਛੀ ਨੂੰ ਮੈਂ ਜਾਣਦਾ ਹਾਂ। ਪਹਾੜੀਆਂ ਵਿੱਚ ਹਰਕਤ ਕਰਦੀ ਹਰ ਸ਼ੈਅ ਮੇਰੀ ਹੈ।

12 ਮੈਂ ਭੁੱਖਾ ਨਹੀਂ ਹਾਂ। ਪਰ ਜੇ ਮੈਂ ਭੁੱਖਾਂ ਹੋਵਾਂ ਵੀ, ਮੈਂ ਤੇਰੇ ਪਾਸੋਂ ਭੋਜਨ ਨਹੀਂ ਮੰਗਾਂਗਾ। ਸਾਰੀ ਦੁਨੀਆ ਅਤੇ ਇਸ ਦੀ ਹਰ ਸ਼ੈਅ ਪਹਿਲਾਂ ਹੀ ਮੇਰੀ ਹੈ।

13 ਮੈਂ ਬਲਦਾਂ ਦਾ ਮਾਸ ਨਹੀਂ ਖਾਂਦਾ ਮੈਂ ਬੱਕਰੀਆਂ ਦਾ ਲਹੂ ਨਹੀਂ ਪੀਂਦਾ।”

14 ਇਸ ਲਈ ਹੋਰਨਾਂ ਉਪਾਸਨਾ ਕਰਨ ਵਾਲਿਆਂ ਨਾਲ ਸਾਂਝਾ ਕਰਨ ਲਈ ਆਪਣੇ ਧੰਨਵਾਦ ਦੇ ਚੜ੍ਹਾਵੇ ਲਿਆਵੋ। ਅਤੇ ਪਰਮੇਸ਼ੁਰ ਦੇ ਨਾਲ ਹੋਣ ਲਈ ਆਵੋ। ਤੁਸੀਂ ਸਭ ਤੋਂ ਉੱਚੇ ਪਰਮੇਸ਼ੁਰ ਨੂੰ ਵਾਇਦੇ ਦਿੱਤੇ ਸੀ। ਇਸ ਲਈ ਉਹ ਚੀਜ਼ਾਂ ਜਿਨ੍ਹਾਂ ਦਾ ਤੂੰ ਇਕਰਾਰ ਕੀਤਾ ਸੀ, ਅਰਪਣ ਕਰ।

15 ਪਰਮੇਸ਼ੁਰ ਆਖਦਾ ਹੈ, “ਜਦੋਂ ਵੀ ਮੁਸੀਬਤਾਂ ਤੈਨੂੰ ਘੇਰਨ, ਮੈਨੂੰ ਬੁਲਾ। ਮੈਂ ਤੇਰੀ ਸਹਾਇਤਾ ਕਰਾਂਗਾ ਅਤੇ ਫ਼ੇਰ ਤੂੰ ਮੇਰਾ ਆਦਰ ਕਰੇਂਗਾ।”

16 ਪਰਮੇਸ਼ੁਰ, ਬਦਕਾਰ ਲੋਕਾਂ ਨੂੰ ਆਖਦਾ ਹੈ, “ਤੁਸੀਂ ਲੋਕੀਂ ਮੇਰੇ ਨਿਯਮਾਂ ਬਾਰੇ ਗੱਲਾਂ ਕਰਦੇ ਹੋ। ਤੁਸੀਂ ਮੇਰੇ ਕਰਾਰ ਬਾਰੇ ਗੱਲਾਂ ਕਰਦੇ ਹੋ।

17 ਇਸੇ ਲਈ, ਜਦੋਂ ਮੈਂ ਤੈਨੂੰ ਸਹੀ ਕਰਦਾ ਹਾਂ ਤੂੰ ਮੈਨੂੰ ਨਫ਼ਰਤ
ਕਿਉਂ ਕਰਦਾ ਹੈਂ। ਤੂੰ ਉਨ੍ਹਾਂ ਗੱਲਾਂ ਨੂੰ ਅਣਡਿਠ ਕਿਉਂ ਕਰਦਾ
ਹੈਂ ਜੋ ਮੈਂ ਤੈਨੂੰ ਦੱਸਦਾ ਹਾਂ।
18 ਤੂੰ ਇੱਕ ਚੋਰ ਨੂੰ ਦੇਖਕੇ ਨੱਸ ਕੇ ਉਸ ਦੇ ਨਾਲ ਰਲ ਜਾਂਦਾ
ਹੈਂ। ਅਤੇ ਤੂੰ ਵਿਭਚਾਰੀਆਂ ਦੇ ਨਾਲ ਸ਼ਾਮਲ ਹੋ ਜਾਂਦਾ ਹੈਂ।
19 ਤੂੰ ਲੋਕੀਂ ਬੁਰੀਆਂ ਗੱਲਾਂ ਆਖਦਾ ਅਤੇ ਝੂਠ ਬੋਲਦਾ ਹੈਂ।
20 ਤੂੰ ਲਗਾਤਾਰ ਹੋਰਾਂ ਲੋਕਾਂ ਬਾਰੇ, ਆਪਣੇ ਭਰਾਵਾਂ ਬਾਰੇ ਵੀ
ਬੁਰੀਆਂ ਗੱਲਾਂ ਆਖਦਾ ਹੈਂ।
21 ਤੂੰ ਇਹ ਬੁਰੇ ਕਾਰੇ ਕੀਤੇ ਅਤੇ ਮੈਂ ਕੁਝ ਨਹੀਂ ਆਖਿਆ।
ਇਸ ਲਈ ਤੂੰ ਸੋਚਿਆ ਕਿ ਮੈਂ ਤੇਰੇ ਜਿਹਾ ਹੀ ਹਾਂ। ਅੱਛਾ,
ਹੁਣ ਮੈਂ ਲੰਮੇ ਸਮੇਂ ਤੱਕ ਖਾਮੋਸ਼ ਨਹੀਂ ਰਹਾਂਗਾ। ਇਹ
ਗੱਲਾਂ ਮੈਂ ਤੈਨੂੰ ਬਹੁਤ ਸਪੱਸ਼ਟ ਕਰ ਦਿਆਂਗਾ, ਅਤੇ ਮੈਂ
ਤੇਰੇ ਸਨਮੁੱਖ ਤੇਰੇ ਉੱਤੇ ਇਲਜ਼ਾਮ ਲਾਵਾਂਗਾ।
22 ਤੁਸੀਂ ਲੋਕ ਪਰਮੇਸ਼ੁਰ ਨੂੰ ਭੁੱਲ ਗਏ ਹੋ। ਇਸ ਲਈ ਇਹ
ਚੰਗਾ ਹੈ ਜੇਕਰ ਤੁਸੀਂ ਇਹ ਸਮਝ ਲਵੋ, ਇਸ ਤੋਂ ਪਹਿਲਾਂ
ਕਿ ਮੈਂ ਤੁਹਾਨੂੰ ਪਾੜ ਸੁੱਟਾਂ। ਜਦੋਂ ਇਹ ਹੋਵੇਗਾ, ਕੋਈ ਵੀ
ਬੰਦਾ ਤੁਹਾਨੂੰ ਨਹੀਂ ਬਚਾ ਸਕੇਗਾ।
23 ਜੇ ਕੋਈ ਬੰਦਾ ਧੰਨਵਾਦ ਦਾ ਚੜ੍ਹਾਵਾ ਪ੍ਰਦਾਨ ਕਰਦਾ ਹੈ ਤਾਂ
ਉਹ ਮੇਰੇ ਲਈ ਆਦਰ ਵਿਖਾਉਂਦਾ ਹੈ। ਪਰ ਜੇ ਕੋਈ ਬੰਦਾ
ਸਹੀ ਢੰਗ ਨਾਲ ਜੀਉਂਦਾ ਹੈ, ਤਾਂ ਮੈਂ ਉਸ ਨੂੰ ਬਚਾਉਣ
ਲਈ ਆਪਣੀ ਸ਼ਕਤੀ ਵਿਖਾਵਾਂਗਾ।"

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ। ਇਹ ਗੀਤ ਉਸ ਸਮੇਂ ਬਾਰੇ ਹੈ ਜਦੋਂ ਨਾਥਾਨ ਨਬੀ ਦਾਊਦ ਦੇ ਬਥਸ਼ਬਾ ਨਾਲ ਗੁਨਾਹ ਤੋਂ ਬਾਦ ਦਾਊਦ ਕੋਲ ਜਾਂਦਾ ਹੈ।*

**51** 1ਹੇ ਪਰਮੇਸ਼ੁਰ, ਆਪਣੀ ਪਿਆਰ ਭਰੀ ਮਿਹਰ
ਕਾਰਣ ਮੇਰੇ ਉੱਤੇ ਦਯਾ ਕਰ। ਆਪਣੀ ਮਹਾਨ
ਦਯਾ ਕਾਰਣ, ਮੇਰੇ ਸਾਰੇ ਪਾਪ ਮਿਟਾ ਦੇ।
2 ਹੇ ਪਰਮੇਸ਼ੁਰ, ਮੇਰਾ ਦੋਸ਼ ਧੋ ਸੁੱਟ। ਮੇਰੇ ਗੁਨਾਹ ਧੋ ਸੁੱਟ,
ਮੈਨੂੰ ਇੱਕ ਵਾਰ ਫ਼ੇਰ ਨਿਰਮਲ ਬਣਾ ਦੇ।
3 ਮੈਂ ਜਾਣਦਾ ਹਾਂ ਕਿ ਮੈਂ ਗੁਨਾਹ ਕੀਤਾ ਸੀ ਮੈਂ ਹਮੇਸ਼ਾ ਉਨ੍ਹਾਂ
ਗੁਨਾਹਾਂ ਨੂੰ ਦੇਖਦਾ ਹਾਂ।
4 ਮੈਂ ਉਹੀ ਗੱਲਾਂ ਕੀਤੀਆਂ ਜਿਨ੍ਹਾਂ ਨੂੰ ਤੂੰ ਗਲਤ ਆਖਦਾ ਹੈਂ।
ਹੇ ਪਰਮੇਸ਼ੁਰ, ਤੂੰ ਹੀ ਹੈਂ ਜਿਸ ਦੇ ਖਿਲਾਫ਼ ਮੈਂ ਗੁਨਾਹ ਕੀਤੇ
ਸਨ। ਮੈਂ ਇਨ੍ਹਾਂ ਗੱਲਾਂ ਨੂੰ ਲੋਕਾਂ ਦੇ ਜਾਣਨ ਲਈ ਸਵੀਕਾਰ
ਕਰਦਾ ਹਾਂ, ਕਿ ਮੈਂ ਗਲਤ ਸਾਂ ਅਤੇ ਤੂੰ ਸਹੀ ਸੀ। ਤੇਰੇ
ਨਿਆਂ ਨਿਰਪੱਖ ਹਨ।
5 ਮੈਂ ਗੁਨਾਹਾਂ ਵਿੱਚ ਜੰਮਿਆ ਸਾਂ, ਅਤੇ ਪਾਪ ਵਿੱਚ ਹੀ ਮੇਰੀ
ਮਾਂ ਨੇ ਮੈਨੂੰ ਗਰਭ ਅੰਦਰ ਧਾਰਣ ਕੀਤਾ ਸੀ।
6 ਹੇ ਪਰਮੇਸ਼ੁਰ, ਤੂੰ ਚਾਹੁੰਦਾ ਹੈਂ ਕਿ ਮੈਂ ਸੱਚਮੁੱਚ ਤੇਰਾ ਵਫ਼ਾਦਾਰ
ਹੋਵਾਂ ਇਸ ਲਈ ਆਪਣੀ ਸੱਚੀ ਸੂਝ ਮੇਰੇ ਅੰਦਰ ਰੱਖ।
7 ਪਵਿੱਤਰ ਪੌਦੇ ਦੀ ਵਰਤੋਂ ਕਰ ਅਤੇ ਗੁਨਾਹ ਮੈਨੂੰ ਸ਼ੁੱਧ
ਬਣਾਉਣ ਦੀ ਰਸਮ ਕਰ। ਮੈਨੂੰ ਉਦੋਂ ਤੱਕ ਧੋ ਜਦੋਂ ਤੱਕ ਮੈਂ
ਬਰਫ਼ ਵਾਂਗੂ ਚਿੱਟਾ ਨਾ ਹੋ ਜਾਵਾਂ।
8 ਮੈਨੂੰ ਖੁਸ਼ੀ ਪ੍ਰਦਾਨ ਕਰ। ਮੈਨੂੰ ਫ਼ੇਰ ਤੋਂ ਖੁਸ਼ ਹੋਣ ਦੀ
ਜਾਂਚ ਦੱਸ। ਉਨ੍ਹਾਂ ਹੱਡੀਆਂ ਨੂੰ ਖੁਸ਼ ਹੋਣ ਦੇ ਜਿਨ੍ਹਾਂ ਨੂੰ ਤੂੰ
ਕੁਚਲਿਆ ਸੀ।
9 ਹੇ ਪਰਮੇਸ਼ੁਰ, ਮੇਰੇ ਗੁਨਾਹਾਂ ਵੱਲ ਨਾ ਤੱਕ, ਉਨ੍ਹਾਂ ਸਭ ਨੂੰ
ਮਿਟਾ ਦੇ।
10 ਹੇ ਪਰਮੇਸ਼ੁਰ, ਮੇਰੇ ਅੰਦਰ ਸ਼ੁੱਧ ਹਿਰਦੇ ਨੂੰ ਉਤਪੰਨ ਕਰ।
ਇੱਕ ਵਾਰੀ ਫ਼ੇਰ ਮੇਰੀ ਰੂਹ ਨੂੰ ਮਜ਼ਬੂਤ ਬਣਾ।
11 ਮੈਨੂੰ ਧੱਕ ਕੇ ਦੂਰ ਨਾ ਕਰ। ਅਤੇ ਆਪਣਾ ਪਵਿੱਤਰ
ਆਤਮਾ ਮੈਥੋਂ ਨਾ ਲੈ।
12 ਤੇਰੇ ਸਹਾਇਤਾ ਨੇ ਮੈਨੂੰ ਕਿੰਨੀ ਖੁਸ਼ੀ ਦਿੱਤੀ ਹੈ। ਮੈਨੂੰ ਉਹ
ਖੁਸ਼ੀ ਫ਼ੇਰ ਮੋੜ ਦੇ। ਮੇਰੀ ਰੂਹ ਨੂੰ ਮਜ਼ਬੂਤ ਅਤੇ ਤੇਰਾ
ਹੁਕਮ ਮੰਨਣ ਲਈ ਤੱਤਪਰ ਬਣਾ।
13 ਮੈਂ ਗੁਨਾਹਗਾਰਾਂ ਨੂੰ ਉਹੀ ਸਿਖਾਵਾਂਗਾ ਜਿਵੇਂ ਤੂੰ ਚਾਹੁੰਦਾ ਹੈਂ
ਕਿ ਉਹ ਜਿਉਣ ਲਈ ਵਾਪਸ ਤੇਰੇ ਵੱਲ ਪਰਤਣ।
14 ਹੇ ਪਰਮੇਸ਼ੁਰ, ਮੈਨੂੰ ਸਜਾਏ ਮੌਤ ਤੋਂ ਬਚਾ, ਹੇ ਮੇਰੇ
ਪਰਮੇਸ਼ੁਰ, ਇਹ ਤੂੰ ਹੀ ਹੈਂ ਜੋ ਮੇਰੀ ਰੱਖਿਆ ਕਰਦਾ ਹੈਂ।
ਮੈਨੂੰ ਤੇਰੀ ਵਫ਼ਾਦਾਰੀ ਬਾਰੇ ਗਾਉਣ ਦੇ।
15 ਮੇਰੇ ਮਾਲਕ, ਮੈਂ ਆਪਣਾ ਮੂੰਹ ਖੋਲ੍ਹਾਂਗਾ ਅਤੇ ਤੇਰੀਆਂ
ਉਸਤਤਾਂ ਗਾਵਾਂਗਾ।
16 ਅਸਲ ਵਿੱਚ ਤੈਨੂੰ ਬਲੀਆਂ ਨਹੀਂ ਚਾਹੀਦੀਆਂ, ਇਸ
ਲਈ ਮੈਨੂੰ ਬਲੀਆਂ ਕਿਉਂ ਚੜ੍ਹਾਉਣੀਆਂ ਚਾਹੀਦੀਆਂ
ਜਿਹੜੀਆਂ ਤੈਨੂੰ ਚਾਹੀਦੀਆਂ ਵੀ ਨਹੀਂ।
17 ਪਰਮੇਸ਼ੁਰ ਜਿਹੜੀ ਬਲੀ ਚਾਹੁੰਦਾ ਹੈ ਉਹ ਹਲੀਮ ਆਤਮਾ
ਹੈ। ਹੇ ਪਰਮੇਸ਼ੁਰ, ਤੂੰ ਉਸ ਬੰਦੇ ਨੂੰ ਵਾਪਸ ਨਹੀਂ ਮੋੜਦਾ
ਜਿਹੜਾ ਲਾਚਾਰ ਅਤੇ ਹਲੀਮਤਾ ਨਾਲ ਤੇਰੇ ਕੋਲ ਆਉਂਦਾ
ਹੈ।
18 ਹੇ ਪਰਮੇਸ਼ੁਰ, ਕਿਰਪਾ ਕਰਕੇ ਸੀਯੋਨ ਦਾ ਭਲਾ ਕਰ।
ਯਰੂਸ਼ਲਮ ਦੀਆਂ ਕੰਧਾਂ ਦੀ ਪੁਨਰ ਉਸਾਰੀ ਕਰ।
19 ਫ਼ੇਰ ਤੂੰ ਚੰਗੀਆਂ ਬਲੀਆਂ ਅਤੇ ਅਗਨ ਭੇਟਾਂ ਕੀਤੇ
ਚੜ੍ਹਾਵਿਆਂ ਤੋਂ ਖੁਸ਼ ਹੋਵੇਂਗਾ ਅਤੇ ਫ਼ੇਰ ਲੋਕ ਤੇਰੀ
ਜਗਵੇਦੀ ਉੱਤੇ ਬਲਦ ਚੜ੍ਹਾਉਣਗੇ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ ਜਦੋਂ ਦੋਏਗ ਅਦੋਮੀ ਸ਼ਾਊਲ ਕੋਲ ਗਿਆ ਅਤੇ ਉਸ ਨੂੰ ਦੱਸਿਆ, "ਦਾਊਦ ਅਹੀਮਲਕ ਦੇ ਘਰ ਵਿੱਚ ਹੈ।"*

**52** 1ਹੇ ਵੱਡੇ ਆਦਮੀ, ਤੂੰ ਆਪਣੀਆਂ ਕੀਤੀਆਂ ਦੁਸ਼ਟ
ਗੱਲਾਂ ਬਾਰੇ ਸ਼ੇਖੀ ਕਿਉਂ ਮਾਰਦਾ ਹੈਂ? ਤੂੰ ਪਰਮੇਸ਼ੁਰ
ਲਈ ਇੱਕ ਨਿਰਾਦਰ ਹੈਂ। ਤੂੰ ਸਾਰਾ ਦਿਨ ਦੁਸ਼ਟ ਗੱਲਾਂ
ਕਰਨ ਦੀ ਯੋਜਨਾ ਬਣਾਉਂਦਾ ਹੈਂ।
2 ਤੂੰ ਮੂਰਖਤਾ ਭਰੀਆਂ ਵਿਉਂਤਾਂ ਬਣਾਉਂਦਾ ਹੈਂ ਅਤੇ ਤੇਰੀ ਜ਼ੁਬਾਨ
ਤੇਜ ਤਰਾਰ ਉਸਤਰੇ ਵਰਗੀ ਹੈ। ਤੂੰ ਹਰ ਵੇਲੇ ਝੂਠ ਬੋਲਦਾ ਹੈਂ।
ਤੂੰ ਲੋਕਾਂ ਨੂੰ ਧੋਖਾ ਦੇਣ ਦੀ ਕੋਸ਼ਿਸ਼ ਕਰਦਾ ਹੈਂ।
3 ਤੂੰ ਨੇਕੀ ਨਾਲੋਂ ਬਦੀ ਨੂੰ ਵਧੇਰੇ ਪਿਆਰ ਕਰਦਾ ਹੈਂ। ਤੂੰ ਝੂਠ
ਨੂੰ ਸੱਚ ਬੋਲਣ ਨਾਲੋਂ ਵਧੇਰੇ ਪਿਆਰ ਕਰਦਾ ਹੈਂ।
4 ਤੂੰ ਅਤੇ ਤੇਰੀ ਝੂਠੀ ਜ਼ੁਬਾਨ ਲੋਕਾਂ ਨੂੰ ਦੁੱਖ ਦੇਣਾ ਪਸੰਦ
ਕਰਦੀ ਹੈ।
5 ਇਸ ਲਈ ਪਰਮੇਸ਼ੁਰ ਤੈਨੂੰ ਸਦਾ ਲਈ ਬਰਬਾਦ ਕਰ
ਦੇਵੇਗਾ। ਉਹ ਤੈਨੂੰ ਫ਼ੜ ਲਵੇਗਾ ਅਤੇ ਤੈਨੂੰ ਤੇਰੇ ਘਰਾਂ
ਵਿੱਚੋਂ ਖਿੱਚ ਲਵੇਗਾ, ਜਿਵੇਂ ਕੋਈ ਬੰਦਾ ਪੌਦੇ ਨੂੰ ਜੜ੍ਹ ਸਮੇਤ
ਜ਼ਮੀਨ ਵਿੱਚੋਂ ਪੁੱਟਦਾ ਹੈ।

6 ਨੇਕ ਲੋਕ ਇਸ ਨੂੰ ਦੇਖਣਗੇ ਅਤੇ ਪਰਮੇਸ਼ੁਰ ਤੋਂ ਡਰਨਗੇ
ਅਤੇ ਉਸ ਦਾ ਆਦਰ ਕਰਨਾ ਸਿੱਖਣਗੇ। ਉਹ ਤੇਰੇ ਉੱਤੇ
ਹੱਸਣਗੇ ਅਤੇ ਆਖਣਗੇ,
7 "ਦੇਖੋ ਉਸ ਬੰਦੇ ਨਾਲ ਕੀ ਵਾਪਰਿਆ ਹੈ, ਜੋ ਪਰਮੇਸ਼ੁਰ
ਉੱਤੇ ਟੇਕ ਨਹੀਂ ਰੱਖਦਾ ਸੀ। ਉਸ ਬੰਦੇ ਨੇ ਸੋਚਿਆ ਸੀ
ਕਿ ਉਸ ਦੀ ਦੌਲਤ ਅਤੇ ਉਸ ਦੇ ਝੂਠ ਉਸ ਦੀ ਰੱਖਿਆ
ਕਰਨਗੇ।"
8 ਪਰ ਮੈਂ ਜ਼ੈਤੂਨ ਦੇ ਇੱਕ ਹਰੇ ਰੁੱਖ ਵਾਂਗ ਹਾਂ ਜਿਹੜਾ
ਪਰਮੇਸ਼ੁਰ ਦੇ ਮੰਦਰ ਵਿੱਚ ਉੱਗਿਆ ਹੈ।
9 ਹੇ ਪਰਮੇਸ਼ੁਰ, ਮੈਂ ਉਨ੍ਹਾਂ ਗੱਲਾਂ ਲਈ ਤੁਹਾਡੀ ਉਸਤਤ
ਕਰਦਾ ਹਾਂ ਜੋ ਤੂੰ ਹਮੇਸ਼ਾ ਕੀਤੀਆਂ ਹਨ। ਮੈਂ ਤੇਰੇ ਨਾਮ ਨੂੰ
ਤੇਰੇ ਪੈਰੋਕਾਰਾਂ ਸਾਹਮਣੇ ਪਰਗਟ ਕਰਾਂਗਾ ਕਿਉਂਕਿ ਇਹ
ਭਲਾ ਹੈ।

*ਨਿਰਦੇਸ਼ਕ ਲਈ: ਮਹਲਥ ਦੀ ਧੁਨੀ। ਦਾਊਦ ਦਾ ਇੱਕ ਭਗਤੀ ਗੀਤ।*

**53** 1ਇਹ ਸਿਰਫ਼ ਇੱਕ ਦੁਸ਼ਟ ਵਿਅਕਤੀ ਹੀ ਹੈ
ਜਿਹੜਾ ਸੋਚਦਾ ਹੈ ਕਿ ਪਰਮੇਸ਼ੁਰ ਮੌਜੂਦ ਨਹੀਂ ਹੈ।
ਇਸ ਤਰ੍ਹਾਂ ਦੇ ਲੋਕੀਂ ਭ੍ਰਿਸ਼ਟ, ਦੁਸ਼ਟ ਅਤੇ ਦੋਖੀ ਹੁੰਦੇ ਹਨ
ਅਤੇ ਉਹ ਚੰਗੀਆਂ ਗੱਲਾਂ ਨਹੀਂ ਕਰਦੇ।
2 ਸੱਚਮੁੱਚ ਪਰਮੇਸ਼ੁਰ ਸਵਰਗ ਵਿੱਚੋਂ ਸਾਡੇ ਉੱਤੇ ਨਜ਼ਰ ਰੱਖ
ਰਿਹਾ ਹੈ। ਪਰਮੇਸ਼ੁਰ ਸਿਆਣੇ ਲੋਕਾਂ ਦੀ ਭਾਲ ਵਿੱਚ ਹੈ
ਜਿਹੜੇ ਪਰਮੇਸ਼ੁਰ ਨੂੰ ਭਾਲ ਰਹੇ ਹਨ।
3 ਪਰ ਹਰ ਕੋਈ ਪਰਮੇਸ਼ੁਰ ਤੋਂ ਦੂਰ ਹੋਇਆ ਹੈ। ਹਰ ਬੰਦਾ
ਬੁਰਾ ਹੈ ਕੋਈ ਵੀ ਬੰਦਾ ਨੇਕੀ ਨਹੀਂ ਕਰਦਾ। ਕੋਈ ਨਹੀਂ,
ਇੱਕ ਬੰਦਾ ਵੀ ਨਹੀਂ।
4 ਪਰਮੇਸ਼ੁਰ ਆਖਦਾ ਹੈ, "ਅਵੱਸ਼ ਹੀ ਉਹ ਬੁਰੇ ਲੋਕ ਸੱਚ
ਜਾਣਦੇ ਹਨ। ਪਰ ਉਹ ਮੇਰੇ ਅੱਗੇ ਪ੍ਰਾਰਥਨਾ ਨਹੀਂ ਕਰਦੇ।
ਬੁਰੇ ਲੋਕ ਮੇਰੇ ਲੋਕਾਂ ਨੂੰ ਬਰਬਾਦ ਕਰਨ ਲਈ ਇਸ ਤਰ੍ਹਾਂ
ਤਿਆਰ ਹਨ ਜਿਵੇਂ ਉਹ ਭੋਜਨ ਕਰਨ ਲੱਗੇ ਹੋਣ।"
5 ਪਰ ਉਹ ਬੁਰੇ ਲੋਕੀਂ ਇੰਨੇ ਭੈਭੀਤ ਹੋਣਗੇ ਜਿੰਨਾ ਉਹ
ਪਹਿਲਾਂ ਕਦੀ ਨਹੀਂ ਹੋਏ। ਉਹ ਬੁਰੇ ਲੋਕ ਇਸਰਾਏਲ ਦੇ
ਦੁਸ਼ਮਣ ਹਨ। ਪਰਮੇਸ਼ੁਰ ਨੇ ਉਨ੍ਹਾਂ ਬੁਰੇ ਲੋਕਾਂ ਨੂੰ ਤਿਆਗ
ਦਿੱਤਾ ਹੈ। ਇਸ ਲਈ ਪਰਮੇਸ਼ੁਰ ਦੇ ਲੋਕ ਉਨ੍ਹਾਂ ਨੂੰ ਹਰਾ
ਦੇਣਗੇ, ਅਤੇ ਪਰਮੇਸ਼ੁਰ ਉਨ੍ਹਾਂ ਬੁਰੇ ਲੋਕਾਂ ਦੀਆਂ ਹੱਡੀਆਂ
ਖਿਲਾਰ ਦੇਵੇਗਾ।
6 ਮੈਂ ਚਾਹੁੰਦਾ ਹਾਂ ਕਿ ਕੋਈ ਇਸਰਾਏਲ ਲਈ ਸੀਯੋਨ
ਪਰਬਤ ਤੋਂ ਜਿੱਤ ਲੈ ਕੇ ਆਵੇ। ਉਸ ਸਮੇਂ ਪਰਮੇਸ਼ੁਰ
ਆਪਣੇ ਲੋਕਾਂ ਨੂੰ ਦੇਸ ਨਿਕਾਲੇ ਤੋਂ ਵਾਪਸ ਲਿਆਵੇਗਾ।
ਯਾਕੂਬ ਖੁਸ਼ੀ ਮਨਾਵੇਗਾ। ਇਸਰਾਏਲ ਬਹੁਤ ਅਨੰਦਿਤ
ਹੋਵੇਗਾ।

*ਨਿਰਦੇਸ਼ਕ ਲਈ: ਸਾਜ਼ਾਂ ਨਾਲ। ਦਾਊਦ ਦਾ ਮਸਕੀਲ, ਉਦੋਂ ਦੀ ਲਿਖੀ ਹੋਈ, ਜਦੋਂ ਜ਼ਿਫ਼ੀਆਂ ਨੇ ਸ਼ਾਊਲ ਨੂੰ ਆਖਿਆ, "ਸਾਡਾ ਖਿਆਲ ਹੈ ਕਿ ਦਾਊਦ ਸਾਡੇ ਲੋਕਾਂ ਵਿੱਚ ਛਿਪਿਆ ਹੋਇਆ ਹੈ।"*

**54** 1ਹੇ ਪਰਮੇਸ਼ੁਰ, ਆਪਣੀ ਤਾਕਤ ਵਰਤ ਅਤੇ ਮੈਨੂੰ
ਬਚਾ। ਆਪਣੀ ਸਮਰੱਥਾ ਦੀ ਵਰਤੋਂ ਕਰਕੇ ਮੈਨੂੰ
ਮੁਕਤ ਕਰ।
2 ਹੇ ਪਰਮੇਸ਼ੁਰ, ਮੇਰੀ ਪ੍ਰਾਰਥਨਾ ਸੁਣ, ਉਹ ਗੱਲਾਂ ਸੁਣੋਜੋ ਮੈਂ
ਆਖਦਾ ਹਾਂ।
3 ਉਹ ਅਜਨਬੀ ਜਿਹੜੇ ਪਰਮੇਸ਼ੁਰ ਦੀ ਉਪਾਸਨਾ ਵੀ ਨਹੀਂ
ਕਰਦੇ ਮੇਰੇ ਖਿਲਾਫ਼ ਹੋ ਗਏ ਹਨ। ਉਹ ਤਕੜੇ ਆਦਮੀ
ਮੈਨੂੰ ਮਾਰਨ ਦੀ ਕੋਸ਼ਿਸ਼ ਕਰ ਰਹੇ ਹਨ।
4 ਦੇਖੋ, ਮੇਰਾ ਪਰਮੇਸ਼ੁਰ ਮੇਰੀ ਸਹਾਇਤਾ ਕਰੇਗਾ। ਮੇਰਾ
ਮਾਲਕ ਮੈਨੂੰ ਸਹਾਰਾ ਦੇਣ ਵਾਲਿਆਂ ਵਿੱਚੋਂ ਇੱਕ ਹੈ।
5 ਮੇਰਾ ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਸਜ਼ਾ ਦੇਵੇਗਾ ਜਿਹੜੇ ਮੇਰੇ
ਖਿਲਾਫ਼ ਹੋ ਗਏ ਹਨ। ਪਰਮੇਸ਼ੁਰ ਮੇਰੇ ਨਾਲ ਵਫ਼ਾ ਕਰੇਗਾ,
ਅਤੇ ਉਹ ਉਨ੍ਹਾਂ ਲੋਕਾਂ ਨੂੰ ਬਰਬਾਦ ਕਰ ਦੇਵੇਗਾ।
6 ਹੇ ਪਰਮੇਸ਼ੁਰ, ਮੈਂ ਤੈਨੂੰ ਆਪਣੀ ਮਰਜ਼ੀ ਨਾਲ ਸੁਗਾਤਾਂ ਭੇਟ
ਕਰਾਂਗਾ। ਹੇ ਯਹੋਵਾਹ, ਮੈਂ ਤੇਰੇ ਭਲੇ ਨਾਮ ਦੀ ਉਸਤਤ
ਕਰਾਂਗਾ।
7 ਕਿਉਂਕਿ ਤੂੰ ਹੀ ਮੈਨੂੰ ਮੇਰੀਆਂ ਸਾਰੀਆਂ ਮੁਸੀਬਤਾਂ ਤੋਂ
ਬਚਾਇਆ। ਮੈਂ ਆਪਣਿਆ ਵੈਰੀਆਂ ਨੂੰ ਹਾਰਦਿਆਂ
ਦੇਖਿਆ।

*ਨਿਰਦੇਸ਼ਕ ਲਈ: ਸਾਜਾਂ ਨਾਲ ਦਾਊਦ ਦਾ ਇੱਕ ਭਗਤੀ ਗੀਤ।*

**55** 1ਹੇ ਪਰਮੇਸ਼ੁਰ, ਮੇਰੀ ਪ੍ਰਾਰਥਨਾ ਸੁਣ। ਕਿਰਪਾ
ਕਰਕੇ ਦਯਾ ਲਈ ਮੇਰੀ ਪ੍ਰਾਰਥਨਾ ਨੂੰ ਅਣਡਿਠ
ਨਾ ਕਰ।
2 ਹੇ ਪਰਮੇਸ਼ੁਰ, ਕਿਰਪਾ ਕਰਕੇ ਮੇਰੀ ਪ੍ਰਾਰਥਨਾ ਨੂੰ ਸੁਣ ਅਤੇ
ਜਵਾਬ ਦੇ। ਮੈਨੂੰ ਤੇਰੇ ਨਾਲ ਗੱਲ ਕਰਨ ਦੇ ਅਤੇ ਤੈਨੂੰ
ਆਪਣੀਆਂ ਸ਼ਿਕਾਇਤਾਂ ਦੱਸਣ ਦੇ।
3 ਮੇਰੇ ਵੈਰੀਆਂ ਨੇ ਮੈਨੂੰ ਬੁਰਾ ਆਖਿਆ। ਉਹ ਬਦਚਲਣ
ਬੰਦਾ ਮੇਰੇ ਉੱਤੇ ਚੀਕਿਆ। ਮੇਰੇ ਵੈਰੀ ਕ੍ਰੋਧ ਵਿੱਚ ਸਨ
ਅਤੇ ਉਨ੍ਹਾਂ ਨੇ ਮੇਰੇ ਉੱਤੇ ਹਮਲਾ ਕੀਤਾ। ਉਨ੍ਹਾਂ ਨੇ ਮੇਰੇ ਉੱਤੇ
ਮੁਸੀਬਤਾਂ ਦੇ ਪਹਾੜ ਲਿਆਂਦੇ।
4 ਮੇਰਾ ਦਿਲ ਮੇਰੇ ਅੰਦਰ ਬੁਰੀ ਤਰ੍ਹਾਂ ਧੜਕ ਰਿਹਾ ਹੈ। ਮੈਂ
ਮੌਤ ਕੋਲੋਂ ਸਹਿਮ ਗਿਆ ਹਾਂ।
5 ਮੈਂ ਸਹਿਮਿਆ ਹਾਂ ਅਤੇ ਕੰਬ ਰਿਹਾ ਹਾਂ। ਮੈਂ ਭੈਭੀਤ ਹਾਂ।
6 ਹਾਏ, ਜੇ ਕਿਧਰੇ ਮੇਰੇ ਕਬੂਤਰ ਵਾਂਗ ਖੰਭ ਹੁੰਦੇ। ਮੈਂ ਦੂਰ
ਉੱਡ ਜਾਂਦਾ ਅਤੇ ਸਕੂਨ ਲਈ ਥਾਂ ਲੱਭ ਲੈਂਦਾ।
7 ਮੈਂ ਦੂਰ ਬਹੁਤ ਦੂਰ ਮਾਰੂਥਲ ਅੰਦਰ ਚੱਲਿਆ ਜਾਂਦਾ।
8 ਮੈਂ ਦੌੜ ਜਾਂਦਾ ਮੈਂ ਬਚ ਨਿੱਕਲਦਾ ਮੈਂ ਮੁਸੀਬਤਾਂ ਦੇ ਇਸ
ਤੂਫ਼ਾਨ ਤੋਂ ਦੂਰ ਨੱਸ ਜਾਂਦਾ।
9 ਮੇਰੇ ਮਾਲਕ ਇਨ੍ਹਾਂ ਦੇ ਝੂਠ ਨੂੰ ਰੋਕ। ਮੈਂ ਇਸ ਸ਼ਹਿਰ
ਅੰਦਰ ਹਿੰਸਾ ਅਤੇ ਲੜਾਈ ਦੇਖਦਾ ਹਾਂ।
10 ਰਾਤ ਦਿਨ ਹਰ ਥਾਂ ਸ਼ਹਿਰ ਵਿੱਚ, ਜ਼ੁਰਮ ਅਤੇ ਬਦਨਾਮੀ
ਭਰਿਆ ਪਿਆ ਹੈ।
11 ਮੁਹੱਲਿਆਂ ਵਿੱਚ ਬਹੁਤ ਹੀ ਜ਼ੁਰਮ ਹੁੰਦਾ ਹੈ। ਲੋਕ ਹਰ ਥਾਂ
ਝੂਠ ਬੋਲਦੇ ਹਨ ਅਤੇ ਧੋਖਾ ਦਿੰਦੇ ਹਨ।
12 ਜੇ ਕੋਈ ਵੈਰੀ ਮੇਰੀ ਬੇਇੱਜ਼ਤੀ ਕਰਨ ਵਾਲਾ ਹੁੰਦਾ, ਮੈਂ
ਬਰਦਾਸ਼ਤ ਕਰ ਸਕਦਾ ਹਾਂ। ਜੇ ਵੈਰੀ ਮੇਰੇ ਉੱਪਰ
ਹਮਲਾਵਰ ਹੁੰਦੇ ਮੈਂ ਛੁਪ ਸਕਦਾ ਸਾਂ।
13 ਪਰ ਇਹ ਤਾਂ ਤੂੰ ਹੈਂ, ਮੇਰੇ ਸਾਥੀ ਮੇਰੇ ਸਹਿਯੋਗੀ ਮੇਰੇ
ਮਿੱਤਰ, ਤੂੰ ਹੀ ਮੈਨੂੰ ਤਕਲੀਫ਼ਾਂ ਦੇ ਰਿਹਾ ਹੈਂ।

14 ਅਸੀਂ ਇੱਕ ਦੂਸਰੇ ਨਾਲ ਭੇਤ ਸਾਂਝੇ ਕਰਦੇ ਹੁੰਦੇ ਸਾਂ, ਜਦੋਂ
ਅਸੀਂ ਭੀੜਾਂ ਵਿੱਚ ਤੁਰ ਕੇ ਇਕੱਠੇ ਪਰਮੇਸ਼ੁਰ ਦੇ ਮੰਦਰ
ਵੱਲ ਜਾਂਦੇ ਸਾਂ।
15 ਮੈਂ ਚਾਹੁੰਦਾ ਹਾਂ ਕਿ ਮੌਤ ਮੇਰੇ ਵੈਰੀਆਂ ਨੂੰ ਹੈਰਾਨ ਕਰ ਦੇਵੇ।
ਮੈਂ ਚਾਹੁੰਦਾ ਹਾਂ ਕਿ ਧਰਤੀ ਦਾ ਮੂੰਹ ਖੁੱਲ੍ਹ ਜਾਵੇ ਅਤੇ ਉਹ
ਉਨ੍ਹਾਂ ਨੂੰ ਜਿਉਂਦਿਆਂ ਨਿਗਲ ਲਵੇ। ਕਿਉਂਕਿ ਉਹ ਇਕੱਠੇ
ਅਜਿਹੀਆਂ ਭਿਆਨਕ ਗੱਲਾਂ ਦੀਆਂ ਵਿਉਂਤਾਂ ਬਣਾਉਂਦੇ
ਹਨ,
16 ਮੈਂ ਪਰਮੇਸ਼ੁਰ ਨੂੰ ਸਹਾਇਤਾ ਲਈ ਬੁਲਾਵਾਂਗਾ, ਯਹੋਵਾਹ
ਮੈਨੂੰ ਉੱਤਰ ਦੇਵੇਗਾ।
17 ਮੈਂ ਪਰਮੇਸ਼ੁਰ ਨਾਲ ਸ਼ਾਮ, ਸਵੇਰੇ ਅਤੇ ਦੁਪਿਹਰ ਨੂੰ ਗੱਲ
ਕਰਦਾ ਹਾਂ। ਮੈਂ ਉਸ ਨੂੰ ਆਪਣੀ ਤਕਲੀਫ਼ ਬਾਰੇ ਦੱਸਦਾ
ਹਾਂ, ਅਤੇ ਉਹ ਮੇਰੀ ਗੱਲ ਸੁਣਦਾ ਹੈ।
18 ਮੈਂ ਬਹੁਤ ਲੜਾਈਆਂ ਵਿੱਚ ਲੜਿਆ ਹਾਂ। ਪਰ ਪਰਮੇਸ਼ੁਰ
ਨੇ ਸਦਾ ਮੈਨੂੰ ਬਚਾਇਆ ਹੈ ਅਤੇ ਸੁਰੱਖਿਅਤ ਵਾਪਸ
ਲਿਆਂਦਾ ਹੈ।
19 ਪਰਮੇਸ਼ੁਰ ਮੇਰੀ ਗੱਲ ਸੁਣਦਾ ਹੈ। ਸਦੀਵੀ ਰਾਜਾ ਮੇਰੀ
ਸਹਾਇਤਾ ਕਰੇਗਾ। ਮੇਰੇ ਵੈਰੀ ਆਪਣਾ ਜੀਵਨ ਢੰਗ ਨਹੀਂ
ਬਦਲਣਗੇ, ਉਹ ਪਰਮੇਸ਼ੁਰ ਕੋਲੋਂ ਨਹੀਂ ਡਰਨਗੇ ਅਤੇ ਨਾ
ਆਦਰ ਕਰਨਗੇ।
20 ਮੇਰੇ ਵੈਰੀਆਂ ਨੇ ਆਪਣੇ ਹੀ ਦੋਸਤਾਂ ਉੱਪਰ ਹਮਲਾ ਕੀਤਾ।
ਉਹ ਉਹੋ ਗੱਲਾਂ ਨਹੀਂ ਕਰਦੇ ਜਿਨ੍ਹਾਂ ਬਾਰੇ ਉਹ ਸਹਿਮਤ
ਹੁੰਦੇ ਹਨ।
21 ਮੇਰੇ ਵੈਰੀ ਅਸਲ ਵਿੱਚ ਬਹੁਤ ਖੁਸ਼ਾਮਦੀ ਗਾਲੜੀ ਹਨ,
ਉਹ ਸ਼ਾਂਤੀ ਬਾਰੇ ਗੱਲਾਂ ਕਰਦੇ ਹਨ, ਪਰ ਅਸਲੀਅਤ ਵਿੱਚ
ਉਹ ਯੁੱਧ ਲਈ ਵਿਉਂਤਾਂ ਘੜਦੇ ਹਨ। ਉਨ੍ਹਾਂ ਦੇ ਸ਼ਬਦ
ਮੱਖਣ ਵਰਗੇ ਚਿਕਨੇ ਹਨ ਪਰ ਉਹ ਸ਼ਬਦ ਚਾਕੂ ਵਾਂਗ
ਹਮਲਾ ਕਰਦੇ ਹਨ।
22 ਆਪਣੇ ਫ਼ਿਕਰ ਯਹੋਵਾਹ ਨੂੰ ਸੌਂਪ ਦਿਓ ਅਤੇ ਉਹ ਤੁਹਾਡਾ
ਧਿਆਨ ਰੱਖੇਗਾ। ਯਹੋਵਾਹ ਕਦੀ ਵੀ ਚੰਗੇ ਲੋਕਾਂ ਨੂੰ
ਹਾਰਨ ਨਹੀਂ ਦੇਵੇਗਾ।
23 ਹੇ ਪਰਮੇਸ਼ੁਰ, ਆਪਣੇ ਕਰਾਰ ਦੇ ਮੁਤਾਬਕ, ਤੂੰ ਉਨ੍ਹਾਂ
ਝੂਠਿਆਂ ਅਤੇ ਕਾਤਲਾਂ ਨੂੰ ਉਨ੍ਹਾਂ ਦੀ ਅੱਧੀ ਜ਼ਿੰਦਗੀ
ਮੁੱਕਣ ਤੋਂ ਵੀ ਪਹਿਲਾਂ ਹੀ ਕਬਰਾਂ ਵਿੱਚ ਭੇਜ। ਜਿੱਥੇ ਤੱਕ
ਮੇਰਾ ਸਵਾਲ ਹੈ ਮੈਨੂੰ ਤੇਰੇ ਉੱਤੇ ਭਰੋਸਾ ਹੈ ਕਿ ਤੂੰ ਮੈਨੂੰ
ਬਚਾਵੇਂਗਾ।

*ਨਿਰਦੇਸ਼ਕ ਲਈ: ਧੁਨੀ ਨੂੰ "ਓਕ ਦੇ ਰੁੱਖ ਉੱਤੇ ਬੈਠੀ ਘੁੱਗੀ।" ਦਾਊਦ ਦਾ ਉਸ ਵੇਲੇ ਦਾ ਇੱਕ ਭਗਤੀ ਗੀਤ, ਜਦੋਂ ਫ਼ਲਿਸਤੀਆਂ ਨੇ ਉਸ ਨੂੰ ਗਥ ਵਿੱਚ ਫ਼ੜ ਲਿਆ ਸੀ।*

**56** 1ਹੇ ਪਰਮੇਸ਼ੁਰ, ਲੋਕਾਂ ਨੇ ਮੇਰੇ ਉੱਤੇ ਹਮਲਾ ਕੀਤਾ
ਹੈ, ਇਸ ਲਈ ਮੇਰੇ ਉੱਪਰ ਮਿਹਰ ਕਰ। ਉਹ
ਲਗਾਤਾਰ ਮੇਰਾ ਪਿੱਛਾ ਕਰਦੇ ਰਹੇ ਹਨ ਅਤੇ ਮੇਰੇ ਉੱਤੇ
ਹਮਲਾ ਕਰਦੇ ਰਹੇ ਹਨ।
2 ਮੇਰੇ ਵੈਰੀ ਬਾਰ-ਬਾਰ ਹਮਲਾ ਕਰਦੇ ਹਨ। ਉਹ ਜਿਹੜੇ
ਮੇਰੇ ਵਿਰੋਧੀ ਹਨ ਉੱਪਰੋਂ ਮੇਰੇ ਉੱਤੇ ਹਮਲਾ ਕਰਦੇ ਹਨ।
ਉਹ ਬਹੁਤ ਸਾਰੇ ਹਨ।
3 ਜਦੋਂ ਮੈਂ ਭੈਭੀਤ ਹੁੰਦਾ ਹਾਂ, ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ।
4 ਹੇ ਪਰਮੇਸ਼ੁਰ, ਮੈਂ ਤੇਰੇ ਉੱਤੇ ਵਿਸ਼ਵਾਸ ਕਰਦਾ ਹਾਂ ਇਸ
ਲਈ ਮੈਂ ਉਨ੍ਹਾਂ ਗੱਲਾਂ ਤੋਂ ਨਿਰਭੈ ਹਾਂ ਜੋ ਲੋਕੀ ਮੇਰੇ ਨਾਲ
ਕਰ ਸਕਦੇ ਹਨ। ਮੈਂ ਪਰਮੇਸ਼ੁਰ ਦੇ ਮੇਰੇ ਨਾਲ ਕੀਤੇ ਵਾਇਦੇ
ਲਈ ਉਸਤਤ ਕਰਦਾ ਹਾਂ।
5 ਮੇਰੇ ਵੈਰੀ ਸਦਾ ਮੇਰੇ ਸ਼ਬਦਾਂ ਨੂੰ ਤੋੜਦੇ ਮਰੋੜਦੇ ਰਹਿੰਦੇ
ਹਨ। ਉਹ ਸਦਾ ਮੇਰੇ ਵਿਰੁੱਧ ਵਿਉਂਤਾਂ ਬਣਾਉਂਦੇ ਰਹਿੰਦੇ
ਹਨ।
6 ਉਹ ਇਕੱਠੇ ਛੁਪ ਜਾਂਦੇ ਹਨ ਅਤੇ ਮੇਰੀ ਹਰ ਹਰਕਤ ਦੀ
ਨਿਗਰਾਨੀ ਕਰਦੇ ਹਨ, ਇਹ ਉਮੀਦ ਕਰਦੇ ਹਨ ਕਿ ਕਿਸੇ
ਤਰ੍ਹਾਂ ਮੈਨੂੰ ਮਾਰ ਸਕਣ।
7 ਹੇ ਪਰਮੇਸ਼ੁਰ, ਉਨ੍ਹਾਂ ਨੂੰ ਉਨ੍ਹਾਂ ਦੇ ਮੰਦਿਆਂ ਕਾਰਿਆਂ ਕਾਰਣ
ਦੂਰ ਭਜਾ ਦੇ ਉਨ੍ਹਾਂ ਨੂੰ ਵਿਦੇਸ਼ੀ ਕੌਮਾਂ ਦਾ ਗੁੱਸਾ ਝੱਲਣ
ਲਈ ਦੂਰ ਭੇਜ ਦੇ।
8 ਤੂੰ ਮੇਰੀ ਪੀੜਾ ਵੇਖੀ ਹੈ। ਤੂੰ ਜਾਣਦਾ ਹੈਂ, ਮੈਂ ਕਿੰਨਾ ਰੋਇਆ
ਹਾਂ। ਤੂੰ ਮੇਰੇ ਹੰਝੂਆਂ ਦਾ ਹਿਸਾਬ ਰੱਖਿਆ ਹੋਵੇਗਾ।
9 ਇਸੇ ਲਈ ਮੇਰੇ ਵੈਰੀਆਂ ਨੂੰ ਹਰਾ ਦੇ ਜਦੋਂ ਮੈਂ ਸਹਾਇਤਾ
ਲਈ ਤੈਨੂੰ ਅਵਾਜ਼ ਦਿਆਂ। ਮੈਂ ਜਾਣਦਾ ਹਾਂ ਕਿ ਤੂੰ ਇਵੇਂ
ਕਰ ਸਕਦਾ ਹੈਂ। ਤੂੰ ਮੇਰਾ ਪਰਮੇਸ਼ੁਰ ਹੈਂ।
10 ਮੈਂ ਪਰਮੇਸ਼ੁਰ ਦੀ ਉਸ ਦੇ ਵਾਇਦੇ ਲਈ ਉਸਤਤ ਕਰਾਂਗਾ,
ਮੈਂ ਯਹੋਵਾਹ ਦੀ ਉਸ ਵੱਲੋਂ ਦਿੱਤੇ ਵਾਇਦੇ ਲਈ ਉਸਤਤ
ਕਰਦਾ ਹਾਂ।
11 ਮੈਂ ਪਰਮੇਸ਼ੁਰ ਵਿੱਚ ਯਕੀਨ ਰੱਖਦਾ ਹਾਂ, ਇਸੇ ਲਈ, ਮੈਂ
ਉਨ੍ਹਾਂ ਗੱਲਾਂ ਤੋਂ ਨਹੀਂ ਡਰਦਾ ਜੋ ਲੋਕੀ ਮੇਰੇ ਨਾਲ ਕਰ ਸਕਦੇ
ਹਨ।
12 ਹੇ ਪਰਮੇਸ਼ੁਰ, ਮੈਂ ਤੇਰੇ ਨਾਲ ਖਾਸ ਵਾਇਦੇ ਕੀਤੇ। ਅਤੇ ਮੈਂ
ਉਹੀ ਕਰਾਂਗਾ ਜਿਸ ਦਾ ਮੈਂ ਵਾਇਦਾ ਕੀਤਾ।
13 ਕਿਉਂਕਿ ਤੂੰ ਮੈਨੂੰ ਮੌਤ ਕੋਲੋਂ ਬਚਾਇਆ। ਤੂੰ ਮੈਨੂੰ ਹਾਰਨ ਤੋਂ
ਬਚਾਈ ਰੱਖਿਆ ਤਾਂ ਜੋ ਮੈਂ ਆਪਣੀ ਬਾਕੀ ਦੀ ਜ਼ਿੰਦਗੀ
ਵਿੱਚ ਤੇਰੀ ਸੇਵਾ ਕਰ ਸਕਾਂ।

*ਨਿਰਦੇਸ਼ਕ ਲਈ: "ਬਰਬਾਦ ਨਾ ਕਰੋ" ਧੁਨੀ ਨੂੰ। ਦਾਊਦ ਦਾ ਉਸ ਵੇਲੇ ਦਾ ਇੱਕ ਭਗਤੀ ਗੀਤ ਜਦੋਂ ਉਹ ਸ਼ਾਊਲ ਦੀ ਗੁਫ਼ਾ ਵਿੱਚੋਂ ਬਚ ਨਿੱਕਲਿਆ।*

**57** 1ਹੇ ਪਰਮੇਸ਼ੁਰ, ਮੇਰੇ ਉੱਪਰ ਮਿਹਰ ਕਰ। ਦਯਾਵਾਨ
ਹੋ, ਕਿਉਂਕਿ ਮੇਰੀ ਰੂਹ ਨੂੰ ਤੇਰੇ ਉੱਤੇ ਵਿਸ਼ਵਾਸ ਹੈ।
ਮੈਂ ਓਨਾ ਚਿਰ ਤੇਰੇ ਵਿੱਚ ਸ਼ਰਨ ਲਵਾਂਗਾ ਜਿੰਨਾ ਚਿਰ
ਮੁਸੀਬਤਾਂ ਨਹੀਂ ਮੁੱਕ ਜਾਂਦੀਆਂ।
2 ਮੈਂ ਸਭ ਤੋਂ ਉੱਚੇ ਪਰਮੇਸ਼ੁਰ ਨੂੰ ਸਹਾਇਤਾ ਲਈ ਪ੍ਰਾਰਥਨਾ
ਕਰਦਾ ਹਾਂ। ਅੱਤ ਉੱਚ ਪਰਮੇਸ਼ੁਰ, ਪੂਰੀ ਤਰ੍ਹਾਂ ਮੇਰਾ
ਖਿਆਲ ਰੱਖਦਾ ਹੈ।
3 ਉਹ ਸਵਰਗ ਵਿੱਚੋਂ, ਮੇਰੀ ਸਹਾਇਤਾ ਕਰਦਾ ਅਤੇ ਮੈਨੂੰ
ਬਚਾਉਂਦਾ ਹੈ। ਉਸ ਨੇ ਉਨ੍ਹਾਂ ਲੋਕਾਂ ਨੂੰ ਹਰਾਇਆ ਜੋ ਮੈਨੂੰ
ਦੁੱਖ ਦਿੰਦੇ ਹਨ। ਪਰਮੇਸ਼ੁਰ ਆਪਣਾ ਸੱਚਾ ਪਿਆਰ ਮੇਰੇ
ਲਈ ਦਰਸ਼ਾਉਂਦਾ ਹੈ।
4 ਮੇਰੀ ਜ਼ਿੰਦਗੀ ਖਤਰੇ ਵਿੱਚ ਹੈ। ਮੈਂ ਮੇਰੇ ਵੈਰੀਆਂ ਦੁਆਰਾ
ਘਿਰਿਆ ਹੋਇਆ ਹਾਂ। ਉਹ ਆਦਮ ਖੋਰ ਸ਼ੇਰਾਂ ਵਰਗੇ

ਹਨ, ਉਨ੍ਹਾਂ ਦੇ ਦੰਦ ਤੀਰਾਂ ਅਤੇ ਨੇਜਿਆਂ ਨਾਲੋਂ ਵੀ ਤਿੱਖੇ ਹਨ, ਉਨ੍ਹਾਂ ਦੀਆਂ ਜੀਭਾਂ ਇੱਕ ਤਲਵਾਰ ਜਿੰਨੀਆਂ ਤਿੱਖੀਆਂ ਹਨ।
5 ਹੇ ਪਰਮੇਸ਼ੁਰ, ਤੂੰ ਅਕਾਸ਼ ਨਾਲੋਂ ਉੱਚਾ ਹੈਂ। ਤੇਰਾ ਸ਼ਾਨ ਧਰਤੀ ਉੱਤੇ ਫ਼ੈਲੀ ਹੋਈ ਹੈ।
6 ਮੇਰੇ ਵੈਰੀਆਂ ਨੇ ਮੇਰੇ ਲਈ ਜਾਲ ਵਿਛਾਇਆ ਹੈ ਉਹ ਮੈਨੂੰ ਫ਼ਸਾਉਣ ਦੀ ਕੋਸ਼ਿਸ਼ ਵਿੱਚ ਹਨ। ਉਨ੍ਹਾਂ ਨੇ ਮੇਰੇ ਡਿੱਗਣ ਲਈ ਡੂੰਘਾ ਟੋਆ ਪੁੱਟਿਆ ਹੈ, ਪਰ ਉਹ ਖੁਦ ਹੀ ਇਸ ਵਿੱਚ ਡਿੱਗ ਪਏ ਹਨ।
7 ਪਰ ਪਰਮੇਸ਼ੁਰ ਮੈਨੂੰ ਬਚਾ ਕੇ ਰੱਖੇਗਾ। ਉਹ ਮੈਨੂੰ ਬਹਾਦਰ ਬਣਾਵੇਗਾ। ਮੈਂ ਉਸ ਦੀ ਉਸਤਤ ਗਾਵਾਂਗਾ।
8 ਮੇਰੀ ਆਤਮਾ ਜਾਗ ਪੈ। ਸਾਜੋ ਅਤੇ ਸਾਰੰਗੀਉ ਆਪਣਾ ਸੰਗੀਤ ਸ਼ੁਰੂ ਕਰੋ। ਆਓ ਸਵੇਰ ਨੂੰ ਜਗਾਈਏ।
9 ਮੇਰੇ ਮਾਲਕ, ਮੈਂ ਸਾਰੇ ਲੋਕਾਂ ਅੱਗੇ ਤੇਰੀ ਉਸਤਤ ਕਰਦਾ ਹਾਂ। ਮੈਂ ਹਰ ਇੱਕ ਕੌਮ ਅੱਗੇ ਤੇਰੀ ਉਸਤਤ ਦੇ ਗੀਤ ਗਾਉਂਦਾ ਹਾਂ।
10 ਤੇਰਾ ਸੱਚਾ ਪਿਆਰ ਆਕਾਸ਼ ਦੇ ਸਭ ਤੋਂ ਉੱਚੇ ਪਰਬਤ ਨਾਲੋਂ ਵੀ ਉਚੇਰਾ ਹੈ।
11 ਪਰਮੇਸ਼ੁਰ ਆਕਾਸ਼ਾਂ ਨਾਲੋਂ ਵੀ ਉੱਚਾ ਹੈ। ਉਸ ਦੀ ਸ਼ਾਨ ਧਰਤੀ ਨੂੰ ਕੱਜਦੀ ਹੈ।

*ਨਿਰਦੇਸ਼ਕ ਲਈ, ਧੁਨੀ "ਬਰਬਾਦ ਨਾ ਕਰੋ" ਵਾਲੀ, ਦਾਊਦ ਦਾ ਇੱਕ ਭਗਤੀ ਗੀਤ।*

**58** 1ਹੇ ਨਿਆਂਕਾਰੋ, ਤੁਸੀਂ ਆਪਣੇ ਨਿਰਣਿਆਂ ਵਿੱਚ ਨਿਰਪੱਖ ਨਹੀਂ ਹੋ। ਤੁਸੀਂ ਲੋਕਾਂ ਦਾ ਨਿਆਂ ਨਿਰਪੱਖਤਾ ਨਾਲ ਨਹੀਂ ਕਰਦੇ।
2 ਨਹੀਂ, ਤੁਸੀਂ ਸਿਰਫ਼ ਬਦੀਆਂ ਬਾਰੇ ਸੋਚਦੇ ਹੋ। ਤੁਸੀਂ ਇਸ ਦੇਸ ਵਿੱਚ ਹਿੰਸਕ ਜ਼ੁਰਮ ਕਰਦੇ ਹੋ।
3 ਉਨ੍ਹਾਂ ਬਦਕਾਰ ਬੰਦਿਆਂ ਨੇ ਬੁਰੇ ਕਾਰ ਜਨਮ ਤੋਂ ਹੀ ਸ਼ੁਰੂ ਕਰ ਦਿੱਤੇ ਸਨ। ਜਨਮ ਤੋਂ ਹੀ ਉਹ ਝੂਠੇ ਹਨ।
4 ਉਨ੍ਹਾਂ ਦਾ ਕ੍ਰੋਧ ਓਨਾ ਹੀ ਖਤਰਨਾਕ ਹੈ ਜਿੰਨਾ ਸੱਪ ਦਾ ਜ਼ਹਿਰ ਹੁੰਦਾ ਹੈ। ਅਤੇ ਉਹ ਫ਼ਨੀਅਰ ਵਾਂਗਰ ਸੁਣ ਨਹੀਂ ਸਕਦੇ ਉਹ ਸੱਚ ਨੂੰ ਸੁਣਨ ਤੋਂ ਇਨਕਾਰ ਕਰਦੇ ਹਨ।
5 ਫ਼ਨੀਅਰ ਸਪੇਰਿਆਂ ਦਾ ਗੀਤ ਜਾਂ ਸੰਗੀਤ ਨਹੀਂ ਸੁਣ ਸਕਦੇ। ਅਤੇ ਉਹ ਬੁਰੇ ਆਦਮੀ ਵੀ ਉਨ੍ਹਾਂ ਵਰਗੇ ਹੀ ਹਨ ਜਦੋਂ ਉਹ ਬੁਰੀਆਂ ਵਿਉਂਤਾਂ ਬਣਾਉਂਦੇ ਹਨ।
6 ਹੇ ਯਹੋਵਾਹ, ਉਹ ਲੋਕ ਬਬਰ ਸ਼ੇਰਾਂ ਵਰਗੇ ਹਨ। ਇਸ ਲਈ ਯਹੋਵਾਹ ਉਨ੍ਹਾਂ ਦੇ ਦੰਦ ਤੋੜ ਦੇਵੇਗਾ।
7 ਉਹ ਲੋਕ ਨਾਲਿਆਂ ਵਿੱਚੋਂ ਪਾਣੀ ਵਾਂਗ ਅਲੋਪ ਹੋ ਜਾਣ। ਉਨ੍ਹਾਂ ਨੂੰ ਜੰਗਲੀ ਘਾਹ ਦੇ ਵਾਂਗ ਕੁਚਲੇ ਜਾਣ।
8 ਉਹ ਘੋਗਿਆਂ ਵਾਂਗ ਹੋਣ ਜੋ ਕਿ ਪਿਘਲ ਕੇ ਜਾਂਦਾ ਰਹਿੰਦਾ ਹੈ। ਉਹ ਉਸ ਬੱਚੇ ਵਾਂਗ ਸੂਰਜ ਦੀ ਰੌਸ਼ਨੀ ਨਾ ਵੇਖਣ ਜਿਹੜਾ ਮੁਰਦਾ ਜੰਮਿਆ ਸੀ।
9 ਉਹ ਕੰਡਿਆਂ ਵਾਂਗ ਛੇਤੀ ਤਬਾਹ ਹੋ ਜਾਣ। ਜਿਹੜੇ ਅੱਗ ਉੱਤੇ ਰੱਖੇ ਭਾਂਡੇ ਨੂੰ ਗਰਮ ਕਰਨ ਲਈ ਬਹੁਤ ਛੇਤੀ ਮੱਚਦੇ ਹਨ।
10 ਇੱਕ ਚੰਗਾ ਵਿਅਕਤੀ ਉਦੋਂ ਬਹੁਤ ਖੁਸ਼ ਹੋਵੇਗਾ ਜਦੋਂ ਉਹ ਦੁਸ਼ਟ ਲੋਕਾਂ ਨੂੰ ਉਨ੍ਹਾਂ ਦੀਆਂ ਦੁਸ਼ਟ ਕਰਨੀਆਂ ਲਈ ਜਿਹੜੀਆਂ ਉਨ੍ਹਾਂ ਨੇ ਕੀਤੀਆਂ, ਦੰਡ ਮਿਲਦਿਆਂ ਦੇਖੇਗਾ। ਉਹ ਇੱਕ ਸਿਪਾਹੀ ਦੀ ਤਰ੍ਹਾਂ ਹੋਵੇਗਾ ਜਿਸ ਨੇ ਆਪਣੇ ਸਾਰੇ ਵੈਰੀਆਂ ਨੂੰ ਹਰਾ ਦਿੱਤਾ ਸੀ।
11 ਜਦੋਂ ਉਹ ਵਾਪਰੇਗਾ ਲੋਕ ਆਖਣਗੇ, "ਚੰਗੇ ਲੋਕਾਂ ਨੂੰ ਸੱਚਮੁੱਚ ਇਨਾਮ ਦਿੱਤਾ ਗਿਆ ਹੈ। ਇੱਥੇ ਸੱਚਮੁੱਚ ਦੁਨੀਆ ਦਾ ਨਿਆਂ ਕਰਨ ਵਾਲਾ ਪਰਮੇਸ਼ੁਰ ਮੌਜੂਦ ਹੈ।"

*ਨਿਰਦੇਸ਼ਕ ਲਈ: "ਬਰਬਾਦ ਨਾ ਕਰੋ" ਵਾਲੀ, ਦਾਊਦ ਦਾ ਉਸ ਵੇਲੇ ਦਾ ਇੱਕ ਭਗਤੀ ਗੀਤ। ਜਦੋਂ ਸ਼ਾਊਲ ਨੇ ਲੋਕਾਂ ਨੂੰ ਦਾਊਦ ਦੇ ਘਰ ਦੀ ਨਿਗਰਾਨੀ ਕਰਨ ਅਤੇ ਉਸ ਨੂੰ ਮਾਰਨ ਦੀ ਕੋਸ਼ਿਸ਼ ਕਰਨ ਲਈ ਭੇਜਿਆ ਸੀ।*

**59** 1ਹੇ ਪਰਮੇਸ਼ੁਰ, ਮੈਨੂੰ ਮੇਰੇ ਵੈਰੀਆਂ ਕੋਲੋਂ ਬਚਾ ਲੈ। ਉਨ੍ਹਾਂ ਲੋਕਾਂ ਨੂੰ ਹਰਾਉਣ ਵਿੱਚ ਮੇਰੀ ਸਹਾਇਤਾ ਕਰ ਜਿਹੜੇ ਮੇਰੇ ਨਾਲ ਲੜਨ ਲਈ ਆਏ ਹਨ।
2 ਮੈਨੂੰ ਉਨ੍ਹਾਂ ਲੋਕਾਂ ਕੋਲੋਂ ਬਚਾ ਜਿਹੜੇ ਬੁਰੇ ਕਾਰੇ ਕਰਦੇ ਹਨ। ਮੈਨੂੰ ਉਨ੍ਹਾਂ ਕਾਤਲਾਂ ਕੋਲੋਂ ਬਚਾ।
3 ਦੇਖੋ, ਤਕੜੇ ਆਦਮੀ ਮੇਰੀ ਉਡੀਕ ਵਿੱਚ ਹਨ, ਉਹ ਮੈਨੂੰ ਮਾਰ ਮੁਕਾਉਣ ਲਈ ਉਡੀਕ ਰਹੇ ਹਨ। ਭਾਵੇਂ ਮੈਂ ਕੋਈ ਗੁਨਾਹ ਜਾਂ ਜ਼ੁਰਮ ਨਹੀਂ ਕੀਤਾ।
4 ਮੈਂ ਕੁਝ ਵੀ ਗਲਤ ਨਹੀਂ ਕੀਤਾ, ਪਰ ਮੈਨੂੰ ਮਾਰਨ ਲਈ ਨੱਸੇ ਆਏ ਹਨ। ਯਹੋਵਾਹ ਆ, ਖੁਦ ਆਪਣੀਆਂ ਅੱਖਾਂ ਨਾਲ ਵੇਖ?
5 ਹੇ ਯਹੋਵਾਹ ਤੂੰ ਇਸਰਾਏਲ ਦਾ ਪਰਮੇਸ਼ੁਰ, ਸਰਬ ਸ਼ਕਤੀਮਾਨ ਪਰਮੇਸ਼ੁਰ ਹੈਂ। ਉੱਠ ਅਤੇ ਉਨ੍ਹਾਂ ਲੋਕਾਂ ਨੂੰ ਦੰਡ ਦੇ। ਉਨ੍ਹਾਂ ਦੁਸ਼ਟ ਗੱਦਾਰਾਂ ਉੱਤੇ ਤਰਸ ਨਾ ਕਰ।
6 ਇਹ ਬੁਰੇ ਲੋਕ ਕੁੱਤਿਆਂ ਵਰਗੇ ਹਨ ਜਿਹੜੇ ਸ਼ਾਮ ਨੂੰ ਸ਼ਹਿਰ ਅੰਦਰ ਭੌਂਕਦੇ ਹੋਏ ਅਵਾਰਾ ਘੁੰਮਦੇ ਆ ਵੜਦੇ ਹਨ।
7 ਉਨ੍ਹਾਂ ਦੀਆਂ ਗਾਲ੍ਹਾਂ ਅਤੇ ਧਮਕੀਆਂ ਸੁਣ। ਉਹ ਬੜੀਆਂ ਜ਼ੁਲਮੀ ਗੱਲਾਂ ਆਖਦੇ ਹਨ ਅਤੇ ਇਹ ਵੀ ਖਿਆਲ ਨਹੀਂ ਕਰਦੇ ਕਿ ਉਨ੍ਹਾਂ ਨੂੰ ਕੌਣ ਸੁਣਦਾ ਹੈ।
8 ਯਹੋਵਾਹ, ਉਨ੍ਹਾਂ ਉੱਤੇ ਹੱਸੇਗਾ। ਇਨ੍ਹਾਂ ਲੋਕਾਂ ਦਾ ਮਜ਼ਾਕ ਉਡਾਏਗਾ।
9 ਮੈਂ ਤੇਰੇ ਲਈ ਉਸਤਤ ਦੇ ਗੀਤ ਗਾਵਾਂਗਾ। ਹੇ ਪਰਮੇਸ਼ੁਰ, ਤੂੰ ਹੀ ਉੱਚੇ ਪਰਬਤਾਂ ਅੰਦਰ, ਮੇਰਾ ਸੁਰੱਖਿਅਤ ਟਿਕਾਣਾ ਹੈਂ।
10 ਪਰਮੇਸ਼ੁਰ ਮੈਨੂੰ ਪਿਆਰ ਕਰਦਾ ਹੈ, ਅਤੇ ਉਹ ਮੇਰੀ ਜਿੱਤ ਲਈ ਸਹਾਇਤਾ ਕਰੇਗਾ। ਉਹ ਵੈਰੀਆਂ ਨੂੰ ਹਰਾਉਣ ਵਿੱਚ ਮੇਰੀ ਸਹਾਇਤਾ ਕਰੇਗਾ।
11 ਹੇ ਪਰਮੇਸ਼ੁਰ, ਜੇਕਰ ਤੂੰ ਉਨ੍ਹਾਂ ਨੂੰ ਸਿਰਫ਼ ਮਾਰੇਂਗਾ ਸ਼ਾਇਦ ਮੇਰੇ ਲੋਕ ਭੁੱਲ ਜਾਣ। ਇਸ ਲਈ ਮੇਰੇ ਮਾਲਕ ਅਤੇ ਰੱਖਿਅਕ, ਉਨ੍ਹਾਂ ਨੂੰ ਖਿੰਡਾ ਦੇ ਅਤੇ ਉਨ੍ਹਾਂ ਨੂੰ ਆਪਣੀ ਸ਼ਕਤੀ ਨਾਲ ਹਰਾ ਦੇ।
12 ਉਹ ਬੁਰੇ ਲੋਕ ਗਾਲ੍ਹਾਂ ਕੱਢਦੇ ਹਨ ਅਤੇ ਝੂਠ ਬੋਲਦੇ ਹਨ। ਉਨ੍ਹਾਂ ਨੂੰ ਉਨ੍ਹਾਂ ਦੇ ਆਖੇ ਦਾ ਦੰਡ ਦੇ। ਉਨ੍ਹਾਂ ਦੇ ਗੁਨਾਹ ਨੂੰ ਹੀ ਉਨ੍ਹਾਂ ਨੂੰ ਘੇਰਨ ਦੇ।
13 ਉਨ੍ਹਾਂ ਨੂੰ ਆਪਣੇ ਕਹਿਰ ਨਾਲ ਤਬਾਹ ਕਰ ਦੇ। ਉਨ੍ਹਾਂ

ਨੂੰ ਪੂਰੀ ਤਰ੍ਹਾਂ ਬਰਬਾਦ ਕਰ ਦੇ। ਫ਼ੇਰ ਦੁਨੀਆ ਦੇ ਸਾਰੇ
ਲੋਕ ਜਾਣ ਲੈਣਗੇ ਕਿ ਪਰਮੇਸ਼ੁਰ ਇਸਰਾਏਲ ਵਿੱਚ ਰਾਜ
ਕਰਦਾ ਹੈ।
14 ਉਹ ਬੁਰੇ ਲੋਕ ਸ਼ਾਮ ਨੂੰ ਭੌਂਕਦੇ ਕੁੱਤਿਆਂ ਵਾਂਗ ਘੁੰਮਦੇ
ਸ਼ਹਿਰ ਅੰਦਰ ਆਉਂਦੇ ਹਨ।
15 ਉਹ ਭੋਜਨ ਦੀ ਤਲਾਸ਼ ਕਰਨਗੇ ਪਰ ਉਨ੍ਹਾਂ ਨੂੰ ਨਾ ਤਾਂ
ਭੋਜਨ ਮਿਲੇਗਾ ਅਤੇ ਨਾ ਸੌਣ ਲਈ ਕੋਈ ਥਾਂ।
16 ਪਰ ਸਵੇਰੇ, ਮੈਂ ਤੇਰੀ ਉਸਤਤ ਦੇ ਆਪਣੇ ਗੀਤ ਗਾਵਾਂਗਾ।
ਮੈਂ ਤੇਰੇ ਪਿਆਰ ਵਿੱਚ ਅਨੰਦ ਮਾਣਾਂਗਾ। ਕਿਉਂਕਿ ਉੱਚੇ
ਪਰਬਤਾਂ ਵਿੱਚ ਤੂੰ ਮੇਰਾ ਸੁਰੱਖਿਅਤ ਸਥਾਨ ਹੈਂ। ਅਤੇ ਜਦੋਂ
ਮੁਸੀਬਤਾਂ ਆਉਂਦੀਆਂ ਹਨ ਤੂੰ ਹੀ ਮੇਰੀ ਸ਼ਰਨ ਹੈਂ।
17 ਮੈਂ ਤੇਰੀ ਉਸਤਤ ਦੇ ਆਪਣੇ ਗੀਤ ਗਾਵਾਂਗਾ। ਕਿਉਂਕਿ
ਉੱਚੇ ਪਰਬਤਾਂ ਵਿੱਚ ਤੂੰ ਮੇਰਾ ਸੁਰੱਖਿਅਤ ਸਥਾਨ ਹੈਂ।

*ਨਿਰਦੇਸ਼ਕ ਲਈ: "ਕਰਾਰ ਦੇ ਚਮੇਲੀ ਦਾ ਫ਼ੁੱਲ" ਦੀ ਧੁਨੀ। ਦਾਊਦ ਦਾ ਮਿਕਤਾਮ ਸਿੱਖਿਆ ਲਈ। ਇਹ ਉਸ ਵੇਲੇ ਦੀ ਗੱਲ ਹੈ ਜਦੋਂ ਦਾਊਦ ਅਰਮ- ਨਹਰੈਮ ਅਤੇ ਅਰਮ-ਸੋਬਾਹ ਨਾਲ ਲੜਿਆ, ਅਤੇ ਜਦੋਂ ਯੋਆਬ ਵਾਪਸ ਪਰਤਿਆ ਅਤੇ ਉਸ ਨੇ 12,000 ਅਦੋਮ ਸਿਪਾਹੀਆਂ ਨੂੰ ਲੂਣ ਦੀ ਵਾਦੀ ਵਿੱਚ ਹਰਾਇਆ।*

## 60
1ਹੇ ਪਰਮੇਸ਼ੁਰ, ਤੂੰ ਸਾਡੇ ਉੱਤੇ ਬਹੁਤ ਗੁੱਸੇ ਸੀ।
ਇਸ ਲਈ ਤੂੰ ਸਾਨੂੰ ਰੱਦ ਕੀਤਾ ਅਤੇ ਸਾਨੂੰ ਤਬਾਹ
ਕਰ ਦਿੱਤਾ। ਇਸ ਲਈ ਕਿਰਪਾ ਕਰਕੇ ਫ਼ੇਰ ਤੋਂ ਸਾਡਾ
ਪੁਨਰ ਨਿਰਮਾਣ ਕਰ।
2 ਤੂੰ ਧਰਤੀ ਹਿਲਾ ਦਿੱਤੀ ਹੈ ਅਤੇ ਖੋਲ੍ਹਕੇ ਖਲਾਰ ਦਿੱਤੀ ਹੈ।
ਸਾਡੀ ਦੁਨੀਆ ਬਿੱਖਰਦੀ ਜਾ ਰਹੀ ਹੈ। ਦਯਾ ਕਰ ਅਤੇ
ਇਸ ਨੂੰ ਥਾਂ ਸਿਰ ਰੱਖ।
3 ਤੂੰ ਆਪਣੇ ਬੰਦਿਆਂ ਨੂੰ ਬਹੁਤ ਤਕਲੀਫ਼ਾਂ ਦਿੱਤੀਆਂ ਹਨ।
ਅਸੀਂ ਡਿੱਗਦੇ, ਲੜਖੜ੍ਹਾਉਂਦੇ ਸ਼ਰਾਬੀ ਆਦਮੀਆਂ ਵਰਗੇ
ਹਾਂ।
4 ਤੂੰ ਆਪਣੇ ਮੰਨਣ ਵਾਲਿਆਂ ਨੂੰ ਇੱਕ ਝੰਡਾ ਦਿੱਤਾ ਹੈ। ਹੁਣ
ਉਹ ਵੈਰੀਆਂ ਤੋਂ ਬਚ ਕੇ ਨਿੱਕਲ ਸਕਦੇ ਹਨ।
5 ਆਪਣੀ ਮਹਾਨ ਸ਼ਕਤੀ ਵਰਤ ਅਤੇ ਸਾਨੂੰ ਬਚਾ। ਮੇਰੀ
ਪ੍ਰਾਰਥਨਾ ਸੁਣ ਅਤੇ ਉਨ੍ਹਾਂ ਲੋਕਾਂ ਨੂੰ ਬਚਾ ਲੈ ਜਿਨ੍ਹਾਂ ਨੂੰ ਤੂੰ
ਪਿਆਰ ਕਰਦਾ ਹੈਂ।
6 ਪਰਮੇਸ਼ੁਰ ਆਪਣੇ ਮੰਦਰ ਵਿੱਚ ਬੋਲਿਆ, ਮੈਂ ਇਸ ਨਾਲ
ਬਹੁਤ ਖੁਸ਼ ਹਾਂ।" ਪਰਮੇਸ਼ੁਰ ਨੇ ਆਖਿਆ, "ਮੈਂ ਇਹ
ਜ਼ਮੀਨ ਆਪਣੇ ਲੋਕਾਂ ਨਾਲ ਸਾਂਝੀ ਕਰਾਂਗਾ, ਮੈਂ ਉਨ੍ਹਾਂ ਨੂੰ
ਸ਼ਕਮ ਦੇਵਾਂਗਾ। ਮੈਂ ਉਨ੍ਹਾਂ ਨੂੰ ਸੁੱਕੋਥ ਦੀ ਵਾਦੀ ਦੇਵਾਂਗਾ।
7 ਗਿਲਆਦ ਤੇ ਮਨੱਸ਼ਹ ਮੇਰੇ ਹੋਣਗੇ। ਇਫ਼ਰਾਈਮ ਮੇਰੇ
ਸਿਰ ਦੀ ਢਾਲ ਹੋਵੇਗਾ। ਯਹੂਦਾਹ ਮੇਰਾ ਸ਼ਾਹੀ ਡੰਡਾ
ਹੋਵੇਗਾ।
8 ਮੋਆਬ ਮੇਰੇ ਚਰਨ ਧੋਣ ਲਈ ਮੇਰਾ ਭਾਂਡਾ ਹੋਵੇਗਾ।
ਆਦੋਮ ਮੇਰਾ ਦਾਸ ਹੋਵੇਗਾ ਜਿਹੜਾ ਮੇਰੀਆਂ ਖੜ੍ਹਾਵਾਂ
ਚੁੱਕੇਗਾ। ਮੈਂ ਫਲਿਸਤੀਨੀ ਲੋਕਾਂ ਨੂੰ ਹਰਾ ਦਿਆਂਗਾ ਅਤੇ
ਮੈਂ ਜਿੱਤ ਬਾਰੇ ਰੌਲਾ ਪਾਵਾਂਗਾ।"
9-10 ਪਰ ਹੇ ਪਰਮੇਸ਼ੁਰ, ਤੂੰ ਸਾਨੂੰ ਤਿਆਗ ਦਿੱਤਾ। ਤੂੰ ਸਾਡੀ ਫ਼ੌਜ
ਨਾਲ ਨਹੀਂ ਚੱਲਦਾ। ਇਸ ਲਈ ਮਜ਼ਬੂਤ ਸੁਰੱਖਿਅਤ
ਸ਼ਹਿਰ ਵੱਲ ਨੂੰ ਮੇਰੀ ਅਗਵਾਈ ਕੌਣ ਕਰੇਗਾ। ਅਦੋਮ
ਦੇ ਖਿਲਾਫ਼ ਲੜਨ ਵਿੱਚ ਮੇਰੀ ਸਹਾਇਤਾ ਕੌਣ ਕਰੇਗਾ।
11 ਹੇ ਪਰਮੇਸ਼ੁਰ, ਵੈਰੀਆਂ ਨੂੰ ਹਰਾਉਣ ਵਿੱਚ ਸਾਡੀ ਸਹਾਇਤਾ
ਕਰ। ਲੋਕ ਮਦਦ ਨਹੀਂ ਕਰ ਸਕਦੇ।
12 ਸਿਰਫ਼ ਪਰਮੇਸ਼ੁਰ ਹੀ ਸਾਨੂੰ ਮਜ਼ਬੂਤ ਬਣਾ ਸਕਦਾ ਹੈ।
ਸਿਰਫ਼ ਪਰਮੇਸ਼ੁਰ ਹੀ ਸਾਡੇ ਵੈਰੀਆਂ ਨੂੰ ਹਰਾ ਸਕਦਾ ਹੈ।

*ਨਿਰਦੇਸ਼ਕ ਲਈ: ਤਾਰਾਂ ਵਾਲੇ ਸਾਜ਼ਾਂ ਨਾਲ ਦਾਊਦ ਦਾ ਇੱਕ ਗੀਤ।*

## 61
1ਹੇ ਪਰਮੇਸ਼ੁਰ, ਮੇਰੇ ਪ੍ਰਾਰਥਨਾ ਗੀਤ ਨੂੰ ਸੁਣ। ਮੇਰੀ
ਪ੍ਰਾਰਥਨਾ ਸੁਣ।
2 ਮੈਂ ਕਿੱਥੇ ਵੀ, ਕਿੰਨਾ ਵੀ ਕਮਜ਼ੋਰ ਹੋਵਾਂ ਮੈਂ ਸਹਾਇਤਾ ਲਈ
ਤੈਨੂੰ ਪੁਕਾਰਾਂਗਾ। ਮੈਨੂੰ ਬਹੁਤ ਉੱਚੇ ਸੁਰੱਖਿਅਤ ਥਾਂ ਉੱਤੇ
ਲੈ ਚੱਲ।
3 ਤੂੰ ਹੀ ਮੇਰਾ ਸੁਰੱਖਿਅਤ ਸਥਾਨ ਹੈਂ। ਤੂੰ ਹੀ ਮਜ਼ਬੂਤ ਬੁਰਜ
ਹੈਂ ਜਿਹੜਾ ਮੈਨੂੰ ਮੇਰੇ ਵੈਰੀਆਂ ਤੋਂ ਬਚਾਉਂਦਾ ਹੈ।
4 ਮੈਂ ਹਮੇਸ਼ਾ ਲਈ ਤੇਰੇ ਤੰਬੂ ਵਿੱਚ ਰਹਿਣਾ ਚਾਹੁੰਦਾ ਹਾਂ। ਮੈਂ
ਉੱਥੇ ਛੁਪ ਜਾਂਦਾ ਹਾਂ, ਜਿੱਥੇ ਤੂੰ ਮੇਰੀ ਰੱਖਿਆ ਕਰ ਸਕੇਂ।
5 ਪਰਮੇਸ਼ੁਰ, ਤੈਂ ਮੇਰੇ ਵਾਇਦਿਆਂ ਨੂੰ ਸੁਣਿਆ ਹੈ। ਪਰ ਜੋ ਕੁਝ ਵੀ
ਤੇਰੇ ਉਪਾਸਕਾਂ ਕੋਲ ਹੈ ਤੇਰੇ ਵੱਲੋਂ ਹੀ ਆਉਂਦਾ ਹੈ।
6 ਰਾਜੇ ਨੂੰ ਲੰਮਾ ਜੀਵਨ ਦੇ। ਉਸ ਨੂੰ ਸਦਾ ਲਈ ਜਿਉਣ ਦੇ।
7 ਉਸ ਨੂੰ ਸਦਾ ਲਈ ਪਰਮੇਸ਼ੁਰ ਸੰਗ ਜਿਉਣ ਦੇ। ਆਪਣੇ
ਸੱਚੇ ਪਿਆਰ ਨਾਲ ਉਸ ਦੀ ਰੱਖਿਆ ਕਰ।
8 ਅਤੇ ਮੈਂ ਸਦਾ-ਸਦਾ ਤੇਰੇ ਨਾਮ ਦੀ ਉਸਤਤ ਕਰਾਂਗਾ।
ਹਰ ਰੋਜ਼ ਮੈਂ ਉਹੀ ਗੱਲਾਂ ਕਰਾਂਗਾ ਜਿਨ੍ਹਾਂ ਦਾ ਮੈਂ ਇਕਰਾਰ
ਕੀਤਾ।

*ਨਿਰਦੇਸ਼ਕ ਲਈ: ਯਦੂਥੂਨ ਨੂੰ। ਦਾਊਦ ਦਾ ਗੀਤ।*

## 62
1ਭਾਵੇਂ ਕੁਝ ਵੀ ਹੋਵੇ, ਮੇਰੀ ਆਤਮਾ ਸਬਰ ਨਾਲ
ਪਰਮੇਸ਼ੁਰ ਲਈ ਇੰਤਜ਼ਾਰ ਕਰਦੀ ਹੈ। ਮੈਨੂੰ
ਬਚਾਉਣ ਵਾਸਤੇ ਮੈਨੂੰ ਆਪਣੀ ਮੁਕਤੀ ਉਸ ਤੋਂ ਹੀ
ਮਿਲਦੀ ਹੈ।
2 ਮੇਰੇ ਬਹੁਤ ਵੈਰੀ ਹਨ, ਪਰ ਪਰਮੇਸ਼ੁਰ ਮੇਰਾ ਕਿਲ੍ਹਾ ਹੈ।
ਪਰਮੇਸ਼ੁਰ ਮੈਨੂੰ ਬਚਾਉਂਦਾ ਹੈ। ਪਰਮੇਸ਼ੁਰ ਉੱਚੇ ਪਰਬਤਾਂ
ਉੱਤੇ ਮੇਰਾ ਸੁਰੱਖਿਆ ਦਾ ਟਿਕਾਣਾ ਹੈ। ਵੱਡੀ ਫ਼ੌਜ ਵੀ ਮੈਨੂੰ
ਨਹੀਂ ਹਰਾ ਸਕਦੀ।
3 ਤੂੰ ਕਿੰਨਾ ਕੁ ਚਿਰ ਮੇਰੇ ਉੱਪਰ ਹਮਲਾ ਕਰੇਂਗੇ? ਮੈਂ ਤਾਂ ਇੱਕ
ਝੁਕੀ ਹੋਈ ਕੰਧ ਹਾਂ, ਇੱਕ ਵਾੜ, ਜਿਹੜੀ ਡਿੱਗਣ ਲਈ
ਤਿਆਰ ਹੈ।
4 ਮੇਰੇ ਕੋਲ ਮਹੱਤਵਪੂਰਣ ਪਦਵੀ ਹੋਣ ਦੇ ਬਾਵਜੂਦ ਵੀ
ਉਹ ਲੋਕ ਮੈਨੂੰ ਤਬਾਹ ਕਰਨ ਦਿਆਂ ਵਿਉਂਤਾਂ ਬਣਾ ਰਹੇ
ਹਨ। ਇਸ ਤੋਂ ਉਨ੍ਹਾਂ ਨੂੰ ਮੇਰੇ ਬਾਰੇ ਝੂਠ ਬੋਲ ਕੇ ਖੁਸ਼ੀ ਮਿਲਦੀ
ਹੈ। ਲੋਕਾਂ ਸਾਹਮਣੇ ਉਹ ਮੇਰੇ ਬਾਰੇ ਚੰਗਾ ਬੋਲਦੇ ਹਨ ਪਰ
ਲੁਕਵੇਂ ਤੌਰ ਤੇ ਮੈਨੂੰ ਗਾਲ੍ਹਾਂ ਕੱਢਦੇ ਹਨ।
5 ਮੇਰੀ ਆਤਮਾ ਪਰਮੇਸ਼ੁਰ ਦਾ ਮੈਨੂੰ ਬਚਾਉਣ ਲਈ ਸਬਰ
ਨਾਲ ਇੰਤਜ਼ਾਰ ਕਰਦੀ ਹੈ। ਪਰਮੇਸ਼ੁਰ ਹੀ ਮੇਰੀ ਇੱਕੋ-
ਇੱਕ ਉਮੀਦ ਹੈ।
6 ਪਰਮੇਸ਼ੁਰ ਮੇਰਾ ਕਿਲ੍ਹਾ ਹੈ। ਪਰਮੇਸ਼ੁਰ ਮੈਨੂੰ ਬਚਾਉਂਦਾ

ਹੈ। ਉੱਚੇ ਪਰਬਤਾਂ ਉੱਤੇ ਪਰਮੇਸ਼ੁਰ ਹੀ ਮੇਰਾ ਸੁਰੱਖਿਅਤ ਟਿਕਾਣਾ ਹੈ।

7 ਮੇਰੀ ਮਹਿਮਾ ਅਤੇ ਜਿੱਤ ਪਰਮੇਸ਼ੁਰ ਵੱਲੋਂ ਆਉਂਦੀ ਹੈ। ਉਹੀ ਮੇਰਾ ਮਜ਼ਬੂਤ ਕਿਲ੍ਹਾ ਹੈ। ਪਰਮੇਸ਼ੁਰ ਮੇਰਾ ਸੁਰੱਖਿਅਤ ਟਿਕਾਣਾ ਹੈ।

8 ਹੇ ਲੋਕੋ, ਹਰ ਸਮੇਂ ਪਰਮੇਸ਼ੁਰ ਵਿੱਚ ਯਕੀਨ ਰੱਖੋ। ਪਰਮੇਸ਼ੁਰ ਨੂੰ ਆਪਣੀਆਂ ਮੁਸੀਬਤਾਂ ਬਾਰੇ ਦੱਸੋ। ਪਰਮੇਸ਼ੁਰ ਹੀ ਸਾਡਾ ਸੁਰੱਖਿਆ ਦਾ ਸਥਾਨ ਹੈ।

9 ਲੋਕ ਸੱਚਮੁੱਚ ਸਹਾਇਤਾ ਨਹੀਂ ਕਰ ਸਕਦੇ। ਸੱਚਮੁੱਚ ਤੁਸੀਂ ਉਨ੍ਹਾਂ ਉੱਤੇ ਸਹਾਇਤਾ ਲਈ ਵਿਸ਼ਵਾਸ ਨਹੀਂ ਕਰ ਸਕਦੇ। ਪਰਮੇਸ਼ੁਰ ਦੇ ਮੁਕਾਬਲੇ ਉਹ ਨਿਗੁਣੇ ਹਨ, ਜਿਵੇਂ ਹਵਾ ਦਾ ਹਲਕਾ ਜਿਹਾ ਬੁੱਲਾ ਹੋਵੇ।

10 ਚੀਜ਼ਾਂ ਹਾਸਲ ਕਰਨ ਲਈ ਜ਼ੋਰੋ ਜ਼ੋਰੀ ਸ਼ਕਤੀ ਉੱਤੇ ਵਿਸ਼ਵਾਸ ਨਾ ਕਰੋ। ਇਹ ਨਾ ਸੋਚੋ ਕਿ ਕੋਈ ਚੀਜ਼ ਚੁਰਾਉਣ ਵਿੱਚ ਤੈਨੂੰ ਕੋਈ ਲਾਭ ਹੋਵੇਗਾ। ਅਤੇ ਜੇਕਰ ਤੁਸੀਂ ਅਮੀਰ ਹੋ ਜਾਂਦੇ ਹੋ, ਅਮੀਰੀ ਉੱਤੇ ਆਪਣੀ ਸਹਾਇਤਾ ਲਈ ਵਿਸ਼ਵਾਸ ਨਾ ਕਰੋ।

11 ਪਰਮੇਸ਼ੁਰ ਆਖਦਾ ਹੈ, ਇੱਥੇ ਇੱਕੋ ਹੀ ਚੀਜ਼ ਹੈ ਜਿਸ ਉੱਤੇ ਤੁਸੀਂ ਨਿਰਭਰ ਕਰ ਸਕਦੇ ਹੋ ਅਤੇ ਮੈਨੂੰ ਇਸ ਉੱਤੇ ਵਿਸ਼ਵਾਸ ਹੈ, "ਬਲ ਪਰਮੇਸ਼ੁਰ ਵੱਲੋਂ ਆਉਂਦਾ ਹੈ।"

12 ਮੇਰੇ ਮਾਲਕ, ਤੁਹਾਡਾ ਪਿਆਰ ਅਸਲੀ ਹੈ। ਤੂੰ ਹਰ ਮਨੁੱਖ ਨੂੰ ਉਹ ਦੀਆਂ ਕੀਤੀਆਂ ਦਾ ਫਲ ਦਿੰਦਾ ਹੈਂ।

*ਦਾਊਦ ਦਾ ਉਸ ਵੇਲੇ ਦਾ ਇੱਕ ਗੀਤ ਜਦੋਂ ਉਹ ਯਹੂਦਾਹ ਦੇ ਮਾਰੂਥਲ ਵਿੱਚ ਸੀ।*

**63** 1ਹੇ ਪਰਮੇਸ਼ੁਰ, ਤੂੰ ਮੇਰਾ ਪਰਮੇਸ਼ੁਰ ਹੈਂ। ਮੈਂ ਬੇਸਬਰੀ ਨਾਲ ਤੇਰਾ ਇੰਤਜ਼ਾਰ ਕਰ ਰਿਹਾ ਹਾਂ। ਮੇਰੀ ਜਾਨ ਅਤੇ ਮੇਰਾ ਸਰੀਰ ਤੇਰੇ ਪਿਆਸੇ ਹਨ, ਜਿਵੇਂ ਬੰਜਰ ਜ਼ਮੀਨ ਪਾਣੀ ਤੋਂ ਬਿਨਾ ਹੁੰਦੀ ਹੈ।

2 ਹਾਂ, ਮੈਂ ਤੈਨੂੰ ਤੇਰੇ ਮੰਦਰ ਵਿੱਚ ਵੇਖਿਆ ਹੈ। ਤੇਰੀ ਸ਼ਾਨ ਅਤੇ ਸ਼ਕਤੀ ਦੇਖੀ ਹੈ।

3 ਤੇਰਾ ਪਿਆਰ ਜੀਵਨ ਨਾਲੋਂ ਬਿਹਤਰ ਹੈ। ਮੇਰੇ ਬੁੱਲ੍ਹ ਤੇਰੀ ਉਸਤਤ ਕਰਦੇ ਹਨ।

4 ਹਾਂ, ਮੈਂ ਆਪਣੇ ਜੀਵਨ ਵਿੱਚ ਤੇਰੀ ਉਸਤਤ ਕਰਾਂਗਾ। ਤੇਰੇ ਨਾਮ ਤੇ ਹੀ, ਮੈਂ ਪ੍ਰਾਰਥਨਾ ਲਈ ਆਪਣੇ ਹੱਥ ਚੁੱਕਦਾ ਹਾਂ।

5 ਮੈਂ ਇੰਝ ਸੰਤੁਸ਼ਟ ਹੋ ਜਾਵਾਂਗਾ ਜਿਵੇਂ ਸਭ ਤੋਂ ਵਧੀਆ ਭੋਜਨ ਕੀਤਾ ਹੋਵੇ। ਅਤੇ ਖੁਸ਼ੀ ਭਰੇ ਬੁੱਲ੍ਹਾਂ ਨਾਲ ਮੇਰਾ ਮੁੱਖ ਤੇਰੀ ਉਸਤਤ ਕਰੇਗਾ।

6 ਮੈਂ ਆਪਣੇ ਪਲੰਘ ਉੱਤੇ ਲੇਟਿਆ ਹੋਇਆ ਤੈਨੂੰ ਯਾਦ ਕਰਾਂਗਾ। ਮੈਂ ਤੈਨੂੰ ਅੱਧੀ ਰਾਤ ਵੇਲੇ ਯਾਦ ਕਰਾਂਗਾ।

7 ਸੱਚਮੁੱਚ ਤੂੰ ਮੇਰੀ ਸਹਾਇਤਾ ਕੀਤੀ। ਮੈਂ ਖੁਸ਼ ਹਾ ਕਿ ਤੂੰ ਮੇਰੀ ਰੱਖਿਆ ਕੀਤੀ ਹੈ।

8 ਮੇਰੀ ਰੂਹ ਤੇਰੇ ਨਾਲ ਚੁੰਬੜੀ ਹੈ ਅਤੇ ਤੂੰ ਮੇਰਾ ਹੱਥ ਫ਼ੜਿਆ ਹੋਇਆ ਹੈ।

9 ਕੁਝ ਲੋਕ ਮੈਨੂੰ ਮਾਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਉਹ ਤਬਾਹ ਹੋ ਜਾਣਗੇ ਉਹ ਆਪਣੀ ਕਬਰਾਂ ਵਿੱਚ ਡੂੰਘੇ ਜਾਣਗੇ।

10 ਉਹ ਤਲਵਾਰਾਂ ਨਾਲ ਮਾਰੇ ਜਾਣਗੇ। ਅਵਾਰਾ ਕੁੱਤੇ ਉਨ੍ਹਾਂ ਦੇ ਮੁਰਦਾ ਸਰੀਰਾਂ ਨੂੰ ਖਾਣਗੇ।

11 ਪਰ ਰਾਜਾ ਆਪਣੇ ਪਰਮੇਸ਼ੁਰ ਨਾਲ ਖੁਸ਼ ਹੋਵੇਗਾ। ਅਤੇ ਜਿਨ੍ਹਾਂ ਲੋਕਾਂ ਨੇ ਉਸ ਦੇ ਹੁਕਮ ਮੰਨਣ ਦਾ ਇਕਰਾਰ ਕੀਤਾ ਹੈ ਉਹ ਪਰਮੇਸ਼ੁਰ ਦੀ ਉਸਤਤ ਕਰਨਗੇ। ਕਿਉਂਕਿ, ਉਸ ਨੇ ਉਨ੍ਹਾਂ ਸਾਰੇ ਝੂਠਿਆਂ ਨੂੰ ਹਰਾ ਦਿੱਤਾ ਹੈ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ।*

**64** 1ਹੇ ਪਰਮੇਸ਼ੁਰ, ਮੇਰੀ ਫ਼ਰਿਆਦ ਸੁਣ। ਮੇਰੇ ਵੈਰੀਆਂ ਨੇ ਮੈਨੂੰ ਧਮਕਾਇਆ ਹੈ। ਉਨ੍ਹਾਂ ਕੋਲੋਂ ਮੇਰੀ ਜ਼ਿੰਦਗੀ ਨੂੰ ਬਚਾ।

2 ਮੈਨੂੰ ਮੇਰੇ ਵੈਰੀਆਂ ਦੇ ਗੁਪਤ ਛੜਯੰਤਰਾਂ ਤੋਂ ਬਚਾ। ਮੈਨੂੰ ਉਨ੍ਹਾਂ ਬਦਕਾਰ ਲੋਕਾਂ ਕੋਲੋਂ ਛੁਪਾ ਲੈ।

3 ਉਨ੍ਹਾਂ ਨੇ ਮੇਰੇ ਬਾਰੇ ਬਹੁਤ ਝੂਠ ਬੋਲੇ ਹਨ। ਉਨ੍ਹਾਂ ਦੀਆਂ ਜੀਭਾਂ ਤੇਜ਼ ਤਲਵਾਰ ਜਿਹੀਆਂ ਹਨ, ਉਨ੍ਹਾਂ ਦੇ ਕੌੜੇ ਸ਼ਬਦ ਤੀਰਾਂ ਵਰਗੇ ਹਨ।

4 ਫ਼ੇਰ ਅਚਾਨਕ ਉਹ ਨਿਡਰ ਹੋ ਕੇ ਆਪਣੇ ਟਿਕਾਣਿਆ ਵਿੱਚੋਂ ਸਿੱਧੇ ਸਾਦੇ ਇਮਾਨਦਾਰ ਬੰਦਿਆਂ ਨੂੰ ਤੀਰ ਮਾਰਦੇ ਹਨ।

5 ਉਹ ਇੱਕ ਦੂਜੇ ਨੂੰ ਬੁਰਾ ਕਰਨ ਲਈ ਉਕਸਾਉਂਦੇ ਹਨ। ਉਹ ਆਪਣੇ ਫ਼ੰਦਿਆਂ ਨੂੰ ਵਿਛਾਉਣ ਬਾਰੇ ਗੱਲਾਂ ਕਰਦੇ ਹਨ। ਉਹ ਇੱਕ ਦੂਜੇ ਨੂੰ ਦੱਸਦੇ ਹਨ, "ਕੋਈ ਵੀ ਫ਼ੰਦਿਆਂ ਨੂੰ ਵੇਖਣ ਦੇ ਸਮਰਥ ਨਹੀਂ ਹੋਵੇਗਾ।

6 ਉਨ੍ਹਾਂ ਨੇ ਆਪਣੇ ਫ਼ੰਦੇ ਛੁਪਾਏ ਹੋਏ ਹਨ, ਉਹ ਆਪਣੇ ਸ਼ਿਕਾਰ ਨੂੰ ਲੱਭ ਰਹੇ ਹਨ।" ਲੋਕ ਬਹੁਤ ਚਾਲਬਾਜ਼ ਹੋ ਸਕਦੇ ਹਨ, ਇਹ ਜਾਣਨਾ ਬਹੁਤ ਮੁਸ਼ਕਿਲ ਹੈ ਕਿ ਉਹ ਕਿਸ ਬਾਰੇ ਸੋਚ ਰਹੇ ਹਨ।

7 ਪਰ ਪਰਮੇਸ਼ੁਰ ਵੀ ਆਪਣੇ ਤੀਰ ਚਲਾ ਸਕਦਾ ਹੈ। ਅਤੇ ਇਸ ਤੋਂ ਪਹਿਲਾਂ ਕਿ ਉਹ ਬੁਰੇ ਲੋਕ ਜਾਣਨ ਉਹ ਘਾਇਲ ਹੋ ਜਾਂਦੇ ਹਨ।

8 ਦੁਸ਼ਟ ਲੋਕ ਹੋਰਾਂ ਲੋਕਾਂ ਨੂੰ ਨੁਕਸਾਨ ਪਹੁੰਚਾਉਣ ਲਈ ਵਿਉਂਤਾਂ ਬਣਾਉਂਦੇ ਹਨ। ਪਰ ਪਰਮੇਸ਼ੁਰ ਉਨ੍ਹਾਂ ਦੀਆਂ ਵਿਉਂਤਾਂ ਨੂੰ ਤਬਾਹ ਕਰ ਦੇਵੇਗਾ ਅਤੇ ਉਨ੍ਹਾਂ ਬੁਰੀਆਂ ਗੱਲਾਂ ਨੂੰ ਉਨ੍ਹਾਂ ਨਾਲ ਹੀ ਵਾਪਰਨ ਲਾ ਸਕਦਾ ਹੈ। ਫ਼ੇਰ, ਹਰ ਕੋਈ ਜੋ ਉਨ੍ਹਾਂ ਨੂੰ ਵੇਖਦਾ, ਅਚੰਭੇ ਵਿੱਚ ਆਪਣਾ ਸਿਰ ਹਿਲਾਉਂਦਾ।

9 ਲੋਕੀਂ ਵੇਖਣਗੇ ਪਰਮੇਸ਼ੁਰ ਨੇ ਕੀ ਕੀਤਾ, ਉਹ ਉਸ ਬਾਰੇ ਹੋਰਾਂ ਲੋਕਾਂ ਨੂੰ ਦੱਸਣਗੇ ਫ਼ੇਰ ਹਰ ਕੋਈ ਪਰਮੇਸ਼ੁਰ ਬਾਰੇ ਹੋਰ ਵਧੇਰੇ ਜਾਣ ਲਵੇਗਾ। ਉਹ ਡਰਨਾ ਅਤੇ ਉਸ ਦਾ ਆਦਰ ਕਰਨਾ ਸਿੱਖ ਲੈਣਗੇ।

10 ਇੱਕ ਚੰਗਾ ਵਿਅਕਤੀ ਯਹੋਵਾਹ ਦੀ ਸੇਵਾ ਕਰਕੇ ਬਹੁਤ ਖੁਸ਼ ਹੁੰਦਾ ਹੈ ਉਹ ਪਰਮੇਸ਼ੁਰ ਉੱਤੇ ਨਿਰਭਰ ਹੈ। ਅਤੇ ਜਦੋਂ ਚੰਗੇ ਇਮਾਨਦਾਰ ਲੋਕ ਵੇਖਦੇ ਹਨ ਕਿ ਕੀ ਹੁੰਦਾ ਹੈ, ਉਹ ਯਹੋਵਾਹ ਦੀ ਉਸਤਤ ਕਰਨਗੇ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਉਸਤਤ ਗੀਤ।*

**65** 1ਹੇ ਪਰਮੇਸ਼ੁਰ ਸੀਯੋਨ ਵਿੱਚ ਮੈਂ ਤੇਰੀ ਉਸਤਤ ਕਰਦਾ ਹਾਂ। ਮੈਂ ਉਹ ਚੀਜ਼ਾਂ ਭੇਟ ਕਰਦਾ ਜਿਨ੍ਹਾਂ ਦਾ ਮੈਂ ਤੇਰੇ ਨਾਲ ਕੌਲ ਕੀਤਾ ਸੀ।

2 ਅਸੀਂ ਉਨ੍ਹਾਂ ਗੱਲਾਂ ਬਾਰੇ ਦੱਸਦੇ ਹਾਂ ਜਿਹੜੀਆਂ ਤੂੰ ਕੀਤੀਆਂ ਹਨ। ਸਾਡੀਆਂ ਪ੍ਰਾਰਥਨਾ ਸੁਣ, ਤੂੰ ਹਰ ਉਸ ਬੰਦੇ ਦੀਆਂ ਪ੍ਰਾਰਥਨਾ ਸੁਣਦਾ ਹੈਂ ਜਿਹੜਾ ਤੇਰੇ ਵੱਲ ਆਉਂਦਾ ਹੈ।
3 ਜਦੋਂ ਸਾਡੇ ਪਾਪ ਸਾਡੇ ਉੱਤੇ ਭਾਰੀ ਹੋ ਜਾਣ, ਤੂੰ ਉਨ੍ਹਾਂ ਪਾਪਾਂ ਨੂੰ ਮਾਫ ਕਰ ਦੇਵੀਂ।
4 ਹੇ ਪਰਮੇਸ਼ੁਰ, ਤੂੰ ਆਪਣੇ ਲੋਕਾਂ ਦੀ ਚੋਣ ਕੀਤੀ। ਤੂੰ ਸਾਨੂੰ ਆਪਣੇ ਮੰਦਰ ਆਉਣ ਅਤੇ ਤੇਰੀ ਪੂਜਾ ਕਰਨ ਲਈ ਚੁਣਿਆ। ਅਤੇ ਅਸੀਂ ਬਹੁਤ ਖੁਸ਼ ਹਾਂ। ਸਾਡੇ ਕੋਲ ਤੇਰੇ ਮੰਦਰ, ਤੇਰੇ ਮਹਿਲ ਵਿੱਚ ਬਹੁਤ ਸਾਰੀਆਂ ਅਦਭੁਤ ਚੀਜ਼ਾਂ ਹਨ।
5 ਹੇ ਪਰਮੇਸ਼ੁਰ, ਤੂੰ ਸਾਨੂੰ ਬਚਾਉਂਦਾ ਹੈਂ। ਜਦੋਂ ਚੰਗੇ ਲੋਕ ਤੈਨੂੰ ਪ੍ਰਾਰਥਨਾ ਕਰਦੇ ਹਨ, ਤੂੰ ਉਨ੍ਹਾਂ ਨੂੰ ਸੁਣ ਅਤੇ ਹੈਰਾਨਕੁਨ ਕਾਰੇ ਕਰ। ਦੁਨੀਆ ਦੇ ਸਾਰੇ ਲੋਕ ਤੇਰੇ ਉੱਪਰ ਵਿਸ਼ਵਾਸ ਕਰਦੇ ਹਨ।
6 ਪਰਮੇਸ਼ੁਰ ਨੇ ਪਰਬਤਾਂ ਨੂੰ ਆਪਣੀ ਸ਼ਕਤੀ ਨਾਲ ਸਾਜਿਆ, ਅਸੀਂ ਉਸ ਦੀ ਸ਼ਕਤੀ ਆਪਣੇ ਚਾਰ-ਚੁਫ਼ੇਰੇ ਵੇਖਦੇ ਹਾਂ।
7 ਪਰਮੇਸ਼ੁਰ ਨੇ ਤੂਫ਼ਾਨੀ ਸਮੁੰਦਰਾਂ ਨੂੰ ਅਤੇ ਸਾਡੇ ਆਲੇ-ਦੁਆਲੇ ਲੋਕਾਂ ਦੇ ਹੁੱਲੜ ਨੂੰ ਸ਼ਾਂਤ ਕਰ ਦਿੱਤਾ।
8 ਦੁਨੀਆ ਦੇ ਸਾਰੇ ਲੋਕੀਂ ਉਨ੍ਹਾਂ ਗੱਲਾਂ ਬਾਰੇ ਹੈਰਾਨ ਹਨ ਜੋ ਤੂੰ ਕਰਦਾ ਹੈਂ। ਸੂਰਜ ਦਾ ਚੜ੍ਹਨਾ ਅਤੇ ਛੁਪਨਾ ਸਾਨੂੰ ਕਿੰਨੀ ਖੁਸ਼ੀ ਦਿੰਦਾ ਹੈ।
9 ਤੂੰ ਧਰਤੀ ਦੀ ਪਾਲਣਾ ਕਰਦੇ ਹੈਂ, ਤੂੰ ਇਸ ਨੂੰ ਸਿੰਜਦਾ ਅਤੇ ਇਸ ਉੱਪਰ ਚੀਜ਼ਾਂ ਉਗਾਉਂਦਾ ਹੈਂ। ਹੇ ਪਰਮੇਸ਼ੁਰ, ਤੂੰ ਨਦੀਆਂ ਨੂੰ ਪਾਣੀ ਨਾਲ ਭਰ ਦਿੰਦਾ ਹੈਂ ਅਤੇ ਫ਼ਸਲਾਂ ਨੂੰ ਉਗਣ ਦੇ ਕਾਬਿਲ ਬਣਾਉਂਦਾ ਹੈਂ।
10 ਤੂੰ ਵਾਹੇ ਹੋਏ ਖੇਤਾਂ ਤੇ ਵਰਖਾ ਕਰਦਾ ਹੈਂ, ਤੂੰ ਖੇਤਾਂ ਨੂੰ ਪਾਣੀ ਨਾਲ ਸਿੰਜਦਾ ਹੈਂ, ਤੂੰ ਵਰਖਾ ਨਾਲ ਧਰਤੀ ਨੂੰ ਨਰਮ ਬਣਾਉਂਦਾ ਹੈਂ, ਅਤੇ ਛੋਟੇ ਪੌਦਿਆਂ ਨੂੰ ਉਗਾਉਂਦਾ ਹੈਂ।
11 ਤੂੰ ਨਵਾਂ ਸਾਲ ਚੰਗੀ ਫ਼ਸਲ ਨਾਲ ਸ਼ੁਰੂ ਕਰਦਾ ਹੈਂ, ਤੂੰ ਗੱਡਿਆ ਨੂੰ ਬਹੁਤ ਸਾਰੀਆਂ ਫ਼ਸਲਾਂ ਨਾਲ ਭਰ ਦਿੰਦਾ ਹੈਂ।
12 ਮਾਰੂਥਲ ਅਤੇ ਪਹਾੜ ਘਾਹ ਨਾਲ ਢੱਕੇ ਹੋਏ ਹਨ।
13 ਚਰਾਦਾਂ ਭੇਡਾਂ ਨਾਲ ਭਰੀਆਂ ਹੋਈਆਂ ਹਨ, ਵਾਦੀਆਂ ਅਨਾਜ ਨਾਲ ਭਰੀਆਂ ਹਨ, ਹਰ ਕੋਈ ਗਾ ਰਿਹਾ ਹੈ ਅਤੇ ਖੁਸ਼ੀ ਭਰੀਆਂ ਕਿਲਕਾਰੀਆਂ ਮਾਰ ਰਿਹਾ ਹੈ।

*ਨਿਰਦੇਸ਼ਕ ਲਈ: ਉਸਤਤ ਦਾ ਇੱਕ ਗੀਤ।*

**66** 1ਹੇ ਧਰਤੀ ਦੇ ਸਾਰੇ ਲੋਕੋ, ਪਰਮੇਸ਼ੁਰ ਦੇ ਵਈ ਲਲਕਾਰੋ।
2 ਉਸ ਦੇ ਮਹਿਮਾਮਈ ਨਾਮ ਦੀ ਉਸਤਤ ਕਰੋ। ਉਸਤਤ ਦੇ ਗੀਤਾਂ ਨਾਲ ਉਸ ਦਾ ਸਤਿਕਾਰ ਕਰੋ।
3 ਪਰਮੇਸ਼ੁਰ ਨੂੰ ਆਖੋ, "ਉਸ ਦੇ ਕੰਮ ਕਿੰਨੇ ਅਦਭੁਤ ਹਨ। ਹੇ ਪਰਮੇਸ਼ੁਰ, ਤੇਰੀ ਸ਼ਕਤੀ ਬਹੁਤ ਮਹਾਨ ਹੈ, ਤੇਰੇ ਵੈਰੀ ਝੁਕ ਗਏ ਹਨ, ਉਹ ਤੇਰੇ ਪਾਸੋਂ ਭੈਭੀਤ ਹਨ।
4 ਸਾਰੀ ਦੁਨੀਆ ਤੇਰੀ ਉਪਾਸਨਾ ਕਰੇ, ਹਰ ਕੋਈ ਤੇਰੇ ਨਾਮ ਦੀ ਉਸਤਤ ਗਾਵੇ।"
5 ਉਨ੍ਹਾਂ ਚੀਜ਼ਾਂ ਵੱਲ ਵੇਖੋ ਜਿਹੜੀਆਂ ਪਰਮੇਸ਼ੁਰ ਨੇ ਸਾਜੀਆਂ। ਉਹ ਚੀਜ਼ਾਂ ਸਾਨੂੰ ਹੈਰਾਨ ਕਰਦੀਆਂ ਹਨ।
6 ਉਸ ਦੇ ਲੋਕ ਤੁਰਕੇ ਦਰਿਆ ਪਾਰ ਕਰ ਗਏ ਅਤੇ ਉਨ੍ਹਾਂ ਨੇ ਉਸ ਦੀਆਂ ਕੀਤੀਆਂ ਮਹਾਨ ਗੱਲ ਬਾਰੇ ਅਨੰਦ ਮਾਣਿਆ।
7 ਪਰਮੇਸ਼ੁਰ ਆਪਣੀ ਮਹਾਨ ਸ਼ਕਤੀ ਨਾਲ ਦੁਨੀਆ ਉੱਤੇ ਸ਼ਾਸਨ ਕਰਦਾ ਹੈ; ਉਹ ਹਰ ਜਗ੍ਹਾ ਲੋਕਾਂ ਨੂੰ ਤੱਕਦਾ ਹੈ। ਕੋਈ ਅਜਿਹਾ ਬੰਦਾ ਨਹੀਂ ਜੋ ਉਸ ਦੇ ਖਿਲਾਫ਼ ਵਿਦ੍ਰੋਹ ਕਰ ਸਕੇ।
8 ਲੋਕੋ, ਸਾਡੇ ਪਰਮੇਸ਼ੁਰ ਦੀ ਉਸਤਤ ਕਰੋ; ਉਸ ਦੀ ਉਸਤਤ ਦੇ ਉੱਚੀ ਉੱਚੀ ਗੀਤ ਗਾਵੋ।
9 ਪਰਮੇਸ਼ੁਰ ਨੇ ਸਾਨੂੰ ਜੀਵਨ ਦਿੱਤਾ, ਅਤੇ ਪਰਮੇਸ਼ੁਰ ਸਾਡੀ ਰੱਖਿਆ ਕਰਦਾ ਹੈ।
10 ਪਰਮੇਸ਼ੁਰ ਨੇ ਸਾਡੀ ਪਰਖ ਕੀਤੀ, ਜਿਵੇਂ ਲੋਕੀਂ ਚਾਂਦੀ ਅੱਗ ਨਾਲ ਪਰਖਦੇ ਹਨ।
11 ਹੇ ਪਰਮੇਸ਼ੁਰ, ਤੂੰ ਅਸਾਂ ਨੂੰ ਫ਼ਸ ਜਾਣ ਦਿੱਤਾ, ਤੂੰ ਸਾਡੇ ਉੱਤੇ ਬਹੁਤ ਭਾਰ ਰੱਖ ਦਿੱਤਾ।
12 ਸਾਡੇ ਵੈਰੀਆਂ ਨੂੰ ਸਾਡੇ ਉੱਪਰੋਂ ਦੀ ਤੋਰਿਆ, ਤੂੰ ਸਾਨੂੰ ਅੱਗ ਅਤੇ ਪਾਣੀ ਵਿੱਚ ਦੀ ਧੂਹਿਆ। ਪਰ ਤੂੰ ਸਾਨੂੰ ਇੱਕ ਸੁਰੱਖਿਅਤ ਥਾਂ ਉੱਤੇ ਲੈ ਆਇਆ।
13-14 ਇਸ ਲਈ ਮੈਂ ਤੇਰੇ ਮੰਦਰ ਵਿੱਚ ਬਲੀਆਂ ਲੈ ਕੇ ਆਵਾਂਗਾ। ਜਦੋਂ ਮੈਂ ਮੁਸੀਬਤ ਵਿੱਚ ਸਾਂ ਮੈਂ ਤੇਰੇ ਅੱਗੇ ਸਹਾਇਤਾ ਲਈ ਪੁਕਾਰ ਕੀਤੀ। ਹੁਣ ਮੈਂ ਤੇਰੇ ਨਾਲ ਬਹੁਤ ਇਕਰਾਰ ਕੀਤੇ, ਮੈਂ ਉਹ ਚੀਜ਼ਾਂ ਭੇਟ ਕਰ ਰਿਹਾ ਜਿਨ੍ਹਾਂ ਦਾ ਇਕਰਾਰ ਕੀਤਾ ਸੀ।
15 ਮੈਂ ਤੈਨੂੰ ਆਪਣੇ ਪਾਪ ਲਈ ਚੜ੍ਹਾਵੇ ਭੇਟ ਕਰ ਰਿਹਾ ਹਾਂ। ਮੈਂ ਤੈਨੂੰ ਭੇਡੂਆਂ ਨਾਲ ਧੂਪ ਭੇਟ ਕਰ ਰਿਹਾ ਹਾਂ। ਮੈਂ ਤੈਨੂੰ ਸਾਨ੍ਹ ਅਤੇ ਬੱਕਰੀ ਭੇਟ ਕਰ ਰਿਹਾ ਹਾਂ।
16 ਪਰਮੇਸ਼ੁਰ ਦੀ ਉਪਾਸਨਾ ਕਰਨ ਵਾਲੇ ਸਾਰੇ ਲੋਕੋ, ਆਉ ਅਤੇ ਮੈਂ ਤੈਨੂੰ ਦੱਸਾਂਗਾ ਜੋ ਕੁਝ ਪਰਮੇਸ਼ੁਰ ਨੇ ਮੇਰੇ ਲਈ ਕੀਤਾ।
17-18 ਮੈਂ ਉਸ ਅੱਗੇ ਪ੍ਰਾਰਥਨਾ ਕੀਤੀ, ਮੈਂ ਉਸ ਦੀ ਉਸਤਤ ਕੀਤੀ। ਮੇਰਾ ਹਿਰਦਾ ਸ਼ੁੱਧ ਸੀ, ਇਸ ਲਈ ਮੇਰੇ ਮਾਲਕ ਨੇ ਮੇਰੀ ਗੱਲ ਸੁਣੀ।
19 ਪਰਮੇਸ਼ੁਰ ਨੇ ਮੈਨੂੰ ਸੁਣਿਆ, ਪਰਮੇਸ਼ੁਰ ਨੇ ਮੇਰੀ ਪ੍ਰਾਰਥਨਾ ਸੁਣੀ।
20 ਪਰਮੇਸ਼ੁਰ ਦੀ ਉਸਤਤ ਕਰੋ। ਪਰਮੇਸ਼ੁਰ ਮੇਰੇ ਕੋਲੋਂ ਦੂਰ ਨਹੀਂ ਗਿਆ। ਉਸ ਨੇ ਮੇਰੀ ਪ੍ਰਾਰਥਨਾ ਸੁਣੀ। ਪਰਮੇਸ਼ੁਰ ਨੇ ਮੇਰੇ ਨਾਲ ਆਪਣਾ ਪਿਆਰ ਵਿਖਾਇਆ।

*ਨਿਰਦੇਸ਼ਕ ਲਈ: ਸਾਜ਼ਾਂ ਨਾਲ ਉਸਤਤ ਦਾ ਇੱਕ ਗੀਤ।*

**67** 1ਹੇ ਪਰਮੇਸ਼ੁਰ, ਸਾਡੇ ਉੱਪਰ ਦਯਾ ਕਰ ਅਤੇ ਸਾਨੂੰ ਅਸੀਸ ਦੇ। ਦਯਾ ਕਰਕੇ ਸਾਨੂੰ ਪ੍ਰਵਾਨ ਕਰ।
2 ਪਰਮੇਸ਼ੁਰ, ਧਰਤੀ ਦਾ ਹਰ ਬੰਦਾ ਤੇਰੇ ਬਾਰੇ ਜਾਣ ਲਵੇ, ਹਰ ਕੌਮ ਵੇਖ ਲਵੇ ਕਿ ਤੂੰ ਲੋਕਾਂ ਨੂੰ ਕਿਵੇਂ ਬਚਾਉਂਦਾ ਹੈਂ।
3 ਹੇ ਪਰਮੇਸ਼ੁਰ, ਲੋਕ ਤੈਨੂੰ ਮਹਿਮਾਮਈ ਕਰਨ। ਸਮੂਹ ਲੋਕ ਤੇਰੀ ਉਪਾਸਨਾ ਕਰਨ।
4 ਸਾਰੀਆਂ ਕੌਮਾਂ ਅਨੰਦ ਮਨਾਉਣ ਅਤੇ ਖੁਸ਼ ਹੋਣ। ਕਿਉਂਕਿ ਤੂੰ ਲੋਕਾਂ ਦਾ ਨਿਆਂ ਬੇਲਾਗ ਕਰਦਾ ਹੈਂ। ਤੂੰ ਸਾਰੀਆਂ ਕੌਮਾਂ ਉੱਤੇ ਰਾਜ ਕਰਦਾ ਹੈਂ।

5 ਹੇ ਪਰਮੇਸ਼ੁਰ, ਲੋਕ ਤੇਰੀ ਉਸਤਤ ਕਰਨ। ਸਾਰੇ ਲੋਕ ਤੈਨੂੰ
ਸਲਾਹੁਣ।
6 ਪਰਮੇਸ਼ੁਰ, ਸਾਡੇ ਪਰਮੇਸ਼ੁਰ, ਸਾਨੂੰ ਬਰਕਤ ਦੇ, ਸਾਡੀ
ਧਰਤੀ ਸਾਨੂੰ ਵੱਡੀ ਫ਼ਸਲ ਦੇਵੇ।
7 ਪਰਮੇਸ਼ੁਰ ਸਾਨੂੰ ਬਰਕਤ ਦੇਵੇ। ਅਤੇ ਸਾਰੀ ਧਰਤੀ ਦੇ ਲੋਕ
ਡਰਨ ਅਤੇ ਪਰਮੇਸ਼ੁਰ ਦਾ ਆਦਰ ਕਰਨ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਉਸਤਤ ਗੀਤ।*

**68** 1ਪਰਮੇਸ਼ੁਰ ਉੱਠੇ ਅਤੇ ਉਸ ਦੇ ਵੈਰੀ ਤਿੱਤਰ ਬਿੱਤਰ
ਹੋ ਜਾਣ, ਉਸ ਦੇ ਸਾਰੇ ਵੈਰੀ ਉਸ ਕੋਲੋਂ ਫ਼ਰਾਰ
ਹੋ ਜਾਣ।
2 ਆਪਣੇ ਵੈਰੀਆਂ ਨੂੰ ਇੰਝ ਤਿੱਤਰ ਬਿੱਤਰ ਕਰ, ਜਿਵੇਂ
ਧੂੰਆ ਹਵਾ ਦੁਆਰਾ ਉੱਡ ਜਾਂਦਾ ਹੈ। ਤੇਰੇ ਵੈਰੀ ਅੱਗ ਉੱਤੇ
ਪਿਘਲਦੀ ਇੱਕ ਮੋਮ ਵਾਂਗ ਤਬਾਹ ਹੋ ਜਾਣ।
3 ਪਰ ਨੇਕ ਬੰਦੇ ਖੁਸ਼ ਹਨ, ਨੇਕ ਬੰਦੇ ਪਰਮੇਸ਼ੁਰ ਦੇ ਸੰਗ
ਇਕੱਠੇ ਖੁਸ਼ੀ ਭਰੇ ਪਲ ਮਾਣਦੇ ਹਨ। ਨੇਕ ਬੰਦੇ ਖੁਸ਼ੀਆਂ
ਮਾਣਦੇ ਹਨ ਅਤੇ ਬਹੁਤ ਖੁਸ਼ ਹਨ।
4 ਪਰਮੇਸ਼ੁਰ ਲਈ ਗਾਵੋ, ਉਸ ਦੇ ਨਾਮ ਦੀ ਉਸਤਤ ਗਾਵੋ।
ਪਰਮੇਸ਼ੁਰ ਲਈ ਰਾਹ ਬਣਾਵੋ, ਉਹ ਮਾਰੂਥਲ ਵਿੱਚ
ਆਪਣੇ ਰਥ ਉੱਤੇ ਸਵਾਰੀ ਕਰਦਾ ਹੈ। ਉਸ ਦਾ ਨਾਮ
ਯਾਹ[a] ਹੈ, ਉਸ ਦੇ ਨਾਮ ਦੀ ਉਸਤਤ ਕਰੋ।
5 ਆਪਣੇ ਪਵਿੱਤਰ ਮੰਦਰ ਵਿੱਚ ਯਤੀਮਾਂ ਲਈ ਪਰਮੇਸ਼ੁਰ
ਇੱਕ ਪਿਤਾ ਵਾਂਗ ਹੈ। ਪਰਮੇਸ਼ੁਰ ਵਿੱਧਵਾਂ ਨੂੰ ਪਾਲਦਾ ਹੈ।
6 ਪਰਮੇਸ਼ੁਰ ਇਕੱਲੇ ਬੰਦਿਆਂ ਨੂੰ ਘਰ ਦਿੰਦਾ ਹੈ, ਪਰਮੇਸ਼ੁਰ
ਆਪਣੇ ਬੰਦਿਆਂ ਨੂੰ ਕੈਦ ਤੋਂ ਆਜ਼ਾਦ ਕਰਦਾ ਹੈ। ਉਹ
ਬਹੁਤ ਖੁਸ਼ ਹਨ। ਪਰ ਉਹ ਲੋਕ ਜਿਹੜੇ ਪਰਮੇਸ਼ੁਰ ਦੇ
ਖਿਲਾਫ਼ ਹੋ ਜਾਂਦੇ ਹਨ, ਉਹ ਮਾਰੂਥਲ ਵਿੱਚ ਰਹਿਣਗੇ।
7 ਹੇ ਪਰਮੇਸ਼ੁਰ, ਤੂੰ ਆਪਣੇ ਲੋਕਾਂ ਦੀ ਮਿਸਰ ਵਿੱਚੋਂ ਬਾਹਰ
ਆਉਣ ਵਿੱਚ ਅਗਵਾਈ ਕੀਤੀ। ਤੂੰ ਮਾਰੂਥਲ ਦੇ ਵਿੱਚੋਂ
ਦੀ ਕੂਚ ਕੀਤਾ, ਅਤੇ ਧਰਤੀ ਕੰਬ ਉੱਠੀ।
8 ਪਰਮੇਸ਼ੁਰ, ਇਸਰਾਏਲ ਦਾ ਪਰਮੇਸ਼ੁਰ ਸੀਨਈ ਪਰਬਤ
ਉੱਤੇ ਆਇਆ ਅਤੇ ਅਕਾਸ਼ ਪਿਘਲ ਗਿਆ।
9 ਹੇ ਪਰਮੇਸ਼ੁਰ, ਤੂੰ ਪੁਰਾਣੀ ਥੱਕੀ ਧਰਤੀ ਨੂੰ ਫ਼ੇਰ ਮਜ਼ਬੂਤ
ਬਣਾਉਣ ਲਈ ਵਰਖਾ ਘੱਲੀ।
10 ਤੇਰੇ ਲੋਕ ਫ਼ੇਰ ਉਸ ਧਰਤੀ ਉੱਤੇ ਆ ਗਏ। ਹੇ ਪਰਮੇਸ਼ੁਰ,
ਉੱਥੇ ਤੂੰ ਗਰੀਬ ਲੋਕਾਂ ਨੂੰ ਬਹੁਤ ਚੰਗੀਆਂ ਚੀਜ਼ਾਂ
ਦਿੱਤੀਆਂ।
11 ਪਰਮੇਸ਼ੁਰ ਨੇ ਹੁਕਮ ਕੀਤਾ ਅਤੇ ਬਹੁਤ ਸਾਰੇ ਲੋਕ ਸ਼ੁਭ
ਸਮਾਚਾਰ ਦੇਣ ਲਈ ਚਲੇ ਗਏ।
12 "ਤਾਕਤਵਰ ਰਾਜਿਆਂ ਦੀਆਂ ਫ਼ੌਜਾਂ ਨੱਸ ਗਈਆਂ,
ਘਰਾਂ ਵਿੱਚ ਔਰਤਾਂ ਉਹ ਚੀਜ਼ਾਂ ਵੰਡਣਗੀਆਂ ਜਿਹੜੀਆਂ
ਸਿਪਾਹੀ ਜੰਗ ਵਿੱਚੋਂ ਲਿਆਉਣਗੇ। ਜਿਹੜੇ ਲੋਕ ਘਰਾਂ
ਵਿੱਚ ਰੁਕ ਗਏ ਸਨ ਲੁੱਟ ਦਾ ਬਟਵਾਰਾ ਕਰਨਗੇ।
13 ਉਨ੍ਹਾਂ ਨੂੰ ਚਾਂਦੀ ਨਾਲ ਢੱਕੇ ਘੁੱਗੀਆਂ ਦੇ ਖੰਭ (ਕੀਮਤੀ
ਹੀਰੇ) ਮਿਲਣਗੇ। ਉਹ ਸੋਨੇ ਨਾਲ ਚਮਕਦੇ ਖੰਭ ਹਾਸਲ
ਕਰਨਗੇ।"
14 ਸਲਮੋਨ ਪਰਬਤ ਉੱਤੇ ਪਰਮੇਸ਼ੁਰ ਨੇ, ਵੈਰੀ ਰਾਜਿਆਂ ਨੂੰ
ਖਿੰਡਾ ਦਿੱਤਾ। ਉਹ ਡਿੱਗਦੀ ਹੋਈ ਬਰਫ਼ ਵਾਂਗ ਸਨ।
15 ਬਾਸ਼ਾਨ ਪਰਬਤ ਕਈ ਸ਼ਿਖਰਾਂ ਵਾਲਾ ਇੱਕ ਮਹਾਨ
ਪਰਬਤ ਹੈ।
16 ਹੇ ਬਾਸ਼ਾਨ ਪਰਬਤ, ਤੂੰ ਹੇਠਾਂ ਸੀਯੋਨ ਪਰਬਤ ਵੱਲ ਕਿਉਂ
ਤੱਕਦਾ ਹੈਂ? ਪਰਮੇਸ਼ੁਰ ਉਸ ਪਰਬਤ (ਸੀਯੋਨ) ਨੂੰ ਪਿਆਰ
ਕਰਦਾ ਹੈ। ਯਹੋਵਾਹ ਨੇ ਸਦਾ ਲਈ ਉੱਥੇ ਰਹਿਣ ਲਈ
ਇਸ ਨੂੰ ਚੁਣਿਆ ਹੈ।
17 ਯਹੋਵਾਹ ਪਵਿੱਤਰ ਸੀਯੋਨ ਪਰਬਤ ਵੱਲ ਆਉਂਦਾ ਹੈ।
ਉਸ ਦੇ ਪਿੱਛੇ ਉਸ ਦੇ ਹਜ਼ਾਰਾਂ ਰਥ ਹਨ।
18 ਉਹ ਉੱਪਰ ਉੱਚੇ ਪਰਬਤ ਉੱਤੇ ਗਿਆ, ਕੈਦੀਆਂ ਦੇ
ਟੋਲੇ ਦੀ ਅਗਵਾਈ ਕਰਦੇ ਹੋਏ, ਆਦਮੀਆਂ ਤੋਂ ਉਨ੍ਹਾਂ
ਲੋਕਾਂ ਸਮੇਤ ਸੁਗਾਤਾਂ ਲੈਣ ਲਈ ਗਿਆ ਜਿਹੜੇ ਉਸ ਦੇ
ਖਿਲਾਫ਼ ਮੁੜ ਗਏ ਸਨ। ਯਹੋਵਾਹ ਪਰਮੇਸ਼ੁਰ ਉੱਥੇ ਉੱਪਰ
ਨਿਵਾਸ ਕਰਨ ਲਈ ਗਿਆ।
19 ਯਹੋਵਾਹ ਦੀ ਉਸਤਤ ਕਰੋ। ਹਰ ਰੋਜ਼ ਉਹ ਉਨ੍ਹਾਂ ਭਾਰਾਂ
ਨੂੰ ਚੁੱਕਣ ਵਿੱਚ ਸਾਡੀ ਸਹਾਇਤਾ ਕਰਦਾ ਹੈ, ਜਿਹੜੇ ਸਾਨੂੰ
ਚੁੱਕਣੇ ਪੈਂਦੇ ਹਨ। ਪਰਮੇਸ਼ੁਰ ਸਾਨੂੰ ਬਚਾਉਂਦਾ ਹੈ।
20 ਉਹ ਸਾਡਾ ਪਰਮੇਸ਼ੁਰ ਹੈ, ਉਹੀ ਪਰਮੇਸ਼ੁਰ ਹੈ ਜਿਹੜਾ ਸਾਨੂੰ
ਬਚਾਉਂਦਾ ਹੈ। ਯਹੋਵਾਹ ਸਾਡਾ ਪਰਮੇਸ਼ੁਰ ਸਾਨੂੰ ਮੌਤ ਤੋਂ
ਬਚਾਉਂਦਾ ਹੈ।
21 ਪਰਮੇਸ਼ੁਰ ਦਰਸ਼ਾਏਗਾ ਕਿ ਉਸ ਨੇ ਆਪਣੇ ਵੈਰੀਆਂ
ਨੂੰ ਹਰਾਇਆ। ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਦੰਡ ਦੇਵੇਗਾ
ਜਿਹੜੇ ਉਸ ਦੇ ਖਿਲਾਫ਼ ਲੜੇ ਸਨ।
22 ਮੇਰੇ ਪਰਮੇਸ਼ੁਰ ਨੇ ਆਖਿਆ, "ਮੈਂ ਜੇ ਉਹ ਬਾਸ਼ਾਨ ਨੂੰ ਨੱਠ
ਜਾਣ ਜਾਂ ਸਮੁੰਦਰ ਦੀ ਡੂੰਘਆਈ ਤਕ ਚਲੇ ਜਾਣ, ਮੈਂ
ਉਨ੍ਹਾਂ ਨੂੰ ਵਾਪਸ ਲੈ ਆਵਾਂਗਾ।
23 ਇਸ ਲਈ ਕਿ ਤੂੰ ਉਨ੍ਹਾਂ ਦੇ ਲਹੂ ਵਿੱਚ ਤੁਰ ਸਕੇਂ, ਅਤੇ ਤੇਰੇ
ਕੁੱਤੇ ਉਨ੍ਹਾਂ ਦਾ ਲਹੂ ਚੱਟ ਸਕਣ।"
24 ਮੇਰੇ ਪਰਮੇਸ਼ੁਰ ਨੂੰ ਜਿੱਤ ਦੇ ਜਲੂਸ ਦੀ ਅਗਵਾਈ
ਕਰਦਿਆਂ ਵੇਖੋ। ਮੇਰੇ ਪਵਿੱਤਰ ਯਹੋਵਾਹ ਨੂੰ, ਮੇਰੇ ਰਾਜੇ
ਨੂੰ, ਫ਼ਤਿਹ ਦੇ ਜਲੂਸ ਦੀ ਅਗਵਾਈ ਕਰਦਿਆਂ ਵੇਖੋ।
25 ਗਾਇਕ ਅੱਗੇ, ਉਨ੍ਹਾਂ ਦੇ ਪਿੱਛੇ ਸੰਗੀਤਕਾਰ, ਤੰਬੂਰੇ
ਵਜਾਉਂਦੀਆਂ ਮੁਟਿਆਰਾਂ ਨਾਲ ਘਿਰੇ ਚੱਲ ਰਹੇ ਹਨ।
26 ਸੰਗਤ ਵਿੱਚ ਪਰਮੇਸ਼ੁਰ ਦੀ ਉਸਤਤ ਕਰੋ। ਇਸਰਾਏਲ
ਦੇ ਲੋਕੋ ਯਹੋਵਾਹ ਦੀ ਉਸਤਤ ਕਰੋ।
27 ਉੱਥੇ ਬਿਨਯਾਮੀਨ ਦਾ ਛੋਟਾ ਵੰਸ਼ ਉਨ੍ਹਾਂ ਦੀ ਅਗਵਾਈ
ਕਰ ਰਿਹਾ ਉੱਥੇ ਯਹੂਦਾ ਦੇ ਪਰਿਵਾਰ ਦੇ ਮਹਾਨ ਆਗੂ
ਹਨ। ਅਤੇ ਉੱਥੇ ਜ਼ਬੂਲੁਨ ਅਤੇ ਨਫ਼ਤਾਲੀ ਦੇ ਆਗੂ ਹਨ।
28 ਹੇ ਪਰਮੇਸ਼ੁਰ, ਸਾਨੂੰ ਆਪਣੀ ਸ਼ਕਤੀ ਵਿਖਾ ਉਹ ਸ਼ਕਤੀ
ਜਿਹੜੀ ਤੂੰ ਅਤੀਤ ਵਿੱਚ ਸਾਡੇ ਲਈ ਵਰਤੀ ਸੀ।
29 ਰਾਜੇ ਯਰੂਸ਼ਲਮ ਵਿੱਚ ਤੇਰੇ ਮੰਦਰ ਵੱਲ, ਤੇਰੇ ਕੋਲ ਆਪਣੀ
ਦੌਲਤ ਲਿਆਉਣਗੇ।
30 "ਉਨ੍ਹਾਂ ਜਾਨਵਰਾਂ" ਪਾਸੋਂ ਉਹ ਕਰਾਉਣ ਲਈ ਜੋ ਤੂੰ
ਚਾਹੁੰਦਾ ਹੈਂ ਆਪਣੀ ਸੋਟੀ ਦੀ ਵਰਤੋਂ ਕਰ। ਉਨ੍ਹਾਂ ਕੌਮਾਂ ਦੇ

[a] ***68:4 ਯਾਹ*** ਇਹ ਇਬਰਾਨੀ ਭਾਸ਼ਾ ਵਿੱਚ ਪਰਮੇਸ਼ੁਰ ਲਈ ਇੱਕ ਨਾਮ ਹੈ। ਇਹ ਇਬਰਾਨੀ ਨਾਮ ਦੀ ਤਰ੍ਹਾਂ ਹੈ। ਆਮ ਤੌਰ ਤੇ, "ਯਹੋਵਾਹ" ਅਨੁਵਾਦ ਕੀਤਾ ਜਾਂਦਾ ਹੈ।

"ਬਲਦਾਂ" ਅਤੇ "ਗਾਵਾਂ" ਤੋਂ ਆਪਣਾ ਅਧਿਕਾਰ ਮਨਵਾ।
ਤੂੰ ਉਨ੍ਹਾਂ ਕੌਮਾਂ ਨੂੰ ਜੰਗ ਵਿੱਚ ਹਰਾ ਦਿੱਤਾ। ਹੁਣ ਉਨ੍ਹਾਂ ਨੂੰ ਤੇਰੇ
ਲਈ ਚਾਂਦੀ ਲਿਆਉਣ ਲਈ ਮਜਬੂਰ ਕਰ।
31 ਮਿਸਰ ਤੋਂ ਦੂਤ ਤੋਹਫ਼ੇ ਲੈ ਕੇ ਆਉਣਗੇ। ਈਥੋਪੀਆ
ਪਰਮੇਸ਼ੁਰ ਨੂੰ ਨਜ਼ਰਾਨੇ ਭੇਟ ਕਰਨਗੇ।
32 ਧਰਤੀ ਦੇ ਰਾਜਿਓ, ਪਰਮੇਸ਼ੁਰ ਲਈ ਗੀਤ ਗਾਓ। ਸਾਡੇ
ਯਹੋਵਾਹ ਦੀਆਂ ਮਹਿਮਾ ਦੇ ਗੀਤ ਗਾਓ।
33 ਪਰਮੇਸ਼ੁਰ ਲਈ ਗੀਤ ਗਾਓ। ਉਹ ਪ੍ਰਾਚੀਨ ਅਕਾਸ਼ਾਂ
ਰਾਹੀਂ ਆਪਣਾ ਰਥ ਚਲਾਉਂਦਾ ਹੈ। ਉਸ ਦੀ ਸ਼ਕਤੀਸ਼ਾਲੀ
ਅਵਾਜ਼ ਨੂੰ ਸੁਣੋ।
34 ਤੇਰੇ ਕਿਸੇ ਵੀ ਦੇਵਤੇ ਦੇ ਮੁਕਾਬਲੇ ਪਰਮੇਸ਼ੁਰ ਵਧੇਰੇ
ਸ਼ਕਤੀਸ਼ਾਲੀ ਹੈ। ਇਸਰਾਏਲ ਦਾ ਪਰਮੇਸ਼ੁਰ ਆਪਣੇ
ਲੋਕਾਂ ਨੂੰ ਸ਼ਕਤੀਸ਼ਾਲੀ ਬਣਾਉਂਦਾ ਹੈ।
35 ਪਰਮੇਸ਼ੁਰ ਆਪਣੇ ਮੰਦਰ ਵਿੱਚ ਅਦਭੁਤ ਲੱਗਦਾ ਹੈ।
ਇਸਰਾਏਲ ਦਾ ਪਰਮੇਸ਼ੁਰ ਆਪਣੇ ਲੋਕਾਂ ਨੂੰ ਬਲ ਅਤੇ
ਸ਼ਕਤੀ ਦਿੰਦਾ ਹੈ, ਪਰਮੇਸ਼ੁਰ ਦੀ ਉਸਤਤ ਕਰੋ।

*ਨਿਰਦੇਸ਼ਕ ਲਈ: "ਚੰਵੇਲੀ ਦੇ ਫ਼ੁੱਲ" ਦਾਊਦ ਦਾ ਇੱਕ ਗੀਤ।*

# 69

1 ਹੇ ਪਰਮੇਸ਼ੁਰ, ਮੈਨੂੰ ਸਾਰੀਆਂ ਮੁਸੀਬਤਾਂ ਤੋਂ ਬਚਾ।
ਪਾਣੀ ਮੇਰੇ ਮੂੰਹ ਤੀਕਰ ਆ ਚੁੱਕਿਆ ਹੈ।
2 ਮੇਰੇ ਕੋਲ ਖੜ੍ਹੇ ਹੋਣ ਲਈ ਕੋਈ ਸਹਾਰਾ ਨਹੀਂ। ਮੈਂ ਚਿੱਕੜ
ਵਿੱਚ ਡੁਂਘਿਆਂ ਖੁੱਬ ਰਿਹਾ ਹਾਂ। ਮੈਂ ਡੂੰਘਿਆਂ ਪਾਣੀਆਂ
ਅੰਦਰ ਹਾਂ। ਅਤੇ ਸਾਰੇ ਪਾਸਿਉਂ ਪਾਣੀ ਦੀਆਂ ਲਹਿਰਾਂ ਦੇ
ਥਪੇੜੇ ਸਹਿ ਰਿਹਾ ਹਾਂ। ਮੈਂ ਡੁੱਬਣ ਹੀ ਵਾਲਾ ਹਾਂ।
3 ਮੈਂ ਸਹਾਇਤਾ ਲਈ ਪੁਕਾਰਦਾ ਕਮਜ਼ੋਰ ਹੋ ਗਿਆ ਹਾਂ।
ਮੇਰਾ ਗਲਾ ਦੁੱਖ ਰਿਹਾ ਹੈ। ਮੈਂ ਇੰਤਜ਼ਾਰ ਕੀਤਾ ਹੈ ਅਤੇ
ਤੇਰੇ ਵੱਲੋਂ ਸਹਾਇਤਾ ਲਈ ਦੇਰ ਤੱਕ ਤੱਕਿਆ ਹੈ। ਹੁਣ
ਮੇਰੀਆਂ ਅੱਖਾਂ ਦਰਦ ਕਰ ਰਹੀਆਂ ਹਨ।
4 ਸਿਰ ਦੇ ਵਾਲਾਂ ਨਾਲੋਂ ਵੀ ਵਧੇਰੇ ਮੇਰੇ ਦੁਸ਼ਮਣ ਹਨ, ਉਹ
ਮੈਨੂੰ ਅਕਾਰਣ ਹੀ ਨਫ਼ਰਤ ਕਰਦੇ ਹਨ। ਉਹ ਮੈਨੂੰ ਤਬਾਹ
ਕਰਨ ਦੀ ਬਹੁਤ ਕੋਸ਼ਿਸ਼ ਕਰਦੇ ਹਨ। ਮੇਰੇ ਦੁਸ਼ਮਣ ਮੇਰੇ
ਬਾਰੇ ਝੂਠ ਬੋਲਦੇ ਹਨ, ਉਨ੍ਹਾਂ ਨੇ ਝੂਠ ਆਖਿਆ ਕਿ ਮੈਂ
ਚੀਜ਼ਾਂ ਚੁਰਾਈਆਂ ਹਨ। ਅਤੇ ਉਨ੍ਹਾਂ ਨੇ ਮੈਨੂੰ ਉਨ੍ਹਾਂ ਚੀਜ਼ਾਂ
ਦੇ ਪੈਸੇ ਦੇਣ ਲਈ ਮਜ਼ਬੂਰ ਕੀਤਾ ਜਿਹੜੀਆਂ ਮੈਂ ਨਹੀਂ
ਚੁਰਾਈਆਂ ਸਨ।
5 ਹੇ ਪਰਮੇਸ਼ੁਰ, ਤੂੰ ਜਾਣਦਾ ਹੈਂ ਕਿ ਮੈਂ ਕੁਝ ਗਲਤ ਨਹੀਂ
ਕੀਤਾ। ਤੇਰੇ ਕੋਲੋਂ ਮੈਂ ਆਪਣੇ ਗੁਨਾਹਾਂ ਨੂੰ ਨਹੀਂ ਛੁਪਾ
ਸਕਦਾ।
6 ਮੇਰੇ ਮਾਲਕ, ਸਰਬ ਸ਼ਕਤੀਮਾਨ ਯਹੋਵਾਹ, ਜਿਨ੍ਹਾਂ ਨੂੰ
ਤੇਰੇ ਵਿੱਚ ਆਸ ਹੈ ਉਹ ਮੇਰੇ ਕਾਰਣ ਸ਼ਰਮਿੰਦੇ ਨਾ ਹੋਣ।
ਇਸਰਾਏਲ ਦੇ ਪਰਮੇਸ਼ੁਰ, ਆਪਣੇ ਉਪਾਸਕਾਂ ਨੂੰ ਮੇਰੇ
ਕਾਰਣ ਸ਼ਰਮਿੰਦਾ ਨਾ ਹੋਣ ਦੇ।
7 ਮੈਂ ਸ਼ਰਮ ਵਿੱਚ ਡੁੱਬਿਆ ਹਾਂ। ਮੈਂ ਤੇਰੇ ਲਈ ਸ਼ਰਮ ਨੂੰ
ਝੱਲਦਾ ਹਾਂ।
8 ਮੇਰੇ ਭਰਾਵਾਂ ਨੇ ਮੇਰੇ ਨਾਲ ਅਜਨਬੀ ਵਰਗਾ ਸਲੂਕ
ਕੀਤਾ, ਮੇਰੀ ਮਾਂ ਦੇ ਪੁੱਤਰ ਮੇਰੇ ਨਾਲ ਵਿਦੇਸ਼ੀ ਵਰਗਾ
ਵਿਹਾਰ ਕਰਦੇ ਹਨ।
9 ਮੇਰੀਆਂ ਜ਼ੋਰਦਾਰ ਭਾਵਨਾਵਾਂ ਤੇਰੇ ਮੰਦਰ ਲਈ ਮੈਨੂੰ
ਬਰਬਾਦ ਕਰ ਰਹੀਆਂ ਹਨ। ਮੈਂ ਉਨ੍ਹਾਂ ਲੋਕਾਂ ਪਾਸੋਂ
ਬੇਇੱਜ਼ਤੀ ਝੱਲਦਾ ਹਾਂ ਜਿਹੜੇ ਤੇਰੀ ਨਿੰਦਿਆ ਕਰਦੇ
ਹਨ।
10 ਮੈਂ ਰੋਂਦਾ ਹਾਂ ਅਤੇ ਵਰਤ ਰੱਖਦਾ ਹਾਂ, ਅਤੇ ਇਸ ਲਈ ਉਹ
ਮੇਰਾ ਮਜ਼ਾਕ ਉਡਾਉਂਦੇ ਹਨ।
11 ਜਦੋਂ ਮੈਂ ਆਪਣੀ ਉਦਾਸੀ ਵਿਖਾਉਣ ਲਈ ਤੱਪੜ ਦੇ
ਕੱਪੜੇ ਪਹਿਨਦਾ ਹਾਂ, ਉਸ ਵਾਸਤੇ ਲੋਕੀਂ ਮੇਰਾ ਮਜ਼ਾਕ
ਉਡਾਉਂਦੇ ਹਨ।
12 ਉਹ ਮੇਰੇ ਬਾਰੇ ਖੁਲ੍ਹੇ ਆਮ ਗੱਲਾਂ ਕਰਦੇ ਹਨ, ਅਤੇ ਸ਼ਰਾਬੀ
ਮੇਰੇ ਬਾਰੇ ਗਾਣੇ ਜੋੜਦੇ ਹਨ।
13 ਜਿੱਥੋ ਤੱਕ ਮੇਰਾ ਸਵਾਲ ਹੈ, ਯਹੋਵਾਹ ਇਹ ਮੇਰੀ ਤੈਨੂੰ
ਪ੍ਰਾਰਥਨਾ ਹੈ; ਮੈਂ ਚਾਹੁੰਦਾ ਹਾਂ ਕਿ ਤੂੰ ਮੈਨੂੰ ਪਰਵਾਨ ਕਰ
ਲਵੇਂ। ਹੇ ਪਰਮੇਸ਼ੁਰ, ਮੈਂ ਚਾਹੁੰਦਾ ਕਿ ਤੂੰ ਮੈਨੂੰ ਪਿਆਰ ਨਾਲ
ਜਵਾਬ ਦੇਵੇਂ। ਮੈਂ ਜਾਣਦਾ ਹਾਂ ਕਿ ਮੈਨੂੰ ਬਚਾਉਣ ਲਈ ਮੈਂ
ਤੇਰੇ ਉੱਤੇ ਭਰੋਸਾ ਕਰ ਸਕਦਾ ਹਾਂ।
14 ਮੈਨੂੰ ਦਲਦਲ ਵਿੱਚ ਖਿੱਚ ਲੈ, ਮੈਨੂੰ ਚਿਕੜ ਅੰਦਰ
ਡੂੰਘਿਆ ਨਾ ਖੁੱਬਣ ਦੇ। ਮੈਨੂੰ ਉਨ੍ਹਾਂ ਲੋਕਾਂ ਤੋਂ ਬਚਾ ਜਿਹੜੇ
ਮੈਨੂੰ ਨਫ਼ਰਤ ਕਰਦੇ ਹਨ। ਮੈਨੂੰ ਇਸ ਡੂੰਘੇ ਪਾਣੀ ਤੋਂ
ਬਚਾ।
15 ਹੜ੍ਹ ਦੇ ਪਾਣੀ ਨੂੰ ਮੈਨੂੰ ਰੋੜ੍ਹਨ ਨਾ ਲੈਣ, ਡੂੰਘੇ ਪਾਣੀ ਨੂੰ ਮੈਨੂੰ
ਨਿਗਲਣ ਨਾ ਲੈਣ, ਨਾ ਕਬਰ ਨੂੰ ਮੇਰੇ ਉੱਤੇ ਮੂੰਹ ਬੰਦ ਕਰ
ਲਵੇ।
16 ਯਹੋਵਾਹ, ਤੇਰਾ ਪਿਆਰ ਸ਼ੁਭ ਹੈ। ਆਪਣੇ ਪੂਰੇ ਪਿਆਰ
ਨਾਲ ਮੈਨੂੰ ਜਵਾਬ ਦੇ, ਆਪਣੀ ਪੂਰੀ ਮਿਹਰ ਨਾਲ ਮੇਰੇ
ਵੱਲ ਆ ਅਤੇ ਮੇਰੀ ਸਹਾਇਤਾ ਕਰ।
17 ਆਪਣੇ ਸੇਵਕ ਨੂੰ ਛੱਡ ਕੇ ਨਾ ਜਾਹ। ਮੈਂ ਮੁਸੀਬਤ ਵਿੱਚ
ਹਾਂ ਛੇਤੀ ਕਰ ਮੇਰੀ ਸਹਾਇਤਾ ਕਰ।
18 ਆ ਮੇਰੀ ਜਾਨ ਨੂੰ ਬਚਾ, ਮੈਨੂੰ ਮੇਰੇ ਵੈਰੀਆਂ ਤੋਂ ਛੁਡਾ।
19 ਤੂੰ ਮੇਰੀ ਸ਼ਰਮ ਨੂੰ ਜਾਣਦਾ ਹੈਂ। ਤੂੰ ਜਾਣਦਾ ਹੈਂ ਮੇਰੇ ਵੈਰੀਆਂ
ਨੇ ਮੈਨੂੰ ਬੇਇੱਜ਼ਤ ਕੀਤਾ। ਤੂੰ ਉਨ੍ਹਾਂ ਨੂੰ ਮੇਰੇ ਨਾਲ ਇੰਝ
ਵਿਹਾਰ ਕਰਦਿਆਂ ਵੇਖਿਆ ਹੈ।
20 ਸ਼ਰਮ ਨੇ ਮੈਨੂੰ ਮਾਰ ਸੁੱਟਿਆ ਹੈ। ਮੈਂ ਸ਼ਰਮ ਨਾਲ ਮਰਨ
ਹੀ ਵਾਲਾ ਹਾਂ। ਮੈਂ ਹਮਦਰਦੀ ਲਈ ਇੰਤਜ਼ਾਰ ਕੀਤਾ ਪਰ
ਕੋਈ ਵੀ ਨਹੀਂ ਬਹੁੜਿਆ। ਮੈਂ ਇੰਤਜ਼ਾਰ ਕੀਤਾ ਕਿ ਕੋਈ
ਆਵੇ ਅਤੇ ਮੈਨੂੰ ਸਕੂਨ ਪਹੁੰਚਾਏ ਪਰ ਕੋਈ ਵੀ ਬੰਦਾ ਨਹੀਂ
ਆਇਆ।
21 ਉਨ੍ਹਾਂ ਨੇ ਮੈਨੂੰ ਭੋਜਨ ਬਦਲੇ ਜ਼ਹਿਰ ਦਿੱਤਾ। ਉਨ੍ਹਾਂ ਮੈਨੂੰ
ਦਾਖਰਸ ਦੇ ਬਦਲੇ ਸਿਰਕਾ ਦਿੱਤਾ।
22 ਉਨ੍ਹਾਂ ਦੇ ਮੇਜ਼ ਭੋਜਨ ਨਾਲ ਢੱਕੇ ਹੋਏ ਹਨ, ਉਹ ਬਹੁਤ
ਸਾਰੀਆਂ ਵੱਡੀਆਂ ਸਭਾ ਦਾਅਵਤਾਂ ਕਰਦੇ ਹਨ। ਉਹ
ਭੋਜਨ ਉਨ੍ਹਾਂ ਦਾ ਵਿਨਾਸ਼ ਕਰ ਦੇਣਗੇ।
23 ਮੈਨੂੰ ਆਸ ਹੈ ਉਹ ਅੰਨ੍ਹੇ ਹੋਣਗੇ ਅਤੇ ਉਨ੍ਹਾਂ ਦੀਆਂ ਪਿੱਠਾਂ
ਝੁਕ ਜਾਣਗੀਆਂ।
24 ਉਨ੍ਹਾਂ ਉੱਤੇ ਤੇਰਾ ਕਹਿਰ ਡੋਲ੍ਹ; ਉਨ੍ਹਾਂ ਨੂੰ ਤੇਰਾ ਭੀਸ਼ਣ ਗੁੱਸਾ
ਅਨੁਭਵ ਕਰਨ ਦੇ।
25 ਉਨ੍ਹਾਂ ਦੇ ਘਰ ਸੱਖਣੇ ਕਰ ਦੇ, ਉੱਥੇ ਕੋਈ ਵੀ ਨਾ ਰਹੇ।

26 ਉਨ੍ਹਾਂ ਨੂੰ ਦੰਡ ਦੇ, ਅਤੇ ਉਹ ਭੱਜ ਜਾਣਗੇ। ਫ਼ੇਰ ਸੱਚਮੁੱਚ ਉਨ੍ਹਾਂ ਨੂੰ ਕਸ਼ਟ ਹੋਵੇਗਾ ਅਤੇ ਬੋਲਣ ਲਈ ਜ਼ਖਮ ਹੋਣਗੇ।
27 ਉਨ੍ਹਾਂ ਨੂੰ ਉਨ੍ਹਾਂ ਦੇ ਬੁਰੇ ਕੰਮਾਂ ਦੀ ਸਜ਼ਾ ਦੇ। ਉਨ੍ਹਾਂ ਨੂੰ ਇਹ ਨਾ ਵਿਖਾ ਕਿ ਤੂੰ ਕਿੰਨਾ ਭਲਾ ਹੋ ਸਕਦਾ ਹੈਂ।
28 ਉਨ੍ਹਾਂ ਦੇ ਨਾਮ ਜੀਵਨ ਦੀ ਪੁਸਤਕ ਵਿੱਚੋਂ ਮਿਟਾ ਦੇ, ਉਸ ਪੁਸਤਕ ਵਿੱਚ ਉਨ੍ਹਾਂ ਦੇ ਨਾਮ ਨਾ ਲਿਖ, ਜਿੱਥੇ ਧਰਮੀ ਬੰਦਿਆਂ ਦੇ ਨਾਮ ਹਨ।
29 ਮੈਂ ਉਦਾਸ ਹਾਂ ਅਤੇ ਮੈਂ ਦਰਦ ਵਿੱਚ ਹਾਂ। ਹੇ ਪਰਮੇਸ਼ੁਰ, ਮੈਨੂੰ ਉੱਪਰ ਉਠਾ। ਮੈਨੂੰ ਬਚਾ।
30 ਮੈਂ ਪਰਮੇਸ਼ੁਰ ਦੇ ਨਾਮ ਦੀ ਉਸਤਤ ਗੀਤ ਨਾਲ ਕਰਾਂਗਾ। ਮੈਂ ਧੰਨਵਾਦ ਦੇ ਗੀਤ ਨਾਲ ਉਸ ਦੀ ਉਸਤਤ ਕਰਾਂਗਾ।
31 ਇਸ ਨਾਲ ਪਰਮੇਸ਼ੁਰ ਪ੍ਰਸੰਨ ਹੋਵੇਗਾ, ਇਹ ਇੱਕ ਬਲਦ ਨੂੰ ਮਾਰਨ ਨਾਲੋਂ ਅਤੇ ਪੂਰੇ ਜਾਨਵਰ ਨੂੰ ਬਲੀ ਵਾਂਗ ਭੇਟ ਕਰਨ ਨਾਲੋਂ ਬਿਹਤਰ ਹੋਵੇਗਾ।
32 ਹੇ ਹਲੀਮ ਲੋਕੋ, ਤੁਸੀਂ ਪਰਮੇਸ਼ੁਰ ਦੀ ਉਪਾਸਨਾ ਕਰਨ ਆਏ ਹੋ। ਤੁਸੀਂ ਇਹ ਗੱਲਾਂ ਜਾਣ ਕੇ ਖੁਸ਼ ਹੋਵੋ।
33 ਯਹੋਵਾਹ ਗਰੀਬਾਂ ਬੇਸਹਾਰਿਆਂ ਦੀ ਗੱਲ ਸੁਣਦਾ ਹੈ। ਯਹੋਵਾਹ ਹਾਲੇ ਵੀ ਕੈਦ ਵਿੱਚ ਪਏ ਲੋਕਾਂ ਨੂੰ ਪਸੰਦ ਕਰਦਾ ਹੈ।
34 ਹੇ ਧਰਤੀ ਅਤੇ ਅਕਾਸ਼ ਪਰਮੇਸ਼ੁਰ ਦੀ ਉਸਤਤ ਕਰੋ। ਹੇ ਸਮੁੰਦਰ ਅਤੇ ਉਸ ਵਿੱਚਲੇ ਸਭ ਕੁਝ, ਯਹੋਵਾਹ ਦੀ ਉਸਤਤ ਕਰੋ।
35 ਯਹੋਵਾਹ ਸੀਯੋਨ ਨੂੰ ਬਚਾਵੇਗਾ। ਯਹੋਵਾਹ ਯਹੂਦਾਹ ਦੇ ਸ਼ਹਿਰਾਂ ਦੀ ਪੁਨਰ ਉਸਾਰੀ ਕਰੇਗਾ। ਲੋਕ ਉੱਥੇ ਦੁਬਾਰਾ ਵੱਸਣਗੇ ਅਤੇ ਧਰਤੀ ਉੱਤੇ ਕਬਜ਼ਾ ਕਰ ਲੈਣਗੇ।
36 ਉਸ ਦੇ ਦਾਸਾਂ ਦੀ ਅੰਸ ਉਸ ਧਰਤੀ ਨੂੰ ਪ੍ਰਾਪਤ ਕਰੇਗੀ। ਜਿਹੜੇ ਲੋਕ ਉਸ ਦੇ ਨਾਮ ਨੂੰ ਪਿਆਰ ਕਰਦੇ ਹਨ ਉਹੀ ਉੱਥੇ ਰਹਿਣਗੇ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਗੀਤ। ਲੋਕਾਂ ਦੀ ਸਹਾਇਤਾ ਕਰਨ ਲਈ ਯਾਦ ਰੱਖੋ।*

**70** 1ਹੇ ਪਰਮੇਸ਼ੁਰ, ਮੈਨੂੰ ਬਚਾ! ਪਰਮੇਸ਼ੁਰ ਛੇਤੀ ਕਰ ਅਤੇ ਮੇਰੀ ਸਹਾਇਤਾ ਕਰ!
2 ਲੋਕ ਮੈਨੂੰ ਮਾਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾਂ ਨੂੰ ਨਿਰਾਸ਼ ਕਰ ਦੇ! ਉਨ੍ਹਾਂ ਨੂੰ ਲੱਜਿਆਵਾਨ ਕਰ ਦੇ! ਲੋਕੀਂ ਮੇਰਾ ਬੁਰਾ ਕਰਨਾ ਚਾਹੁੰਦੇ ਹਨ। ਮੈਨੂੰ ਆਸ ਹੈ ਕਿ ਉਹ ਡਿੱਗਣਗੇ ਅਤੇ ਸ਼ਰਮਸਾਰ ਹੋਣਗੇ।
3 ਲੋਕਾਂ ਨੇ ਮੇਰਾ ਮਜ਼ਾਕ ਉਡਾਇਆ। ਮੈਨੂੰ ਆਸ ਹੈ ਉਹ ਉਹੀ ਪਾਉਣਗੇ ਜਿਸ ਦੇ ਉਹ ਲਾਇਕ ਹਨ ਅਤੇ ਉਹ ਸ਼ਰਮਸਾਰ ਹੋਣਗੇ।
4 ਮੈਨੂੰ ਆਸ ਹੈ ਕਿ ਜਿਹੜੇ ਲੋਕ ਤੇਰੀ ਉਪਾਸਨਾ ਕਰਦੇ ਹਨ ਬਹੁਤ ਖੁਸ਼ ਹੋਣਗੇ, ਬਹੁਤ ਖੁਸ਼। ਮੈਨੂੰ ਆਸ ਹੈ ਕਿ ਜਿਹੜੇ ਲੋਕ ਤੇਰੀ ਸਹਾਇਤਾ ਚਾਹੁੰਦੇ ਹਨ, "ਸਦਾ ਪਰਮੇਸ਼ੁਰ ਦੀ ਉਸਤਤ ਕਰਨ" ਦੇ ਯੋਗ ਹੋਣਗੇ।
5 ਮੈਂ ਗਰੀਬ ਅਤੇ ਬੇਸਹਾਰਾ ਆਦਮੀ ਹਾਂ। ਪਰਮੇਸ਼ੁਰ, ਛੇਤੀ ਕਰ। ਆਉ ਤੇ ਮੈਨੂੰ ਬਚਾ। ਹੇ ਪਰਮੇਸ਼ੁਰ, ਸਿਰਫ਼ ਤੂੰ ਹੀ ਮੈਨੂੰ ਬਚਾ ਸਕਦਾ ਹੈਂ। ਬਹੁਤੀ ਦੇਰ ਨਾ ਕਰ।

**71** 1ਯਹੋਵਾਹ, ਮੈਂ ਤੇਰੇ ਵਿੱਚ ਸ਼ਰਨ ਲਈ ਹੈ। ਇਸ ਲਈ ਮੈਂ ਕਦੀ ਵੀ ਨਿਰਾਸ਼ ਨਹੀਂ ਹੋਵਾਂਗਾ।
2 ਆਪਣੀ ਭਲਿਆਈ ਕਾਰਣ, ਤੂੰ ਮੈਨੂੰ ਬਚਾਵੇਂਗਾ। ਤੂੰ ਮੈਨੂੰ ਮੁਸ਼ਕਿਲ ਵਿੱਚੋਂ ਕੱਢੇਂਗੇ, ਮੇਰੀ ਸੁਣ ਅਤੇ ਮੈਨੂੰ ਬਚਾ।
3 ਮੇਰੀ ਚੱਟਾਨ ਬਣ, ਅਤੇ ਉਹ ਘਰ ਜਿਸ ਵਿੱਚ ਮੈਂ ਸੁਰੱਖਿਆ ਲਈ ਨੱਸ ਕੇ ਆ ਵੜਾਂ। ਤੂੰ ਮੇਰੀ ਓਟ ਹੋ, ਮੇਰਾ ਸੁਰੱਖਿਅਤ ਟਿਕਾਣਾ। ਇਸ ਲਈ ਮੇਰੀ ਸੁਰੱਖਿਆ ਦੀ ਆਗਿਆ ਦੇ।
4 ਮੇਰੇ ਪਰਮੇਸ਼ੁਰ, ਮੈਨੂੰ ਬੁਰੇ ਬੰਦਿਆਂ ਤੋਂ ਬਚਾ। ਮੈਨੂੰ ਜ਼ਾਲਮ ਬਦ ਲੋਕਾਂ ਤੋਂ ਬਚਾ।
5 ਮੇਰੇ ਮਾਲਕ, ਤੂੰ ਮੇਰੀ ਆਸ ਹੈਂ। ਮੈਂ ਤੇਰੇ ਉੱਪਰ ਉਦੋਂ ਤੋਂ ਵਿਸ਼ਵਾਸ ਕੀਤਾ ਹੈ ਜਦੋਂ ਹਾਲੇ ਮੈਂ ਨੌਜਵਾਨ ਸਾਂ।
6 ਜਨਮ ਤੋਂ ਪਹਿਲਾਂ ਵੀ ਮੈਂ ਤੇਰੇ ਉੱਤੇ ਭਰੋਸਾ ਕੀਤਾ। ਆਪਣੀ ਮਾਂ ਦੇ ਗਰਭ ਵਿੱਚ ਵੀ ਮੈਂ ਤੇਰੇ ਉੱਤੇ ਨਿਰਭਰ ਸਾਂ। ਮੈਂ ਹਮੇਸ਼ਾ ਤੈਨੂੰ ਪ੍ਰਾਰਥਨਾ ਕੀਤੀ ਹੈ।
7 ਤੂੰ ਹੀ ਮੇਰੀ ਸ਼ਕਤੀ ਦੇ ਸਾਧਨ ਹੈਂ। ਇਸੇ ਲਈ ਮੈਂ ਹੋਰਾਂ ਲਈ ਮਿਸਾਲ ਬਣਿਆ ਹਾਂ।
8 ਮੈਂ ਹਮੇਸ਼ਾ ਤੇਰੇ ਕੀਤੇ ਅਦਭੁਤ ਕੰਮਾਂ ਬਾਰੇ ਗਾਉਂਦਾ ਰਿਹਾ ਹਾਂ।
9 ਮੈਨੂੰ ਇਸ ਲਈ ਦੂਰ ਨਾ ਸੁੱਟ ਕਿ ਮੈਂ ਬੁੱਢਾ ਹਾਂ। ਮੈਨੂੰ ਉਦੋਂ ਛੱਡ ਕੇ ਨਾ ਜਾਹ ਜਦੋਂ ਮੈਂ ਕਮਜ਼ੋਰ ਹੋ ਰਿਹਾ ਹਾਂ।
10 ਮੇਰੇ ਵੈਰੀਆਂ ਨੇ ਮੇਰੇ ਲਈ ਛੜਯੰਤਰ ਰਚੇ ਹਨ। ਉਹ ਲੋਕ ਸੱਚਮੁੱਚ ਇਕੱਠੇ ਹੋਏ ਸਨ ਅਤੇ ਉਨ੍ਹਾਂ ਨੇ ਮੈਨੂੰ ਮਾਰਨ ਦੀ ਯੋਜਨਾ ਬਣਾਈ।
11 ਮੇਰੇ ਵੈਰੀਆਂ ਨੇ ਆਖਿਆ, "ਜਾਓ, ਉਸ ਨੂੰ ਫ਼ੜੋ ਪਰਮੇਸ਼ੁਰ ਨੇ ਉਸ ਨੂੰ ਛੱਡ ਦਿੱਤਾ ਹੈ। ਤੇ ਕੋਈ ਵੀ ਬੰਦਾ ਉਸ ਦੀ ਸਹਾਇਤਾ ਨਹੀਂ ਕਰੇਗਾ।"
12 ਹੇ ਪਰਮੇਸ਼ੁਰ, ਮੈਨੂੰ ਛੱਡ ਕੇ ਨਾ ਜਾਹ। ਹੇ ਪਰਮੇਸ਼ੁਰ, ਛੇਤੀ ਕਰ। ਆ ਅਤੇ ਮੈਨੂੰ ਬਚਾ।
13 ਮੇਰੇ ਵੈਰੀਆਂ ਨੂੰ ਹਰਾ ਦੇ, ਉਨ੍ਹਾਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦੇ। ਉਹ ਮੈਨੂੰ ਦੁੱਖ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਮੈਨੂੰ ਆਸ ਹੈ ਉਹ ਸ਼ਰਮ ਅਤੇ ਬੇਇੱਜ਼ਤੀ ਮਹਿਸੂਸ ਕਰਨਗੇ।
14 ਫ਼ੇਰ, ਮੈਂ ਹੇਮਸ਼ਾ ਤੇਰੇ ਵਿੱਚ ਯਕੀਨ ਰੱਖਾਂਗਾ ਅਤੇ ਵੱਧ ਤੋਂ ਵੱਧ ਤੇਰੀ ਉਸਤਤ ਕਰਾਂਗਾ।
15 ਮੈਂ ਲੋਕਾਂ ਨੂੰ ਦੱਸਾਂਗਾ ਕਿ ਤੂੰ ਕਿੰਨਾ ਭਲਾ ਹੈਂ। ਮੈਂ ਲੋਕਾਂ ਨੂੰ ਦੱਸਾਂਗਾ ਕਿ ਤੂੰ ਮੈਨੂੰ ਕਿੰਨੀ ਵਾਰੀ ਬਚਾਇਆ। ਇਹ ਅਣਗਿਣਤ ਵਾਰੀ ਵਾਪਰਿਆ।
16 ਮੈਂ ਤੇਰੀ ਮਹਾਨਤਾ ਬਾਰੇ ਦੱਸਾਂਗਾ, ਯਹੋਵਾਹ ਮੇਰੇ ਮਾਲਕ। ਮੈਂ ਸਿਰਫ਼ ਤੇਰੀ ਅਤੇ ਤੇਰੀ ਭਲਿਆਈ ਬਾਰੇ ਗੱਲ ਕਰਾਂਗਾ।
17 ਹੇ ਪਰਮੇਸ਼ੁਰ, ਤੂੰ ਮੈਨੂੰ ਉਦੋਂ ਤੋਂ ਸਿੱਖਿਆ ਦਿੱਤੀ ਹੈ ਜਦੋਂ ਮੈਂ ਹਾਲੇ ਜਵਾਨ ਮੁੰਡਾ ਸਾਂ। ਅਤੇ ਅੱਜ ਦੇ ਦਿਨ ਤੱਕ ਵੀ ਮੈਂ ਲੋਕਾਂ ਨੂੰ ਤੇਰੇ ਅਦਭੁਤ ਕੰਮਾਂ ਬਾਰੇ ਦੱਸਿਆ ਹੈ।
18 ਹੁਣ ਮੈਂ ਬੁੱਢਾ ਹਾਂ ਅਤੇ ਮੇਰੇ ਵਾਲ ਧੌਲੇ ਹਨ। ਪਰ ਹੇ ਪਰਮੇਸ਼ੁਰ, ਮੈਂ ਜਾਣਦਾ ਹਾਂ ਕਿ ਤੂੰ ਮੈਨੂੰ ਨਹੀਂ ਛੱਡੇਂਗਾ। ਮੈਂ ਤੇਰੀ ਸ਼ਕਤੀ ਅਤੇ ਮਹਾਨਤਾ ਬਾਰੇ ਹਰ ਨਵੀਂ ਪੀੜੀ ਨੂੰ ਦੱਸਾਂਗਾ।

19 ਹੇ ਪਰਮੇਸ਼ੁਰ, ਤੁਹਾਡੀ ਮਹਾਨਤਾ ਅਕਾਸ਼ਾਂ ਤੱਕ ਪਹੁੰਚਦੀ ਹੈ। ਹੇ ਪਰਮੇਸ਼ੁਰ, ਕੋਈ ਵੀ ਦੇਵਤਾ ਤੇਰੇ ਵਰਗਾ ਨਹੀਂ ਹੈ। ਤੂੰ ਮਹਾਨ ਅਤੇ ਅਦਭੁਤ ਗੱਲਾਂ ਕੀਤੀਆਂ ਹਨ।

20 ਤੂੰ ਮੈਨੂੰ ਮੁਸੀਬਤਾਂ ਅਤੇ ਬੁਰੇ ਵਕਤ ਵਿਖਾਏ, ਪਰ ਤੂੰ ਮੇਰੀ ਉਨ੍ਹਾਂ ਸਭ ਤੋਂ ਰੱਖਿਆ ਕੀਤੀ, ਅਤੇ ਮੈਨੂੰ ਜਿਉਂਦਿਆਂ ਰੱਖਿਆ। ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਕਿ ਮੈਂ ਕਿੰਨਾ ਡੂੰਘਾ ਡੁੱਬਿਆ, ਤੂੰ ਮੈਨੂੰ ਮੇਰੀਆਂ ਮੁਸੀਬਤਾਂ ਤੋਂ ਬਾਹਰ ਕੱਢ ਲਿਆ।

21 ਤੂੰ ਪਹਿਲਾਂ ਨਾਲੋਂ ਵੱਡੇਰੀਆਂ ਗੱਲਾਂ ਕਰਨ ਵਿੱਚ ਮੇਰੀ ਸਹਾਇਤਾ ਕਰ। ਤੂੰ ਮੈਨੂੰ ਦੁਬਾਰਾ ਦਿਲਾਸਾ ਦੇਵੇਂਗਾ।

22 ਮੈਂ ਸਾਜ਼ ਵਜਾਵਾਂਗਾ ਅਤੇ ਤੇਰੀ ਉਸਤਤ ਕਰਾਂਗਾ, ਮੇਰੇ ਪਰਮੇਸ਼ੁਰ, ਮੈਂ ਗਾਵਾਂਗਾ ਕਿ ਤੇਰੇ ਉੱਤੇ ਭਰੋਸਾ ਕੀਤਾ ਜਾ ਸਕਦਾ ਹੈ। ਮੈਂ ਆਪਣੀ ਸਾਰੰਗੀ ਨਾਲ ਇਸਰਾਏਲ ਦੇ ਪਵਿੱਤਰ ਯਹੋਵਾਹ ਲਈ ਗੀਤ ਗਾਵਾਂਗਾ।

23 ਤੂੰ ਮੇਰੀ ਆਤਮਾ ਨੂੰ ਬਚਾਇਆ। ਮੇਰੀ ਆਤਮਾ ਖੁਸ਼ ਹੋਵੇਗੀ। ਮੈਂ ਆਪਣੇ ਬੁੱਲ੍ਹਾਂ ਨਾਲ ਉਸਤਤ ਦੇ ਗੀਤ ਗਾਵਾਂਗਾ।

24 ਮੇਰੀ ਜ਼ੁਬਾਨ ਸਦਾ ਤੁਹਾਡੀ ਭਲਿਆਈ ਬਾਰੇ ਗਾਵੇਗੀ ਅਤੇ ਉਹ ਲੋਕ ਜਿਹੜੇ ਮੈਨੂੰ ਮਾਰਨਾ ਚਾਹੁੰਦੇ ਹਨ ਹਾਰ ਜਾਣਗੇ ਅਤੇ ਬੇਇੱਜ਼ਤ ਹੋਣਗੇ।

*ਸੁਲੇਮਾਨ ਨੂੰ।*

**72** 1ਹੇ ਪਰਮੇਸ਼ੁਰ, ਰਾਜੇ ਦੀ ਸਹਾਇਤਾ ਕਰ ਤਾਂ ਜੋ ਉਹ ਤੇਰੇ ਵਾਂਗ ਨਿਰਪੱਖ ਨਿਆਂ ਕਰੇ। ਅਤੇ ਰਾਜੇ ਦੇ ਪੁੱਤਰ ਦੀ ਸਹਾਇਤਾ ਕਰ ਤਾਂ ਜੋ ਉਹ ਤੁਹਾਡੀ ਭਲਿਆਈ ਬਾਰੇ ਜਾਣ ਜਾਵੇ।

2 ਰਾਜੇ ਦੀ ਸਹਾਇਤਾ ਕਰ ਕਿ ਉਹ ਤੇਰੇ ਲੋਕਾਂ ਬਾਰੇ ਨਿਰਪੱਖ ਨਿਆਂ ਕਰੇ। ਰਾਜੇ ਦੀ ਸਹਾਇਤਾ ਕਰ ਕਿ ਉਹ ਤੇਰੇ ਗਰੀਬ ਲੋਕਾਂ ਬਾਰੇ ਨਿਰਪੱਖ ਨਿਆਂ ਕਰੇ।

3 ਇਸ ਪੂਰੀ ਧਰਤੀ ਉੱਤੇ ਅਮਨ ਤੇ ਇਨਸਾਫ਼ ਹੋਵੇ।

4 ਰਾਜਾ ਆਪਣੇ ਗਰੀਬ ਲੋਕਾਂ ਲਈ ਨਿਰਪੱਖ ਹੋਵੇ। ਉਹ ਬੇਸਹਾਰਿਆਂ ਦੀ ਸਹਾਇਤਾ ਕਰੇ ਅਤੇ ਉਹ ਉਨ੍ਹਾਂ ਲੋਕਾਂ ਨੂੰ ਦੰਡ ਦੇਵੇ ਜਿਹੜੇ ਉਨ੍ਹਾਂ ਉੱਤੇ ਜ਼ੁਲਮ ਕਰਦੇ ਹਨ ਅਤੇ ਉਹ ਉਨ੍ਹਾਂ ਨੂੰ ਦੰਡ ਦੇਵੇ।

5 ਲੋਕਾਂ ਨੂੰ ਰਾਜੇ ਦਾ ਡਰ ਹੋਵੇ ਅਤੇ ਉਹ ਉਸ ਦੀ ਇੱਜ਼ਤ ਕਰਨ, ਜਿੰਨਾ ਚਿਰ ਸੂਰਜ ਚਮਕ ਰਿਹਾ ਅਤੇ ਚੰਦ ਅਕਾਸ਼ ਵਿੱਚ ਹੈ। ਲੋਕ ਡਰਨ ਅਤੇ ਸਦਾ ਉਸ ਦੀ ਇੱਜ਼ਤ ਕਰਨ।

6 ਰਾਜੇ ਦੀ ਸਹਾਇਤਾ ਉਸ ਵਰਖਾ ਵਾਂਗ ਕਰ ਜਿਹੜੀ ਖੇਤਾਂ ਉੱਤੇ ਵਰ੍ਹਦੀ ਹੈ, ਜਿਵੇਂ ਧਰਤੀ ਉੱਤੇ ਫ਼ੁਹਾਰ ਪੈਂਦੀ ਹੈ।

7 ਭਲਿਆਈ ਵਧਦੀ ਜਾਵੇ ਜਦੋਂ ਤੱਕ ਕਿ ਉਹ ਰਾਜਾ ਹੈ, ਅਮਨ ਬਣਿਆ ਰਹੇ ਜਿੰਨਾ ਚਿਰ ਕਿ ਚੰਦ ਹੈ।

8 ਉਸ ਦਾ ਰਾਜ ਨੂੰ ਸਾਗਰ ਤੋਂ ਸਾਗਰ, ਫ਼ਰਾਤ ਨਦੀ ਤੋਂ ਲੈ ਕੇ ਧਰਤੀ ਦੀਆਂ ਦੁਰਾਡੀਆਂ ਥਾਵਾਂ ਤੱਕ ਫ਼ੈਲ ਜਾਵੇ।

9 ਮਾਰੂਥਲ ਦੇ ਸਾਰੇ ਨਿਵਾਸੀ ਉਸ ਦੇ ਅੱਗੇ ਝੁਕਣ। ਉਸ ਦੇ ਸਾਰੇ ਦੁਸ਼ਮਣ ਧੂੜ ਚੱਟਣ ਅਤੇ ਉਸ ਦੇ ਅੱਗੇ ਝੁਕਣ।

10 ਤਾਰਸ਼ੀਸ਼ ਦੇ ਰਾਜੇ ਅਤੇ ਦੂਰ ਦੁਰਾਡੇ ਦੇ ਸਾਰੇ ਦੇਸ ਉਸ ਲਈ ਸੁਗਾਤਾਂ ਲਿਆਉਣ। ਸ਼ਬਾ ਅਤੇ ਸ਼ਬਾ ਦੇ ਰਾਜੇ ਉਸ ਨੂੰ ਆਪਣੇ ਨਜ਼ਰਾਨੇ ਲਿਆਉਣ।

11 ਸਾਰੇ ਰਾਜੇ ਸਾਡੇ ਰਾਜੇ ਅੱਗੇ ਝੁਕਣ ਸਾਰੀਆਂ ਕੌਮਾਂ ਉਸ ਦੀ ਸੇਵਾ ਕਰਨ।

12 ਸਾਡਾ ਰਾਜਾ ਬੇਸਹਾਰਿਆਂ ਦੀ ਸਹਾਇਤਾ ਕਰਦਾ ਹੈ। ਸਾਡਾ ਰਾਜਾ ਗਰੀਬ ਬੇਸਹਾਰੇ ਲੋਕਾਂ ਦੀ ਸਹਾਇਤਾ ਕਰਦਾ ਹੈ।

13 ਗਰੀਬ ਬੇਸਹਾਰੇ ਲੋਕ ਉਸ ਉੱਤੇ ਨਿਰਭਰ ਕਰਦੇ ਹਨ, ਰਾਜਾ ਉਨ੍ਹਾਂ ਨੂੰ ਜਿਉਂਦਿਆਂ ਰੱਖਦਾ ਹੈ।

14 ਰਾਜਾ ਉਨ੍ਹਾਂ ਨੂੰ ਜ਼ਾਲਮ ਲੋਕਾਂ ਤੋਂ ਬਚਾਉਂਦਾ ਹੈ, ਜਿਹੜੇ ਉਨ੍ਹਾਂ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਦੇ ਹਨ। ਰਾਜੇ ਲਈ ਉਨ੍ਹਾਂ ਲੋਕਾਂ ਦਾ ਜੀਵਨ ਬਹੁਤ ਮਹੱਤਵਪੂਰਣ ਹੈ।

15 ਰਾਜਾ ਅਮਰ ਰਹੇ। ਅਤੇ ਉਸ ਨੂੰ ਸ਼ਬਾ ਪਾਸੋਂ ਸੋਨਾ ਪ੍ਰਾਪਤ ਹੋਵੇ, ਰਾਜੇ ਲਈ ਪ੍ਰਾਰਥਨਾ ਕਰੋ, ਉਸ ਨੂੰ ਹਰ ਰੋਜ਼ ਅਸੀਸ ਦਿਓ।

16 ਖੇਤ ਵਧੇਰੇ ਅਨਾਜ ਪੈਦਾ ਕਰਨ। ਉਹ ਪਹਾੜਾਂ ਦੀਆਂ ਚੋਟੀਆਂ ਉੱਤੇ ਲਹਿਲਹਾਉਣ। ਖੇਤ ਲਬਾਨੋਨ ਦੇ ਦਿਉਦਾਰਾਂ ਦੇ ਰੁੱਖਾਂ ਵਾਂਗ ਫਲਦਾਰ ਹੋਣ। ਸ਼ਹਿਰ ਲੋਕਾਂ ਨਾਲ ਭਰੇ ਹੋਣ ਜਿਵੇਂ ਖੇਤਾਂ ਵਿੱਚ ਘਾਹ ਹੁੰਦਾ ਹੈ।

17 ਰਾਜਾ ਸਦਾ ਲਈ ਪ੍ਰਸਿਧ ਹੋਵੇ। ਲੋਕ ਉਸ ਦਾ ਨਾਮ ਓਨਾ ਚਿਰ ਚੇਤੇ ਰੱਖਣ ਜਿੰਨਾ ਚਿਰ ਸੂਰਜ ਰਹੇ। ਲੋਕ ਉਸ ਦੇ ਨਾਮ ਨੂੰ ਇੱਕ ਅਸੀਸ ਵਾਂਗ ਇਸਤੇਮਾਲ ਕਰਦੇ ਰਹਿਣ। ਉਹ ਉਸ ਦੇ ਕਾਰਣ ਆਪਣੇ-ਆਪ ਨੂੰ ਖੁਸ਼-ਕਿਸਮਤ ਸਮਝਣ।

18 ਯਹੋਵਾਹ ਪਰਮੇਸ਼ੁਰ ਦੀ ਉਸਤਤ ਕਰੋ, ਇਸਰਾਏਲ ਦੇ ਪਰਮੇਸ਼ੁਰ ਦੀ। ਸਿਰਫ਼ ਪਰਮੇਸ਼ੁਰ ਹੀ ਅਜਿਹੀਆਂ ਅਦਭੁਤ ਗੱਲਾਂ ਕਰ ਸਕਦਾ ਹੈ।

19 ਉਸ ਦੇ ਮਹਿਮਾਮਈ ਨਾਮ ਦੀ ਉਸਤਤ ਕਰੋ। ਸਦਾ-ਸਦਾ ਲਈ ਉਸ ਦੀ ਮਹਿਮਾ ਸਾਰੀ ਦੁਨੀਆ ਅੰਦਰ ਭਰ ਜਾਵੇ। ਆਮੀਨ ਫੇਰ ਆਮੀਨ।

20(ਇਸ ਨਾਲ ਯੱਸੀ ਦੇ ਪੁੱਤਰ ਦਾਊਦ ਦੀਆਂ ਪ੍ਰਾਰਥਨਾ ਖਤਮ ਹੁੰਦੀਆਂ ਹਨ।)

## ਤੀਜਾ ਭਾਗ (ਜ਼ਬੂਰ 73–89)

*ਆਸਾਫ਼ ਦਾ ਇੱਕ ਉਸਤਤ ਗੀਤ।*

**73** 1ਪਰਮੇਸ਼ੁਰ ਸੱਚਮੁੱਚ ਇਸਰਾਏਲ ਲਈ ਭਲਾ ਹੈ। ਪਰਮੇਸ਼ੁਰ ਉਨ੍ਹਾਂ ਲੋਕਾਂ ਲਈ ਭਲਾ ਹੈ ਜਿਨ੍ਹਾਂ ਦੇ ਹਿਰਦੇ ਸ਼ੁੱਧ ਹਨ।

2 ਮੈਂ ਬਸ ਤਿਲਕ ਹੀ ਗਿਆ ਸਾਂ ਲਗਭਗ ਮੈਂ ਪਾਪ ਵਿੱਚ ਡਿੱਗ ਹੀ ਗਿਆ ਸੀ।

3 ਮੈਂ ਦੇਖਿਆ ਕਿ ਦੁਸ਼ਟ ਲੋਕ ਸਫ਼ਲ ਹੁੰਦੇ ਸਨ ਅਤੇ ਮੈਂ ਉਨ੍ਹਾਂ ਹੰਕਾਰੀ ਲੋਕਾਂ ਨਾਲ ਈਰਖਾ ਕਰਨ ਲੱਗਾ।

4 ਉਹ ਲੋਕ ਸਿਹਤਮੰਦ ਹਨ। ਉਨ੍ਹਾਂ ਨੂੰ ਬਚੇ ਰਹਿਣ ਲਈ ਸੰਘਰਸ਼ ਨਹੀਂ ਕਰਨਾ ਪੈਂਦਾ।

5 ਉਹ ਲੋਕ ਸਾਡੇ ਵਾਂਗ ਦੁੱਖ ਨਹੀਂ ਭੋਗਦੇ। ਉਨ੍ਹਾਂ ਦੀਆਂ ਮੁਸੀਬਤਾਂ ਹੋਰਨਾਂ ਲੋਕਾਂ ਵਰਗੀਆਂ ਨਹੀਂ।
6 ਇਸੇ ਲਈ ਉਹ ਬਹੁਤ ਹੰਕਾਰੀ ਅਤੇ ਘਿਰਣਾਯੋਗ ਹਨ। ਉਸ ਨੂੰ ਵੇਖਣਾ ਓਨਾ ਹੀ ਸੌਖਾ ਹੈ ਜਿੰਨਾ ਉਨ੍ਹਾਂ ਦੇ ਜਵਾਹਰਾਤਾਂ ਅਤੇ ਉਨ੍ਹਾਂ ਦੇ ਪਹਿਨੇ ਆਕਰਸ਼ਕ ਕੱਪੜਿਆ ਨੂੰ ਵੇਖਣਾ।
7 ਜੇ ਉਹ ਕਿਸੇ ਚੀਜ਼ ਨੂੰ ਦੇਖਦਿਆਂ ਹੀ ਪਸੰਦ ਕਰਦੇ ਹਨ ਤਾਂ ਉਹ ਅੱਗੇ ਵੱਧ ਕੇ ਹਾਸਲ ਕਰ ਲੈਂਦੇ ਹਨ। ਉਹ ਮਨ ਭਾਉਂਦੀਆਂ ਗੱਲਾਂ ਕਰਦੇ ਹਨ।
8 ਉਹ ਦੂਜਿਆਂ ਦਾ ਠੱਠਾ ਉਡਾਉਂਦੇ, ਅਤੇ ਉਨ੍ਹਾਂ ਬਾਰੇ ਕਠੋਰ ਗੱਲਾਂ ਆਖਦੇ ਹਨ। ਉਹ ਹੰਕਾਰੀ ਤੇ ਜ਼ਿੱਦੀ ਹਨ। ਅਤੇ ਉਹ ਸਦਾ ਦੂਸਰੇ ਲੋਕਾਂ ਤੋਂ ਲਾਹਾ ਖੱਟਣ ਦੀਆਂ ਵਿਉਂਤਾਂ ਬਣਉਂਦੇ ਹਨ।
9 ਜਿਸ ਢੰਗ ਨਾਲ ਉਹ ਗੱਲਾਂ ਕਰਦੇ ਹਨ ਵਿਖਾਉਂਦਾ ਹੈ ਕਿ ਉਹ ਆਪਣੇ-ਆਪ ਨੂੰ ਦੇਵਤੇ ਸਮਝਦੇ ਹਨ। ਉਹ ਸੋਚਦੇ ਹਨ ਕਿ ਉਹ ਧਰਤੀ ਦੇ ਹਾਕਮ ਹਨ।
10 ਇਸ ਲਈ ਪਰਮੇਸ਼ੁਰ ਦੇ ਬੰਦੇ ਵੀ ਉਨ੍ਹਾਂ ਕੋਲ ਆਉਂਦੇ ਹਨ ਅਤੇ ਉਨ੍ਹਾਂ ਦੀਆਂ ਆਖੀਆਂ ਗੱਲਾਂ ਕਰਦੇ ਹਨ।
11 ਉਹ ਬੁਰੇ ਲੋਕ ਆਖਦੇ ਹਨ, "ਜੋ ਕੁਝ ਅਸੀਂ ਕਰਦੇ ਹਾਂ ਪਰਮੇਸ਼ੁਰ ਜਾਣਦਾ ਹੀ ਨਹੀਂ। ਸਰਬ ਉੱਚ ਪਰਮੇਸ਼ੁਰ ਨੂੰ ਨਹੀਂ ਪਤਾ।"
12 ਉਹ ਹੰਕਾਰੀ ਲੋਕ ਦੁਸ਼ਟ ਹਨ, ਪਰ ਉਹ ਅਮੀਰ ਹਨ ਅਤੇ ਉਹ ਹੋਰ ਅਮੀਰ ਹੁੰਦੇ ਜਾਂਦੇ ਹਨ।
13 ਇਸ ਲਈ ਮੈਂ ਆਪਣਾ ਹਿਰਦਾ ਸ਼ੁੱਧ ਕਿਉਂ ਕਰਾਂ? ਮੈਂ ਆਪਣੇ ਹੱਥਾਂ ਨੂੰ ਸਾਫ਼ ਕਿਉਂ ਕਰਾਂ?
14 ਹੇ ਪਰਮੇਸ਼ੁਰ, ਮੈਂ ਸਾਰਾ ਦਿਨ ਦੁੱਖ ਭੋਗਦਾ ਹਾਂ। ਅਤੇ ਤੂੰ ਹਰ ਸਵੇਰ ਮੈਨੂੰ ਦੁੱਖ ਦਿੰਦਾ ਹੈਂ।
15 ਹੇ ਪਰਮੇਸ਼ੁਰ, ਮੈਂ ਇਸ ਬਾਰੇ ਹੋਰਨਾਂ ਲੋਕਾਂ ਨਾਲ ਗੱਲ ਕਰਨੀ ਚਾਹੀ। ਪਰ ਜੇਕਰ ਮੈਂ ਉਸ ਤਰ੍ਹਾਂ ਬੋਲਿਆ ਹੁੰਦਾ, ਮੈਂ ਬਿਲਕੁਲ ਉਨ੍ਹਾਂ ਜਿਹਾ ਹੋਵਾਂਗਾ। ਮੈਂ ਤੇਰੇ ਲੋਕਾਂ ਨੂੰ ਧੋਖਾ ਦਿੱਤਾ ਹੁੰਦਾ।
16 ਮੈਂ ਇਹ ਗੱਲਾਂ ਸਮਝਣ ਦੀ ਬਹੁਤ ਕੋਸ਼ਿਸ਼ ਕੀਤੀ। ਪਰ ਇਹ ਮੇਰੇ ਲਈ ਬਹੁਤ ਮੁਸ਼ਕਿਲ ਸੀ।
17 ਜਦੋਂ ਤੱਕ ਕਿ ਮੈਂ ਤੇਰੇ ਮੰਦਰ ਵਿੱਚ ਨਹੀਂ ਗਿਆ। ਮੈਂ ਪਰਮੇਸ਼ੁਰ ਦੇ ਮੰਦਰ ਵਿੱਚ ਗਿਆ, ਅਤੇ ਫ਼ੇਰ ਮੈਂ ਸਮਝ ਗਿਆ ਸਾਂ।
18 ਹੇ ਪਰਮੇਸ਼ੁਰ, ਤੂੰ ਸੱਚਮੁੱਚ ਉਨ੍ਹਾਂ ਲੋਕਾਂ ਨੂੰ ਖਤਰਨਾਕ ਸਥਿਤੀ ਵਿੱਚ ਪਾ ਦਿੱਤਾ ਹੈ। ਉਨ੍ਹਾਂ ਲਈ ਡਿੱਗ ਪੈਣਾ ਅਤੇ ਤਬਾਹ ਹੋ ਜਾਣਾ ਕਿੰਨਾ ਆਸਾਨ ਹੈ।
19 ਅਚਾਨਕ ਹੀ ਮੁਸੀਬਤ ਆ ਸਕਦੀ ਹੈ। ਅਤੇ ਫ਼ੇਰ ਉਹ ਹੰਕਾਰੀ ਲੋਕ ਬਰਬਾਦ ਹੋ ਜਾਣਗੇ। ਉਨ੍ਹਾਂ ਨਾਲ ਭਿਆਨਕ ਗੱਲਾਂ ਵਾਪਰ ਸੱਕਦੀਆਂ ਹਨ ਅਤੇ ਫ਼ੇਰ ਉਹ ਖਤਮ ਹੋ ਜਾਣਗੇ।
20 ਯਹੋਵਾਹ, ਉਹ ਲੋਕ ਸੁਫ਼ਨੇ ਵਾਂਗ ਹੋਣਗੇ ਜਿਸ ਨੂੰ ਅਸੀਂ ਜਾਗਣ ਉੱਤੇ ਭੁੱਲ ਜਾਂਦੇ ਹਾਂ। ਤੂੰ ਉਨ੍ਹਾਂ ਨੂੰ ਸਾਡੇ ਸੁਫ਼ਨਿਆਂ ਦੇ ਦਾਨਵਾਂ ਵਾਂਗ ਗਾਇਬ ਕਰ ਦੇਵੇਂਗਾ।
21-22 ਮੈਂ ਬਹੁਤ ਮੂਰਖ ਸਾਂ, ਹਾਂ ਅਮੀਰਾਂ ਅਤੇ ਦੁਸ਼ਟ ਲੋਕਾਂ ਬਾਰੇ ਸੋਚਿਆ ਅਤੇ ਮੈਂ ਪਰੇਸ਼ਾਨ ਹੋ ਗਿਆ। ਹੇ ਪਰਮੇਸ਼ੁਰ, ਮੈਂ ਬੇਚੈਨ ਅਤੇ ਤੇਰੇ ਉੱਤੇ ਗੁੱਸੇ ਸਾਂ ਅਤੇ ਮੈਂ ਮੂਰਖ ਅਗਿਆਨੀ ਜਾਨਵਰ ਵਰਗਾ ਵਿਹਾਰ ਕੀਤਾ।
23 ਮੇਰੇ ਕੋਲ ਲੋੜੀਂਦੀ ਹਰ ਚੀਜ਼ ਹੈ। ਮੈਂ ਸਦਾ ਤੇਰੇ ਨਾਲ ਹਾਂ। ਹੇ ਪਰਮੇਸ਼ੁਰ, ਤੂੰ ਮੇਰਾ ਹੱਥ ਫ਼ੜਿਆ ਹੈ।
24 ਹੇ ਪਰਮੇਸ਼ੁਰ, ਤੂੰ ਮੇਰੀ ਅਗਵਾਈ ਕਰਦਾ ਹੈਂ ਅਤੇ ਨੇਕ ਸਲਾਹ ਦਿੰਦਾ ਹੈਂ। ਅਤੇ ਬਾਦ ਵਿੱਚ ਤੂੰ ਮੈਨੂੰ ਮਹਿਮਾ ਵੱਲ ਲੈ ਜਾਵੇਂਗਾ।
25 ਹੇ ਪਰਮੇਸ਼ੁਰ, ਸਵਰਗ ਵਿੱਚ ਤੂੰ ਮੇਰੇ ਨਾਲ ਹੈਂ ਅਤੇ ਜਦੋਂ ਮੈਂ ਤੇਰੇ ਨਾਲ ਹੁੰਦਾ ਹਾਂ ਮੈਂ ਧਰਤੀ ਉੱਤੇ ਹੋਰ ਕੀ ਪ੍ਰਾਪਤ ਕਰਨ ਦੀ ਆਸ ਰੱਖ ਸਕਦਾ ਹਾਂ।
26 ਸ਼ਾਇਦ ਮੇਰਾ ਮਨ ਤੇ ਸਰੀਰ ਨਸ਼ਟ ਹੋ ਜਾਣਗੇ ਪਰ ਮੇਰੇ ਕੋਲ ਇੱਕ ਚੱਟਾਨ ਹੈ ਜਿਸ ਨੂੰ ਮੈਨੂੰ ਪਿਆਰ ਕਰਨਾ ਚਾਹੀਦਾ। ਹਮੇਸ਼ਾ ਪਰਮੇਸ਼ੁਰ ਮੇਰੇ ਕੋਲ ਹੈ।
27 ਹੇ ਪਰਮੇਸ਼ੁਰ, ਜੋ ਲੋਕ ਤੈਨੂੰ ਛੱਡ ਜਾਂਦੇ ਹਨ, ਉਹ ਨਾਸ ਹੋ ਜਾਣਗੇ। ਤੂੰ ਉਨ੍ਹਾਂ ਲੋਕਾਂ ਨੂੰ ਤਬਾਹ ਕਰ ਦੇਵੇਂਗਾ, ਜਿਹੜੇ ਤੇਰੇ ਵਫ਼ਾਦਾਰ ਨਹੀਂ ਹਨ।
28 ਜਿੱਥੇ ਤੀਕ ਮੇਰੀ ਗੱਲ ਹੈ, ਮੈਂ ਤਾਂ ਪਰਮੇਸ਼ੁਰ ਵੱਲ ਆ ਗਿਆ ਹਾਂ। ਅਤੇ ਮੇਰੇ ਲਈ ਇਹ ਸ਼ੁਭ ਹੈ। ਮੈਂ ਯਹੋਵਾਹ ਆਪਣੇ ਮਾਲਕ ਨੂੰ ਆਪਣਾ ਸੁਰੱਖਿਅਤ ਟਿਕਾਣਾ ਬਣਾ ਲਿਆ ਹੈ। ਹੇ ਪਰਮੇਸ਼ੁਰ, ਮੈਂ ਉਨ੍ਹਾਂ ਸਮੂਹ ਗੱਲਾਂ ਬਾਰੇ ਦੱਸਣ ਆਇਆ ਹਾਂ ਜੋ ਤੂੰ ਕੀਤੀਆਂ ਹਨ।

*ਆਸਾਫ਼ ਦਾ ਇੱਕ ਭਗਤੀ ਗੀਤ।*

**74** 1 ਹੇ ਪਰਮੇਸ਼ੁਰ, ਕੀ ਤੂੰ ਸਾਨੂੰ ਸਦਾ ਲਈ ਛੱਡ ਦਿੱਤਾ ਹੈ? ਕੀ ਤੂੰ ਹਾਲੇ ਵੀ ਆਪਣੇ ਲੋਕਾਂ ਉੱਤੇ ਕ੍ਰੋਧਵਾਨ ਹੋ?
2 ਉਨ੍ਹਾਂ ਲੋਕਾਂ ਨੂੰ ਯਾਦ ਕਰੋ ਜਿਨ੍ਹਾਂ ਨੂੰ ਬਹੁਤ ਸਮਾਂ ਪਹਿਲਾਂ ਤੂੰ ਖਰੀਦ ਲਿਆ ਸੀ। ਤੂੰ ਸਾਨੂੰ ਬਚਾਇਆ। ਅਸੀਂ ਤੇਰੇ ਨਾਲ ਸੰਬੰਧਿਤ ਹਾਂ। ਸੀਯੋਨ ਪਰਬਤ ਨੂੰ ਯਾਦ ਕਰ, ਜਿੱਥੇ ਤੂੰ ਰਹਿੰਦਾ ਸੀ।
3 ਹੇ ਪਰਮੇਸ਼ੁਰ, ਆਪ ਇਨ੍ਹਾਂ ਸਦਾ ਦੇ ਖੰਡ੍ਹਰਾਂ ਵਿੱਚੋਂ ਵੀ ਲੰਘ। ਉਸ ਪਵਿੱਤਰ ਥਾਂ ਉੱਤੇ ਆ ਜਾਹ, ਜਿਸ ਨੂੰ ਵੈਰੀਆਂ ਨੇ ਤਬਾਹ ਕੀਤਾ ਸੀ।
4 ਵੈਰੀਆਂ ਨੇ ਮੰਦਰ ਵਿੱਚ ਜੰਗ ਦੇ ਨਾਹਰੇ ਲਾਏ ਸਨ। ਉਨ੍ਹਾਂ ਨੇ ਇਹ ਵਿਖਾਉਣ ਲਈ ਮੰਦਰ ਉੱਤੇ ਝੰਡੇ ਗਡ ਦਿੱਤੇ ਸੀ ਕਿ ਉਨ੍ਹਾਂ ਨੇ ਜੰਗ ਜਿੱਤ ਲਈ ਸੀ।
5 ਵੈਰੀਆਂ ਦੇ ਸਿਪਾਹੀ ਉਨ੍ਹਾਂ ਬੰਦਿਆਂ ਵਰਗੇ ਸਨ ਜਿਹੜੇ ਦਾਤਰੀ ਨਾਲ ਘਾਹ-ਫੂਸ ਵੱਢਦੇ ਹਨ।
6 ਹੇ ਪਰਮੇਸ਼ੁਰ, ਉਨ੍ਹਾਂ ਨੇ ਤੇਰੇ ਮੰਦਰ ਦੇ ਉੱਕਰੇ ਹੋਏ ਦਰਾਂ ਨੂੰ ਬਰਬਾਦ ਕਰਨ ਲਈ ਕੁਲਹਾੜੀਆਂ ਅਤੇ ਗੰਡਾਸੇ ਦਾ ਇਸਤੇਮਾਲ ਕੀਤਾ।
7 ਉਨ੍ਹਾਂ ਦੇ ਸਿਪਾਹੀਆਂ ਨੇ ਤੇਰਾ ਪਵਿੱਤਰ ਸਥਾਨ ਸਾੜ ਸੁੱਟਿਆ। ਉਹ ਮੰਦਰ ਤੇਰੇ ਨਾਮ ਨੂੰ ਆਦਰ ਦੇਣ ਲਈ ਬਣਾਇਆ ਗਿਆ ਸੀ। ਪਰ ਉਨ੍ਹਾਂ ਨੇ ਇਸ ਨੂੰ ਢਹਿ-ਢੇਰੀ ਕਰ ਦਿੱਤਾ।
8 ਵੈਰੀਆਂ ਨੇ ਸਾਨੂੰ ਪੂਰੀ ਤਰ੍ਹਾਂ ਕੁਚਲਣ ਦਾ ਫ਼ੈਸਲਾ ਕੀਤਾ ਸੀ। ਉਨ੍ਹਾਂ ਨੇ ਦੇਸ ਦਾ ਹਰ ਪਵਿੱਤਰ ਸਥਾਨ ਸਾੜ ਦਿੱਤਾ।

9 ਅਸੀਂ ਉਨ੍ਹਾਂ ਕਰਾਮਾਤੀ ਨਿਸ਼ਾਨਾਂ ਵਿੱਚੋਂ ਕੋਈ ਵੀ ਨਾ ਵੇਖ ਸਕੇ। ਜੋ ਸਾਡੇ ਦਰਮਿਆਨ ਵਾਪਰਦੇ ਸਨ। ਅਤੇ ਉੱਥੇ ਹੋਰ ਨਬੀ ਨਹੀਂ ਹਨ। ਕੋਈ ਕੀ ਕਰੇ, ਕੋਈ ਬੰਦਾ ਨਹੀਂ ਜਾਣਦਾ ਸੀ।
10 ਹੇ ਪਰਮੇਸ਼ੁਰ, ਕਿੰਨਾ ਕੁ ਚਿਰ ਵੈਰੀ ਸਾਡਾ ਹੋਰ ਮਜ਼ਾਕ ਉਡਾਉਣਗੇ? ਕੀ ਤੂੰ ਉਨ੍ਹਾਂ ਨੂੰ ਸਦਾ ਹੀ ਆਪਣਾ ਨਾਮ ਬੇਇੱਜ਼ਤ ਕਰਨ ਦੇਵੇਂਗਾ?
11 ਹੇ ਪਰਮੇਸ਼ੁਰ, ਤੂੰ ਸਾਨੂੰ ਇੰਨਾ ਸਖਤ ਦੰਡ ਕਿਉਂ ਦਿੱਤਾ? ਤੂੰ ਆਪਣੀ ਮਹਾਂਸ਼ਕਤੀ ਦਾ ਇਸਤੇਮਾਲ ਕੀਤਾ ਅਤੇ ਸਾਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ।
12 ਹੇ ਪਰਮੇਸ਼ੁਰ, ਲੰਬੇ ਸਮੇਂ ਤੋਂ ਤੂੰ ਸਾਡਾ ਪਾਤਸ਼ਾਹ ਰਿਹਾ ਹੈਂ। ਇਸ ਦੇਸ ਅੰਦਰ ਤੂੰ ਸਾਡੀਆਂ ਬਹੁਤ ਲੜਾਈਆਂ ਜਿੱਤਣ ਵਿੱਚ ਸਹਾਈ ਹੋਇਆ ਹੈਂ।
13 ਹੇ ਪਰਮੇਸ਼ੁਰ, ਤੂੰ ਲਾਲ ਸਾਗਰ ਨੂੰ ਦੋ ਭਾਗ ਕਰਨ ਲਈ ਆਪਣੀ ਮਹਾਨ ਸ਼ਕਤੀ ਦਾ ਇਸਤੇਮਾਲ ਕੀਤਾ।
14 ਤੂੰ ਵੱਡੇ ਸਮੁੰਦਰੀ ਦੈਤਾਂ ਉੱਤੇ ਫ਼ਤਿਹ ਹਾਸਲ ਕੀਤੀ। ਤੂੰ ਲਿਵਯਾਥਾਨ ਦਾ ਸਿਰ ਭੰਨ ਸੁੱਟਿਆ ਅਤੇ ਉਸ ਦੀ ਲੋਥ ਜਾਨਵਰਾਂ ਦੇ ਖਾਣ ਲਈ ਛੱਡ ਦਿੱਤੀ।
15 ਤੂੰ ਨਦੀ ਅਤੇ ਚਸ਼ਮਿਆਂ ਨੂੰ ਰਵਾਨੀ ਦਿੰਦਾ ਹੈਂ। ਅਤੇ ਤੂੰ ਨਦੀਆਂ ਨੂੰ ਸੁਕਾ ਦਿੰਦਾ ਹੈਂ।
16 ਹੇ ਪਰਮੇਸ਼ੁਰ, ਤੂੰ ਹਰ ਦਿਨ ਉੱਤੇ ਕਾਬੂ ਰੱਖਦਾ ਹੈਂ ਅਤੇ ਹਰ ਰਾਤ ਉੱਤੇ ਵੀ ਕਾਬੂ ਰੱਖਦਾ ਹੈਂ। ਤੂੰ ਸੂਰਜ ਅਤੇ ਚੰਦ ਨੂੰ ਸਾਜਿਆ।
17 ਤੂੰ ਧਰਤੀ ਉੱਤੇ ਹਰ ਸ਼ੈਅ ਦੀ ਸੀਮਾ ਰੱਖ ਦਿੱਤੀ। ਅਤੇ ਤੂੰ ਗਰਮੀ ਤੇ ਸਰਦੀ ਨੂੰ ਸਾਜਿਆ।
18 ਹੇ ਪਰਮੇਸ਼ੁਰ, ਇਨ੍ਹਾਂ ਗੱਲਾਂ ਨੂੰ ਯਾਦ ਕਰ। ਯਾਦ ਕਰ ਕਿ ਵੈਰੀਆਂ ਨੇ ਤੇਰੇ ਉੱਤੇ ਬੇਪਰਤੀਤੀ ਕੀਤੀ ਸੀ। ਉਹ ਮੂਰਖ ਲੋਕ ਤੇਰੇ ਨਾਮ ਨੂੰ ਨਫ਼ਰਤ ਕਰਦੇ ਹਨ।
19 ਉਹ ਜੰਗਲੀ ਜਾਨਵਰ ਆਪਣੀ ਘੁੱਗੀ ਨਾ ਫ਼ੜਨ। ਆਪਣੇ ਗਰੀਬ ਲੋਕਾਂ ਨੂੰ ਸਦਾ ਲਈ ਨਾ ਭੁੱਲ।
20 ਸਾਡੇ ਕਰਾਰ ਨੂੰ ਯਾਦ ਰੱਖ! ਇਸ ਧਰਤੀ ਦੀ ਹਰ ਹਨੇਰੀ ਥਾਂ ਉੱਤੇ ਹਿੰਸਾ ਹੈ।
21 ਹੇ ਪਰਮੇਸ਼ੁਰ, ਤੇਰੇ ਲੋਕਾਂ ਨਾਲ ਬਦਸਲੂਕੀ ਕੀਤੀ ਗਈ ਸੀ। ਉਹ ਹੋਰ ਵਧੇਰੇ ਸੱਟ ਨਾ ਖਾਣ। ਤੇਰੇ ਗਰੀਬ ਬੇਸਹਾਰੇ ਲੋਕ ਤੇਰੀ ਉਸਤਤ ਕਰਦੇ ਹਨ।
22 ਹੇ ਪਰਮੇਸ਼ੁਰ, ਉੱਠ ਅਤੇ ਜੰਗ ਕਰ। ਯਾਦ ਕਰ ਉਨ੍ਹਾਂ ਮੂਰਖਾਂ ਨੇ ਤੈਨੂੰ ਵੰਗਾਰਿਆ ਸੀ।
23 ਆਪਣੇ ਵੈਰੀਆਂ ਦੇ ਨਾਰਿਆਂ ਨੂੰ ਨਾ ਭੁੱਲ। ਉਹ ਬਾਰ-ਬਾਰ ਤੇਰੀ ਬੇਇੱਜ਼ਤੀ ਕਰਦੇ ਹਨ।

*ਨਿਰਦੇਸ਼ਕ ਲਈ: "ਤਬਾਹ ਨਾ ਕਰੋ" ਦੀ ਧੁਨੀ ਨੂੰ।*
*ਆਸਾਫ਼ ਦਾ ਇੱਕ ਉਸਤਤ ਗੀਤ।*

**75** 1ਅਸੀਂ ਤੇਰੀ ਉਸਤਤ ਕਰਦੇ ਹਾਂ, ਹੇ ਪਰਮੇਸ਼ੁਰ,। ਅਸੀਂ ਤੇਰੀ ਉਸਤਤ ਕਰਦੇ ਹਾਂ। ਤੂੰ ਸਾਡੇ ਨੇੜੇ ਹੈਂ ਅਤੇ ਉਨ੍ਹਾਂ ਅਦਭੁਤ ਗੱਲਾਂ ਬਾਰੇ ਦੱਸਦਾ ਹੈਂ ਜੋ ਤੂੰ ਕਰਦਾ ਹੈਂ।
2 ਪਰਮੇਸ਼ੁਰ ਆਖਦਾ ਹੈ, "ਮੈਂ ਨਿਆਂ ਦਾ ਸਮਾਂ ਚੁਣ ਲਿਆ ਹੈ। ਮੈਂ ਬੇਲਾਗ ਨਿਆਂ ਕਰਾਂਗਾ।
3 ਧਰਤੀ ਅਤੇ ਇਸ ਉਤਲਾ ਸਭ ਕੁਝ ਕੰਬ ਰਿਹਾ ਹੋਵੇ ਅਤੇ ਡਿੱਗਣ ਹੀ ਵਾਲਾ ਹੋਵੇ, ਪਰ ਮੈਂ ਇਸ ਨੂੰ ਸਥਿਰ ਕਰਦਾ ਹਾਂ।
4 "ਕੁਝ ਲੋਕ ਬੜੇ ਹੰਕਾਰੀ ਹਨ। ਉਹ ਸੋਚਦੇ ਹਨ ਕਿ ਉਹ ਬਹੁਤ ਸ਼ਕਤੀਸ਼ਾਲੀ ਅਤੇ ਮਹੱਤਵਪੂਰਣ ਹਨ।
5 ਪਰ ਮੈਂ ਉਨ੍ਹਾਂ ਲੋਕਾਂ ਨੂੰ ਦੱਸਦਾ ਹਾਂ, 'ਸ਼ੇਖੀ ਨਾ ਮਾਰੋ।'"
6 ਧਰਤੀ ਉੱਤੇ ਕੋਈ ਸ਼ਕਤੀ ਨਹੀਂ ਜਿਹੜੀ ਕਿਸੇ ਵਿਅਕਤੀ ਨੂੰ ਮਹਾਨ ਬਣਾ ਸਕੇ।
7 ਪਰਮੇਸ਼ੁਰ ਨਿਆਂਕਾਰ ਹੈ, ਉਹ ਫ਼ੈਸਲਾ ਕਰਦਾ ਕਿ ਕੌਣ ਮਹਾਨ ਹੋਵੇਗਾ। ਉਹ ਇੱਕ ਨੂੰ ਉੱਚਾ ਕਰਦਾ ਹੈ ਅਤੇ ਦੂਜੇ ਨੂੰ ਨੀਵਾਂ ਕਰਦਾ ਹੈ।
8 ਪਰਮੇਸ਼ੁਰ ਬੁਰੇ ਲੋਕਾਂ ਨੂੰ ਸਜ਼ਾ ਦੇਣ ਲਈ ਤਿਆਰ ਹੈ। ਯਹੋਵਾਹ ਨੇ ਹੱਥ ਵਿੱਚ ਇੱਕ ਪਿਆਲਾ ਫ਼ੜਿਆ ਹੋਇਆ ਹੈ। ਇਹ ਪਿਆਲਾ ਉਸ ਦੇ ਗੁੱਸੇ ਦੀ ਜ਼ਹਿਰੀਲੀ ਮੈਅ ਨਾਲ ਭਰਿਆ ਹੋਇਆ ਹੈ। ਉਹ ਇਹ ਮੈਅ (ਸਜ਼ਾ) ਨੂੰ ਬਾਹਰ ਡੋਲ੍ਹੇਗਾ ਅਤੇ ਦੁਸ਼ਟ ਲੋਕ ਇਸ ਨੂੰ ਆਖਰੀ ਕਤਰੇ ਤੱਕ ਪੀ ਜਾਣਗੇ।
9 ਮੈਂ ਲੋਕਾਂ ਨੂੰ ਸਦਾ ਇਨ੍ਹਾਂ ਗੱਲਾਂ ਬਾਰੇ ਦੱਸਾਂਗਾ। ਮੈਂ ਯਾਕੂਬ ਦੇ ਪਰਮੇਸ਼ੁਰ ਦੀ ਉਸਤਤ ਗਾਵਾਂਗਾ।
10 ਪਰਮੇਸ਼ੁਰ ਆਖਦਾ ਹੈ, "ਮੈਂ ਦੁਸ਼ਟ ਲੋਕਾ ਪਾਸੋਂ ਸ਼ਕਤੀ ਖੋਹ ਲਵਾਂਗਾ, ਅਤੇ ਮੈਂ ਨੇਕ ਬੰਦਿਆਂ ਨੂੰ ਸ਼ਕਤੀ ਦੇ ਦੇਵਾਂਗਾ।"

*ਨਿਰਦੇਸ਼ਕ ਲਈ: ਸਾਜ਼ਾਂ ਨਾਲ। ਆਸਾਫ਼ ਦਾ ਉਸਤਤ ਦਾ ਗੀਤ।*

**76** 1ਯਹੂਦਾਹ ਦੇ ਲੋਕ ਪਰਮੇਸ਼ੁਰ ਨੂੰ ਜਾਣਦੇ ਹਨ। ਇਸਰਾਏਲ ਦੇ ਲੋਕ ਪਰਮੇਸ਼ੁਰ ਦੇ ਨਾਮ ਦਾ ਆਦਰ ਕਰਦੇ ਹਨ।
2 ਪਰਮੇਸ਼ੁਰ ਦਾ ਮੰਦਰ ਸ਼ਾਲੇਮ ਵਿੱਚ ਹੈ। ਪਰਮੇਸ਼ੁਰ ਦਾ ਘਰ ਸੀਯੋਨ ਪਰਬਤ ਉੱਤੇ ਹੈ।
3 ਉਸ ਜਗ੍ਹਾ ਪਰਮੇਸ਼ੁਰ ਨੇ ਤੀਰ ਕਮਾਨ, ਢਾਲਾਂ, ਤਲਵਾਰਾਂ ਅਤੇ ਜੰਗ ਅਤੇ ਹੋਰ ਹਥਿਆਰ ਤੋੜੇ ਸਨ।
4 ਹੇ ਪਰਮੇਸ਼ੁਰ, ਤੂੰ ਮਹਿਮਾ ਵਾਲਾ ਹੈਂ ਅਤੇ ਉਨ੍ਹਾਂ ਪਹਾੜੀਆਂ ਵਿੱਚੋਂ ਆ ਰਿਹਾ ਹੈਂ ਜਿੱਥੇ ਤੂੰ ਆਪਣੇ ਵੈਰੀਆਂ ਨੂੰ ਹਰਾਇਆ ਸੀ।
5 ਉਨ੍ਹਾਂ ਸਿਪਾਹੀਆਂ ਨੇ ਸੋਚਿਆ ਕਿ ਉਹ ਤਾਕਤਵਰ ਹਨ। ਪਰ ਹੁਣ ਉਹ ਖੇਤਾਂ ਅੰਦਰ ਮੁਰਦਾ ਪਏ ਹਨ। ਉਨ੍ਹਾਂ ਦੇ ਸਰੀਰ ਉਸ ਸਭ ਕਾਸੇ ਤੋਂ ਸੱਖਣੇ ਪਏ ਹਨ, ਉਹ ਜੋ ਸਭ ਕੁਝ ਉਨ੍ਹਾਂ ਦਾ ਸੀ। ਉਨ੍ਹਾਂ ਸਿਪਾਹੀਆਂ ਵਿੱਚੋਂ ਕੋਈ ਵੀ ਆਪਣੀ ਰੱਖਿਆ ਨਹੀਂ ਕਰ ਸਕਿਆ।
6 ਯਾਕੂਬ ਦਾ ਪਰਮੇਸ਼ੁਰ ਉਨ੍ਹਾਂ ਸਿਪਾਹੀਆਂ ਉੱਤੇ ਗੱਜਿਆ, ਅਤੇ ਉਹ ਸਾਰੀ ਫ਼ੌਜ ਆਪਣੇ ਰਥਾਂ ਅਤੇ ਘੋੜਿਆਂ ਨਾਲ ਮੁਰਦਾ ਹੋ ਡਿੱਗੀ।
7 ਹੇ ਪਰਮੇਸ਼ੁਰ, ਤੂੰ ਭੈਦਾਇਕ ਹੈਂ। ਤੇਰੇ ਖਿਲਾਫ਼ ਉਦੋਂ ਕੋਈ ਨਹੀਂ ਖਲੋ ਸਕਦਾ ਜਦੋਂ ਤੂੰ ਗੁੱਸੇ ਵਿੱਚ ਹੁੰਦਾ ਹੈਂ।
8-9 ਪਰਮੇਸ਼ੁਰ ਨਿਆਂਕਾਰ ਵਾਂਗ ਖਲੋਤਾ ਸੀ, ਅਤੇ ਉਸ ਨੇ ਆਪਣਾ ਨਿਆਂ ਦਿੱਤਾ। ਪਰਮੇਸ਼ੁਰ ਨੇ ਧਰਤੀ ਦੇ ਹਲੀਮ ਲੋਕਾਂ ਨੂੰ ਬਚਾ ਲਿਆ। ਉਸ ਨੇ ਸਵਰਗ ਤੋਂ ਆਪਣਾ ਨਿਆਂ ਦਿੱਤਾ। ਸਾਰੀ ਧਰਤੀ ਖਾਮੋਸ਼ ਅਤੇ ਡਰੀ ਹੋਈ ਸੀ।

10 ਹੇ ਪਰਮੇਸ਼ੁਰ, ਲੋਕ ਤੇਰਾ ਆਦਰ ਕਰਦੇ ਹਨ ਜਦੋਂ ਤੂੰ
ਦੁਸ਼ਟ ਲੋਕਾਂ ਨੂੰ ਸਜ਼ਾ ਦਿੰਦਾ ਹੈਂ। ਆਦਮੀ ਦਾ ਗੁੱਸਾ ਵੀ
ਤੇਰੀ ਉਸਤਤ ਕਰ ਸਕਦਾ ਹੈ। ਬਚੇ ਹੋਏ ਮਜ਼ਬੂਤ ਹੋ
ਜਾਣਗੇ।
11 ਲੋਕੋ, ਤੁਸੀਂ ਯਹੋਵਾਹ ਆਪਣੇ ਪਰਮੇਸ਼ੁਰ ਨਾਲ ਵਾਇਦੇ
ਕੀਤੇ ਸਨ। ਹੁਣ ਉਸ ਨੂੰ ਉਹ ਭੇਟ ਕਰੋ ਜਿਸ ਦਾ ਤੁਸੀਂ
ਇਕਰਾਰ ਕੀਤਾ ਸੀ। ਹਰ ਥਾਂ ਲੋਕ ਪਰਮੇਸ਼ੁਰ ਤੋਂ ਡਰਦੇ
ਹਨ ਅਤੇ ਉਸ ਦਾ ਆਦਰ ਕਰਦੇ ਹਨ। ਅਤੇ ਉਹ ਉਸ
ਕੋਲ ਸੁਗਾਤਾਂ ਨਾਲ ਆਉਣਗੇ।
12 ਪਰਮੇਸ਼ੁਰ ਵੱਡੇ ਆਗੂਆਂ ਨੂੰ ਹਰਾ ਦਿੰਦਾ ਹੈ; ਅਤੇ ਧਰਤੀ
ਦੇ ਸਾਰੇ ਰਾਜੇ ਉਸ ਤੋਂ ਡਰਦੇ ਹਨ।

*ਨਿਰਦੇਸ਼ਕ ਲਈ: ਯਦੂਥੂਨ ਲਈ। ਆਸਾਫ਼ ਦਾ ਇੱਕ ਉਸਤਤ ਗੀਤ।*

**77** 1ਮੈਂ ਪਰਮੇਸ਼ੁਰ ਨੂੰ ਅਵਾਜ਼ ਦਿੰਦਾ ਹਾਂ ਅਤੇ
ਸਹਾਇਤਾ ਲਈ ਦੁਹਾਈ ਦਿੰਦਾ ਹਾਂ। ਹੇ ਪਰਮੇਸ਼ੁਰ,
ਮੈਂ ਤੈਨੂੰ ਅਵਾਜ਼ ਦਿੰਦਾ ਹਾਂ, ਮੇਰੀ ਅਵਾਜ਼ ਸੁਣ।
2 ਮੇਰੇ ਮਾਲਕ, ਮੈਂ ਜਦੋਂ ਵੀ ਮੁਸੀਬਤ ਵਿੱਚ ਹੁੰਦਾ ਹਾਂ ਤੇਰੇ
ਕੋਲ ਆਉਂਦਾ ਹਾਂ। ਮੈਂ ਰਾਤ ਭਰ ਤੇਰੇ ਲਈ ਪੁਕਾਰਿਆ।
ਮੇਰੀ ਰੂਹ ਨੇ ਸੁਖੀ ਹੋਣਾ ਨਾਮੰਜ਼ੂਰ ਕਰ ਦਿੱਤਾ।
3 ਮੈਂ ਪਰਮੇਸ਼ੁਰ ਬਾਰੇ ਸੋਚਦਾ ਹਾਂ, ਅਤੇ ਉਸ ਨੂੰ ਦੱਸਣ ਦੀ
ਕੋਸ਼ਿਸ਼ ਕਰਦਾ ਹਾਂ ਕਿ ਮੇਰਾ ਕੀ ਹਾਲ ਹੈ। ਪਰ ਮੈਂ ਅਜਿਹਾ
ਨਹੀਂ ਕਰ ਸਕਦਾ।
4 ਤੂੰ ਮੈਨੂੰ ਸੌਣ ਨਹੀਂ ਦਿੰਦਾ। ਮੈਂ ਕੁਝ ਆਖਣ ਦੀ ਕੋਸ਼ਿਸ਼ ਵੀ
ਕੀਤੀ, ਪਰ ਮੈਂ ਬਹੁਤ ਪਰੇਸ਼ਾਨ ਸਾਂ।
5 ਮੈਂ ਅਤੀਤ ਬਾਰੇ ਸੋਚਦਾ ਰਿਹਾ। ਮੈਂ ਉਨ੍ਹਾਂ ਗੱਲਾਂ ਬਾਰੇ
ਸੋਚਦਾ ਰਿਹਾ ਜਿਹੜੀਆਂ ਬਹੁਤ ਪਹਿਲਾਂ ਵਾਪਰੀਆਂ
ਸਨ।
6 ਰਾਤ ਵੇਲੇ ਮੈਂ ਆਪਣੇ ਗੀਤਾਂ ਬਾਰੇ ਸੋਚਣ ਦੀ ਕੋਸ਼ਿਸ਼
ਕਰਦਾ ਹਾਂ। ਮੈਂ ਆਪਣੇ-ਆਪ ਨਾਲ ਗੱਲਾਂ ਕਰਦਾ ਹਾਂ ਅਤੇ
ਸਮਝਣ ਦੀ ਕੋਸ਼ਿਸ਼ ਕਰਦਾ ਹਾਂ।
7 ਮੈਂ ਹੈਰਾਨ ਹੁੰਦਾ ਹਾਂ, "ਕੀ ਸਾਡਾ ਯਹੋਵਾਹ ਸਾਨੂੰ ਸਦਾ
ਲਈ ਛੱਡ ਗਿਆ ਹੈ? ਕੀ ਉਹ ਸਾਨੂੰ ਫ਼ੇਰ ਕਦੀ ਵੀ ਨਹੀਂ
ਚਾਹੇਗਾ?
8 ਕੀ ਪਰਮੇਸ਼ੁਰ ਦਾ ਪਿਆਰ ਸਦਾ ਲਈ ਮੁੱਕ ਗਿਆ ਹੈ?
ਕੀ ਫ਼ੇਰ ਕਦੀ ਵੀ ਉਹ ਸਾਡੇ ਨਾਲ ਨਹੀਂ ਬੋਲੇਗਾ?
9 ਕੀ ਪਰਮੇਸ਼ੁਰ ਦਯਾ ਕਰਨੀ ਭੁੱਲ ਗਿਆ ਹੈ? ਕੀ ਉਸ ਦੀ
ਹਮਦਰਦੀ ਗੁੱਸੇ ਵਿੱਚ ਬਦਲ ਗਈ ਹੈ?"
10 ਮੈਂ ਫ਼ੇਰ ਸੋਚਿਆ, "ਜਿਹੜਾ ਮਾਮਲਾ ਮੈਨੂੰ ਸਤਾਉਂਦਾ ਹੈ
ਇਹ ਹੈ, ਕੀ ਸਰਬ ਉੱਚ ਪਰਮੇਸ਼ੁਰ ਆਪਣੀ ਸ਼ਕਤੀ ਖੋਹ
ਚੁੱਕਿਆ ਹੈ?"
11 ਮੈਨੂੰ ਯਾਦ ਹੈ ਯਹੋਵਾਹ ਨੇ ਕੀ ਕੁਝ ਕੀਤਾ। ਹੇ ਪਰਮੇਸ਼ੁਰ,
ਮੈਨੂੰ ਉਹ ਅਦਭੁਤ ਗੱਲਾਂ ਚੇਤੇ ਹਨ ਜਿਹੜੀਆਂ ਤੂੰ ਬਹੁਤ
ਸਮਾਂ ਪਹਿਲਾਂ ਕੀਤੀਆਂ ਸਨ।
12 ਮੈਂ ਉਸ ਬਾਰੇ ਸੋਚਿਆ ਜੋ ਤੂੰ ਕੀਤਾ ਹੈ। ਮੈਂ ਉਨ੍ਹਾਂ ਗੱਲਾਂ
ਬਾਰੇ ਸੋਚਿਆ।
13 ਹੇ ਪਰਮੇਸ਼ੁਰਾ ਤੇਰੇ ਰਾਹ ਪਵਿੱਤਰ ਹਨ। ਹੇ ਪਰਮੇਸ਼ੁਰ, ਤੇਰੇ
ਜਿਹਾ ਕੋਈ ਮਹਾਨ ਨਹੀਂ ਹੈ।
14 ਤੂੰ ਪਰਮੇਸ਼ੁਰ ਹੈਂ ਜਿਸ ਨੇ ਅਦਭੁਤ ਗੱਲਾਂ ਕੀਤੀਆਂ ਹਨ।
ਤੂੰ ਲੋਕਾਂ ਨੂੰ ਆਪਣੀ ਮਹਾਨ ਸ਼ਕਤੀ ਦਰਸ਼ਾਈ।
15 ਤੂੰ ਆਪਣੇ ਲੋਕਾਂ ਨੂੰ ਆਪਣੀ ਸ਼ਕਤੀ ਨਾਲ ਬਚਾਇਆ।
ਤੂੰ ਯਾਕੂਬ ਅਤੇ ਯੂਸੁਫ਼ ਦੀ ਅੰਸ ਨੂੰ ਬਚਾਇਆ।
16 ਹੇ ਪਰਮੇਸ਼ੁਰ, ਪਾਣੀ ਨੇ ਤੈਨੂੰ ਵੇਖਿਆ ਅਤੇ ਡਰ ਗਿਆ।
ਡੂੰਘਾ ਪਾਣੀ ਡਰ ਨਾਲ ਕੰਬ ਉੱਠਿਆ।
17 ਮੋਟੇ ਬੱਦਲਾਂ ਨੇ ਆਪਣਾ ਪਾਣੀ ਸੁੱਟ ਦਿੱਤਾ। ਲੋਕਾਂ ਨੇ ਉੱਚੇ
ਬੱਦਲਾਂ ਵਿੱਚ ਉੱਚੀ ਕੜਕ ਸੁਣੀ। ਫ਼ੇਰ ਤੇਰੇ ਬਿਜਲੀ ਦੇ
ਤੀਰ ਬੱਦਲਾਂ ਵਿੱਚ ਚਮਕੇ।
18 ਬਹੁਤ ਉੱਚੀ ਗਰਜ ਹੋਈ। ਬਿਜਲੀ ਨੇ ਸਾਰੀ ਦੁਨੀਆ
ਰੌਸ਼ਨ ਕੀਤੀ। ਧਰਤੀ ਕੰਬੀ ਅਤੇ ਹਿੱਲੀ।
19 ਹੇ ਪਰਮੇਸ਼ੁਰ, ਤੂੰ ਡੂੰਘੇ ਪਾਣੀਆਂ ਵਿੱਚੋਂ ਦੀ ਲੰਘਿਆ ਅਤੇ
ਡੂੰਘਾ ਸਮੁੰਦਰ ਪਾਰ ਕੀਤਾ। ਪਰ ਤੂੰ ਕੋਈ ਵੀ ਪੈਰਾਂ ਦਾ
ਚਿਨ੍ਹ ਨਹੀਂ ਛੱਡਿਆ।
20 ਤੂੰ ਮੂਸਾ ਅਤੇ ਹਾਰੂਨ ਨੂੰ ਆਪਣੇ ਲੋਕਾਂ ਦੀ ਭੇਡਾਂ ਵਾਂਗ
ਅਗਵਾਈ ਕਰਨ ਲਈ ਇਸਤੇਮਾਲ ਕੀਤਾ।

*ਆਸਾਫ਼ ਦਾ ਇੱਕ ਭਗਤੀ ਗੀਤ।*

**78** 1ਹੇ ਮੇਰੇ ਲੋਕੋ, ਮੇਰੇ ਉਪਦੇਸ਼ਾਂ ਨੂੰ ਸੁਣੋ। ਜਿਹੜੀਆਂ
ਗੱਲਾਂ ਮੈਂ ਆਖਦਾ ਹਾਂ ਸੁਣੋ।
2 ਮੈਂ ਤੈਨੂੰ ਇੱਕ ਕਹਾਣੀ ਸੁਣਾਵਾਂਗਾ। ਮੈਂ ਤੈਨੂੰ ਇੱਕ ਪੁਰਾਤਨ
ਕਹਾਣੀ ਸੁਣਾਵਾਂਗਾ।
3 ਅਸੀਂ ਕਹਾਣੀ ਸੁਣੀ ਅਤੇ ਅਸੀਂ ਇਸ ਨੂੰ ਚੰਗੀ ਤਰ੍ਹਾਂ
ਜਾਣਦੇ ਹਾਂ। ਸਾਡੇ ਪੁਰਖਿਆਂ ਨੇ ਇਹ ਕਹਾਣੀ ਸੁਣਾਈ
ਸੀ।
4 ਅਤੇ ਅਸੀਂ ਇਹ ਕਹਾਣੀ ਨਹੀਂ ਭੁੱਲਾਂਗੇ। ਸਾਡੇ ਲੋਕ
ਆਖਰੀ ਪੀੜ੍ਹੀ ਨੂੰ ਦੱਸ ਰਹੇ ਹੋਣਗੇ। ਅਸੀਂ ਸਾਰੇ ਯਹੋਵਾਹ
ਦੀ ਉਸਤਤ ਕਰਾਂਗੇ ਅਤੇ ਉਸ ਦੀਆਂ ਕੀਤੀਆਂ ਅਦਭੁਤ
ਗੱਲਾਂ ਬਾਰੇ ਦੱਸਾਂਗੇ।
5 ਯਹੋਵਾਹ ਨੇ ਯਾਕੂਬ ਨਾਲ ਕਰਾਰ ਕੀਤਾ। ਪਰਮੇਸ਼ੁਰ
ਨੇ ਇਸਰਾਏਲ ਨੂੰ ਸ਼ਰ੍ਹਾ ਦਿੱਤੀ। ਪਰਮੇਸ਼ੁਰ ਨੇ ਸਾਡੇ
ਪੁਰਖਿਆਂ ਨੂੰ ਹੁਕਮ ਦਿੱਤੇ। ਉਸ ਨੇ ਸਾਡੇ ਪੁਰਖਿਆਂ ਨੂੰ
ਇਸ ਨਿਯਮ ਨੂੰ ਆਪਣੀ ਅੰਸ ਨੂੰ ਸਿਖਾਉਣ ਨੂੰ ਕਿਹਾ।
6 ਨਵੇਂ ਬੱਚੇ ਜੰਮਣਗੇ। ਉਹ ਪ੍ਰੌਢ ਹੋ ਜਾਣਗੇ। ਅਤੇ ਉਹ
ਆਪਣੇ ਬੱਚਿਆਂ ਨੂੰ ਕਹਾਣੀਆਂ ਸੁਣਾਉਣਗੇ। ਇਸੇ ਤਰ੍ਹਾਂ
ਲੋਕ ਆਖਰੀ ਪੀੜ੍ਹੀ ਤੀਕਰ ਵੀ ਨਿਯਮ ਬਾਰੇ ਜਾਣਨਗੇ।
7 ਇਸੇ ਲਈ, ਉਹ ਲੋਕ ਪਰਮੇਸ਼ੁਰ ਵਿੱਚ ਯਕੀਨ ਰੱਖਣਗੇ।
ਉਹ ਪਰਮੇਸ਼ੁਰ ਦੀਆਂ ਕਰਨੀਆਂ ਨੂੰ ਨਹੀਂ ਭੁੱਲਣਗੇ। ਉਹ
ਧਿਆਨ ਨਾਲ ਉਸ ਦੇ ਹੁਕਮਾਂ ਦੀ ਪਾਲਣਾ ਕਰਨਗੇ।
8 ਜੇਕਰ ਲੋਕ ਆਪਣੇ ਬੱਚਿਆਂ ਨੂੰ ਪਰਮੇਸ਼ੁਰ ਦੇ ਹੁਕਮ
ਸਿਖਾਉਣਗੇ, ਫ਼ੇਰ ਉਹ ਬੱਚੇ ਆਪਣੇ ਪੁਰਖਿਆਂ ਵਰਗੇ
ਨਹੀਂ ਹੋਣਗੇ। ਉਨ੍ਹਾਂ ਦੇ ਪੁਰਖੇ ਪਰਮੇਸ਼ੁਰ ਦੇ ਖਿਲਾਫ਼ ਹੋ
ਗਏ ਸਨ। ਉਨ੍ਹਾਂ ਨੇ ਉਸ ਨੂੰ ਮੰਨਣ ਤੋਂ ਇਨਕਾਰ ਕਰ
ਦਿੱਤਾ। ਉਹ ਲੋਕ ਜ਼ਿੱਦੀ ਸਨ, ਉਹ ਪਰਮੇਸ਼ੁਰ ਦੇ ਆਤਮੇ
ਦੇ ਵਫ਼ਾਦਾਰ ਨਹੀਂ ਸਨ।
9 ਇਫ਼ਰਾਈਮ ਦੇ ਲੋਕਾਂ ਕੋਲ ਆਪਣੇ ਹਥਿਆਰ ਸਨ ਪਰ
ਉਹ ਮੈਦਾਨੇ ਜੰਗ ਵਿੱਚੋਂ ਨੱਸ ਗਏ ਸਨ।

10 ਉਨ੍ਹਾਂ ਨੇ ਪਰਮੇਸ਼ੁਰ ਨਾਲ ਆਪਣੇ ਕਰਾਰ ਨੂੰ ਨਹੀਂ ਰੱਖਿਆ।
ਉਨ੍ਹਾਂ ਨੇ ਉਸ ਦੇ ਉਪਦੇਸ਼ਾਂ ਨੂੰ ਮੰਨਣ ਤੋਂ ਇਨਕਾਰ ਕਰ
ਦਿੱਤਾ।
11 ਇਫ਼ਰਾਈਮ ਦੇ ਲੋਕ ਉਨ੍ਹਾਂ ਮਹਾਨ ਕੰਮਾਂ ਨੂੰ ਭੁੱਲ ਗਏ ਜੋ
ਪਰਮੇਸ਼ੁਰ ਨੇ ਕੀਤੇ ਸਨ। ਉਹ ਉਨ੍ਹਾਂ ਅਦਭੁਤ ਕੰਮਾਂ ਨੂੰ
ਭੁੱਲ ਗਏ ਜਿਹੜੇ ਉਸ ਨੇ ਉਨ੍ਹਾਂ ਨੂੰ ਵਿਖਾਏ ਸਨ।
12 ਪਰਮੇਸ਼ੁਰ ਨੇ ਉਨ੍ਹਾਂ ਦੇ ਪੁਰਖਿਆਂ ਨੂੰ ਮਿਸਰ ਵਿੱਚ ਸੋਅਨ
ਵਿਖੇ ਆਪਣੀ ਮਹਾਨ ਸ਼ਕਤੀ ਦਿਖਾਈ।
13 ਪਰਮੇਸ਼ੁਰ ਨੇ ਲਾਲ ਸਾਗਰ ਨੂੰ ਚੀਰ ਦਿੱਤਾ ਅਤੇ ਲੋਕਾਂ ਨੂੰ
ਪਾਰ ਲੰਘਣ ਵਿੱਚ ਅਗਵਾਈ ਕੀਤੀ। ਪਾਣੀ ਕੰਧਾਂ ਵਾਂਗ
ਉਨ੍ਹਾਂ ਦੇ ਦੋਹੀਂ ਪਾਸੀਂ ਖਲੋਤਾ ਸੀ।
14 ਹਰ ਦਿਨ ਪਰਮੇਸ਼ੁਰ ਨੇ ਉਨ੍ਹਾਂ ਦੀ ਅਗਵਾਈ ਇੱਕ ਬੱਦਲ
ਨਾਲ ਕੀਤੀ। ਅਤੇ ਉਸ ਪਰਮੇਸ਼ੁਰ ਨੇ ਹਰ ਰਾਤ ਉਨ੍ਹਾਂ ਦੀ
ਅਗਵਾਈ ਅੱਗ ਦੀ ਰੌਸ਼ਨੀ ਨਾਲ ਕੀਤੀ।
15 ਪਰਮੇਸ਼ੁਰ ਨੇ ਮਾਰੂਥਲ ਅੰਦਰ ਚੱਟਾਨ ਨੂੰ ਤੋੜ ਦਿੱਤਾ। ਉਸ
ਨੇ ਉਨ੍ਹਾਂ ਲੋਕਾਂ ਧਰਤੀ ਦੀ ਡੂੰਘਾਈ ਵਿੱਚੋਂ ਪਾਣੀ ਦਿੱਤਾ।
16 ਪਰਮੇਸ਼ੁਰ ਨੇ ਚੱਟਾਨ ਵਿੱਚੋਂ ਵਗਦੀ ਨਦੀ ਵਾਂਗ ਪਾਣੀ
ਲਿਆਂਦਾ।
17 ਪਰ ਲੋਕਾਂ ਨੇ ਪਰਮੇਸ਼ੁਰ ਦੇ ਖਿਲਾਫ਼ ਪਾਪ ਕਰਨਾ ਜਾਰੀ
ਰੱਖਿਆ।
18 ਫ਼ੇਰ ਉਨ੍ਹਾਂ ਨੇ ਪਰਮੇਸ਼ੁਰ ਨੂੰ ਪਰਖਣ ਦਾ ਫ਼ੈਸਲਾ ਕੀਤਾ।
ਉਨ੍ਹਾਂ ਨੇ ਸਿਰਫ਼ ਆਪਣੀ ਭੋਜਨ ਖਾਣ ਦੀ ਇੱਛਾ ਨੂੰ
ਸੰਤੁਸ਼ਟ ਕਰਨ ਲਈ ਭੋਜਨ ਮੰਗਿਆ।
19 ਉਨ੍ਹਾਂ ਨੇ ਪਰਮੇਸ਼ੁਰ ਬਾਰੇ ਸ਼ਿਕਾਇਤ ਕੀਤੀ ਅਤੇ ਆਖਿਆ
ਕਿ, "ਕੀ ਪਰਮੇਸ਼ੁਰ ਸਾਨੂੰ ਮਾਰੂਥਲ ਵਿੱਚ ਭੋਜਨ ਦੇ
ਸਕਦਾ ਹੈ?
20 ਉਸ ਨੇ ਚੱਟਾਨ ਨੂੰ ਮਾਰਿਆ ਅਤੇ ਪਾਣੀ ਦਾ ਹੜ੍ਹ ਬਾਹਰ
ਆ ਗਿਆ। ਪਰ ਕੀ ਉਹ ਸਾਨੂੰ ਰੋਟੀ ਅਤੇ ਮਾਸ ਵੀ ਦੇ
ਸਕਦਾ ਹੈ।"
21 ਯਹੋਵਾਹ ਨੇ ਸਭ ਸੁਣਿਆ ਜੋ ਵੀ ਉਨ੍ਹਾਂ ਲੋਕਾਂ ਨੇ
ਆਖਿਆ। ਪਰਮੇਸ਼ੁਰ ਯਾਕੂਬ ਉੱਤੇ ਬਹੁਤ ਗੁੱਸੇ ਹੋਇਆ।
ਉਹ ਇਸਰਾਏਲ ਉੱਤੇ ਬਹੁਤ ਗੁੱਸੇ ਹੋਇਆ।
22 ਕਿਉਂਕਿ ਇਨ੍ਹਾਂ ਲੋਕਾਂ ਨੇ ਪਰਮੇਸ਼ੁਰ ਤੇ ਯਕੀਨ ਨਹੀਂ
ਰੱਖਿਆ। ਉਨ੍ਹਾਂ ਨੇ ਭਰੋਸਾ ਨਹੀਂ ਕੀਤਾ ਕਿ ਪਰਮੇਸ਼ੁਰ
ਉਨ੍ਹਾਂ ਨੂੰ ਬਚਾ ਸਕਦਾ ਹੈ।
23-24 ਪਰ ਫ਼ੇਰ ਪਰਮੇਸ਼ੁਰ ਨੇ ਉੱਤਲੇ ਬੱਦਲਾਂ ਨੂੰ ਖੋਲ੍ਹ ਦਿੱਤਾ
ਅਤੇ ਉਨ੍ਹਾਂ ਉੱਪਰ ਉਨ੍ਹਾਂ ਦੇ ਭੋਜਨ ਲਈ ਮੰਨਾ ਦੀ ਵਰਖਾ
ਹੋਈ। ਇੰਝ ਜਾਪਦਾ ਸੀ ਜਿਵੇਂ ਅਕਾਸ਼ ਵਿੱਚਲੇ ਦਰ ਖੁੱਲ੍ਹ
ਗਏ ਹੋਣ ਅਤੇ ਅਕਾਸ਼ ਦੇ ਗੋਦਾਮ ਵਿੱਚੋਂ ਅਨਾਜ਼ ਹੇਠਾਂ
ਵਰ੍ਹ ਪਿਆ ਹੋਵੇ।
25 ਲੋਕਾਂ ਨੇ ਦੂਤਾਂ ਵਾਲਾ ਭੋਜਨ ਖਾਧਾ। ਪਰਮੇਸ਼ੁਰ ਨੇ ਉਨ੍ਹਾਂ ਨੂੰ
ਸੰਤੁਸ਼ਟ ਕਰਨ ਲਈ ਚੋਖਾ ਭੋਜਨ ਭੇਜਿਆ ਸੀ।
26 ਪਰਮੇਸ਼ੁਰ ਨੇ ਪੁਰੇ ਦੀ ਤੇਜ਼ ਹਵਾ ਵਗਾਈ ਅਤੇ ਬਟੇਰੇ
ਵਰਖਾ ਦੀ ਤਰ੍ਹਾਂ ਵਰਸਣ ਲੱਗੇ।
27 ਪਰਮੇਸ਼ੁਰ ਨੇ ਤੇਮਾਨ ਵੱਲੋਂ ਹਵਾ ਵਗਾਈ ਅਤੇ ਨੀਲਾ
ਅਕਾਸ਼ ਕਾਲਾ ਹੋ ਗਿਆ ਕਿਉਂਕਿ ਉੱਥੇ ਪੰਛੀਆਂ ਦੀ
ਬਹੁਤਾਇਤ ਸੀ।
28 ਪੰਛੀ ਠੀਕ ਡੇਰਹੇ ਦੇ ਵਿੱਚਕਾਰ ਅਤੇ ਉਨ੍ਹਾਂ ਦੇ ਤੰਬੂਆਂ ਦੇ
ਆਲੇ-ਦੁਆਲੇ ਡਿੱਗੇ।
29 ਉੱਥੇ ਉਨ੍ਹਾਂ ਦੇ ਖਾਣ ਲਈ ਕਾਫ਼ੀ ਸੀ ਪਰ ਉਨ੍ਹਾਂ ਦੀ ਖਾਣ
ਦੀ ਲਾਲਸਾ ਉਨ੍ਹਾਂ ਤੋਂ ਪਾਪ ਕਰਾਉਣ ਦਾ ਕਾਰਣ ਬਣੀ।
ਪਰਮੇਸ਼ੁਰ ਉਨ੍ਹਾਂ ਲਈ ਉਹ ਲਿਆਇਆ ਜਿਸ ਦੀ ਉਨ੍ਹਾਂ
ਨੇ ਇੱਛਾ ਕੀਤੀ ਸੀ।
30 ਉਨ੍ਹਾਂ ਨੇ ਆਪਣੀਆਂ ਭੁੱਖਾਂ ਨੂੰ ਕਾਬੂ ਵਿੱਚ ਨਹੀਂ ਰੱਖਿਆ।
ਇਸ ਲਈ ਉਹ ਪੰਛੀਆਂ ਵਿੱਚੋਂ ਲਹੂ ਵਗ ਜਾਣ ਤੋਂ
ਪਹਿਲਾਂ ਹੀ ਪੰਛੀਆਂ ਨੂੰ ਖਾ ਗਏ।
31 ਪਰਮੇਸ਼ੁਰ ਨੂੰ ਉਨ੍ਹਾਂ ਉੱਤੇ ਬਹੁਤ ਗੁੱਸਾ ਆਇਆ ਅਤੇ ਉਸ
ਨੇ ਉਨ੍ਹਾਂ ਵਿੱਚੋਂ ਕਈਆਂ ਨੂੰ ਮਾਰ ਸੁੱਟਿਆ। ਪਰਮੇਸ਼ੁਰ ਨੇ
ਜਵਾਨ ਲੋਕਾਂ ਦੇ ਮਰਨ ਦੇ ਬਹੁਤ ਸਾਰੇ ਕਾਰਣ ਪੈਦਾ ਕੀਤੇ।
32 ਪਰ ਫ਼ੇਰ ਵੀ ਲੋਕਾਂ ਨੇ ਦੁਬਾਰਾ ਗੁਨਾਹ ਕੀਤੇ। ਉਨ੍ਹਾਂ ਨੇ
ਪਰਮੇਸ਼ੁਰ ਦੇ ਕੀਤੇ ਅਦਭੁਤ ਕੰਮਾਂ ਉੱਤੇ ਭਰੋਸਾ ਨਾ ਕੀਤਾ।
33 ਇਸ ਲਈ ਪਰਮੇਸ਼ੁਰ ਨੇ ਉਨ੍ਹਾਂ ਦੇ ਅਰਥਹੀਣ ਜੀਵਨਾਂ ਨੂੰ
ਕਿਸੇ ਹਾਦਸੇ ਰਾਹੀਂ ਮੁਕਾ ਦਿੱਤਾ।
34 ਜਦੋਂ ਵੀ ਪਰਮੇਸ਼ੁਰ ਨੇ ਉਨ੍ਹਾਂ ਵਿੱਚੋਂ ਕੁਝ ਇੱਕਾਂ ਨੂੰ ਮਾਰਿਆ
ਦੂਸਰੇ ਉਸ ਵੱਲ ਮੁੜ ਜਾਂਦੇ ਰਹੇ। ਉਹ ਪਰਮੇਸ਼ੁਰ ਵੱਲ
ਦੌੜਦੇ ਹੋਏ ਆਏ।
35 ਉਹ ਲੋਕ ਯਾਦ ਕਰਦੇ ਰਹੇ ਕਿ ਪਰਮੇਸ਼ੁਰ ਉਨ੍ਹਾਂ ਦੀ ਚੱਟਾਨ
ਹੈ। ਉਨ੍ਹਾਂ ਚੇਤੇ ਰੱਖਿਆ ਕਿ ਸਰਬ ਉੱਚ ਪਰਮੇਸ਼ੁਰ ਨੇ ਉਨ੍ਹਾਂ
ਨੂੰ ਬਚਾਇਆ।
36 ਉਨ੍ਹਾਂ ਨੇ ਆਖਿਆ ਕਿ ਉਹ ਉਸ ਨੂੰ ਪਿਆਰ ਕਰਦੇ ਸੀ
ਪਰ ਉਹ ਝੂਠ ਬੋਲਦੇ ਸਨ।
37 ਉਨ੍ਹਾਂ ਦੇ ਦਿਲ ਸੱਚਮੁੱਚ ਪਰਮੇਸ਼ੁਰ ਦੇ ਨਾਲ ਨਹੀਂ ਸਨ।
ਉਹ ਆਪਣੇ ਨਿਯਮ ਵਿੱਚ ਵਫ਼ਾਦਾਰ ਨਹੀਂ ਸਨ।
38 ਪਰ ਪਰਮੇਸ਼ੁਰ ਦਯਾਵਾਨ ਸੀ। ਉਸ ਨੇ ਉਨ੍ਹਾਂ ਦੇ ਪਾਪ ਬਖਸ਼
ਦਿੱਤੇ। ਅਤੇ ਉਸ ਨੇ ਉਨ੍ਹਾਂ ਨੂੰ ਤਬਾਹ ਨਾ ਕੀਤਾ। ਪਰਮੇਸ਼ੁਰ ਨੇ
ਆਪਣੇ ਗੁੱਸੇ ਨੂੰ ਬਹੁਤ ਵਾਰ ਰੋਕਿਆ। ਉਸ ਨੇ ਆਪਣੇ-ਆਪ
ਨੂੰ ਬਹੁਤ ਗੁੱਸੇ ਨਾ ਹੋਣ ਦਿੱਤਾ।
39 ਪਰਮੇਸ਼ੁਰ ਨੇ ਯਾਦ ਕੀਤਾ ਕਿ ਉਹ ਸਿਰਫ਼ ਇਨਸਾਨ
ਸਨ। ਲੋਕ ਹਵਾ ਵਰਗੇ ਹਨ ਜਿਹੜੀ ਵਗਦੀ ਹੈ ਅਤੇ
ਚੱਲੀ ਜਾਂਦੀ ਹੈ।
40 ਉਨ੍ਹਾਂ ਲੋਕਾਂ ਨੇ ਮਾਰੂਥਲ ਵਿੱਚ ਪਰਮੇਸ਼ੁਰ ਦੇ ਖਿਲਾਫ਼ ਕਿੰਨੇ
ਵਾਰੀ ਵਿਦ੍ਰੋਹ ਕੀਤਾ। ਉਨ੍ਹਾਂ ਨੇ ਉਸ ਨੂੰ ਇੰਨਾ ਉਦਾਸ ਕਰ
ਦਿੱਤਾ।
41 ਉਨ੍ਹਾਂ ਲੋਕਾਂ ਨੇ ਪਰਮੇਸ਼ੁਰ ਦੇ ਸਬਰ ਨੂੰ ਬਾਰ-ਬਾਰ
ਪਰਖਿਆ। ਸੱਚਮੁੱਚ ਉਹ ਇਸਰਾਏਲ ਦੀ ਪਵਿੱਤਰ
ਹਸਤੀ ਲਈ ਦੁੱਖ ਦਾ ਕਾਰਣ ਬਣੇ।
42 ਉਹ ਲੋਕ ਪਰਮੇਸ਼ੁਰ ਦੀ ਸ਼ਕਤੀ ਨੂੰ ਭੁੱਲ ਗਏ। ਉਹ ਭੁੱਲ
ਗਏ ਕਿ ਪਰਮੇਸ਼ੁਰ ਨੇ ਉਨ੍ਹਾਂ ਨੂੰ ਬਹੁਤ ਵਾਰੀ ਵੈਰੀਆਂ ਕੋਲੋਂ
ਬਚਾਇਆ ਸੀ।
43 ਉਹ ਮਿਸਰ ਦੇ ਕਰਿਸ਼ਮਿਆਂ ਨੂੰ ਭੁੱਲ ਗਏ ਜਿਹੜੇ
ਕਰਿਸ਼ਮੇ ਸੋਅਨ ਦੀ ਜੂਹ ਵਿੱਚ ਕੀਤੇ ਗਏ ਸਨ।
44 ਪਰਮੇਸ਼ੁਰ ਨੇ ਦਰਿਆਵਾਂ ਨੂੰ ਲਹੂ ਵਿੱਚ ਬਦਲ ਦਿੱਤਾ।
ਮਿਸਰ ਦੇ ਲੋਕ ਪਾਣੀ ਪੀ ਨਾ ਸਕੇ।
45 ਪਰਮੇਸ਼ੁਰ ਨੇ ਮੱਖੀਆਂ ਦੇ ਝੁੰਡ ਨੂੰ ਭੇਜਿਆ ਜਿਨ੍ਹਾਂ ਨੇ

ਮਿਸਰ ਦੇ ਲੋਕਾਂ ਨੂੰ ਡੰਗ ਮਾਰੇ। ਪਰਮੇਸ਼ੁਰ ਨੇ ਡੱਡੂਆਂ ਨੂੰ
ਭੇਜਿਆ ਜਿਨ੍ਹਾਂ ਨੇ ਮਿਸਰੀਆਂ ਦੀ ਜ਼ਿੰਦਗੀ ਬਰਬਾਦ ਕਰ
ਦਿੱਤੀ।
46 ਪਰਮੇਸ਼ੁਰ ਨੇ ਉਨ੍ਹਾਂ ਦੀਆਂ ਫ਼ਸਲਾਂ ਉੱਤੇ ਟਿੱਡੀ ਦਲ ਛੱਡ
ਦਿੱਤੇ ਅਤੇ ਹੋਰ ਪੌਦਿਆਂ ਉੱਤੇ ਟਿੱਡੇ ਟਿੱਡੀਆਂ।
47 ਪਰਮੇਸ਼ੁਰ ਨੇ ਉਨ੍ਹਾਂ ਦੀਆਂ ਵੇਲਾਂ ਨੂੰ ਤਬਾਹ ਕਰਨ ਲਈ
ਗੜ੍ਹਿਆਂ ਦੀ ਵਰਤੋਂ ਕੀਤੀ ਅਤੇ ਉਨ੍ਹਾਂ ਦੇ ਰੁੱਖਾਂ ਨੂੰ ਤਬਾਹ
ਕਰਨ ਲਈ ਓਲਿਆਂ ਦੀ ਵਰਤੋਂ ਕੀਤੀ।
48 ਪਰਮੇਸ਼ੁਰ ਨੇ ਉਨ੍ਹਾਂ ਦੇ ਜਾਨਵਰਾਂ ਨੂੰ ਰੋਗਾਂ ਨਾਲ ਅਤੇ ਉਨ੍ਹਾਂ
ਦੇ ਪਸ਼ੂਆਂ ਨੂੰ ਮਹਾਂਮਾਰੀ ਨਾਲ ਮਾਰ ਦਿੱਤਾ।
49 ਪਰਮੇਸ਼ੁਰ ਨੇ ਮਿਸਰ ਦੇ ਲੋਕਾਂ ਨੂੰ ਆਪਣਾ ਕਹਿਰ
ਵਿਖਾਇਆ। ਉਸ ਨੇ ਉਨ੍ਹਾਂ ਵੱਲ ਆਪਣੇ ਮੌਤ ਦੇ ਦੂਤਾਂ ਨੂੰ
ਭੇਜਿਆ।
50 ਪਰਮੇਸ਼ੁਰ ਨੇ ਨਿਸੰਕੋਚ ਆਪਣਾ ਗੁੱਸਾ ਵਿਖਾਇਆ। ਉਸ
ਨੇ ਉਨ੍ਹਾਂ ਲੋਕਾਂ ਵਿੱਚੋਂ ਕਿਸੇ ਨੂੰ ਵੀ ਜੀਉਂਦਾ ਨਹੀਂ ਛੱਡਿਆ।
ਉਸ ਨੇ ਉਨ੍ਹਾਂ ਨੂੰ ਖਤਰਨਾਕ ਬਿਮਾਰੀ ਨਾਲ ਮਰਨ ਦਿੱਤਾ।
51 ਪਰਮੇਸ਼ੁਰ ਨੇ ਮਿਸਰ ਦੇ ਪਲੇਠੇ ਜੰਮੇ ਪੁੱਤਰਾਂ ਨੂੰ ਮਾਰ
ਦਿੱਤਾ। ਉਸ ਨੇ ਹਾਮ ਦੇ ਪਰਿਵਾਰ ਵਿੱਚੋਂ ਹਰ ਪਲੇਠੇ ਪੁੱਤਰ
ਨੂੰ ਮਾਰ ਦਿੱਤਾ।
52 ਫ਼ੇਰ ਪਰਮੇਸ਼ੁਰ ਨੇ ਇਸਰਾਏਲ ਨੂੰ ਆਜੜੀ ਵਾਂਗ ਹੱਕ
ਲਿਆ, ਉਹ ਆਪਣੇ ਲੋਕਾਂ ਨੂੰ ਭੇਡਾਂ ਵਾਂਗ ਮਾਰੂਥਲ ਅੰਦਰ
ਲੈ ਤੁਰਿਆ।
53 ਉਸ ਨੇ ਸੁਰੱਖਿਅਤ ਢੰਗ ਨਾਲ ਆਪਣੇ ਲੋਕਾਂ ਦੀ
ਰਾਹਨੁਮਾਈ ਕੀਤੀ। ਉਸ ਦੇ ਲੋਕਾਂ ਨੂੰ ਕੋਈ ਡਰ ਨਹੀਂ
ਸੀ। ਉਸ ਨੇ ਉਨ੍ਹਾਂ ਦੇ ਦੁਸ਼ਮਣਾਂ ਨੂੰ ਲਾਲ ਸਾਗਰ ਵਿੱਚ
ਡੁਬੋ ਦਿੱਤਾ।
54 ਪਰਮੇਸ਼ੁਰ ਨੇ ਆਪਣੇ ਲੋਕਾਂ ਦੀ ਪਵਿੱਤਰ ਧਰਤੀ ਤੀਕ
ਅਗਵਾਈ ਕੀਤੀ, ਉਸ ਪਹਾੜ ਤੀਕਰ ਜਿਸ ਨੂੰ ਉਸ ਨੇ
ਆਪਣੀ ਸ਼ਕਤੀ ਨਾਲ ਲਿਆ ਸੀ।
55 ਪਰਮੇਸ਼ੁਰ ਨੇ ਹੋਰਨਾਂ ਕੌਮਾਂ ਨੂੰ ਉਹ ਧਰਤੀ ਛੱਡਣ ਲਈ
ਮਜਬੂਰ ਕਰ ਦਿੱਤਾ। ਪਰਮੇਸ਼ੁਰ ਨੇ ਹਰ ਪਰਿਵਾਰ ਨੂੰ ਉਸ
ਧਰਤੀ ਵਿੱਚੋਂ ਹਿੱਸਾ ਦਿੱਤਾ। ਪਰਮੇਸ਼ੁਰ ਨੇ ਇਸਰਾਏਲ ਦੇ
ਹਰ ਪਾਰਵਾਰਿਕ ਸਮੂਹ ਨੂੰ ਰਹਿਣ ਲਈ ਘਰ ਦਿੱਤਾ।
56 ਪਰ ਉਨ੍ਹਾਂ ਨੇ ਸਰਬ ਉੱਚ ਪਰਮੇਸ਼ੁਰ ਨੂੰ ਪਰਖਿਆ ਅਤੇ
ਉਸ ਦੇ ਖਿਲਾਫ਼ ਵਿਦ੍ਰੋਹ ਕੀਤਾ। ਉਨ੍ਹਾਂ ਲੋਕਾਂ ਨੇ ਉਸ ਦੇ
ਹੁਕਮਾਂ ਨੂੰ ਨਾ ਮੰਨਿਆ।
57 ਇਸਰਾਏਲ ਦੇ ਲੋਕ ਪਰਮੇਸ਼ੁਰ ਕੋਲੋਂ ਬੇਮੁੱਖ ਹੋ ਗਏ। ਉਹ
ਉਸ ਦੇ ਖਿਲਾਫ਼ ਹੋ ਗਏ ਜਿਵੇਂ ਉਨ੍ਹਾਂ ਦੇ ਪੁਰਖਿਆਂ ਨੇ ਕੀਤਾ
ਸੀ। ਉਹ ਵਿੰਗੇ ਧਣੁਖ ਵਾਂਙ ਵਿੰਗੇ ਹੋ ਗਏ।
58 ਇਸਰਾਏਲ ਦੇ ਲੋਕਾਂ ਨੇ ਉੱਚੀਆਂ ਥਾਵਾਂ ਉਸਾਰੀਆਂ ਅਤੇ
ਪਰਮੇਸ਼ੁਰ ਨੂੰ ਗੁੱਸੇ ਕੀਤਾ। ਉਨ੍ਹਾਂ ਨੇ ਝੂਠੇ ਦੇਵਤਿਆਂ ਦੇ
ਬੁੱਤ ਬਣਾਏ ਅਤੇ ਪਰਮੇਸ਼ੁਰ ਨੂੰ ਬਹੁਤ ਈਰਖਾਲੂ ਕਰ
ਦਿੱਤਾ।
59 ਪਰਮੇਸ਼ੁਰ ਨੇ ਇਸ ਨੂੰ ਸੁਣਿਆ ਅਤੇ ਉਹ ਬਹੁਤ
ਕਹਿਰਵਾਨ ਹੋ ਗਿਆ। ਅਤੇ ਉਸ ਨੇ ਪੂਰੀ ਤਰ੍ਹਾਂ
ਇਸਰਾਏਲ ਨੂੰ ਤਿਆਗ ਦਿੱਤਾ।
60 ਪਰਮੇਸ਼ੁਰ ਨੇ ਸ਼ੀਲੋਹ ਦੇ ਪਵਿੱਤਰ ਤੰਬੂ ਨੂੰ ਛੱਡ ਦਿੱਤਾ।
ਉਸ ਤੰਬੂ ਨੂੰ ਜਿਸ ਵਿੱਚ ਉਹ ਲੋਕਾਂ ਸੰਗ ਨਿਵਾਸ ਕਰਦਾ
ਸੀ।
61 ਆਪਣੇ ਲੋਕਾਂ ਨੂੰ ਹੋਰਨਾਂ ਕੌਮਾਂ ਦੁਆਰਾ ਕੈਦ ਕਰਨ ਦਿੱਤਾ।
ਵੈਰੀਆਂ ਨੇ ਪਰਮੇਸ਼ੁਰ ਦਾ "ਨੇਮ ਦਾ ਸੰਦੂਕ" ਖੋਹ ਲਿਆ।
62 ਕਿਉਂਕਿ ਪਰਮੇਸ਼ੁਰ ਆਪਣੇ ਚੁਣੇ ਹੋਏ ਲੋਕਾਂ ਨਾਲ ਗੁੱਸੇ
ਸੀ। ਉਸ ਨੇ ਉਨ੍ਹਾਂ ਨੂੰ ਜੰਗ ਵਿੱਚ ਮਰ ਜਾਣ ਦਿੱਤਾ।
63 ਜਵਾਨਾ ਨੂੰ ਅੱਗ ਨਾਲ ਸਾੜਿਆ ਗਿਆ ਸੀ, ਅਤੇ ਉਨ੍ਹਾਂ
ਮੁਟਿਆਰਾਂ ਨੇ, ਜਿਹੜੀਆਂ ਉਨ੍ਹਾਂ ਨਾਲ ਵਿਆਹ ਕਰਨ
ਵਾਲੀਆਂ ਸਨ, ਸੁਹਾਗ ਦੇ ਗੀਤ ਨਾ ਗਾਏ।
64 ਜਾਜਕ ਮਾਰੇ ਗਏ, ਪਰ ਵਿੱਧਵਾਵਾਂ ਉਨ੍ਹਾਂ ਲਈ ਨਾ ਪਿਟ
ਸੱਕੀਆਂ।
65 ਆਖਰਕਾਰ ਸਾਡਾ ਮਾਲਕ ਨੀਂਦ ਵਿੱਚੋਂ ਉੱਠਦਾ ਹੈ। ਜਿਵੇਂ
ਸਿਪਾਹੀ ਬਹੁਤ ਮੈਅ ਪੀਣ ਤੋਂ ਬਾਦ ਉੱਠਦਾ ਹੈ।
66 ਪਰਮੇਸ਼ੁਰ ਨੇ ਆਪਣੇ ਵੈਰੀਆਂ ਨੂੰ ਪਿੱਛਾਂਹ ਧੱਕ ਦਿੱਤਾ ਅਤੇ
ਉਨ੍ਹਾਂ ਨੂੰ ਹਰਾ ਦਿੱਤਾ। ਪਰਮੇਸ਼ੁਰ ਨੇ ਆਪਣੇ ਵੈਰੀਆਂ ਨੂੰ
ਹਰਾ ਦਿੱਤਾ ਅਤੇ ਸਦਾ ਲਈ ਬੇਇੱਜ਼ਤ ਕਰ ਦਿੱਤਾ।
67 ਪਰ ਪਰਮੇਸ਼ੁਰ ਨੇ ਯੂਸੁਫ਼ ਦੇ ਪਰਿਵਾਰ ਨੂੰ ਤਿਆਗ ਦਿੱਤਾ,
ਪਰਮੇਸ਼ੁਰ ਨੇ ਇਫ਼ਰਾਈਮ ਦੇ ਪਰਿਵਾਰ ਨੂੰ ਪ੍ਰਵਾਨ ਨਾ
ਕੀਤਾ।
68 ਪਰਮੇਸ਼ੁਰ ਨੇ ਯਹੂਦਾਹ ਦੇ ਪਰਿਵਾਰ ਨੂੰ ਚੁਣਿਆ।
ਪਰਮੇਸ਼ੁਰ ਨੇ ਸੀਯੋਨ ਪਰਬਤ ਨੂੰ ਚੁਣਿਆ ਜਿਸ ਨੂੰ ਉਹ
ਪਿਆਰ ਕਰਦਾ ਹੈ।
69 ਪਰਮੇਸ਼ੁਰ ਨੇ ਉਸ ਪਰਬਤ ਦੀ ਚੋਟੀ ਉੱਤੇ ਆਪਣਾ
ਪਵਿੱਤਰ ਮੰਦਰ ਉਸਾਰਿਆ। ਪਰਮੇਸ਼ੁਰ ਨੇ ਆਪਣੇ
ਪਵਿੱਤਰ ਮੰਦਰ ਨੂੰ ਧਰਤੀ ਵਾਂਗ ਹੀ ਸਦਾ ਲਈ ਰਹਿਣ
ਲਈ ਉਸਾਰਿਆ।
70 ਪਰਮੇਸ਼ੁਰ ਨੇ ਦਾਊਦ ਨੂੰ ਆਪਣਾ ਖਾਸ ਸੇਵਕ ਹੋਣ ਲਈ
ਚੁਣਿਆ। ਦਾਊਦ ਭੇਡਾਂ ਦੇ ਵਾੜਿਆਂ ਦਾ ਰੱਖਵਾਲਾ ਸੀ
ਪਰ ਪਰਮੇਸ਼ੁਰ ਨੇ ਉਸ ਤੋਂ ਇਹ ਕੰਮ ਛੁਡਾ ਦਿੱਤਾ।
71 ਦਾਊਦ ਭੇਡਾਂ ਦੀ ਦੇਖ-ਭਾਲ ਕਰਦਾ ਸੀ ਪਰ ਪਰਮੇਸ਼ੁਰ ਨੇ
ਉਸ ਤੋਂ ਇਹ ਕੰਮ ਛੁਡਾ ਦਿੱਤਾ। ਪਰਮੇਸ਼ੁਰ ਨੇ ਦਾਊਦ ਨੂੰ
ਆਪਣੇ ਲੋਕਾਂ ਨੂੰ ਯਾਕੂਬ ਦੇ ਲੋਕਾਂ ਨੂੰ, ਇਸਰਾਏਲ ਦੇ ਲੋਕਾਂ
ਨੂੰ ਅਤੇ ਪਰਮੇਸ਼ੁਰ ਦੀ ਮਿਲਖ ਨੂੰ ਪਾਲਣ ਦਾ ਕੰਮ ਦਿੱਤਾ।
72 ਅਤੇ ਦਾਊਦ ਨੇ ਸ਼ੁੱਧ ਹਿਰਦੇ ਨਾਲ ਉਨ੍ਹਾਂ ਦੀ ਅਗਵਾਈ
ਕੀਤੀ। ਉਸ ਨੇ ਬਹੁਤ ਸਿਆਣਪ ਨਾਲ ਉਨ੍ਹਾਂ ਦੀ
ਅਗਵਾਈ ਕੀਤੀ।

*ਆਸਾਫ਼ ਦਾ ਇੱਕ ਉਸਤਤ ਗੀਤ।*

**79** 1ਹੇ ਪਰਮੇਸ਼ੁਰ, ਪਰਾਈਆਂ ਕੌਮਾਂ ਦੇ ਲੋਕ ਤੇਰੇ
ਲੋਕਾਂ ਨਾਲ ਲੜਨ ਲਈ ਆਏ ਸਨ। ਉਨ੍ਹਾਂ ਨੇ ਤੇਰੇ
ਪਵਿੱਤਰ ਮੰਦਰ ਨੂੰ ਦੂਸ਼ਿਤ ਕਰ ਦਿੱਤਾ। ਉਨ੍ਹਾਂ ਨੇ ਯਰੂਸ਼ਲਮ
ਨੂੰ ਖੰਡਰ ਬਣਾ ਦਿੱਤਾ।
2 ਵੈਰੀਆਂ ਨੇ ਤੇਰੇ ਸੇਵਕਾਂ ਦੀਆਂ ਲਾਸ਼ਾਂ ਨੂੰ ਗਿਲਝਾਂ ਅੱਗੇ
ਖਾਣ ਲਈ ਸੁੱਟ ਦਿੱਤਾ। ਉਨ੍ਹਾਂ ਨੇ ਤੇਰੇ ਪੈਰੋਕਾਰਾਂ ਦੀਆਂ
ਲਾਸ਼ਾਂ ਨੂੰ ਜਾਨਵਰਾਂ ਅੱਗੇ ਖਾਣ ਲਈ ਸੁੱਟ ਦਿੱਤਾ।
3 ਹੇ ਪਰਮੇਸ਼ੁਰ, ਵੈਰੀ ਨੇ ਤੇਰੇ ਲੋਕਾਂ ਨੂੰ ਉਦੋਂ ਤੱਕ ਮਾਰਿਆ
ਅਤੇ ਸੁੱਟਿਆ ਜਦੋਂ ਤੱਕ ਲਹੂ ਦੀਆਂ ਨਦੀਆਂ ਨਾ ਵਗ

ਤੁਰੀਆਂ। ਕੋਈ ਵੀ ਬੰਦਾ ਲਾਸ਼ਾਂ ਦਫ਼ਨਾਉਣ ਲਈ ਨਹੀਂ
ਬਚਿਆ।
4 ਸਾਡੇ ਗੁਆਂਢੀ ਦੇਸ਼ਾਂ ਨੇ ਸਾਨੂੰ ਬੇਇੱਜ਼ਤ ਕੀਤਾ। ਆਲੇ-
ਦੁਆਲੇ ਦੇ ਲੋਕ ਸਾਡੇ ਉੱਤੇ ਹੱਸੇ ਅਤੇ ਉਨ੍ਹਾਂ ਨੇ ਸਾਡਾ
ਮਜ਼ਾਕ ਉਡਾਇਆ।
5 ਹੇ ਪਰਮੇਸ਼ੁਰ, ਕੀ ਤੂੰ ਸਦਾ ਲਈ ਸਾਡੇ ਉੱਤੇ ਕਹਿਰਵਾਨ
ਹੋਵੇਂਗਾ? ਕੀ ਤੇਰੀਆਂ ਕਠੋਰ ਭਾਵਨਾਵਾਂ ਸਾਨੂੰ ਅੱਗ ਵਾਂਗ
ਸਾੜੀ ਜਾਣਗੀਆਂ।
6 ਹੇ ਪਰਮੇਸ਼ੁਰ, ਆਪਣੇ ਗੁੱਸੇ ਨੂੰ ਉਨ੍ਹਾਂ ਕੌਮਾਂ ਵੱਲ ਮੋੜ
ਜਿਹੜੇ ਤੈਨੂੰ ਨਹੀਂ ਜਾਣਦੇ। ਆਪਣਾ ਗੁੱਸਾ ਉਨ੍ਹਾਂ ਕੌਮਾਂ
ਵੱਲ ਮੋੜ ਜਿਹੜੇ ਤੇਰੇ ਨਾਮ ਦੀ ਉਪਾਸਨਾ ਨਹੀਂ ਕਰਦੇ।
7 ਉਨ੍ਹਾਂ ਕੌਮਾਂ ਨੇ ਯਾਕੂਬ ਨੂੰ ਤਬਾਹ ਕੀਤਾ। ਉਨ੍ਹਾਂ ਨੇ ਯਾਕੂਬ
ਦੇ ਦੇਸ ਨੂੰ ਤਬਾਹ ਕਰ ਦਿੱਤਾ।
8 ਹੇ ਪਰਮੇਸ਼ੁਰ, ਸਾਨੂੰ ਸਾਡੇ ਪੁਰਖਿਆਂ ਦੇ ਗੁਨਾਹਾਂ ਲਈ
ਦੰਡ ਨਾ ਦੇ। ਛੇਤੀ ਕਰ, ਸਾਡੇ ਉੱਤੇ ਦਯਾ ਕਰ। ਸਾਨੂੰ ਤੇਰੀ
ਕਿੰਨੀ ਜ਼ਰੂਰਤ ਹੈ।
9 ਸਾਡੇ ਪਰਮੇਸ਼ੁਰ ਅਤੇ ਮੁਕਤੀਦਾਤਾ, ਸਾਡੀ ਸਹਾਇਤਾ
ਕਰ। ਸਾਡੀ ਸਹਾਇਤਾ ਕਰ। ਸਾਨੂੰ ਬਚਾ। ਇਸ ਨਾਲ
ਤੇਰਾ ਨਾਮ ਮਹਿਮਾਮਈ ਹੋਵੇਗਾ। ਆਪਣੇ ਨਾਮ ਦੀ
ਮਹਿਮਾ ਦੇ ਲਈ ਸਾਡੇ ਪਾਪਾਂ ਨੂੰ ਮਾਫ ਕਰ ਦੇ।
10 ਦੂਸਰੀਆਂ ਕੌਮਾਂ ਕਾਹ ਨੂੰ ਕਹਿਣ, "ਭਈ ਉਨ੍ਹਾਂ ਦਾ
ਪਰਮੇਸ਼ੁਰ ਕਿੱਥੇ ਹੈ? ਕੀ ਉਹ ਤੁਹਾਡੀ ਸਹਾਇਤਾ ਨਹੀਂ
ਕਰ ਸਕਦਾ?" ਹੇ ਪਰਮੇਸ਼ੁਰ, ਉਨ੍ਹਾਂ ਲੋਕਾਂ ਨੂੰ ਦੰਡ ਦੇ ਤਾਂ ਜੋ
ਅਸੀਂ ਵੇਖ ਸਕੀਏ। ਉਨ੍ਹਾਂ ਨੂੰ ਤੇਰੇ ਸੇਵਕਾਂ ਨੂੰ ਮਾਰਨ ਦਾ
ਦੰਡ ਦੇ।
11 ਕਿਰਪਾ ਕਰਕੇ ਕੈਦੀਆਂ ਦੀ ਧਾਹ ਸੁਣ। ਹੇ ਪਰਮੇਸ਼ੁਰ,
ਆਪਣੀ ਮਹਾਨ ਸ਼ਕਤੀ ਦਾ ਇਸਤੇਮਾਲ ਕਰ ਅਤੇ ਉਨ੍ਹਾਂ
ਲੋਕਾਂ ਨੂੰ ਬਚਾ ਲੈ ਜਿਨ੍ਹਾਂ ਨੂੰ ਮੌਤ ਦੇ ਰਵਾਲੇ ਕੀਤਾ ਗਿਆ ਹੈ।
12 ਹੇ ਪਰਮੇਸ਼ੁਰ, ਸਾਡੇ ਆਲੇ-ਦੁਆਲੇ ਦੇ ਲੋਕਾਂ ਨੂੰ ਸੱਤ ਵਾਰੀ
ਦੰਡ ਦੇ ਜੋ ਉਨ੍ਹਾਂ ਨੇ ਸਾਡੇ ਨਾਲ ਇੱਕ ਵਾਰੀ ਕੀਤਾ ਸੀ।
ਉਨ੍ਹਾਂ ਲੋਕਾਂ ਨੂੰ ਤੈਨੂੰ ਬੇਇੱਜ਼ਤ ਕਰਨ ਦੇ ਬਦਲੇ ਦੰਡ ਦੇ।
13 ਅਸੀਂ ਤੇਰੇ ਬੰਦੇ ਹਾਂ। ਅਸੀਂ ਤੇਰੇ ਇਜ਼ੜ ਦੀਆਂ ਭੇਡਾਂ ਹਾਂ।
ਅਸੀਂ ਸਦਾ ਹੀ ਤੇਰੀ ਉਸਤਤ ਕਰਾਂਗੇ। ਹੇ ਪਰਮੇਸ਼ੁਰ,
ਅਸੀਂ ਸਦਾ-ਸਦਾ ਹੀ ਤੇਰੀ ਉਸਤਤ ਕਰਾਂਗੇ।

*ਨਿਰਦੇਸ਼ਕ ਲਈ: "ਕਰਾਰ ਦੀ ਕੁਮਦਿਨੀ" ਦੀ ਧੁਨੀ
ਲਈ ਆਸਾਫ਼ ਦਾ ਇੱਕ ਉਸਤਤ ਗੀਤ।*

**80** 1ਇਸਰਾਏਲ ਦੇ ਆਜੜੀ, ਕਿਰਪਾ ਕਰਕੇ
ਮੇਰੀ ਸੁਣ। ਤੂੰ ਯੂਸੁਫ਼ ਦੀਆਂ ਭੇਡਾਂ (ਲੋਕਾਂ) ਦੀ
ਅਗਵਾਈ ਕਰਦਾ ਹੈਂ। ਤੂੰ ਤੇਜ਼ ਦੇ ਕਰੂਬੀ ਉੱਪਰ ਰਾਜੇ
ਵਾਂਗ ਬਿਰਾਜਮਾਨ ਹੈਂ। ਸਾਨੂੰ ਤੈਨੂੰ ਵੇਖਣ ਦਿਓ।
2 ਇਸਰਾਏਲ ਦੇ ਆਜੜੀ, ਆਪਣੀ ਮਹਾਨਤਾ ਇਫ਼ਰਾਈਮ,
ਬਿਨਯਾਮੀਨ ਅਤੇ ਮਨੱਸ਼ਹ ਲਈ ਪਰਗਟ ਕਰ।
3 ਹੇ ਪਰਮੇਸ਼ੁਰ, ਸਾਨੂੰ ਇੱਕ ਵਾਰ ਫ਼ੇਰ ਪ੍ਰਵਾਨ ਕਰ। ਸਾਨੂੰ
ਪ੍ਰਵਾਨ ਕਰ, ਸਾਨੂੰ ਬਚਾ।
4 ਯਹੋਵਾਹ ਸਰਬ ਸ਼ਕਤੀਮਾਨ, ਤੂੰ ਸਾਡੀਆਂ ਪ੍ਰਾਰਥਨਾ ਕਦੋਂ
ਸੁਣੇਗਾ। ਕੀ ਸਦਾ ਲਈ ਸਾਡੇ ਉੱਤੇ ਕਹਿਰਵਾਨ ਹੋਵੇਂਗਾ।
5 ਤੂੰ ਆਪਣੇ ਲੋਕਾਂ ਨੂੰ ਹੰਝੂ ਦਿੱਤੇ ਹਨ, ਤੂੰ ਆਪਣੇ ਲੋਕਾਂ ਨੂੰ
ਖਾਣ ਲਈ ਉਨ੍ਹਾਂ ਦੇ ਹੰਝੂਆਂ ਨਾਲ ਭਰੇ ਹੋਏ ਪਿਆਲੇ ਦਿੱਤੇ
ਹਨ। ਇਹੀ ਉਨ੍ਹਾਂ ਦੇ ਪੀਣ ਲਈ ਪਾਣੀ ਸੀ।
6 ਤੂੰ ਸਾਨੂੰ ਸਾਡੇ ਗੁਆਂਢੀਆਂ ਲਈ ਝਗੜੇ ਦਾ ਕਰਣ ਬਣਾ
ਦਿੱਤਾ। ਸਾਡੇ ਵੈਰੀ ਸਾਡੇ ਉੱਤੇ ਹੱਸਦੇ ਹਨ।
7 ਸਰਬ ਸ਼ਕਤੀਮਾਨ ਪਰਮੇਸ਼ੁਰ, ਸਾਨੂੰ ਇੱਕ ਵਾਰੀ ਫ਼ੇਰ
ਪ੍ਰਵਾਨ ਕਰ। ਸਾਨੂੰ ਪ੍ਰਵਾਨ ਕਰ, ਸਾਨੂੰ ਬਚਾ।
8 ਅਤੀਤ ਵਿੱਚ ਤੂੰ ਸਾਡੇ ਨਾਲ ਬਹੁਤ ਮਹੱਤਵਪੂਰਣ ਬੂਟੇ
ਵਰਗਾ ਵਿਹਾਰ ਕੀਤਾ ਸੀ। ਤੂੰ ਆਪਣੀ "ਵੇਲ" ਨੂੰ ਮਿਸਰ
ਤੋਂ ਬਾਹਰ ਲਿਆਂਦਾ ਸੀ। ਤੂੰ ਹੋਰਨਾਂ ਲੋਕਾਂ ਨੂੰ ਇਹ ਧਰਤੀ
ਛੱਡਣ ਲਈ ਮਜ਼ਬੂਰ ਕਰ ਦਿੱਤਾ ਸੀ। ਅਤੇ ਆਪਣੀ
"ਵੇਲ" ਨੂੰ ਇੱਥੇ ਬੀਜ ਦਿੱਤਾ ਸੀ।
9 ਤੂੰ "ਵੇਲ" ਲਈ ਭੂਮੀ ਤਿਆਰ ਕੀਤੀ। ਤੂੰ ਇਸ ਦੀ ਜੜ੍ਹ
ਦੀ ਮਜ਼ਬੂਤੀ ਲਈ ਸਹਾਇਤਾ ਕੀਤੀ। ਛੇਤੀ ਹੀ "ਵੇਲ"
ਸਾਰੀ ਜ਼ਮੀਨ ਉੱਤੇ ਫ਼ੈਲ ਗਈ।
10 ਇਸ ਨੇ ਪਰਬਤਾਂ ਨੂੰ ਢੱਕ ਦਿੱਤਾ ਸੀ ਇਸ ਦੇ ਪੱਤਿਆਂ ਨੇ
ਦਿਉਦਾਰ ਦੇ ਰੁੱਖਾਂ ਉੱਤੇ ਵੀ ਛਾਂ ਕਰ ਦਿੱਤੀ ਸੀ।
11 ਇਸ ਦੀਆਂ ਸ਼ਾਖਾਵਾਂ ਭੂਮੱਧ ਸਾਗਰ ਤੱਕ ਫ਼ੈਲ ਗਈਆਂ
ਇਸ ਦੀਆਂ ਟਹਿਣੀਆਂ ਫ਼ਰਾਤ ਨਦੀ ਤੱਕ ਫ਼ੈਲ ਗਈਆਂ।
12 ਹੇ ਪਰਮੇਸ਼ੁਰ, ਤੂੰ ਉਹ ਕੰਧਾਂ ਕਿਉਂ ਢਾਹ ਦਿੱਤੀਆਂ
ਜਿਹੜੀਆਂ ਤੁਹਾਡੀ "ਵੇਲ" ਦੀ ਰੱਖਿਆ ਕਰਦੀਆਂ ਹਨ।
ਹੁਣ ਹਰ ਲੰਘਣ ਵਾਲਾ ਇਸ ਦੇ ਅੰਗੂਰ ਤੋੜ ਲੈਂਦਾ ਹੈ।
13 ਜੰਗਲੀ ਸੂਰ ਆਉਂਦੇ ਹਨ ਅਤੇ ਆ ਕੇ ਤੁਹਾਡੀ "ਵੇਲ" ਨੂੰ
ਲਤਾੜ ਦਿੰਦੇ ਹਨ। ਜੰਗਲੀ ਜਾਨਵਰ ਆਉਂਦੇ ਹਨ ਅਤੇ
ਇਸ ਦੇ ਪੱਤੇ ਖਾ ਜਾਂਦੇ ਹਨ।
14 ਹੇ ਪਰਮੇਸ਼ੁਰ, ਸਰਬ ਸ਼ਕਤੀਮਾਨ ਕਿਰਪਾ ਕਰਕੇ ਵਾਪਸ
ਆ ਅਤੇ ਸਵਰਗ ਵਿੱਚੋਂ ਹੇਠਾਂ ਆਪਣੀ "ਵੇਲ" ਵੱਲ ਵੇਖ
ਅਤੇ ਇਸ ਦੀ ਰੱਖਿਆ ਕਰ।
15 ਹੇ ਪਰਮੇਸ਼ੁਰ, ਆਪਣੀ ਵੇਲ ਵੱਲ ਵੇਖ ਜਿਸ ਨੂੰ ਤੂੰ ਆਪਣੇ
ਹੱਥੀਂ ਬੀਜਿਆ ਸੀ। ਉਸ ਜਵਾਨ ਬੂਟੇ ਵੱਲ ਵੇਖ ਜਿਸ ਨੂੰ
ਤੂੰ ਆਪਣੇ ਲਈ ਉਗਾਇਆ ਸੀ।
16 ਤੁਹਾਡੀ ਭਿਆਨਕ ਝਿੜਕ ਦੇ ਕਾਰਣ ਇਹ ਇੱਕ ਸੁੱਕੇ ਗੋਹੇ
ਵਾਂਗ ਸਾੜ ਦਿੱਤੀ ਗਈ ਹੈ।
17 ਹੇ ਪਰਮੇਸ਼ੁਰ, ਆਪਣੇ ਹੱਥ ਨਾਲ ਉਸ ਆਦਮੀ ਕੋਲ
ਪਹੁੰਚ, ਜਿਹੜਾ ਤੇਰੇ ਸੱਜੇ ਹੱਥ ਖੜ੍ਹੋਂਦਾ ਹੈ। ਉਸ ਕੋਲ
ਪਹੁੰਚ ਜਿਸ ਨੂੰ ਤੂੰ ਆਪਣੀ ਖ਼ਾਤਰ ਵੱਧਣ ਵਿੱਚ ਮਦਦ
ਕੀਤੀ ਸੀ।
18 ਤਾਂ ਅਸੀਂ ਤੇਰੇ ਕੋਲੋਂ ਫ਼ੇਰ ਤੋਂ ਬੇਮੁੱਖ ਨਹੀਂ ਹੋਵਾਂਗੇ। ਸਾਨੂੰ
ਜੀਵਨ ਦੇ ਤਾਂ ਜੋ ਤੇਰੇ ਨਾਮ ਦੁਆਰਾ ਬੁਲਾਏ ਜਾਈਏ।
19 ਸਰਬ ਸ਼ਕਤੀਮਾਨ ਯਹੋਵਾਹ, ਸਾਨੂੰ ਜਵਾਬ ਦੇ ਸਾਨੂੰ
ਅਸੀਸ ਦੇ ਅਤੇ ਅਸੀਂ ਬਚਾਏ ਜਾਵਾਂਗੇ।

*ਨਿਰਦੇਸ਼ਕ ਲਈ: "ਕਰਾਰ ਦੀ ਕੁਮਦਿਨੀ" ਦੀ ਧੁਨੀ
ਲਈ ਆਸਾਫ਼ ਦਾ ਇੱਕ ਉਸਤਤ ਗੀਤ।*

**81** 1ਖੁਸ਼ ਹੋਵੋ ਅਤੇ ਪਰਮੇਸ਼ੁਰ ਦਾ ਗੀਤ ਗਾਵੋ ਜਿਹੜਾ
ਸਾਡੀ ਤਾਕਤ ਹੈ। ਇਸਰਾਏਲ ਦੇ ਪਰਮੇਸ਼ੁਰ ਨੂੰ
ਖੁਸ਼ੀ ਦੇ ਜੈਕਾਰੇ ਗਜਾਉ।

2 ਸੰਗੀਤ ਸ਼ੁਰੂ ਕਰੋ, ਤੰਬੂਰੀਆਂ ਵਜਾਉ। ਮਨ ਭਾਉਂਦੇ
ਰਬਾਬ ਅਤੇ ਸਾਰੰਗੀਆਂ ਵਜਾਉ।
3 ਮੱਸਿਆ ਅਤੇ ਪੁੰਨਿਆ ਦੇ ਤਿਉਹਾਰਾਂ ਵੇਲੇ ਤੁਰ੍ਹੀਆਂ
ਵਜਾਉ ਜਦੋਂ ਸਾਡੀਆਂ ਛੁੱਟੀਆਂ ਸ਼ੁਰੂ ਹੁੰਦੀਆਂ ਹਨ।
4 ਇਸਰਾਏਲ ਦੇ ਲੋਕਾਂ ਲਈ ਇਹੀ ਬਿਧੀ ਹੈ। ਪਰਮੇਸ਼ੁਰ
ਨੇ ਇਹੀ ਹੁਕਮ ਯਾਕੂਬ ਨੂੰ ਦਿੱਤਾ ਸੀ।
5 ਪਰਮੇਸ਼ੁਰ ਨੇ ਇਹ ਇਕਰਾਰ ਯੂਸੁਫ਼ ਨਾਲ ਕੀਤਾ, ਜਦੋਂ
ਪਰਮੇਸ਼ੁਰ ਉਸ ਨੂੰ ਮਿਸਰ ਤੋਂ ਬਾਹਰ ਲੈ ਗਿਆ ਸੀ।
ਮਿਸਰ ਵਿੱਚ ਅਸੀਂ ਉਹ ਭਾਸ਼ਾ ਸੁਣੀ, ਜਿਹੜੀ ਅਸੀਂ
ਸਮਝਦੇ ਨਹੀਂ ਸਾਂ।
6 ਪਰਮੇਸ਼ੁਰ ਆਖਦਾ ਹੈ, "ਮੈਂ ਤੇਰੇ ਮੋਢਿਆਂ ਤੋਂ ਭਾਰ ਲਾਹ
ਲਿਆ ਹੈ। ਮੈਂ ਤੇਰੀ ਮਜ਼ਦੂਰੀ ਦੀ ਟੋਕਰੀ ਲੁਹਾ ਦਿੱਤੀ।
7 ਤੂੰ ਲੋਕ ਮੁਸੀਬਤਾਂ ਵਿੱਚ ਸੀ। ਤੂੰ ਮੇਰੀ ਸਹਾਇਤਾ
ਲਈ ਦੁਹਾਈ ਦਿੱਤੀ, ਅਤੇ ਮੈਂ ਤੈਨੂੰ ਮੁਕਤ ਕੀਤਾ। ਮੈਂ
ਆਪਣੇ-ਆਪ ਨੂੰ ਤੂਫ਼ਾਨੀ ਬੱਦਲਾਂ ਵਿੱਚ ਛੁਪਾ ਰਿਹਾ ਸੀ
ਅਤੇ ਤੈਨੂੰ ਜਵਾਬ ਦਿੱਤਾ। ਮੈਂ ਤੈਨੂੰ ਮਰੀਬਾਹ[a] ਦੇ ਪਾਣੀ
ਦੁਆਰਾ ਪਰਖਿਆ।
8 ਮੇਰੇ ਲੋਕੋ, ਮੈਨੂੰ ਸੁਣੋ ਅਤੇ ਮੈਂ ਤੁਹਾਨੂੰ ਆਪਣਾ ਕਰਾਰ
ਦੇਵਾਂਗਾ। ਇਸ ਲਈ, ਕਿਰਪਾ ਕਰਕੇ ਮੇਰੀ ਗੱਲ ਸੁਣੋ।
9 ਉਨ੍ਹਾਂ ਝੂਠੇ ਦੇਵਤਿਆਂ ਦੀ ਪੂਜਾ ਨਾ ਕਰੋ ਜਿਨ੍ਹਾਂ ਦੀ
ਉਪਾਸਨਾ ਵਿਦੇਸ਼ੀ ਲੋਕ ਕਰਦੇ ਹਨ।
10 ਮੈਂ ਯਹੋਵਾਹ ਤੇਰਾ ਪਰਮੇਸ਼ੁਰ ਹਾਂ। ਮੈਂ ਤੈਨੂੰ ਮਿਸਰ ਤੋਂ
ਬਾਹਰ ਲਿਆਇਆ। ਇਸਰਾਏਲ, ਆਪਣਾ ਮੂੰਹ ਖੋਲ੍ਹ
ਅਤੇ ਮੈਂ ਇਸ ਨੂੰ ਭਰ ਦੇਵਾਂਗਾ।
11 ਪਰ ਮੇਰੇ ਲੋਕਾਂ ਨੇ ਮੇਰੀ ਗੱਲ ਨਹੀਂ ਸੁਣੀ, ਇਸਰਾਏਲ ਨੇ
ਮੇਰਾ ਹੁਕਮ ਨਹੀਂ ਮੰਨਿਆ।
12 ਇਸ ਲਈ ਮੈਂ ਉਨ੍ਹਾਂ ਨੂੰ ਮਨਮਾਨੀਆਂ ਕਰਨ ਦਿੱਤੀਆਂ,
ਇਸਰਾਏਲ ਨੇ ਉਹੀ ਕੀਤਾ ਜੋ ਉਸ ਨੇ ਚਾਹਿਆ।
13 ਜੇ ਮੇਰੇ ਲੋਕ ਮੇਰੀ ਗੱਲ ਸੁਣਦੇ ਅਤੇ ਉਸ ਢੰਗ ਨਾਲ
ਰਹਿੰਦੇ ਜਿਵੇਂ ਮੈਂ ਚਾਹੁੰਦਾ ਸੀ ਕਿ ਉਹ ਜਿਉਣ।
14 ਫ਼ੇਰ ਮੈਂ ਉਨ੍ਹਾਂ ਦੇ ਵੈਰੀਆਂ ਨੂੰ ਹਰਾ ਦਿੰਦਾ ਮੈਂ ਉਨ੍ਹਾਂ ਲੋਕਾਂ
ਨੂੰ ਦੰਡ ਦਿੰਦਾ ਜਿਹੜੇ ਇਸਰਾਏਲ ਲਈ ਮੁਸੀਬਤਾਂ
ਲਿਆਉਂਦੇ।
15 ਪਰਮੇਸ਼ੁਰ ਦੇ ਵੈਰੀ ਡਰ ਨਾਲ ਕੰਬਣਗੇ। ਉਹ ਸਦਾ ਲਈ
ਦੰਡੇ ਜਾਣਗੇ।
16 ਪਰਮੇਸ਼ੁਰ ਸਭ ਤੋਂ ਉੱਤਮ ਕਣਕ ਆਪਣੇ ਲੋਕਾਂ ਨੂੰ
ਦੇਵੇਗਾ। ਚੱਟਾਨ ਉਸ ਦੇ ਲੋਕਾਂ ਨੂੰ ਉਦੋਂ ਤੱਕ ਸ਼ਹਿਤ ਦੇਵੇ
ਜਦੋਂ ਤੱਕ ਉਹ ਤ੍ਰਿਪਤ ਨਾ ਹੋ ਜਾਣ।"

*ਆਸਾਫ਼ ਦਾ ਇੱਕ ਉਸਤਤ ਗੀਤ।*

## 82

1 ਪਰਮੇਸ਼ੁਰ ਦੇਵਤਿਆਂ ਦੀ ਸਭਾ ਵਿੱਚ ਖਲੋਤਾ ਹੈ।
ਉਹ ਉਨ੍ਹਾਂ ਦੀ ਸਭਾ ਵਿੱਚ ਨਿਆਂ ਕਰਦਾ ਹੈ।
2 ਪਰਮੇਸ਼ੁਰ ਆਖਦਾ ਹੈ, "ਕਿੰਨਾ ਚਿਰ ਤੁਸੀਂ ਲੋਕਾਂ ਦੇ ਨਿਆਂ
ਪੱਖਪਾਤ ਨਾਲ ਕਰਦੇ ਰਹੋਂਗੇ। ਕਿੰਨਾ ਚਿਰ ਤੁਸੀਂ ਬੁਰੇ ਲੋਕਾਂ
ਨੂੰ ਸਜ਼ਾ ਦੇਣ ਤੋਂ ਬਿਨਾਂ ਜਾਣ ਦਿਉਂਗੇ।
3 ਗਰੀਬਾਂ ਅਤੇ ਯਤੀਮਾਂ ਦੀ ਰੱਖਿਆ ਕਰੋ, ਅਤੇ ਉਨ੍ਹਾਂ
ਗਰੀਬ ਲੋਕਾਂ ਦੇ ਹਕਾਂ ਦੀ ਰੱਖਿਆ ਕਰੋ।
4 ਉਨ੍ਹਾਂ ਗਰੀਬ ਬੇਸਹਾਰਾਂ ਲੋਕਾਂ ਦੀ ਸਹਾਇਤਾ ਕਰੋ। ਉਨ੍ਹਾਂ
ਨੂੰ ਬੁਰੇ ਲੋਕਾਂ ਪਾਸੋਂ ਬਚਾਉ।
5 ਉਹ ਨਹੀਂ ਜਾਣਦੇ ਕਿ ਕੀ ਵਾਪਰ ਰਿਹਾ ਹੈ। ਉਹ ਨਹੀਂ
ਸਮਝਦੇ ਕਿ ਉਹ ਕੀ ਕਰ ਰਹੇ ਹਨ, ਉਨ੍ਹਾਂ ਦੀ ਦੁਨੀਆ
ਉਨ੍ਹਾਂ ਦੇ ਆਲੇ-ਦੁਆਲੇ ਢਹਿ-ਢੇਰੀ ਹੋ ਰਹੀ ਹੈ।"
6 ਮੈਂ ਆਖਿਆ, "ਤੁਸੀਂ ਦੇਵਤੇ ਹੋ। ਤੂੰ ਸਰਬ ਉੱਚ ਪਰਮੇਸ਼ੁਰ
ਦੇ ਪੁੱਤਰ ਹੋ।
7 ਪਰ ਤੁਸੀਂ ਵੀ ਮਰ ਜਾਵੋਗੇ ਜਿਵੇਂ ਸਾਰੇ ਲੋਕਾਂ ਨੂੰ ਮਰਨਾ
ਪੈਂਦਾ ਹੈ। ਤੁਸੀਂ ਉਵੇਂ ਮਰ ਜਾਵੋਗੇ ਜਿਵੇਂ ਹੋਰ ਸਾਰੇ ਆਗੂ
ਮਰਦੇ ਹਨ।"
8 ਹੇ ਪਰਮੇਸ਼ੁਰ, ਉੱਠ, ਅਤੇ ਦੁਨੀਆ ਦੀਆਂ ਸਾਰੀਆਂ ਕੌਮਾਂ
ਦਾ ਨਿਆਂ ਕਰ।

*ਆਸਾਫ਼ ਦਾ ਇੱਕ ਉਸਤਤ ਗੀਤ।*

## 83

1 ਹੇ ਪਰਮੇਸ਼ੁਰ, ਚੁੱਪ ਨਾ ਰਹਿ। ਆਪਣੇ ਕੰਨਾਂ ਨੂੰ ਬੰਦ
ਨਾ ਕਰ। ਕਿਰਪਾ ਕਰਕੇ ਕੁਝ ਤਾਂ ਆਖ ਪਰਮੇਸ਼ੁਰ।
2 ਹੇ ਪਰਮੇਸ਼ੁਰ, ਤੇਰੇ ਵੈਰੀਆਂ ਨੇ ਤੇਰੇ ਖਿਲਾਫ਼ ਸਾਜਿਸ਼ਾਂ
ਘੜੀਆਂ ਅਤੇ ਛੇਤੀ ਹੀ ਉਹ ਹਮਲਾ ਕਰਨਗੇ। ਉਹ ਤੇਰੇ
ਲੋਕਾਂ ਦੇ ਵਿਰੁੱਧ ਖੁਫ਼ੀਆਂ ਯੋਜਨਾਵਾਂ ਬਣਾਉਂਦੇ ਹਨ।
3 ਤੇਰੇ ਵੈਰੀ ਉਨ੍ਹਾਂ ਯੋਜਨਾਵਾਂ ਬਾਰੇ ਬਹਿਸਾਂ ਕਰ ਰਹੇ ਹਨ
ਜਿਹੜੀਆਂ ਉਨ੍ਹਾਂ ਲੋਕਾਂ ਦੇ ਵਿਰੁੱਧ ਹਨ ਜਿਨ੍ਹਾਂ ਨੂੰ ਤੂੰ
ਪਿਆਰ ਕਰਦਾ ਹੈਂ।
4 ਵੈਰੀ ਆਖ ਰਹੇ ਹਨ, "ਆਓ ਇਨ੍ਹਾਂ ਨੂੰ ਪੂਰੀ ਤਰ੍ਹਾਂ ਮਿਟਾ
ਦੇਈਏ। ਕੋਈ ਵੀ ਬੰਦਾ ਫ਼ੇਰ ਇਸਰਾਏਲ ਦਾ ਨਾਮ ਚੇਤੇ
ਨਹੀਂ ਕਰੇਗਾ।"
5 ਹੇ ਪਰਮੇਸ਼ੁਰ, ਉਹ ਸਾਰੇ ਲੋਕ ਤੇਰੇ ਨਾਲ ਅਤੇ ਉਸ ਕਰਾਰ
ਦੇ ਖਿਲਾਫ਼ ਜੋ ਤੂੰ ਸਾਡੇ ਨਾਲ ਕੀਤਾ ਸੀ, ਲੜਨ ਲਈ
ਇਕੱਠੇ ਹੋ ਗਏ ਹਨ।
6-7 ਉਹ ਵੈਰੀ ਸਾਡੇ ਨਾਲ ਲੜਨ ਲਈ ਇੱਕਮੁੱਠ ਹੋ ਗਏ: ਉਹ
ਅਦੋਮ ਦੇ ਇਸ਼ਮਾਈਲੀ ਲੋਕ ਹਨ। ਮੋਆਬ ਅਤੇ ਹਗਰੀ
ਦੀ ਅੰਸ ਗਬਾਲ, ਅੰਮੋਨ ਅਤੇ ਅਮਾਲੇਕ, ਫ਼ਲਿਸਤ ਦੇ
ਲੋਕ ਅਤੇ ਸੂਰ ਦੇ ਵਾਸੀਆਂ ਸਮੇਤ। ਉਹ ਸਾਰੇ ਲੋਕ ਸਾਡੇ
ਖਿਲਾਫ਼ ਲੜਨ ਲਈ ਇੱਕਮੁੱਠ ਹੋ ਗਏ ਸਨ।
8 ਅਸ਼ੂਰੀ ਵੀ ਉਨ੍ਹਾਂ ਲੋਕਾਂ ਨਾਲ ਰਲ ਗਏ ਸਨ। ਉਨ੍ਹਾਂ ਨੇ
ਲੂਤ ਦੀ ਅੰਸ ਨੂੰ ਬਹੁਤ ਸ਼ਕਤੀਸ਼ਾਲੀ ਬਣਾ ਦਿੱਤਾ ਸੀ।
9 ਹੇ ਪਰਮੇਸ਼ੁਰ, ਵੈਰੀ ਨੂੰ ਇਵੇਂ ਹਰਾ ਜਿਵੇਂ ਤੂੰ ਮਿਦਯਾਨ ਨੂੰ
ਹਰਾਇਆ ਸੀ। ਜਿਵੇਂ ਤੂੰ ਸੀਸਰਾ ਅਤੇ ਕੀਸ਼ੋਨ ਨੂੰ ਨਦੀ
ਕੰਢੇ ਹਰਾਇਆ ਸੀ।
10 ਤੂੰ ਉਨ੍ਹਾਂ ਨੂੰ ਏਨ-ਦੋਰ ਵਿਖੇ ਹਰਾਇਆ ਸੀ। ਅਤੇ ਉਨ੍ਹਾਂ
ਦੀਆਂ ਲਾਸ਼ਾਂ ਧਰਤੀ ਉੱਤੇ ਸੜੀਆਂ।
11 ਹੇ ਪਰਮੇਸ਼ੁਰ, ਵੈਰੀ ਦੇ ਆਗੂਆਂ ਨੂੰ ਹਰਾ ਦੇ। ਉਵੇਂ ਹੀ ਕਰ
ਜਿਵੇਂ ਤੂੰ ਓਰੇਬ ਅਤੇ ਜ਼ਏਬ ਨਾਲ ਕੀਤਾ ਸੀ। ਉਹੀ ਕਰ
ਜੋ ਤੂੰ ਜ਼ਬਹ ਅਤੇ ਸਲਮੁੰਨਾ ਨਾਲ ਕੀਤਾ ਸੀ।
12 ਉਨ੍ਹਾਂ ਨੇ ਕਿਹਾ, "ਆਓ, ਪਰਮੇਸ਼ੁਰ ਦੇ ਹਰੇ-ਭਰੇ ਖੇਤਾਂ ਉੱਤੇ
ਕਬਜ਼ਾ ਕਰ ਲਈਏ!"

[a] ***81:7* ਮਰੀਬਾਹ** ਕੂਚ 17:1–17 ਦੇਖੋ।

13 ਉਨ੍ਹਾਂ ਲੋਕਾਂ ਨੂੰ ਅੱਕ ਦੀ ਫ਼ੰਬੀ ਵਾਂਗ ਬਣਾ ਦੇ। ਜੋ ਹਵਾ
ਨਾਲ ਉੱਡ ਜਾਂਦੀ ਹੈ। ਉਨ੍ਹਾਂ ਲੋਕਾਂ ਨੂੰ ਇਵੇਂ ਖਿੰਡਾ ਦੇ ਜਿਵੇਂ
ਹਵਾ ਤਿਨਕਿਆਂ ਨੂੰ ਖਿੰਡਾ ਦਿੰਦੀ ਹੈ।
14 ਵੈਰੀ ਨੂੰ ਤਬਾਹ ਕਰ ਦੇ ਜਿਵੇਂ ਅੱਗ ਜੰਗਲ ਨੂੰ ਤਬਾਹ
ਕਰਦੀ ਹੈ। ਜਿਵੇਂ ਜੰਗਲੀ ਅੱਗ ਪਹਾੜੀਆਂ ਨੂੰ ਸਾੜ
ਸੁੱਟਦੀ ਹੈ।
15 ਹੇ ਪਰਮੇਸ਼ੁਰ, ਉਨ੍ਹਾਂ ਲੋਕਾਂ ਨੂੰ ਤੂਫ਼ਾਨ ਦੁਆਰਾ ਉਡਾਈ
ਜਾਣ ਵਾਲੀ ਧੂੜ ਵਾਂਗ ਦੂਰ ਕੱਢ ਦੇ, ਉਨ੍ਹਾਂ ਨੂੰ ਭੈਭੀਤ ਕਰ
ਦੇ ਅਤੇ ਉਨ੍ਹਾਂ ਨੂੰ ਇੱਕ ਤੂਫ਼ਾਨ ਵਾਂਗ ਪਰ੍ਹਾਂ ਉਡਾ ਦੇ।
16 ਹੇ ਪਰਮੇਸ਼ੁਰ, ਉਨ੍ਹਾਂ ਲੋਕਾਂ ਨੂੰ ਸਬਕ ਸਿਖਾ ਤਾਂ ਜੋ ਉਹ
ਜਾਣ ਲੈਣ ਕਿ ਅਸਲ ਵਿੱਚ ਉਹ ਕਿੰਨੇ ਕਮਜ਼ੋਰ ਹਨ।
ਫ਼ੇਰ ਉਹ ਤੇਰੇ ਨਾਮ ਦੀ ਉਪਾਸਨਾ ਕਰਨੀ ਚਾਹੁੰਣਗੇ।
17 ਹੇ ਪਰਮੇਸ਼ੁਰ, ਉਨ੍ਹਾਂ ਲੋਕਾਂ ਨੂੰ ਡਰਾ ਅਤੇ ਉਨ੍ਹਾਂ ਨੂੰ ਸਦਾ
ਲਈ ਸ਼ਰਮਸਾਰ ਕਰ ਦੇ। ਉਨ੍ਹਾਂ ਨੂੰ ਬੇਇੱਜ਼ਤ ਕਰ ਅਤੇ
ਉਨ੍ਹਾਂ ਨੂੰ ਤਬਾਹ ਕਰ ਦੇ।
18 ਫ਼ੇਰ ਉਹ ਜਾਣਨਗੇ ਕਿ ਤੂੰ ਹੀ ਪਰਮੇਸ਼ੁਰ ਹੈਂ। ਉਹ ਜਾਣ
ਲੈਣਗੇ ਕਿ ਤੇਰਾ ਨਾਮ ਯਹੋਵਾਹ ਹੈ। ਉਹ ਜਾਣ ਲੈਣਗੇ ਕਿ
ਤੂੰ ਸਰਬ ਉੱਚ ਪਰਮੇਸ਼ੁਰ ਹੈਂ, ਸਾਰੇ ਜਗਤ ਦੇ ਪਰਮੇਸ਼ੁਰ।

*ਨਿਰਦੇਸ਼ਕ ਲਈ: ਗਿੱਤੀਥ ਦੀ ਸੰਗਤ ਕੋਰਹ ਪਰਿਵਾਰ ਵੱਲੋਂ ਇੱਕ ਉਸਤਤ ਗੀਤ।*

**84** [1]ਸਰਬ ਸ਼ਕਤੀਮਾਨ ਯਹੋਵਾਹ, ਤੇਰਾ ਮੰਦਰ
ਸੱਚਮੁੱਚ ਹੀ ਪਿਆਰਾ ਹੈ।
2 ਯਹੋਵਾਹ, ਮੈਂ ਤੇਰੇ ਮੰਦਰ ਵਿੱਚ ਦਾਖਲ ਹੋਣ ਲਈ ਹੋਰ
ਵਧੇਰੇ ਇੰਤਜ਼ਾਰ ਨਹੀਂ ਕਰ ਸਕਦਾ। ਮੈਂ ਇੰਨਾ ਉਤਸਾਹਿਤ
ਹਾਂ। ਮੇਰੇ ਸਰੀਰ ਦਾ ਰੋਮ-ਰੋਮ ਜੀਉਂਦੇ ਪਰਮੇਸ਼ੁਰ ਦਾ ਸਾਥ
ਚਾਹੁੰਦਾ ਹੈ।
3 ਯਹੋਵਾਹ ਸਰਬ ਸ਼ਕਤੀਮਾਨ, ਮੇਰੇ ਰਾਜੇ, ਮੇਰੇ ਪਰਮੇਸ਼ੁਰ,
ਪੰਛੀਆਂ ਨੇ ਵੀ ਤੇਰੇ ਮੰਦਰ ਵਿੱਚ ਘਰ ਬਣਾ ਲਿਆ ਹੈ।
ਉਹ ਤੇਰੀ ਜਗਵੇਦੀ ਨੇੜੇ ਆਪਣੇ ਆਲ੍ਹਣੇ ਬਣਾਉਂਦੇ ਹਨ
ਅਤੇ ਉੱਥੇ ਹੀ ਉਹ ਆਪਣੇ ਬੱਚੇ ਰੱਖਦੇ ਹਨ।
4 ਤੇਰੇ ਮੰਦਰ ਵਿੱਚ ਰਹਿਣ ਵਾਲੇ ਲੋਕ ਬਹੁਤ ਸੁਭਾਗੇ ਹਨ।
ਉਹ ਹਾਲੇ ਵੀ ਤੇਰੀ ਉਸਤਤ ਕਰ ਰਹੇ ਹਨ।
5 ਦਿਲਾਂ ਅੰਦਰ ਗੀਤ ਲੈ ਕੇ ਆਉਣ ਵਾਲੇ ਲੋਕ ਤੇਰੇ ਮੰਦਰ
ਵਿੱਚ ਬਹੁਤ ਖੁਸ਼ ਹਨ।
6 ਉਹ ਬਾਕਾ ਵਾਦੀ ਵਿੱਚੋਂ ਦੀ ਸਫ਼ਰ ਕਰਦੇ ਹਨ ਉਹ ਇਸ ਨੂੰ
ਚਸ਼ਮੇ ਵਾਂਗ ਬਣਾ ਦਿੰਦੇ ਹਨ। ਪਤਝੜ ਦੀ ਵਰਖਾ ਪਾਣੀ
ਦੇ ਤਲਾ ਬਣਾਉਂਦੀ ਹੈ।
7 ਉਹ ਲੋਕੀਂ ਸੀਯੋਨ ਵੱਲ ਜਾਂਦੇ ਆਪਣੇ ਰਾਹ ਉੱਤੇ ਸ਼ਹਿਰੋਂ-
ਸ਼ਹਿਰ ਸਫ਼ਰ ਕਰਦੇ ਹਨ ਜਿੱਥੇ ਉਹ ਆਪਣੇ ਪਰਮੇਸ਼ੁਰ ਨੂੰ
ਮਿਲਣਗੇ।
8 ਯਹੋਵਾਹ ਸਰਬ ਸ਼ਕਤੀਮਾਨ ਮੇਰੀ ਪ੍ਰਾਰਥਨਾ ਸੁਣ।
ਯਾਕੂਬ ਦੇ ਪਰਮੇਸ਼ੁਰ, ਮੇਰੀ ਵੱਲ ਕੰਨ ਲਾ।
9 ਹੇ ਪਰਮੇਸ਼ੁਰ, ਸਾਡੇ ਰੱਖਿਅਕ ਦੀ ਰੱਖਿਆ ਕਰ। ਆਪਣੇ
ਚੁਣੇ ਹੋਏ ਰਾਜੇ ਉੱਤੇ ਮਿਹਰ ਕਰ।
10 ਤੇਰੇ ਮੰਦਰ ਵਿੱਚਲਾ ਇੱਕ ਵੀ ਦਿਨ ਕਿਸੇ ਹੋਰ ਥਾਂ ਦੇ
ਹਜ਼ਾਰਾਂ ਦਿਨਾ ਨਾਲੋਂ ਬਿਹਤਰ ਹੈ। ਮੇਰੇ ਪਰਮੇਸ਼ੁਰ ਦੇ ਘਰ
ਦੇ ਦਰਾਂ ਉੱਤੇ ਖੜ੍ਹੇ ਹੋਣਾ ਦੁਸ਼ਟ ਵਿਅਕਤੀ ਦੇ ਘਰੇ ਰਹਿਣ
ਨਾਲੋਂ ਬਿਹਤਰ ਹੈ।
11 ਯਹੋਵਾਹ ਹੀ ਸਾਡਾ ਰੱਖਿਅਕ ਅਤੇ ਗੌਰਵਮਈ ਰਾਜਾ
ਹੈ। ਪਰਮੇਸ਼ੁਰ ਸਾਨੂੰ ਦਯਾ ਅਤੇ ਮਹਿਮਾ ਨਾਲ ਅਸੀਸ
ਦਿੰਦਾ ਹੈ। ਯਹੋਵਾਹ ਉਨ੍ਹਾਂ ਲੋਕਾਂ ਨੂੰ ਹਰ ਚੰਗੀ ਸ਼ੈਅ ਦਿੰਦਾ
ਹੈ ਜਿਹੜੇ ਉਸ ਦੇ ਪਿੱਛੇ ਤੁਰਦੇ ਹਨ ਅਤੇ ਉਸ ਦਾ ਆਖਾ
ਮੰਨਦੇ ਹਨ।
12 ਯਹੋਵਾਹ ਸਰਬ ਸ਼ਕਤੀਮਾਨ ਜਿਹੜੇ ਲੋਕ ਤੇਰੇ ਉੱਤੇ
ਵਿਸ਼ਵਾਸ ਕਰਦੇ ਹਨ ਉਹ ਸੱਚਮੁੱਚ ਪ੍ਰਸੰਨ ਹਨ।

*ਨਿਰਦੇਸ਼ਕ ਲਈ: ਕੋਰਹ ਪਰਿਵਾਰ ਵੱਲੋਂ ਇੱਕ ਉਸਤਤ ਗੀਤ।*

**85** [1]ਯਹੋਵਾਹ, ਆਪਣੇ ਦੇਸ ਉੱਤੇ ਮਿਹਰਬਾਨ ਹੋਵੇ।
ਉਨ੍ਹਾਂ ਨੂੰ ਜਲਾਵਤਨੀ ਤੋਂ ਉਨ੍ਹਾਂ ਦੇ ਦੇਸ ਵਿੱਚ ਵਾਪਸ
ਲਿਆ।
2 ਯਹੋਵਾਹ, ਆਪਣੇ ਲੋਕਾਂ ਨੂੰ ਬਖਸ਼ ਦੇ। ਉਨ੍ਹਾਂ ਦੇ ਗੁਨਾਹ
ਮਿਟਾ ਦੇ।
3 ਯਹੋਵਾਹ, ਕਹਿਰਵਾਨ ਹੋਣਾ ਛੱਡ। ਗੁੱਸੇ ਨਾ ਹੋ।
4 ਸਾਡੇ ਪਰਮੇਸ਼ੁਰ ਅਤੇ ਮੁਕਤੀਦਾਤਾ, ਸਾਡੇ ਉੱਤੇ ਕਹਿਰਵਾਨ
ਨਾ ਹੋ, ਅਤੇ ਸਾਨੂੰ ਇੱਕ ਵਾਰੀ ਫ਼ੇਰ ਪ੍ਰਵਾਨ ਕਰ ਲਵੇ।
5 ਕੀ ਤੂੰ ਸਾਡੇ ਉੱਤੇ ਸਦਾ ਲਈ ਕਹਿਰਵਾਨ ਰਹੇਂਗਾ?
6 ਦਯਾ ਕਰ ਅਤੇ ਸਾਨੂੰ ਫ਼ਿਰ ਤੋਂ ਜਿਉਣ ਜੋਗੇ ਬਣਾ ਦੇ।
ਆਪਣੇ ਲੋਕਾਂ ਨੂੰ ਖੁਸ਼ ਕਰ।
7 ਯਹੋਵਾਹ, ਸਾਨੂੰ ਬਚਾ ਅਤੇ ਸਾਡੇ ਉੱਤੇ ਪਰਗਟ ਕਰ ਕਿ
ਤੂੰ ਸਾਨੂੰ ਪਿਆਰ ਕਰਦਾ ਹੈਂ।
8 ਯਹੋਵਾਹ ਪਰਮੇਸ਼ੁਰ ਨੇ ਜੋ ਕੁਝ ਆਖਿਆ ਮੈਂ ਸੁਣਿਆ।
ਉਸ ਨੇ ਆਖਿਆ ਸੀ ਕਿ ਉਸ ਦੇ ਲੋਕਾਂ ਅਤੇ ਵਫ਼ਾਦਾਰ
ਪੈਰੋਕਾਰਾਂ ਲਈ ਅਮਨ ਹੋਵੇਗਾ। ਇਸ ਲਈ ਉਨ੍ਹਾਂ ਨੂੰ
ਮੂਰਖਾਂ ਵਾਲੇ ਜੀਵਨ ਢੰਗ ਵੱਲ ਨਹੀਂ ਮੁੜ ਜਾਣਾ ਚਾਹੀਦਾ।
9 ਪਰਮੇਸ਼ੁਰ ਛੇਤੀ ਆਪਣੇ ਪੈਰੋਕਾਰਾਂ ਨੂੰ ਬਚਾਏਗਾ। ਅਸੀਂ
ਛੇਤੀ ਹੀ ਇੱਜ਼ਤ ਨਾਲ ਆਪਣੀ ਜ਼ਮੀਨ ਉੱਤੇ ਰਹਾਂਗੇ।
10 ਪਰਮੇਸ਼ੁਰ ਦਾ ਸੱਚਾ ਪਿਆਰ ਉਸ ਦੇ ਵਫ਼ਾਦਾਰ ਲੋਕਾਂ ਨੂੰ
ਮਿਲੇਗਾ। ਭਲਿਆਈ ਅਤੇ ਅਮਨ ਚੁੰਮਣ ਨਾਲ ਉਹ
ਉਨ੍ਹਾਂ ਦਾ ਸਵਾਗਤ ਕਰਨਗੇ।
11 ਧਰਤੀ ਦੇ ਲੋਕ ਪਰਮੇਸ਼ੁਰ ਦੇ ਵਫ਼ਾਦਾਰ ਹੋਣਗੇ ਅਤੇ
ਸਵਰਗ ਦਾ ਪਰਮੇਸ਼ੁਰ ਵੀ ਉਨ੍ਹਾਂ ਨਾਲ ਚੰਗਾ ਵਿਹਾਰ
ਕਰੇਗਾ।
12 ਯਹੋਵਾਹ ਸਾਨੂੰ ਬਹੁਤ ਸਾਰੀਆਂ ਚੰਗੀਆਂ ਚੀਜ਼ਾਂ ਦੇਵੇਗਾ।
ਧਰਤੀ ਬਹੁਤ ਸਾਰੀਆਂ ਚੰਗੀਆਂ ਫ਼ਸਲਾਂ ਉਗਾਏਗੀ।
13 ਭਲਿਆਈ ਪਰਮੇਸ਼ੁਰ ਦੇ ਅੱਗੇ ਜਾਵੇਗੀ ਅਤੇ ਉਸ ਦਾ
ਰਾਹ ਤਿਆਰ ਕਰੇਗੀ।

*ਦਾਊਦ ਦੀ ਇੱਕ ਪ੍ਰਾਰਥਨਾ।*

**86** [1]ਮੈਂ ਇੱਕ ਗਰੀਬ ਬੇਸਹਾਰਾ ਆਦਮੀ ਹਾਂ।
ਯਹੋਵਾਹ, ਕਿਰਪਾ ਕਰਕੇ ਮੇਰੀ ਸੁਣ ਅਤੇ ਮੈਨੂੰ
ਮੇਰੀ ਪ੍ਰਾਰਥਨਾ ਦਾ ਉੱਤਰ ਦੇ।
2 ਯਹੋਵਾਹ, ਮੈਂ ਤੇਰਾ ਪੈਰੋਕਾਰ ਹਾਂ। ਕਿਰਪਾ ਕਰਕੇ ਮੈਨੂੰ
ਬਚਾ। ਮੈਂ ਤੁਹਾਡਾ ਸੇਵਕ ਹਾਂ। ਤੂੰ ਮੇਰਾ ਪਰਮੇਸ਼ੁਰ ਹੈਂ।

ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ। ਇਸੇ ਲਈ ਤੂੰ ਮੇਰੀ
ਰੱਖਿਆ ਕਰ।
3 ਮੇਰੇ ਮਾਲਕ, ਮੇਰੇ ਉੱਪਰ ਕਿਰਪਾ ਕਰ ਮੈਂ ਸਾਰਾ ਦਿਨ ਤੇਰੇ
ਅੱਗੇ ਪ੍ਰਾਰਥਨਾ ਕਰਦਾ ਰਿਹਾ ਹਾਂ।
4 ਹੇ ਮਾਲਕ, ਮੈਂ ਆਪਣਾ ਜੀਵਨ ਤੈਨੂੰ ਸੌਂਪਦਾ ਹਾਂ। ਮੈਨੂੰ
ਖੁਸ਼ੀ ਦੇ ਮੈਂ ਤੇਰਾ ਸੇਵਕ ਹਾਂ।
5 ਹੇ ਮਾਲਕ, ਤੂੰ ਭਲਾ ਅਤੇ ਦਯਾਵਾਨ ਹੈਂ। ਤੇਰੇ ਲੋਕ ਤੈਨੂੰ
ਸਹਾਇਤਾ ਲਈ ਬੁਲਾਉਂਦੇ ਹਨ। ਤੂੰ ਸੱਚਮੁੱਚ ਉਨ੍ਹਾਂ ਨੂੰ
ਪਿਆਰ ਕਰਦਾ ਹੈਂ।
6 ਯਹੋਵਾਹ, ਮੇਰੀ ਪ੍ਰਾਰਥਨਾ ਸੁਣ। ਰਹਿਮ ਲਈ ਮੇਰੀ
ਪ੍ਰਾਰਥਨਾ ਸੁਣ।
7 ਯਹੋਵਾਹ, ਮੈਂ ਆਪਣੀ ਸੰਕਟ ਦੀ ਘੜੀ ਵਿੱਚ ਤੈਨੂੰ
ਪ੍ਰਾਰਥਨਾ ਕਰ ਰਿਹਾ ਹਾਂ। ਮੈਂ ਜਾਣਦਾ ਹਾਂ ਕਿ ਤੂੰ ਮੈਨੂੰ
ਉੱਤਰ ਦੇਵੇਂਗਾ।
8 ਹੇ ਪਰਮੇਸ਼ੁਰ, ਇੱਥੇ ਤੇਰੇ ਜਿਹਾ ਕੋਈ ਨਹੀਂ। ਕੋਈ ਹੋਰ ਉਹ
ਨਹੀਂ ਕਰ ਸਕਦਾ ਜੋ ਤੂੰ ਕੀਤਾ ਹੈ।
9 ਹੇ ਮਾਲਕ, ਤੂੰ ਹਰ ਬੰਦੇ ਨੂੰ ਬਣਾਇਆ ਹੈ। ਉਹ ਸਾਰੇ
ਆਉਣ ਅਤੇ ਤੇਰੀ ਉਪਾਸਨਾ ਕਰਨ। ਉਹ ਸਾਰੇ ਤੇਰੇ ਨਾਮ
ਨੂੰ ਆਦਰ ਦੇਣ।
10 ਹੇ ਪਰਮੇਸ਼ੁਰ, ਤੂੰ ਮਹਾਨ ਹੈਂ। ਤੂੰ ਅਦਭੁਤ ਕੰਮ ਕਰਦਾ ਹੈਂ।
ਤੂੰ ਅਤੇ ਸਿਰਫ਼ ਤੂੰ ਹੀ ਪਰਮੇਸ਼ੁਰ ਹੈਂ।
11 ਯਹੋਵਾਹ, ਮੈਨੂੰ ਆਪਣੇ ਰਾਹਾਂ ਦੀ ਸਿੱਖਿਆ ਦੇ, ਮੈਂ
ਜੀਵਾਂਗਾ ਅਤੇ ਤੁਹਾਡੀ ਸਚਿਆਈ ਨੂੰ ਮੰਨਾਂਗਾ। ਮੇਰੀ
ਸਹਾਇਤਾ ਕਰ ਕਿ ਮੈਂ ਤੇਰੇ ਨਾਮ ਦੀ ਉਪਾਸਨਾ ਨੂੰ ਆਪਣੇ
ਜੀਵਨ ਦੀ ਸਭ ਤੋਂ ਮਹੱਤਵਪੂਰਣ ਚੀਜ਼ ਬਣਾ ਸਕਾਂ।
12 ਪਰਮੇਸ਼ੁਰ ਮੇਰੇ ਮਾਲਕ ਮੈਂ ਆਪਣੇ ਸਾਰੇ ਅਤੇ ਪੂਰੇ ਮਨ
ਨਾਲ ਤੇਰੀ ਉਸਤਤ ਕਰਦਾ ਹਾਂ। ਮੈਂ ਸਦਾ ਲਈ ਤੇਰੇ ਨਾਮ
ਦਾ ਆਦਰ ਕਰਾਂਗਾ।
13 ਹੇ ਪਰਮੇਸ਼ੁਰ, ਤੈਨੂੰ ਮੇਰੇ ਲਈ ਇੰਨਾ ਸਾਰਾ ਪਿਆਰ ਹੈ।
ਤੂੰ ਮੈਨੂੰ ਪਤਾਲ ਤੋਂ ਬਚਾਉਂਦਾ ਹੈਂ।
14 ਹੇ ਪਰਮੇਸ਼ੁਰ, ਹੰਕਾਰੀ ਲੋਕ ਮੇਰੇ ਉੱਤੇ ਹਮਲਾ ਕਰਦੇ ਹਨ।
ਜ਼ਾਲਮ ਆਦਮੀਆਂ ਦਾ ਟੋਲਾ ਮੈਨੂੰ ਮਾਰਨ ਦੀ ਕੋਸ਼ਿਸ਼ ਕਰ
ਰਿਹਾ ਹੈ। ਅਤੇ ਉਹ ਲੋਕ ਤੁਹਾਡੀ ਇੱਜ਼ਤ ਨਹੀਂ ਕਰਦੇ।
15 ਹੇ ਮਾਲਕ ਤੂੰ ਦਯਾ ਅਤੇ ਕਿਰਪਾ ਦਾ ਪਰਮੇਸ਼ੁਰ ਹੈਂ।
ਤੂੰ ਸਬਰ ਵਾਲਾ ਹੈਂ, ਤੂੰ ਵਫ਼ਾਦਾਰੀ ਅਤੇ ਪਿਆਰ ਨਾਲ
ਭਰਪੂਰ ਹੈਂ।
16 ਹੇ ਪਰਮੇਸ਼ੁਰ, ਪਰਗਟ ਕਰ ਕਿ ਤੂੰ ਮੇਰੀ ਸੁਣਦਾ ਹੈਂ, ਅਤੇ
ਮੇਰੇ ਉੱਤੇ ਮਿਹਰਬਾਨ ਹੈਂ। ਮੈਂ ਤੇਰਾ ਸੇਵਕ ਹਾਂ, ਮੈਨੂੰ ਸ਼ਕਤੀ
ਦੇ। ਮੈਂ ਤੇਰਾ ਸੇਵਕ ਹਾਂ, ਮੇਰੀ ਰੱਖਿਆ ਕਰ।
17 ਹੇ ਪਰਮੇਸ਼ੁਰ, ਇਹ ਪਰਗਟ ਕਰਨ ਲਈ ਲਈ ਸੰਕੇਤ ਦੇ
ਕਿ ਤੂੰ ਮੇਰੀ ਸਹਾਇਤਾ ਕਰੇਂਗਾ। ਇਸ ਨਾਲ ਪਤਾ ਚੱਲੇਗਾ
ਕਿ ਤੂੰ ਮੇਰੀ ਪ੍ਰਾਰਥਨਾ ਸੁਣ ਲਈ ਅਤੇ ਇਹ ਵੀ ਕਿ ਤੂੰ
ਮੇਰੀ ਸਹਾਇਤਾ ਕਰੇਂਗਾ।

*ਕੋਰਹ ਪਰਿਵਾਰ ਦਾ ਇੱਕ ਉਸਤਤ ਗੀਤ।*

**87** 1ਪਰਮੇਸ਼ੁਰ ਨੇ ਯਰੂਸ਼ਲਮ ਦੀਆਂ ਪਵਿੱਤਰ
ਪਹਾੜੀਆਂ ਉੱਤੇ ਆਪਣਾ ਮੰਦਰ ਬਣਾਇਆ।
2 ਯਹੋਵਾਹ ਸੀਯੋਨ ਦੇ ਫਾਟਕਾਂ ਨੂੰ ਇਸਰਾਏਲ ਦੀ ਹੋਰ
ਕਿਸੇ ਵੀ ਥਾਂ ਨਾਲੋਂ ਵਧੇਰੇ ਪਿਆਰ ਕਰਦਾ ਹੈ।
3 ਹੇ ਪਰਮੇਸ਼ੁਰ ਦੇ ਸ਼ਹਿਰ, ਲੋਕ ਤੇਰੇ ਬਾਰੇ ਬਹੁਤ ਅਦਭੁਤ
ਗੱਲਾਂ ਬੋਲਦੇ ਹਨ।
4 ਪਰਮੇਸ਼ੁਰ ਆਪਣੇ ਸਾਰੇ ਬੰਦਿਆਂ ਦੀ ਸੂਚੀ ਰੱਖਦਾ ਹੈ।
"ਉਨ੍ਹਾਂ ਵਿੱਚੋਂ ਕੁਝ ਮਿਸਰ ਅਤੇ ਕੁਝ ਬਾਬਲ ਵਿੱਚ ਰਹਿੰਦੇ
ਹਨ। ਉਨ੍ਹਾਂ ਵਿੱਚੋਂ ਕੁਝ ਲੋਕ ਫ਼ਲਿਸਤੀਨੀਆਂ, ਸੂਰ ਅਤੇ
ਕੂਸ਼ ਵਿੱਚ ਵੀ ਜਨਮੇ ਸਨ।"
5 ਪਰਮੇਸ਼ੁਰ ਸੀਯੋਨ ਉੱਤੇ ਜੰਮੇ ਹਰ ਬੰਦੇ ਨੂੰ ਜਾਣਦਾ ਹੈ।
ਸਰਬ ਉੱਚ ਪਰਮੇਸ਼ੁਰ ਨੇ ਉਸ ਸ਼ਹਿਰ ਨੂੰ ਬਣਾਇਆ।
6 ਪਰਮੇਸ਼ੁਰ ਆਪਣੇ ਸਾਰੇ ਲੋਕਾਂ ਦੀ ਸੂਚੀ ਰੱਖਦਾ ਹੈ।
ਪਰਮੇਸ਼ੁਰ ਜਾਣਦਾ ਹੈ ਕਿ ਹਰ ਇੱਕ ਬੰਦਾ ਕਿੱਥੇ ਜੰਮਿਆ ਹੈ।
7 ਪਰਮੇਸ਼ੁਰ ਦੇ ਖਾਸ ਬੰਦੇ ਯਰੂਸ਼ਲਮ ਨੂੰ ਤਿਉਹਾਰ ਮਨਾਉਣ
ਲਈ ਜਾਂਦੇ ਹਨ। ਉਹ ਬਹੁਤ ਖੁਸ਼ ਹਨ। ਉਹ ਗਾ ਅਤੇ
ਨੱਚ ਰਹੇ ਹਨ ਉਹ ਆਖਦੇ ਹਨ, "ਸਾਰੀਆਂ ਸ਼ੁਭ ਚੀਜ਼ਾਂ
ਯਰੂਸ਼ਲਮ ਤੋਂ ਆਉਂਦੀਆਂ ਹਨ।"

*ਕੋਰਹ ਪਰਿਵਾਰ ਵੱਲੋਂ ਉਸਤਤ ਦਾ ਇੱਕ ਗੀਤ।*
*ਨਿਰਦੇਸ਼ਕ ਲਈ: ਇੱਕ ਦੁੱਖਦਾਈ ਬਿਮਾਰੀ ਬਾਰੇ।*
*ਹੇਮਨ ਅਜ਼ਰਾਹੀ ਦਾ ਇੱਕ ਭਗਤੀ ਗੀਤ।*

**88** 1ਯਹੋਵਾਹ ਪਰਮੇਸ਼ੁਰ, ਤੂੰ ਮੇਰਾ ਮੁਕਤੀਦਾਤਾ ਹੈਂ।
ਮੈਂ ਤੇਰੇ ਅੱਗੇ ਦਿਨ-ਰਾਤ ਪ੍ਰਾਰਥਨਾ ਕਰਦਾ ਰਿਹਾ।
2 ਕਿਰਪਾ ਕਰਕੇ ਮੇਰੀਆਂ ਪ੍ਰਾਰਥਨਾ ਵੱਲ ਧਿਆਨ ਦੇ। ਦਯਾ
ਲਈ ਮੇਰੀਆਂ ਪ੍ਰਾਰਥਨਾ ਸੁਣ।
3 ਮੇਰੀ ਰੂਹ ਨੇ ਇਸ ਦਰਦ ਨੂੰ ਬਹੁਤ ਝੱਲਿਆ ਹੈ। ਮੈਂ ਛੇਤੀ
ਹੀ ਮਰ ਜਾਵਾਂਗਾ।
4 ਲੋਕਾਂ ਨੇ ਤਾਂ ਮੈਨੂੰ ਪਹਿਲਾਂ ਹੀ ਮੁਰਦਾ ਸਮਝ ਲਿਆ ਹੈ।
ਉਸ ਬੰਦੇ ਵਰਗਾ ਜਿਹੜਾ ਕਮਜ਼ੋਰੀ ਕਾਰਣ ਜਿਉਣ ਦੇ
ਕਾਬਲ ਨਹੀਂ ਰਿਹਾ।
5 ਮੁਰਦਾ ਲੋਕਾਂ ਵਿੱਚ ਮੇਰੀ ਤਲਾਸ਼ ਕਰ, ਮੈਂ ਕਬਰਸਤਾਨ
ਵਿੱਚ ਪਈ ਹੋਈ ਇੱਕ ਲੋਥ ਵਾਂਗ ਹਾਂ। ਉਨ੍ਹਾਂ ਲੋਕਾਂ ਵਿੱਚੋਂ
ਜਿਨ੍ਹਾਂ ਨੂੰ ਤੂੰ ਭੁਲਾ ਦਿੱਤਾ ਹੈ। ਤੇਰੇ ਨਾਲੋਂ ਅਤੇ ਤੇਰੀ ਦੇਖ-
ਭਾਲ ਨਾਲੋਂ ਟੁੱਟੇ ਹੋਇਆਂ ਨੂੰ।
6 ਤੂੰ ਮੈਨੂੰ ਧਰਤੀ ਦੀ ਉਸ ਖੱਡ ਵਿੱਚ ਸੁੱਟ ਦਿੱਤਾ ਸੀ। ਹਾਂ,
ਤੂੰ ਹੀ ਮੈਨੂੰ ਉਸ ਹਨੇਰੀ ਥਾਵੇਂ ਰੱਖਿਆ ਸੀ।
7 ਹੇ ਪਰਮੇਸ਼ੁਰ, ਤੂੰ ਮੇਰੇ ਉੱਪਰ ਕਹਿਰਵਾਨ ਸੀ ਅਤੇ ਤੂੰ ਮੈਨੂੰ
ਦੰਡ ਦਿੱਤਾ ਸੀ।
8 ਮੇਰੇ ਯਾਰ ਮੈਨੂੰ ਛੱਡ ਗਏ ਹਨ। ਇੱਕ ਅਛੂਤ ਬੰਦੇ ਵਾਂਗ
ਉਨ੍ਹਾਂ ਨੇ ਮੇਰੇ ਕੋਲੋਂ ਦੂਰੀ ਰੱਖ ਲਈ ਹੈ। ਮੈਂ ਘਰ ਵਿੱਚ ਹੀ
ਕੈਦ ਹਾਂ ਅਤੇ ਮੈਂ ਬਾਹਰ ਨਹੀਂ ਆ ਸਕਦਾ।
9 ਮੇਰੀਆਂ ਅੱਖਾਂ ਮੇਰੇ ਦੁੱਖਾਂ ਬਾਰੇ ਰੋਂਦੀਆਂ ਦੁੱਖ ਰਹੀਆਂ
ਹਨ। ਹੇ ਪਰਮੇਸ਼ੁਰ, ਮੈਂ ਨਿਰੰਤਰ ਤੇਰੇ ਅੱਗੇ ਪ੍ਰਾਰਥਨਾ
ਕਰਦਾ ਹਾਂ। ਮੈਂ ਪ੍ਰਾਰਥਨਾ ਲਈ ਤੇਰੇ ਵੱਲ ਆਪਣੇ ਹੱਥ
ਉਠਾਉਂਦਾ ਹਾਂ।
10 ਯਹੋਵਾਹ, ਕੀ ਤੂੰ ਮੁਰਦਾ ਬੰਦਿਆਂ ਲਈ ਕਰਿਸ਼ਮੇ
ਕਰੇਂਗਾ? ਕੀ ਪ੍ਰੇਤ ਉੱਠਦੇ ਹਨ ਅਤੇ ਤੇਰੀ ਉਸਤਤ ਕਰਦੇ
ਹਨ? ਨਹੀਂ।

11 ਮੁਰਦਾ ਬੰਦੇ, ਕਬਰ ਵਿੱਚ ਪਏ ਹੋਏ ਤੇਰੇ ਪਿਆਰ ਦੀ ਗੱਲਾਂ
ਨਹੀਂ ਕਰ ਸਕਦੇ। ਮੁਰਦਿਆਂ ਦੀ ਦੁਨੀਆ ਦੇ ਮਰਦਾ ਲੋਕ
ਤੇਰੀ ਵਫ਼ਾਦਾਰੀ ਦੀ ਗੱਲ ਨਹੀਂ ਕਰ ਸਕਦੇ।
12 ਹਨੇਰੇ ਵਿੱਚ ਪਏ ਹੋਏ ਮੁਰਦਾ ਲੋਕ ਤੇਰੇ ਚਮਤਕਾਰ ਨਹੀਂ
ਦੇਖ ਸਕਦੇ। ਭੁੱਲੇ ਵਿੱਸਰਿਆਂ ਦੀ ਦੁਨੀਆ ਦੇ ਮੁਰਦਾ ਲੋਕ
ਤੇਰੀ ਭਲਿਆਈ ਦੀ ਗੱਲ ਨਹੀਂ ਕਰ ਸਕਦੇ।
13 ਯਹੋਵਾਹ, ਮੈਂ ਤੈਨੂੰ ਸਹਾਇਤਾ ਲਈ ਆਖ ਰਿਹਾ ਹਾਂ। ਮੈਂ
ਹਰ ਰੋਜ਼ ਮੂੰਹ ਹਨੇਰੇ ਤੇਰੇ ਅੱਗੇ ਪ੍ਰਾਰਥਨਾ ਕਰਦਾ ਹਾਂ।
14 ਹੇ ਪਰਮੇਸ਼ੁਰ, ਤੂੰ ਮੈਨੂੰ ਕਿਉਂ ਛੱਡ ਦਿੱਤਾ ਹੈ? ਤੂੰ ਮੈਨੂੰ ਸੁਣਨ
ਤੋਂ ਇਨਕਾਰ ਕਿਉਂ ਕਰਦਾ ਹੈਂ?
15 ਆਪਣੀ ਨੌਜਵਾਨੀ ਵੇਲੇ ਤੋਂ ਹੀ ਮੈਂ ਕਮਜ਼ੋਰ ਅਤੇ ਬਿਮਾਰ
ਸਾਂ ਅਤੇ ਮੈਂ ਤੁਹਾਡਾ ਗੁੱਸਾ ਝੱਲਿਆ ਹੈ। ਮੈਂ ਬੇਸਹਾਰਾ ਹਾਂ।
16 ਯਹੋਵਾਹ, ਤੂੰ ਮੇਰੇ ਉੱਤੇ ਕਹਿਰਵਾਨ ਸੀ ਅਤੇ ਦੰਡ ਮੈਨੂੰ
ਮਾਰ ਰਿਹਾ ਹੈ।
17 ਮੇਰੇ ਨਾਲ ਸਦਾ ਚੀਸਾਂ ਅਤੇ ਦਰਦ ਰਿਹਾ ਹੈ। ਮੈਂ ਮਹਿਸੂਸ
ਕਰਦਾ ਹਾਂ ਕਿ ਮੈਂ ਆਪਣੀਆਂ ਚੀਸਾਂ ਅਤੇ ਦਰਦਾਂ ਨਾਲ
ਡੁੱਬ ਰਿਹਾ ਹਾਂ।
18 ਅਤੇ ਹੇ ਪਰਮੇਸ਼ੁਰ, ਤੂੰ ਮੈਨੂੰ ਮੇਰੇ ਸਾਰੇ ਦੋਸਤਾਂ ਅਤੇ
ਪਿਆਰਿਆਂ ਨੂੰ ਛੱਡਣ ਲਈ ਮਜ਼ਬੂਰ ਕਰ ਦਿੱਤਾ। ਸਿਰਫ਼
ਹਨੇਰਾ ਹੀ ਮੇਰਾ ਸੰਗੀ ਸਾਥੀ ਹੈ।

*ਅਜ਼ਰਾਹੀ ਦੇ ਏਥਾਨ ਦਾ ਭਗਤੀ ਗੀਤ।*

**89** 1ਮੈਂ ਹਮੇਸ਼ਾ ਯਹੋਵਾਹ ਦੇ ਪਿਆਰ ਬਾਰੇ ਗਾਵਾਂਗਾ।
ਮੈਂ ਸਦਾ-ਸਦਾ ਲਈ ਉਸ ਦੀ ਵਫ਼ਾਦਾਰੀ ਗਾਵਾਂਗਾ।
2 ਯਹੋਵਾਹ, ਮੈਨੂੰ ਸੱਚਮੁੱਚ ਵਿਸ਼ਵਾਸ ਹੈ, "ਤੇਰਾ ਪਿਆਰ
ਸਦੀਵੀ ਹੈ। ਤੇਰੀ ਵਫ਼ਾਦਾਰੀ ਨਿਰੰਤਰ ਅਕਾਸ਼ਾਂ ਵਾਂਗ
ਰਹਿੰਦੀ ਹੈ।"
3 ਪਰਮੇਸ਼ੁਰ ਨੇ ਆਖਿਆ, "ਮੈਂ ਆਪਣੇ ਚੁਣੇ ਹੋਏ ਰਾਜੇ
ਨਾਲ ਕਰਾਰ ਕੀਤਾ ਸੀ। ਮੈਂ ਆਪਣੇ ਸੇਵਕ ਦਾਊਦ ਨਾਲ
ਵਾਇਦਾ ਕੀਤਾ ਸੀ।
4 'ਦਾਊਦ, ਮੈਂ ਤੇਰੇ ਪਰਿਵਾਰ ਨੂੰ ਸਦਾ ਰਹਿਣ ਵਾਲਾ ਬਣਾ
ਦਿਆਂਗਾ। ਮੈਂ ਤੇਰੇ ਰਾਜ ਨੂੰ ਸਦਾ-ਸਦਾ ਰਹਿਣ ਲਈ ਬਣਾ
ਦਿਆਂਗਾ।'"
5 ਯਹੋਵਾਹ, ਤੂੰ ਚਮਤਕਾਰ ਕਰਦਾ ਹੈਂ। ਇਸ ਵਾਸਤੇ
ਸਵਰਗ ਤੇਰੀ ਉਸਤਤ ਕਰਦੇ ਹਨ। ਲੋਕ ਤੇਰੇ ਉੱਤੇ
ਨਿਰਭਰ ਕਰ ਸਕਦੇ ਹਨ। ਪਵਿੱਤਰ ਲੋਕਾਂ ਦੀ ਸੰਗਤ
ਇਸ ਬਾਰੇ ਗਾਉਂਦੀ ਹੈ।
6 ਸਵਰਗ ਵਿੱਚ ਪਰਮੇਸ਼ੁਰ ਦੇ ਬਰਾਬਰ ਕੋਈ ਵੀ ਨਹੀਂ।
"ਦੇਵਤਿਆਂ" ਵਿੱਚੋਂ ਕੋਈ ਵੀ ਯਹੋਵਾਹ ਦਾ ਮੁਕਾਬਲਾ
ਨਹੀਂ ਕਰ ਸਕਦਾ।
7 ਪਰਮੇਸ਼ੁਰ ਇੱਕ ਸਾਥ ਪਵਿੱਤਰ ਇਕੱਠ ਕਰੇਗਾ। ਉਹ ਦੂਤ
ਉਸ ਦੇ ਚਾਰ-ਚੁਫ਼ੇਰੇ ਹਨ। ਉਹ ਉਸ ਤੋਂ ਡਰਦੇ ਹਨ ਅਤੇ
ਉਸ ਦਾ ਆਦਰ ਕਰਦੇ ਹਨ। ਅਤੇ ਉਹ ਉਸ ਦੇ ਅੱਗੇ
ਸ਼ਰਧਾ ਵਿੱਚ ਖੜਦੇ ਹਨ।
8 ਯਹੋਵਾਹ, ਸਰਬ ਸ਼ਕਤੀਮਾਨ ਪਰਮੇਸ਼ੁਰ, ਇੱਥੇ ਤੇਰੇ
ਜਿਹਾ ਕੋਈ ਨਹੀਂ ਅਸੀਂ ਪੂਰੀ ਤਰ੍ਹਾਂ ਤੇਰੇ ਵਿੱਚ ਯਕੀਨ
ਰੱਖ ਸਕਦੇ ਹਾਂ।
9 ਤੂੰ ਸਮੁੰਦਰ ਦੀਆਂ ਉੱਚੀਆਂ ਲਹਿਰਾਂ ਉੱਤੇ ਰਾਜ ਕਰਦਾ ਹੈਂ।
ਤੂੰ ਸਮੁੰਦਰ ਦੀਆਂ ਤੂਫ਼ਾਨੀ ਲਹਿਰਾਂ ਨੂੰ ਸ਼ਾਂਤ ਕਰ ਦਿੰਦਾ
ਹੈਂ।
10 ਹੇ ਪਰਮੇਸ਼ੁਰ, ਤੂੰ ਰਹਬ ਨੂੰ ਹਰਾ ਦਿੱਤਾ ਸੀ। ਤੂੰ ਆਪਣੇ
ਵੈਰੀ ਨੂੰ ਖੁਦ ਦੇ ਸ਼ਕਤੀਸ਼ਾਲੀ ਬਾਂਹ ਨਾਲ ਖਿੰਡਾ ਦਿੱਤਾ
ਸੀ।
11 ਸਵਰਗ ਅਤੇ ਧਰਤੀ ਦਾ ਸਭ ਕੁਝ ਤੇਰੇ ਨਾਲ ਸੰਬੰਧਿਤ
ਹੈ, ਪਰਮੇਸ਼ੁਰ। ਹੇ ਪਰਮੇਸ਼ੁਰ, ਤੂੰ ਧਰਤੀ ਅਤੇ ਇਸ
ਵਿੱਚਲਾ ਸਭ ਕੁਝ ਸਾਜਿਆ।
12 ਤੂੰ ਉੱਤਰ ਅਤੇ ਦੱਖਣ ਵਿੱਚ ਹਰ ਚੀਜ਼ ਸਾਜੀ। ਤਾਬੋਰ
ਅਤੇ ਹਰਮੋਨ ਦੇ ਪਰਬਤ ਤੇਰੇ ਨਾਮ ਦੀ ਉਸਤਤ ਗਾਉਂਦੇ
ਹਨ।
13 ਹੇ ਪਰਮੇਸ਼ੁਰ, ਤੇਰੇ ਕੋਲ ਸ਼ਕਤੀ ਹੈ। ਤੇਰੀ ਸ਼ਕਤੀ ਮਹਾਨ
ਹੈ। ਜਿੱਤ ਤੇਰੀ ਹੈ।
14 ਤੇਰਾ ਰਾਜ ਸੱਚ ਅਤੇ ਇਨਸਾਫ਼ ਉੱਤੇ ਸਾਜਿਆ ਗਿਆ
ਹੈ। ਪਿਆਰ ਅਤੇ ਵਫ਼ਾਦਾਰੀ ਤੇਰੇ ਤਖਤ ਦੇ ਸਾਹਮਣੇ ਤੇਰੇ
ਸੇਵਕ ਹਨ।
15 ਹੇ ਪਰਮੇਸ਼ੁਰ, ਤੇਰੇ ਵਫ਼ਾਦਾਰ ਸੇਵਕ ਸੱਚਮੁੱਚ ਖੁਸ਼ ਰਹਿੰਦੇ
ਹਨ, ਉਹ ਤੇਰੀ ਦਯਾ ਦੀ ਰੌਸ਼ਨੀ ਵਿੱਚ ਰਹਿੰਦੇ ਹਨ।
16 ਤੇਰੀ ਨਾਮ ਉਨ੍ਹਾਂ ਨੂੰ ਸਦਾ ਖੁਸ਼ੀ ਦਿੰਦਾ ਹੈ। ਉਹ ਤੇਰੀ ਨੇਕੀ
ਦੀ ਉਸਤਤ ਕਰਦੇ ਹਨ।
17 ਤੂੰ ਉਨ੍ਹਾਂ ਦੀ ਚਮਤਕਾਰੀ ਸ਼ਕਤੀ ਹੈਂ। ਉਨ੍ਹਾਂ ਦੀ ਸ਼ਕਤੀ ਤੇਰੇ
ਵੱਲੋਂ ਆਉਂਦੀ ਹੈ।
18 ਯਹੋਵਾਹ, ਤੂੰ ਸਾਡਾ ਰੱਖਿਅਕ ਹੈਂ, ਇਸਰਾਏਲ ਦਾ
ਪਵਿੱਤਰ ਸਾਡਾ ਰਾਜਾ ਹੈ।
19 ਤੂੰ ਆਪਣੇ ਪੈਰੋਕਾਰਾਂ ਨੂੰ ਦਿਖਾਈ ਦਿੱਤੇ ਅਤੇ ਆਖਿਆ,
"ਮੈਂ ਭੀੜ ਵਿੱਚੋਂ, ਇੱਕ ਜਵਾਨ ਬੰਦੇ ਨੂੰ ਚੁਣਿਆ ਅਤੇ
ਮੈਂ ਉਸ ਜਵਾਨ ਨੂੰ ਮਹੱਤਵਪੂਰਨ ਬਣਾਇਆ। ਮੈਂ ਉਸ
ਜਵਾਨ ਨੂੰ ਤਾਕਤਵਰ ਬਣਾਇਆ।
20 ਮੈਂ ਆਪਣੇ ਸੇਵਕ ਦਾਊਦ ਲਈ ਤੱਕਿਆ, ਅਤੇ ਮੈਂ ਉਸ
ਨੂੰ ਆਪਣੇ ਖਾਸ ਤੇਲ ਨਾਲ ਮਸਹ ਕੀਤਾ।
21 ਮੈਂ ਦਾਊਦ ਨੂੰ ਆਪਣੇ ਸੱਜੇ ਹੱਥ ਦਾ ਸਹਾਰਾ ਦਿੱਤਾ। ਅਤੇ
ਮੈਂ ਆਪਣੀ ਸ਼ਕਤੀ ਨਾਲ ਉਸ ਨੂੰ ਤਾਕਤਵਰ ਬਣਾ ਦਿੱਤਾ।
22 ਵੈਰੀ ਚੁਣੇ ਹੋਏ ਰਾਜੇ ਨੂੰ ਨਾ ਹਰਾ ਸਕਿਆ। ਦੁਸ਼ਟ ਬੰਦੇ
ਉਸ ਨੂੰ ਨਹੀਂ ਹਰਾ ਸਕੇ ਸਨ।
23 ਮੈਂ ਉਸ ਦੇ ਵੈਰੀਆਂ ਨੂੰ ਮੁਕਾ ਦਿੱਤਾ, ਮੈਂ ਉਨ੍ਹਾਂ ਲੋਕਾਂ ਨੂੰ ਹਰਾ
ਦਿੱਤਾ ਜਿਹੜੇ ਮੇਰੇ ਚੁਣੇ ਹੋਏ ਰਾਜੇ ਨੂੰ ਨਫ਼ਰਤ ਕਰਦੇ ਸਨ।
24 ਮੈਂ ਆਪਣੇ ਚੁਣੇ ਹੋਏ ਰਾਜੇ ਨੂੰ ਸਦਾ ਪਿਆਰ ਕਰਾਂਗਾ
ਅਤੇ ਆਸਰਾ ਦੇਵਾਂਗਾ। ਮੈਂ ਹਮੇਸ਼ਾ ਉਸ ਨੂੰ ਤਾਕਤਵਰ
ਬਣਾਵਾਂਗਾ।
25 ਮੈਂ ਆਪਣੇ ਚੁਣੇ ਹੋਏ ਰਾਜੇ ਨੂੰ ਸਮੁੰਦਰ ਦਾ ਮਾਲਕ ਬਣਾ
ਦਿੱਤਾ ਹੈ, ਅਤੇ ਉਹ ਦਰਿਆਵਾਂ ਨੂੰ ਕਾਬੂ ਵਿੱਚ ਰੱਖੇਗਾ।
26 ਉਹ ਮੈਨੂੰ ਕਹੇਗਾ, 'ਤੂੰ ਮੇਰਾ ਪਿਤਾ ਹੈਂ, ਤੂੰ ਮੇਰਾ ਪਰਮੇਸ਼ੁਰ,
ਮੇਰੀ ਚੱਟਾਨ ਅਤੇ ਮੇਰੇ ਮੁਕਤੀਦਾਤਾ ਹੈਂ।'
27 ਮੈਂ ਉਸ ਨੂੰ ਆਪਣਾ ਪਲੋਠਾ ਪੁੱਤਰ ਬਣਾਵਾਂਗਾ। ਉਹ
ਧਰਤੀ ਉੱਤੇ ਮਹਾਨ ਰਾਜਾ ਹੋਵੇਗਾ।
28 ਮੇਰਾ ਪਿਆਰ ਸਦਾ ਲਈ ਚੁਣੇ ਹੋਏ ਰਾਜੇ ਦੀ ਰੱਖਿਆ

ਕਰੇਗਾ। ਮੇਰਾ ਇਕਰਾਰ ਉਸ ਨਾਲ ਕਦੇ ਵੀ ਖਤਮ ਨਹੀਂ ਹੋਵੇਗਾ।
29 ਉਸ ਦਾ ਪਰਿਵਾਰ ਸਦਾ ਰਹੇਗਾ, ਅਤੇ ਉਸ ਦਾ ਰਾਜ ਉਦੋਂ ਤੱਕ ਰਹੇਗਾ ਜਦੋਂ ਤੱਕ ਆਕਾਸ਼ ਹਨ।
30 ਜੇ ਉਸ ਦੀ ਅੰਸ ਮੇਰੇ ਨਾਮ ਉੱਤੇ ਚੱਲਣਾ ਅਤੇ ਮੇਰਾ ਹੁਕਮ ਨੂੰ ਮੰਨਣਾ ਛੱਡ ਦੇਣਗੇ ਫ਼ਿਰ ਮੈਂ ਉਨ੍ਹਾਂ ਨੂੰ ਦੰਡ ਦੇਵਾਂਗਾ।
31 ਜੇ ਮੇਰੇ ਚੁਣੇ ਹੋਏ ਰਾਜੇ ਦੀ ਅੰਸ ਮੇਰੇ ਨਿਯਮ ਤੋੜਨਗੇ ਅਤੇ ਮੇਰੇ ਹੁਕਮ ਅਣਡਿੱਠ ਕਰਨਗੇ।
32 ਤਾਂ ਮੈਂ ਉਨ੍ਹਾਂ ਨੂੰ ਬਹੁਤ ਸਖਤ ਸਜ਼ਾ ਦੇਵਾਂਗਾ।
33 ਪਰ ਮੈਂ ਉਨ੍ਹਾਂ ਲੋਕਾਂ ਤੋਂ ਆਪਣਾ ਪਿਆਰ ਕਦੀ ਨਹੀਂ ਖੋਹਾਂਗਾ। ਮੈਂ ਸਦਾ ਉਨ੍ਹਾਂ ਦਾ ਵਫ਼ਾਦਾਰ ਰਹਾਂਗਾ।
34 ਮੈਂ ਦਾਊਦ ਨਾਲ ਆਪਣਾ ਕਰਾਰ ਨਹੀਂ ਤੋੜਾਂਗਾ ਮੈਂ ਆਪਣੇ ਕਰਾਰ ਨੂੰ ਨਹੀਂ ਤੋੜਾਂਗਾ।
35 ਆਪਣੀ ਪਵਿੱਤਰਤਾ ਉੱਤੇ ਸੌਂਹ ਖਾਧੀ ਅਤੇ ਉਸ ਨਾਲ ਇੱਕ ਵਾਇਦਾ ਕੀਤਾ ਅਤੇ ਮੈਂ ਦਾਊਦ ਨੂੰ ਝੂਠ ਨਹੀਂ ਬੋਲਾਂਗਾ।
36 ਦਾਊਦ ਦਾ ਪਰਿਵਾਰ ਸਦਾ ਲਈ ਰਹੇਗਾ। ਉਸ ਦਾ ਰਾਜ ਸੂਰਜ ਰਹਿਣ ਤੱਕ ਰਹੇਗਾ।
37 ਇਹ ਚੰਦ ਵਾਂਗ ਹਮੇਸ਼ਾ ਜਾਰੀ ਰਹੇਗਾ। ਆਕਾਸ਼ ਸਾਡੇ ਕਰਾਰ ਦੇ ਸਬੂਤ ਹਨ। ਇਸ ਕਰਾਰ ਉੱਤੇ ਵਿਸ਼ਵਾਸ ਕੀਤਾ ਜਾ ਸਕਦਾ ਹੈ।”
38 ਪਰ ਹੇ ਪਰਮੇਸ਼ੁਰ, ਤੂੰ ਆਪਣੇ ਚੁਣੇ ਉੱਤੇ ਕਹਿਰਵਾਨ ਹੋ ਗਿਆ ਅਤੇ ਤੂੰ ਉਸ ਨੂੰ ਇਕੱਲਿਆਂ ਛੱਡ ਦਿੱਤਾ।
39 ਤੂੰ ਆਪਣੇ ਕਰਾਰ ਨੂੰ ਰੱਦ ਕਰ ਦਿੱਤਾ। ਤੂੰ ਰਾਜੇ ਦੇ ਤਾਜ ਨੂੰ ਮਿੱਟੀ ਵਿੱਚ ਸੁੱਟ ਦਿੱਤਾ।
40 ਤੂੰ ਰਾਜੇ ਦੇ ਸ਼ਹਿਰ ਦੀਆਂ ਕੰਧਾਂ ਢਾਹ ਦਿੱਤੀਆਂ। ਤੂੰ ਉਸ ਦੇ ਸਾਰੇ ਕਿਲ੍ਹੇ ਤਬਾਹ ਕਰ ਦਿੱਤੇ।
41 ਜੋ ਕੋਲੋਂ ਦੀ ਲੰਘਦੇ ਹਨ, ਉਸ ਦੀਆਂ ਚੀਜ਼ਾਂ ਚੋਰੀ ਕਰਦੇ ਹਨ। ਉਸ ਦੇ ਗੁਆਂਢੀ ਉਸ ਉੱਤੇ ਹੱਸਦੇ ਹਨ।
42 ਤੂੰ ਰਾਜੇ ਦੇ ਵੈਰੀਆਂ ਨੂੰ ਖੁਸ਼ ਕਰ ਦਿੱਤਾ। ਤੂੰ ਉਸ ਦੇ ਵੈਰੀਆਂ ਨੂੰ ਜੰਗ ਜਿੱਤਣ ਦਿੱਤੀ।
43 ਹੇ ਪਰਮੇਸ਼ੁਰ, ਤੂੰ ਉਨ੍ਹਾਂ ਦੀ ਆਪਣੀ ਰੱਖਿਆ ਕਰਨ ਵਿੱਚ ਸਹਾਇਤਾ ਕੀਤੀ। ਤੂੰ ਆਪਣੇ ਰਾਜੇ ਦੀ ਲੜਾਈ ਜਿੱਤਣ ਵਿੱਚ ਸਹਾਇਤਾ ਨਹੀਂ ਕੀਤੀ।
44 ਤੂੰ ਉਸ ਨੂੰ ਜਿੱਤਣ ਨਹੀਂ ਦਿੱਤਾ। ਤੂੰ ਉਸ ਦਾ ਤਖਤ ਜ਼ਮੀਨ ਉੱਤੇ ਡੇਗ ਦਿੱਤਾ।
45 ਤੂੰ ਉਸ ਦੀ ਉਮਰ ਘਟਾ ਦਿੱਤੀ। ਤੂੰ ਉਸ ਨੂੰ ਸ਼ਰਮਸਾਰ ਕੀਤਾ।
46 ਯਹੋਵਾਹ, ਇਹੀ ਹੋਰ ਕਿੰਨਾ ਚਿਰ ਹੁੰਦਾ ਰਹੇਗਾ? ਕੀ ਸਾਨੂੰ ਸਦਾ ਵਾਸਤੇ ਅਣਗੌਲ੍ਹਿਆਂ ਕਰੇਂਗਾ? ਕੀ ਤੇਰਾ ਕਹਿਰ ਸਦਾ ਅੱਗ ਵਾਂਗ ਬਲਦਾ ਰਹੇਗਾ?
47 ਯਾਦ ਕਰ ਮੇਰੀ ਜ਼ਿੰਦਗੀ ਕਿੰਨੀ ਛੋਟੀ ਹੈ: ਤੂੰ ਸਾਨੂੰ ਥੋੜਾ ਜੀਵਨ ਜਿਉਣ ਅਤੇ ਫ਼ੇਰ ਮਰ ਜਾਣ ਲਈ ਸਾਜਿਆ ਹੈ।
48 ਕੋਈ ਵੀ ਬੰਦਾ ਅਜਿਹਾ ਨਹੀਂ ਜਿਹੜਾ ਜੀਉਂਦਾ ਰਹੇਗਾ ਅਤੇ ਕਦੀ ਨਹੀਂ ਮਰੇਗਾ। ਕੋਈ ਬੰਦਾ ਕਬਰ ਪਾਸੋਂ ਨਹੀਂ ਬਚੇਗਾ।
49 ਹੇ ਪਰਮੇਸ਼ੁਰ, ਉਹ ਪਿਆਰ ਕਿੱਥੇ ਹੈ ਜਿਹੜਾ ਤੂੰ ਅਤੀਤ ਵਿੱਚ ਵਿਖਾਇਆ ਸੀ? ਤੂੰ ਦਾਊਦ ਨਾਲ ਵਾਇਦਾ ਕੀਤਾ ਸੀ ਕਿ ਤੂੰ ਉਸ ਦੇ ਪਰਿਵਾਰ ਨਾਲ ਵਫ਼ਾਦਾਰ ਰਹੇਂਗਾ।
50-51 ਹੇ ਮਾਲਕ, ਕਿਰਪਾ ਕਰਕੇ ਚੇਤੇ ਕਰ ਕਿ ਲੋਕਾਂ ਨੇ ਤੇਰੇ ਸੇਵਕ ਨੂੰ ਕਿਵੇਂ ਬੇਇੱਜ਼ਤ ਕੀਤਾ ਸੀ। ਯਹੋਵਾਹ, ਮੈਨੂੰ ਤੇਰੇ ਵੈਰੀਆਂ ਪਾਸੋਂ ਬੇਇੱਜ਼ਤੀ ਭਰੀਆਂ ਉਹ ਸਾਰੀਆਂ ਗੱਲਾਂ ਸੁਣਨੀਆਂ ਪਈਆਂ। ਉਨ੍ਹਾਂ ਲੋਕਾਂ ਨੇ ਤੇਰੇ ਚੁਣੇ ਹੋਏ ਰਾਜੇ ਨੂੰ ਬੇਇਜ਼ਤ ਕੀਤਾ।

52 ਯਹੋਵਾਹ ਨੂੰ ਸਦਾ ਅਤੇ ਸਦਾ ਲਈ ਮੁਬਾਰਕ ਆਖੋ। ਆਮੀਨ ਫੇਰ ਆਮੀਨ।

## ਚੌਥਾ ਭਾਗ (ਜ਼ਬੂਰ 90–106)

*ਪਰਮੇਸ਼ੁਰ ਦੇ ਬੰਦੇ ਮੂਸਾ ਦੀ ਪ੍ਰਾਰਥਨਾ।*

**90** 1 ਹੇ ਮਾਲਕ, ਤੂੰ ਸਦਾ-ਸਦਾ ਲਈ ਸਾਡਾ ਘਰ ਰਿਹਾ ਹੈਂ।
2 ਹੇ ਪਰਮੇਸ਼ੁਰ, ਤੂੰ ਪਰਬਤਾਂ ਦੇ ਪੈਦਾ ਹੋਣ ਤੋਂ ਪਹਿਲਾਂ ਅਤੇ ਧਰਤੀ ਅਤੇ ਦੁਨੀਆ ਸਾਜੇ ਜਾਣ ਤੋਂ ਪਹਿਲਾਂ ਵੀ ਤੂੰ ਪਰਮੇਸ਼ੁਰ ਸੀ। ਹੇ ਪਰਮੇਸ਼ੁਰ, ਤੂੰ ਸਦਾ ਰਿਹਾ ਹੈਂ ਅਤੇ ਤੂੰ ਸਦਾ ਰਹੇਂਗਾ, ਹੇ ਪਰਮੇਸ਼ੁਰ,।
3 ਤੂੰ ਲੋਕਾਂ ਨੂੰ ਇਸ ਦੁਨੀਆ ਵਿੱਚ ਲਿਆਉਂਦਾ ਹੈਂ। ਅਤੇ ਫ਼ੇਰ ਤੂੰ ਉਨ੍ਹਾਂ ਨੂੰ ਖਾਕ ਵਿੱਚ ਬਦਲ ਦਿੰਦਾ ਹੈਂ।
4 ਤੇਰੇ ਲਈ ਹਜ਼ਾਰ ਸਾਲ ਕੱਲ ਦੀ ਤਰ੍ਹਾਂ ਅਤੇ ਇੱਕ ਪਹਿਰ ਰਾਤ ਵਰਗੇ ਹਨ।
5 ਤੂੰ ਸਾਨੂੰ ਪਰ੍ਹਾਂ ਹੂੰਝ ਸੁੱਟਦਾ ਹੈਂ। ਸਾਡੀ ਜ਼ਿੰਦਗੀ ਇੱਕ ਸੁਫ਼ਨੇ ਵਾਂਗ ਹੈ, ਅਤੇ ਸਵੇਰ ਨੂੰ ਅਸੀਂ ਜਾ ਚੁੱਕੇ ਹੁੰਦੇ ਹਾਂ। ਅਸੀਂ ਘਾਹ ਦੀ ਤਰ੍ਹਾਂ ਹਾਂ।
6 ਘਾਹ ਸਵੇਰ ਵੇਲੇ ਉੱਗਦਾ ਹੈ, ਅਤੇ ਸ਼ਾਮ ਨੂੰ ਇਹ ਸੁੱਕ ਜਾਂਦਾ ਹੈ ਅਤੇ ਮਰ ਗਿਹਾ ਹੁੰਦਾ ਹੈ।
7 ਹੇ ਪਰਮੇਸ਼ੁਰ, ਸਾਨੂੰ ਤੇਰਾ ਗੁੱਸਾ ਤਬਾਹ ਕਰ ਸਕਦਾ ਹੈ। ਸਾਨੂੰ ਤੇਰੇ ਕਹਿਰ ਤੋਂ ਡਰ ਲੱਗਦਾ ਹੈ।
8 ਤੂੰ ਸਾਡੇ ਗੁਨਾਹਾਂ ਬਾਰੇ ਸਭ ਕੁਝ ਜਾਣਦਾ ਹੈਂ। ਤੂੰ ਸਾਡਾ ਹਰ ਲੁਕਵਾਂ ਗੁਨਾਹ ਵੀ ਵੇਖ ਲੈਂਦਾ ਹੈਂ।
9 ਤੇਰਾ ਕਹਿਰ ਸਾਡੀ ਜ਼ਿੰਦਗੀ ਨੂੰ ਖਤਮ ਕਰ ਸਕਦਾ ਹੈ। ਸਾਡੀ ਜ਼ਿੰਦਗੀ ਸਰਗੋਸ਼ੀ ਦੀ ਤਰ੍ਹਾਂ ਮੁੱਕ ਜਾਂਦੀ ਹੈ।
10 ਇਹ ਹੋ ਸਕਦਾ ਹੈ, ਕਿ ਅਸੀਂ 70 ਸਾਲਾਂ ਤੱਕ ਜੀਵੀਏ। ਜੇ ਅਸੀਂ ਹਾਲੇ ਵੀ ਤਕੜੇ ਹਾਂ, ਤਾਂ ਇਹ ਉਮਰ 80 ਸਾਲਾਂ ਹੋ ਸਕਦੀ ਹੈ। ਸਾਡੀਆਂ ਜ਼ਿੰਦਗੀਆਂ ਸਖਤ ਮਿਹਨਤ ਅਤੇ ਵਿਅਰਥ ਪ੍ਰਾਪਤੀਆਂ ਨਾਲ ਭਰਪੂਰ ਹਨ। ਫ਼ਿਰ ਅਚਾਨਕ, ਸਾਡੀਆਂ ਜ਼ਿੰਦਗੀਆਂ ਖਤਮ ਹੋ ਜਾਂਦੀਆਂ ਹਨ ਅਤੇ ਅਸੀਂ ਦੂਰ ਉੱਡਾਰੀ ਮਾਰ ਜਾਂਦੇ ਹਾਂ।
11 ਕੋਈ ਵੀ ਬੰਦਾ ਤੇਰੇ ਗੁੱਸੇ ਦੀ ਪੂਰੀ ਸ਼ਕਤੀ ਨੂੰ ਨਹੀਂ ਜਾਣ ਸਕਦਾ, ਪਰਮੇਸ਼ੁਰ। ਪਰ ਸਾਡਾ ਡਰ ਅਤੇ ਆਦਰ ਤੇਰੇ ਲਈ ਓਨਾ ਹੀ ਵੱਡਾ ਹੈ ਜਿੰਨਾ ਤੇਰਾ ਗੁੱਸਾ।
12 ਸਾਨੂੰ ਸਿਖਾ ਕਿ ਸਾਡੀਆਂ ਜ਼ਿੰਦਗੀਆਂ ਕਿੰਨੀਆਂ ਛੋਟੀਆਂ ਹਨ ਅਤੇ ਜੋ ਅਸੀਂ ਸੱਚਮੁੱਚ ਸਿਆਣੇ ਬਣ ਸਕੀਏ।

13 ਯਹੋਵਾਹ, ਸਾਡੇ ਵੱਲ ਸਦਾ ਲਈ ਵਾਪਸ ਆ ਜਾਹ। ਆਪਣੇ ਸੇਵਕਾਂ ਉੱਪਰ ਮਿਹਰ ਕਰ।
14 ਹਰ ਸਵੇਰ ਸਾਨੂੰ ਆਪਣੇ ਪਿਆਰ ਨਾਲ ਭਰ ਦੇ। ਅਸੀਂ ਖੁਸ਼ ਹੋਈਏ ਅਤੇ ਆਪਣੀਆਂ ਜ਼ਿੰਦਗੀਆਂ ਦਾ ਅਨੰਦ ਮਾਣਈਏ।
15 ਤੂੰ ਸਾਨੂੰ ਬਹੁਤ ਉਦਾਸੀ ਅਤੇ ਸਾਨੂੰ ਬਹੁਤ ਮੁਸੀਬਤਾਂ ਦਿੱਤੀਆਂ ਹਨ। ਹੁਣ ਸਾਨੂੰ ਖੁਸ਼ ਕਰ।
16 ਆਪਣੇ ਸੇਵਕਾਂ ਨੂੰ ਉਹ ਚਮਤਕਾਰ ਵੇਖਣ ਦੇ ਜਿਹੜੇ ਤੂੰ ਉਨ੍ਹਾਂ ਲਈ ਕਰਨ ਯੋਗ ਹੈਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਤੇਰੀ ਮਹਿਮਾ ਵੇਖਣ ਦੇ।
17 ਜੋ ਕੁਝ ਵੀ ਅਸੀਂ ਕਰਦੇ ਹਾਂ ਉਸ ਵਿੱਚ ਅਸੀਂ ਪਰਮੇਸ਼ੁਰ ਦੀ ਪ੍ਰਸੰਨਤਾ ਮਹਿਸੂਸ ਕਰੀਏ। ਜੋ ਵੀ ਅਸੀਂ ਕਰਦੇ ਹਾਂ ਉਸ ਨੂੰ ਕਾਮਯਾਬ ਕਰ, ਹਾਂ, ਉਸ ਸੱਭ ਕਾਸੇ ਨੂੰ ਕਾਮਯਾਬ ਕਰ।

## 91

1 ਤੁਸੀਂ ਸਰਬ ਉੱਚ ਪਰਮੇਸ਼ੁਰ ਕੋਲ ਲੁਕਣ ਲਈ ਜਾ ਸਕਦੇ ਹੋ। ਤੁਸੀਂ ਸੁਰੱਖਿਆ ਲਈ ਸਰਬ ਸ਼ਕਤੀਮਾਨ ਪਰਮੇਸ਼ੁਰ ਕੋਲ ਜਾ ਸਕਦੇ ਹੋ।
2 ਮੈਂ ਆਪਣੇ ਪਰਮੇਸ਼ੁਰ ਨੂੰ ਆਖਾਂਗਾ, "ਤੂੰ ਮੇਰੀ ਸੁਰੱਖਿਆ ਦਾ ਸਥਾਨ, ਮੇਰਾ ਕਿਲ੍ਹਾ ਹੈਂ। ਮੇਰੇ ਪਰਮੇਸ਼ੁਰ, ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ।"
3 ਪਰਮੇਸ਼ੁਰ ਤੈਨੂੰ ਛੁੱਪੇ ਹੋਏ ਖਤਰਿਆਂ ਤੋਂ ਅਤੇ ਖਤਰਨਾਕ ਬਿਮਾਰੀਆਂ ਤੋਂ ਬਚਾਵੇਗਾ।
4 ਸੁਰੱਖਿਆ ਲਈ ਤੂੰ ਪਰਮੇਸ਼ੁਰ ਵੱਲ ਜਾ ਸਕਦਾ ਹੈਂ। ਉਹ ਤੇਰੀ ਰੱਖਿਆ ਕਰੇਗਾ, ਜਿਵੇਂ ਇੱਕ ਪੰਛੀ ਆਪਣੇ ਬੱਚਿਆਂ ਉੱਤੇ ਖੰਭ ਖਿਲਾਰ ਲੈਂਦਾ ਹੈ। ਪਰਮੇਸ਼ੁਰ ਇੱਕ ਢਾਲ ਹੋਵੇਗਾ ਅਤੇ ਤੇਰੀ ਰੱਖਿਆ ਲਈ ਇੱਕ ਕੰਧ।
5 ਰਾਤ ਵੇਲੇ ਤੈਨੂੰ ਕੋਈ ਡਰ ਨਹੀਂ ਹੋਵੇਗਾ। ਅਤੇ ਦਿਨ ਵੇਲੇ ਵੀ ਤੈਨੂੰ ਆਪਣੇ ਵੈਰੀ ਦੇ ਤੀਰਾਂ ਤੋਂ ਕੋਈ ਡਰ ਨਹੀਂ ਹੋਵੇਗਾ।
6 ਤੈਨੂੰ ਉਨ੍ਹਾਂ ਬਿਮਾਰੀਆਂ ਦਾ ਡਰ ਨਹੀਂ ਹੋਵੇਗਾ ਜਿਹੜੀਆਂ ਹਨੇਰੇ ਵਿੱਚ ਆਉਂਦੀਆਂ ਹਨ ਜਾਂ ਉਨ੍ਹਾਂ ਭਿਆਨਕ ਬਿਮਾਰੀਆਂ ਦਾ, ਜਿਹੜੀਆਂ ਦੁਪਿਹਰ ਵੇਲੇ ਹਮਲਾ ਕਰਦੀਆਂ ਹਨ।
7 ਤੂੰ ਹਜ਼ਾਰਾਂ ਦੁਸ਼ਮਣਾਂ ਨੂੰ ਹਰਾ ਦੇਵੇਂਗਾ। ਤੇਰਾ ਆਪਣਾ ਸੱਜਾ ਹੱਥ ਦੁਸ਼ਮਣ ਦੇ 10,000 ਸੈਨਕਾਂ ਨੂੰ ਹਰਾਵੇਗਾ। ਤੇਰੇ ਦੁਸ਼ਮਣ ਤੈਨੂੰ ਹੱਥ ਵੀ ਨਹੀਂ ਲਗਾ ਸਕਦੇ।
8 ਤੂੰ ਦੇਖੇਂਗਾ ਕਿ ਉਨ੍ਹਾਂ ਦੁਸ਼ਟ ਲੋਕਾਂ ਨੂੰ ਸਜ਼ਾ ਦਿੱਤੀ ਜਾਂਦੀ ਹੈ।
9 ਕਿਉਂਕਿ ਤੂੰ ਯਹੋਵਾਹ ਉੱਤੇ ਵਿਸ਼ਵਾਸ ਕਰਦਾ ਹੈਂ, ਤੂੰ ਸਰਬ ਉੱਚ ਪਰਮੇਸ਼ੁਰ ਨੂੰ ਆਪਣਾ ਸੁਰੱਖਿਅਤ ਟਿਕਾਣਾ ਬਣਾਇਆ ਹੈ।
10 ਕੋਈ ਬੁਰਿਆਈ ਤੇਰੇ ਨਾਲ ਨਹੀਂ ਵਾਪਰੇਗੀ। ਤੇਰੇ ਘਰ ਅੰਦਰ ਬਿਮਾਰੀਆਂ ਨਹੀਂ ਹੋਣਗੀਆਂ।
11 ਪਰਮੇਸ਼ੁਰ ਤੇਰੇ ਲਈ ਆਪਣੇ ਦੂਤਾਂ ਨੂੰ ਹੁਕਮ ਕਰੇਗਾ ਭਈ ਜਿੱਥੇ ਵੀ ਤੂੰ ਜਾਵੇਂ ਉਹ ਤੇਰੀ ਹਰ ਥਾਂ ਰੱਖਿਆ ਕਰਨਗੇ।
12 ਉਨ੍ਹਾਂ ਦੇ ਹੱਥ ਤੈਨੂੰ ਫੜ ਲੈਣਗੇ, ਤਾਂ ਜੋ ਤੇਰੇ ਪੈਰ ਨੂੰ ਪੱਥਰ ਨਾਲ ਸੱਟ ਨਾ ਲੱਗੇ।
13 ਤੇਰੇ ਕੋਲ ਸ਼ੇਰਾਂ ਅਤੇ ਜ਼ਹਿਰੀਲੇ ਸੱਪਾਂ ਉੱਪਰ ਤੁਰਨ ਦੀ ਸ਼ਕਤੀ ਹੋਵੇਗੀ।
14 ਯਹੋਵਾਹ ਆਖਦਾ ਹੈ, "ਜੇ ਕੋਈ ਮੇਰੇ ਉੱਪਰ ਭਰੋਸਾ ਕਰਦਾ ਹੈ ਮੈਂ ਉਸ ਨੂੰ ਬਚਾ ਲਵਾਂਗਾ। ਮੈਂ ਆਪਣੇ ਪੈਰੋਕਾਰਾਂ ਨੂੰ ਬਚਾਵਾਂਗਾ ਜਿਹੜੇ ਮੇਰੇ ਨਾਮ ਦੀ ਉਪਾਸਨਾ ਕਰਦੇ ਹਨ।
15 ਮੇਰੇ ਪੈਰੋਕਾਰ ਮੈਨੂੰ ਸਹਾਇਤਾ ਲਈ ਪੁਕਾਰਨਗੇ, ਅਤੇ ਮੈਂ ਉਨ੍ਹਾਂ ਦੀ ਪੁਕਾਰ ਸੁਣਾਂਗਾ। ਜਦੋਂ ਵੀ ਉਨ੍ਹਾਂ ਉੱਤੇ ਮੁਸੀਬਤ ਆਵੇਗੀ ਮੈਂ ਉਨ੍ਹਾਂ ਦੇ ਅੰਗ-ਸੰਗ ਹੋਵਾਂਗਾ। ਮੈਂ ਉਨ੍ਹਾਂ ਨੂੰ ਬਚਾ ਲਵਾਂਗਾ ਅਤੇ ਉਨ੍ਹਾਂ ਨੂੰ ਮਾਣ ਦੇਵਾਂਗਾ।
16 ਮੈਂ ਆਪਣੇ ਪੈਰੋਕਾਰਾਂ ਨੂੰ ਲੰਮੀ ਜ਼ਿੰਦਗੀ ਦੇਵਾਂਗਾ। ਅਤੇ ਮੈਂ ਉਨ੍ਹਾਂ ਨੂੰ ਬਚਾਵਾਂਗਾ।"

*ਸਬਤ ਲਈ ਉਸਤਤ ਦਾ ਗੀਤ।*

## 92

1 ਯਹੋਵਾਹ ਦੀ ਉਸਤਤ ਕਰਨੀ ਚੰਗੀ ਹੈ। ਹੇ ਸਰਬ ਉੱਚ ਪਰਮੇਸ਼ੁਰ, ਤੇਰੇ ਨਾਮ ਦੀ ਉਸਤਤ ਚੰਗੀ ਹੈ।
2 ਤੇਰੇ ਪਿਆਰ ਬਾਰੇ ਸਵੇਰ ਵੇਲੇ ਅਤੇ ਤੇਰੀ ਵਫ਼ਾਦਾਰੀ ਬਾਰੇ ਰਾਤ ਨੂੰ ਗਾਉਣਾ ਚੰਗਾ ਹੈ।
3 ਹੇ ਪਰਮੇਸ਼ੁਰ, ਤੇਰੇ ਲਈ ਦਸ ਤਾਰਾਂ ਵਾਲੇ ਸਾਜ਼ਾਂ ਉੱਤੇ, ਸਾਰੰਗੀਆਂ ਉੱਤੇ ਅਤੇ ਰਬਾਬਾਂ ਉੱਤੇ ਸੰਗੀਤ ਬਜਾਉਣਾ ਚੰਗਾ ਹੈ।
4 ਯਹੋਵਾਹ, ਤੂੰ ਸੱਚਮੁੱਚ ਸਾਨੂੰ ਉਨ੍ਹਾਂ ਗੱਲਾਂ ਨਾਲ ਖੁਸ਼ ਕਰਦਾ ਹੈਂ ਜੋ ਤੂੰ ਕੀਤੀਆਂ ਸਨ। ਅਸੀਂ ਖੁਸ਼ੀ ਨਾਲ ਉਨ੍ਹਾਂ ਗੱਲਾਂ ਬਾਰੇ ਗਾਉਂਦੇ ਹਾਂ।
5 ਯਹੋਵਾਹ, ਤੂੰ ਇੰਨੀਆਂ ਮਹਾਨ ਗੱਲਾਂ ਕੀਤੀਆਂ ਸਨ। ਸਾਡੇ ਲਈ ਤੇਰੇ ਵਿਚਾਰ ਸਮਝਣੇ ਬਹੁਤ ਮੁਸ਼ਕਿਲ ਹਨ।
6 ਤੇਰੀ ਤੁਲਨਾ ਵਿੱਚ ਲੋਕ ਪਸ਼ੂਆਂ ਵਰਗੇ ਮੂਰਖ ਹਨ। ਅਸੀਂ ਮੂਰਖਾਂ ਵਰਗੇ ਹਾਂ ਜੋ ਕੋਈ ਵੀ ਗੱਲ ਨਹੀਂ ਸਮਝ ਸਕਦੇ।
7 ਦੁਸ਼ਟ ਲੋਕ ਘਾਹ-ਫੂਸ ਦੀ ਤਰ੍ਹਾਂ ਜੀਉਂਦੇ ਅਤੇ ਮਰ ਜਾਂਦੇ ਹਨ। ਅਤੇ ਜਿਹੜੀਆਂ ਨਿਰਾਰਥਕ ਗੱਲਾਂ ਉਹ ਕਰਦੇ ਹਨ ਹਮੇਸ਼ਾ ਲਈ ਨਸ਼ਟ ਕਰ ਦਿੱਤੀਆਂ ਜਾਣਗੀਆਂ।
8 ਪਰ ਹੇ ਪਰਮੇਸ਼ੁਰ, ਤੇਰਾ ਆਦਰ ਹਮੇਸ਼ਾ ਲਈ ਹੋਵੇਗਾ।
9 ਯਹੋਵਾਹ, ਤੇਰੇ ਸਾਰੇ ਦੁਸ਼ਮਣ ਤਬਾਹ ਹੋ ਜਾਣਗੇ। ਉਹ ਸਾਰੇ ਬੰਦੇ ਜਿਹੜੇ ਬੁਰੀਆਂ ਗੱਲਾਂ ਕਰਦੇ ਹਨ ਤਬਾਹ ਹੋ ਜਾਣਗੇ।
10 ਪਰ ਤੂੰ ਮੈਨੂੰ ਤਾਕਤਵਰ ਬਣਾ ਦੇਵੇਂਗਾ। ਮੈਂ ਮਜ਼ਬੂਤ ਸਿੰਗਾਂ ਵਾਲੇ ਇੱਕ ਸਾਨ੍ਹ ਵਰਗਾ ਹੋਵਾਂਗਾ। ਤੂੰ ਮੈਨੂੰ ਮੇਰੇ ਖਾਸ ਕੰਮ ਲਈ ਚੁਣਿਆ ਹੈ। ਤੂੰ ਮੇਰੇ ਉੱਤੇ ਤਾਜ਼ਗੀ ਦੇਣ ਵਾਲਾ ਤੇਲ ਮਲਿਆ ਹੈ।
11 ਮੈਂ ਆਪਣੇ ਚਾਰ-ਚੁਫ਼ੇਰੇ ਦੁਸ਼ਮਣਾਂ ਨੂੰ ਦੇਖਦਾ ਹਾਂ। ਉਹ ਮੋਟੇ ਝੋਟਿਆਂ ਵਰਗੇ ਮੇਰੇ ਉੱਤੇ ਹਮਲਾ ਕਰਨ ਲਈ ਤਿਆਰ ਹਨ। ਮੈਂ ਉਹ ਸੁਣ ਰਿਹਾ ਹਾਂ ਜੋ ਉਹ ਮੇਰੇ ਬਾਰੇ ਆਖ ਰਹੇ ਹਨ।
12 ਭਲੇ ਬੰਦੇ ਯਹੋਵਾਹ ਦੇ ਮੰਦਰ ਵਿੱਚ ਉੱਗੇ ਹੋਏ ਲਬਾਨੋਨ ਦੇ ਸਰੂ ਦੇ ਰੁੱਖਾਂ ਵਰਗੇ ਹਨ।
13 ਭਲੇ ਬੰਦੇ ਯਹੋਵਾਹ ਦੇ ਮੰਦਰ ਦੇ ਵਿਹੜੇ ਵਿੱਚ ਫ਼ੁੱਲਾਂ ਨਾਲ ਭਰੇ ਹੋਏ ਖਜੂਰ ਦੇ ਰੁੱਖਾਂ ਵਰਗੇ ਹਨ।
14 ਜਦੋਂ ਉਹ ਪੁਰਾਣੇ ਵੀ ਹੋ ਜਾਂਦੇ ਹਨ, ਉਹ ਜਵਾਨ ਅਤੇ ਸਿਹਤਮੰਦ ਰੁੱਖਾਂ ਦੀ ਤਰ੍ਹਾਂ, ਫ਼ਲ ਦਿੰਦੇ ਰਹਿੰਦੇ ਹਨ।

15 ਉਹ ਉੱਥੇ ਹਰ ਕਿਸੇ ਨੂੰ ਵਿਖਾਉਣ ਲਈ ਹਨ ਕਿ ਯਹੋਵਾਹ ਭਲਾ ਹੈ। ਉਹ ਮੇਰੀ ਚੱਟਾਨ ਹੈ ਅਤੇ ਉਹ ਕੁਝ ਵੀ ਗਲਤ ਨਹੀਂ ਕਰਦਾ।

**93** 1ਯਹੋਵਾਹ ਰਾਜਾ ਹੈ। ਉਹ ਮਹਿਮਾ ਅਤੇ ਸ਼ਕਤੀ ਨੂੰ ਵਸਤਰਾਂ ਵਾਂਗ ਪਹਿਨਦਾ ਹੈ। ਉਹ ਤਿਆਰ ਹੈ, ਇਸ ਲਈ ਸਾਰੀ ਦੁਨੀਆ ਸੁਰੱਖਿਅਤ ਹੈ। ਇਹ ਨਹੀਂ ਹਿੱਲੇਗੀ ਅਤੇ ਇਹ ਬਰਬਾਦ ਨਹੀਂ ਹੋਵੇਗੀ।
2 ਹੇ ਪਰਮੇਸ਼ੁਰ, ਤੇਰਾ ਰਾਜ ਸਦੀਵੀ ਰਿਹਾ ਹੈ। ਹੇ ਪਰਮੇਸ਼ੁਰ, ਤੂੰ ਸਦੀਵੀ ਤੌਰ ਤੇ ਜੀਵਿਤ ਹੈਂ।
3 ਹੇ ਯਹੋਵਾਹ, ਸਮੁੰਦਰਾਂ ਨੇ ਸ਼ੋਰ ਮਚਾਇਆ ਹੈ। ਸ਼ਕਤੀਸ਼ਾਲੀ ਸਮੁੰਦਰ ਕਿਨਾਰੇ ਉੱਤੇ ਟਕਰਾਉਂਦੀਆਂ ਹੋਈਆਂ ਲਹਿਰਾਂ ਵਾਂਙ ਗਰਜਦਾ ਹੈ।
4 ਸਮੁੰਗਰ ਦੀਆਂ ਟਕਰਾਉਂਦੀਆਂ ਹੋਈਆਂ ਲਹਿਰਾਂ ਤਾਕਤਵਰ ਅਤੇ ਬਹੁਤ ਸ਼ੋਰ ਮਚਾਉਂਦੀਆਂ ਹਨ। ਪਰ ਉੱਚਾਈ ਉੱਤੇ ਯਹੋਵਾਹ ਹੋਰ ਵੀ ਵੱਧ ਸ਼ਕਤੀਸ਼ਾਲੀ ਹੈ।
5 ਯਹੋਵਾਹ, ਤੇਰੇ ਨਿਯਮ ਸਦਾ ਲਈ ਬਣੇ ਰਹਿਣਗੇ। ਤੇਰਾ ਪਵਿੱਤਰ ਮੰਦਰ ਸਦਾ ਲਈ ਖਲੋਤਾ ਰਹੇਗਾ।

**94** 1ਯਹੋਵਾਹ, ਤੂੰ ਪਰਮੇਸ਼ੁਰ ਹੈਂ, ਜਿਹੜਾ ਲੋਕਾਂ ਨੂੰ ਦੰਡ ਦਿੰਦਾ ਹੈ ਹੇ ਪਰਮੇਸ਼ੁਰ ਆ, ਉਨ੍ਹਾਂ ਨੂੰ ਦੰਡ ਦੇ।
2 ਤੂੰ ਸਾਰੀ ਧਰਤੀ ਦੇ ਉੱਤੇ ਨਿਆਈ ਹੈਂ। ਦੁਸ਼ਟ ਲੋਕਾਂ ਨੂੰ ਸਜ਼ਾ ਦੇ, ਜਿਸ ਦੇ ਉਹ ਲਾਇਕ ਹਨ।
3 ਯਹੋਵਾਹ, ਦੁਸ਼ਟ ਲੋਕ ਕਿੰਨਾ ਕੁ ਚਿਰ ਖੁਸ਼ੀ ਮਨਾਉਣਗੇ? ਹੋਰ ਕਿੰਨਾ ਕੁ ਚਿਰ, ਯਹੋਵਾਹ।
4 ਉਹ ਦੋਸ਼ੀ ਹੋਰ ਕਿੰਨਾ ਕੁ ਚਿਰ, ਆਪਣੇ ਬੁਰੇ ਕੰਮਾਂ ਦੀਆਂ ਫੜਾਂ ਮਾਰਨਗੇ?
5 ਯਹੋਵਾਹ, ਉਹ ਤੇਰੇ ਬੰਦਿਆਂ ਨੂੰ ਦੁੱਖ ਦਿੰਦੇ ਹਨ, ਉਨ੍ਹਾਂ ਤੇਰੇ ਬੰਦਿਆਂ ਨੂੰ ਦੰਡ ਦਿੱਤਾ ਹੈ।
6 ਉਹ ਬੁਰੇ ਲੋਕ ਵਿੱਧਵਾਵਾਂ ਨੂੰ ਅਤੇ ਸਾਡੇ ਦੇਸ ਵਿੱਚ ਰਹਿੰਦੇ ਪਰਦੇਸੀਆਂ ਨੂੰ ਮਾਰਦੇ ਹਨ। ਉਹ ਯਤੀਮ ਬੱਚਿਆਂ ਨੂੰ ਮਾਰਦੇ ਹਨ।
7 ਅਤੇ ਉਹ ਆਖਦੇ ਹਨ ਕਿ ਯਹੋਵਾਹ ਉਨ੍ਹਾਂ ਨੂੰ ਇਹ ਬੁਰੇ ਕਾਰੇ ਕਰਦਿਆਂ ਨਹੀਂ ਦੇਖਦਾ। ਉਹ ਆਖਦੇ ਹਨ ਕਿ ਇਸਰਾਏਲ ਦੇ ਪਰਮੇਸ਼ੁਰ ਨੂੰ ਪਤਾ ਹੀ ਨਹੀਂ ਕਿ ਕੀ ਵਾਪਰ ਰਿਹਾ ਹੈ।
8 ਬੁਰੇ ਲੋਕੋ ਤੁਸੀਂ ਬਹੁਤ ਮੂਰਖ ਹੋ, ਤੁਸੀਂ ਆਪਣਾ ਸਬਕ ਕਦੋਂ ਸਿੱਖੋਗੇ? ਤੁਸੀਂ, ਬੁਰੇ ਲੋਕੋ ਕਿੰਨੇ ਬੁੱਧੂ ਹੋ। ਤੁਹਾਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।
9 ਪਰਮੇਸ਼ੁਰ ਨੇ ਸਾਡੇ ਕੰਨ ਬਣਾਏ, ਇਸ ਲਈ ਉਸ ਦੇ ਕੰਨ ਵੀ ਜ਼ਰੂਰ ਹੋਣਗੇ। ਉਹ ਸੁਣ ਸਕਦਾ ਕਿ ਕੀ ਹੋ ਰਿਹਾ ਹੈ। ਪਰਮੇਸ਼ੁਰ ਨੇ ਸਾਡੀਆਂ ਅੱਖਾਂ ਬਣਾਈਆਂ, ਇਸ ਲਈ ਉਸ ਦੀਆਂ ਅੱਖਾਂ ਵੀ ਜ਼ਰੂਰ ਹੋਣਗੀਆਂ, ਉਹ ਜੋ ਵੀ ਹੋ ਰਿਹਾ ਦੇਖ ਸਕਦਾ ਹੈ।
10 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਅਨੁਸ਼ਾਸਨ ਵਿੱਚ ਰੱਖੇਗਾ। ਪਰਮੇਸ਼ੁਰ ਉਨ੍ਹਾਂ ਨੂੰ ਸਿਖਾਏਗਾ ਕਿ ਉਨ੍ਹਾਂ ਨੂੰ ਕੀ ਕਰਨਾ ਚਾਹੀਦਾ ਹੈ।
11 ਪਰਮੇਸ਼ੁਰ ਲੋਕਾਂ ਦੀਆਂ ਸੋਚਾਂ ਨੂੰ ਜਾਣਦਾ ਹੈ। ਪਰਮੇਸ਼ੁਰ ਜਾਣਦਾ ਹੈ ਕਿ ਲੋਕ ਹਵਾ ਦੇ ਬੁੱਲੇ ਵਾਂਗੂ ਹਨ।
12 ਜਿਸ ਬੰਦੇ ਨੂੰ ਯਹੋਵਾਹ ਅਨੁਸ਼ਾਸਨ ਵਿੱਚ ਰੱਖਦਾ ਹੈ। ਉਹ ਬਹੁਤ ਖੁਸ਼ ਹੋਵੇਗਾ। ਪਰਮੇਸ਼ੁਰ ਉਸ ਬੰਦੇ ਨੂੰ ਸਹੀ ਜੀਵਨ ਜਾਂਚ ਸਿਖਾਵੇਗਾ।
13 ਹੇ ਪਰਮੇਸ਼ੁਰ, ਤੂੰ ਉਸ ਬੰਦੇ ਦੀ ਸ਼ਾਂਤ ਰਹਿਣ ਵਿੱਚ ਸਹਾਇਤਾ ਕਰੇਂਗਾ ਜਦੋਂ ਉਸ ਉੱਤੇ ਮੁਸੀਬਤ ਆਵੇਗੀ। ਤੂੰ ਸ਼ਾਂਤ ਰਹਿਣ ਵਿੱਚ ਉਦੋਂ ਤੱਕ ਉਸ ਦੀ ਮਦਦ ਕਰੇਂਗਾ ਜਦੋਂ ਤੱਕ ਕਿ ਦੁਸ਼ਟ ਲੋਕ ਆਪਣੀਆਂ ਕਬਰਾਂ ਵਿੱਚ ਨਹੀਂ ਚਲੇ ਜਾਂਦੇ।
14 ਯਹੋਵਾਹ ਆਪਣੇ ਲੋਕਾਂ ਨੂੰ ਨਹੀਂ ਤਿਆਗੇਗਾ। ਉਹ ਉਨ੍ਹਾਂ ਨੂੰ ਸਹਾਇਤਾ ਤੋਂ ਬਿਨਾ ਨਹੀਂ ਛੱਡੇਗਾ।
15 ਫ਼ੇਰ ਇਨਸਾਫ਼ ਹੋਵੇਗਾ, ਅਤੇ ਇਸ ਨਾਲ ਨਿਰਪੱਖਤਾ ਆਵੇਗੀ, ਅਤੇ ਫ਼ਿਰ ਇੱਥੇ ਚੰਗੇ ਅਤੇ ਇਮਾਨਦਾਰ ਲੋਕ ਹੋਣਗੇ।
16 ਕਿਸੇ ਵੀ ਬੰਦੇ ਨੇ ਦੁਸ਼ਟ ਲੋਕਾਂ ਦੇ ਖਿਲਾਫ਼ ਲੜਨ ਵਿੱਚ ਮੇਰੀ ਸਹਾਇਤਾ ਨਹੀਂ ਕੀਤੀ। ਕੋਈ ਵੀ ਬੰਦਾ ਮੇਰੇ ਨਾਲ ਉਨ੍ਹਾਂ ਦੇ ਖਿਲਾਫ਼ ਲੜਨ ਲਈ ਨਹੀਂ ਖਲੋਤਾ ਜਿਹੜੇ ਬੁਰੇ ਕੰਮ ਕਰਦੇ ਹਨ।
17 ਅਤੇ ਜੇ ਯਹੋਵਾਹ ਨੇ ਮੇਰੀ ਸਹਾਇਤਾ ਨਾ ਕੀਤੀ ਹੁੰਦੀ, ਮੈਨੂੰ ਮੌਤ ਨੇ ਖਾਮੋਸ਼ ਕਰ ਦਿੱਤਾ ਹੋਣਾ ਸੀ।
18 ਮੈਂ ਜਾਣਦਾ ਹਾਂ ਕਿ ਮੈਂ ਡਿੱਗਣ ਵਾਲਾ ਸਾਂ, ਪਰ ਯਹੋਵਾਹ ਨੇ ਆਪਣੇ ਪੈਰੋਕਾਰਾਂ ਨੂੰ ਸਹਾਰਾ ਦਿੱਤਾ।
19 ਮੈਂ ਬਹੁਤ ਫ਼ਿਕਰਮੰਦ ਅਤੇ ਬੇਚੈਨ ਸਾਂ। ਪਰ ਹੇ ਯਹੋਵਾਹ, ਤੂੰ ਮੈਨੂੰ ਸਕੂਨ ਪਹੁੰਚਾਇਆ ਅਤੇ ਮੈਨੂੰ ਪ੍ਰਸੰਨ ਕਰ ਦਿੱਤਾ।
20 ਹੇ ਪਰਮੇਸ਼ੁਰ, ਤੂੰ ਭ੍ਰਿਸ਼ਟ ਨਿਆਕਾਰਾਂ ਦੀ ਸਹਾਇਤਾ ਨਹੀਂ ਕਰਦਾ। ਉਹ ਲੋਕਾਂ ਦਾ ਜੀਣਾ ਦੁਭਰ ਕਰਨ ਲਈ ਕਾਨੂੰਨ ਦਾ ਇਸਤੇਮਾਲ ਕਰਦੇ ਹਨ।
21 ਉਹ ਨਿਆਂਕਾਰ ਨੇਕ ਬੰਦਿਆਂ ਉੱਤੇ ਹਮਲਾ ਕਰਦੇ ਹਨ। ਉਹ ਮਾਸੂਮ ਲੋਕਾਂ ਨੂੰ ਦੋਸ਼ੀ ਆਖਦੇ ਹਨ ਅਤੇ ਉਨ੍ਹਾਂ ਨੂੰ ਮਾਰਦੇ ਹਨ।
22 ਪਰ ਉੱਚੇ ਪਰਬਤ ਉੱਤੇ ਪਰਮੇਸ਼ੁਰ ਹੀ ਮੇਰੀ ਸੁਰੱਖਿਆ ਦਾ ਸਥਾਨ ਹੈ। ਪਰਮੇਸ਼ੁਰ, ਮੇਰੀ ਚੱਟਾਨ ਹੈ, ਉਹ ਮੇਰੀ ਰੱਖਿਆ ਦਾ ਸਥਾਨ ਹੈ।
23 ਪਰਮੇਸ਼ੁਰ ਉਨ੍ਹਾਂ ਬੁਰੇ ਨਿਆਕਾਰਾਂ ਨੂੰ ਉਨ੍ਹਾਂ ਦੇ ਬੁਰੇ ਕਾਰਿਆਂ ਦਾ ਦੰਡ ਦੇਵੇਗਾ। ਪਰਮੇਸ਼ੁਰ ਉਨ੍ਹਾਂ ਨੂੰ ਤਬਾਹ ਕਰ ਦੇਵੇਗਾ ਕਿਉਂਕਿ ਉਨ੍ਹਾਂ ਨੇ ਗੁਨਾਹ ਕੀਤਾ ਸੀ। ਯਹੋਵਾਹ, ਸਾਡਾ ਪਰਮੇਸ਼ੁਰ ਉਨ੍ਹਾਂ ਬੁਰੇ ਨਿਆਕਾਰਾਂ ਦਾ ਨਾਸ਼ ਕਰੇਗਾ।

**95** 1ਆਉ, ਅਸੀਂ ਪਰਮੇਸ਼ੁਰ ਦੀ ਉਸਤਤ ਕਰੀਏ। ਆਉ, ਉਸ ਚੱਟਾਨ ਲਈ, ਉਸਤਤ ਦੇ ਜੈਕਾਰੇ ਗਾਈਏ। ਜਿਹੜੀ ਸਾਡੀ ਰੱਖਿਆ ਕਰਦੀ ਹੈ।
2 ਆਉ ਯਹੋਵਾਹ ਦੇ ਧੰਨਵਾਦ ਦੇ ਗੀਤ ਗਾਈਏ ਆਉ ਉਸ ਦੀ ਉਸਤਤ ਦੇ ਖੁਸ਼ੀ ਦੇ ਗੀਤ ਗਾਈਏ।
3 ਕਿਉਂਕਿ ਯਹੋਵਹ ਹੀ ਮਹਾਨ ਪਰਮੇਸ਼ੁਰ ਹੈ। ਉਹੀ ਮਹਾਨ ਰਾਜਾ ਹੈ ਜਿਹੜਾ “ਹੋਰਨਾਂ ਸਾਰੇ ਦੇਵਤਿਆਂ” ਉੱਤੇ ਹਕੂਮਤ ਕਰਦਾ ਹੈ।

4 ਸਭ ਤੋਂ ਡੂੰਘੀਆਂ ਗੁਫ਼ਾਵਾਂ ਅਤੇ ਉੱਚੇ ਤੋਂ ਉੱਚਾ ਪਹਾੜ ਯਹੋਵਾਹ ਦੇ ਹਨ।
5 ਸਾਗਰ ਉਸ ਦਾ ਹੈ ਉਸ ਨੇ ਇਸ ਨੂੰ ਸਾਜਿਆ ਸੀ। ਪਰਮੇਸ਼ੁਰ ਨੇ ਆਪਣਿਆਂ ਹੱਥਾਂ ਨਾਲ ਸੁੱਕੀ ਧਰਤੀ ਬਣਾਈ ਸੀ।
6 ਆਉ, ਨੀਵੇਂ ਝੁਕੀਏ ਅਤੇ ਉਸ ਦੀ ਉਪਾਸਨਾ ਕਰੀਏ। ਆਉ ਉਸ ਪਰਮੇਸ਼ੁਰ ਦੀ ਉਸਤਤ ਕਰੀਏ ਜਿਸ ਨੇ ਸਾਨੂੰ ਬਣਾਇਆ।
7 ਉਹ ਹੀ ਸਾਡਾ ਪਰਮੇਸ਼ੁਰ ਹੈ। ਅਤੇ ਅਸੀਂ ਉਸ ਦੇ ਬੰਦੇ ਹਾਂ। ਅਸੀਂ ਉਸ ਦੀਆਂ ਭੇਡਾਂ ਹਾਂ ਜੇ ਅੱਜ ਅਸੀਂ ਉਸ ਦੀ ਅਵਾਜ਼ ਸੁਣੀਏ।
8 ਪਰਮੇਸ਼ੁਰ ਆਖਦਾ ਹੈ, "ਜ਼ਿੱਦੀ ਨਾ ਬਣ ਜਿਵੇਂ ਤੂੰ ਮਰੀਬਾਹ ਵਿੱਚ ਸੀ, ਜਿਵੇਂ ਤੂੰ ਮਾਰੂਥਲ ਅੰਦਰ ਮੱਸਾਹ ਵਿਖੇ ਸੀ।
9 ਤੇਰੇ ਪੁਰਖਿਆਂ ਨੇ ਮੇਰੀ ਪਰਖ ਕੀਤੀ ਸੀ, ਉਨ੍ਹਾਂ ਨੇ ਮੈਨੂੰ ਪਰਖਿਆ, ਉਨ੍ਹਾਂ ਨੇ ਦੇਖ ਲਿਆ, ਕਿ ਮੈਂ ਕੀ ਕਰ ਸਕਦਾ ਸਾਂ।
10 ਮੈਂ ਚਾਲ੍ਹੀਆਂ ਸਾਲਾਂ ਤੱਕ ਉਨ੍ਹਾਂ ਨਾਲ ਸਬਰ ਨਾਲ ਰਿਹਾ। ਅਤੇ ਮੈਂ ਜਾਣਦਾ ਹਾਂ ਕਿ, 'ਉਹ ਵਫ਼ਾਦਾਰ ਨਹੀਂ ਹਨ, ਕਿਉਂਕਿ ਉਨ੍ਹਾਂ ਲੋਕਾਂ ਨੇ ਮੇਰੀਆਂ ਸਿੱਖਿਆਵਾਂ ਉੱਤੇ ਚੱਲਣ ਤੋਂ ਇਨਕਾਰ ਕਰ ਦਿੱਤਾ।'
11 ਇਸ ਲਈ ਮੈਂ ਗੁੱਸੇ ਸਾਂ, ਅਤੇ ਮੈਂ ਸੌਂਹ ਖਾਧੀ ਕਿ, 'ਉਹ ਮੇਰੀ ਅਰਾਮ ਦੀ ਜ਼ਮੀਨ ਵਿੱਚ ਦਾਖਲ ਨਹੀਂ ਹੋਣਗੇ।'"

## 96

1 ਉਨ੍ਹਾਂ ਨਵੀਆਂ ਗੱਲਾਂ ਬਾਰੇ ਇੱਕ ਨਵਾਂ ਗੀਤ ਗਾਵੋ ਜੋ ਯਹੋਵਾਹ ਨੇ ਕੀਤੀਆਂ ਹਨ। ਸਾਰੀ ਦੁਨੀਆ ਪਰਮੇਸ਼ੁਰ ਲਈ ਗੀਤ ਗਾਵੇ।
2 ਪਰਮੇਸ਼ੁਰ ਨੂੰ ਗਾਵੋ। ਉਸ ਦੇ ਨਾਮ ਨੂੰ ਮੁਬਾਰਕ ਆਖੋ। ਖੁਸ਼ਖਬਰੀ ਦੱਸੋ। ਹਰ ਰੋਜ਼ ਉਸ ਦੀ ਮੁਕਤੀ ਬਾਰੇ ਦੱਸੋ।
3 ਲੋਕਾਂ ਨੂੰ ਦੱਸੋ ਕਿ ਪਰਮੇਸ਼ੁਰ ਸੱਚਮੁੱਚ ਕਿੰਨਾ ਗੌਰਵਮਈ ਹੈ। ਹਰ ਥਾਂ ਲੋਕਾਂ ਨੂੰ ਪਰਮੇਸ਼ੁਰ ਦੇ ਚਮਤਕਾਰਾਂ ਬਾਰੇ ਦੱਸੋ।
4 ਯਹੋਵਾਹ ਮਹਾਨ ਹੈ ਅਤੇ ਉਸਤਤ ਯੋਗ ਹੈ। ਉਹ ਸਾਰੇ "ਦੇਵਤਿਆਂ" ਨਾਲੋਂ ਵੱਧ ਭੈਦਾਇਕ ਹੈ।
5 ਪਰਾਈਆਂ ਕੌਮਾਂ ਦੇ ਸਾਰੇ "ਦੇਵਤੇ" ਵਿਅਰਥ ਹਨ। ਪਰ ਯਹੋਵਾਹ ਨੇ ਸਵਰਗਾ ਦੀ ਸਾਜਨਾ ਕੀਤੀ।
6 ਆਦਰ ਅਤੇ ਸ਼ਾਨ ਉਸ ਦੇ ਸਾਹਮਣੇ ਹੈ। ਸਮਰੱਥਾ ਅਤੇ ਸੁੰਦਰਤਾ ਉਸ ਦੇ ਪਵਿੱਤਰ ਮੰਦਰਾਂ ਵਿੱਚ ਹੈ।
7 ਹਰ ਕੌਮ ਦੇ ਲੋਕ ਯਹੋਵਾਹ ਦੀ ਉਸਤਤ ਕਰਨ ਅਤੇ ਯਹੋਵਾਹ ਦੀ ਮਹਿਮਾ ਦੇ ਗੀਤ ਗਾਉਣ।
8 ਯਹੋਵਾਹ ਦੇ ਨਾਮ ਦੀ ਉਸਤਤ ਕਰੋ ਆਪਣੇ ਚੜ੍ਹਾਵੇ ਲੈ ਕੇ ਮੰਦਰ ਵੱਲ ਜਾਵੋ।
9 ਯਹੋਵਾਹ ਦੀ ਉਪਾਸਨਾ ਉਸ ਦੇ ਸੁੰਦਰ ਮੰਦਰ ਵਿੱਚ ਕਰੋ, ਧਰਤੀ ਦੇ ਹਰੇਕ ਵਾਸੀ ਯਹੋਵਾਹ ਦੀ ਉਪਾਸਨਾ ਕਰਨ।
10 ਕੌਮਾਂ ਨੂੰ ਐਲਾਨ ਕਰ ਦਿਓ ਕਿ ਯਹੋਵਾਹ ਰਾਜਾ ਹੈ। ਇਸ ਲਈ ਦੁਨੀਆ ਤਬਾਹ ਨਹੀਂ ਹੋਵੇਗੀ, ਯਹੋਵਾਹ ਬੇਲਾਗ ਹੋ ਕੇ ਲੋਕਾਂ ਉੱਤੇ ਰਾਜ ਕਰੇਗਾ।
11 ਹੇ ਅਕਾਸ਼ ਖੁਸ਼ ਹੋ, ਹੇ ਧਰਤੀ ਖੁਸ਼ੀ ਮਨਾ। ਹੇ ਸਮੁੰਦਰ ਅਤੇ ਇਸ ਵਿੱਚਲੀ ਹਰ ਸ਼ੈਅ ਲਲਕਾਰਾ ਮਾਰੇ।
12 ਮੈਦਾਨ ਅਤੇ ਉਸ ਵਿੱਚ ਉੱਗਣ ਵਾਲੀ ਹਰ ਸ਼ੈਅ, ਖੁਸ਼ ਹੋਵੇ। ਹੇ ਜੰਗਲ ਦੇ ਰੁੱਖੋ ਗਾਵੋ ਅਤੇ ਖੁਸ਼ ਹੋਵੋ।
13 ਇਸ ਗੱਲ ਲਈ ਖੁਸ਼ ਹੋਵੋ ਕਿ ਯਹੋਵਾਹ ਆ ਰਿਹਾ ਹੈ, ਯਹੋਵਾਹ ਦੁਨੀਆ ਉੱਤੇ ਰਾਜ ਕਰਨ ਲਈ ਆ ਰਿਹਾ ਹੈ। ਉਹ ਦੁਨੀਆ ਉੱਤੇ ਇਨਸਾਫ਼ ਅਤੇ ਨਿਰਪੱਖਤਾ ਨਾਲ ਰਾਜ ਕਰੇਗਾ।

## 97

1 ਯਹੋਵਾਹ ਰਾਜ ਕਰਦਾ ਹੈ ਅਤੇ ਧਰਤੀ ਖੁਸ਼ ਹੈ। ਦੂਰ ਦੁਰਾਡੇ ਦੇ ਸਾਰੇ ਦੇਸ਼, ਖੁਸ਼ ਹਨ।
2 ਘਨਘੋਰ ਬੱਦਲਾਂ ਨੇ ਯਹੋਵਾਹ ਨੂੰ ਘੇਰਿਆ ਹੋਇਆ ਹੈ। ਭਲਿਆਈ ਅਤੇ ਇਨਸਾਫ਼ ਉਸ ਦੇ ਰਾਜ ਨੂੰ ਮਜ਼ਬੂਤ ਬਣਾਉਂਦੇ ਹਨ।
3 ਯਹੋਵਾਹ ਦੇ ਸਾਹਮਣੇ ਅੱਗ ਬਲਦੀ ਹੈ ਅਤੇ ਉਸ ਦੇ ਦੁਸ਼ਮਣਾਂ ਨੂੰ ਤਬਾਹ ਕਰਦੀ ਹੈ।
4 ਉਸ ਦੀ ਬਿਜਲੀ ਚਮਕ ਆਕਾਸ਼ ਵਿੱਚ ਚਮਕਦੀ ਹੈ ਲੋਕ ਇਸ ਨੂੰ ਵੇਖਦੇ ਹਨ ਅਤੇ ਭੈਭੀਤ ਹੋ ਜਾਂਦੇ ਹਨ।
5 ਧਰਤੀ ਦੇ ਮਾਲਕ ਯਹੋਵਾਹ ਦੇ ਸਾਹਮਣੇ ਪਰਬਤ ਮੋਮ ਵਾਂਗ ਪਿਘਲ ਜਾਂਦੇ ਹਨ।
6 ਹੇ ਸਵਰਗਾ, ਉਸ ਦੀ ਭਲਿਆਈ ਬਾਰੇ ਦੱਸ। ਹਰ ਆਦਮੀ ਨੂੰ ਪਰਮੇਸ਼ੁਰ ਦੀ ਮਹਿਮਾ ਵੇਖਣ।
7 ਲੋਕ ਆਪਣੀਆਂ ਮੂਰਤੀਆਂ ਦੀ ਉਪਾਸਨਾ ਕਰਦੇ ਹਨ। ਉਹ ਆਪਣੇ "ਦੇਵਤਿਆਂ" ਬਾਰੇ ਡੀਂਗਾ ਮਾਰਦੇ ਹਨ। ਪਰ ਉਨ੍ਹਾਂ ਲੋਕਾਂ ਨੂੰ ਸ਼ਰਮਸਾਰ ਕੀਤਾ ਜਾਵੇਗਾ। ਉਨ੍ਹਾਂ ਦੇ "ਦੇਵਤੇ" ਝੁਕ ਜਾਵਣਗੇ ਅਤੇ ਪਰਮੇਸ਼ੁਰ ਦੀ ਉਪਾਸਨਾ ਕਰਨਗੇ।
8 ਹੇ ਸੀਯੋਨ ਹੁਣ ਖੁਸ਼ ਹੋ। ਯਹੂਦਾਹ ਦੇ ਸ਼ਹਿਰੋ ਖੁਸ਼ ਹੋਵੋ। ਕਿਉਂਕਿ ਯਹੋਵਾਹ ਉਚਿਤ ਨਿਆਂ ਕਰਦਾ ਹੈ।
9 ਹੇ ਸਭ ਤੋਂ ਉੱਚੇ ਯਹੋਵਾਹ ਅਸਲ ਵਿੱਚ ਤੂੰ ਹੀ ਧਰਤੀ ਦੇ ਹਾਕਮ ਹੈਂ। ਤੂੰ ਬਹੁਤਿਆਂ "ਦੇਵਤਿਆਂ" ਨਾਲੋਂ ਮਹਾਨ ਹੈਂ।
10 ਜਿਹੜੇ ਬੰਦੇ ਯਹੋਵਾਹ ਨੂੰ ਨਫ਼ਰਤ ਕਰਦੇ ਹਨ ਉਹ ਬਦੀ ਨੂੰ ਨਫ਼ਰਤ ਕਰਦੇ ਹਨ। ਇਸ ਲਈ ਪਰਮੇਸ਼ੁਰ ਆਪਣੇ ਪੈਰੋਕਾਰਾਂ ਨੂੰ ਬਚਾਉਂਦਾ ਹੈ। ਪਰਮੇਸ਼ੁਰ ਆਪਣੇ ਪੈਰੋਕਾਰਾਂ ਨੂੰ ਬੁਰੇ ਲੋਕਾਂ ਤੋਂ ਬਚਾਉਂਦਾ ਹੈ।
11 ਨੇਕ ਲੋਕਾਂ ਉੱਤੇ ਰੌਸ਼ਨੀ ਅਤੇ ਖੁਸ਼ੀ ਚਮਕਦੀ ਹੈ।
12 ਭਲੇ ਲੋਕੋ, ਯਹੋਵਾਹ ਵਿੱਚ ਖੁਸ਼ ਹੋਵੋ। ਉਸ ਦੇ ਪਵਿੱਤਰ ਨਾਮ ਦੀ ਉਸਤਤ ਕਰੋ।

*ਉਸਤਤ ਦਾ ਇੱਕ ਗੀਤ।*

## 98

1 ਯਹੋਵਾਹ ਲਈ ਕੋਈ ਨਵਾਂ ਗੀਤ ਗਾਵੋ ਕਿਉਂਕਿ ਉਸ ਨੇ ਕਈ ਨਵੇਂ ਚਮਤਕਾਰ ਕੀਤੇ ਹਨ। ਉਸ ਦੀ ਪਵਿੱਤਰ ਸੱਜੀ ਬਾਂਹ ਨੇ ਇੱਕ ਵਾਰੇ ਫ਼ੇਰ ਜਿੱਤ ਉਸ ਨੂੰ ਜਿੱਤ ਪ੍ਰਦਾਨ ਕੀਤੀ ਹੈ।
2 ਪਰਮੇਸ਼ੁਰ ਨੇ ਕੌਮਾਂ ਨੂੰ ਬਚਾਉਣ ਲਈ ਆਪਣੀ ਸ਼ਕਤੀ ਪਰਗਟ ਹੈ। ਪਰਮੇਸ਼ੁਰ ਨੇ ਉਨ੍ਹਾਂ ਨੂੰ ਆਪਣੀ ਭਲਿਆਈ ਪਰਗਟ ਕੀਤੀ ਹੈ।
3 ਪਰਮੇਸ਼ੁਰ ਨੇ ਆਪਣੇ ਪਿਆਰ ਅਤੇ ਵਫ਼ਾਦਾਰੀ ਦੇ ਵਾਇਦੇ ਨੂੰ ਇਸਰਾਏਲ ਦੇ ਲੋਕਾਂ ਲਈ ਯਾਦ ਕੀਤਾ। ਦੂਰ-ਦੁਰਾਡੇ

ਦੇ ਦੇਸ਼ਾਂ ਨੇ ਸਾਡੇ ਪਰਮੇਸ਼ੁਰ ਦੀ ਰੱਖਿਆ ਕਰਨ ਦੀ ਸ਼ਕਤੀ
ਦੇਖੀ।
4 ਹੇ ਧਰਤੀ ਦੇ ਸਾਰੇ ਲੋਕੋ, ਯਹੋਵਾਹ ਲਈ ਖੁਸ਼ੀ ਦਾ ਨਾਹਰਾ
ਮਾਰੋ। ਉਸਤਤ ਦੇ ਗੀਤ ਗਾਉਣੇ ਸ਼ੁਰੂ ਕਰੋ।
5 ਰਬਾਬ ਨਾਲ ਯਹੋਵਾਹ ਦੀ ਉਸਤਤ ਕਰੋ। ਰਬਾਬ ਵਿੱਚੋਂ
ਨਿੱਕਲਣ ਵਾਲੇ ਸੰਗੀਤ ਨਾਲ ਉਸ ਦੀ ਉਸਤਤ ਕਰੋ।
6 ਨਰਸਿੰਗੇ ਅਤੇ ਵੰਝਲੀਆਂ ਵਜਾਉ, ਅਤੇ ਸਾਡੇ ਯਹੋਵਾਹ
ਲਈ ਖੁਸ਼ੀ ਦੇ ਨਾਹਰੇ ਮਾਰੋ।
7 ਧਰਤੀ ਅਤੇ ਸਮੁੰਦਰ, ਅਤੇ ਉਸ ਵਿੱਚਲੇ ਸਾਰੇ ਉੱਚੀ
ਅਵਾਜ਼ ਵਿੱਚ ਗਾਉਣ।
8 ਹੇ ਨਦੀਉ ਤਾਲੀਆਂ ਵਜਾਉ। ਸਾਰੇ ਪਹਾੜ ਇਕੱਠੇ ਹੋ ਕੇ
ਗੀਤ ਗਾਵੋ।
9 ਯਹੋਵਾਹ ਦੇ ਸਾਹਮਣੇ ਗਾਵੋ, ਕਿਉਂਕਿ ਉਹ ਦੁਨੀਆ ਉੱਤੇ
ਰਾਜ ਕਰਨ ਲਈ ਆ ਰਿਹਾ ਹੈ। ਉਹ ਨਿਰਪੱਖ ਹੋ ਕੇ
ਦੁਨੀਆ ਉੱਤੇ ਰਾਜ ਕਰੇਗਾ। ਉਹ ਭਲਿਆਈ ਨਾਲ ਲੋਕਾਂ
ਉੱਤੇ ਰਾਜ ਕਰੇਗਾ।

## 99

1 ਯਹੋਵਾਹ ਰਾਜਾ ਹੈ। ਇਸ ਲਈ ਕੌਮਾਂ ਨੂੰ ਡਰ
ਨਾਲ ਕੰਬਣ। ਪਰਮੇਸ਼ੁਰ ਤੇਜ਼ ਦੇ ਕਰੂਬੀਆਂ ਉੱਤੇ
ਰਾਜੇ ਵਾਂਗ ਬੈਠਾ ਹੈ। ਇਸ ਲਈ ਦੁਨੀਆ ਡਰ ਨਾਲ
ਕੰਬੇ।
2 ਯਹੋਵਾਹ ਪਰਮੇਸ਼ੁਰ ਸੀਯੋਨ ਵਿੱਚ ਮਹਾਨ ਹੈ। ਉਹ ਸਾਰੇ
ਲੋਕਾਂ ਦਾ ਮਹਾਨ ਆਗੂ ਹੈ।
3 ਸਾਰੇ ਲੋਕ ਤੇਰੇ ਨਾਮ ਦੀ ਉਸਤਤ ਕਰਨ। ਪਰਮੇਸ਼ੁਰ ਦਾ
ਨਾਮ ਭਿਆਨਕ ਹੈ। ਪਰਮੇਸ਼ੁਰ ਪਵਿੱਤਰ ਹੈ।
4 ਸ਼ਕਤੀਸ਼ਾਲੀ ਰਾਜਾ ਇਨਸਾਫ਼ ਨੂੰ ਪਿਆਰ ਕਰਦਾ ਹੈ।
ਹੇ ਪਰਮੇਸ਼ੁਰ, ਤੂੰ ਨਿਰਪੱਖਤਾ ਨੂੰ ਕਾਇਮ ਕੀਤਾ ਹੈ। ਤੂੰ
ਇਸਰਾਏਲ ਵਿੱਚ ਨਿਆਂ ਅਤੇ ਨਿਰਪੱਖਤਾ ਲਿਆਂਦੀ।
5 ਯਹੋਵਾਹ ਆਪਣੇ ਪਰਮੇਸ਼ੁਰ ਦੀ ਉਸਤਤ ਕਰੋ, ਅਤੇ
ਉਸ ਦੇ ਪਵਿੱਤਰ ਚਰਨਾਂ ਦੀ ਚੌਂਕੀ [a] ਉੱਤੇ ਉਪਾਸਨਾ
ਕਰੋ।
6 ਮੂਸਾ ਅਤੇ ਹਾਰੂਨ ਉਸ ਦੇ ਕੁਝ ਜਾਜਕ ਸਨ। ਅਤੇ
ਸਮੂਏਲ ਉਨ੍ਹਾਂ ਵਿੱਚੋਂ ਇੱਕ ਸੀ ਜਿਸ ਨੇ ਪਰਮੇਸ਼ੁਰ ਦੇ
ਨਾਮ ਤੇ ਪੁਕਾਰਦੇ ਸਨ। ਉਨ੍ਹਾਂ ਨੇ ਯਹੋਵਾਹ ਨੂੰ ਪ੍ਰਾਰਥਨਾ
ਕੀਤੀ ਅਤੇ ਉਸ ਨੇ ਉਨ੍ਹਾਂ ਨੂੰ ਉੱਤਰ ਦਿੱਤਾ।
7 ਪਰਮੇਸ਼ੁਰ ਬੱਦਲ ਦੇ ਥੰਮ੍ਹ ਵਿੱਚੋਂ ਬੋਲਿਆ ਉਨ੍ਹਾਂ ਨੇ ਉਸ ਦੇ
ਹੁਕਮ ਮੰਨੇ ਅਤੇ ਪਰਮੇਸ਼ੁਰ ਨੇ ਉਨ੍ਹਾਂ ਨੂੰ ਨਿਯਮ ਪ੍ਰਦਾਨ
ਕੀਤਾ।
8 ਹੇ ਪਰਮੇਸ਼ੁਰ, ਸਾਡੇ ਯਹੋਵਾਹ, ਤੂੰ ਉਨ੍ਹਾਂ ਦੀਆਂ ਪ੍ਰਾਰਥਨਾਵਾਂ
ਦਾ ਉੱਤਰ ਦਿੱਤਾ। ਤੂੰ ਉਨ੍ਹਾਂ ਨੂੰ ਵਿਖਾ ਦਿੱਤਾ ਕਿ ਤੂੰ
ਬਖਸ਼ਣਹਾਰ ਪਰਮੇਸ਼ੁਰ ਹੈਂ। ਅਤੇ ਤੂੰ ਲੋਕਾਂ ਨੂੰ ਉਨ੍ਹਾਂ ਦੇ
ਬੁਰੇ ਕੰਮਾਂ ਵਾਸਤੇ ਦੰਡ ਦਿੱਤਾ।
9 ਸਾਡੇ ਯਹੋਵਾਹ ਪਰਮੇਸ਼ੁਰ ਦੀ ਉਸਤਤ ਕਰੋ, ਉਸ ਦੇ
ਪਵਿੱਤਰ ਪਰਬਤ ਵੱਲ ਸਿਜਦਾ ਕਰੋ ਅਤੇ ਉਸ ਦੀ
ਉਪਾਸਨਾ ਕਰੋ। ਪਰਮੇਸ਼ੁਰ ਸੱਚਮੁੱਚ ਪਵਿੱਤਰ।

*ਧੰਨਵਾਦ ਦਾ ਗੀਤ।*

## 100

1 ਹੇ ਧਰਤੀ, ਯਹੋਵਾਹ ਦੇ ਗੀਤ ਗਾ।
2 ਯਹੋਵਾਹ ਦੀ ਸੇਵਾ ਕਰਦਿਆਂ ਖੁਸ਼ ਹੋ।
ਖੁਸ਼ੀ ਦੇ ਗੀਤਾਂ ਦੇ ਨਾਲ ਯਹੋਵਾਹ ਦੇ ਸਨਮੁੱਖ ਆ।
3 ਜਾਣ ਲਵੋ ਕਿ ਯਹੋਵਾਹ ਪਰਮੇਸ਼ੁਰ ਹੈ। ਉਸ ਨੇ ਅਸਾਂ ਨੂੰ
ਸਾਜਿਆ। ਅਸੀਂ ਉਸ ਦੇ ਲੋਕ ਹਾਂ, ਅਸੀਂ ਉਸ ਦੀਆਂ
ਭੇਡਾਂ ਹਾਂ।
4 ਉਸ ਨੂੰ ਧੰਨਵਾਦ ਦਿੰਦੇ ਹੋਏ ਫਾਟਕਾਂ ਰਾਹੀਂ ਉਸ ਦੇ ਮੰਦਰ
ਵਿੱਚ ਆਵੋ। ਉਸਤਤ ਦੇ ਗੀਤ ਨਾਲ ਉਹ ਦੇ ਦਰਬਾਰ
ਵਿੱਚ ਆਵੋ। ਉਸ ਦੀ ਉਸਤਤ ਕਰੋ ਅਤੇ ਉਸ ਦੇ ਨਾਮ ਨੂੰ
ਮੁਬਾਰਕ ਆਖੋ।
5 ਯਹੋਵਾਹ ਭਲਾ ਹੈ। ਉਸ ਦਾ ਪਿਆਰ ਸਦੀਵੀ ਹੈ। ਅਸੀਂ
ਉਸ ਉੱਤੇ ਸਦਾ-ਸਦਾ ਲਈ ਉਸ ਉੱਤੇ ਵਿਸ਼ਵਾਸ ਕਰ
ਸਕਦੇ ਹਾਂ।

*ਦਾਊਦ ਦਾ ਇੱਕ ਗੀਤ।*

## 101

1 ਮੈਂ ਪਿਆਰ ਅਤੇ ਨਿਆਂ ਦੇ ਗੀਤ ਗਾਵਾਂਗਾ।
ਯਹੋਵਾਹ, ਮੈਂ ਤੈਨੂੰ ਗੀਤ ਸੁਣਾਵਾਂਗਾ।
2 ਮੈਂ ਸਾਵਧਾਨੀ ਨਾਲ ਸਾਫ਼ ਸੁਥਰਾ ਜੀਵਨ ਜੀਵਾਂਗਾ।
ਮੈਂ ਆਪਣੇ ਘਰ ਵਿੱਚ ਪਵਿੱਤਰ ਜੀਵਨ ਜੀਵਾਂਗਾ।
ਯਹੋਵਾਹ, ਤੂੰ ਮੇਰੇ ਕੋਲ ਕਦੋਂ ਆਵੇਂਗਾ?
3 ਮੈਂ ਆਪਣੇ ਸਾਹਮਣੇ ਕੋਈ ਵੀ ਮੂਰਤੀ ਨਹੀਂ ਰੱਖਾਂਗਾ। ਮੈਂ
ਤੇਰੇ ਵਿਰੋਧੀ ਲੋਕਾਂ ਨੂੰ ਨਫ਼ਰਤ ਕਰਦਾ ਹਾਂ। ਮੈਂ ਇਹ ਨਹੀਂ
ਕਰਾਂਗਾ।
4 ਮੈਂ ਇਮਾਨਦਾਰ ਬਣਾਂਗਾ। ਮੈਂ ਕੋਈ ਬੁਰੇ ਕੰਮ ਨਹੀਂ
ਕਰਾਂਗਾ।
5 ਜੇ ਕੋਈ ਪਿੱਠ ਪਿੱਛੇ ਆਪਣੇ ਗੁਆਂਢੀ ਬਾਰੇ ਬੁਰਾ ਬੋਲਦਾ
ਹੈ। ਮੈਂ ਉਸ ਆਦਮੀ ਨੂੰ ਇਜਾਜ਼ਤ ਨਹੀਂ ਦਿਆਂਗਾ। ਮੈਂ
ਘਮੰਡੀਆਂ ਨੂੰ ਕਬੂਲ ਨਹੀਂ ਕਰ ਸਕਦਾ ਜਿਹੜੇ ਸੋਚਦੇ
ਹਨ ਕਿ ਉਹ ਦੂਸਰਿਆਂ ਨਾਲੋਂ ਬਿਹਤਰ ਹਨ।
6 ਮੈਂ ਦੇਸ ਭਰ ਵਿੱਚ ਉਨ੍ਹਾਂ ਲੋਕਾਂ ਦੀ ਭਾਲ ਕਰਾਂਗਾ ਜਿਨ੍ਹਾਂ
ਉੱਤੇ ਭਰੋਸਾ ਕੀਤਾ ਜਾ ਸਕਦਾ ਹੈ, ਅਤੇ ਮੈਂ ਸਿਰਫ਼ ਉਨ੍ਹਾਂ
ਲੋਕਾਂ ਤੋਂ ਹੀ ਆਪਣੀ ਸੇਵਾ ਕਰਾਵਾਂਗਾ। ਸਿਰਫ਼ ਉਹੀ
ਲੋਕ ਜਿਹੜੇ ਪਵਿੱਤਰ ਜੀਵਨ ਜੀਉਂਦੇ ਹਨ ਮੇਰੇ ਸੇਵਕ ਹੋ
ਸਕਦੇ ਹਨ।
7 ਮੈਂ ਝੂਠਿਆਂ ਨੂੰ ਆਪਣੇ ਘਰ ਅੰਦਰ ਨਹੀਂ ਰਹਿਣ
ਦਿਆਂਗਾ। ਮੈਂ ਝੂਠਿਆਂ ਨੂੰ ਆਪਣੇ ਨੇੜੇ ਨਹੀਂ ਰਹਿਣ
ਦਿਆਂਗਾ।
8 ਮੈਂ ਇਸ ਦੇਸ ਵਿੱਚ ਰਹਿਣ ਵਾਲੇ ਬੁਰੇ ਲੋਕਾਂ ਦਾ ਹਮੇਸ਼ਾ
ਨਾਸ਼ ਕਰਾਂਗਾ। ਮੈਂ ਬੁਰੇ ਲੋਕਾਂ ਨੂੰ ਪਰਮੇਸ਼ੁਰ ਦਾ ਸ਼ਹਿਰ
ਛੱਡਣ ਤੇ ਮਜਬੂਰ ਕਰ ਦਿਆਂਗਾ।

*ਇੱਕ ਦੁਖੀ ਬੰਦੇ ਦੀ ਉਸ ਵੇਲੇ ਦੀ ਪ੍ਰਾਰਥਨਾ,*
*ਜਦੋਂ ਉਹ ਆਪਣੇ-ਆਪ ਨੂੰ ਹਲੀਮ ਸਮਝਦਾ ਅਤੇ*
*ਯਹੋਵਾਹ ਅੱਗੇ ਸ਼ਿਕਾਇਤ ਕਰਨੀ ਚਾਹੁੰਦਾ ਹੈ।*

## 102

1 ਹੇ ਯਹੋਵਾਹ, ਮੇਰੀ ਪ੍ਰਾਰਥਨਾ ਸੁਣ।
ਸਹਾਇਤਾ ਲਈ ਮੇਰੀ ਪ੍ਰਾਰਥਨਾ ਸੁਣ।

[a] *99:5* **ਚਰਨਾਂ ਦੀ ਚੌਂਕੀ** ਇਸ ਦਾ ਭਾਵ “ਮੰਦਰ” ਹੋ ਸਕਦਾ ਹੈ।

2 ਯਹੋਵਾਹ, ਮੇਰੇ ਕੋਲੋਂ ਮੁੱਖ ਨਾ ਮੋੜ ਜਦੋਂ ਕਿ ਮੈਂ ਮੁਸੀਬਤਾਂ ਵਿੱਚ ਘਿਰਿਆ ਹੋਇਆ ਹਾਂ। ਜਦੋਂ ਵੀ ਮੈਂ ਸਹਾਇਤਾ ਲਈ ਪੁਕਾਰਾਂ, ਮੇਰੀ ਸੁਣ ਅਤੇ ਛੇਤੀ ਹੀ ਇਸ ਦਾ ਉੱਤਰ ਦੇ।
3 ਮੇਰੀ ਜ਼ਿੰਦਗੀ ਧੂੰਏ ਦੇ ਵਾਂਗ ਬੀਤ ਰਹੀ ਹੈ। ਮੇਰੀ ਜ਼ਿੰਦਗੀ ਅੱਗ ਵਾਂਗ ਹੌਲੀ-ਹੌਲੀ ਮੱਚ ਰਹੀ ਹੈ।
4 ਮੇਰੀ ਸ਼ਕਤੀ ਜਾਂਦੀ ਰਹੀ ਹੈ। ਮੈਂ ਸੁੱਕੇ ਮਰ ਰਹੇ ਘਾਹ ਵਰਗਾ ਹਾਂ। ਮੈਂ ਆਪਣਾ ਭੋਜਨ ਕਰਨਾ ਵੀ ਭੁੱਲ ਜਾਦਾਂ ਹਾਂ।
5 ਮੇਰੀ ਉਦਾਸੀ ਦੇ ਕਾਰਣ ਮੇਰਾ ਭਾਰ ਘਟ ਰਿਹਾ ਹੈ।
6 ਮੈਂ ਉਜਾੜ ਵਿੱਚ ਰਹਿਣ ਵਾਲੇ ਉੱਲੂ ਵਾਂਗ ਇਕੱਲਾ ਹਾਂ। ਮੈਂ ਉਸ ਉੱਲੂ ਵਾਂਗ ਇਕੱਲਾ ਹਾਂ ਜੋ ਖੰਡਰਾਂ ਵਿੱਚ ਰਹਿੰਦਾ ਹੈ।
7 ਮੈਨੂੰ ਨੀਂਦ ਨਹੀਂ ਆਉਂਦੀ। ਮੈਂ ਛੱਤ ਉੱਤੇ ਬੈਠੇ ਪੰਛੀ ਵਾਂਗ ਹਾਂ।
8 ਮੇਰੇ ਦੁਸ਼ਮਣ ਹਮੇਸ਼ਾ ਮੇਰਾ ਨਿਰਾਦਰ ਕਰਦੇ ਹਨ। ਉਹ ਮੇਰਾ ਮਜ਼ਾਕ ਉਡਾਉਂਦੇ ਹਨ ਅਤੇ ਮੈਨੂੰ ਸਰਾਪ ਦਿੰਦੇ ਹਨ।
9 ਮੇਰੀ ਮਹਾਂ ਉਦਾਸੀ ਹੀ ਸਿਰਫ਼ ਮੇਰਾ ਭੋਜਨ ਹੈ। ਮੇਰੇ ਹੰਝੂ ਮੇਰੇ ਪਿਆਲੇ ਵਿੱਚ ਡਿੱਗਦੇ ਹਨ।
10 ਕਿਉਂਕਿ ਯਹੋਵਾਹ ਤੂੰ ਮੇਰੇ ਨਾਲ ਨਰਾਜ਼ ਹੈਂ। ਤੂੰ ਮੈਨੂੰ ਉਤਾਹਾਂ ਚੁੱਕਿਆ ਅਤੇ ਫ਼ੇਰ ਤੂੰ ਮੈਨੂੰ ਦੂਰ ਸੁੱਟ ਦਿੱਤਾ।
11 ਮੇਰੀ ਜ਼ਿੰਦਗੀ ਆਥਣ ਦੇ ਲੰਮਿਆਂ ਪਰਛਾਵਿਆਂ ਵਾਂਗ ਮੁੱਕਣ ਹੀ ਵਾਲੀ ਹੈ। ਮੈਂ ਸੁੱਕੇ ਅਤੇ ਮਰ ਰਹੇ ਘਾਹ ਵਾਂਗ ਹਾਂ।
12 ਪਰ ਯਹੋਵਾਹ, ਤੂੰ ਸਦਾ ਲਈ ਰਹੇਂਗਾ। ਤੇਰਾ ਨਾਮ ਸਦਾ-ਸਦਾ ਲਈ ਰਹੇਗਾ।
13 ਤੂੰ ਉੱਠੇਂਗਾ ਅਤੇ ਸੀਯੋਨ ਨੂੰ ਅਰਾਮ ਦੇਵੇਂਗਾ। ਵਕਤ ਆ ਰਿਹਾ ਹੈ ਜਦੋਂ ਤੂੰ ਸੀਯੋਨ ਉੱਤੇ ਮਿਹਰਬਾਨ ਹੋਵੇਂਗਾ।
14 ਤੇਰੇ ਸੇਵਕ ਉਸ ਸੀਯੋਨ ਪੱਥਰ ਨੂੰ ਪਿਆਰ ਕਰਦੇ ਹਨ। ਉਹ ਉਸ ਸ਼ਹਿਰ ਦੀ ਮਿੱਟੀ ਨੂੰ ਵੀ ਪਿਆਰ ਕਰਦੇ ਹਨ।
15 ਲੋਕ ਯਹੋਵਾਹ ਦੇ ਨਾਮ ਦੀ ਉਪਾਸਨਾ ਕਰਨਗੇ। ਹੇ ਪਰਮੇਸ਼ੁਰ, ਧਰਤੀ ਦੇ ਸਾਰੇ ਰਾਜੇ ਤੇਰਾ ਆਰ ਕਰਨਗੇ।
16 ਯਹੋਵਾਹ ਫ਼ੇਰ ਸੀਯੋਨ ਦੀ ਉਸਾਰੀ ਕਰੇਗਾ। ਲੋਕ ਉਸ ਦੀ ਮਹਿਮਾ ਨੂੰ ਫ਼ੇਰ ਵੇਖਣਗੇ।
17 ਪਰਮੇਸ਼ੁਰ ਉਨ੍ਹਾਂ ਲੋਕਾਂ ਦੀਆਂ ਪ੍ਰਾਰਥਨਾ ਸੁਣੇਗਾ ਜਿਨ੍ਹਾਂ ਨੂੰ ਉਸ ਨੇ ਜਿਉਂਦਿਆਂ ਛੱਡ ਦਿੱਤਾ।
18 ਇਨ੍ਹਾਂ ਗੱਲਾਂ ਨੂੰ ਆਉਣ ਵਾਲੀ ਪੀੜ੍ਹੀ ਲਈ ਲਿਖੋ। ਅਤੇ ਭਵਿੱਖ ਵਿੱਚ ਉਹ ਲੋਕ ਯਹੋਵਾਹ ਦੀ ਉਸਤਤ ਕਰਨਗੇ।
19 ਯਹੋਵਾਹ ਸਵਰਗ ਵਿੱਚੋਂ ਹੇਠਾਂ ਧਰਤੀ ਉੱਤੇ ਵੇਖੇਗਾ।
20 ਅਤੇ ਉਹ ਬੰਦੀਵਾਨਾਂ ਦੀਆਂ ਪ੍ਰਾਰਥਨਾ ਸੁਣੇਗਾ। ਉਹ ਉਨ੍ਹਾਂ ਲੋਕਾਂ ਨੂੰ ਮੁਕਤ ਕਰ ਦੇਵੇਗਾ ਜਿਨ੍ਹਾਂ ਨੂੰ ਮੌਤ ਦੀ ਸਜ਼ਾ ਮਿਲੀ ਸੀ।
21 ਫ਼ੇਰ ਸੀਯੋਨ ਦੇ ਲੋਕ ਯਹੋਵਾਹ ਬਾਰੇ ਦੱਸਣਗੇ। ਉਹ ਯਰੂਸ਼ਲਮ ਵਿੱਚ ਉਸ ਦੇ ਨਾਮ ਦੀ ਉਸਤਤ ਕਰਨਗੇ।
22 ਕੌਮਾਂ ਆਪਸ ਵਿੱਚ ਇਕੱਠੀਆਂ ਹੋਣਗੀਆਂ ਬਾਦਸ਼ਾਹੀਆਂ ਯਹੋਵਾਹ ਦੀ ਸੇਵਾ ਕਰਨ ਲਈ ਆਉਣਗੀਆਂ।
23 ਮੇਰੀ ਤਾਕਤ ਹੀਣ ਹੋ ਗਈ ਹੈ। ਮੇਰੀ ਜ਼ਿੰਦਗੀ ਛੋਟੀ ਬਣਾ ਦਿੱਤੀ ਗਈ ਹੈ।
24 ਇਸ ਲਈ ਮੈਂ ਆਖਿਆ, “ਮੇਰੀ ਜਵਾਨੀ ਵਿੱਚ ਹੀ ਮੈਨੂੰ ਮਰਨ ਨਾ ਦੇਵੀਂ। ਹੇ ਪਰਮੇਸ਼ੁਰ, ਤੂੰ ਸਦਾ-ਸਦਾ ਲਈ ਰਹੇਂਗਾ।
25 ਤੂੰ ਬਹੁਤ ਪਹਿਲਾਂ ਦੁਨੀਆ ਸਾਜੀ ਸੀ। ਤੂੰ ਆਪਣੇ ਹੱਥੀਂ ਅਕਾਸ਼ ਬਣਾਇਆ ਸੀ।
26 ਦੁਨੀਆ ਅਤੇ ਅਕਾਸ਼ ਨਾਸ ਹੋ ਜਾਣਗੇ ਪਰ ਤੂੰ ਸਦਾ ਲਈ ਰਹੇਂਗਾ। ਉਹ ਪੁਰਾਣੇ ਕੱਪੜਿਆਂ ਵਾਂਗ ਹੰਡ ਜਾਣਗੇ। ਅਤੇ ਤੂੰ ਉਨ੍ਹਾਂ ਨੂੰ ਕੱਪੜਿਆਂ ਵਾਂਗ ਹੀ ਬਦਲ ਦੇਵੇਂਗਾ। ਉਹ ਸਾਰੇ ਹੀ ਬਦਲੇ ਜਾਣਗੇ।
27 ਪਰ ਤੂੰ ਪਰਮੇਸ਼ੁਰ, ਕਦੇ ਨਹੀਂ ਬਦਲਦਾ। ਤੂੰ ਸਦਾ ਲਈ ਰਹੇਂਗਾ।
28 ਅੱਜ ਅਸੀਂ ਤੇਰੇ ਸੇਵਕ ਹਾਂ। ਸਾਡੇ ਬੱਚੇ ਇੱਥੇ ਰਹਿਣਗੇ। ਅਤੇ ਉਨ੍ਹਾਂ ਦੀ ਉਲਾਦ ਵੀ ਤੁਹਾਡੀ ਉਪਾਸਨਾ ਕਰਨ ਲਈ ਇੱਥੇ ਹੀ ਹੋਵੇਗੀ।”

*ਦਾਊਦ ਦਾ ਇੱਕ ਗੀਤ।*

## 103

1 ਹੇ ਮੇਰੀ ਜਾਨ, ਯਹੋਵਾਹ ਦੀ ਉਸਤਤ ਕਰ। ਮੇਰੇ ਸਰੀਰ ਦੇ ਸਾਰੇ ਅੰਗ, ਉਸ ਦੇ ਪਵਿੱਤਰ ਨਾਮ ਦੀ ਉਸਤਤ ਕਰਨ।
2 ਹੇ ਮੇਰੀ ਜਾਨ ਯਹੋਵਾਹ ਦੀ ਉਸਤਤ ਕਰ। ਅਤੇ ਇਹ ਵੀ ਨਾ ਭੁੱਲੀਂ ਕਿ ਉਹ ਸੱਚਮੁੱਚ ਮਿਹਰਬਾਨ ਹੈ।
3 ਯਹੋਵਾਹ ਉਨ੍ਹਾਂ ਉੱਤੇ ਜਿਹੜੇ ਉਸ ਦੀ ਉਪਾਸਨਾ ਕਰਦੇ ਹਨ ਉਸੇ ਤਰ੍ਹਾਂ ਦਯਾਵਾਨ ਹੈ ਜਿਵੇਂ ਇੱਕ ਪਿਤਾ ਆਪਣੇ ਬੱਚਿਆਂ ਉੱਤੇ ਦਯਾਵਾਨ ਹੁੰਦਾ ਹੈ।
4 ਪਰਮੇਸ਼ੁਰ ਸਾਡੀ ਜਿੰਦ ਨੂੰ ਕਬਰ ਤੋਂ ਬਚਾਉਂਦਾ ਹੈ। ਅਤੇ ਉਹ ਸਾਨੂੰ ਆਪਣਾ ਪਿਆਰ ਅਤੇ ਹਮਦਰਦੀ ਦਿੰਦਾ ਹੈ।
5 ਪਰਮੇਸ਼ੁਰ ਬਹੁਤ ਸਾਰੀਆਂ ਚੰਗੀਆਂ ਚੀਜ਼ਾਂ ਦਿੰਦਾ ਹੈ। ਉਹ ਸਾਨੂੰ ਇੱਕ ਵਾਰੀ ਫ਼ੇਰ ਉਕਾਬ ਵਾਂਗ ਜਵਾਨ ਬਣਾ ਦਿੰਦਾ ਹੈ।
6 ਯਹੋਵਾਹ ਬੇਲਾਗ ਹੈ। ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਨਿਆਂ ਦਿੰਦਾ ਹੈ ਜਿਨ੍ਹਾਂ ਨੂੰ ਹੋਰ ਲੋਕਾਂ ਨੇ ਦੁੱਖ ਦਿੱਤੇ ਹਨ।
7 ਪਰਮੇਸ਼ੁਰ ਨੇ ਮੂਸਾ ਨੂੰ ਆਪਣੇ ਨਿਯਮ ਸਿਖਾਏ। ਪਰਮੇਸ਼ੁਰ ਨੇ ਇਸਰਾਏਲ ਨੂੰ ਦਿਖਾ ਦਿੱਤਾ ਕਿ ਉਹ ਕਿੰਨੀਆਂ ਸ਼ਕਤੀਸ਼ਾਲੀ ਕੰਮ ਕਰ ਸਕਦਾ ਹੈ।
8 ਯਹੋਵਾਹ ਦਯਾਵਾਨ ਅਤੇ ਰਹਿਮ ਕਰਨ ਵਾਲਾ ਹੈ। ਉਹ ਧੀਰਜ ਅਤੇ ਪਿਆਰ ਨਾਲ ਭਰਪੂਰ ਹੈ।
9 ਯਹੋਵਾਹ ਸਦਾ ਨੁਕਤਾਚੀਨੀ ਨਹੀਂ ਕਰਦਾ ਪਰਮੇਸ਼ੁਰ ਸਾਡੇ ਉੱਤੇ ਸਦਾ ਕ੍ਰੋਧਵਾਨ ਨਹੀਂ ਰਹਿੰਦਾ।
10 ਅਸੀਂ ਪਰਮੇਸ਼ੁਰ ਦੇ ਵਿਰੁੱਧ ਗੁਨਾਹ ਕੀਤੇ ਪਰ ਉਸ ਨੇ ਸਾਨੂੰ ਦੰਡ ਨਹੀਂ ਦਿੱਤਾ ਜਿਸ ਦੇ ਅਸੀਂ ਲਾਇਕ ਸਾਂ।
11 ਪਰਮੇਸ਼ੁਰ ਦਾ ਪਿਆਰ ਆਪਣੇ ਪੈਰੋਕਾਰਾਂ ਲਈ ਇੰਨਾ ਉੱਚਾ ਹੈ ਜਿੰਨਾ ਧਰਤੀ ਤੋਂ ਅਕਾਸ਼ ਸਾਡੇ ਉੱਤੇ ਉੱਚਾ ਹੈ।
12 ਅਤੇ ਪਰਮੇਸ਼ੁਰ ਨੇ ਸਾਡੇ ਗੁਨਾਹ ਇੰਨੇ ਦੂਰ ਕਰ ਦਿੱਤੇ ਹਨ ਜਿੰਨਾ ਪੂਰਬ ਤੋਂ ਪੱਛਮ ਦੂਰ ਹੈ।
13 ਯਹੋਵਾਹ ਉਨ੍ਹਾਂ ਉੱਤੇ ਜਿਹੜੇ ਉਸ ਦੀ ਉਪਾਸਨਾ ਕਰਦੇ ਹਨ ਉਸੇ ਤਰ੍ਹਾਂ ਦਿਆਲੂ ਹੈ ਜਿਵੇਂ ਇੱਕ ਪਿਤਾ ਆਪਣੇ ਬੱਚਿਆਂ ਉੱਤੇ ਦਯਾਲੂ ਹੁੰਦਾ ਹੈ।

14 ਪਰਮੇਸ਼ੁਰ ਸਾਡੇ ਬਾਰੇ ਸਭ ਕੁਝ ਜਾਣਦਾ ਹੈ। ਪਰਮੇਸ਼ੁਰ
ਜਾਣਦਾ ਹੈ ਕਿ ਅਸੀਂ ਖਾਕ ਤੋਂ ਸਾਜੇ ਗਏ ਹਾਂ।
15 ਪਰਮੇਸ਼ੁਰ ਜਾਣਦਾ ਹੈ ਕਿ ਸਾਡੀਆਂ ਜ਼ਿੰਦਗੀਆਂ ਛੋਟੀਆਂ
ਹਨ। ਉਹ ਜਾਣਦਾ ਹੈ ਕਿ ਸਾਡੀਆਂ ਉਮਰਾਂ ਘਾਹ
ਵਰਗੀਆਂ ਹਨ।
16 ਪਰਮੇਸ਼ੁਰ ਜਾਣਦਾ ਹੈ ਕਿ ਅਸੀਂ ਇੱਕ ਨਿੱਕੇ ਜੰਗਲੀ
ਫ਼ੁੱਲ ਵਰਗੇ ਹਾਂ, ਉਹ ਫ਼ੁੱਲ ਬਹੁਤ ਛੇਤੀ ਉੱਗਦਾ ਹੈ।
ਫ਼ੇਰ ਗਰਮ ਹਵਾ ਵੱਗਦੀ ਹੈ ਅਤੇ ਉਹ ਫ਼ੁੱਲ ਮਰ ਜਾਂਦਾ
ਹੈ। ਫੇਰ ਤੂੰ ਇਹ ਵੀ ਨਹੀਂ ਦੱਸ ਸਕੇਂਗਾ ਕਿ ਫ਼ੁੱਲ ਕਿੱਥੇ
ਉੱਗਿਆ ਸੀ।
17 ਪਰ ਯਹੋਵਾਹ ਸਦਾ ਆਪਣੇ ਪੈਰੋਕਾਰਾਂ ਨੂੰ ਪਿਆਰ ਕਰਦਾ
ਹੈ। ਅਤੇ ਉਹ ਸਦਾ-ਸਦਾ ਲਈ ਆਪਣੇ ਪੈਰੋਕਾਰਾਂ ਨੂੰ
ਪਿਆਰ ਕਰਦਾ ਰਹੇਗਾ। ਪਰਮੇਸ਼ੁਰ ਉਨ੍ਹਾਂ ਦੇ ਬੱਚਿਆਂ ਦਾ
ਅਤੇ ਉਨ੍ਹਾਂ ਦੇ ਬੱਚਿਆਂ ਦੇ ਬੱਚਿਆਂ ਦਾ ਭਲਾ ਕਰੇਗਾ।
18 ਪਰਮੇਸ਼ੁਰ ਉਨ੍ਹਾਂ ਲੋਕਾਂ ਦਾ ਭਲਾ ਕਰਦਾ ਹੈ ਜਿਹੜੇ ਉਸ ਦੇ
ਕਰਾਰ ਉੱਤੇ ਚੱਲਦੇ ਹਨ। ਪਰਮੇਸ਼ੁਰ ਉਨ੍ਹਾਂ ਲੋਕਾਂ ਦਾ ਭਲਾ
ਕਰਦਾ ਹੈ ਜਿਹੜੇ ਉਸ ਦੇ ਹੁਕਮ ਮੰਨਦੇ ਹਨ।
19 ਪਰਮੇਸ਼ੁਰ ਦਾ ਤਖਤ ਸਵਰਗਾਂ ਵਿੱਚ ਹੈ। ਅਤੇ ਉਹ ਹਰ
ਸ਼ੈਅ ਉੱਤੇ ਰਾਜ ਕਰਦਾ ਹੈ।
20 ਹੇ ਦੂਤੋ, ਯਹੋਵਾਹ ਦੀ ਉਸਤਤ ਕਰੋ। ਹੇ ਦੂਤੋ, ਤੁਸੀਂ
ਸ਼ਕਤੀਸ਼ਾਲੀ ਸਿਪਾਹੀ ਹੋ ਜਿਹੜੇ ਪਰਮੇਸ਼ੁਰ ਦੇ ਹੁਕਮ
ਮੰਨਦੇ ਹਨ। ਤੁਸੀਂ ਪਰਮੇਸ਼ੁਰ ਨੂੰ ਸੁਣਦੇ ਹੋ ਅਤੇ ਉਸ ਦੇ
ਉਪਦੇਸ਼ਾਂ ਦੀ ਪਾਲਣਾ ਕਰਦੇ ਹੋ।
21 ਯਹੋਵਾਹ ਦੀਉ ਸਮੂਹ ਸੈਨਾਉ, ਉਸ ਦੀ ਉਸਤਤ ਕਰੋ।
ਤੁਸੀਂ ਉਸ ਦੇ ਸੇਵਕ ਹੋ, ਤੁਸੀਂ ਉਹੀ ਕਰਦੇ ਹੋ ਜੋ ਪਰਮੇਸ਼ੁਰ
ਚਾਹੁੰਦਾ ਹੈ।
22 ਯਹੋਵਾਹ ਨੇ ਹਰ ਥਾਂ ਹਰ ਸ਼ੈਅ ਬਣਾਈ। ਯਹੋਵਾਹ ਹਰ
ਜਗ੍ਹਾ ਹਰ ਸ਼ੈਅ ਉੱਤੇ ਰਾਜ ਕਰਦਾ ਹੈ। ਅਤੇ ਉਨ੍ਹਾਂ ਚੀਜ਼ਾਂ
ਨੂੰ ਯਹੋਵਾਹ ਦੀ ਉਸਤਤ ਕਰਨੀ ਚਾਹੀਦੀ ਹੈ। ਹੇ ਮੇਰੀ
ਜਾਨ ਯਹੋਵਾਹ ਦੀ ਉਸਤਤ ਕਰ।

**104** 1ਹੇ ਮੇਰੀ ਜਾਨ ਯਹੋਵਾਹ ਦੀ ਉਸਤਤ ਕਰ।
ਮੇਰੇ ਯਹੋਵਾਹ ਪਰਮੇਸ਼ੁਰ ਤੂੰ ਬਹੁਤ ਮਹਾਨ
ਹੋ। ਤੂੰ ਮਹਿਮਾ ਅਤੇ ਆਦਰ ਦੀ ਪੁਸ਼ਾਕ ਪਹਿਨੀ ਹੋਈ ਹੈ।
2 ਤੂੰ ਨੂਰ ਨੂੰ ਪੁਸ਼ਾਕ ਵਾਂਗ ਪਹਿਨਦਾ ਹੈਂ। ਤੂੰ ਅਕਾਸ਼ਾਂ ਨੂੰ
ਪਰਦੇ ਵਾਂਗ ਫ਼ੈਲਾਉਂਦਾ ਹੈਂ।
3 ਹੇ ਪਰਮੇਸ਼ੁਰ, ਤੂੰ ਆਪਣਾ ਘਰ ਉਨ੍ਹਾਂ ਤੋਂ ਉੱਪਰ
ਬਣਾਇਆ। ਤੂੰ ਮੋਟੇ ਬੱਦਲਾਂ ਦੀ ਰਥ ਵਾਂਗ ਵਰਤੋਂ ਕਰਦਾ
ਹੈਂ ਅਤੇ ਅਕਾਸ਼ ਦੇ ਆਰ-ਪਾਰ ਹਵਾ ਦੇ ਖੰਭਾਂ ਉੱਤੇ ਸਵਾਰੀ
ਕਰਦਾ ਹੈਂ।
4 ਹੇ ਪਰਮੇਸ਼ੁਰ, ਤੂੰ ਆਪਣੇ ਦੂਤਾਂ ਨੂੰ ਹਵਾ ਦੇ ਵਾਂਗ ਅਤੇ
ਸੇਵਕਾਂ ਨੂੰ ਅੱਗ ਵਾਂਗ ਬਣਾਇਆ ਹੈ।
5 ਹੇ ਪਰਮੇਸ਼ੁਰ, ਤੂੰ ਧਰਤੀ ਨੂੰ ਇਸ ਦੀਆਂ ਬੁਨਿਆਦਾਂ ਉੱਤੇ
ਉਸਾਰਿਆ। ਤਾਂ ਜੋ ਇਹ ਕਦੇ ਵੀ ਤਬਾਹ ਨਾ ਹੋਵੇ।
6 ਤੂੰ ਇਸ ਨੂੰ ਕੰਬਲ ਵਾਂਗ ਪਾਣੀ ਨਾਲ ਢੱਕ ਦਿੱਤਾ ਹੈ। ਪਾਣੀ
ਨੇ ਪਰਬਤਾਂ ਨੂੰ ਢੱਕ ਲਿਆ ਸੀ।
7 ਪਰ ਤੂੰ ਹੁਕਮ ਦਿੱਤਾ ਅਤੇ ਪਾਣੀ ਦੂਰ-ਦੂਰ ਭੱਜਿਆ। ਹੇ
ਪਰਮੇਸ਼ੁਰ, ਤੂੰ ਗੁੱਸੇ ਨਾਲ ਪਾਣੀ ਉੱਤੇ ਗਰਜਿਆ ਅਤੇ
ਪਾਣੀ ਤੈਥੋਂ ਦੂਰ ਭੱਜ ਗਿਆ।
8 ਪਾਣੀ ਪਰਬਤਾਂ ਤੋਂ ਹੇਠਾਂ ਵਾਦੀਆਂ ਵੱਲ ਵਗਿਆ ਅਤੇ
ਫ਼ੇਰ ਉਨ੍ਹਾਂ ਵੱਲ ਜਿਹੜੀਆਂ ਤੂੰ ਇਸ ਲਈ ਬਣਾਈਆਂ
ਸਨ।
9 ਕਿਉਂਕਿ ਤੂੰ ਸਮੁੰਦਰਾਂ ਲਈ ਹਦ ਨਿਸ਼ਚਿਤ ਕਰ ਦਿੱਤੀ ਹੈ,
ਪਾਣੀ ਧਰਤੀ ਨੂੰ ਕੱਜਣ ਲਈ ਫ਼ੇਰ ਕਦੇ ਵੀ ਨਹੀਂ ਚੜ੍ਹੇਗਾ।
10 ਹੇ ਪਰਮੇਸ਼ੁਰ, ਤੂੰ ਪਾਣੀ ਨੂੰ ਚਸ਼ਮਿਆਂ ਤੋਂ ਨਦੀਆਂ ਵੱਲ
ਵਗਣ ਲਾ ਦਿੰਦਾ ਹੈਂ। ਇਹ ਪਾਣੀ ਪਹਾੜਾਂ ਦੇ ਵਿੱਚ ਦੀ
ਵੱਗਦੇ ਹਨ।
11 ਨਦੀਆਂ ਸਮੂਹ ਜੰਗਲੀ ਜਾਨਵਰਾਂ ਨੂੰ ਪਾਣੀ ਦਿੰਦੀਆਂ
ਹਨ। ਅਵਾਰਾ ਖੋਤੇ ਵੀ ਇੱਥੇ ਪਾਣੀ ਪੀਣ ਲਈ ਆਉਂਦੇ
ਹਨ।
12 ਜੰਗਲੀ ਪੰਛੀ ਵੀ ਇੱਥੇ ਤਲਾਵਾਂ ਉੱਤੇ ਰਹਿਣ ਲਈ
ਆਉਂਦੇ ਹਨ। ਉਹ ਨੇੜਲੇ ਰੁੱਖਾਂ ਦੀ ਟਹਿਣੀਆਂ ਵਿੱਚ
ਗਾਉਂਦੇ ਹਨ।
13 ਪਰਮੇਸ਼ੁਰ ਹੇਠਾਂ ਪਹਾੜਾਂ ਉੱਪਰ ਵਰਖਾ ਭੇਜਦਾ ਹੈ।
ਸਾਰੀਆਂ ਚੀਜ਼ਾਂ ਜੋ ਪਰਮੇਸ਼ੁਰ ਨੇ ਬਣਾਈਆਂ ਧਰਤੀ ਨੂੰ
ਆਪਣੀ ਲੋੜੀਂਦੀ ਹਰ ਸ਼ੈਅ ਪ੍ਰਦਾਨ ਕਰਦੀਆਂ ਹਨ।
14 ਪਰਮੇਸ਼ੁਰ ਪਸ਼ੂਆਂ ਨੂੰ ਭੋਜਨ ਦੇਣ ਲਈ ਘਾਹ ਉਗਾਉਂਦਾ
ਹੈ। ਉਹ ਸਾਨੂੰ ਪੌਦੇ ਦਿੰਦਾ ਹੈ ਜਿਨ੍ਹਾਂ ਨੂੰ ਅਸੀਂ ਉਗਾਉਂਦੇ
ਹਾਂ। ਉਹ ਪੌਦੇ ਸਾਨੂੰ ਧਰਤੀ ਵਿੱਚੋਂ ਭੋਜਨ ਦਿੰਦੇ ਹਨ।
15 ਪਰਮੇਸ਼ੁਰ ਸਾਨੂੰ ਦਾਖਰਸ ਦਿੰਦਾ ਹੈ ਜਿਹੜੀ ਸਾਨੂੰ ਪ੍ਰਸੰਨ
ਕਰਦੀ ਹੈ। ਤੇਲ ਜਿਹੜਾ ਸਾਡੀ ਚਮੜੀ ਨੂੰ ਨਰਮ
ਬਣਾਉਂਦਾ ਅਤੇ ਉਹ ਭੋਜਨ ਜਿਹੜਾ ਸਾਨੂੰ ਮਜ਼ਬੂਤ
ਬਣਾਉਂਦਾ ਹੈ।
16 ਲਬਾਨੋਨ ਦੇ ਦੇਵਦਾਰ ਦੇ ਰੁੱਖ ਪਰਮੇਸ਼ੁਰ ਦੀ ਜ਼ਾਇਦਾਦ
ਹਨ। ਯਹੋਵਾਹ ਨੇ ਉਹ ਰੁੱਖ ਬੀਜੇ ਸਨ ਅਤੇ ਉਹ ਉਨ੍ਹਾਂ
ਦੀ ਲੋੜ ਲਈ ਪਾਣੀ ਦਿੰਦਾ ਹੈ।
17 ਪੰਛੀ ਉਨ੍ਹਾਂ ਰੁੱਖਾਂ ਉੱਤੇ ਆਲ੍ਹਣੇ ਬਣਾਉਂਦੇ ਹਨ, ਉਨ੍ਹਾਂ ਰੁੱਖਾਂ
ਉੱਤੇ ਵੱਡੇ ਬਗਲੇ ਰਹਿੰਦੇ ਹਨ।
18 ਉੱਚੇ ਪਰਬਤ ਜੰਗਲੀ ਬੱਕਰਿਆਂ ਦੇ ਘਰ ਹਨ। ਵੱਡੀਆਂ
ਚਟਾਨਾਂ ਵਿੱਚ ਰਹਿਣ ਵਾਲੇ ਜੀਵਾਂ ਲਈ ਚਟਾਨਾਂ ਹੀ
ਛੁਪਣਗਾਹਾਂ ਹਨ।
19 ਹੇ ਪਰਮੇਸ਼ੁਰ, ਤੂੰ ਸਾਨੂੰ ਇਹ ਸੂਚਿਤ ਕਰਨ ਲਈ ਚੰਦ
ਦਿੱਤਾ ਹੈ ਕਿ ਤਿਉਹਾਰ ਕਦੋਂ ਸ਼ੁਰੂ ਹੋਵੇਗਾ। ਅਤੇ ਸੂਰਜ
ਜਾਣੇਗਾ ਕਿ ਕਦੋਂ ਛੁਪਣਾ ਹੈ।
20 ਤੂੰ ਹਨੇਰੇ ਨੂੰ ਰਾਤ ਬਣਾਇਆ ਉਹ ਸਮਾਂ ਜਦੋਂ ਜੰਗਲੀ
ਜਾਨਵਰ ਘੁੰਮਣ ਲਈ ਬਾਹਰ ਆਉਂਦੇ ਹਨ।
21 ਸ਼ੇਰ ਹਮਲਾ ਕਰਨ ਵੇਲੇ ਦਹਾੜਦੇ ਹਨ ਜਿਵੇਂ ਉਹ
ਪਰਮੇਸ਼ੁਰ ਕੋਲੋਂ ਭੋਜਨ ਮੰਗ ਰਹੇ ਹੋਣ ਜਿਹੜਾ ਉਹ ਉਨ੍ਹਾਂ
ਨੂੰ ਦਿੰਦਾ ਹੈ।
22 ਫ਼ੇਰ ਸੂਰਜ ਚੜ੍ਹਦਾ ਹੈ, ਅਤੇ ਉਹ ਅਰਾਮ ਕਰਨ ਲਈ
ਵਾਪਸ ਆਪਣੇ ਘੁਰਨਿਆਂ ਵਿੱਚ ਜਾਂਦੇ ਹਨ।
23 ਫ਼ੇਰ ਲੋਕ ਕੰਮ ਕਰਨ ਲਈ ਬਾਹਰ ਜਾਂਦੇ ਹਨ ਅਤੇ ਉਹ
ਸ਼ਾਮ ਤੱਕ ਕੰਮ ਕਰਦੇ ਹਨ।
24 ਯਹੋਵਾਹ, ਤੂੰ ਅਨੇਕਾਂ ਚਮਤਕਾਰ ਕੀਤੇ ਹਨ। ਧਰਤੀ ਉਨ੍ਹਾਂ

ਚੀਜ਼ਾਂ ਨਾਲ ਭਰੀ ਪਈ ਹੈ ਜਿਹੜੀਆਂ ਤੂੰ ਸਾਜੀਆਂ ਹਨ।
ਅਸੀਂ ਹਰ ਚੀਜ਼ ਵਿੱਚ ਜੋ ਵੀ ਤੂੰ ਕਰਦਾ ਹੈਂ ਤੇਰੀ ਬੁੱਧੀ
ਵੇਖਦੇ ਹਾਂ।
25 ਸਮੁੰਦਰ ਵੱਲ ਵੇਖੋ। ਇਹ ਕਿੰਨਾ ਵੱਡਾ ਹੈ। ਅਤੇ ਇਸ
ਵਿੱਚ ਅਨੇਕਾਂ ਜੀਵ ਰਹਿੰਦੇ ਹਨ ਇੱਥੇ ਛੋਟੇ ਅਤੇ ਵੱਡੇ
ਅਣਗਿਣਤ ਜੀਵ ਰਹਿੰਦੇ ਹਨ।
26 ਸਮੁੰਦਰ ਉੱਤੇ ਜਹਾਜ਼ ਸਫ਼ਰ ਕਰਦੇ ਹਨ। ਲਿਵਯਾਥਾਨ,
ਸਮੁੰਦਰੀ ਜੀਵ ਜਿਹੜਾ ਤੂੰ ਸਾਜਿਆ, ਸਮੁੰਦਰ ਵਿੱਚ
ਖੇਡਦਾ ਹੈ।
27 ਹੇ ਪਰਮੇਸ਼ੁਰ, ਇਹ ਸਾਰੀਆਂ ਚੀਜ਼ਾਂ ਤੇਰੇ ਉੱਤੇ ਨਿਰਭਰ
ਕਰਦੀਆਂ ਹਨ। ਤੂੰ ਇਨ੍ਹਾਂ ਨੂੰ ਸਮੇਂ ਸਿਰ ਭੋਜਨ ਦਿੰਦਾ ਹੈਂ।
28 ਹੇ ਪਰਮੇਸ਼ੁਰ, ਤੂੰ ਸਮੂਹ ਜੀਵਾਂ ਨੂੰ ਉਨ੍ਹਾਂ ਦੇ ਖਾਣ ਯੋਗ
ਭੋਜਨ ਦਿੰਦਾ ਹੈਂ। ਤੂੰ ਚੰਗੇ ਭੋਜਨਾਂ ਨਾਲ ਭਰੇ ਹੋਏ ਤੇਰੇ ਹੱਥ
ਖੋਲ੍ਹ ਦਿੰਦਾ ਹੈਂ ਅਤੇ ਰੱਜ ਜਾਣ ਤੀਕ ਖਾਣ ਦਿੰਦਾ ਹੈਂ।
29 ਜਦੋਂ ਤੂੰ ਉਨ੍ਹਾਂ ਕੋਲੋਂ ਆਪਣਾ ਮੂੰਹ ਮੋੜ ਲੈਂਦਾ ਹੈਂ, ਉਹ
ਭੈਭੀਤ ਹੋ ਜਾਂਦੇ ਹਨ। ਜਦੋਂ ਵੀ ਤੂੰ ਉਨ੍ਹਾਂ ਦੇ ਸਾਹ ਕੱਢ
ਲੈਂਦਾ ਹੈਂ। ਉਹ ਕਮਜ਼ੋਰ ਬਣ ਜਾਂਦੇ ਹਨ। ਅਤੇ ਉਨ੍ਹਾਂ ਦੇ
ਸਰੀਰ ਫ਼ੇਰ ਤੋਂ ਖਾਕ ਹੋ ਜਾਂਦੇ ਹਨ।
30 ਪਰ, ਹੇ ਯਹੋਵਾਹ, ਜਦੋਂ ਤੂੰ ਆਪਣੀ ਆਤਮਾ ਉਨ੍ਹਾਂ ਵੱਲ
ਭੇਜਦਾ ਹੈਂ। ਉਹ ਸਿਹਤਮੰਦ ਬਣ ਜਾਂਦੇ ਹਨ। ਅਤੇ ਤੂੰ
ਇੱਕ ਵਾਰ ਫ਼ੇਰ ਧਰਤੀ ਨੂੰ ਨਵਾਂ ਨਕੋਰ ਬਣਾ ਦਿੰਦਾ ਹੈਂ।
31 ਯਹੋਵਾਹ ਦੀ ਮਹਿਮਾ ਸਦਾ ਲਈ ਚਮਕੇ ਯਹੋਵਾਹ ਉਨ੍ਹਾਂ
ਚੀਜ਼ਾਂ ਦਾ ਅਨੰਦ ਮਾਣੇ ਜੋ ਉਸ ਨੇ ਸਾਜੀਆਂ ਹਨ।
32 ਯਹੋਵਾਹ ਸਿਰਫ਼ ਧਰਤੀ ਵੱਲ ਵੇਖਦਾ ਹੈ ਅਤੇ ਇਹ ਕੰਬਣ
ਲੱਗ ਜਾਂਦੀ ਹੈ। ਉਹ ਪਹਾੜਾਂ ਨੂੰ ਛੂੰਹਦਾ ਹੈ ਅਤੇ ਉਨ੍ਹਾਂ ਤੋਂ
ਧੂੰਆਂ ਉੱਠਣ ਲੱਗੇਗਾ।
33 ਮੈਂ ਉਮਰ ਭਰ ਯਹੋਵਾਹ ਦੇ ਗੀਤ ਗਾਵਾਂਗਾ। ਮੈਂ ਯਹੋਵਾਹ
ਦੀ ਉਸਤਤ ਉਦੋਂ ਤੱਕ ਗਾਵਾਂਗਾ ਜਦੋਂ ਤੱਕ ਮੈਂ ਜੀਉਂਦਾ
ਹਾਂ।
34 ਮੈਨੂੰ ਆਸ ਹੈ ਕਿ ਇਹ ਸ਼ਬਦ, ਜਿਹੜੇ ਮੈਂ ਆਖੇ ਹਨ ਉਸ
ਨੂੰ ਪ੍ਰਸੰਨ ਕਰਨਗੇ। ਮੈਂ ਯਹੋਵਾਹ ਨਾਲ ਖੁਸ਼ ਹਾਂ।
35 ਪਾਪੀਆਂ ਧਰਤੀ ਤੋਂ ਖਤਮ ਹੋ ਜਾਣ। ਬੁਰੇ ਲੋਕ ਇੱਥੋਂ ਸਦਾ
ਲਈ ਦੂਰ ਚਲੇ ਜਾਣ।
ਹੇ ਮੇਰੀ ਜਾਨ, ਯਹੋਵਾਹ ਦੀ ਉਸਤਤ ਕਰ। ਯਹੋਵਾਹ ਦੀ
ਉਸਤਤ ਕਰ।

## 105

1 ਯਹੋਵਾਹ ਦਾ ਧੰਨਵਾਦ ਕਰੋ। ਉਸ ਦੇ
ਨਾਮ ਦੀ ਉਪਾਸਨਾ ਕਰੋ। ਕੌਮਾਂ ਨੂੰ ਉਸ ਦੇ
ਚਮਤਕਾਰਾਂ ਬਾਰੇ ਦੱਸੋ।
2 ਯਹੋਵਾਹ ਲਈ ਗੀਤ ਗਾਵੋ। ਉਸ ਦੀ ਉਸਤਤ ਗਾਵੋ
ਉਸ ਦੇ ਚਮਤਕਾਰਾਂ ਬਾਰੇ ਦੱਸੋ।
3 ਯਹੋਵਾਹ ਦੇ ਪਵਿੱਤਰ ਨਾਮ ਉੱਤੇ ਮਾਣ ਕਰੋ। ਤੁਸੀਂ ਜਿਹੜੇ
ਯਹੋਵਾਹ ਦੀ ਤਲਾਸ਼ ਵਿੱਚ ਆਏ ਸੀ, ਖੁਸ਼ ਹੋ ਜਾਵੋ।
4 ਯਹੋਵਾਹ ਪਾਸੋਂ ਸ਼ਕਤੀ ਮੰਗੋ, ਹਮੇਸ਼ਾ ਸਹਾਇਤਾ ਲਈ
ਉਸ ਵੱਲ ਤੱਕੋ।
5 ਉਸ ਦੇ ਕਰਿਸ਼ਮਿਆਂ ਅਤੇ ਨਿਰਪੱਖ ਨਿਆਵਾਂ ਨੂੰ ਚੇਤੇ
ਰੱਖੋ।
6 ਤੁਸੀਂ ਉਸ ਦੇ ਸੇਵਕ ਅਬਰਾਹਾਮ ਦੀ ਔਲਾਦ ਹੋ। ਤੁਸੀਂ
ਯਾਕੂਬ ਦੀ ਔਲਾਦ ਹੋ, ਜਿਸ ਬੰਦੇ ਨੂੰ ਪਰਮੇਸ਼ੁਰ ਨੇ
ਚੁਣਿਆ ਸੀ।
7 ਯਹੋਵਾਹ ਹੀ ਸਾਡਾ ਪਰਮੇਸ਼ੁਰ ਹੈ। ਯਹੋਵਾਹ ਸਾਰੀ
ਦੁਨੀਆ ਉੱਤੇ ਰਾਜ ਕਰਦਾ ਹੈ।
8 ਪਰਮੇਸ਼ੁਰ ਆਪਣੇ ਕਰਾਰ ਨੂੰ ਹਮੇਸ਼ਾ ਯਾਦ ਰੱਖਦਾ ਹੈ।
ਉਹ ਆਪਣੇ ਵਾਇਦਿਆਂ ਨੂੰ ਆਉਣ ਵਾਲੀਆਂ ਹਜ਼ਾਰਾਂ
ਪੀੜੀਆਂ ਤੱਕ ਪੂਰਾ ਕਰਦਾ ਹੈ।
9 ਪਰਮੇਸ਼ੁਰ ਨੇ ਅਬਰਾਹਾਮ ਨਾਲ ਇਕਰਾਰ ਕੀਤਾ ਸੀ।
ਪਰਮੇਸ਼ੁਰ ਨੇ ਇਸਹਾਕ ਨੂੰ ਵਾਇਦਾ ਦਿੱਤਾ ਸੀ।
10 ਫ਼ੇਰ ਉਸ ਨੇ ਇਸ ਨੂੰ ਯਾਕੂਬ ਲਈ ਨਿਯਮ ਬਣਾ ਦਿੱਤਾ
ਸੀ। ਪਰਮੇਸ਼ੁਰ ਨੇ ਜੋ ਕਰਾਰ ਇਸਰਾਏਲ ਨਾਲ ਕੀਤਾ ਸੀ
ਸਦਾ ਲਈ ਜਾਰੀ ਰਹੇਗਾ।
11 ਪਰਮੇਸ਼ੁਰ ਨੇ ਆਖਿਆ ਸੀ, "ਮੈਂ ਤੈਨੂੰ ਕਨਾਨ ਦੀ ਧਰਤੀ
ਦੇਵਾਂਗਾ। ਉਹ ਧਰਤੀ ਤੁਹਾਡੀ ਮਲਕੀਅਤ ਹੋਵੇਗੀ।"
12 ਪਰਮੇਸ਼ੁਰ ਨੇ ਉਹ ਵਾਇਦਾ ਉਦੋਂ ਦਿੱਤਾ ਸੀ ਜਦੋਂ
ਅਬਰਾਹਾਮ ਦਾ ਪਰਿਵਾਰ ਛੋਟਾ ਸੀ। ਉਹ ਅਜੇ ਮੁਸਾਫ਼ਰ
ਸਨ ਅਤੇ ਉੱਥੇ ਵਕਤ ਕੱਟ ਰਹੇ ਸਨ।
13 ਉਨ੍ਹਾਂ ਨੇ ਕੌਮਾਂ ਤੋਂ ਕੌਮਾਂ, ਅਤੇ ਇੱਕ ਰਾਜ ਤੋਂ ਦੂਜੇ ਰਾਜ ਦਾ
ਸਫ਼ਰ ਕੀਤਾ।
14 ਪਰ ਪਰਮੇਸ਼ੁਰ ਨੇ ਲੋਕਾਂ ਨੂੰ ਉਨ੍ਹਾਂ ਨਾਲ ਬਦਸਲੂਕੀ
ਨਹੀਂ ਕਰਨ ਦਿੱਤੀ। ਪਰਮੇਸ਼ੁਰ ਨੇ ਰਾਜਿਆਂ ਨੂੰ ਉਨ੍ਹਾਂ ਨੂੰ
ਨੁਕਸਾਨ ਪਹੁੰਚਾਉਣ ਬਾਰੇ ਚੇਤਾਵਨੀ ਦਿੱਤੀ।
15 ਪਰਮੇਸ਼ੁਰ ਨੇ ਆਖਿਆ ਸੀ, "ਮੇਰੇ ਚੁਣੇ ਹੋਏ ਲੋਕਾਂ ਨੂੰ ਦੁੱਖ
ਨਾ ਦਿਓ। ਮੇਰੇ ਨਬੀਆਂ ਦਾ ਕੁਝ ਵੀ ਬੁਰਾ ਨਾ ਕਰੋ।"
16 ਪਰਮੇਸ਼ੁਰ ਨੇ ਉਸ ਦੇਸ ਵਿੱਚ ਕਾਲ ਭੇਜਿਆ। ਲੋਕਾਂ ਕੋਲ
ਖਾਣ ਲਈ ਕਾਫ਼ੀ ਭੋਜਨ ਨਹੀਂ ਸੀ।
17 ਪਰ ਪਰਮੇਸ਼ੁਰ, ਨੇ ਯੂਸੁਫ਼ ਨਾਮ ਦੇ ਬੰਦੇ ਨੂੰ ਉਨ੍ਹਾਂ ਦੇ ਅੱਗੇ
ਜਾਣ ਲਈ ਭੇਜਿਆ। ਯੂਸੁਫ਼ ਨੂੰ ਇੱਕ ਗੁਲਾਮ ਵਾਂਗ
ਵੇਚਿਆ ਗਿਆ ਸੀ।
18 ਉਨ੍ਹਾਂ ਨੇ ਯੂਸੁਫ਼ ਦੇ ਪੈਰਾਂ ਦੁਆਲੇ ਇੱਕ ਰੱਸਾ ਬੰਨ੍ਹ ਦਿੱਤਾ
ਸੀ। ਉਨ੍ਹਾਂ ਨੇ ਉਸ ਦੇ ਗਲ ਵਿੱਚ ਇੱਕ ਬੇੜੀ ਪਾ ਦਿੱਤੀ
ਸੀ।
19 ਯੂਸੁਫ਼ ਉਦੋਂ ਤੱਕ ਗੁਲਾਮ ਰੱਖਿਆ ਗਿਆ ਸੀ ਜਦੋਂ ਤੱਕ
ਉਸ ਦੀਆਂ ਆਖੀਆਂ ਗੱਲਾਂ ਪੂਰੀਆਂ ਨਹੀਂ ਹੋਈਆਂ
ਸਨ। ਸੱਚਮੁੱਚ ਯਹੋਵਾਹ ਦੇ ਸੰਦੇਸ਼ ਨੇ ਸਿੱਧ ਕਰ ਦਿੱਤਾ
ਕਿ ਯੂਸੁਫ਼ ਸਹੀ ਸੀ।
20 ਇਸ ਲਈ ਮਿਸਰ ਦੇ ਰਾਜੇ ਨੇ ਉਸ ਨੂੰ ਮੁਕਤ ਕਰ ਦਿੱਤਾ।
ਉਸ ਕੌਮ ਦਾ ਆਗੂ ਉਸ ਨੂੰ ਕੈਦ ਵਿੱਚੋਂ ਬਾਹਰ ਲੈ ਗਿਆ।
21 ਉਸ ਨੇ ਯੂਸੁਫ਼ ਨੂੰ ਆਪਣੇ ਘਰ ਦਾ ਮੋਹਰੀ ਬਣਾ ਦਿੱਤਾ।
ਯੂਸੁਫ਼ ਨੇ ਉਸ ਨਾਲ ਸੰਬੰਧਿਤ ਸ਼ੈਅ ਦੀ ਦੇਖ-ਭਾਲ ਕੀਤੀ
22 ਯੂਸੁਫ਼ ਨੇ ਹੋਰ ਆਗੂਆਂ ਨੂੰ ਨਿਰਦੇਸ਼ ਦਿੱਤੇ ਅਤੇ ਯੂਸੁਫ਼
ਨੇ ਬਜ਼ੁਰਗਾਂ ਨੂੰ ਸਿੱਖਿਆ ਦਿੱਤੀ।
23 ਫ਼ੇਰ ਇਸਰਾਏਲ ਮਿਸਰ ਵਿੱਚ ਆਇਆ, ਯਾਕੂਬ ਹਾਮ
ਦੇ ਦੇਸ ਵਿੱਚ ਰਹਿੰਦਾ ਸੀ।
24 ਯਾਕੂਬ ਦਾ ਪਰਿਵਾਰ ਬਹੁਤ ਵੱਡਾ ਹੋ ਗਿਆ। ਉਹ
ਆਪਣੇ ਦੁਸ਼ਮਣਾਂ ਨਾਲੋਂ ਵਧੇਰੇ ਸ਼ਕਤੀਸ਼ਾਲੀ ਹੋ ਗਏ।

25 ਇਸ ਲਈ ਮਿਸਰੀਆਂ ਨੇ ਯਾਕੂਬ ਦੇ ਘਰਾਣੇ ਨੂੰ ਨਫ਼ਰਤ ਕਰਨੀ ਸ਼ੁਰੂ ਕਰ ਦਿੱਤੀ। ਉਨ੍ਹਾਂ ਨੇ ਉਨ੍ਹਾਂ ਦੇ ਗੁਲਾਮਾਂ ਦੇ ਖਿਲਾਫ਼ ਵਿਉਂਤਾਂ ਬਣਾਈਆਂ।
26 ਇਸ ਲਈ ਪਰਮੇਸ਼ੁਰ ਨੇ ਆਪਣੇ ਸੇਵਕ ਮੂਸਾ ਨੂੰ ਅਤੇ ਪਰਮੇਸ਼ੁਰ ਦੇ ਚੁਣੇ ਜਾਜਕ ਹਾਰੂਨ ਨੂੰ ਭੇਜਿਆ।
27 ਪਰਮੇਸ਼ੁਰ ਨੇ ਹਾਮ ਦੇ ਦੇਸ ਅੰਦਰ ਮੂਸਾ ਅਤੇ ਹਾਰੂਨ ਕੋਲੋਂ ਬਹੁਤ ਸਾਰੇ ਕਰਿਸ਼ਮੇ ਕਰਵਾਏ।
28 ਪਰਮੇਸ਼ੁਰ ਨੇ ਮਹਾ ਅੰਧਕਾਰ ਭੇਜਿਆ ਪਰ ਮਿਸਰੀਆਂ ਨੇ ਉਸ ਵੱਲ ਧਿਆਨ ਨਹੀਂ ਦਿੱਤਾ।
29 ਇਸ ਲਈ ਪਰਮੇਸ਼ੁਰ ਨੇ ਪਾਣੀ ਨੂੰ ਲਹੂ ਵਿੱਚ ਬਦਲ ਦਿੱਤਾ, ਅਤੇ ਉਨ੍ਹਾਂ ਦੀਆਂ ਸਾਰੀਆਂ ਮੱਛੀਆਂ ਮਰ ਗਈਆਂ।
30 ਉਨ੍ਹਾਂ ਦਾ ਦੇਸ ਡੱਡੂਆਂ ਨਾਲ ਭਰ ਗਿਆ। ਰਾਜੇ ਦੇ ਸੌਣ ਦੇ ਕਮਰੇ ਵਿੱਚ ਡੱਡੂ ਹੀ ਡੱਡੂ ਸਨ।
31 ਪਰਮੇਸ਼ੁਰ ਨੇ ਹੁਕਮ ਕੀਤਾ, ਅਤੇ ਉੱਥੇ ਮੱਖੀਆਂ ਅਤੇ ਪਿਸੂ ਆ ਗਏ। ਉਹ ਹਰ ਥਾਂ ਫ਼ੈਲ ਗਏ।
32 ਪਰਮੇਸ਼ੁਰ ਨੇ ਗੜ੍ਹਿਆਂ ਦੀ ਵਰਖਾ ਕਰ ਦਿੱਤੀ ਉਨ੍ਹਾਂ ਦੇ ਦੇਸ ਵਿੱਚ ਹਰ ਥਾਂ ਬਿਜਲੀ ਡਿੱਗੀ।
33 ਪਰਮੇਸ਼ੁਰ ਨੇ ਉਨ੍ਹਾਂ ਦੇ ਦੇਸ ਦੀਆਂ ਵੇਲਾਂ ਦੇ ਅੰਜੀਰ ਨਸ਼ਟ ਕਰ ਦਿੱਤੇ। ਪਰਮੇਸ਼ੁਰ ਨੇ ਉਨ੍ਹਾਂ ਦੇ ਦੇਸ ਦਾ ਹਰ ਰੁੱਖ ਨਸ਼ਟ ਕਰ ਦਿੱਤਾ।
34 ਪਰਮੇਸ਼ੁਰ ਨੇ ਹੁਕਮ ਕੀਤਾ, ਅਤੇ ਟਿੱਡੀ ਦਲ ਅਤੇ ਘਾਹ ਦੇ ਟਿੱਡੇ ਆ ਪਏ ਉਹ ਬੇਸ਼ੁਮਾਰ ਸਨ।
35 ਟਿੱਡੀ ਦਲ ਨੇ ਅਤੇ ਘਾਹ ਦੇ ਟਿੱਡਿਆਂ ਨੇ ਦੇਸ ਦੇ ਸਾਰੇ ਪੌਦੇ ਖਾ ਲਏ। ਉਨ੍ਹਾਂ ਨੇ ਖੇਤਾਂ ਦੀਆਂ ਸਾਰੀਆਂ ਫ਼ਸਲਾਂ ਖਾ ਲਈਆਂ।
36 ਅਤੇ ਫ਼ੇਰ ਪਰਮੇਸ਼ੁਰ ਨੇ ਉਨ੍ਹਾਂ ਦੇ ਦੇਸ ਦਾ ਹਰ ਪਲੋਠਾ ਬੱਚਾ ਮਾਰ ਦਿੱਤਾ। ਪਰਮੇਸ਼ੁਰ ਨੇ ਉਨ੍ਹਾਂ ਦੇ ਸਭ ਤੋਂ ਵੱਡੇ ਪੁੱਤਰ ਮਾਰ ਦਿੱਤੇ।
37 ਫ਼ਿਰ ਪਰਮੇਸ਼ੁਰ ਨੇ ਆਪਣੇ ਲੋਕਾਂ ਨੂੰ ਮਿਸਰ ਤੋਂ ਬਾਹਰ ਲੈ ਆਇਆ। ਉਹ ਆਪਣੇ ਨਾਲ ਸੋਨਾ ਚਾਂਦੀ ਲੈ ਗਏ। ਉਹ ਸਾਰੇ ਹੀ ਤਕੜੇ ਆਦਮੀ ਸਨ।
38 ਮਿਸਰ ਪਰਮੇਸ਼ੁਰ ਦੇ ਬੰਦਿਆਂ ਨੂੰ ਜਾਂਦਿਆਂ ਦੇਖ ਕੇ ਖੁਸ਼ ਸੀ, ਕਿਉਂਕਿ ਉਹ ਪਰਮੇਸ਼ੁਰ ਦੇ ਬੰਦਿਆਂ ਤੋਂ ਡਰਦੇ ਸਨ।
39 ਪਰਮੇਸ਼ੁਰ ਨੇ ਆਪਣਾ ਕੰਬਲ ਬੱਦਲ ਵਾਂਗ ਵਿਛਾ ਦਿੱਤਾ। ਪਰਮੇਸ਼ੁਰ ਨੇ ਆਪਣੇ ਬੰਦਿਆਂ ਨੂੰ ਰਾਤ ਵੇਲੇ ਰੌਸ਼ਨੀ ਦੇਣ ਲਈ ਆਪਣੀ ਅਗਨੀ ਦੀ ਵਰਤੋਂ ਕੀਤੀ।
40 ਲੋਕਾਂ ਨੇ ਭੋਜਨ ਮੰਗਿਆ, ਅਤੇ ਪਰਮੇਸ਼ੁਰ ਨੇ ਉਨ੍ਹਾਂ ਲਈ ਬਟੇਰੇ ਲਿਆਂਦੇ। ਪਰਮੇਸ਼ੁਰ ਨੇ ਉਨ੍ਹਾਂ ਨੂੰ ਸਵਰਗ ਤੋਂ ਬਹੁਤ ਸਾਰੀ ਰੋਟੀ ਦਿੱਤੀ।
41 ਪਰਮੇਸ਼ੁਰ ਨੇ ਚੱਟਾਨ ਨੂੰ ਚੀਰ ਦਿੱਤਾ, ਅਤੇ ਬੁਲਬੁਲੇ ਛੱਡਦਾ ਪਾਣੀ ਬਾਹਰ ਆਇਆ। ਮਾਰੂਥਲ ਵਿੱਚ ਇੱਕ ਨਦੀ ਵਗਣ ਲੱਗੀ।
42 ਪਰਮੇਸ਼ੁਰ ਨੂੰ ਆਪਣਾ ਪਵਿੱਤਰ ਵਾਇਦਾ ਯਾਦ ਸੀ। ਪਰਮੇਸ਼ੁਰ ਨੂੰ ਆਪਣਾ ਉਹ ਵਾਇਦਾ ਯਾਦ ਸੀ ਜੋ ਉਸ ਨੇ ਸੇਵਕ ਅਬਰਾਹਮ ਨਾਲ ਕੀਤਾ ਸੀ।
43 ਪਰਮੇਸ਼ੁਰ ਆਪਣੇ ਲੋਕਾਂ ਨੂੰ ਮਿਸਰ ਤੋਂ ਬਾਹਰ ਲੈ ਆਇਆ। ਲੋਕੀਂ ਖੁਸ਼ੀ ਮਨਾਉਂਦੇ ਅਤੇ ਅਨੰਦ ਦੇ ਗੀਤ ਗਾਉਂਦੇ ਆ ਗਏ।
44 ਫ਼ੇਰ ਪਰਮੇਸ਼ੁਰ ਨੇ ਆਪਣੇ ਲੋਕਾਂ ਨੂੰ ਉਹ ਦੇਸ ਦਿੱਤਾ ਜਿੱਥੇ ਹੋਰ ਲੋਕੀਂ ਰਹਿ ਰਹੇ ਸਨ। ਪਰਮੇਸ਼ੁਰ ਦੇ ਲੋਕਾਂ ਨੂੰ ਉਹ ਚੀਜ਼ਾਂ ਮਿਲੀਆਂ ਜਿਨ੍ਹਾਂ ਲਈ ਹੋਰਨਾਂ ਲੋਕਾਂ ਨੇ ਕੰਮ ਕੀਤਾ ਸੀ।
45 ਪਰਮੇਸ਼ੁਰ ਨੇ ਅਜਿਹਾ ਕਿਉਂ ਕੀਤਾ? ਤਾਂ ਜੋ ਉਸ ਦੇ ਲੋਕ ਉਸ ਦੇ ਨਿਯਮਾਂ ਦੀ ਪਾਲਣਾ ਕਰ ਸਕਣ। ਤਾਂ ਜੋ ਉਹ ਧਿਆਨ ਨਾਲ ਉਸ ਦੇ ਉਪਦੇਸ਼ਾਂ ਨੂੰ ਮੰਨਣ। ਯਹੋਵਾਹ ਦੀ ਉਸਤਤ ਕਰੋ!

## 106

1 ਯਹੋਵਾਹ ਦੀ ਉਸਤਤ ਕਰੋ ਯਹੋਵਾਹ ਦਾ ਧੰਨਵਾਦ ਕਰੋ ਕਿਉਂਕਿ ਉਹ ਭਲਾ ਹੈ। ਪਰਮੇਸ਼ੁਰ ਦਾ ਪਿਆਰ ਸਦੀਵੀ ਹੈ।
2 ਅਸਲ ਵਿੱਚ ਕੋਈ ਵੀ ਬਿਆਨ ਨਹੀਂ ਕਰ ਸਕਦਾ ਕਿ ਯਹੋਵਾਹ ਕਿੰਨਾ ਵੱਡਾ ਹੈ।
3 ਜਿਹੜੇ ਲੋਕ ਪਰਮੇਸ਼ੁਰ ਦੇ ਹੁਕਮਾਂ ਦੀ ਪਾਲਣਾ ਕਰਦੇ ਹਨ ਉਹ ਖੁਸ਼ ਹਨ। ਉਹ ਲੋਕ ਹਰ ਵੇਲੇ ਨੇਕੀ ਕਰਦੇ ਰਹਿੰਦੇ ਹਨ।
4 ਯਹੋਵਾਹ, ਜਦੋਂ ਤੂੰ ਆਪਣੇ ਬੰਦਿਆਂ ਉੱਤੇ ਮਿਹਰਬਾਨ ਹੋਵੇਂ ਮੈਨੂੰ ਵੀ ਚੇਤੇ ਰੱਖਣਾ। ਮੈਨੂੰ ਚੇਤੇ ਰੱਖਣਾ ਅਤੇ ਬਚਾਉਣਾ ਵੀ।
5 ਯਹੋਵਾਹ, ਮੈਂ ਉਹ ਚੰਗੀਆਂ ਚੀਜ਼ਾਂ ਸਾਂਝੀਆਂ ਕਰਾ, ਜਿਹੜੀਆਂ ਤੂੰ ਆਪਣੇ ਚੋਣਵੇਂ ਲੋਕਾਂ ਨੂੰ ਦਿੱਤੀਆਂ ਹਨ। ਮੈਂ ਤੇਰੀ ਕੌਮ ਨਾਲ ਖੁਸ਼ੀ ਮਨਾਵਾਂ। ਮੈਂ ਉਸਤਤ ਵਿੱਚ ਤੇਰੇ ਲੋਕਾਂ ਨਾਲ ਸ਼ਾਮਲ ਹੋਵਾਂ।
6 ਅਸੀਂ ਉਵੇਂ ਹੀ ਪਾਪ ਕੀਤਾ ਜਿਵੇਂ ਸਾਡੇ ਪੁਰਖਿਆਂ ਨੇ ਪਾਪ ਕੀਤਾ ਸੀ। ਅਸੀਂ ਗਲਤ ਸਾਂ, ਅਸੀਂ ਮਿਸਰ ਵਿੱਚ ਬੁਰੀਆਂ ਗੱਲਾਂ ਕੀਤੀਆਂ।
7 ਯਹੋਵਾਹ, ਮਿਸਰ ਵਿੱਚ ਸਾਡੇ ਪੁਰਖਿਆਂ ਨੇ ਤੇਰੇ ਕਰਿਸ਼ਮਿਆਂ ਤੋਂ ਸਾਨੂੰ ਕੁਝ ਵੀ ਨਹੀਂ ਸਿਖਾਇਆ। ਉੱਥੇ, ਲਾਲ ਸਮੁੰਦਰ ਕੰਢੇ ਸਾਡੇ ਪੁਰਖੇ ਤੇਰੇ ਖਿਲਾਫ਼ ਹੋ ਗਏ ਸਨ।
8 ਪਰ ਪਰਮੇਸ਼ੁਰ ਨੇ ਆਪਣੇ ਨਾਮ ਸਦਕਾ ਸਾਡੇ ਪੁਰਖਿਆਂ ਨੂੰ ਬਚਾ ਲਿਆ। ਪਰਮੇਸ਼ੁਰ ਨੇ ਉਨ੍ਹਾਂ ਨੂੰ ਆਪਣੀ ਮਹਾਨ ਸ਼ਕਤੀ ਵਿਖਾਉਣ ਲਈ ਬਚਾ ਲਿਆ।
9 ਪਰਮੇਸ਼ੁਰ ਨੇ ਹੁਕਮ ਦਿੱਤਾ, ਅਤੇ ਲਾਲ ਸਮੁੰਦਰ ਖੁਸ਼ਕ ਹੋ ਗਿਆ। ਪਰਮੇਸ਼ੁਰ ਨੇ ਡੂੰਘੇ ਲਾਲ ਸਮੁੰਦਰ ਵਿੱਚੋਂ ਸਾਡੇ ਪੁਰਖਿਆਂ ਦੀ ਅਗਵਾਈ ਉਸ ਧਰਤੀ ਤੇ ਕੀਤੀ, ਜੋ ਮਾਰੂਥਲ ਵਾਂਗ ਖੁਸ਼ਕ ਸੀ।
10 ਪਰਮੇਸ਼ੁਰ ਨੇ ਸਾਡੇ ਪੁਰਖਿਆਂ ਨੂੰ ਉਨ੍ਹਾਂ ਦੇ ਦੁਸ਼ਮਣਾਂ ਕੋਲੋਂ ਬਚਾਇਆ। ਪਰਮੇਸ਼ੁਰ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਸਾਰੇ ਵੈਰੀਆਂ ਤੋਂ ਬਚਾਇਆ।
11 ਪਰਮੇਸ਼ੁਰ ਨੇ ਉਨ੍ਹਾਂ ਦੇ ਦੁਸ਼ਮਣਾਂ ਨੂੰ ਸਮੁੰਦਰ ਨਾਲ ਢੱਕ ਦਿੱਤਾ। ਉਨ੍ਹਾਂ ਦੇ ਦੁਸ਼ਮਣਾਂ ਵਿੱਚੋਂ ਕੋਈ ਵੀ ਨਾ ਬਚ ਸਕਿਆ।
12 ਫ਼ੇਰ ਸਾਡੇ ਪੁਰਖਿਆਂ ਨੇ ਪਰਮੇਸ਼ੁਰ ਉੱਤੇ ਵਿਸ਼ਵਾਸ ਕੀਤਾ। ਉਨ੍ਹਾਂ ਨੇ ਉਸ ਦੀ ਉਸਤਤ ਗਾਈ।

13 ਪਰ ਸਾਡੇ ਪੁਰਖਿਆਂ ਨੇ ਉਨ੍ਹਾਂ ਗੱਲਾਂ ਨੂੰ ਛੇਤੀ ਹੀ ਭੁਲਾ
ਦਿੱਤਾ ਜੋ ਪਰਮੇਸ਼ੁਰ ਨੇ ਕੀਤੀਆਂ ਸਨ। ਉਨ੍ਹਾਂ ਨੇ ਪਰਮੇਸ਼ੁਰ
ਦਾ ਮਸ਼ਵਰਾ ਨਹੀਂ ਸੁਣਿਆ।
14 ਮਾਰੂਥਲ ਵਿੱਚ ਸਾਡੇ ਪੁਰਖਿਆਂ ਨੂੰ ਬਹੁਤ ਭੁੱਖ ਲੱਗੀ ਅਤੇ
ਉਨ੍ਹਾਂ ਨੇ ਬੀਆਬਾਨ ਵਿੱਚ ਪਰਮੇਸ਼ੁਰ ਦੀ ਪਰਖ ਕੀਤੀ।
15 ਪਰ ਪਰਮੇਸ਼ੁਰ ਨੇ ਸਾਡੇ ਪੁਰਖਿਆਂ ਨੂੰ ਉਹ ਚੀਜ਼ਾਂ ਦਿੱਤੀਆਂ
ਜੋ ਉਨ੍ਹਾਂ ਨੇ ਮੰਗੀਆਂ ਸਨ। ਪਰ ਪਰਮੇਸ਼ੁਰ ਨੇ ਉਨ੍ਹਾਂ ਨੂੰ
ਇੱਕ ਭਿਆਨਕ ਬਿਮਾਰੀ ਵੀ ਦਿੱਤੀ।
16 ਲੋਕ ਮੂਸਾ ਨਾਲ ਈਰਖਾ ਕਰਨ ਲੱਗੇ। ਉਹ ਯਹੋਵਾਹ ਦੇ
ਪਵਿੱਤਰ ਜਾਜਕ ਹਾਰੂਨ ਨਾਲ ਈਰਖਾਲੂ ਹੋ ਗਏ।
17 ਇਸ ਲਈ ਪਰਮੇਸ਼ੁਰ ਨੇ ਉਨ੍ਹਾਂ ਈਰਖਾਲੂ ਲੋਕਾਂ ਨੂੰ ਸਜ਼ਾ
ਦਿੱਤੀ। ਧਰਤੀ ਖੁੱਲ੍ਹ ਗਈ ਅਤੇ ਉਸ ਨੇ ਦਾਥਾਨ ਨੂੰ
ਨਿਗਲ ਲਿਆ। ਤਾਂ ਇੱਕ ਵਾਰੀ ਫ਼ੇਰ, ਧਰਤੀ ਖੁਲ੍ਹੀ ਅਤੇ
ਅਬੀਰਾਮ ਦੇ ਸਮੂਹ ਨੂੰ ਨਿਗਲ ਲਿਆ।
18 ਫ਼ੇਰ ਅੱਗ ਨੇ ਲੋਕਾਂ ਦੀ ਉਸ ਭੀੜ ਨੂੰ ਸਾੜ ਸੁੱਟਿਆ। ਉਸ
ਅੱਗ ਨੇ ਬੁਰੇ ਲੋਕਾਂ ਨੂੰ ਸਾੜ ਦਿੱਤਾ।
19 ਉਨ੍ਹਾਂ ਲੋਕਾਂ ਨੇ ਹੋਰੇਬ ਪਰਬਤ ਉੱਤੇ ਇੱਕ ਸੋਨੇ ਦਾ ਵੱਛਾ
ਬਣਾਇਆ। ਉਨ੍ਹਾਂ ਨੇ ਇੱਕ ਬੁੱਤ ਦੀ ਉਪਾਸਨਾ ਕੀਤੀ।
20 ਉਨ੍ਹਾਂ ਲੋਕਾਂ ਨੇ ਆਪਣੇ ਮਹਿਮਾਮਈ ਪਰਮੇਸ਼ੁਰ ਨੂੰ ਘਾਹ
ਖਾਣੇ ਬਲਦ ਦੀ ਮੂਰਤ ਬਦਲੇ ਵਟਾ ਦਿੱਤਾ।
21 ਪਰਮੇਸ਼ੁਰ ਨੇ ਸਾਡੇ ਪੁਰਖਿਆਂ ਨੂੰ ਬਚਾਇਆ। ਪਰ ਉਹ
ਪੂਰੀ ਤਰ੍ਹਾਂ ਉਸ ਬਾਰੇ ਭੁੱਲ ਗਏ। ਉਹ ਉਸ ਪਰਮੇਸ਼ੁਰ
ਬਾਰੇ ਭੁੱਲ ਗਏ ਜਿਸ ਨੇ ਮਿਸਰ ਵਿੱਚ ਕਰਿਸ਼ਮੇ ਕੀਤੇ
ਸਨ।
22 ਪਰਮੇਸ਼ੁਰ ਨੇ ਹਾਮ ਦੇ ਦੇਸ ਵਿੱਚ ਕਰਿਸ਼ਮੇ ਕੀਤੇ ਸਨ,
ਲਾਲ ਸਮੁੰਦਰ ਦੇ ਨੇੜੇ ਪਰਮੇਸ਼ੁਰ ਦੀਆਂ ਕਰਨੀਆਂ
ਭਿਆਨਕ ਸਨ।
23 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਤਬਾਹ ਕਰਨਾ ਚਾਹੁੰਦਾ ਸੀ।
ਪਰ ਉਸ ਦੇ ਚੁਣੇ ਹੋਏ ਬੰਦੇ, ਮੂਸਾ ਨੇ ਉਸ ਨੂੰ ਰੋਕ ਦਿੱਤਾ।
ਪਰਮੇਸ਼ੁਰ ਬਹੁਤ ਕਹਿਰਵਾਨ ਸੀ, ਪਰ ਮੂਸਾ ਨੇ ਉਸ ਦਾ
ਰਾਹ ਰੋਕ ਲਿਆ। ਇਸ ਲਈ ਪਰਮੇਸ਼ੁਰ ਨੇ ਲੋਕਾਂ ਨੂੰ
ਤਬਾਹ ਨਹੀਂ ਕੀਤਾ।
24 ਪਰ, ਉਨ੍ਹਾਂ ਲੋਕਾਂ ਨੇ ਖੂਬਸੂਰਤ ਧਰਤੀ ਅੰਦਰ ਦਾਖਲ ਹੋਣ
ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਨੂੰ ਵਿਸ਼ਵਾਸ ਨਹੀਂ ਸੀ,
ਕਿ ਉਸ ਦੇਸ ਵਿੱਚ ਰਹਿਣ ਵਾਲਿਆਂ ਨੂੰ ਹਰਾਉਣ ਵਿੱਚ
ਪਰਮੇਸ਼ੁਰ ਉਨ੍ਹਾਂ ਦੀ ਸਹਾਇਤਾ ਕਰੇਗਾ।
25 ਸਾਡੇ ਪੁਰਖਿਆਂ ਨੇ ਪਰਮੇਸ਼ੁਰ ਦੇ ਹੁਕਮਾਂ ਨੂੰ ਮੰਨਣ ਤੋਂ
ਇਨਕਾਰ ਕਰ ਦਿੱਤਾ।
26 ਇਸ ਲਈ ਪਰਮੇਸ਼ੁਰ ਨੇ ਸੌਂਹ ਖਾਧੀ ਕਿ ਉਹ ਮਾਰੂਥਲ
ਵਿੱਚ ਮਰਨਗੇ।
27 ਪਰਮੇਸ਼ੁਰ ਨੇ ਵਾਇਦਾ ਕੀਤਾ ਕਿ ਦੂਸਰੇ ਲੋਕ ਨੂੰ ਉਨ੍ਹਾਂ
ਦੀਆਂ ਔਲਾਦਾ ਨੂੰ ਹਰਾ ਦੇਣਗੇ। ਪਰਮੇਸ਼ੁਰ ਨੇ ਵਾਇਦਾ
ਕੀਤਾ ਕਿ ਉਹ ਸਾਡੇ ਪੁਰਖਿਆਂ ਨੂੰ ਕੌਮਾਂ ਦਰਮਿਆਨ
ਖਿੰਡਾ ਦੇਵੇਗਾ।
28 ਫ਼ੇਰ ਬਆਲ ਪਿਓਰ ਦੀ ਥਾਂ ਉੱਤੇ, ਉਹ ਬਆਲ ਪਿਓਰ
ਦੀ ਪੂਜਾ ਕਰਨ ਲਈ ਇਕੱਠੇ ਹੋਏ। ਅਤੇ ਮੁਰਦਿਆਂ ਦਾ
ਆਦਰ ਕਰਨ ਵਾਸਤੇ ਬਲੀਆਂ ਖਾਧੀਆਂ।
29 ਪਰਮੇਸ਼ੁਰ ਆਪਣੇ ਲੋਕਾਂ ਉੱਤੇ ਬਹੁਤ ਕਹਿਰਵਾਨ ਹੋਇਆ,
ਅਤੇ ਪਰਮੇਸ਼ੁਰ ਨੇ ਉਨ੍ਹਾਂ ਨੂੰ ਰੋਗੀ ਬਣਾ ਦਿੱਤਾ।
30 ਪਰ ਫ਼ੀਨਹਾਸ ਨੇ ਪਰਮੇਸ਼ੁਰ ਨੂੰ ਪ੍ਰਾਰਥਨਾ ਕੀਤੀ ਅਤੇ
ਪਰਮੇਸ਼ੁਰ ਨੇ ਬਿਮਾਰੀ ਨੂੰ ਰੋਕ ਦਿੱਤਾ।
31 ਪਰਮੇਸ਼ੁਰ ਜਾਣਦਾ ਸੀ ਕਿ ਫ਼ੀਨਹਾਸ ਨੇ ਬਹੁਤ ਚੰਗੀ
ਗੱਲ ਕੀਤੀ ਹੈ। ਪਰਮੇਸ਼ੁਰ ਇਸ ਨੂੰ ਸਦਾ-ਸਦਾ ਲਈ
ਚੇਤੇ ਰੱਖੇਗਾ।
32 ਮਰੀਬਾਹ ਵਿੱਚ ਲੋਕਾਂ ਨੇ ਪਰਮੇਸ਼ੁਰ ਨੂੰ ਗੁੱਸੇ ਕੀਤਾ, ਅਤੇ
ਫ਼ੇਰ ਉਨ੍ਹਾਂ ਮੂਸਾ ਪਾਸੋਂ ਬੁਰਾ ਕੰਮ ਕਰਾਇਆ।
33 ਉਨ੍ਹਾਂ ਨੇ ਮੂਸਾ ਨੂੰ ਬਹੁਤ ਬੇਚੈਨ ਕਰ ਦਿੱਤਾ ਇਸ ਲਈ
ਮੂਸਾ ਬਿਨ ਸੋਚੇ-ਸਮਝੇ ਬੋਲਿਆ।
34 ਪਰਮੇਸ਼ੁਰ ਨੇ ਲੋਕਾਂ ਨੂੰ ਕਨਾਨ ਵਿੱਚ ਰਹਿੰਦਿਆ ਪਰਾਈਆਂ
ਕੌਮਾਂ ਨੂੰ ਤਬਾਹ ਕਰਨ ਲਈ ਕਿਹਾ। ਪਰ ਇਸਰਾਏਲ ਦੇ
ਲੋਕਾਂ ਨੇ ਪਰਮੇਸ਼ੁਰ ਦਾ ਹੁਕਮ ਨਹੀਂ ਮੰਨਿਆ।
35 ਉਹ ਹੋਰਨਾਂ ਲੋਕਾਂ ਨਾਲ ਰਲ-ਮਿਲ ਗਏ। ਅਤੇ ਉਹੀ ਕੁਝ
ਕਰਨ ਲੱਗੇ ਜੋ ਉਹ ਲੋਕ ਕਰਦੇ ਸਨ।
36 ਪਰਮੇਸ਼ੁਰ ਦੇ ਲੋਕ ਉਨ੍ਹਾਂ ਦੇਵਤਿਆਂ ਦੀ ਪੂਜਾ ਕਰਨ
ਲੱਗੇ ਜਿਨ੍ਹਾਂ ਦੀ ਉਪਾਸਨਾ ਦੂਸਰੇ ਲੋਕ ਕਰਦੇ ਸਨ। ਉਹ
ਪਰਮੇਸ਼ੁਰ ਦੇ ਲੋਕਾਂ ਲਈ ਇੱਕ ਫ਼ੰਦਾ ਬਣ ਗਏ
37 ਪਰਮੇਸ਼ੁਰ ਦੇ ਲੋਕਾਂ ਨੇ ਆਪਣੇ ਬੱਚਿਆਂ ਨੂੰ ਮਾਰ ਦਿੱਤਾ
ਅਤੇ ਉਨ੍ਹਾਂ ਨੂੰ ਸ਼ੈਤਾਨਾ ਨੂੰ ਭੇਟ ਕਰ ਦਿੱਤਾ।
38 ਪਰਮੇਸ਼ੁਰ ਦੇ ਲੋਕਾਂ ਨੇ ਆਪਣੇ ਮਾਸੂਮ ਪੁੱਤਰਾਂ ਅਤੇ ਧੀਆਂ
ਨੂੰ ਮਾਰ ਦਿੱਤਾ। ਅਤੇ ਕਨਾਨ ਦੇ ਝੂਠੇ ਦੇਵਤਿਆਂ ਨੂੰ ਉਨ੍ਹਾਂ
ਦੀ ਬਲੀ ਚੜ੍ਹਾ ਦਿੱਤੀ। ਸੋ ਦੇਸ਼ ਖੂਨ ਦੇ ਪਾਪ ਨਾਲ ਪਲੀਤ
ਹੋ ਗਿਆ।
39 ਇਸ ਲਈ ਪਰਮੇਸ਼ੁਰ ਦੇ ਲੋਕ ਹੋਰਾਂ ਲੋਕਾਂ ਦੇ ਗੁਨਾਹਾਂ ਨਾਲ
ਨਾਪਾਕ ਹੋ ਗਏ। ਪਰਮੇਸ਼ੁਰ ਦੇ ਲੋਕ ਆਪਣੇ ਪਰਮੇਸ਼ੁਰ
ਨਾਲ ਬੇਵਫ਼ਾ ਸਨ। ਅਤੇ ਉਨ੍ਹਾਂ ਨੇ ਉਹੀ ਗੱਲਾਂ ਕੀਤੀਆਂ
ਜਿਹੜੀਆਂ ਹੋਰ ਲੋਕੀਂ ਕਰਦੇ ਸਨ।
40 ਪਰਮੇਸ਼ੁਰ ਆਪਣੇ ਲੋਕਾਂ ਉੱਤੇ ਕਹਿਰਵਾਨ ਹੋ ਗਿਆ,
ਪਰਮੇਸ਼ੁਰ ਉਨ੍ਹਾਂ ਤੋਂ ਤੰਗ ਆ ਚੁੱਕਿਆ ਸੀ।
41 ਪਰਮੇਸ਼ੁਰ ਨੇ ਆਪਣੇ ਬੰਦਿਆਂ ਨੂੰ ਪਰਾਈਆਂ ਕੌਮਾਂ ਦੇ
ਹਵਾਲੇ ਕਰ ਦਿੱਤਾ। ਪਰਮੇਸ਼ੁਰ ਨੇ ਉਨ੍ਹਾਂ ਦੇ ਦੁਸ਼ਮਣਾਂ ਨੂੰ
ਉਨ੍ਹਾਂ ਉੱਤੇ ਰਾਜ ਕਰਨ ਦਿੱਤਾ।
42 ਪਰਮੇਸ਼ੁਰ ਦੇ ਲੋਕਾਂ ਨੂੰ ਉਨ੍ਹਾਂ ਦੇ ਦੁਸ਼ਮਣਾਂ ਨੇ ਕਾਬੂ ਕਰ
ਲਿਆ ਅਤੇ ਉਨ੍ਹਾਂ ਦਾ ਜਿਉਣਾ ਬਹੁਤ ਮੁਸ਼ਕਿਲ ਕਰ ਦਿੱਤਾ।
43 ਪਰਮੇਸ਼ੁਰ ਨੇ ਆਪਣੇ ਲੋਕਾਂ ਨੂੰ ਅਨੇਕਾਂ ਵਾਰੀ ਬਚਾਇਆ।
ਪਰ ਉਹ ਪਰਮੇਸ਼ੁਰ ਦੇ ਖਿਲਾਫ਼ ਹੋ ਗਏ, ਅਤੇ ਮਨ
ਭਾਉਂਦੀਆਂ ਗੱਲਾਂ ਕਰਨ ਲੱਗੇ। ਪਰਮੇਸ਼ੁਰ ਦੇ ਲੋਕਾਂ ਨੇ
ਬਹੁਤ ਸਾਰੀਆਂ ਬਦੀਆਂ ਕੀਤੀਆਂ।
44 ਪਰ ਜਦੋਂ ਵੀ ਪਰਮੇਸ਼ੁਰ ਦੇ ਲੋਕ ਮੁਸੀਬਤ ਵਿੱਚ ਸਨ।
ਉਨ੍ਹਾਂ ਨੇ ਸਹਾਇਤਾ ਲਈ ਹਮੇਸ਼ਾ ਪਰਮੇਸ਼ੁਰ ਅੱਗੇ
ਪ੍ਰਾਰਥਨਾ ਕੀਤੀ। ਅਤੇ ਪਰਮੇਸ਼ੁਰ ਨੇ ਹਰ ਵਾਰ ਉਨ੍ਹਾਂ ਦੀ
ਪ੍ਰਾਰਥਨਾ ਸੁਣ ਲਈ।
45 ਪਰਮੇਸ਼ੁਰ ਨੇ ਆਪਣਾ ਕਰਾਰ ਹਮੇਸ਼ਾ ਚੇਤੇ ਰੱਖਿਆ।
ਅਤੇ ਉਸ ਦੇ ਮਹਾਨ ਪਿਆਰ ਵਿੱਚੋਂ ਉਨ੍ਹਾਂ ਨੂੰ ਸਕੂਨ
ਪਹੁੰਚਾਇਆ।

46 ਪਰਾਈਆਂ ਕੌਮਾਂ ਨੇ ਉਨ੍ਹਾਂ ਨੂੰ ਕੈਦੀ ਬਣਾ ਲਿਆ। ਪਰ
ਪਰਮੇਸ਼ੁਰ ਨੇ ਉਨ੍ਹਾਂ ਨੂੰ ਆਪਣੇ ਲੋਕਾਂ ਲਈ ਦਯਾਵਾਨ
ਬਣਾ ਦਿੱਤਾ।
47 ਸਾਡੇ ਯਹੋਵਾਹ ਪਰਮੇਸ਼ੁਰ ਨੇ ਸਾਨੂੰ ਬਚਾ ਲਿਆ।
ਪਰਮੇਸ਼ੁਰ ਨੇ ਸਾਨੂੰ ਉਨ੍ਹਾਂ ਪਰਾਈਆਂ ਕੌਮਾਂ ਤੋਂ ਵਾਪਸ
ਲਿਆਂਦਾ ਤਾਂ ਜੋ ਅਸੀਂ ਉਸ ਦੇ ਪਵਿੱਤਰ ਨਾਮ ਦੀ ਉਸਤਤ
ਕਰ ਸਕੀਏ। ਤਾਂ ਜੋ ਅਸੀਂ ਉਸ ਦੀ ਉਸਤਤ ਗਾ ਸਕੀਏ।
48 ਇਸਰਾਏਲ ਦੇ ਯਹੋਵਾਹ ਪਰਮੇਸ਼ੁਰ ਨੂੰ ਮੁਬਾਰਕ ਆਖੋ।
ਪਰਮੇਸ਼ੁਰ ਸਦਾ ਰਿਹਾ ਅਤੇ ਸਦਾ ਹੀ ਉਹ ਰਹੇਗਾ। ਅਤੇ
ਸਮੂਹ ਲੋਕਾਂ ਨੇ ਆਖਿਆ, "ਆਮੀਨ!"

ਯਹੋਵਾਹ ਦੀ ਉਸਤਤ ਕਰੋ।

## ਪੰਜਵਾਂ ਭਾਗ (ਜ਼ਬੂਰ 107–150)

**107** 1ਯਹੋਵਾਹ ਦਾ ਉਸਤਤ ਕਰੋ ਕਿਉਂਕਿ ਉਹ
ਭਲਾ ਹੈ। ਉਸ ਦਾ ਪਿਆਰ ਸਦੀਵੀ ਹੈ।
2 ਹਰ ਵਿਅਕਤੀ ਨੂੰ ਜਿਸ ਨੂੰ ਯਹੋਵਾਹ ਨੇ ਬਚਾਇਆ ਹੈ
ਇਹੀ ਗੱਲ ਆਖਣੀ ਚਾਹੀਦੀ ਹੈ। ਯਹੋਵਾਹ ਨੇ ਉਨ੍ਹਾਂ ਨੂੰ
ਉਨ੍ਹਾਂ ਦੇ ਦੁਸ਼ਮਣਾਂ ਤੋਂ ਬਚਾਇਆ।
3 ਯਹੋਵਾਹ ਨੇ ਆਪਣੇ ਲੋਕਾਂ ਨੂੰ ਬਹੁਤ ਸਾਰੇ ਭਿੰਨ-ਭਿੰਨ
ਦੇਸ਼ਾਂ ਵਿੱਚੋਂ ਇਕੱਠਿਆ ਕੀਤਾ। ਉਹ ਉਨ੍ਹਾਂ ਨੂੰ ਪੂਰਬ,
ਪੱਛਮ, ਉੱਤਰ ਅਤੇ ਦੱਖਣ ਵਿੱਚੋਂ ਲਿਆਇਆ।
4 ਉਨ੍ਹਾਂ ਵਿੱਚੋਂ ਕਈ ਸੁੱਕੇ ਮਾਰੂਥਲ ਵਿੱਚ ਭਟਕਦੇ ਸਨ। ਉਹ
ਰਹਿਣ ਦਾ ਟਿਕਾਣਾ ਲੱਭ ਰਹੇ ਸਨ। ਪਰ ਉਨ੍ਹਾਂ ਨੂੰ ਕੋਈ
ਸ਼ਹਿਰ ਨਹੀਂ ਮਿਲਿਆ ਸੀ।
5 ਉਹ ਭੁੱਖੇ ਪਿਆਸੇ ਸਨ ਅਤੇ ਕਮਜ਼ੋਰ ਵੀ ਹੋ ਰਹੇ ਸਨ।
6 ਫ਼ੇਰ ਉਨ੍ਹਾਂ ਨੇ ਯਹੋਵਾਹ ਕੋਲ ਸਹਾਇਤਾ ਲਈ ਪੁਕਾਰ
ਕੀਤੀ। ਅਤੇ ਉਸ ਨੇ ਉਨ੍ਹਾਂ ਨੂੰ ਮੁਸੀਬਤਾਂ ਤੋਂ ਬਚਾ ਲਿਆ।
7 ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਸਿੱਧਾ ਉਸ ਸ਼ਹਿਰ ਵਿੱਚ ਲੈ
ਗਿਆ ਜਿੱਥੇ ਉਨ੍ਹਾਂ ਨੇ ਰਹਿਣਾ ਸੀ।
8 ਯਹੋਵਾਹ ਦਾ ਉਸ ਦੇ ਪਿਆਰ ਲਈ ਅਤੇ ਉਨ੍ਹਾਂ ਚਮਤਕਾਰਾਂ
ਲਈ ਧੰਨਵਾਦ ਕਰੋ। ਜਿਹੜੇ ਉਹ ਲੋਕਾਂ ਲਈ ਕਰਦਾ ਹੈ।
9 ਪਰਮੇਸ਼ੁਰ ਪਿਆਸੀ ਰੂਹ ਨੂੰ ਤ੍ਰਿਪਤ ਕਰਦਾ ਹੈ। ਪਰਮੇਸ਼ੁਰ
ਭੁੱਖੀ ਜਾਨ ਨੂੰ ਚੰਗੀਆਂ ਚੀਜ਼ਾਂ ਨਾਲ ਭਰਦਾ ਹੈ।
10 ਪਰਮੇਸ਼ੁਰ ਦੇ ਕੁਝ ਲੋਕ, ਕੈਦ ਦੀਆਂ ਸਲਾਖਾਂ ਦੇ ਪਿੱਛੇ
ਹਨੇਰਮਈ ਕੈਦ ਵਿੱਚ ਬੰਦ ਸਨ।
11 ਕਿਉਂਕਿ ਉਹ ਲੋਕ ਉਨ੍ਹਾਂ ਗੱਲਾਂ ਦੇ ਖਿਲਾਫ਼ ਲੜੇ ਸਨ।
ਜੋ ਪਰਮੇਸ਼ੁਰ ਨੇ ਆਖੀਆਂ ਸਨ। ਉਨ੍ਹਾਂ ਸਭ ਨੇ ਉੱਚੇ
ਪਰਮੇਸ਼ੁਰ ਦੀ ਸਲਾਹ ਮੰਨਣ ਤੋਂ ਇਨਕਾਰ ਕੀਤਾ ਸੀ।
12 ਪਰਮੇਸ਼ੁਰ ਨੇ ਉਨ੍ਹਾਂ ਦੇ ਅਮਲਾਂ ਬਦਲੇ ਉਨ੍ਹਾਂ ਲਈ
ਜ਼ਿੰਦਗੀ ਬਹੁਤ ਦੁਸ਼ਵਾਰ ਬਣਾ ਦਿੱਤੀ। ਉਹ ਥਿੜਕ ਗਏ
ਅਤੇ ਡਿੱਗ ਪਏ। ਅਤੇ ਉਹ ਉੱਥੇ ਕੋਈ ਵੀ ਉਨ੍ਹਾਂ ਦਾ
ਮਦਦਗਾਰ ਨਹੀਂ ਸੀ।
13 ਉਹ ਲੋਕ ਮੁਸੀਬਤ ਵਿੱਚ ਸਨ। ਇਸ ਲਈ ਉਨ੍ਹਾਂ ਨੇ
ਸਹਾਇਤਾ ਲਈ ਯਹੋਵਾਹ ਅੱਗੇ ਪ੍ਰਾਰਥਨਾ ਕੀਤੀ। ਅਤੇ
ਉਸ ਨੇ ਉਨ੍ਹਾਂ ਨੂੰ ਮੁਸੀਬਤਾਂ ਤੋਂ ਬਚਾ ਲਿਆ।
14 ਪਰਮੇਸ਼ੁਰ ਉਨ੍ਹਾਂ ਨੂੰ ਹਨੇਰਮਈ ਕੋਠੜੀਆਂ ਵਿੱਚੋਂ ਕੱਢ
ਲਿਆਇਆ। ਪਰਮੇਸ਼ੁਰ ਨੇ ਉਨ੍ਹਾਂ ਦੀਆਂ ਬੇੜੀਆਂ ਤੋੜ
ਦਿੱਤੀਆਂ।
15 ਯਹੋਵਾਹ ਦਾ ਉਸ ਦੇ ਪਿਆਰ ਲਈ ਅਤੇ ਉਨ੍ਹਾਂ
ਚਮਤਕਾਰਾਂ ਲਈ ਧੰਨਵਾਦ ਕਰੋ। ਜਿਹੜੇ ਉਹ ਲੋਕਾਂ
ਲਈ ਕਰਦਾ ਹੈ।
16 ਸਾਡਾ ਪਰਮੇਸ਼ੁਰ ਸਾਡੇ ਦੁਸ਼ਮਣਾਂ ਨੂੰ ਹਰਾਉਣ ਵਿੱਚ ਸਾਡੀ
ਮਦਦ ਕਰਦਾ ਹੈ। ਪਰਮੇਸ਼ੁਰ ਉਨ੍ਹਾਂ ਦੇ ਤਾਂਬੇ ਦੇ ਦਰਵਾਜ਼ੇ
ਤੋੜ ਸਕਦਾ ਹੈ। ਪਰਮੇਸ਼ੁਰ ਉਨ੍ਹਾਂ ਦੇ ਫ਼ੌਲਾਦੀ ਦਰਵਾਜ਼ਿਆਂ
ਦੀਆਂ ਸਲਾਖਾਂ ਚੂਰ-ਚੂਰ ਕਰ ਸਕਦਾ ਹੈ।
17 ਕੁਝ ਲੋਕੀਂ ਆਪਣੇ ਜਿਉਣ ਦੇ ਪਾਪੀ ਢੰਗਾਂ ਕਾਰਣ ਮੂਰਖ
ਬਣ ਗਏ।
18 ਉਨ੍ਹਾਂ ਨੇ ਭੋਜਨ ਕਰਨਾ ਛੱਡ ਦਿੱਤਾ ਅਤੇ ਉਹ ਮਰਨ ਕੰਢੇ
ਪਹੁੰਚ ਗਏ।
19 ਉਹ ਮੁਸੀਬਤ ਵਿੱਚ ਸਨ, ਇਸ ਲਈ ਉਨ੍ਹਾਂ ਨੇ ਸਹਾਇਤਾ
ਲਈ ਪਰਮੇਸ਼ੁਰ ਅੱਗੇ ਪ੍ਰਾਰਥਨਾ ਕੀਤੀ। ਅਤੇ ਉਸ ਨੇ
ਉਨ੍ਹਾਂ ਨੂੰ ਮੁਸੀਬਤ ਤੋਂ ਬਚਾ ਲਿਆ।
20 ਪਰਮੇਸ਼ੁਰ ਨੇ ਹੁਕਮ ਕੀਤਾ ਅਤੇ ਉਨ੍ਹਾਂ ਨੂੰ ਚੰਗਾ ਕੀਤਾ
ਇਸ ਲਈ ਉਹ ਲੋਕ ਕਬਰ ਤੋਂ ਬਚ ਗਏ।
21 ਯਹੋਵਾਹ ਦਾ ਉਸ ਦੇ ਪਿਆਰ ਲਈ ਅਤੇ ਉਨ੍ਹਾਂ
ਚਮਤਕਾਰਾਂ ਲਈ ਧੰਨਵਾਦ ਕਰੋ। ਜਿਹੜੇ ਉਹ ਲੋਕਾਂ
ਲਈ ਕਰਦਾ ਹੈ।
22 ਯਹੋਵਾਹ ਦੇ ਕੀਤੇ ਸਮੂਹ ਕੰਮਾਂ ਦੇ ਧੰਨਵਾਦ ਵਜੋਂ ਉਸ
ਅੱਗੇ ਬਲੀਆਂ ਚੜ੍ਹਾਵੋ। ਖੁਸ਼ੀ ਨਾਲ ਦੱਸੋ ਯਹੋਵਾਹ ਨੇ ਕੀ
ਕੀਤਾ ਹੈ।
23 ਕੁਝ ਲੋਕਾਂ ਨੇ ਸਮੁੰਦਰ ਵਿੱਚ ਜਹਾਜ਼ਾਂ ਰਾਹੀਂ ਸਫ਼ਰ
ਕੀਤਾ। ਉਨ੍ਹਾਂ ਦਾ ਕੰਮ ਉਨ੍ਹਾਂ ਨੂੰ ਮਹਾਸਾਗਰ ਤੋਂ ਪਾਰ ਲੈ
ਗਿਆ।
24 ਉਨ੍ਹਾਂ ਲੋਕਾਂ ਨੇ ਵੇਖ ਲਿਆ ਕਿ ਪਰਮੇਸ਼ੁਰ ਕੀ ਕੁਝ ਕਰ
ਸਕਦਾ ਹੈ। ਉਨ੍ਹਾਂ ਨੇ ਉਸ ਦੇ ਚਮਤਕਾਰ ਵੇਖੇ ਜੋ ਉਸ ਨੇ
ਸਮੁੰਦਰ ਉੱਤੇ ਕੀਤੇ ਸਨ।
25 ਪਰਮੇਸ਼ੁਰ ਨੇ ਹੁਕਮ ਦਿੱਤਾ, ਅਤੇ ਇੱਕ ਤੇਜ਼ ਹਵਾ ਵਗਣ
ਲੱਗੀ। ਲਹਿਰਾਂ ਉੱਚੀਆਂ ਤੋਂ ਉੱਚੀਆਂ ਹੋ ਗਈਆਂ।
26 ਲਹਿਰਾਂ ਨੇ ਉਨ੍ਹਾਂ ਨੂੰ ਉੱਪਰ ਅਕਾਸ਼ ਵਿੱਚ ਚੁੱਕ ਦਿੱਤਾ। ਅਤੇ
ਉਨ੍ਹਾਂ ਨੂੰ ਡੂੰਘੇ ਸਮੁੰਦਰ ਵਿੱਚ ਸੁੱਟ ਦਿੱਤਾ। ਤੂਫ਼ਾਨ ਇੰਨਾ
ਖਤਰਨਾਕ ਸੀ ਕਿ ਲੋਕਾਂ ਦੇ ਹੌਂਸਲੇ ਟੁੱਟ ਗਏ।
27 ਉਹ ਸ਼ਰਾਬੀਆਂ ਵਾਂਗ ਕੰਬ ਕੇ ਡਿੱਗ ਰਹੇ ਸਨ। ਉਨ੍ਹਾਂ ਦੀ
ਜਹਾਜ਼ੀ ਕਲਾ ਬੇਕਾਰ ਹੋ ਗਈ ਸੀ।
28 ਉਹ ਮੁਸੀਬਤ ਵਿੱਚ ਸਨ, ਇਸ ਲਈ ਉਨ੍ਹਾਂ ਨੇ ਪਰਮੇਸ਼ੁਰ
ਨੂੰ ਸਹਾਇਤਾ ਲਈ ਪੁਕਾਰ ਕੀਤੀ। ਅਤੇ ਉਸ ਨੇ ਉਨ੍ਹਾਂ ਨੂੰ
ਮੁਸੀਬਤਾਂ ਤੋਂ ਬਚਾ ਲਿਆ।
29 ਪਰਮੇਸ਼ੁਰ ਨੇ ਤੂਫ਼ਾਨ ਰੋਕ ਦਿੱਤਾ, ਉਸ ਨੇ ਲਹਿਰਾਂ ਨੂੰ ਸ਼ਾਂਤ
ਕਰ ਦਿੱਤਾ।
30 ਮਲਾਹ ਬਹੁਤ ਪ੍ਰਸੰਨ ਸਨ ਕਿ ਸਮੁੰਦਰ ਸ਼ਾਂਤ ਸੀ। ਅਤੇ
ਪਰਮੇਸ਼ੁਰ ਨੇ ਸੁਰੱਖਿਆ ਨਾਲ ਉਸ ਥਾਂ ਤੱਕ ਉਨ੍ਹਾਂ ਦੀ
ਅਗਵਾਈ ਕੀਤੀ ਜਿੱਥੇ ਉਹ ਜਾਣਾ ਚਾਹੁੰਦੇ ਸਨ।
31 ਯਹੋਵਾਹ ਦਾ ਉਸ ਦੇ ਪਿਆਰ ਲਈ ਅਤੇ ਉਨ੍ਹਾਂ

ਚਮਤਕਾਰਾਂ ਲਈ ਧੰਨਵਾਦ ਕਰੋ। ਜਿਹੜੇ ਉਸ ਨੇ ਲੋਕਾਂ
ਲਈ ਕੀਤੇ।
32 ਮਹਾ ਸਭਾ ਵਿੱਚ ਪਰਮੇਸ਼ੁਰ ਦੀ ਉਸਤਤ ਕਰੋ। ਉਦੋਂ ਉਸ
ਦੀ ਉਸਤਤ ਕਰੋ ਜਦੋਂ ਬਜ਼ੁਰਗ ਆਗੂ ਮਿਲ ਬੈਠਦੇ ਹਨ।
33 ਪਰਮੇਸ਼ੁਰ ਨੇ ਨਦੀਆਂ ਨੂੰ ਮਾਰੂਥਲ ਵਿੱਚ ਬਦਲ ਦਿੱਤਾ
ਸੀ। ਪਰਮੇਸ਼ੁਰ ਨੇ ਚਸ਼ਮਿਆਂ ਨੂੰ ਵਗਣ ਤੋਂ ਰੋਕ ਦਿੱਤਾ
ਸੀ।
34 ਪਰਮੇਸ਼ੁਰ ਨੇ ਉਪਜਾਊ ਧਰਤੀ ਨੂੰ ਬਦਲ ਦਿੱਤਾ ਸੀ ਅਤੇ
ਇਹ ਬੰਜਰ ਵਿਰਾਨ ਧਰਤੀ ਹੋ ਗਈ ਸੀ। ਕਿਉਂ? ਉਨ੍ਹਾਂ
ਬੁਰੇ ਲੋਕਾਂ ਦੇ ਕਾਰਣ ਜਿਹੜੇ ਉਸ ਥਾਵੇਂ ਰਹਿੰਦੇ ਸਨ।
35 ਪਰਮੇਸ਼ੁਰ ਨੇ ਮਾਰੂਥਲ ਦੀ ਧਰਤੀ ਨੂੰ ਬਦਲ ਦਿੱਤਾ
ਅਤੇ ਇਹ ਪਾਣੀ ਦੇ ਤਲਾਵਾਂ ਵਾਲੀ ਧਰਤੀ ਬਣ ਗਈ।
ਪਰਮੇਸ਼ੁਰ ਨੇ ਖੁਸ਼ਕ ਧਰਤੀ ਵਿੱਚੋਂ ਪਾਣੀ ਦੇ ਚਸ਼ਮੇ ਵਗਾ
ਦਿੱਤੇ।
36 ਪਰਮੇਸ਼ੁਰ ਨੇ ਭੁੱਖੇ ਲੋਕਾਂ ਦੀ ਉਸ ਚੰਗੀ ਧਰਤੀ ਵੱਲ
ਅਗਵਾਈ ਕੀਤੀ ਅਤੇ ਉਨ੍ਹਾਂ ਨੇ ਰਹਿਣ ਲਈ ਸ਼ਹਿਰ
ਬਣਾ ਲਿਆ।
37 ਉਨ੍ਹਾਂ ਲੋਕਾਂ ਨੇ ਆਪਣੇ ਖੇਤਾਂ ਵਿੱਚ ਬੀਜ ਬੀਜੇ। ਉਨ੍ਹਾਂ ਨੇ
ਖੇਤਾਂ ਵਿੱਚ ਅੰਗੂਰਾਂ ਦੇ ਪੌਦੇ ਲਾਏ ਅਤੇ ਉਨ੍ਹਾਂ ਨੇ ਚੰਗੀ
ਫ਼ਸਲ ਪ੍ਰਾਪਤ ਕੀਤੀ।
38 ਪਰਮੇਸ਼ੁਰ ਨੇ ਉਨ੍ਹਾਂ ਲੋਕਾਂ ਨੂੰ ਅਸੀਸ ਦਿੱਤੀ ਭਈ ਉਨ੍ਹਾਂ
ਦੇ ਪਰਿਵਾਰ ਵੱਧਣ ਫ਼ੁਲਣ। ਉਨ੍ਹਾਂ ਕੋਲ ਬਹੁਤ ਸਾਰੇ ਪਸ਼ੂ
ਸਨ।
39 ਹਾਦਸਿਆਂ ਅਤੇ ਮੁਸੀਬਤਾਂ ਕਾਰਣ ਉਨ੍ਹਾਂ ਦੇ ਪਰਿਵਾਰ
ਛੋਟੇ ਅਤੇ ਕਮਜ਼ੋਰ ਸਨ।
40 ਪਰਮੇਸ਼ੁਰ ਨੇ ਉਨ੍ਹਾਂ ਦੇ ਆਗੂਆਂ ਨੂੰ ਸ਼ਰਮਸਾਰ ਕੀਤਾ ਅਤੇ
ਨਮੋਸ਼ੀ ਦਿੱਤੀ। ਪਰਮੇਸ਼ੁਰ ਨੇ ਉਨ੍ਹਾਂ ਨੂੰ ਮਾਰੂਥਲ ਵਿੱਚ
ਅਵਾਰਾ ਭਟਕਣ ਦਿੱਤਾ ਜਿੱਥੇ ਕੋਈ ਰਾਹ ਨਹੀਂ ਸਨ।
41 ਪਰ ਪਰਮੇਸ਼ੁਰ ਨੇ ਉਨ੍ਹਾਂ ਗਰੀਬ ਲੋਕਾਂ ਨੂੰ ਫ਼ੇਰ ਉਨ੍ਹਾਂ ਦੇ
ਦੁੱਖਾਂ ਵਿੱਚੋਂ ਕੱਢ ਲਿਆ। ਅਤੇ ਹੁਣ ਉਨ੍ਹਾਂ ਦੇ ਪਰਿਵਾਰ
ਭੇਡਾਂ ਦੇ ਵੱਡੇ ਇੱਜੜ ਵਾਂਗ ਹਨ।
42-43 ਨੇਕ ਆਦਮੀ ਇਹ ਗੱਲ ਵੇਖਦੇ ਹਨ ਅਤੇ ਉਹ ਪ੍ਰਸੰਨ
ਹਨ। ਪਰ ਬੁਰੇ ਲੋਕੀ ਵੀ ਇਸ ਨੂੰ ਦੇਖਦੇ ਹਨ ਅਤੇ ਉਨ੍ਹਾਂ
ਨੂੰ ਨਹੀਂ ਪਤਾ ਕਿ ਉਹ ਕੀ ਆਖਣ।

*ਦਾਊਦ ਦਾ ਇੱਕ ਉਸਤਤ ਗੀਤ।*

**108** 1ਹੇ ਪਰਮੇਸ਼ੁਰ, ਮੈਂ ਤੇਰੀ ਉਸਤਤ ਦੇ ਗੀਤ
ਗਾਉਣ ਲਈ ਦਿਲ ਅਤੇ ਰੂਹ ਨਾਲ ਤਿਆਰ
ਹਾਂ।
2 ਸਿਤਾਰ ਅਤੇ ਸਰੰਗੀ ਜਾਗੋ, ਆਉ ਆਪਾਂ ਪ੍ਰਭਾਤ ਨੂੰ
ਜਗਾਈਏ।
3 ਯਹੋਵਾਹ, ਅਸੀਂ ਕੌਮਾਂ ਅੰਦਰ ਤੇਰੀ ਉਸਤਤ ਕਰਾਂਗੇ।
ਅਸੀਂ ਹੋਰਾਂ ਲੋਕਾਂ ਵਿੱਚ ਤੇਰੀ ਉਸਤਤ ਕਰਾਂਗੇ।
4 ਯਹੋਵਾਹ, ਤੇਰਾ ਪਿਆਰ ਆਕਾਸ਼ਾਂ ਨਾਲੋਂ ਉੱਚਾ ਹੈ। ਤੇਰੀ
ਵਫ਼ਾਦਾਰੀ ਉੱਚੇ ਤੋਂ ਉੱਚੇ ਬੱਦਲ ਨਾਲੋਂ ਉੱਚੀ ਹੈ।
5 ਹੇ ਪਰਮੇਸ਼ੁਰ, ਸਵਰਗਾਂ ਦੇ ਸ਼ਿਖਰਾਂ ਤੱਕ ਉੱਠ ਸਾਰੀ
ਦੁਨੀਆ ਤੇਰੀ ਮਹਿਮਾ ਦੇਖੇ।
6 ਹੇ ਪਰਮੇਸ਼ੁਰ, ਇਸ ਤਰ੍ਹਾਂ ਹੀ ਕਰ ਤਾਂ ਜੋ ਤੇਰੇ ਲੋਕਾਂ ਨੂੰ
ਬਚਾਇਆ ਜਾ ਸਕੇ। ਮੇਰੀ ਪ੍ਰਾਰਥਨਾ ਮੰਨ ਲਵੋ, ਅਤੇ
ਸਾਨੂੰ ਬਚਾਉਣ ਲਈ ਆਪਣੀ ਮਹਾਂਸ਼ਕਤੀ ਵਰਤ।
7 ਪਰਮੇਸ਼ੁਰ ਆਪਣੇ ਮੰਦਰ ਵਿੱਚ ਬੋਲਿਆ: "ਮੈਂ ਯੁੱਧ
ਜਿੱਤਾਂਗਾ ਅਤੇ ਜਿੱਤ ਬਾਰੇ ਪ੍ਰਸੰਨ ਹੋਵਾਂਗਾ! ਮੈਂ ਇਹੀ
ਧਰਤੀ ਆਪਣੇ ਲੋਕਾਂ ਦਰਮਿਆਨ ਵੰਡ ਦਿਆਂਗਾ। ਮੈਂ
ਉਨ੍ਹਾਂ ਨੂੰ ਸ਼ਕਮ ਦੇ ਦੇਵਾਂਗਾ, ਮੈਂ ਉਨ੍ਹਾਂ ਨੂੰ ਸੁੱਕੋਥ ਦੀ ਵਾਦੀ
ਦੇ ਦੇਵਾਂਗਾ।
8 ਗਿਲਆਦ ਅਤੇ ਮਨੱਸ਼ਹ ਮੇਰੇ ਹੋਣਗੇ। ਇਫ਼ਰਾਈਮ
ਮੇਰੇ ਸਿਰ ਦੀ ਢਾਲ ਹੋਵੇਗਾ। ਯਹੂਦਾਹ ਮੇਰਾ ਸ਼ਾਹੀ ਡੰਡਾ
ਹੋਵੇਗਾ।
9 ਮੋਆਬ ਮੇਰੇ ਚਰਨ ਧੋਣ ਲਈ ਪਿਆਲਾ ਹੋਵੇਗਾ।
ਅਦੋਮ ਮੇਰੀ ਜੁੱਤੀ ਚੁੱਕਣ ਲਈ ਮੇਰਾ ਸੇਵਕ ਹੋਵੇਗਾ।
ਮੈਂ ਫ਼ਲਿਸਤ ਨੂੰ ਹਰਾ ਦਿਆਂਗਾ ਅਤੇ ਜਿੱਤ ਦੇ ਨਾਅਰੇ
ਮਾਰਾਂਗਾ।"
10-11 ਦੁਸ਼ਮਣ ਦੇ ਕਿਲ੍ਹੇ ਅੰਦਰ, ਮੇਰੀ ਅਗਵਾਈ ਕੌਣ ਕਰੇਗਾ?
ਅਦੋਮ ਦੇ ਖਿਲਾਫ਼ ਲੜਨ ਵਿੱਚ ਮੇਰੀ ਅਗਵਾਈ ਕੌਣ
ਕਰੇਗਾ? ਹੇ ਪਰਮੇਸ਼ੁਰ, ਕਿਰਪਾ ਕਰਕੇ ਦੁਸ਼ਮਣ ਨੂੰ
ਹਰਾਉਣ ਵਿੱਚ ਸਾਡੀ ਸਹਾਇਤਾ ਕਰੋ! ਪਰ ਤੂੰ ਅਸਾਂ ਨੂੰ
ਤਿਆਗ ਦਿੱਤਾ! ਤੂੰ ਸਾਡੀ ਫ਼ੌਜ ਦੇ ਨਾਲ ਨਹੀਂ ਜਾਂਦਾ।
12 ਹੇ ਪਰਮੇਸ਼ੁਰ, ਕਿਰਪਾ ਕਰਕੇ ਦੁਸ਼ਮਣ ਦੀ ਫੌਜ ਨੂੰ ਹਰਾਉਣ
ਵਿੱਚ ਸਾਡੀ ਸਹਾਇਤਾ ਕਰ! ਲੋਕ ਸਾਡੀ ਸਹਾਇਤਾ ਨਹੀਂ
ਕਰ ਸਕਦੇ!
13 ਸਿਰਫ਼ ਪਰਮੇਸ਼ੁਰ ਹੀ ਸਾਨੂੰ ਬਲਵਾਨ ਬਣਾ ਸਕਦਾ ਹੈ।
ਪਰਮੇਸ਼ੁਰ ਹੀ ਸਾਡੇ ਦੁਸ਼ਮਣਾਂ ਨੂੰ ਹਰਾ ਸਕਦਾ ਹੈ!

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਉਸਤਤ ਗੀਤ।*

**109** 1ਹੇ ਪਰਮੇਸ਼ੁਰ, ਮੇਰੀ ਪ੍ਰਾਰਥਨਾ ਲਈ ਆਪਣੇ
ਕੰਨ ਬੰਦ ਨਾ ਕਰ।
2 ਬਦਕਾਰ ਲੋਕ ਮੇਰੇ ਬਾਰੇ ਝੂਠ ਬੋਲ ਰਹੇ ਹਨ। ਉਹ ਉਹੀ
ਗੱਲਾਂ ਆਖ ਰਹੇ ਹਨ ਜਿਹੜੀਆਂ ਸੱਚ ਨਹੀਂ ਹਨ।
3 ਲੋਕੀਂ ਮੇਰੇ ਬਾਰੇ ਨਫ਼ਰਤ ਭਰੀਆਂ ਗੱਲਾਂ ਆਖ ਰਹੇ ਹਨ।
ਲੋਕ ਮੇਰੇ ਉੱਤੇ ਬਿਨਾ ਕਾਰਣ ਹਮਲਾ ਕਰ ਰਹੇ ਹਨ।
4 ਮੈਂ ਉਨ੍ਹਾਂ ਨੂੰ ਪਿਆਰ ਕੀਤਾ ਸੀ। ਪਰ ਉਹ ਮੇਰੇ ਨਾਲ
ਨਫ਼ਰਤ ਕਰਦੇ ਹਨ। ਇਸ ਲਈ ਹੁਣ ਮੈਂ ਤੇਰੇ ਅੱਗੇ
ਪ੍ਰਾਰਥਨਾ ਕਰ ਰਿਹਾ ਹਾਂ, ਹੇ ਪਰਮੇਸ਼ੁਰ,।
5 ਮੈਂ ਉਨ੍ਹਾਂ ਲੋਕਾਂ ਨਾਲ ਨੇਕੀ ਕੀਤੀ ਸੀ, ਪਰ ਉਹ ਮੇਰੇ ਨਾਲ
ਬੁਰਾ ਕਰ ਰਹੇ ਹਨ। ਮੈਂ ਉਨ੍ਹਾਂ ਨੂੰ ਪਿਆਰ ਕੀਤਾ ਸੀ, ਪਰ
ਉਨ੍ਹਾਂ ਨੇ ਮੈਨੂੰ ਨਫ਼ਰਤ ਕੀਤੀ।
6 ਮੇਰੇ ਦੁਸ਼ਮਣਾਂ ਨੂੰ ਉਸ ਦੇ ਬੁਰੇ ਅਮਲਾਂ ਲਈ ਦੰਡ ਦੇ।
ਉਸ ਨੂੰ ਗਲਤ ਸਾਬਤ ਕਰਨ ਲਈ ਕੋਈ ਬੰਦਾ ਲੱਭ ਲੈ।
7 ਮੁਨਸਫ਼ ਨੂੰ ਨਿਆਂ ਕਰਨ ਦੇ ਕਿ ਮੇਰੇ ਦੁਸ਼ਮਣਾਂ ਨੇ ਬੁਰਾ
ਕੰਮ ਕੀਤਾ ਸੀ ਅਤੇ ਉਹ ਦੋਸ਼ੀ ਹਨ। ਮੇਰੇ ਦੁਸ਼ਮਣ ਦੀ
ਕਹੀ ਹਰ ਗੱਲ ਨੂੰ ਉਸ ਦਾ ਜੀਵਨ ਦੁਸ਼ਵਾਰ ਬਣਾਉਣ
ਦੇ।
8 ਮੇਰੇ ਦੁਸ਼ਮਣ ਨੂੰ ਛੇਤੀ ਮਰ ਜਾਣ ਦੇ। ਕਿਸੇ ਹੋਰ ਨੂੰ ਉਸ
ਦਾ ਕੰਮ ਮਿਲਣ ਦੇ।

9 ਮੇਰੇ ਦੁਸ਼ਮਣ ਦੇ ਬੱਚਿਆਂ ਨੂੰ ਯਤੀਮ ਬਣਾ ਦੇ। ਅਤੇ ਉਸ ਦੀ ਪਤਨੀ ਨੂੰ ਵਿੱਧਵਾ ਬਣਾ ਦੇ।
10 ਉਨ੍ਹਾਂ ਦਾ ਘਰ ਖੁਸ ਜਾਵੇ। ਅਤੇ ਉਹ ਮੰਗਤੇ ਬਣ ਜਾਣ।
11 ਮੇਰੇ ਦੁਸ਼ਮਣ ਦੇ ਲੈਣਦਾਰਾਂ ਨੂੰ ਉਸ ਦਾ ਉਹ ਸਭ ਲੈ ਲੈਣ, ਜਿਸ ਦਾ ਉਹ ਕਰਜ਼ੇਦਾਰ ਹੈ। ਅਜਨਬੀ ਉਸ ਦੀ ਕਮਾਈ ਹੋਈ ਹਰ ਸ਼ੈਅ ਲੈ ਜਾਣ।
12 ਮੈਨੂੰ ਉਮੀਦ ਹੈ ਕਿ ਕੋਈ ਵੀ ਬੰਦਾ ਮੇਰੇ ਦੁਸ਼ਮਣਾਂ ਉੱਤੇ ਮਿਹਰਬਾਨ ਨਹੀਂ ਹੈ। ਮੈਨੂੰ ਆਸ ਹੈ ਕਿ ਕੋਈ ਵੀ ਬੰਦਾ ਉਸ ਦੇ ਬੱਚਿਆਂ ਉੱਤੇ ਤਰਸ ਨਹੀਂ ਕਰੇਗਾ।
13 ਮੇਰੇ ਦੁਸ਼ਮਣ ਨੂੰ ਪੂਰੀ ਤਰ੍ਹਾਂ ਤਬਾਹ ਕਰ ਦੇ। ਅਗਲੀ ਪੀੜ੍ਹੀ ਨੂੰ ਉਨ੍ਹਾਂ ਦਾ ਨਾਮ ਹਰ ਸ਼ੈਅ ਉੱਤੋਂ ਮਿਟਾ ਲੈਣ ਦੇ।
14 ਮੈਨੂੰ ਆਸ ਹੈ ਕਿ ਯਹੋਵਾਹ ਨੂੰ ਮੇਰੇ ਦੁਸ਼ਮਣ ਦੇ ਪਿਤਾ ਦੇ ਗੁਨਾਹ ਯਾਦ ਹਨ। ਅਤੇ ਮੈਨੂੰ ਉਮੀਦ ਹੈ ਕਿ ਉਸ ਦੀ ਮਾਂ ਦੇ ਗੁਨਾਹ ਵੀ ਕਦੇ ਨਹੀਂ ਮਿਟੇ।
15 ਮੈਨੂੰ ਆਸ ਹੈ ਕਿ ਯਹੋਵਾਹ ਉਨ੍ਹਾਂ ਗੁਨਾਹਾਂ ਨੂੰ ਸਦਾ ਲਈ ਯਾਦ ਰੱਖੇਗਾ। ਅਤੇ ਮੈਨੂੰ ਆਸ ਹੈ ਕਿ ਉਹ ਲੋਕਾਂ ਨੂੰ ਮੇਰੇ ਦੁਸ਼ਮਣਾਂ ਨੂੰ ਪੂਰੀ ਤਰ੍ਹਾਂ ਭੁਲਾਉਣ ਲਈ ਮਜ਼ਬੂਰ ਕਰੇਗਾ।
16 ਕਿਉਂਕਿ ਉਸ ਬਦਕਾਰ ਬੰਦੇ ਨੇ ਕਦੀ ਵੀ ਕੋਈ ਸ਼ੁਭ ਕੰਮ ਨਹੀਂ ਕੀਤਾ। ਉਸ ਨੇ ਕਦੇ ਵੀ ਕਿਸੇ ਨੂੰ ਪਿਆਰ ਨਹੀਂ ਕੀਤਾ। ਉਸ ਨੇ ਗਰੀਬ ਹਲੀਮ ਲੋਕਾਂ ਲਈ ਮੁਸੀਬਤਾਂ ਖੜੀਆਂ ਕੀਤੀਆਂ।
17 ਉਸ ਬਦਕਾਰ ਬੰਦੇ ਨੂੰ ਹੋਰਨਾਂ ਦਾ ਬੁਰਾ ਮੰਗਣ ਵਿੱਚ ਖੁਸ਼ੀ ਮਿਲਦੀ ਸੀ। ਇਸ ਲਈ ਉਸ ਨਾਲ ਉਹੀ ਬੁਰਾ ਹੋਣ ਦੇ। ਉਸ ਬਦਕਾਰ ਵਿਅਕਤੀ ਨੇ ਕਦੇ ਵੀ ਲੋਕਾਂ ਨਾਲ ਚੰਗਾ ਨਾ ਵਾਪਰੇ, ਮੰਗਿਆ। ਇਸ ਲਈ ਉਸ ਦਾ ਭਲਾ ਨਾ ਹੋਣ ਦੇ।
18 ਸਰਾਪ ਹੀ ਉਸ ਦੇ ਕੱਪੜੇ ਹੋਣ। ਜਿਹੜਾ ਪਾਣੀ ਉਹ ਪੀਂਦਾ ਹੈ ਇੱਕ ਸਰਾਪ ਹੋਵੇ। ਉਸ ਦੇ ਪਿੰਡੇ ਉਤਲਾ ਤੇਲ ਉਸ ਉੱਪਰ ਇੱਕ ਸਰਾਪ ਹੋਵੇ।
19 ਸਰਾਪ ਨੂੰ ਉਸ ਦੇ ਕੱਪੜੇ ਹੋਣ ਦੇ ਜਿਹੜੇ ਉਹ ਦੁਸ਼ਟ ਵਿਅਕਤੀ ਦੁਆਲੇ ਲਵੇਟਣ ਲਈ ਵਰਤਦਾ ਹੈ। ਸਰਾਪਾਂ ਨੂੰ ਉਸ ਦੇ ਲੱਕ ਦੇ ਦੁਆਲੇ ਦੀ ਪੇਟੀ ਹੋਣ ਦੇ।
20 ਮੈਨੂੰ ਆਸ ਹੈ ਕਿ ਯਹੋਵਾਹ ਮੇਰੇ ਦੁਸ਼ਮਣ ਨਾਲ ਇਹ ਸਾਰੀਆਂ ਗੱਲਾਂ ਕਰੇਗਾ। ਮੈਨੂੰ ਆਸ ਹੈ ਕਿ ਯਹੋਵਾਹ ਉਨ੍ਹਾਂ ਨਾਲ ਇਹੋ ਗੱਲਾਂ ਕਰੇਗਾ ਜੋ ਮੈਨੂੰ ਮਾਰਨ ਦੀ ਕੋਸ਼ਿਸ਼ ਕਰ ਰਹੇ ਹਨ।
21 ਯਹੋਵਾਹ, ਤੂੰ ਮੇਰਾ ਮਾਲਕ ਹੈਂ, ਇਸ ਲਈ ਮੇਰੇ ਨਾਲ ਅਜਿਹਾ ਵਿਹਾਰ ਕਰ ਜਿਸ ਨਾਲ ਤੇਰੇ ਨਾਮ ਦੀ ਸ਼ੋਭਾ ਹੋਵੇ। ਤੇਰੇ ਅੰਦਰ ਕਿੰਨਾ ਜ਼ਿਆਦਾ ਪਿਆਰ ਹੈ, ਇਸ ਲਈ ਮੈਨੂੰ ਬਚਾ।
22 ਮੈਂ ਇੱਕ ਗਰੀਬ ਨਿਤਾਣਾ ਆਦਮੀ ਹਾਂ, ਮੈਂ ਸੱਚਮੁੱਚ ਉਦਾਸ ਹਾਂ, ਮੇਰਾ ਦਿਲ ਟੁੱਟਿਆ ਹੋਇਆ ਹੈ।
23 ਮੈਨੂੰ ਲੱਗਦਾ ਹੈ ਜਿਵੇਂ ਮੇਰੀ ਜ਼ਿੰਦਗੀ ਮੁੱਕ ਗਈ ਹੈ, ਜਿਵੇਂ ਸ਼ਾਮ ਵੇਲੇ ਪਰਛਾਵੇਂ ਹੁੰਦੇ ਹਨ। ਮੈਂ ਉਸ ਪਿੱਸੂ ਵਰਗਾ ਮਹਿਸੂਸ ਕਰਦਾ ਹਾਂ ਜਿਸ ਨੂੰ ਕਿਸੇ ਨੇ ਝਾੜ ਕੇ ਸੁੱਟ ਦਿੱਤਾ ਹੋਵੇ।
24 ਮੇਰੇ ਗੋਡੇ ਕਮਜ਼ੋਰ ਹਨ ਕਿਉਂਕਿ ਮੈਂ ਭੁੱਖਾ ਹਾਂ। ਮੇਰਾ ਭਾਰ ਘਟ ਰਿਹਾ ਹੈ ਅਤੇ ਮੈਂ ਪਤਲਾ ਹੋ ਰਿਹਾ ਹਾਂ।
25 ਬੁਰੇ ਆਦਮੀ ਮੇਰਾ ਅਪਮਾਨ ਕਰ ਰਹੇ ਹਨ। ਉਹ ਮੇਰੇ ਵੱਲ ਵੇਖਦੇ ਹਨ ਅਤੇ ਸਿਰ ਹਿਲਾਉਂਦੇ ਹਨ।
26 ਯਹੋਵਾਹ ਮੇਰੇ ਪਰਮੇਸ਼ੁਰ, ਮੇਰੀ ਸਹਾਇਤਾ ਕਰ। ਆਪਣਾ ਸੱਚਾ ਪਿਆਰ ਵਿਖਾ ਅਤੇ ਮੈਨੂੰ ਬਚਾ।
27 ਉਹ ਲੋਕ ਜਾਣ ਲੈਣਗੇ ਕਿ ਤੂੰ ਮੇਰੀ ਸਹਾਇਤਾ ਕੀਤੀ ਸੀ। ਫ਼ੇਰ ਉਹ ਜਾਣ ਲੈਣਗੇ ਕਿ ਇਹ ਤੇਰੀ ਹੀ ਸ਼ਕਤੀ ਸੀ ਜਿਸ ਨੇ ਮੇਰੀ ਸਹਾਇਤਾ ਕੀਤੀ ਸੀ।
28 ਉਹ ਬੁਰੇ ਆਦਮੀ ਮੈਨੂੰ ਸਰਾਪ ਦਿੰਦੇ ਹਨ, ਪਰ ਤੂੰ ਮੈਨੂੰ ਅਸੀਸ ਦੇ ਸਕਦਾ ਹੈਂ। ਯਹੋਵਾਹ, ਉਨ੍ਹਾਂ ਨੇ ਮੇਰੇ ਉੱਪਰ ਹਮਲਾ ਕੀਤਾ ਇਸ ਲਈ ਉਨ੍ਹਾਂ ਨੂੰ ਹਰਾ। ਫ਼ੇਰ, ਮੈਂ ਤੇਰਾ ਸੇਵਕ ਪ੍ਰਸੰਨ ਹੋਵਾਂਗਾ।
29 ਮੇਰੇ ਦੁਸ਼ਮਣਾਂ ਨੂੰ ਨਮੋਸ਼ੀ ਦੇ! ਉਨ੍ਹਾਂ ਨੂੰ ਸ਼ਰਮਿੰਦਗੀ ਕੁੜਤੇ ਵਾਂਗ ਪਹਿਨਣ ਦੇ।
30 ਮੈਂ ਯਹੋਵਾਹ ਦਾ ਧੰਨਵਾਦ ਕਰਦਾ ਹਾਂ। ਮੈਂ ਬਹੁਤ ਲੋਕਾਂ ਅੱਗੇ ਉਸ ਦੀ ਉਸਤਤ ਕਰਦਾ ਹਾਂ।
31 ਪਰਮੇਸ਼ੁਰ ਗਰੀਬਾਂ ਲਈ ਸੱਜੇ ਹੱਥ ਖੜ੍ਹਾ ਹੁੰਦਾ ਹੈ। ਉਹ ਨਿਸ਼ਚਿਤ ਕਰਦਾ ਹੈ ਕਿ ਗਰੀਬ ਆਦਮੀ ਨੂੰ ਨਿਆਂ ਮਿਲੇ।

*ਦਾਊਦ ਦਾ ਇੱਕ ਉਸਤਤ ਗੀਤ।*

## 110

1ਯਹੋਵਾਹ ਨੇ ਮੇਰੇ ਪ੍ਰਭੂ ਨੂੰ ਆਖਿਆ, "ਮੇਰੇ ਸੱਜੇ ਪਾਸੇ ਬੈਠ, ਜਦ ਤੀਕਰ ਕਿ ਮੈਂ ਤੇਰੇ ਦੁਸ਼ਮਣਾਂ ਨੂੰ ਤੇਰੇ ਅਧੀਨ ਨਾ ਕਰ ਦਿਆਂ।"
2 ਯਹੋਵਾਹ ਤੇਰੇ ਰਾਜ ਨੂੰ ਵੱਧਣ ਫ਼ੁੱਲਣ ਵਿੱਚ ਸਹਾਇਤਾ ਕਰੇਗਾ। ਸੀਯੋਨ, ਤੋਂ ਤੇਰਾ ਰਾਜ ਸ਼ੁਰੂ ਹੋਵੇਗਾ। ਜਦ ਤੱਕ ਤੂੰ ਆਪਣੇ ਦੁਸ਼ਮਣਾਂ ਦੇ ਦੇਸ਼ਾਂ ਵਿੱਚ ਵੀ ਰਾਜ ਕਰੇਂ।
3 ਤੇਰੇ ਲੋਕ ਸਵੈ-ਇੱਛਾ ਨਾਲ ਤੇਰੇ ਨਾਲ ਇਕੱਠੇ ਹੋਣਗੇ, ਜਦੋਂ ਤੂੰ ਆਪਣੀ ਸੈਨਾ ਇੱਕ ਸਾਥ ਇਕੱਠੀ ਕਰੇਂਗਾ। ਉਹ ਖਾਸ ਵਸਤਰ ਪਾਉਣਗੇ ਅਤੇ ਅੰਮ੍ਰਿਤ ਵੇਲੇ ਆ ਮਿਲਣਗੇ ਉਹ ਨੌਜਵਾਨ ਲੋਕ ਤੇਰੇ ਚਾਰ-ਚੁਫ਼ੇਰੇ ਹੋਣਗੇ। ਜਿਵੇਂ ਧਰਤੀ ਉੱਤੇ ਤ੍ਰੇਲ ਹੁੰਦੀ ਹੈ।
4 ਯਹੋਵਾਹ ਨੇ ਸੌਂਹ ਨਾਲ ਇਕਰਾਰ ਕੀਤਾ ਹੈ ਅਤੇ ਉਹ ਆਪਣਾ ਮਨ ਨਹੀਂ ਬਦਲੇਗਾ, "ਤੂੰ ਸਦਾ ਲਈ ਜਾਜਕ ਹੈਂ–ਜਿਸ ਤਰ੍ਹਾਂ ਦਾ ਜਾਜਕ ਮਲਕਿ-ਸਿਦਕ ਸੀ।"
5 ਮੇਰਾ ਪ੍ਰਭੂ ਤੇਰੇ ਸੱਜੇ ਪਾਸੇ ਖਲੋਤਾ ਹੈ। ਉਹ ਹੋਰਨਾਂ ਰਾਜਿਆਂ ਨੂੰ ਹਰਾ ਦੇਵੇਗਾ, ਜਦੋਂ ਉਹ ਕ੍ਰੋਧਵਾਨ ਹੋਵੇਗਾ।
6 ਪਰਮੇਸ਼ੁਰ ਕੌਮਾਂ ਦਾ ਨਿਆਂ ਕਰੇਗਾ। ਮੁਰਦਾ ਲਾਸ਼ਾਂ ਜ਼ਮੀਨ ਉੱਤੇ ਵਿਛ ਜਾਣਗੀਆਂ। ਅਤੇ ਪਰਮੇਸ਼ੁਰ ਸ਼ਕਤੀਸ਼ਾਲੀ ਕੌਮਾਂ ਦੇ ਆਗੂਆਂ ਨੂੰ ਦੰਡ ਦੇਵੇਗਾ।
7 ਰਾਜਾ ਰਸਤੇ ਵਿੱਚ ਇੱਕ ਨਦੀ ਤੋਂ ਪਾਣੀ ਪੀਵੇਗਾ। ਫ਼ੇਰ ਉਹ ਆਪਣਾ ਸਿਰ ਚੁੱਕੇਗਾ ਅਤੇ ਬਲਵਾਨ ਹੋ ਜਾਵੇਗਾ।

## 111

1ਯਹੋਵਾਹ ਦੀ ਉਸਤਤ ਕਰੋ। ਮੈਂ ਆਪਣੇ ਸਾਰੇ ਦਿਲ ਨਾਲ, ਸਿੱਧਿਆਂ ਦੀ ਸਭਾ ਵਿੱਚ, ਯਹੋਵਾਹ ਦਾ ਧੰਨਵਾਦ ਕਰਦਾ ਹਾਂ।
2 ਯਹੋਵਾਹ ਮਹਾਨ ਗੱਲਾਂ ਕਰਦਾ ਹਾਂ। ਲੋਕੀਂ ਉਹ ਸ਼ੁਭ ਚੀਜ਼ਾਂ ਮੰਗਦੇ ਹਨ ਜਿਹੜੀਆਂ ਪਰਮੇਸ਼ੁਰ ਪਾਸੋਂ ਮਿਲਦੀਆਂ ਹਨ।

3 ਪਰਮੇਸ਼ੁਰ ਸੱਚਮੁੱਚ ਸ਼ਾਨਦਾਰ ਅਤੇ ਮਹਾਨ ਗੱਲਾਂ ਕਰਦਾ ਹੈ। ਉਸ ਦੀ ਨੇਕੀ ਸਦਾ ਲਈ ਜਾਰੀ ਰਹਿੰਦੀ ਹੈ।
4 ਪਰਮੇਸ਼ੁਰ ਹੈਰਾਨੀ ਭਰੀਆਂ ਗੱਲਾਂ ਕਰਦਾ ਹੈ। ਤਾਂ ਜੋ ਅਸੀਂ ਚੇਤੇ ਰੱਖੀਏ ਕਿ ਯਹੋਵਾਹ ਮਿਹਰਬਾਨ ਅਤੇ ਦਿਆਲੂ ਹੈ।
5 ਪਰਮੇਸ਼ੁਰ ਆਪਣੇ ਪੈਰੋਕਾਰਾਂ ਨੂੰ ਭੋਜਨ ਦਿੰਦਾ ਹੈ। ਪਰਮੇਸ਼ੁਰ ਸਦਾ ਲਈ ਆਪਣਾ ਕਰਾਰ ਚੇਤੇ ਰੱਖਦਾ ਹੈ।
6 ਦੂਸਰੀਆਂ ਕੌਮਾਂ ਦੀ ਧਰਤੀ ਉਨ੍ਹਾਂ ਨੂੰ ਦੇਕੇ ਉਸ ਨੇ ਆਪਣੇ ਲੋਕਾਂ ਨੂੰ ਵਿਖਾ ਦਿੱਤਾ ਕਿ ਉਹ ਕਿੰਨਾ ਸ਼ਕਤੀਸ਼ਾਲੀ ਹੈ।
7 ਉਹ ਸਭ ਕੁਝ ਜੋ ਪਮਰੇਸ਼ੁਰ ਕਰਦਾ, ਚੰਗਾ ਅਤੇ ਬੇਲਾਗ ਹੈ। ਉਸ ਦੇ ਹਰ ਹੁਕਮ ਵਿੱਚ ਯਕੀਨ ਰੱਖਿਆ ਜਾ ਸਕਦਾ ਹੈ।
8 ਪਰਮੇਸ਼ੁਰ ਦੇ ਹੁਕਮ ਸਦਾ ਹੀ ਸਥਿਰ ਰਹਿਣਗੇ। ਉਹ ਇਮਾਨਦਾਰੀ ਅਤੇ ਸੱਚਾਈ ਨਾਲ ਕੀਤੇ ਜਾਣਗੇ।
9 ਪਰਮੇਸ਼ੁਰ ਨੇ ਆਪਣੇ ਲੋਕਾਂ ਨੂੰ ਬਚਾਇਆ ਅਤੇ ਉਨ੍ਹਾਂ ਨਾਲ ਸਦਾ ਦਾ ਇਕਰਾਰ ਕੀਤਾ ਜਿਹੜਾ ਸਦਾ ਲਈ ਜਾਰੀ ਰਹੇਗਾ। ਪਰਮੇਸ਼ੁਰ ਦਾ ਨਾਮ ਮਹਾਨ ਅਤੇ ਪਵਿੱਤਰ ਹੈ।
10 ਬੁੱਧੀ ਯਹੋਵਾਹ ਦੇ ਡਰ ਅਤੇ ਇੱਜ਼ਤ ਨਾਲ ਸ਼ੁਰੂ ਹੁੰਦੀ ਹੈ। ਉਹ ਲੋਕ ਜਿਹੜੇ ਪਰਮੇਸ਼ੁਰ ਦਾ ਹੁਕਮ ਮੰਨਦੇ ਹਨ, ਬਹੁਤ ਸਿਆਣੇ ਹਨ। ਪਰਮੇਸ਼ੁਰ ਦੀ ਉਸਤਤ ਸਦਾ-ਸਦਾ ਲਈ ਗਾਈ ਜਾਵੇਗੀ।

## 112

1 ਯਹੋਵਾਹ ਦੀ ਉਸਤਤ ਕਰੋ! ਉਹ ਬੰਦਾ ਜਿਹੜਾ ਡਰਦਾ ਅਤੇ ਯਹੋਵਾਹ ਦਾ ਆਦਰ ਕਰਦਾ ਹੈ ਬਹੁਤ ਖੁਸ਼ ਹੋਵੇਗਾ। ਉਹ ਬੰਦਾ ਪਰਮੇਸ਼ੁਰ ਦੇ ਹੁਕਮਾਂ ਨੂੰ ਪਿਆਰ ਕਰਦਾ ਹੈ।
2 ਉਸ ਦੀ ਔਲਾਦ ਧਰਤੀ ਅਤੇ ਮਹਾਨ ਹੋਵੇਗੀ। ਚੰਗੇ ਲੋਕਾਂ ਦੀ ਔਲਾਦ ਸੱਚਮੁੱਚ ਮੁਬਾਰਕ ਹੋਵੇਗੀ।
3 ਉਸ ਬੰਦੇ ਦਾ ਪਰਿਵਾਰ ਬਹੁਤ ਅਮੀਰ ਹੋਵੇਗਾ ਅਤੇ ਉਸ ਦੀ ਭਲਿਆਈ ਸਦਾ ਰਹੇਗੀ।
4 ਚੰਗੇ ਲੋਕਾਂ ਲਈ, ਪਰਮੇਸ਼ੁਰ ਹਨੇਰੇ ਵਿੱਚ ਚਮਕਦੀ ਹੋਈ ਰੌਸ਼ਨੀ ਵਾਂਗ ਹੈ। ਪਰਮੇਸ਼ੁਰ ਭਲਾ, ਮਿਹਰਬਾਨ ਅਤੇ ਦਿਆਲੂ ਹੈ।
5 ਦਾਨ ਦੇਣਾ ਅਤੇ ਦਯਾ ਕਰਨਾ ਕਿਸੇ ਬੰਦੇ ਲਈ ਚੰਗਾ ਹੈ। ਕਿਸੇ ਬੰਦੇ ਲਈ ਆਪਣੇ ਧੰਦੇ ਵਿੱਚ ਬੇਲਾਗ ਹੋਣਾ ਚੰਗਾ ਹੈ।
6 ਉਸ ਬੰਦੇ ਦਾ ਕਦੀ ਵੀ ਪਤਨ ਨਹੀਂ ਹੋਵੇਗਾ। ਇੱਕ ਚੰਗਾ ਬੰਦਾ ਹਮੇਸ਼ਾ ਲਈ ਯਾਦ ਕੀਤਾ ਜਾਵੇਗਾ।
7 ਉਹ ਬੁਰੀ ਖਬਰ ਤੋਂ ਨਹੀਂ ਡਰਦਾ। ਉਹ ਬੰਦਾ ਦ੍ਰਿੜ ਵਿਸ਼ਵਾਸੀ ਹੈ ਕਿਉਂਕਿ ਉਹ ਯਹੋਵਾਹ ਉੱਤੇ ਯਕੀਨ ਰੱਖਦਾ ਹੈ।
8 ਉਹ ਬੰਦਾ ਦ੍ਰਿੜ ਵਿਸ਼ਵਾਸੀ ਹੈ ਉਹ ਡਰੇਗਾ ਨਹੀਂ। ਉਹ ਆਪਣੇ ਦੁਸ਼ਮਣਾਂ ਨੂੰ ਹਰਾ ਦੇਵੇਗਾ।
9 ਉਹ ਬੰਦਾ ਖੁਲ੍ਹਦਿਲੀ ਨਾਲ ਗਰੀਬਾਂ ਨੂੰ ਦਾਨ ਕਰਦਾ ਹੈ। ਅਤੇ ਉਸ ਦੀ ਨੇਕੀ ਸਦਾ ਰਹੇਗੀ।
10 ਦੁਸ਼ਟ ਬੰਦੇ ਇਸ ਨੂੰ ਦੇਖਦੇ ਹਨ ਅਤੇ ਕ੍ਰੋਧਵਾਨ ਹੋ ਜਾਂਦੇ ਹਨ। ਉਹ ਗੁੱਸੇ ਨਾਲ ਆਪਣੇ ਦੰਦ ਕਰੀਚਣਗੇ, ਪਰ ਫ਼ੇਰ ਉਹ ਅਲੋਪ ਹੋ ਜਾਣਗੇ। ਦੁਸ਼ਟ ਲੋਕਾਂ ਨੂੰ ਕਦੀ ਵੀ ਉਹ ਨਹੀਂ ਮਿਲੇਗਾ ਜਿਸ ਦੀ ਇੱਛਾ ਉਹ ਬੁਰੀ ਤਰ੍ਹਾਂ ਕਰਦੇ ਹਨ।

## 113

1 ਯਹੋਵਾਹ ਦੀ ਉਸਤਤ ਕਰੋ! ਯਹੋਵਾਹ ਦੇ ਸੇਵਕੋ, ਉਸ ਦੀ ਉਸਤਤ ਕਰੋ! ਯਹੋਵਾਹ ਦੇ ਨਾਮ ਦੀ ਉਸਤਤ ਕਰੋ।
2 ਯਹੋਵਾਹ ਦਾ ਨਾਮ ਹੁਣ ਅਤੇ ਸਦਾ ਲਈ ਮੁਬਾਰਕ ਹੋਵੇਗਾ।
3 ਪੂਰਬ ਵਿੱਚ ਜਿੱਥੋਂ ਸੂਰਜ ਚੜ੍ਹਦਾ ਹੈ, ਅਤੇ ਜਿੱਥੇ ਸੂਰਜ ਡੁੱਬਦਾ ਹੈ ਯਹੋਵਾਹ ਦੇ ਨਾਮ ਦੀ ਉਸਤਤ ਹੋਵੇ।
4 ਯਹੋਵਾਹ ਸਭ ਕੌਮਾਂ ਨਾਲੋਂ ਉਚੇਰਾ ਹੈ। ਉਸ ਦੀ ਮਹਿਮਾ ਅਕਾਸ਼ ਵੱਲ ਉੱਠਦੀ ਹੈ।
5 ਕੋਈ ਬੰਦਾ ਯਹੋਵਾਹ ਸਾਡੇ ਪਰਮੇਸ਼ੁਰ ਵਰਗਾ ਨਹੀਂ ਹੈ, ਪਰਮੇਸ਼ੁਰ ਉੱਚੇ ਸਵਰਗ ਵਿੱਚ ਬੈਠਾ ਹੈ।
6 ਪਰਮੇਸ਼ੁਰ ਸਾਡੇ ਕੋਲੋਂ ਇੰਨਾ ਉੱਚਾ ਹੈ ਕਿ ਉਸ ਨੂੰ ਧਰਤੀ ਅਤੇ ਅਕਾਸ਼ ਵੇਖਣ ਲਈ ਹੇਠਾਂ ਦੇਖਣਾ ਪੈਂਦਾ ਹੈ।
7 ਪਰਮੇਸ਼ੁਰ ਮਸਕੀਨ ਲੋਕਾਂ ਨੂੰ ਖਾਕ ਵਿੱਚੋਂ ਚੁੱਕਦਾ ਹੈ। ਪਰਮੇਸ਼ੁਰ ਮੰਗਤਿਆਂ ਨੂੰ ਕੂੜੇ ਦੇ ਢੇਰ ਵਿੱਚੋਂ ਚੁੱਕਦਾ ਹੈ।
8 ਅਤੇ ਪਰਮੇਸ਼ੁਰ ਉਨ੍ਹਾਂ ਲੋਕਾਂ ਨੂੰ ਮਹੱਤਵਪੂਰਨ ਬਣਾ ਦਿੰਦਾ ਹੈ। ਪਰਮੇਸ਼ੁਰ ਉਨ੍ਹਾਂ ਨੂੰ ਮਹਤਵਪੂਰਣ ਆਗੂ ਬਣਾ ਦਿੰਦਾ ਹੈ।
9 ਭਾਵੇਂ ਕਿਸੇ ਔਰਤ ਦੇ ਔਲਾਦ ਨਾ ਹੋਵੇ। ਪਰ ਪਰਮੇਸ਼ੁਰ ਉਸ ਨੂੰ ਬੱਚੇ ਦੇ ਦੇਵੇਗਾ। ਅਤੇ ਉਸ ਨੂੰ ਖੁਸ਼ੀ ਪ੍ਰਦਾਨ ਕਰੇਗਾ।

ਯਹੋਵਾਹ ਦੀ ਉਸਤਤ ਕਰੋ।

## 114

1 ਇਸਰਾਏਲ ਨੇ ਮਿਸਰ ਛੱਡ ਦਿੱਤਾ। ਯਾਕੂਬ ਨੇ ਉਸ ਪਰਦੇਸ ਨੂੰ ਛੱਡ ਦਿੱਤਾ।
2 ਯਹੂਦਾਹ ਪਰਮੇਸ਼ੁਰ ਦਾ ਖਾਸ ਬੰਦਾ ਬਣ ਗਿਆ। ਇਸਰਾਏਲ ਉਸ ਦੀ ਸਲਤਨਤ ਬਣ ਗਈ।
3 ਲਾਲ ਸਮੁੰਦਰ ਨੇ ਇਸ ਨੂੰ ਦੇਖਿਆ ਅਤੇ ਦੌੜ ਗਿਆ। ਯਰਦਨ ਨਦੀ ਮੁੜੀ ਅਤੇ ਨੱਸ ਪਈ।
4 ਪਰਬਤ ਭੇਡੂਆਂ ਵਾਂਗ ਨੱਚਣ ਲੱਗ ਪਏ, ਪਹਾੜੀਆਂ ਲੇਲਿਆਂ ਵਾਂਗ ਨੱਚਣ ਲੱਗੀਆਂ।
5 ਹੇ ਲਾਲ ਸਮੁੰਦਰ, ਤੂੰ ਕਿਉਂ ਨੱਸਿਆ ਸੀ? ਯਰਦਨ ਨਦੀਏ, ਤੂੰ ਕਿਉਂ ਮੁੜੀ ਅਤੇ ਕਿਉਂ ਨੱਸੀ ਸੀ?
6 ਪਹਾੜੋ, ਤੁਸੀਂ ਭੇਡੂਆਂ ਵਾਂਗ ਕਿਉਂ ਨੱਚੇ ਸੀ? ਅਤੇ ਪਹਾੜੀਓ, ਤੁਸੀਂ ਲੇਲਿਆਂ ਵਾਂਗ ਕਿਉਂ ਨੱਚੀਆਂ ਸੀ?
7 ਧਰਤੀ ਯਾਕੂਬ ਦੇ ਪ੍ਰਭੂ ਪਰਮੇਸ਼ੁਰ ਸਾਹਮਣੇ ਹਿੱਲ ਗਈ ਸੀ।
8 ਪਰਮੇਸ਼ੁਰ ਹੀ ਹੈ ਜਿਹੜਾ ਪਾਣੀ ਨੂੰ ਚੱਟਾਨ ਵਿੱਚੋਂ ਵਗਾਉਂਦਾ ਹੈ। ਪਰਮੇਸ਼ੁਰ ਨੇ ਸਖਤ ਚੱਟਾਨ ਤੋਂ ਵਗਦੇ ਹੋਏ ਪਾਣੀ ਦਾ ਇੱਕ ਚਸ਼ਮਾ ਬਣਾਇਆ।

## 115

1 ਯਹੋਵਾਹ, ਸਾਨੂੰ ਨਹੀਂ ਸਗੋਂ ਤੈਨੂੰ ਆਦਰ ਮਿਲਣਾ ਚਾਹੀਦਾ ਹੈ। ਆਦਰ ਤਾਂ ਤੁਹਾਡੀ

ਮਲਕੀਅਤ ਹੈ। ਤੇਰੀ ਵਫ਼ਾਦਾਰੀ ਅਤੇ ਸਚਿਆਈ ਦੇ
ਕਾਰਣ ਆਦਰ ਤੇਰਾ ਹੈ।
2 ਕੌਮਾਂ ਹੈਰਾਨ ਕਿਉਂ ਹੋਣ ਕਿ ਸਾਡਾ ਪਰਮੇਸ਼ੁਰ ਕਿੱਥੇ ਹੈ।
3 ਪਰਮੇਸ਼ੁਰ ਸਵਰਗ ਵਿੱਚ ਹੈ, ਅਤੇ ਉਹ ਉਹੀ ਸਭ ਕੁਝ
ਕਰਦਾ ਹੈ ਜੋ ਉਸ ਨੂੰ ਪਸੰਦ ਹੈ।
4 ਪਰਾਈਆਂ ਕੌਮਾਂ ਦੇ ਦੇਵਤੇ ਸੋਨੇ ਚਾਂਦੀ ਨਾਲ ਬਣੇ ਹੋਏ
ਸਿਰਫ਼ ਬੁੱਤ ਹਨ। ਉਹ ਇਨਸਾਨੀ ਹੱਥਾਂ ਦੁਆਰਾ ਬਣਾਏ
ਗਏ ਹਨ।
5 ਉਨ੍ਹਾਂ ਬੁੱਤਾਂ ਦੇ ਮੂੰਹ ਤਾਂ ਹਨ, ਪਰ ਬੋਲ ਨਹੀਂ ਸਕਦੇ। ਉਨ੍ਹਾਂ
ਦੀਆਂ ਅੱਖਾਂ ਤਾਂ ਹਨ, ਪਰ ਦੇਖ ਨਹੀਂ ਸਕਦੀਆਂ।
6 ਉਨ੍ਹਾਂ ਦੇ ਕੰਨ ਤਾਂ ਹਨ, ਪਰ ਸੁਣ ਨਹੀਂ ਸਕਦੇ। ਉਨ੍ਹਾਂ ਦੇ
ਨੱਕ ਤਾਂ ਹਨ, ਪਰ ਸੁੰਘ ਨਹੀਂ ਸਕਦੇ।
7 ਉਨ੍ਹਾਂ ਦੇ ਹੱਥ ਤਾਂ ਹਨ, ਪਰ ਮਹਿਸੂਸ ਨਹੀਂ ਕਰ ਸਕਦੇ।
ਉਨ੍ਹਾਂ ਦੀਆਂ ਲੱਤਾਂ ਤਾਂ ਹਨ, ਪਰ ਚੱਲ ਨਹੀਂ ਸਕਦੀਆਂ
ਅਤੇ ਉਨ੍ਹਾ ਦੇ ਗਲੇ ਵਿੱਚੋਂ ਕੋਈ ਅਵਾਜ਼ ਨਹੀਂ ਨਿੱਕਲ
ਸਕਦੀ।
8 ਜਿਹੜੇ ਲੋਕ ਬਣਾਉਂਦੇ ਹਨ ਅਤੇ ਉਨ੍ਹਾਂ ਬੁੱਤਾਂ ਵਿੱਚ
ਵਿਸ਼ਵਾਸ ਕਰਦੇ ਹਨ ਉਹ ਵੀ ਉਨ੍ਹਾਂ ਵਰਗੇ ਹੋ ਜਾਣਗੇ।
9 ਇਸਰਾਏਲ ਦੇ ਲੋਕੋ, ਯਹੋਵਾਹ ਉੱਤੇ ਵਿਸ਼ਵਾਸ ਕਰੋ।
ਯਹੋਵਾਹ ਹੀ ਉਨ੍ਹਾਂ ਦੀ ਸ਼ਕਤੀ ਅਤੇ ਢਾਲ ਹੈ।
10 ਹਾਰੂਨ ਦੇ ਪਰਿਵਾਰ, ਯਹੋਵਾਹ ਉੱਤੇ ਵਿਸ਼ਵਾਸ ਕਰ।
ਯਹੋਵਾਹ ਹੀ ਤੁਹਾਡੀ ਸ਼ਕਤੀ ਅਤੇ ਢਾਲ ਹੈ।
11 ਯਹੋਵਾਹ ਦੇ ਮੰਨਣ ਵਾਲਿਉ, ਯਹੋਵਾਹ ਉੱਤੇ ਵਿਸ਼ਵਾਸ
ਕਰੋ। ਯਹੋਵਾਹ ਹੀ ਉਨ੍ਹਾਂ ਦੀ ਸ਼ਕਤੀ ਅਤੇ ਢਾਲ ਹੈ।
12 ਯਹੋਵਾਹ ਸਾਨੂੰ ਚੇਤੇ ਕਰਦਾ ਹੈ। ਯਹੋਵਾਹ ਸਾਨੂੰ ਅਸੀਸ
ਦੇਵੇਗਾ। ਯਹੋਵਾਹ ਇਸਰਾਏਲ ਨੂੰ ਅਸੀਸ ਦੇਵੇਗਾ।
ਯਹੋਵਾਹ ਹਾਰੂਨ ਦੇ ਪਰਿਵਾਰ ਨੂੰ ਅਸੀਸ ਦੇਵੇਗਾ।
13 ਯਹੋਵਾਹ ਆਪਣੇ ਮੰਨਣ ਵਾਲਿਆਂ ਨੂੰ ਛੋਟੇ ਅਤੇ ਵੱਡਿਆਂ
ਨੂੰ ਅਸੀਸ ਦੇਵੇਗਾ।
14 ਮੈਨੂੰ ਆਸ ਹੈ ਕਿ ਯਹੋਵਾਹ ਤੈਨੂੰ ਅਤੇ ਤੇਰੇ ਬੱਚਿਆਂ ਨੂੰ ਹੋਰ
ਵਧੇਰੇ ਦੇਵੇਗਾ।
15 ਤੂੰ ਯਹੋਵਾਹ ਤੋਂ ਜਿਸ ਨੇ ਸਵਰਗ ਅਤੇ ਧਰਤੀ ਨੂੰ
ਬਣਾਇਆ ਹੈ, ਅਸੀਸ ਪ੍ਰਾਪਤ ਕਰੇਂ।
16 ਸਵਰਗ ਯਹੋਵਾਹ ਦਾ ਹੈ। ਪਰ ਉਸ ਨੇ ਲੋਕਾਂ ਨੂੰ ਧਰਤੀ
ਦਿੱਤੀ।
17 ਮੁਰਦਾ ਲੋਕ ਯਹੋਵਾਹ ਦੀ ਉਸਤਤ ਨਹੀਂ ਕਰਦੇ। ਕਬਰਾਂ
ਵਿੱਚ ਦਫ਼ਨ ਹੋਏ ਲੋਕ, ਯਹੋਵਾਹ ਦੀ ਉਸਤਤ ਨਹੀਂ
ਕਰਦੇ।
18 ਪਰ ਅਸੀਂ ਯਹੋਵਾਹ ਦੀ ਉਸਤਤ ਕਰਾਂਗੇ। ਹੁਣ ਤੋਂ ਲੈ ਕੇ
ਸਦੀਪਕਾਲ ਤੀਕ।

**116** 1 ਮੈਂ ਇਸ ਨੂੰ ਪਸੰਦ ਕਰਦਾ ਹਾਂ ਜਦੋਂ ਯਹੋਵਾਹ
ਮੇਰੀਆਂ ਪ੍ਰਾਰਥਨਾ ਸੁਣਦਾ ਹੈ।
2 ਮੈਂ ਇਸ ਨੂੰ ਪਸੰਦ ਕਰਦਾ ਹਾਂ ਜਦੋਂ ਸਹਾਇਤਾ ਲਈ ਉਹ
ਮੇਰੀ ਪੁਕਾਰ ਨੂੰ ਸੁਣਦਾ ਹੈ।
3 ਮੈਂ ਤਾਂ ਮਰ ਹੀ ਚੱਲਿਆ ਸਾਂ। ਮੌਤ ਦੇ ਰੱਸੇ ਮੇਰੇ ਦੁਆਲੇ ਤਣ
ਗਏ ਸਨ। ਕਬਰ ਹੌਲੀ-ਹੌਲੀ ਮੇਰੇ ਨਜ਼ਦੀਕ ਆ ਰਹੀ ਸੀ।
ਮੈਂ ਡਰਿਆ ਹੋਇਆ ਅਤੇ ਫ਼ਿਕਰਮੰਦ ਸਾਂ।
4 ਫ਼ੇਰ ਮੈਂ ਯਹੋਵਾਹ ਦਾ ਨਾਮ ਪੁਕਾਰਿਆ। ਮੈਂ ਆਖਿਆ,
"ਯਹੋਵਾਹ, ਮੈਨੂੰ ਬਚਾ!"
5 ਯਹੋਵਾਹ ਭਲਾ ਅਤੇ ਦਯਾਵਾਨ ਹੈ। ਪਰਮੇਸ਼ੁਰ ਮਿਹਰਬਾਨ
ਹੈ।
6 ਯਹੋਵਾਹ ਬੇਸਹਾਰਿਆਂ ਦਾ ਧਿਆਨ ਰੱਖਦਾ ਹੈ। ਮੈਂ
ਬੇਸਹਾਰਾ ਸਾਂ ਅਤੇ ਯਹੋਵਾਹ ਨੇ ਮੈਨੂੰ ਬਚਾ ਲਿਆ।
7 ਹੇ ਮੇਰੀ ਜਾਨ, ਸ਼ਾਂਤ ਹੋ ਜਾ! ਯਹੋਵਾਹ ਤੇਰਾ ਧਿਆਨ ਰੱਖ
ਰਿਹਾ ਹੈ।
8 ਹੇ ਪਰਮੇਸ਼ੁਰ, ਤੂੰ ਮੇਰੀ ਜਾਨ ਨੂੰ ਮੌਤ ਤੋਂ ਬਚਾਇਆ। ਤੂੰ
ਮੇਰੇ ਅਥਰੂ ਰੋਕ। ਤੂੰ ਮੈਨੂੰ ਡਿੱਗਣ ਤੋਂ ਬਚਾਇਆ।
9 ਮੈਂ ਜਿਉਂਦਿਆ ਦੇ ਦੇਸ ਵਿੱਚ ਯਹੋਵਾਹ ਦੀ ਸੇਵਾ ਕਰਦਾ
ਰਹਾਂਗਾ।
10 ਮੈਂ ਉਦੋਂ ਵੀ ਵਿਸ਼ਵਾਸ ਕਰਦਾ ਰਿਹਾ ਜਦੋਂ ਮੈਂ ਇਹ ਵੀ
ਆਖਿਆ ਸੀ, "ਮੈਂ ਤਬਾਹ ਹੋ ਗਿਆ ਹਾਂ!"
11 ਹਾਂ, ਉਦੋਂ ਵੀ ਜਦੋਂ ਮੈਂ ਡਰਿਆ ਹੋਇਆ ਸਾਂ ਅਤੇ ਆਖਿਆ
ਸੀ, "ਸਾਰੇ ਬੰਦੇ ਝੂਠੇ ਹਨ!"
12 ਮੈਂ ਯਹੋਵਾਹ ਨੂੰ ਕੀ ਅਰਪਣ ਕਰ ਸਕਦਾ ਹਾਂ? ਯਹੋਵਾਹ
ਨੇ ਮੈਨੂੰ ਹਰ ਸ਼ੈਅ ਜੋ ਵੀ ਮੇਰੇ ਕੋਲ ਹੈ ਦਿੱਤੀ ਹੈ।
13 ਉਸ ਨੇ ਮੈਨੂੰ ਬਚਾਇਆ, ਇਸ ਲਈ ਮੈਂ ਉਸ ਅੱਗੇ
ਪਿਆਲਾ ਭੇਟ ਕਰਾਂਗਾ। ਅਤੇ ਮੈਂ ਯਹੋਵਾਹ ਦਾ ਨਾਮ
ਪੁਕਾਰਾਂਗਾ।
14 ਮੈਂ ਉਹ ਚੀਜ਼ਾਂ ਦੇਵਾਂਗਾ ਜਿਨ੍ਹਾਂ ਦਾ ਯਹੋਵਾਹ ਨਾਲ
ਇਕਰਾਰ ਕੀਤਾ ਸੀ। ਹੁਣ ਮੈਂ ਉਸ ਦੇ ਸਮੂਹ ਬੰਦਿਆ ਦੇ
ਸਾਹਮਣੇ ਜਾਵਾਂਗਾ।
15 ਯਹੋਵਾਹ ਵਾਸਤੇ ਉਸ ਦੇ ਮੰਨਣ ਵਾਲਿਆਂ ਦੀ ਮੌਤ
ਬਹੁਮੁੱਲੀ ਹੈ। ਹੇ ਯਹੋਵਾਹ, ਮੈਂ ਤੇਰੇ ਸੇਵਕਾਂ ਵਿੱਚੋਂ ਹਾਂ।
16 ਹੇ ਯਹੋਵਾਹ ਮੈਂ ਤੇਰਾ ਸੇਵਕ ਹਾਂ, ਸੱਚਮੁੱਚ ਮੈਂ ਤੇਰਾ ਦਾਸ
ਹਾਂ ਤੇਰੀ ਦਾਸੀ ਦਾ ਪੁੱਤਰ। ਤੂੰ ਮੈਨੂੰ ਮੌਤ ਦੀਆਂ ਜੰਜ਼ੀਰਾਂ
ਤੋਂ ਅਜ਼ਾਦ ਕੀਤਾ ਹੈ।
17 ਮੈਂ ਤੇਰੇ ਅੱਗੇ ਧੰਨਵਾਦ ਭੇਟ ਕਰਾਂਗਾ। ਮੈਂ ਯਹੋਵਾਹ ਦਾ
ਨਾਮ ਲਵਾਂਗਾ।
18 ਮੈਂ ਯਹੋਵਾਹ ਨੂੰ ਉਹ ਚੀਜ਼ਾਂ ਦੇਵਾਂਗਾ ਜਿਨ੍ਹਾਂ ਦਾ ਮੈਂ
ਇਕਰਾਰ ਕੀਤਾ ਸੀ। ਹੁਣ ਮੈਂ ਉਸ ਦੇ ਸਮੂਹ ਬੰਦਿਆਂ ਦੇ
ਸਾਹਮਣੇ ਜਾਵਾਂਗਾ।
19 ਮੈਂ ਯਰੂਸ਼ਲਮ ਦੇ ਮੰਦਰ ਵਿੱਚ ਜਾਵਾਂਗਾ।

ਯਹੋਵਾਹ ਦੀ ਉਸਤਤ ਕਰੋ।

**117** 1 ਹੇ ਸਾਰੀਉ ਕੌਮੋ, ਯਹੋਵਾਹ ਦੀ ਉਸਤਤ
ਕਰੋ। ਹੇ ਸਾਰੇ ਲੋਕੋ, ਯਹੋਵਾਹ ਦੀ ਉਸਤਤ
ਕਰੋ।
2 ਪਰਮੇਸ਼ੁਰ ਸਾਨੂੰ ਬਹੁਤ ਪਿਆਰ ਕਰਦਾ ਹੈ। ਅਤੇ
ਪਰਮੇਸ਼ੁਰ ਸਾਡੇ ਨਾਲ ਸਦਾ ਵਫ਼ਾਦਾਰ ਰਹੇਗਾ!

ਯਹੋਵਾਹ ਦੀ ਉਸਤਤ ਕਰੋ।

118 [1]ਯਹੋਵਾਹ ਦਾ ਧੰਨਵਾਦ ਕਰੋ ਕਿਉਂਕਿ ਉਹ
ਭਲਾ ਹੈ। ਉਸ ਦਾ ਸੱਚਾ ਪਿਆਰ ਸਦਾ
ਰਹਿੰਦਾ ਹੈ।
2 ਇਸਰਾਏਲ ਆਖੇ, "ਉਸ ਦਾ ਸੱਚਾ ਪਿਆਰ ਸਦਾ ਰਹਿੰਦਾ
ਹੈ!"
3 ਜਾਜਕੋ ਆਖੋ, "ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ!"
4 ਯਹੋਵਾਹ ਦੀ ਉਪਾਸਨਾ ਕਰਨ ਵਾਲੇ ਤੁਸੀਂ ਸਮੂਹ ਲੋਕੋ
ਆਖੋ, "ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ!"
5 ਮੈਂ ਮੁਸੀਬਤ ਵਿੱਚ ਸਾਂ ਇਸ ਲਈ ਮੈਂ ਸਹਾਇਤਾ ਲਈ
ਯਹੋਵਾਹ ਅੱਗੇ ਪੁਕਾਰ ਕੀਤੀ। ਯਹੋਵਾਹ ਨੇ ਮੈਨੂੰ ਉੱਤਰ
ਦਿੱਤਾ ਅਤੇ ਮੈਨੂੰ ਮੁਕਤ ਕਰ ਦਿੱਤਾ।
6 ਯਹੋਵਾਹ ਮੇਰੇ ਨਾਲ ਹੈ, ਇਸ ਲਈ ਮੈਂ ਨਹੀਂ ਡਰਾਂਗਾ।
ਲੋਕ ਮੇਰਾ ਕੋਈ ਨੁਕਸਾਨ ਨਹੀਂ ਕਰ ਸਕਦੇ।
7 ਯਹੋਵਾਹ ਮੇਰਾ ਮਦਦਗਾਰ ਹੈ। ਮੈਂ ਆਪਣੇ ਦੁਸ਼ਮਣਾਂ ਨੂੰ
ਹਾਰਦਿਆਂ ਵੇਖਾਂਗਾ।
8 ਲੋਕਾਂ ਵਿੱਚ ਯਕੀਨ ਰੱਖਣ ਨਾਲੋਂ ਯਹੋਵਾਹ ਵਿੱਚ ਯਕੀਨ
ਰੱਖਣਾ ਬਿਹਤਰ ਹੈ।
9 ਆਗੂਆਂ ਉੱਤੇ ਵਿਸ਼ਵਾਸ ਕਰਨ ਨਾਲੋਂ ਯਹੋਵਾਹ ਵਿੱਚ
ਯਕੀਨ ਰੱਖਣਾ ਬਿਹਤਰ ਹੈ।
10 ਅਨੇਕਾਂ ਦੁਸ਼ਮਣਾਂ ਨੇ ਮੈਨੂੰ ਘੇਰ ਲਿਆ ਸੀ। ਪਰ ਯਹੋਵਾਹ
ਦੀ ਸ਼ਕਤੀ ਨਾਲ ਮੈਂ ਆਪਣੇ ਦੁਸ਼ਮਣਾਂ ਨੂੰ ਹਰਾ ਦਿੱਤਾ।
11 ਦੁਸ਼ਮਣਾਂ ਨੇ ਮੈਨੂੰ ਬਾਰ-ਬਾਰ ਘੇਰਿਆ, ਮੈਂ ਉਨ੍ਹਾਂ ਨੂੰ
ਯਹੋਵਾਹ ਦੀ ਸ਼ਕਤੀ ਨਾਲ ਹਰਾਇਆ।
12 ਮੈਨੂੰ ਦੁਸ਼ਮਣਾਂ ਨੇ ਮਧੂ ਮੱਖੀਆਂ ਵਾਂਗ ਘੇਰਿਆ। ਪਰ
ਛੇਤੀ ਹੀ ਲਟ-ਲਟ ਬਲਦੀ ਝਾੜੀ ਵਾਂਗ ਉਹ ਭਸਮ ਹੋ
ਗਏ। ਮੈਂ ਉਨ੍ਹਾਂ ਨੂੰ ਯਹੋਵਾਹ ਦੀ ਸ਼ਕਤੀ ਨਾਲ ਹਰਾਇਆ।
13 ਮੇਰੇ ਦੁਸ਼ਮਣਾਂ ਨੇ ਮੇਰੇ ਉੱਤੇ ਹਮਲਾ ਕੀਤਾ, ਅਤੇ ਲਗਭਗ
ਮੈਨੂੰ ਤਬਾਹ ਕਰ ਦਿੱਤਾ। ਯਹੋਵਾਹ ਨੇ ਮੇਰੀ ਸਹਾਇਤਾ
ਕੀਤੀ।
14 ਯਹੋਵਾਹ ਹੀ ਮੇਰੀ ਸ਼ਕਤੀ ਅਤੇ ਜਿੱਤ ਦਾ ਗੀਤ ਹੈ।
ਯਹੋਵਾਹ ਮੈਨੂੰ ਬਚਾਉਂਦਾ ਹੈ।
15 ਤੁਸੀਂ ਨੇਕ ਲੋਕਾਂ ਦੇ ਘਰੀਂ ਫ਼ਤਿਹ ਦਾ ਜਸ਼ਨ ਸੁਣ ਸਕਦੇ
ਹੋ। ਯਹੋਵਾਹ ਨੇ ਆਪਣੀ ਮਹਾਨ ਸ਼ਕਤੀ ਫ਼ੇਰ ਵਿਖਾਈ
ਹੈ।
16 ਯਹੋਵਾਹ ਦੇ ਹੱਥ ਜਿੱਤ ਵਿੱਚ ਉੱਠੇ ਹੋਏ ਹਨ, ਯਹੋਵਾਹ ਨੇ
ਫ਼ੇਰ ਆਪਣੀ ਮਹਾਨ ਸ਼ਕਤੀ ਵਿਖਾਈ ਹੈ।
17 ਮੈਂ ਜੀਵਾਂਗਾ, ਮਰਾਂਗਾ ਨਹੀਂ ਅਤੇ ਮੈਂ ਯਹੋਵਾਹ ਦੇ ਕੰਮਾਂ ਦਾ
ਵਰਨਣ ਕਰਾਂਗਾ।
18 ਯਹੋਵਾਹ ਨੇ ਮੈਨੂੰ ਦੰਡ ਦਿੱਤਾ। ਪਰ ਉਸ ਨੇ ਮੈਨੂੰ ਮਰਨ
ਨਹੀਂ ਦਿੱਤਾ।
19 ਭਲਾਈ ਦੇ ਦਰਵਾਜੇ ਮੇਰੇ ਲਈ ਖੋਲ੍ਹ ਦੇਵੋ, ਅਤੇ ਮੈਂ
ਆਵਾਂਗਾ ਅਤੇ ਮੈਂ ਯਹੋਵਾਹ ਦੀ ਉਪਾਸਨਾ ਕਰਾਂਗਾ।
20 ਉਹ ਦਰਵਾਜੇ ਯਹੋਵਾਹ ਦੇ ਹਨ। ਇਨ੍ਹਾਂ ਵਿੱਚੋਂ ਦੀ ਸਿਰਫ਼
ਨੇਕ ਬੰਦੇ ਹੀ ਜਾ ਸਕਦੇ ਹਨ।
21 ਹੇ ਯਹੋਵਾਹ, ਮੇਰੀ ਪ੍ਰਾਰਥਨਾ ਦਾ ਉੱਤਰ ਦੇਣ ਲਈ ਮੈਂ ਤੈਨੂੰ
ਧੰਨਵਾਦ ਕਰਦਾ ਹਾਂ। ਮੈਨੂੰ ਬਚਾਉਣ ਲਈ ਮੈਂ ਤੁਹਾਡਾ
ਧੰਨਵਾਦ ਕਰਦਾ ਹਾਂ।
22 ਜਿਸ ਪੱਥਰ ਨੂੰ ਰਾਜਾਂ ਨੇ ਰੱਦਿਆ ਸੋਈ ਖੂੰਜੇ ਦਾ ਪੱਥਰ
ਬਣ ਗਿਆ।
23 ਯਹੋਵਾਹ ਨੇ ਇਹ ਕੀਤਾ ਅਤੇ ਅਸੀਂ ਸੋਚਦੇ ਹਾਂ ਕਿ ਇਹ
ਗੱਲ ਅਚਰਜ ਹੈ।
24 ਏਹ ਦਿਨ ਯਹੋਵਾਹ ਨੇ ਬਣਾਇਆ ਹੈ। ਆਉ ਉਸ ਵਿੱਚ
ਖੁਸ਼ੀ ਅਤੇ ਅਨੰਦ ਮਨਾਈਏ!
25 ਲੋਕਾਂ ਆਖਿਆ, "ਯਹੋਵਾਹ ਦੀ ਉਸਤਤ ਕਰੋ! ਯਹੋਵਾਹ
ਨੇ ਸਾਨੂੰ ਬਚਾਇਆ!
26 ਯਹੋਵਾਹ ਦਾ ਨਾਮ ਤੇ ਆਉਣ ਵਾਲੇ ਬੰਦੇ ਦਾ ਸਵਾਗਤ
ਕਰੋ।" ਜਾਜਕਾਂ ਨੇ ਜਵਾਬ ਦਿੱਤਾ, "ਅਸੀਂ ਯਹੋਵਾਹ ਦੇ
ਘਰ ਅੰਦਰ ਤੁਹਾਡਾ ਸਵਾਗਤ ਕਰਦੇ ਹਾਂ।
27 ਯਹੋਵਾਹ ਪਰਮੇਸ਼ੁਰ ਹੈ। ਅਤੇ ਉਸ ਨੇ ਸਾਨੂੰ ਪਰਵਾਨ
ਕੀਤਾ ਹੈ। ਬਲੀ ਲਈ ਲੇਲਾ ਬੰਨ੍ਹ ਦਿਓ, ਅਤੇ ਇਸ ਨੂੰ
ਚੁੱਕ ਕੇ ਜਗਵੇਦੀ ਦੇ ਸਿੰਗਾਂ ਉੱਤੇ ਲੈ ਚੱਲੋ।"
28 ਯਹੋਵਾਹ, ਤੂੰ ਮੇਰਾ ਪਰਮੇਸ਼ੁਰ ਹੈਂ ਅਤੇ ਮੈਂ ਤੇਰਾ ਧੰਨਵਾਦ
ਕਰਦਾ ਹਾਂ। ਮੈਂ ਤੇਰੀ ਉਸਤਤ ਕਰਦਾ ਹਾਂ।
29 ਯਹੋਵਾਹ ਦੀ ਉਸਤਤ ਕਰੋ ਕਿਉਂਕਿ ਉਹ ਭਲਾ ਹੈ। ਉਸ
ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।

### ਅਲਫ਼

119 [1]ਸ਼ੁੱਧ ਜੀਵਨ ਜਿਉਣ ਵਾਲੇ ਲੋਕ ਖੁਸ਼ ਹਨ।
ਉਹ ਲੋਕ ਯਹੋਵਾਹ ਦੀਆਂ ਸਿੱਖਿਆਵਾਂ ਉੱਤੇ
ਚੱਲਦੇ ਹਨ।
2 ਜਿਹੜੇ ਲੋਕ ਯਹੋਵਾਹ ਦੇ ਕਰਾਰ ਨੂੰ ਮੰਨਦੇ ਹਨ ਉਹ ਖੁਸ਼
ਹਨ। ਉਹ ਸਲਾਹ ਲਈ ਯਹੋਵਾਹ ਨੂੰ ਆਪਣੇ ਪੂਰੇ ਦਿਲ
ਨਾਲ ਪੁੱਛਦੇ ਹਨ।
3 ਉਹ ਲੋਕ ਬੁਰੇ ਕੰਮ ਨਹੀਂ ਕਰਦੇ, ਉਹ ਯਹੋਵਾਹ ਨੂੰ ਮੰਨਦੇ
ਹਨ।
4 ਯਹੋਵਾਹ, ਤੂੰ ਸਾਨੂੰ ਹੁਕਮ ਦਿੱਤੇ ਸਨ। ਅਤੇ ਤੂੰ ਸਾਨੂੰ ਉਨ੍ਹਾਂ
ਹੁਕਮਾਂ ਨੂੰ ਪੂਰੀ ਤਰ੍ਹਾਂ ਮੰਨਣ ਲਈ ਆਖਿਆ ਸੀ।
5 ਜੇ ਮੈਂ ਸਦਾ ਤੇਰੇ ਹੁਕਮਾਂ ਨੂੰ ਮੰਨਾਂਗਾ, ਯਹੋਵਾਹ।
6 ਫ਼ੇਰ ਮੈਂ ਕਦੇ ਵੀ ਸ਼ਰਮਸਾਰ ਨਹੀਂ ਹੋਵਾਗਾ। ਜਦੋਂ ਮੈਂ ਤੇਰੇ
ਹੁਕਮਾਂ ਦਾ ਅਧਿਐਨ ਕਰਾਂਗਾ।
7 ਫ਼ੇਰ ਮੈਂ ਸੱਚਮੁੱਚ ਤੇਰਾ ਮਾਣ ਕਰ ਸਕਾਂਗਾ। ਜਦੋਂ ਮੈਂ ਤੇਰੀ
ਨਿਰਪੱਖਤਾ ਅਤੇ ਨੇਕੀ ਦਾ ਅਧਿਐਨ ਕਰਾਂਗਾ।
8 ਯਹੋਵਾਹ, ਮੈਂ ਤੇਰੇ ਹੁਕਮ ਮੰਨਾਗਾ। ਇਸ ਲਈ ਕਿਰਪਾ
ਕਰਕੇ ਮੈਨੂੰ ਛੱਡ ਕੇ ਨਾ ਜਾਹ।

### ਬੇਥ

9 ਇੱਕ ਨੌਜਵਾਨ ਬੰਦਾ, ਤੇਰੀਆਂ ਸਿੱਖਿਆਵਾਂ ਉੱਤੇ
ਚੱਲਦਿਆਂ, ਸ਼ੁੱਧ ਜੀਵਨ ਕਿਵੇਂ ਜਿਉਂ ਸਕਦਾ ਹੈ?
10 ਮੈਂ ਪਰਮੇਸ਼ੁਰ ਦੀ ਸੱਚੇ ਦਿਲੋ ਸੇਵਾ ਕਰਨ ਦੀ ਕੋਸ਼ਿਸ਼
ਕਰਦਾ ਹਾਂ। ਹੇ ਪਰਮੇਸ਼ੁਰ, ਤੇਰੇ ਹੁਕਮਾਂ ਨੂੰ ਮੰਨਣ ਵਿੱਚ
ਮੇਰੀ ਮਦਦ ਕਰ।
11 ਮੈਂ ਤੇਰੀਆਂ ਸਿੱਖਿਆਵਾਂ ਦਾ ਅਧਿਐਨ ਬੜੇ ਧਿਆਨ
ਨਾਲ ਕਰਦਾ ਹਾਂ। ਤਾਂ ਜੋ ਮੈਂ ਤੇਰੇ ਵਿਰੁੱਧ ਗੁਨਾਹ ਨਾ ਕਰ
ਸਕਾਂ।

12 ਹੇ ਯਹੋਵਾਹ, ਤੂੰ ਧੰਨ ਹੈਂ, ਮੈਨੂੰ ਆਪਣੇ ਨਿਯਮ ਸਿਖਾ।
13 ਮੈਂ ਤੇਰੇ ਸਿਆਣੇ ਨਿਆਵਾਂ ਬਾਰੇ ਗੱਲਾਂ ਕਰਾਂਗਾ।
14 ਮੈਨੂੰ ਤੇਰੇ ਕਰਾਰ ਦਾ ਅਧਿਐਨ ਕਰਨਾ ਸਭ ਕਾਸੇ ਨਾਲੋਂ ਵਧੇਰੇ ਚੰਗਾ ਲੱਗਦਾ ਹੈ।
15 ਮੈਂ ਤੇਰੇ ਅਸੂਲਾਂ ਬਾਰੇ ਚਰਚਾ ਕਰਦਾ ਹਾਂ। ਮੈਂ ਤੇਰੇ ਜੀਵਨ ਜਾਂਚ ਉੱਤੇ ਚੱਲਦਾ ਹਾਂ।
16 ਮੈਨੂੰ ਤੇਰੇ ਨਿਯਮ ਪਸੰਦ ਹਨ। ਮੈਂ ਤੇਰੇ ਸ਼ਬਦ ਨਹੀਂ ਭੁੱਲਾਂਗਾ।

### ਗਿਮਲ

17 ਆਪਣੇ ਸੇਵਕ ਨਾਲ ਭਲਾ ਕਰ। ਤਾਂ ਜੋ ਮੈਂ ਤੇਰੇ ਹੁਕਮਾਂ ਨੂੰ ਮੰਨਣ ਅਤੇ ਜਿਉਣ ਦੇ ਯੋਗ ਹੋ ਜਾਵਾਂ।
18 ਯਹੋਵਾਹ, ਮੇਰੀਆਂ ਅੱਖਾਂ ਖੋਲ੍ਹ। ਤਾਂ ਕਿ ਮੈਂ ਤੇਰੀਆਂ ਸਿੱਖਿਆਵਾਂ ਦੇ ਅੰਦਰ ਦੀਆਂ ਅਦਭੁਤ ਗੱਲਾਂ ਨੂੰ ਦੇਖ ਸਕਾਂ।
19 ਮੈਂ ਇਸ ਧਰਤੀ ਉੱਤੇ ਅਜਨਬੀ ਹਾਂ। ਯਹੋਵਾਹ, ਮੇਰੇ ਕੋਲੋਂ ਆਪਣੀਆਂ ਸਿੱਖਿਆਵਾਂ ਨੂੰ ਗੁਪਤ ਨਾ ਰੱਖ।
20 ਮੈਂ ਹਰ ਵੇਲੇ ਤੇਰੇ ਨਿਆਵਾਂ ਦਾ ਅਧਿਐਨ ਕਰਨਾ ਚਾਹੁੰਦਾ ਹਾਂ।
21 ਯਹੋਵਾਹ, ਤੂੰ ਹੰਕਾਰੀ ਲੋਕਾਂ ਦੀ ਪੜਚੋਲ ਕਰਦੇ ਹੋ ਉਨ੍ਹਾਂ ਨਾਲ ਬੁਰਾ ਹੋਵੇਗਾ। ਉਹ ਤੇਰੇ ਹੁਕਮਾਂ ਨੂੰ ਮੰਨਣ ਤੋਂ ਇਨਕਾਰ ਕਰਦੇ ਹਨ।
22 ਮੈਨੂੰ ਸ਼ਰਮਿੰਦਾ ਅਤੇ ਨਮੋਸ਼ ਨਾ ਹੋਣ ਦੇ। ਮੈਂ ਤੇਰੇ ਕਰਾਰ ਨੂੰ ਮੰਨਿਆ ਹੈ।
23 ਆਗੂਆਂ ਨੇ ਵੀ ਮੇਰੇ ਬਾਰੇ ਬੁਰਾ ਬੋਲਿਆ। ਪਰ ਮੈਂ ਤੇਰਾ ਸੇਵਕ ਹਾਂ। ਅਤੇ ਮੈਂ ਤੇਰੇ ਨਿਯਮਾਂ ਦਾ ਅਧਿਐਨ ਕਰਦਾ ਹਾਂ।
24 ਤੇਰੇ ਨਿਯਮ ਮੇਰੇ ਲਈ ਖੁਸ਼ੀ ਹਨ। ਇਹ ਮੈਨੂੰ ਨੇਕ ਸਲਾਹ ਦਿੰਦੇ ਹਨ।

### ਦਾਲਥ

25 ਮੈਂ ਛੇਤੀ ਹੀ ਮਰ ਜਾਵਾਂਗਾ। ਯਹੋਵਾਹ, ਬਚਨ ਕਰ ਅਤੇ ਮੈਂ ਦੁਬਾਰਾ ਜੀਆਂਗਾ।
26 ਮੈਂ ਤੈਨੂੰ ਆਪਣੇ ਜੀਵਨ ਬਾਰੇ ਦੱਸਿਆ ਹੈ। ਅਤੇ ਤੂੰ ਮੈਨੂੰ ਉੱਤਰ ਦਿੱਤਾ ਹੈ। ਹੁਣ, ਮੈਨੂੰ ਆਪਣੇ ਨਿਯਮ ਸਿਖਾ।
27 ਯਹੋਵਾਹ, ਤੇਰੇ ਨਿਯਮਾਂ ਨੂੰ ਸਮਝਣ ਵਿੱਚ ਮੇਰੀ ਮਦਦ ਕਰ। ਮੈ ਤੇਰੇ ਕੀਤੇ ਚਮਤਕਾਰਾਂ ਤੇ ਧਿਆਨ ਲਾਵਾਂਗਾ।
28 ਮੈਂ ਉਦਾਸ ਅਤੇ ਥੱਕਿਆ ਹੋਇਆ ਹਾਂ, ਆਪਣੇ ਬਚਨ ਅਨੁਸਾਰ ਮੈਨੂੰ ਫ਼ੇਰ ਬਲਵਾਨ ਬਣਾ ਦੇ।
29 ਯਹੋਵਾਹ, ਮੈਨੂੰ ਝੂਠ ਵਿੱਚ ਨਾ ਜਿਉਣ ਦੇ। ਆਪਣੀਆਂ ਸਿੱਖਿਆਵਾਂ ਨਾਲ ਮੇਰੀ ਰਾਹਨੁਮਾਈ ਕਰ।
30 ਯਹੋਵਾਹ, ਮੈਂ ਆਪਣੇ-ਆਪ ਨੂੰ ਤੇਰੇ ਪ੍ਰਤਿ ਵਫ਼ਾਦਾਰ ਹੋਣ ਲਈ ਚੁਣਿਆ ਹੈ। ਮੈਂ ਤੇਰੇ ਸਿਆਣੇ ਫ਼ੈਸਲਿਆਂ ਨੂੰ ਧਿਆਨ ਨਾਲ ਪੜ੍ਹਦਾ ਹਾਂ।
31 ਮੈਂ ਤੇਰੇ ਨਿਯਮਾਂ ਨੂੰ ਮੰਨਦਾ ਹਾਂ, ਹੇ ਯਹੋਵਾਹ, ਮੈਨੂੰ ਨਿਰਾਸ਼ ਨਾ ਕਰ।
32 ਮੈਂ ਖੁਸ਼ੀ ਨਾਲ ਤੇਰੇ ਹੁਕਮ ਮੰਨਾਗਾ। ਯਹੋਵਾਹ, ਤੇਰੇ ਹੁਕਮ ਮੈਨੂੰ ਖੁਸ਼ ਕਰਦੇ ਹਨ।

### ਹੇ

33 ਯਹੋਵਾਹ, ਮੈਨੂੰ ਆਪਣੇ ਨਿਯਮਾਂ ਦੀ ਸਿੱਖਿਆ ਦੇ, ਅਤੇ ਮੈਂ ਉਨ੍ਹਾਂ ਉੱਤੇ ਚੱਲਾਂਗਾ।
34 ਤੇਰੀਆਂ ਸਿੱਖਿਆਵਾਂ ਸਮਝਣ ਵਿੱਚ ਮੇਰੀ ਮਦਦ ਕਰ, ਅਤੇ ਮੈਂ ਉਨ੍ਹਾਂ ਨੂੰ ਮੰਨਾਗਾ। ਮੈਂ ਉਨ੍ਹਾਂ ਨੂੰ ਪੂਰੀ ਤਰ੍ਹਾਂ ਮੰਨਾਗਾ।
35 ਯਹੋਵਾਹ, ਆਪਣੇ ਹੁਕਮਾਂ ਦੇ ਰਾਹ ਉੱਤੇ ਮੇਰੀ ਅਗਵਾਈ ਕਰ। ਮੈਂ ਸੱਚਮੁੱਚ ਉਸ ਜੀਵਨ ਢੰਗ ਨੂੰ ਪਿਆਰ ਕਰਦਾ ਹਾਂ।
36 ਆਪਣੇ ਨਿਯਮਾਂ ਬਾਰੇ ਸੋਚਣ ਵਿੱਚ ਮੇਰੀ ਮਦਦ ਕਰ ਬਜਾਇ ਇਸ ਦੇ ਕਿ ਮੈਂ ਅਮੀਰ ਕਿਵੇਂ ਹੋਵਾਂ?
37 ਹੇ ਯਹੋਵਾਹ, ਮੈਨੂੰ ਨਿਰਾਰਥਕ ਗੱਲਾਂ ਵੱਲ ਧਿਆਨ ਨਾ ਦੇਣ ਦੇ। ਤੇਰੇ ਰਾਹ ਵਿੱਚ ਰਹਿਣ ਲਈ ਮੇਰੀ ਮਦਦ ਕਰ।
38 ਉਹੀ ਕਰ ਜਿਸ ਦਾ ਵਾਇਦਾ ਤੂੰ ਆਪਣੇ ਸੇਵਕ ਨਾਲ ਕੀਤਾ ਸੀ ਤਾਂ ਜੋ ਲੋਕ ਤੇਰਾ ਆਦਰ ਕਰਨ।
39 ਯਹੋਵਾਹ, ਸ਼ਰਮਿੰਦਗੀ ਨੂੰ ਦੂਰ ਕਰ ਜਿਸ ਤੋਂ ਮੈਂ ਡਰਦਾ ਹਾਂ। ਤੇਰੇ ਸਿਆਣੇ ਨਿਆਂ ਭਲੇ ਹਨ।
40 ਵੇਖੋ, ਮੈਂ ਤੇਰੇ ਹੁਕਮਾਂ ਦੀ ਇੱਛਾ ਕਰਦਾ ਹਾਂ, ਮੇਰੇ ਨਾਲ ਭਲਾ ਕਰ ਅਤੇ ਮੈਨੂੰ ਜਿਉਣ ਦੇ।

### ਵਾਉ

41 ਯਹੋਵਾਹ, ਮੈਨੂੰ ਆਪਣਾ ਸੱਚਾ ਪਿਆਰ ਵਿਖਾ। ਮੈਨੂੰ ਬਚਾ ਜਿਵੇਂ ਕਿ ਤੂੰ ਵਾਇਦਾ ਕੀਤਾ ਸੀ।
42 ਫ਼ੇਰ ਮੇਰੇ ਕੋਲ ਉਨ੍ਹਾਂ ਲੋਕਾਂ ਲਈ ਜਵਾਬ ਹੋਵੇਗਾ, ਜੋ ਮੈਨੂੰ ਬੇਇੱਜ਼ਤ ਕਰਦੇ ਹਨ। ਹੇ ਯਹੋਵਾਹ, ਮੈਨੂੰ ਸੱਚਮੁੱਚ ਉਨ੍ਹਾਂ ਗੱਲਾਂ ਵਿੱਚ ਵਿਸ਼ਵਾਸ ਹੈ ਜੋ ਤੂੰ ਆਖਦਾ ਹੈਂ।
43 ਮੈਨੂੰ ਹਮੇਸ਼ਾ ਤੇਰੀਆਂ ਸੱਚੀਆਂ ਸਿੱਖਿਆਵਾਂ ਬਾਰੇ ਬੋਲਾਂ। ਯਹੋਵਾਹ, ਮੈਂ ਤੇਰੇ ਸਿਆਣੇ ਨਿਆਵਾਂ ਉੱਤੇ ਨਿਰਭਰ ਕਰਦਾ ਹਾਂ।
44 ਯਹੋਵਾਹ, ਮੈਂ ਸਦਾ-ਸਦਾ ਲਈ ਤੇਰੀਆਂ ਸਿੱਖਿਆਵਾਂ ਉੱਤੇ ਚੱਲਾਂਗਾ,
45 ਤਾਂ ਜੋ ਮੈਂ ਮੁਕਤ ਹੋ ਜਾਵਾਂ। ਕਿਉਂਕਿ ਮੈਂ ਤੇਰੇ ਨਿਯਮਾਂ ਨੂੰ ਮੰਨਣ ਦੀ ਸਖਤ ਕੋਸ਼ਿਸ਼ ਕਰਦਾ ਹਾਂ।
46 ਮੈਂ ਰਾਜਿਆਂ ਨਾਲ ਤੇਰੇ ਨਿਯਮਾਂ ਬਾਰੇ ਚਰਚਾ ਕਰਾਂਗਾ। ਅਤੇ ਮੈਨੂੰ ਉਨ੍ਹਾਂ ਕੋਲੋਂ ਨਮੋਸ਼ੀ ਨਹੀਂ ਹੋਵੇਗੀ।
47 ਹੇ ਯਹੋਵਾਹ, ਮੈਨੂੰ ਤੇਰੇ ਹੁਕਮਾਂ ਦਾ ਅਧਿਐਨ ਕਰਨਾ ਚੰਗਾ ਲੱਗਦਾ ਹੈ। ਮੈਂ ਉਨ੍ਹਾਂ ਹੁਕਮਾਂ ਨੂੰ ਪਿਆਰ ਕਰਦਾ ਹਾਂ।
48 ਯਹੋਵਾਹ, ਮੈਂ ਤੇਰੇ ਹੁਕਮਾਂ ਦੀ ਉਸਤਤ ਕਰਦਾ ਹਾਂ। ਮੈਂ ਉਨ੍ਹਾ ਨੂੰ ਪਿਆਰ ਕਰਦਾ ਹਾਂ। ਅਤੇ ਮੈਂ ਉਨ੍ਹਾ ਦਾ ਅਧਿਐਨ ਕਰਾਂਗਾ।

### ਜ਼ਾਇਨ

49 ਯਹੋਵਾਹ, ਆਪਣਾ ਵਾਇਦਾ ਯਾਦ ਕਰ ਜੋ ਤੂੰ ਮੇਰੇ ਨਾਲ ਕੀਤਾ ਸੀ। ਉਹ ਵਾਇਦਾ ਮੈਨੂੰ ਆਸ ਦਿੰਦਾ ਹੈ।

50 ਮੈਂ ਦੁਖੀ ਸਾਂ, ਅਤੇ ਤੂੰ ਮੈਨੂੰ ਸਕੂਨ ਪਹੁੰਚਾਇਆ। ਤੇਰੇ
ਸ਼ਬਦਾ ਨੇ ਮੈਨੂੰ ਫ਼ੇਰ ਜਿਉਣ ਦਿੱਤਾ।
51 ਉਹ ਲੋਕ ਜੋ ਆਪਣੇ-ਆਪ ਨੂੰ ਮੇਰੇ ਨਾਲੋਂ ਬਿਹਤਰ
ਸਮਝਦੇ ਹਨ ਉਨ੍ਹਾਂ ਨੇ ਮੈਨੂੰ ਨਿਰੰਤਰ ਬੇਇੱਜ਼ਤ ਕੀਤਾ।
ਪਰ ਮੈਂ ਤੁਹਾਡੀਆਂ ਸਿੱਖਿਆਵਾ ਉੱਤੇ ਅਮਲ ਕਰਨ ਤੋਂ
ਨਹੀਂ ਰੁਕਿਆ।
52 ਮੈਂ ਸਦਾ ਤੇਰੇ ਸਿਆਣੇ ਨਿਆਂ ਯਾਦ ਕਰਦਾ ਹਾਂ। ਯਹੋਵਾਹ,
ਤੇਰੇ ਸਿਆਣੇ ਨਿਆਂ ਮੈਨੂੰ ਸਕੂਨ ਦਿੰਦੇ ਹਨ।
53 ਮੈਂ ਕ੍ਰੋਧਵਾਨ ਹੋਇਆ ਜਦੋਂ ਮੈਂ ਬੁਰਿਆਂ ਬੰਦਿਆਂ ਨੂੰ ਤੇਰੀਆਂ
ਸਿੱਖਿਆਵਾਂ ਤੋਂ ਅਮਲ ਕਰਨੋਂ ਹਟਦਿਆ ਵੇਖਿਆ।
54 ਤੇਰੇ ਨਿਯਮ ਮੇਰੇ ਘਰ ਵਿੱਚ ਗੀਤ ਹਨ।
55 ਯਹੋਵਾਹ, ਮੈਂ ਰਾਤ ਵੇਲੇ ਤੇਰਾ ਨਾਮ ਯਾਦ ਕਰਦਾ ਹਾਂ। ਅਤੇ
ਮੈਂ ਤੇਰੀਆਂ ਸਿੱਖਿਆਵਾਂ ਨੂੰ ਯਾਦ ਕਰਦਾ ਹਾਂ।
56 ਇਹ ਇਸ ਤਰ੍ਹਾਂ ਵਾਪਰਦਾ ਕਿਉਂਕਿ ਮੈਂ ਤੇਰੇ ਹੁਕਮਾਂ ਨੂੰ
ਧਿਆਨ ਨਾਲ ਮੰਨਦਾ ਹਾਂ।

## ਹੇਥ

57 ਯਹੋਵਾਹ, ਮੈਂ ਫ਼ੈਸਲਾ ਕੀਤਾ ਸੀ ਕਿ ਤੇਰੇ ਹੁਕਮਾਂ ਨੂੰ ਮੰਨਣਾ
ਮੇਰਾ ਫ਼ਰਜ਼ ਹੈ।
58 ਯਹੋਵਾਹ, ਮੈਂ ਪੂਰੀ ਤਰ੍ਹਾਂ ਤੇਰੇ ਉੱਤੇ ਨਿਰਭਰ ਹਾਂ। ਮੇਰੇ ਉੱਤੇ
ਦਯਾ ਕਰ ਜਿਵੇਂ ਤੂੰ ਵਾਇਦਾ ਕੀਤਾ ਸੀ।
59 ਮੈਂ ਆਪਣੇ ਜੀਵਨ ਬਾਰੇ ਧਿਆਨ ਨਾਲ ਸੋਚਿਆ ਅਤੇ ਮੈਂ
ਤੇਰੇ ਨਿਯਮਾਂ ਵੱਲ ਵਾਪਸ ਮੁੜ ਪਿਆ।
60 ਮੈਂ ਕਾਹਲੀ ਨਾਲ ਮੁੜਿਆ, ਬਿਨ ਦੇਰ ਕੀਤਿਆਂ ਤੇਰੇ
ਹੁਕਮਾਂ ਵੱਲ ਮੁੜਿਆ।
61 ਬੁਰੇ ਲੋਕਾਂ ਦੇ ਇੱਕ ਸਮੂਹ ਨੇ ਮੇਰੇ ਬਾਰੇ ਬੁਰੀਆਂ ਗੱਲਾਂ
ਆਖੀਆਂ। ਪਰ ਹੇ ਯਹੋਵਾਹ ਮੈਂ ਤੇਰੀਆਂ ਸਿੱਖਿਆਵਾਂ
ਨਹੀਂ ਭੁੱਲਿਆ।
62 ਅੱਧੀ ਰਾਤ ਵੇਲੇ, ਮੈਂ ਤੇਰੇ ਭਲੇ ਨਿਆਵਾਂ ਦਾ ਧੰਨਵਾਦ
ਕਰਨ ਲਈ ਉੱਠਦਾ ਹਾਂ।
63 ਮੈਂ ਹਰ ਉਸ ਬੰਦੇ ਦਾ ਦੋਸਤ ਹਾਂ, ਜਿਹੜਾ ਤੇਰੀ ਉਪਾਸਨਾ
ਕਰਦਾ ਹੈ। ਮੈਂ ਹਰ ਉਸ ਬੰਦੇ ਦਾ ਦੋਸਤ ਹਾਂ ਜਿਹੜਾ ਤੇਰੇ
ਹੁਕਮ ਮੰਨਦਾ ਹੈ।
64 ਹੇ ਯਹੋਵਾਹ, ਧਰਤੀ ਨੂੰ ਤੇਰਾ ਸੱਚਾ ਪਿਆਰ ਭਰਦਾ ਹੈ।
ਮੈਨੂੰ ਆਪਣੇ ਨਿਯਮ ਸਿਖਾ।

## ਟੇਥ

65 ਹੇ ਯਹੋਵਾਹ, ਤੂੰ ਮੇਰੇ ਲਈ, ਤੇਰੇ ਸੇਵਕ ਲਈ ਸ਼ੁਭ ਗੱਲਾਂ
ਕੀਤੀਆਂ। ਤੂੰ ਬਿਲਕੁਲ ਉਵੇਂ ਹੀ ਕੀਤਾ ਜਿਸ ਦਾ ਤੂੰ
ਵਾਇਦਾ ਕੀਤਾ ਸੀ।
66 ਹੇ ਯਹੋਵਾਹ, ਮੈਨੂੰ ਸਿਆਣੇ ਨਿਆਂ ਕਰਨ ਲਈ ਗਿਆਨ
ਪ੍ਰਦਾਨ ਕਰ। ਮੈਨੂੰ ਤੇਰੇ ਹੁਕਮਾਂ ਵਿੱਚ ਭਰੋਸਾ ਹੈ।
67 ਦੁੱਖ ਭੋਗਣ ਤੋਂ ਪਹਿਲਾਂ ਮੈਂ ਬਹੁਤ ਗਲਤ ਗੱਲਾਂ ਕੀਤੀਆਂ ਸਨ।
ਪਰ ਹੁਣ, ਮੈਂ ਧਿਆਨ ਨਾਲ ਤੇਰੇ ਹੁਕਮ ਮੰਨਦਾ ਹਾਂ।
68 ਹੇ ਪਰਮੇਸ਼ੁਰ, ਤੂੰ ਭਲਾ ਹੈਂ ਅਤੇ ਤੂੰ ਨੇਕੀ ਕਰਦਾ ਹੈਂ। ਮੈਨੂੰ
ਆਪਣੇ ਨਿਯਮ ਸਿਖਾ।
69 ਉਹ ਲੋਕ ਜੋ ਆਪਣੇ-ਆਪ ਨੂੰ ਮੇਰੇ ਨਾਲੋਂ ਬਿਹਤਰ
ਸਮਝਦੇ ਹਨ ਮੇਰੇ ਬਾਰੇ ਝੂਠ ਬੋਲਿਆ ਹੈ। ਪਰ ਹੇ
ਯਹੋਵਾਹ ਮੈਂ ਸੱਚੇ ਦਿਲੋਂ ਤੇਰੇ ਹੁਕਮ ਮੰਨਦਾ ਰਿਹਾ।
70 ਬਹੁਤ ਲੋਕ ਮੂਰਖ ਹਨ। ਪਰ ਮੈਨੂੰ ਤੇਰੀਆਂ ਸਿੱਖਿਆਵਾਂ
ਦਾ ਅਧਿਐਨ ਕਰਨ ਵਿੱਚ ਖੁਸ਼ੀ ਮਿਲਦੀ ਹੈ।
71 ਮੇਰੇ ਲਈ ਦੁੱਖ ਭੋਗਣਾ ਚੰਗਾ ਸੀ, ਤਾਂ ਕਿ ਮੈਂ ਤੇਰੀਆਂ
ਬਿਧੀਆਂ ਨੂੰ ਸਿੱਖਾਂ।
72 ਯਹੋਵਾਹ, ਤੁਹਾਡੀਆਂ ਸਿੱਖਿਆਵਾਂ ਮੇਰੇ ਲਈ ਕੀਮਤੀ ਹਨ।
ਉਹ ਸੋਨੇ ਚਾਂਦੀ ਦੇ ਹਜ਼ਾਰ ਸਿੱਕਿਆਂ ਨਾਲੋਂ ਬਿਹਤਰ ਹਨ।

## ਯੋਧ

73 ਯਹੋਵਾਹ, ਤੂੰ ਮੈਨੂੰ ਸਾਜਿਆ ਅਤੇ ਤੂੰ ਮੈਨੂੰ ਆਪਣੇ ਹੱਥਾਂ
ਨਾਲ ਆਸਰਾ ਦਿੰਦਾ ਹੈਂ। ਆਪਣੇ ਹੁਕਮਾਂ ਨੂੰ ਸਿੱਖਣ ਤੇ
ਸਮਝਣ ਵਿੱਚ ਮੇਰੀ ਮਦਦ ਕਰ।
74 ਯਹੋਵਾਹ, ਤੇਰੇ ਅਨੁਯਾਈ ਮੈਨੂੰ ਵੇਖਦੇ ਹਨ ਅਤੇ ਮੇਰਾ
ਆਦਰ ਕਰਦੇ ਹਨ। ਉਹ ਖੁਸ਼ ਹਨ ਕਿਉਂਕਿ ਮੈਂ ਤੇਰੇ ਉੱਤੇ
ਵਿਸ਼ਵਾਸ ਕਰਦਾ ਹਾਂ।
75 ਹੇ ਯਹੋਵਾਹ, ਮੈਂ ਜਾਣਦਾ ਹਾਂ ਕਿ ਤੇਰੇ ਫ਼ੈਸਲੇ ਧਰਮ ਦੇ ਹਨ
ਅਤੇ ਮੈਨੂੰ ਦੁੱਖ ਦੇਣ ਵਿੱਚ ਤੂੰ ਸਹੀ ਸੀ।
76 ਹੁਣ, ਮੈਨੂੰ ਆਪਣੇ ਸੱਚੇ ਪਿਆਰ ਨਾਲ ਦਿਲਾਸਾ ਦੇ। ਜਿਵੇਂ
ਤੂੰ ਵਾਇਦਾ ਕੀਤਾ ਸੀ।
77 ਯਹੋਵਾਹ, ਮੈਨੂੰ ਦਿਲਾਸਾ ਦੇ ਅਤੇ ਮੈਨੂੰ ਜਿਉਣ ਦੇ। ਮੈਂ
ਸੱਚਮੁੱਚ ਤੇਰੇ ਉਪਦੇਸ਼ਾਂ ਵਿੱਚ ਅਨੰਦ ਮਾਣਦਾ ਹਾਂ।
78 ਉਨ੍ਹਾਂ ਲੋਕਾਂ, ਜੋ ਆਪਣੇ-ਆਪ ਨੂੰ ਮੇਰੇ ਨਾਲੋਂ ਬਿਹਤਰ
ਸਮਝਦੇ ਹਨ, ਮੇਰੇ ਬਾਰੇ ਝੂਠ ਬੋਲਿਆ। ਮੈਨੂੰ ਆਸ ਹੈ ਕਿ
ਉਹ ਲੋਕ ਸ਼ਰਮਸਾਰ ਹਨ। ਯਹੋਵਾਹ, ਮੈਂ ਤੇਰੇ ਨਿਯਮਾਂ ਦਾ
ਅਧਿਐਨ ਕਰਦਾ ਹਾਂ।
79 ਮੈਨੂੰ ਆਸ ਹੈ ਕਿ ਤੇਰੇ ਅਨੁਯਾਈ ਵਾਪਸ ਮੇਰੇ ਕੋਲ
ਆਵਣਗੇ, ਤਾਂ ਜੋ ਉਹ ਤੇਰੇ ਨਿਯਮਾਂ ਬਾਰੇ ਜਾਣ ਸਕਣ।
80 ਹੇ ਯਹੋਵਾਹ, ਮੈਨੂੰ ਪੂਰੀ ਤਰ੍ਹਾਂ ਤੇਰੇ ਹੁਕਮ ਮੰਨਣ ਦੇ ਤਾਂ ਜੋ
ਮੈਂ ਸ਼ਰਮਸਾਰ ਨਾ ਹੋਵਾਂ।

## ਕਾਫ਼

81 ਤੇਰੇ ਇੰਤਜ਼ਾਰ ਵਿੱਚ ਮੈਂ ਮਰਨ ਕੰਢੇ ਹਾਂ ਕਿ ਤੂੰ ਮੈਨੂੰ
ਬਚਾਵੇਂਗਾ। ਪਰ ਹੇ ਯਹੋਵਾਹ ਮੈਂ ਤੇਰੇ ਬਚਨਾਂ ਵਿੱਚ ਯਕੀਨ
ਰੱਖਦਾ ਹਾਂ।
82 ਮੈ ਉਨ੍ਹਾਂ ਚੀਜ਼ਾਂ ਲਈ ਤੱਕਦਾ ਰਹਿੰਦਾ ਹਾਂ ਜਿਨ੍ਹਾਂ ਦਾ ਤੂੰ
ਵਾਇਦਾ ਕੀਤਾ ਸੀ। ਪਰ ਮੇਰੀਆਂ ਅੱਖਾਂ ਥੱਕ ਜਾਂਦੀਆਂ
ਹਨ। ਯਹੋਵਾਹ, ਤੂੰ ਮੈਨੂੰ ਕਦੋਂ ਸ਼ਾਂਤੀ ਦੇਵੇਂਗਾ।
83 ਭਾਵੇਂ ਮੈਂ ਕੂੜੇ ਵਿੱਚ ਸੁੱਟੀ ਹੋਈ ਮਸ਼ਕ ਹਾਂ।
84 ਮੈਂ ਹੋਰ ਕਿੰਨਾ ਕੁ ਚਿਰ ਜੀਵਾਂਗਾ? ਹੇ ਯਹੋਵਾਹ, ਤੂੰ ਉਨ੍ਹਾਂ
ਲੋਕਾਂ ਨੂੰ ਕਦੋਂ ਸਜ਼ਾ ਦੇਵੇਂਗਾ ਜਿਹੜੇ ਮੈਨੂੰ ਦੰਡ ਦੇ ਰਹੇ ਹਨ।
85 ਕੁਝ ਹੰਕਾਰੀ ਬੰਦਿਆਂ ਨੇ ਆਪਣੀਆਂ ਝੂਠੀਆਂ ਤੋਂਹਮਤਾਂ
ਨਾਲ ਮੈਨੂੰ ਕੋਹਿਆ। ਅਤੇ ਇਹ ਤੇਰੀਆਂ ਸਿੱਖਿਆਵਾਂ ਦੇ
ਖਿਲਾਫ਼ ਹੈ।
86 ਯਹੋਵਾਹ, ਲੋਕ ਤੇਰੇ ਸਾਰੇ ਹੁਕਮਾਂ ਉੱਤੇ ਭਰੋਸਾ ਕਰ ਸਕਦੇ
ਹਨ। ਉਹ ਲੋਕ ਮੈਨੂੰ ਦੰਡ ਦੇਣ ਵਿੱਚ ਗਲਤ ਹਨ ਮੇਰੀ
ਮਦਦ ਕਰ।

87 ਉਨ੍ਹਾਂ ਲੋਕਾਂ ਨੇ ਮੈਨੂੰ ਤਬਾਹ ਹੀ ਕਰ ਦਿੱਤਾ ਸੀ। ਪਰ ਮੈਂ ਤੇਰੇ ਹੁਕਮਾਂ ਨੂੰ ਮੰਨਣ ਤੋਂ ਨਹੀਂ ਰੁਕਿਆ।
88 ਯਹੋਵਾਹ, ਮੇਰੇ ਲਈ ਆਪਣਾ ਸੱਚਾ ਪਿਆਰ ਵਿਖਾ ਅਤੇ ਮੈਨੂੰ ਜਿਉਣ ਦੇ। ਮੈਂ ਉਹੀ ਕਰਾਂਗਾ ਜੋ ਤੂੰ ਆਖੇਂਗਾ।

### *ਲਾਮਦ*

89 ਯਹੋਵਾਹ, ਤੇਰਾ ਬਚਨ ਸਦਾ ਰਹਿੰਦਾ ਹੈ। ਤੁਹਾਡਾ ਬਚਨ ਹਮੇਸ਼ਾ ਸਵਰਗ ਵਿੱਚ ਰਹਿੰਦਾ ਹੈ।
90 ਤੂੰ ਸਦਾ-ਸਦਾ ਲਈ ਵਫ਼ਾਦਾਰ ਹੈਂ। ਯਹੋਵਾਹ, ਤੂੰ ਧਰਤੀ ਨੂੰ ਸਾਜਿਆ ਅਤੇ ਇਹ ਹਾਲੇ ਵੀ ਖਲੋਤੀ ਹੈ।
91 ਇਹ ਹਾਲੇ ਵੀ ਤੇਰੇ ਨਿਯਮਾਂ ਕਾਰਣ ਖਲੋਤੀ ਹੈ। ਕਿਉਂਕਿ ਉਹ ਉਨ੍ਹਾਂ ਨੂੰ ਇੱਕ ਗੁਲਾਮ ਵਾਂਗ ਮੰਨਦੇ ਹਨ।
92 ਜੇ ਤੇਰੀਆਂ ਸਿੱਖਿਆਵਾਂ ਮੇਰੇ ਲਈ ਦੋਸਤਾਂ ਵਾਂਗ ਨਾ ਹੁੰਦੀਆਂ। ਤਾਂ ਮੇਰੇ ਦੁੱਖਾਂ ਨੇ ਮੈਨੂੰ ਤਬਾਹ ਕਰ ਦਿੱਤਾ ਹੁੰਦਾ।
93 ਯਹੋਵਾਹ, ਮੈਂ ਕਦੇ ਵੀ ਤੇਰੇ ਹੁਕਮਾਂ ਨੂੰ ਨਹੀਂ ਭੁੱਲਾਂਗਾ ਕਿਉਂਕਿ ਇਹ ਮੈਨੂੰ ਜਿਉਣ ਦਿੰਦੇ ਹਨ।
94 ਯਹੋਵਾਹ, ਮੈਂ ਤੇਰਾ ਹਾਂ, ਇਸ ਲਈ ਮੈਨੂੰ ਬਚਾ! ਕਿਉਂਕਿ ਮੈਂ ਤੇਰੇ ਹੁਕਮ ਮੰਨਣ ਦੀਆਂ ਸਖਤ ਕੋਸ਼ਿਸ਼ਾਂ ਕਰਦਾ ਹਾਂ।
95 ਬੁਰੇ ਲੋਕਾਂ ਨੇ ਮੈਨੂੰ ਤਬਾਹ ਕਰਨ ਦੀਆਂ ਕੋਸ਼ਿਸ਼ਾ ਕੀਤੀਆਂ। ਪਰ ਤੇਰੇ ਨਿਯਮਾਂ ਨੇ ਮੈਨੂੰ ਸਿਆਣਾ ਬਣਾ ਦਿੱਤਾ।
96 ਹਰ ਚੀਜ਼ ਦੀ ਹਦ ਹੁੰਦੀ ਹੈ, ਪਰ ਤੇਰੇ ਹੁਕਮਨਾਮੇ ਦੀ ਨਹੀਂ।

### *ਮੀਮ*

97 ਆਹਾ, ਹੇ ਯਹੋਵਾਹ, ਮੈਂ ਤੇਰੀਆਂ ਸਿੱਖਿਆਵਾਂ ਨੂੰ ਪਿਆਰ ਕਰਦਾ ਹਾਂ। ਮੈਂ ਹਰ ਵੇਲੇ ਉਨ੍ਹਾਂ ਦੀਆਂ ਗੱਲਾਂ ਕਰਦਾ ਹਾਂ।
98 ਯਹੋਵਾਹ, ਤੇਰੇ ਹੁਕਮਾਂ ਨੇ ਮੈਨੂੰ ਮੇਰੇ ਦੁਸ਼ਮਣਾਂ ਨਾਲੋਂ ਵਧੇਰੇ ਸਿਆਣਾ ਬਣਾ ਦਿੱਤਾ ਹੈ। ਉਹ ਸਦਾ ਮੇਰੇ ਨਾਲ ਹਨ।
99 ਮੈਂ ਆਪਣੇ ਸਾਰੇ ਗੁਰੂਆਂ ਨਾਲੋਂ ਸਿਆਣਾ ਹਾਂ। ਕਿਉਂਕਿ ਮੈਂ ਤੇਰੇ ਨਿਯਮਾਂ ਦਾ ਅਧਿਐਨ ਕਰਦਾ ਹਾਂ।
100 ਮੈਂ ਬਜ਼ੁਰਗ ਆਗੂਆਂ ਨਾਲੋਂ ਵਧੇਰੇ ਸਮਝਦਾ ਹਾਂ। ਕਿਉਂਕਿ ਮੈਂ ਤੇਰੇ ਹੁਕਮ ਨਿਭਾਉਂਦਾ ਹਾਂ।
101 ਮੈਂ ਆਪਣੇ ਪੈਰਾਂ ਨੂੰ ਬੁਰੇ ਰਾਹ ਤੋਂ ਰੋਕ ਰੱਖਿਆ ਹੈ, ਤਾਂ ਕਿ ਮੈਂ ਤੇਰੇ ਬਚਨ ਨੂੰ ਮੰਨਾਂ।
102 ਹੇ ਯਹੋਵਾਹ, ਤੂੰ ਮੇਰਾ ਗੁਰੂ ਹੈਂ, ਇਸ ਲਈ ਮੈਂ ਤੇਰੇ ਫ਼ੈਸਲਿਆ ਨੂੰ ਮੰਨਣਾ ਜਾਰੀ ਰੱਖਾਂਗਾ।
103 ਤੇਰੇ ਸ਼ਬਦ ਮੇਰੇ ਮੂੰਹ ਵਿੱਚ ਸ਼ਹਿਦ ਨਾਲੋਂ ਵੀ ਮਿੱਠੇ ਹਨ।
104 ਤੇਰੀਆਂ ਸਿੱਖਿਆਵਾਂ ਮੈਨੂੰ ਸਿਆਣਾ ਬਣਾਉਂਦੀਆਂ ਹਨ। ਇਸ ਲਈ ਮੈਂ ਝੂਠੀਆਂ ਸਿੱਖਿਆ ਨੂੰ ਨਫ਼ਰਤ ਕਰਦਾ ਹਾਂ।

### *ਨੂਣ*

105 ਯਹੋਵਾਹ, ਤੇਰਾ ਬਚਨ ਮੇਰੇ ਰਾਹ ਨੂੰ ਰੌਸ਼ਨ ਕਰਨ ਵਾਲੇ ਦੀਵੇ ਵਾਂਗ ਹਨ।
106 ਤੇਰੇ ਨਿਯਮ ਭਲੇ ਹਨ। ਮੈਂ ਇਨ੍ਹਾਂ ਨੂੰ ਮੰਨਣ ਦਾ ਵਾਇਦਾ ਕਰਦਾ ਹਾਂ। ਅਤੇ ਮੈਂ ਆਪਣਾ ਵਾਇਦਾ ਨਿਭਾਵਾਂਗਾ।
107 ਹੇ ਯਹੋਵਾਹ, ਮੈਂ ਲੰਮੇ ਸਮੇਂ ਤੱਕ ਦੁੱਖ ਭੋਗਿਆ ਹੈ। ਕਿਰਪਾ ਕਰਕੇ ਹੁਕਮ ਕਰ ਕਿ ਮੈਂ ਫ਼ੇਰ ਜਿਉ ਸਕਾਂ।
108 ਯਹੋਵਾਹ, ਮੇਰੀ ਉਸਤਤ ਪ੍ਰਵਾਨ ਕਰ। ਅਤੇ ਮੈਨੂੰ ਆਪਣੇ ਨਿਯਮ ਸਿਖਾ।
109 ਮੇਰਾ ਜੀਵਨ ਸਦਾ ਖਤਰੇ ਵਿੱਚ ਹੈ। ਪਰ ਮੈਂ ਤੇਰੀਆਂ ਸਿੱਖਿਆਵਾਂ ਨੂੰ ਨਹੀਂ ਭੁੱਲਿਆ ਹਾਂ।
110 ਬੁਰੇ ਆਦਮੀਆਂ ਨੇ ਮੈਨੂੰ ਫ਼ਾਹੁਣ ਦੀ ਕੋਸ਼ਿਸ਼ ਕੀਤੀ। ਪਰ ਮੈਂ ਤੇਰੇ ਹੁਕਮਾਂ ਦੀ ਹੁਕਮ-ਅਦੂਲੀ ਨਹੀਂ ਕੀਤੀ।
111 ਯਹੋਵਾਹ, ਮੈਂ ਸਦਾ ਹੀ ਤੇਰੇ ਨਿਯਮਾਂ ਉੱਤੇ ਚੱਲਾਂਗਾ। ਇਹ ਮੈਨੂੰ ਬਹੁਤ ਖੁਸ਼ੀ ਦਿੰਦੇ ਹਨ।
112 ਮੈਂ ਸਦਾ ਤੇਰੇ ਹੁਕਮਾਂ ਨੂੰ ਮੰਨਣ ਦੀ ਬਹੁਤ ਸਖਤ ਕੋਸ਼ਿਸ਼ ਕਰਾਂਗਾ।

### *ਸਾਮਕ*

113 ਯਹੋਵਾਹ, ਮੈਂ ਉਨ੍ਹਾਂ ਲੋਕਾਂ ਨੂੰ ਨਫ਼ਰਤ ਕਰਦਾ ਹਾਂ ਜਿਹੜੇ ਪੂਰੀ ਤਰ੍ਹਾਂ ਤੇਰੇ ਵਫ਼ਾਦਾਰ ਨਹੀਂ ਹਨ। ਪਰ ਮੈਂ ਤੇਰੀਆਂ ਸਿੱਖਿਆਵਾਂ ਨੂੰ ਪਿਆਰ ਕਰਦਾ ਹਾਂ।
114 ਮੈਨੂੰ ਛੁਪਾ ਲੈ ਅਤੇ ਮੇਰੀ ਰੱਖਿਆ ਕਰ। ਯਹੋਵਾਹ ਮੈਂ ਤੇਰੇ ਬਚਨ ਵਿੱਚ ਯਕੀਨ ਰੱਖਦਾ ਹਾਂ।
115 ਯਹੋਵਾਹ, ਬੁਰੇ ਬੰਦਿਆਂ ਨੂੰ ਮੇਰੇ ਨੇੜੇ ਨਾ ਆਉਣ ਦੇ। ਅਤੇ ਮੈਂ ਪਰਮੇਸ਼ੁਰ ਦਾ ਹੁਕਮ ਮੰਨਾਗਾ।
116 ਯਹੋਵਾਹ, ਤੇਰੇ ਵਾਇਦੇ ਅਨੁਸਾਰ ਮੈਨੂੰ ਸਹਾਰਾ ਦੇ ਅਤੇ ਮੈਂ ਜੀਵਾਂਗਾ। ਮੈਂ ਤੇਰੇ ਵਿੱਚ ਯਕੀਨ ਰੱਖਦਾ ਹਾਂ। ਇਸ ਲਈ ਮੈਨੂੰ ਨਿਰਾਸ਼ ਨਾ ਕਰ।
117 ਹੇ ਯਹੋਵਾਹ, ਮੇਰੀ ਮਦਦ ਕਰ, ਅਤੇ ਮੈਂ ਬਚ ਜਾਵਾਂਗਾ। ਮੈਂ ਸਦਾ ਹੀ ਤੇਰੇ ਹੁਕਮਾਂ ਦਾ ਅਧਿਐਨ ਕਰਾਂਗਾ।
118 ਯਹੋਵਾਹ, ਤੂੰ ਹਰ ਉਸ ਬੰਦੇ ਤੋਂ ਇਨਕਾਰ ਕਰਦਾ ਹੈਂ ਜਿਹੜਾ ਤੇਰੇ ਨਿਯਮ ਤੋੜਦਾ ਹੈ। ਕਿਉਂਕਿ ਉਨ੍ਹਾਂ ਨੇ ਝੂਠ ਆਖਿਆ ਜਦੋਂ ਉਨ੍ਹਾਂ ਨੇ ਤੁਹਾਡਾ ਅਨੁਸਰਣ ਕਰਨ ਲਈ ਹਾਂ ਕੀਤੀ ਸੀ।
119 ਯਹੋਵਾਹ, ਤੂੰ ਬੁਰੇ ਲੋਕਾਂ ਨੂੰ ਧਰਤੀ ਉੱਤੇ ਕੂੜੇ ਵਾਂਗ ਸੁੱਟ ਦਿੰਦਾ ਹੈਂ। ਇਸ ਲਈ ਮੈਂ ਸਦਾ ਹੀ ਤੇਰੇ ਨਿਯਮਾਂ ਨੂੰ ਪਿਆਰ ਕਰਾਂਗਾ।
120 ਯਹੋਵਾਹ, ਮੈਂ ਤੇਰੇ ਕੋਲੋਂ ਡਰਦਾ ਹਾਂ। ਮੈਂ ਡਰਦਾ ਹਾਂ ਅਤੇ ਤੇਰੇ ਨਿਆਵਾਂ ਦਾ ਆਦਰ ਕਰਦਾ ਹਾਂ।

### *ਆਇਨ*

121 ਮੈਂ ਉਹੀ ਕੁਝ ਕੀਤਾ ਜੋ ਸਹੀ ਅਤੇ ਭਲਾ ਹੈ। ਯਹੋਵਾਹ, ਮੈਨੂੰ ਉਨ੍ਹਾਂ ਲੋਕਾਂ ਦੇ ਹਵਾਲੇ ਨਾ ਕਰ ਜਿਹੜੇ ਮੈਨੂੰ ਨੁਕਸਾਨ ਪਹੁੰਚਾਉਣਾ ਚਾਹੁੰਦੇ ਹਨ।
122 ਭਲਿਆਈ ਦਾ ਮੇਰੇ ਲਈ ਵਾਇਦਾ ਕਰ। ਮੈਂ ਤੇਰੇ ਸੇਵਕ ਹਾਂ। ਯਹੋਵਾਹ, ਹੰਕਾਰੀ ਲੋਕਾਂ ਨੂੰ ਮੇਰਾ ਨੁਕਸਾਨ ਨਾ ਕਰਨ ਦੇ।
123 ਯਹੋਵਾਹ, ਮੇਰੀਆਂ ਅੱਖਾਂ ਤੇਰੀ ਸਹਾਇਤਾ ਲਈ, ਤੇਰੇ ਵੱਲੋਂ ਇੱਕ ਚੰਗੇ ਬਚਨ ਲਈ ਤੱਕਦੀਆਂ ਥੱਕ ਗਈਆਂ ਹਨ।
124 ਮੈਂ ਤੇਰਾ ਸੇਵਕ ਹਾਂ। ਮੇਰੇ ਲਈ ਆਪਣਾ ਸੱਚਾ ਪਿਆਰ ਵਿਖਾ, ਆਪਣੇ ਨਿਯਮ ਮੈਨੂੰ ਸਿਖਾ।
125 ਮੈਂ ਤੁਹਾਡਾ ਸੇਵਕ ਹਾਂ ਮੇਰੀ ਸਮਝਣ ਵਿੱਚ ਮਦਦ ਕਰ ਤਾਂ ਜੋ ਮੈਂ ਤੇਰੇ ਨਿਯਮਾਂ ਬਾਰੇ ਜਾਣ ਜਾਵਾਂ।

126 ਯਹੋਵਾਹ, ਤੇਰੇ ਲਈ ਕੁਝ ਕਰਨ ਦਾ ਇਹੀ ਵੇਲਾ ਹੈ। ਲੋਕਾਂ ਨੇ ਤੇਰੇ ਨਿਯਮਾਂ ਨੂੰ ਤੋੜ ਦਿੱਤਾ ਹੈ।
127 ਯਹੋਵਾਹ, ਮੈਂ ਤੇਰੇ ਹੁਕਮਾਂ ਨੂੰ ਸ਼ੁੱਧਤਮ ਸੋਨੇ ਨਾਲੋਂ ਵਧੇਰੇ ਪਿਆਰ ਕਰਦਾ ਹਾਂ।
128 ਮੈਂ ਧਿਆਨ ਨਾਲ ਤੇਰੇ ਸਾਰੇ ਹੁਕਮਾਂ ਨੂੰ ਮੰਨਦਾ ਹਾਂ ਮੈਂ ਝੂਠੀਆਂ ਸਿੱਖਿਆ ਨੂੰ ਨਫ਼ਰਤ ਕਰਦਾ ਹਾਂ।

### ਪੇ

129 ਯਹੋਵਾਹ, ਤੇਰੇ ਨਿਯਮ ਅਦਭੁਤ ਹਨ। ਇਸੇ ਲਈ ਮੈਂ ਉਨ੍ਹਾਂ ਉੱਤੇ ਚੱਲਦਾ ਹਾਂ।
130 ਜਦੋਂ ਲੋਕ ਤੇਰੇ ਬਚਨ ਨੂੰ ਸਮਝਣਾ ਸ਼ੁਰੂ ਕਰ ਦਿੰਦੇ ਹਨ, ਤਾਂ ਇਹ ਉਨ੍ਹਾਂ ਦੇ ਜੀਵਨ ਵਿੱਚ ਰੌਸ਼ਨੀ ਲਿਆਉਂਦਾ ਹੈ। ਤੇਰਾ ਬਚਨ ਸਿੱਧੇ ਸਾਧੇ ਲੋਕਾਂ ਨੂੰ ਵੀ ਸਿਆਣਾ ਬਣਾ ਦਿੰਦਾ ਹੈ।
131 ਯਹੋਵਾਹ, ਮੈਂ ਸੱਚਮੁੱਚ ਤੇਰੇ ਹੁਕਮਾਂ ਦਾ ਅਧਿਐਨ ਕਰਨਾ ਚਾਹੁੰਦਾ ਹਾਂ। ਮੈਂ ਉਸੇ ਬੰਦੇ ਵਰਗਾ ਹਾਂ ਜਿਹੜਾ ਔਖੇ ਸਾਹ ਲੈ ਰਿਹਾ ਹੁੰਦਾ ਹੈ ਅਤੇ ਬੇਚੈਨੀ ਨਾਲ ਇੰਤਜ਼ਾਰ ਕਰ ਰਿਹਾ ਹੁੰਦਾ ਹੈ।
132 ਹੇ ਪਰਮੇਸ਼ੁਰ, ਮੇਰੇ ਵੱਲ ਤੱਕ ਅਤੇ ਮੇਰੇ ਉੱਤੇ ਦਯਾ ਕਰ। ਉਹੀ ਕਰ ਜੋ ਉਨ੍ਹਾਂ ਲੋਕਾਂ ਲਈ ਉਚਿਤ ਹੈ। ਜਿਹੜੇ ਤੇਰੇ ਨਾਮ ਨੂੰ ਪਿਆਰ ਕਰਦੇ ਹਨ।
133 ਹੇ ਯਹੋਵਾਹ, ਮੇਰੀ ਰਾਹਨੁਮਾਈ ਕਰ ਜਿਵੇਂ ਤੂੰ ਵਾਇਦਾ ਕੀਤਾ ਸੀ। ਪਾਪ ਨੂੰ ਮੇਰੇ ਉੱਤੇ ਸ਼ਾਸਨ ਨਾ ਕਰਨ ਦੇ।
134 ਯਹੋਵਾਹ, ਮੈਨੂੰ ਉਨ੍ਹਾਂ ਲੋਕਾਂ ਤੋਂ ਬਚਾ ਜਿਹੜੇ ਮੈਨੂੰ ਦੁੱਖ ਦਿੰਦੇ ਹਨ। ਅਤੇ ਮੈਂ ਤੇਰੇ ਹੁਕਮ ਮੰਨਾਗਾ।
135 ਯਹੋਵਾਹ, ਆਪਣੇ ਸੇਵਕ ਨੂੰ ਪ੍ਰਵਾਨ ਕਰ ਅਤੇ ਮੈਨੂੰ ਆਪਣੇ ਨਿਯਮ ਸਿਖਾ।
136 ਮੈਂ ਅੱਥਰੂਆਂ ਦੇ ਦਰਿਆ ਵਹਾਏ ਹਨ ਕਿਉਂਕਿ ਲੋਕ ਤੇਰੀਆਂ ਸਿੱਖਿਆਵਾਂ ਨੂੰ ਨਹੀਂ ਮੰਨਦੇ।

### ਸਾਦੇ

137 ਯਹੋਵਾਹ, ਤੂੰ ਭਲਾ ਹੈਂ। ਅਤੇ ਤੇਰੇ ਨਿਯਮ ਨਿਰਪੱਖ ਹਨ।
138 ਨਿਯਮ ਜੋ ਤੂੰ ਸਾਨੂੰ ਦਿੱਤੇ ਹਨ ਉਹ ਸੱਚੇ ਹਨ। ਅਸੀਂ ਸੱਚਮੁੱਚ ਉਨ੍ਹਾਂ ਉੱਤੇ ਵਿਸ਼ਵਾਸ ਕਰ ਸਕਦੇ ਹਾਂ।
139 ਮੇਰੀਆਂ ਤੀਬਰ ਭਾਵਨਾਵਾਂ ਮੈਨੂੰ ਤਬਾਹ ਕਰ ਰਹੀਆਂ ਹਨ। ਮੈਂ ਬਹੁਤ ਉਦਾਸ ਹਾਂ, ਕਿਉਂਕਿ ਮੇਰੇ ਦੁਸ਼ਮਣਾਂ ਨੇ ਤੇਰੇ ਹੁਕਮ ਭੁਲਾ ਦਿੱਤੇ ਹਨ।
140 ਹੇ ਯਹੋਵਾਹ, ਸਾਡੇ ਕੋਲ ਪ੍ਰਮਾਣ ਹੈ ਕਿ ਅਸੀਂ ਤੇਰੇ ਬਚਨ ਉੱਤੇ ਵਿਸ਼ਵਾਸ ਕਰ ਸਕਦੇ ਹਾਂ। ਅਤੇ ਮੈਂ ਇਸ ਨੂੰ ਪਿਆਰ ਕਰਦਾ ਹਾਂ।
141 ਮੈਂ ਇੱਕ ਨੌਜਵਾਨ ਹਾਂ, ਅਤੇ ਲੋਕ ਮੇਰਾ ਆਦਰ ਨਹੀਂ ਕਰਦੇ ਪਰ ਮੈਂ ਤੇਰੇ ਹੁਕਮਾਂ ਨੂੰ ਨਹੀਂ ਭੁੱਲਦਾ।
142 ਯਹੋਵਾਹ, ਤੇਰੀ ਨੇਕੀ ਸਦਾ ਲਈ ਹੈ। ਅਤੇ ਤੇਰੀਆਂ ਸਿੱਖਿਆਵਾਂ ਉੱਪਰ ਵਿਸ਼ਵਾਸ ਕੀਤਾ ਜਾ ਸਕਦਾ ਹੈ।
143 ਮੈਂ ਮੁਸੀਬਤਾਂ ਅਤੇ ਔਖੇ ਵੇਲਿਆਂ ਵਿੱਚੋਂ ਦੀ ਨਿੰਕਲਿਆ ਹਾਂ। ਫ਼ੇਰ ਵੀ ਮੈਂ ਤੇਰੇ ਹੁਕਮਾਂ ਦਾ ਅਨੰਦ ਮਾਣਦਾ ਹਾਂ।
144 ਤੇਰੇ ਨਿਯਮ ਸਦਾ ਲਈ ਭਲੇ ਹਨ। ਇਨ੍ਹਾਂ ਨੂੰ ਸਮਝਣ ਵਿੱਚ ਮੇਰੀ ਮਦਦ ਕਰ। ਤਾਂ ਜੋ ਮੈਂ ਜੀ ਸਕਾਂ।

### ਕੋਫ਼

145 ਹੇ ਯਹੋਵਾਹ, ਮੈਂ ਪੂਰੇ ਦਿਲ ਨਾਲ ਪੁਕਾਰਦਾ ਹਾਂ, ਮੈਨੂੰ ਉੱਤਰ ਦੇ। ਮੈਂ ਤੇਰੇ ਹੁਕਮ ਮੰਨਦਾ ਹਾਂ।
146 ਹੇ ਯਹੋਵਾਹ, ਮੈਂ ਤੈਨੂੰ ਅਵਾਜ਼ ਦਿੰਦਾ ਹਾਂ ਮੈਨੂੰ ਬਚਾ! ਅਤੇ ਮੈਂ ਤੇਰੇ ਨਿਯਮਾਂ ਨੂੰ ਮੰਨਾਗਾ।
147 ਮੈਂ ਤੇਰੇ ਅੱਗੇ ਸਵੇਰ ਹੋਣ ਤੋਂ ਪਹਿਲਾਂ ਪ੍ਰਾਰਥਨਾ ਕਰਨ ਲਈ ਉੱਠਿਆ। ਮੈਨੂੰ ਤੇਰੇ ਆਖੇ ਉੱਤੇ ਵਿਸ਼ਵਾਸ ਹੈ।
148 ਮੈਂ ਤੇਰੇ ਬਚਨ ਦਾ ਅਧਿਐਨ ਕਰਨ ਲਈ ਰਾਤ ਭਰ ਜਾਗਦਾ ਰਿਹਾ।
149 ਆਪਣੇ ਸੱਚੇ ਪਿਆਰ ਨਾਲ ਮੇਰੀ ਪ੍ਰਾਰਥਨਾ ਸੁਣ। ਸਿਰਫ਼ ਉਹੀ ਗੱਲਾਂ ਕਰ ਜਿਨ੍ਹਾਂ ਨੂੰ ਤੂੰ ਸਹੀ ਆਖਦਾ ਹੈਂ, ਅਤੇ ਮੈਨੂੰ ਜਿਉਣ ਦੇ
150 ਲੋਕ ਮੇਰੇ ਖਿਲਾਫ਼ ਬੁਰੀਆਂ ਯੋਜਨਾਵਾਂ ਬਣਾ ਰਹੇ ਹਨ। ਉਹ ਲੋਕ ਤੇਰੀਆਂ ਸਿੱਖਿਆਵਾਂ ਉੱਤੇ ਨਹੀਂ ਚੱਲਦੇ।
151 ਯਹੋਵਾਹ, ਤੂੰ ਮੇਰੇ ਨੇੜੇ ਹੈਂ। ਅਤੇ ਤੇਰੇ ਹੁਕਮਾਂ ਉੱਤੇ ਵਿਸ਼ਵਾਸ ਕੀਤਾ ਜਾ ਸਕਦਾ ਹੈ।
152 ਮੈਂ ਬਹੁਤ ਚਿਰ ਪਹਿਲਾਂ ਤੇਰੇ ਨਿਯਮਾਂ ਤੋਂ ਸਿੱਖਿਆ ਸੀ ਕਿ ਤੇਰੀਆਂ ਸਿੱਖਿਆਵਾਂ ਸਦਾ ਰਹਿਣਗੀਆਂ।

### ਰੇਸ਼

153 ਯਹੋਵਾਹ, ਮੇਰੇ ਦੁੱਖ ਨੂੰ ਵੇਖ ਅਤੇ ਮੈਨੂੰ ਬਚਾ। ਮੈਂ ਤੇਰੀਆਂ ਸਿੱਖਿਆਵਾਂ ਨੂੰ ਭੁੱਲਿਆ ਨਹੀਂ ਹਾਂ।
154 ਯਹੋਵਾਹ, ਮੇਰੇ ਲਈ ਮੇਰੀ ਲੜਾਈ ਲੜ, ਅਤੇ ਮੈਨੂੰ ਬਚਾ। ਮੈਨੂੰ ਜਿਉਣ ਦੇ ਜਿਵੇਂ ਕਿ ਤੂੰ ਇਕਰਾਰ ਕੀਤਾ ਸੀ।
155 ਬੁਰੇ ਲੋਕ ਨਹੀਂ ਜਿੱਤਣਗੇ ਕਿਉਂਕਿ ਉਹ ਤੇਰੇ ਨਿਯਮਾਂ ਉੱਤੇ ਨਹੀਂ ਚੱਲਦੇ।
156 ਹੇ ਯਹੋਵਾਹ, ਤੂੰ ਬਹੁਤ ਦਯਾਵਾਨ ਹੈਂ। ਤੇਰਾ ਫ਼ੈਸਲਾ ਹੋਵੇ ਕਿ ਮੈਂ ਜਿਉਵਾਂ।
157 ਮੇਰੇ ਦੁਸ਼ਮਣ ਬਹੁਤ ਹਨ, ਜੋ ਮੈਨੂੰ ਦੁੱਖ ਦੇਣ ਦੀ ਕੋਸ਼ਿਸ਼ ਕਰ ਰਹੇ ਹਨ। ਪਰ ਮੈਂ ਤੇਰੇ ਨਿਯਮਾਂ ਉੱਤੇ ਚੱਲਣ ਤੋਂ ਨਹੀਂ ਹਟਿਆ ਹਾਂ।
158 ਮੈਂ ਉਨ੍ਹਾਂ ਗੱਦਾਰਾਂ ਨੂੰ ਦੇਖਦਾ ਹਾਂ। ਉਹ ਤੇਰੇ ਬਚਨਾਂ ਨੂੰ ਨਹੀਂ ਮੰਨਦੇ ਹਨ। ਯਹੋਵਾਹ, ਅਤੇ ਮੈਂ ਇਸ ਨੂੰ ਨਫ਼ਰਤ ਕਰਦਾ ਹਾਂ।
159 ਦੇਖ, ਮੈਂ ਤੇਰੇ ਹੁਕਮਾਂ ਨੂੰ ਮੰਨਣ ਲਈ ਸਖਤ ਮਿਹਨਤ ਕਰਦਾ ਹਾਂ। ਯਹੋਵਾਹ, ਮੈਨੂੰ ਆਪਣੇ ਸਾਰੇ ਪਿਆਰ ਨਾਲ ਜਿਉਣ ਦੇ।
160 ਸ਼ੁਰੂ ਤੋਂ ਹੀ, ਤੇਰੇ ਸਾਰੇ ਬਚਨਾਂ ਉੱਤੇ ਵਿਸ਼ਵਾਸ ਕੀਤਾ ਜਾ ਸਕਦਾ ਹੈ। ਯਹੋਵਾਹ, ਤੇਰੇ ਨਿਯਮ ਭਲੇ ਹਨ ਅਤੇ ਸਦਾ ਹੀ ਰਹਿਣਗੇ।

### ਸ਼ੀਨ

161 ਸ਼ਕਤੀਸ਼ਾਲੀ ਆਗੂਆ ਨੇ ਮੇਰੇ ਉੱਤੇ ਅਕਾਰਣ ਹੀ ਹਮਲਾ ਕੀਤਾ। ਪਰ ਮੈਂ ਡਰਦਾ ਅਤੇ ਸਿਰਫ਼ ਤੇਰੇ ਹੀ ਨਿਯਮਾਂ ਦਾ ਆਦਰ ਕਰਦਾ ਹਾਂ।
162 ਯਹੋਵਾਹ, ਤੇਰਾ ਬਚਨ ਮੈਨੂੰ ਖੁਸ਼ੀ ਦਿੰਦਾ ਹੈ, ਉਸ ਬੰਦੇ

ਜਿੰਨਾ ਖੁਸ਼, ਜਿਸ ਨੂੰ ਹੁਣੇ-ਹੁਣ ਵੱਡਾ ਖਜ਼ਾਨਾ ਮਿਲ ਗਿਆ ਹੋਵੇ।
163 ਮੈਂ ਝੂਠ ਨੂੰ ਨਫ਼ਰਤ ਕਰਦਾ ਹਾਂ, ਮੈਂ ਉਨ੍ਹਾਂ ਨੂੰ ਬਰਦਾਸ਼ਤ ਨਹੀਂ ਕਰ ਸਕਦਾ। ਪਰ ਹੇ ਯਹੋਵਾਹ ਮੈਂ ਤੇਰੀਆਂ ਸਿੱਖਿਆਵਾਂ ਨੂੰ ਪਿਆਰ ਕਰਦਾ ਹਾਂ।
164 ਮੈਂ ਦਿਨ ਵਿੱਚ ਸੱਤ ਵਾਰੀ ਤੇਰੇ ਭਲੇ ਨਿਯਮਾਂ ਲਈ ਤੇਰੀ ਉਸਤਤ ਕਰਦਾ ਹਾਂ।
165 ਉਹ ਲੋਕ ਜਿਹੜੇ ਤੇਰੇ ਉਪਦੇਸ਼ਾਂ ਨੂੰ ਪਿਆਰ ਕਰਦੇ ਹਨ ਅਸਲੀ ਸ਼ਾਂਤੀ ਪ੍ਰਾਪਤ ਕਰਨਗੇ। ਅਤੇ ਉਨ੍ਹਾਂ ਨੂੰ ਕੁਝ ਵੀ ਨਹੀਂ ਡੇਗ ਸਕੇਗਾ।
166 ਯਹੋਵਾਹ, ਮੈਂ ਤੇਰੇ ਵੱਲੋਂ ਬਚਾਏ ਜਾਣ ਦਾ ਇੰਤਜ਼ਾਰ ਕਰ ਰਿਹਾ ਹਾਂ। ਮੈਂ ਤੇਰੇ ਹੁਕਮ ਮੰਨੇ ਹਨ।
167 ਮੈਂ ਤੇਰੇ ਨਿਯਮਾਂ ਅਨੁਸਾਰ ਚੱਲਿਆ ਹਾਂ। ਯਹੋਵਾਹ, ਮੈਂ ਤੇਰੇ ਨਿਯਮਾਂ ਨੂੰ ਬਹੁਤ ਪਿਆਰ ਕਰਦਾ ਹਾਂ।
168 ਮੈਂ ਤੇਰੇ ਨਿਯਮਾਂ ਅਤੇ ਹੁਕਮਾਂ ਨੂੰ ਮੰਨਿਆ ਹੈ। ਯਹੋਵਾਹ, ਤੂੰ ਉਸ ਸਭ ਕੁਝ ਬਾਰੇ ਜਾਣਦਾ ਹੈਂ ਜੋ ਮੈਂ ਕੀਤਾ ਹੈ।

### *ਤਾਉ*

169 ਹੇ ਯਹੋਵਾਹ, ਸਹਾਇਤਾ ਲਈ ਮੇਰੀ ਦੁਹਾਈ ਸੁਣ। ਮੈਨੂੰ ਬੁੱਧੀਮਾਨ ਬਣਾ ਜਿਵੇਂ ਤੂੰ ਇਕਰਾਰ ਕੀਤਾ ਸੀ।
170 ਯਹੋਵਾਹ, ਮੇਰੀ ਪ੍ਰਾਰਥਨਾ ਨੂੰ ਸੁਣ। ਮੈਨੂੰ ਬਚਾ ਜਿਵੇਂ ਤੂੰ ਇਕਰਾਰ ਕੀਤਾ ਸੀ।
171 ਮੈਂ ਅਚਾਨਕ ਉਸਤਤ ਦੇ ਗੀਤ ਗਾਉਣ ਲੱਗਦਾ ਹਾਂ, ਕਿਉਂਕਿ ਤੂੰ ਮੈਨੂੰ ਆਪਣੇ ਨਿਯਮ ਸਿੱਖਾਏ ਹਨ।
172 ਮੈਨੂੰ ਤੇਰੇ ਬਚਨਾਂ ਨੂੰ ਗਾਉਣ ਦੇ। ਅਤੇ ਮੈਨੂੰ ਮੇਰਾ ਗੀਤ ਗਾਉਣ ਦੇ। ਯਹੋਵਾਹ, ਤੇਰੇ ਸਾਰੇ ਨਿਯਮ ਭਲੇ ਹਨ।
173 ਮੈਂ ਤੇਰੇ ਹੁਕਮਾਂ ਨੂੰ ਪਾਲਣ ਦੀ ਚੋਣ ਕੀਤੀ ਹੈ। ਇਸ ਲਈ ਮੇਰੇ ਕੋਲ ਪਹੁੰਚ ਅਤੇ ਮੇਰੀ ਮਦਦ ਕਰ।
174 ਯਹੋਵਾਹ, ਮੈਂ ਚਾਹੁੰਦਾ ਹਾਂ ਕਿ ਤੂੰ ਮੈਨੂੰ ਬਚਾ। ਪਰ ਤੇਰੀਆਂ ਸਿੱਖਿਆਵਾਂ ਮੈਨੂੰ ਖੁਸ਼ੀ ਦਿੰਦੀਆਂ ਹਨ।
175 ਮੈਨੂੰ ਜਿਉਣ ਦੇ ਅਤੇ ਤੇਰੀ ਉਸਤਤ ਕਰਨ ਦੇ। ਯਹੋਵਾਹ ਤੇਰੇ ਨਿਯਮਾਂ ਨੂੰ ਮੇਰੀ ਮਦਦ ਕਰਨ ਦੇ।
176 ਮੈਂ ਗੁਆਚੀ ਭੇਡਾਂ ਵਾਂਗ ਭਟਕਿਆ ਹਾਂ। ਹੇ ਯਹੋਵਾਹ, ਮੇਰੀ ਤਲਾਸ਼ ਵਿੱਚ ਆ। ਮੈਂ ਤੁਹਾਡਾ ਸੇਵਕ ਹਾਂ, ਅਤੇ ਮੈਂ ਤੇਰੇ ਹੁਕਮਾਂ ਨੂੰ ਨਹੀਂ ਭੁੱਲਿਆ ਹਾਂ।

*ਮੰਦਰ ਜਾਣ ਵਾਲਿਆ ਲਈ ਇੱਕ ਗੀਤ।*

**120** 1ਮੈਂ ਮੁਸੀਬਤ ਵਿੱਚ ਸਾਂ। ਮੈਂ ਮਦਦ ਲਈ ਯਹੋਵਾਹ ਨੂੰ ਪੁਕਾਰਿਆ। ਅਤੇ ਉਸ ਨੇ ਮੈਨੂੰ ਬਚਾਇਆ!
2 ਯਹੋਵਾਹ, ਮੈਨੂੰ ਉਨ੍ਹਾਂ ਲੋਕਾਂ ਕੋਲੋਂ ਬਚਾ, ਜਿਨ੍ਹਾਂ ਨੇ ਮੇਰੇ ਬਾਰੇ ਕੂੜ ਬੋਲਿਆ ਹੈ। ਉਨ੍ਹਾਂ ਨੇ ਉਹ ਗੱਲਾਂ ਆਖੀਆਂ ਜਿਹੜੀਆਂ ਸੱਚ ਨਹੀਂ ਹਨ।
3 ਝੂਠਿਓ, ਤੁਸੀਂ ਜਾਣਦੇ ਹੋ ਕਿ ਪ੍ਰਭੂ ਤੋਂ ਤੁਹਾਨੂੰ ਕੀ ਮਿਲੇਗਾ? ਤੁਸੀਂ ਜਾਣਦੇ ਹੋ ਤੁਹਾਡਾ ਕੀ ਲਾਭ ਹੋਵੇਗਾ?
4 ਸਜ਼ਾ ਵਜੋਂ ਤੈਨੂੰ ਫ਼ੌਜੀ ਦਾ ਇੱਕ ਤਿੱਖਾ ਤੀਰ ਅਤੇ ਗਰਮ ਕੋਲੇ ਮਿਲਣਗੇ।
5 ਕਿੰਨਾ ਭਿਆਨਕ, ਤੇਰੇ ਨਜ਼ਦੀਕ ਰਹਿਣਾ ਮਸ਼ਕ ਵਿੱਚ ਰਹਿਣ ਵਰਗਾ ਹੈ। ਇਹ ਕੇਦਾਰ ਦੇ ਤੰਬੂਆਂ ਵਿੱਚ ਰਹਿਣ ਵਰਗਾ ਹੈ।
6 ਮੈਂ ਬਹੁਤ ਚਿਰ ਉਨ੍ਹਾਂ ਲੋਕਾਂ ਨਾਲ ਰਹਿ ਚੁੱਕਿਆ ਹਾਂ, ਜਿਹੜੇ ਅਮਨ ਨੂੰ ਨਫ਼ਰਤ ਕਰਦੇ ਹਨ।
7 ਮੈਂ ਆਖਿਆ ਕਿ ਮੈਂ ਅਮਨ ਦੀ ਇੱਛਾ ਕਰਦਾ ਹਾਂ। ਫ਼ੇਰ ਵੀ ਉਹ ਯੁੱਧ ਚਾਹੁੰਦੇ ਹਨ।

*ਮੰਦਰ ਵਿੱਚ ਜਾਣ ਵਾਲਿਆ ਲਈ ਇੱਕ ਗੀਤ।*

**121** 1ਮੈਂ ਮਦਦ ਲਈ ਪਹਾੜਾਂ ਵੱਲ ਵੇਖਿਆ, ਪਰ ਅਸਲ ਵਿੱਚ ਮੇਰੇ ਲਈ ਮਦਦ ਕਿੱਥੋਂ ਆਵੇਗੀ।
2 ਮੇਰੇ ਲਈ ਮਦਦ ਯਹੋਵਾਹ ਵਲੋਂ ਧਰਤੀ ਅਤੇ ਅਕਾਸ਼ ਦੇ ਸਿਰਜਣਹਾਰੇ ਵੱਲੋਂ ਆਵੇਗੀ।
3 ਪਰਮੇਸ਼ੁਰ ਤੈਨੂੰ ਡਿੱਗਣ ਨਹੀਂ ਦੇਵੇਗਾ। ਤੇਰਾ ਰਾਖਾ ਸੌਂਵੇਗਾ ਨਹੀਂ।
4 ਇਸਰਾਏਲ ਦੇ ਰਾਖੇ ਨੂੰ ਨੀਂਦ ਨਹੀਂ ਆਉਂਦੀ ਪਰਮੇਸ਼ੁਰ ਕਦੇ ਸੌਂਦਾ ਨਹੀਂ।
5 ਯਹੋਵਾਹ ਤੇਰਾ ਰਾਖਾ ਹੈ। ਉਹ ਆਪਣੀ ਮਹਾਨ ਸ਼ਕਤੀ ਨਾਲ ਤੁਹਾਡੀ ਰਾਖੀ ਕਰਦਾ ਹੈ।
6 ਦਿਨ ਵੇਲੇ ਸੂਰਜ ਤੈਨੂੰ ਦੁੱਖ ਨਹੀਂ ਦੇ ਸਕਦਾ। ਅਤੇ ਚੰਦ ਤੈਨੂੰ ਰਾਤ ਵੇਲੇ ਦੁੱਖ ਨਹੀਂ ਦੇ ਸਕਦਾ।
7 ਯਹੋਵਾਹ ਤੈਨੂੰ ਹਰ ਖਤਰੇ ਤੋਂ ਬਚਾਵੇਗਾ। ਯਹੋਵਾਹ ਤੇਰੀ ਜਾਨ ਨੂੰ ਬਚਾਵੇਗਾ।
8 ਆਉਣ ਜਾਣ ਵੇਲੇ ਯਹੋਵਾਹ ਤੇਰੀ ਮਦਦ ਕਰੇਗਾ। ਯਹੋਵਾਹ ਹੁਣ ਅਤੇ ਸਦਾ ਹੀ ਤੇਰੀ ਮਦਦ ਕਰੇਗਾ।

*ਮੰਦਰ ਜਾਣ ਵੇਲੇ ਦਾਊਦ ਦਾ ਇੱਕ ਗੀਤ।*

**122** 1ਮੈਂ ਬਹੁਤ ਖੁਸ਼ ਸਾਂ, ਜਦੋਂ ਲੋਕਾਂ ਨੇ ਆਖਿਆ, "ਆਉ ਅਸੀਂ ਯਹੋਵਾਹ ਦੇ ਮੰਦਰ ਵਿੱਚ ਚੱਲੀਏ।"
2 ਅਸੀਂ ਇੱਥੇ ਹਾਂ, ਯਰੂਸ਼ਲਮ ਦੇ ਦਰਾਂ ਉੱਤੇ ਖਲੋਤੇ ਹੋਏ।
3 ਇਹ ਨਵਾਂ ਯਰੂਸ਼ਲਮ ਹੈ! ਸ਼ਹਿਰ ਨੂੰ ਸਾਂਝੇ ਸ਼ਹਿਰ ਵਜੋਂ ਦੁਬਾਰਾ ਉਸਾਰਿਆ ਗਿਆ ਹੈ।
4 ਇੱਥੇ ਹੀ ਪਰਿਵਾਰਾਂ ਦੇ ਸਮੂਹ ਜਾਂਦੇ ਹਨ। ਇੱਥੇ ਇਸਰਾਏਲ ਦੇ ਲੋਕ ਯਹੋਵਾਹ ਦੇ ਨਾਮ ਦੀ ਉਸਤਤ ਕਰਨ ਲਈ ਆਉਂਦੇ ਹਨ। ਉਹ ਪਰਿਵਾਰ ਸਮੂਹ ਉਹੀ ਹਨ ਜਿਹੜੇ ਯਹੋਵਾਹ ਦੇ ਹਨ।
5 ਉੱਥੇ ਦਾਊਦ ਦੇ ਪਰਿਵਾਰ ਦੇ ਰਾਜੇ ਆਪਣੇ ਤਖਤ ਸਥਾਪਿਤ ਕਰਦੇ ਹਨ। ਉੱਥੇ ਉਹ ਲੋਕਾਂ ਦਾ ਨਿਆਂ ਕਰਨ ਲਈ ਤਖਤ ਸਥਾਪਿਤ ਕਰਦੇ ਹਨ।
6 ਸ਼ਾਂਤੀ ਲਈ ਯਰੂਸ਼ਲਮ ਵਿੱਚ ਪ੍ਰਾਰਥਨਾ ਕਰੋ, "ਮੈਨੂੰ ਆਸ ਹੈ ਕਿ ਉਨ੍ਹਾਂ ਲੋਕਾਂ ਨੂੰ ਜਿਹੜੇ ਤੈਨੂੰ ਪਿਆਰ ਕਰਦੇ ਹਨ, ਇੱਥੇ ਸ਼ਾਂਤੀ ਮਿਲੇਗੀ।
7 ਮੈਨੂੰ ਆਸ ਹੈ ਕਿ ਤੇਰੀਆਂ ਕੰਧਾ ਅੰਦਰ ਸ਼ਾਂਤੀ ਹੋਵੇਗੀ। ਮੈਨੂੰ ਆਸ ਹੈ ਕਿ ਤੈਨੂੰ ਤੇਰੇ ਮਹਿਲਾ ਅੰਦਰ ਸੁਰੱਖਿਆ ਮਿਲੇਗੀ।"

8 ਆਪਣੇ ਭਰਾਵਾਂ ਅਤੇ ਗੁਆਂਢੀਆਂ ਦੇ ਭਲੇ ਲਈ, ਮੈਂ
ਪ੍ਰਾਰਥਨਾ ਕਰਦਾ ਹਾਂ ਕਿ ਇੱਥੇ ਸ਼ਾਂਤੀ ਮਿਲੇਗੀ।
9 ਯਹੋਵਾਹ ਦੇ ਅਤੇ ਸਾਡੇ ਪਰਮੇਸ਼ੁਰ ਦੇ ਮੰਦਰ ਦੇ ਭਲੇ
ਲਈ ਮੈਂ ਪ੍ਰਾਰਥਨਾ ਕਰਦਾ ਹਾਂ ਕਿ ਇਸ ਸ਼ਹਿਰ ਦਾ ਭਲਾ
ਹੋਵੇ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**123** 1ਹੇ ਪਰਮੇਸ਼ੁਰ, ਮੈਂ ਉੱਪਰ ਤੱਕਦਾ ਹਾਂ ਅਤੇ ਤੇਰੇ
ਅੱਗੇ ਪ੍ਰਾਰਥਨਾ ਕਰਦਾ ਹਾਂ। ਤੂੰ ਸਵਰਗ ਵਿੱਚ
ਵੱਡੇ ਰਾਜੇ ਵਾਂਗ ਬੈਠ।
2 ਜਿਵੇਂ ਦਾਸ ਆਪਣੀਆਂ ਲੋੜਾਂ ਲਈ ਆਪਣੇ ਮਾਲਕ ਉੱਤੇ
ਨਿਰਭਰ ਕਰਦੇ ਹਨ, ਅਤੇ ਦਾਸੀ ਆਪਣੀ ਮਾਲਕਣ ਉੱਤੇ
ਨਿਰਭਰ ਕਰਦੀ ਹੈ। ਇਸੇ ਤਰ੍ਹਾਂ, ਅਸੀਂ ਆਪਣੇ ਯਹੋਵਾਹ
ਪਰਮੇਸ਼ੁਰ ਉੱਤੇ ਨਿਰਭਰ ਕਰਦੇ ਹਾਂ, ਅਸੀਂ ਪਰਮੇਸ਼ੁਰ ਦਾ
ਸਾਡੇ ਉੱਤੇ ਦਯਾ ਕਰਨ ਲਈ ਇੰਤਜ਼ਾਰ ਕਰਦੇ ਹਾਂ।
3 ਯਹੋਵਾਹ, ਸਾਡੇ ਉੱਪਰ ਦਯਾ ਕਰ; ਕਿਉਂਕਿ ਅਸੀਂ ਬਹੁਤ
ਚਿਰ ਤੱਕ ਬੇਇੱਜ਼ਤ ਹੋਏ ਹਾਂ।
4 ਅਸੀਂ ਉਨ੍ਹਾਂ ਸੁਸਤ ਹੰਕਾਰੀ ਲੋਕਾਂ ਵੱਲੋਂ ਬਹੁਤ
ਬੇਇੱਜ਼ਤੀਆਂ ਅਤੇ ਤੁਹਮਤਾਂ ਸਹਾਰੀਆਂ ਹਨ।

*ਮੰਦਰ ਜਾਣ ਵੇਲੇ ਦਾਊਦ ਦਾ ਇੱਕ ਗੀਤ।*

**124** 1ਸਾਡੇ ਨਾਲ ਕੀ ਵਾਪਰਦਾ ਜੇ ਯਹੋਵਾਹ ਸਾਡੇ
ਵੱਲ ਨਾ ਹੁੰਦਾ? ਹੇ ਇਸਰਾਏਲ, ਜਵਾਬ ਦੇ।
2 ਸਾਡੇ ਨਾਲ ਕੀ ਵਾਪਰਦਾ, ਜੇ ਉਦੋਂ ਯਹੋਵਾਹ ਸਾਡੇ ਵੱਲ ਨਾ
ਹੁੰਦਾ ਜਦੋਂ ਲੋਕ ਸਾਡੇ ਉੱਤੇ ਹਮਲਾ ਕਰਦੇ ਹਨ?
3 ਤਾਂ ਉਹ ਸਾਨੂੰ ਜਿਉਂਦਿਆਂ ਨੂੰ ਨਿਗਲ ਜਾਂਦੇ, ਜਦ ਉਹ
ਸਾਡੇ ਨਾਲ ਗੁੱਸੇ ਹੁੰਦੇ।
4 ਸਾਡੇ ਦੁਸ਼ਮਣਾਂ ਦੀਆਂ ਫੌਜਾਂ ਸਾਨੂੰ ਹੜ੍ਹ ਵਾਂਗ ਰੋੜ੍ਹ
ਦਿੰਦੀਆਂ, ਸਾਨੂੰ ਦਰਿਆ ਵਾਂਗ ਡੋਬ ਦਿੰਦੀਆਂ।
5 ਉਹ ਲੋਕ ਸਾਡੀ ਧੌਣ ਤੱਕ ਚੜ੍ਹਦੇ ਪਾਣੀ ਵਾਂਗ ਹੁੰਦੇ ਅਤੇ
ਸਾਨੂੰ ਡੋਬ ਦਿੰਦੇ।
6 ਯਹੋਵਾਹ ਦੀ ਉਸਤਤ ਕਰੋ! ਯਹੋਵਾਹ ਨੇ ਸਾਨੂੰ ਸਾਡੇ
ਦੁਸ਼ਮਣਾਂ ਹੱਥੋਂ ਫ਼ੜੇ ਜਾਣ ਅਤੇ ਸਾਨੂੰ ਮਰਨ ਨਹੀਂ ਦਿੱਤਾ।
7 ਅਸੀਂ ਉਸ ਪੰਛੀ ਵਾਂਗ ਹਾਂ ਜਿਹੜਾ ਜਾਲ ਵਿੱਚ ਫ਼ਸ
ਗਿਆ ਅਤੇ ਫ਼ੇਰ ਛੁੱਟ ਗਿਆ। ਜਾਲ ਟੁੱਟ ਗਿਆ ਅਤੇ
ਅਸੀਂ ਛੁੱਟ ਗਏ।
8 ਸਾਨੂੰ ਯਹੋਵਾਹ ਕੋਲੋਂ ਮਦਦ ਮਿਲੀ। ਜਿਸ ਨੇ ਸਵਰਗ
ਅਤੇ ਧਰਤੀ ਨੂੰ ਸਾਜਿਆ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**125** 1ਜਿਹੜੇ ਯਹੋਵਾਹ ਵਿੱਚ ਵਿਸ਼ਵਾਸ ਕਰਦੇ
ਹਨ, ਉਹ ਸੀਯੋਨ ਪਰਬਤ ਵਰਗੇ ਹਨ। ਉਹ
ਕਦੇ ਵੀ ਨਹੀਂ ਹਿਲਾਏ ਜਾਣਗੇ, ਉਹ ਸਦਾ ਹੀ ਰਹਿਣਗੇ।
2 ਜਿਵੇਂ ਯਰੂਸ਼ਲਮ ਦੇ ਚਾਰ-ਚੁਫ਼ੇਰੇ ਪਰਬਤ ਹਨ। ਤਿਵੇਂ
ਯਹੋਵਾਹ ਆਪਣੇ ਲੋਕਾਂ ਦੇ ਆਲੇ-ਦੁਆਲੇ ਹੈ। ਉਹ ਸਦਾ-
ਸਦਾ ਲਈ ਆਪਣੇ ਲੋਕਾਂ ਨੂੰ ਬਚਾਵੇਗਾ।
3 ਬੁਰੇ ਬੰਦੇ ਨੇਕ ਬੰਦਿਆ ਦੀ ਧਰਤੀ ਨੂੰ ਸਦਾ ਵਾਸਤੇ ਕਾਬੂ
ਵਿੱਚ ਨਹੀਂ ਰੱਖਣਗੇ। ਜੇ ਇਸ ਤਰ੍ਹਾਂ ਹੋਵੇਗਾ, ਤਾਂ ਨੇਕ ਬੰਦੇ
ਵੀ ਬੁਰੇ ਅਮਲ ਕਰਨੇ ਸ਼ੁਰੂ ਕਰ ਦੇਣਗੇ।
4 ਹੇ ਯਹੋਵਾਹ, ਨੇਕ ਬੰਦਿਆ ਨਾਲ ਨੇਕੀ ਕਰ। ਉਨ੍ਹਾਂ ਲੋਕਾਂ
ਨਾਲ ਨੇਕੀ ਕਰ ਜਿਨ੍ਹਾਂ ਦਾ ਦਿਲ ਸ਼ੁੱਧ ਹੈ।
5 ਬੁਰੇ ਆਦਮੀ ਬੁਰੀਆਂ ਗੱਲਾਂ ਕਰਦੇ ਹਨ। ਯਹੋਵਾਹ ਉਨ੍ਹਾਂ
ਬੁਰੇ ਲੋਕਾਂ ਨੂੰ ਦੰਡ ਦੇਵੇਗਾ।

ਇਸਰਾਏਲ ਵਿੱਚ ਸ਼ਾਂਤੀ ਹੋਵੇ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**126** 1ਜਦੋਂ ਇੱਕ ਵਾਰ ਫ਼ੇਰ ਯਹੋਵਾਹ ਸਾਨੂੰ
ਮੁਕਤ ਕਰੇਗਾ ਇਹ ਗੱਲ ਸੁਫ਼ਨੇ ਵਰਗੀ
ਹੋਵੇਗੀ।
2 ਅਸੀਂ ਹੱਸ ਰਹੇ ਹੋਵਾਂਗੇ ਅਤੇ ਖੁਸ਼ੀ ਦੇ ਗੀਤ ਗਾ ਰਹੇ
ਹੋਵਾਂਗੇ। ਹੋਰਨਾਂ ਕੌਮਾਂ ਦੇ ਲੋਕ ਆਖਣਗੇ, "ਪਰਮੇਸ਼ੁਰ ਨੇ
ਇਸਰਾਏਲ ਦੇ ਲੋਕਾਂ ਲਈ ਚਮਤਕਾਰ ਕੀਤਾ।"
3 ਹਾਂ, ਜੇ ਯਹੋਵਾਹ ਨੇ ਸਾਡੇ ਲਈ ਇਹੋ ਜਿਹਾ ਚਮਤਕਾਰ
ਕੀਤਾ ਅਸੀਂ ਬਹੁਤ ਖੁਸ਼ ਹੋਵਾਂਗੇ।
4 ਯਹੋਵਾਹ, ਸਾਨੂੰ ਇੱਕ ਵਾਰ ਫ਼ੇਰ ਮੁਕਤ ਕਰ। ਜਦੋਂ ਉਹ
ਬੀਜ ਬੀਜਦਾ ਹੈ, ਪਰ ਉਹ ਖੁਸ਼ ਹੋਵੇਗਾ ਜਦੋਂ ਉਹ ਫ਼ਸਲਾਂ
ਨੂੰ ਕੱਟੇਗਾ।
5 ਕੋਈ ਬੰਦਾ, ਜਦੋਂ ਉਹ ਬੀਜ ਬੀਜਦਾ ਹੈ ਉਦਾਸ ਹੋ ਸਕਦਾ
ਹੈ। ਪਰ ਉਹ ਉਦੋਂ ਖੁਸ਼ ਹੋਵੇਗਾ ਜਦੋਂ ਉਹ ਫ਼ਸਲਾ ਨੂੰ
ਕੱਟੇਗਾ।
6 ਹੋ ਸਕਦਾ ਹੈ ਜਦੋਂ ਉਹ ਖੇਤਾਂ ਵੱਲ ਬੀਜ ਲੈ ਕੇ ਜਾਂਦਾ ਰੋਂਦਾ
ਹੋਵੇ। ਪਰ ਉਹ ਉਦੋਂ ਪ੍ਰਸੰਨ ਹੋਵੇਗਾ ਜਦੋਂ ਉਹ ਆਪਣੇ
ਘਰ ਫ਼ਸਲ ਲੈ ਕੇ ਆਉਂਦਾ ਹੋਵੇ।

*ਮੰਦਰ ਜਾਣ ਵੇਲੇ ਸੁਲੇਮਾਨ ਦਾ ਇੱਕ ਗੀਤ।*

**127** 1ਜੇਕਰ ਇਹ ਯਹੋਵਾਹ ਨਹੀਂ ਜਿਸ ਨੇ ਘਰ
ਬਣਾਇਆ ਹੈ, ਤਾਂ ਬਣਾਉਣ ਵਾਲਾ ਆਪਣਾ
ਵਕਤ ਬਰਬਾਦ ਕਰ ਰਿਹਾ ਹੈ। ਜੇਕਰ ਯਹੋਵਾਹ ਇੱਕ
ਸ਼ਹਿਰ ਦਾ ਧਿਆਨ ਨਹੀਂ ਰੱਖ ਰਿਹਾ, ਤਾਂ ਪਹਿਰੇਦਾਰ
ਆਪਣਾ ਵਕਤ ਜਾਇਆ ਕਰ ਰਹੇ ਸਨ।
2 ਇਹ ਸਵੇਰੇ ਉੱਠਣਾ ਅਤੇ ਰੋਜੀ ਕੁਮਾਉਣ ਲਈ ਦੇਰ
ਰਾਤ ਤੱਕ ਜਾਗਦੇ ਰਹਿਣਾ ਵਕਤ ਜਾਇਆ ਕਰਨਾ ਹੀ
ਹੈ। ਯਹੋਵਾਹ ਉਨ੍ਹਾਂ ਲੋਕਾਂ ਦੀ ਪਾਲਣਾ ਕਰਦਾ ਹੈ ਜਿਨ੍ਹਾਂ ਨੂੰ
ਉਹ ਪਿਆਰ ਕਰਦਾ ਹੈ ਜਦ ਕਿ ਉਹ ਸੁੱਤੇ ਪਏ ਵੀ ਹੁੰਦੇ
ਹਨ।
3 ਬੱਚੇ ਯਹੋਵਾਹ ਵੱਲੋਂ ਸੁਗਾਤ ਹਨ, ਉਹ ਮਾਂ ਦੇ ਸਰੀਰ ਵੱਲੋਂ
ਇਨਾਮ ਹਨ।
4 ਜਵਾਨ ਆਦਮੀ ਦੇ ਪੁੱਤਰ ਇੱਕ ਫ਼ੌਜੀ ਦੇ ਤਰਕਸ਼ ਵਿੱਚਲੇ
ਤੀਰਾਂ ਵਰਗੇ ਹਨ।
5 ਉਹ ਆਦਮੀ ਜਿਹੜਾ ਆਪਣੇ ਤਰਕਸ਼ ਨੂੰ ਪੁੱਤਰਾਂ ਨਾਲ
ਭਰ ਲੈਂਦਾ ਹੈ, ਉਹ ਬਹੁਤ ਮੁਬਾਰਕ ਹੋਵੇਗਾ। ਉਹ ਬੰਦਾ
ਕਦੇ ਵੀ ਨਹੀਂ ਹਾਰੇਗਾ, ਜਦ ਉਹ ਸ਼ਹਿਰ ਦੇ ਫਾਟਕਾਂ ਉੱਤੇ
ਦੁਸ਼ਮਣਾਂ ਨਾਲ ਟਾਕਰਾ ਕਰੇਗਾ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**128** 1 ਜੋ ਯਹੋਵਾਹ ਦਾ ਭੈ ਮੰਨਦੇ ਅਤੇ ਆਦਰ ਕਰਦੇ ਹਨ ਅਤੇ ਉਸ ਤਰ੍ਹਾਂ ਜੀਉਂਦੇ ਹਨ ਜਿਸ ਤਰ੍ਹਾਂ ਉਹ ਚਾਹੁੰਦਾ ਹੈ, ਉਨ੍ਹਾਂ ਲਈ ਬਹੁਤ ਬੜੀਆਂ ਬਰਕਤਾਂ ਹਨ।
2 ਜਿਨ੍ਹਾਂ ਚੀਜ਼ਾਂ ਲਈ ਤੂੰ ਮਿਹਨਤ ਕੀਤੀ ਹੈ, ਤੂੰ ਉਨ੍ਹਾਂ ਚੀਜ਼ਾਂ ਨੂੰ ਮਾਣੇਂਗਾ। ਤੂੰ ਖੁਸ਼ ਹੋਵੇਂਗਾ ਅਤੇ ਤੇਰੇ ਨਾਲ ਚੰਗੀਆਂ ਗੱਲਾਂ ਵਾਪਰਨਗੀਆਂ।
3 ਘਰ ਵਿੱਚ, ਤੇਰੀ ਪਤਨੀ ਫ਼ਲਦਾਰ ਅੰਗੂਰੀ ਵੇਲ ਵਰਗੀ ਹੋਵੇਗੀ। ਤੇਰੇ ਬੱਚੇ ਜ਼ੈਤੂਨ ਦੇ ਰੁੱਖਾਂ ਨਾਲ ਭਰੇ ਹੋਏ ਚਮਨ ਦੀ ਤਰ੍ਹਾਂ ਤੇਰੀ ਮੇਜ਼ ਦੇ ਆਲੇ ਦੁਆਲੇ ਹੋਣਗੇ।
4 ਯਹੋਵਾਹ ਸੱਚਮੁੱਚ ਉਨ੍ਹਾਂ ਨੂੰ ਇਸ ਤਰ੍ਹਾਂ ਦੀ ਬਰਕਤ ਦੇਵੇਗਾ ਜੋ ਉਸ ਦਾ ਆਦਰ ਕਰਦੇ ਹਨ।
5 ਯਹੋਵਾਹ ਸੀਯੋਨ ਤੋਂ ਤੈਨੂੰ ਅਸੀਸ ਦੇਵੇ। ਤੂੰ ਜੀਵਨ ਭਰ ਯਰੂਸ਼ਲਮ ਦੀ ਅਸੀਸ ਮਾਣੇ।
6 ਤੂੰ ਆਪਣੇ ਦੋਹਤ੍ਰੇ ਪੋਤ੍ਰੇ ਨੂੰ ਵੇਖਣ ਤੱਕ ਜੀਉਂਦਾ ਰਹੇਂਗਾ। ਇਸਰਾਏਲ ਵਿੱਚ ਸ਼ਾਂਤੀ ਹੋਵੇ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**129** 1 ਮੇਰੀ ਸਾਰੀ ਉਮਰ ਵਿੱਚ ਮੇਰੇ ਬਹੁਤ ਸਾਰੇ ਦੁਸ਼ਮਣ ਸਨ। ਸਾਨੂੰ ਉਨ੍ਹਾਂ ਦੁਸ਼ਮਣਾਂ ਬਾਰੇ ਦੱਸ, ਓ ਇਸਰਾਏਲ।
2 ਮੇਰੀ ਸਾਰੀ ਉਮਰ ਵਿੱਚ ਮੇਰੇ ਬਹੁਤ ਸਾਰੇ ਦੁਸ਼ਮਣ ਸਨ, ਪਰ ਉਹ ਕਦੇ ਵੀ ਨਹੀਂ ਜਿੱਤ ਸਕੇ।
3 ਉਨ੍ਹਾਂ ਨੇ ਮੈਨੂੰ ਉਦੋਂ ਤੱਕ ਮਾਰਿਆ ਜਦੋਂ ਤੱਕ ਕਿ ਮੇਰੀ ਪਿੱਠ ਉੱਤੇ ਗਹਿਰੇ ਜ਼ਖਮ ਨਹੀਂ ਹੋ ਗਏ। ਮੇਰੀ ਪਿੱਠ ਤਾਜ਼ੇ ਹਲ ਵਾਹੇ ਹੋਏ ਖੇਤ ਵਾਂਗ ਵਿਖਾਈ ਦਿੰਦੀ ਸੀ।
4 ਪਰ ਭਲੇ ਯਹੋਵਾਹ ਨੇ ਮੇਰੇ ਫ਼ੰਦੇ ਕੱਟ ਦਿੱਤੇ, ਅਤੇ ਮੈਨੂੰ ਉਨ੍ਹਾਂ ਬੁਰੇ ਲੋਕਾਂ ਤੋਂ ਅਜ਼ਾਦ ਕਰ ਦਿੱਤਾ।
5 ਉਹ ਲੋਕ, ਜਿਨ੍ਹਾਂ ਨੇ ਸੀਯੋਨ ਨੂੰ ਨਫ਼ਰਤ ਕੀਤੀ ਸੀ, ਹਾਰ ਗਏ ਸਨ। ਉਨ੍ਹਾਂ ਨੇ ਲੜਨਾ ਛੱਡ ਦਿੱਤਾ ਸੀ ਅਤੇ ਉਹ ਨੱਸ ਗਏ ਸਨ।
6 ਉਹ ਲੋਕ ਛੱਤ ਉਤਲੇ ਘਾਹ ਵਰਗੇ ਸਨ। ਇਹ ਘਾਹ ਵਧਣ ਤੋਂ ਪਹਿਲਾ ਹੀ ਮਰ ਜਾਂਦਾ ਹੈ।
7 ਕੋਈ ਕਾਮਾ ਉਸ ਘਾਹ ਨੂੰ ਮੁੱਠੀ ਭਰ ਨਹੀਂ ਲੈ ਸਕਦਾ। ਇਹ ਇੱਕ ਢੇਰੀ ਲਈ ਵੀ ਕਾਫ਼ੀ ਨਹੀਂ ਹੈ।
8 ਜਿਹੜੇ ਲੋਕੀਂ ਕੋਲੋਂ ਦੀ ਲੰਘਦੇ ਹਨ, ਨਹੀਂ ਆਖਣਗੇ, "ਯਹੋਵਾਹ ਤੈਨੂੰ ਅਸੀਸ ਦੇਵੇ। ਲੋਕ ਉਨ੍ਹਾਂ ਦਾ ਸਵਾਗਤ ਨਹੀਂ ਕਰਨਗੇ ਅਤੇ ਨਹੀਂ ਆਖਣਗੇ, 'ਅਸੀਂ ਤੈਨੂੰ ਯਹੋਵਾਹ ਦੇ ਨਾਮ ਉੱਤੇ ਅਸੀਸ ਦਿੰਦੇ ਹਾਂ।'"

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**130** 1 ਯਹੋਵਾਹ, ਮੈਂ ਡੂੰਘੀਆਂ ਮੁਸੀਬਤਾਂ ਵਿੱਚ ਹਾਂ, ਇਸੇ ਲਈ ਮੈਂ ਤੈਨੂੰ ਮਦਦ ਲਈ ਪੁਕਾਰ ਰਿਹਾ ਹਾਂ।
2 ਮੇਰੇ ਮਾਲਕ, ਮੇਰੀ ਪੁਕਾਰ ਸੁਣ। ਮੇਰੀ ਪੁਕਾਰ ਨੂੰ ਮਦਦ ਲਈ ਸੁਣ।
3 ਯਹੋਵਾਹ, ਜੇ ਤੂੰ ਲੋਕਾਂ ਨੂੰ ਉਨ੍ਹਾਂ ਦੇ ਗੁਨਾਹਾ ਦਾ ਸੱਚਮੁੱਚ ਦੰਡ ਦਿੰਦਾ। ਕੋਈ ਵੀ ਬੰਦਾ ਜੀਉਂਦਾ ਨਹੀਂ ਬਚਣਾ ਸੀ।
4 ਯਹੋਵਾਹ, ਆਪਣੇ ਬੰਦਿਆ ਨੂੰ ਬਖਸ਼ ਦੇ। ਫ਼ੇਰ ਲੋਕ ਤੇਰੀ ਉਪਾਸਨਾ ਕਰਨ ਵਾਲੇ ਹੋਣਗੇ।
5 ਮੈਂ ਯਹੋਵਾਹ ਦੀ ਮਦਦ ਲਈ ਇੰਤਜ਼ਾਰ ਕਰ ਰਿਹਾ ਹਾਂ। ਮੇਰੀ ਜਾਨ ਉਸ ਦਾ ਇੰਤਜ਼ਾਰ ਕਰਦੀ ਹੈ। ਮੈਨੂੰ ਯਹੋਵਾਹ ਦੇ ਆਖੇ ਉੱਤੇ ਵਿਸ਼ਵਾਸ ਹੈ।
6 ਮੈਂ ਆਪਣੇ ਮਾਲਕ ਦਾ ਇੰਤਜ਼ਾਰ ਕਰ ਰਿਹਾ ਹਾਂ। ਮੈਂ ਉਨ੍ਹਾਂ ਚੌਕੀਦਾਰਾਂ ਵਰਗਾ ਹਾਂ। ਜਿਹੜੇ ਸਵੇਰ ਹੋਣ ਦਾ ਇੰਤਜ਼ਾਰ ਹੀ ਇੰਤਜ਼ਾਰ ਕਰਦੇ ਰਹਿੰਦੇ ਹਨ।
7 ਹੇ ਇਸਰਾਏਲ, ਯਹੋਵਾਹ ਉੱਤੇ ਵਿਸ਼ਵਾਸ ਕਰ। ਸੱਚਾ ਪਿਆਰ ਸਿਰਫ਼ ਯਹੋਵਾਹ ਪਾਸੋਂ ਹੀ ਮਿਲਦਾ ਹੈ। ਯਹੋਵਾਹ ਸਾਨੂੰ ਬਾਰ-ਬਾਰ ਬਚਾਉਂਦਾ ਹੈ।
8 ਅਤੇ ਯਹੋਵਾਹ ਇਸਰਾਏਲ ਦੇ ਸਾਰੇ ਗੁਨਾਹ ਮਾਫ ਕਰ ਦੇਵੇਗਾ।

*ਮੰਦਰ ਜਾਣ ਵੇਲੇ ਦਾਊਦ ਦਾ ਇੱਕ ਗੀਤ।*

**131** 1 ਯਹੋਵਾਹ, ਮੈਂ ਹੰਕਾਰੀ ਨਹੀਂ ਹਾਂ। ਮੈਂ ਮਹੱਤਵਪੂਰਣ ਹੋਣ ਦਾ ਦਿਖਾਵਾ ਨਹੀਂ ਕਰਦਾ। ਮੈਂ ਮਹਾਨ ਕੰਮ ਕਰਨ ਦੀ ਕੋਸ਼ਿਸ਼ ਨਹੀਂ ਕਰਦਾ। ਮੈਂ ਉਨ੍ਹਾਂ ਗੱਲਾਂ ਬਾਰੇ ਫ਼ਿਕਰ ਨਹੀਂ ਕਰਦਾ ਜਿਹੜੀਆਂ ਮੇਰੇ ਵਾਸਤੇ ਮੁਸ਼ਕਿਲ ਹਨ।
2 ਮੈਂ ਸ਼ਾਂਤ ਹਾਂ। ਮੇਰੀ ਰੂਹ ਸ਼ਾਂਤ ਹੈ। ਮੇਰੀ ਜਾਨ ਸ਼ਾਂਤ ਅਤੇ ਚੁੱਪ ਹੈ। ਜਿਵੇਂ ਕੋਈ ਬੱਚਾ ਆਪਣੀ ਮਾਂ ਦੀ ਗੋਦ ਵਿੱਚ ਸੰਤੁਸ਼ਟ ਹੋਵੇ।
3 ਇਸਰਾਏਲ, ਯਹੋਵਾਹ ਉੱਤੇ ਵਿਸ਼ਵਾਸ ਕਰ। ਹੁਣ ਉਸ ਉੱਤੇ ਵਿਸ਼ਵਾਸ ਕਰ ਅਤੇ ਸਦਾ ਲਈ ਵਿਸ਼ਵਾਸ ਕਰ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

**132** 1 ਹੇ ਯਹੋਵਾਹ, ਯਾਦ ਕਰ ਕਿ ਦਾਊਦ ਨੇ ਕਿਵੇਂ ਦੁੱਖ ਭੋਗਿਆ।
2 ਦਾਊਦ ਨੇ ਯਹੋਵਾਹ ਨਾਲ ਇਕਰਾਰ ਕੀਤਾ। ਦਾਊਦ ਨੇ ਯਾਕੂਬ ਦੇ ਪਰਮੇਸ਼ੁਰ ਨਾਲ ਖਾਸ ਇਕਰਾਰ ਕੀਤਾ।
3 ਦਾਊਦ ਨੇ ਆਖਿਆ, "ਮੈਂ ਆਪਣੇ ਘਰ ਅੰਦਰ ਨਹੀਂ ਜਾਵਾਂਗਾ, ਮੈਂ ਆਪਣੇ ਬਿਸਤਰ ਉੱਤੇ ਨਹੀਂ ਲੇਟਾਂਗਾ।
4 ਮੈਂ ਸੌਂਵਾਂਗਾ ਨਹੀਂ ਮੈਂ ਆਪਣੀਆਂ ਅੱਖਾਂ ਨੂੰ ਅਰਾਮ ਨਹੀਂ ਦੇਵਾਂਗਾ।
5 ਮੈਂ ਉਨ੍ਹਾਂ ਵਿੱਚੋਂ ਕੋਈ ਵੀ ਗੱਲ ਨਹੀਂ ਕਰਾਂਗਾ ਜਦੋਂ ਤੀਕ ਮੈਂ ਯਹੋਵਾਹ ਲਈ ਘਰ ਨਹੀਂ ਲੱਭਦਾ। ਯਾਕੂਬ ਦੇ ਪਰਮੇਸ਼ੁਰ ਲਈ ਇੱਕ ਸ਼ਕਤੀਸ਼ਾਲੀ ਘਰ!"
6 ਅਸੀਂ ਇਸ ਬਾਰੇ ਅਫ਼ਰਾਥਾਹ ਵਿੱਚ ਸੁਣਿਆ। ਅਸੀਂ ਕਰਾਰ ਦੇ ਪਵਿੱਤਰ ਸੰਦੂਕ ਨੂੰ ਕਿਰਯਥ-ਯਾਅਰ ਦੇ ਪਹਾੜੀ ਖੇਤਾਂ ਵਿੱਚ ਲੱਭ ਲਿਆ।
7 ਆਓ ਅਸੀਂ ਪਵਿੱਤਰ ਤੰਬੂ ਅੰਦਰ ਚੱਲੀਏ। ਅਸੀਂ ਉਸ ਚੌਂਕੀ ਕੋਲ ਉਪਾਸਨਾ ਕਰੀਏ ਜਿੱਥੇ ਪਰਮੇਸ਼ੁਰ ਆਪਣੇ ਕਦਮ ਰੱਖਦਾ ਹੈ।

8 ਯਹੋਵਾਹ, ਆਪਣੇ ਆਸਣ ਤੋਂ ਉੱਠ! ਯਹੋਵਾਹ, ਤੂੰ ਅਤੇ ਤੁਹਾਡਾ ਸ਼ਕਤੀਸ਼ਾਲੀ ਸੰਦੂਕ ਉੱਠੇ।
9 ਹੇ ਪਰਮੇਸ਼ੁਰ, ਤੇਰੇ ਜਾਜਕ ਧਾਰਮਿਕਤਾ ਨਾਲ ਨਾਲ ਸੱਜੇ ਹੋਏ ਹੋਣ। ਤੇਰੇ ਵਫ਼ਾਦਾਰ ਪੈਰੋਕਾਰ ਬਹੁਤ ਪ੍ਰਸੰਨ ਹਨ।
10 ਆਪਣੇ ਸੇਵਕ ਦਾਊਦ ਦੇ ਭਲੇ ਲਈ, ਆਪਣੇ ਚੁਣੇ ਹੋਏ ਰਾਜੇ ਨੂੰ ਰੱਦ ਨਾ ਕਰ।
11 ਯਹੋਵਾਹ ਨੇ ਦਾਊਦ ਨਾਲ ਇਕਰਾਰ ਕੀਤਾ। ਯਹੋਵਾਹ ਨੇ ਦਾਊਦ ਨਾਲ ਵਫ਼ਾਦਾਰ ਹੋਣ ਦਾ ਇਕਰਾਰ ਕੀਤਾ। ਯਹੋਵਾਹ ਨੇ ਇਕਰਾਰ ਕੀਤਾ ਕਿ ਦਾਊਦ ਦੇ ਪਰਿਵਾਰ ਵਿੱਚੋਂ ਰਾਜੇ ਹੋਣਗੇ।
12 ਯਹੋਵਾਹ ਨੇ ਆਖਿਆ, "ਦਾਊਦ, ਜੇ ਤੇਰੀ ਅੰਸ ਮੇਰੇ ਕਰਾਰ ਨੂੰ ਅਤੇ ਉਨ੍ਹਾਂ ਨਿਯਮਾਂ ਨੂੰ ਮੰਨੇਗੀ ਜਿਨ੍ਹਾਂ ਦੀ ਮੈਂ ਸਿੱਖਿਆ ਦਿੰਦਾ ਹਾਂ। ਫ਼ੇਰ ਤੇਰੇ ਪਰਿਵਾਰ ਵਿੱਚੋਂ ਹੀ ਸਦਾ ਕੋਈ ਨਾ ਕੋਈ ਰਾਜਾ ਹੋਵੇਗਾ।"
13 ਯਹੋਵਾਹ ਨੇ ਸੀਯੋਨ ਨੂੰ ਆਪਣੇ ਮੰਦਰ ਸਥਾਨ ਵਜੋਂ ਚੁਣਿਆ। ਇਹ ਉਹੀ ਥਾਂ ਹੈ ਜਿਹੜੀ ਉਹ ਆਪਣੇ ਘਰ ਵਾਸਤੇ ਚਾਹੁੰਦਾ ਸੀ।
14 ਯਹੋਵਾਹ ਨੇ ਆਖਿਆ, "ਸਦਾ-ਸਦਾ ਲਈ ਮੇਰਾ ਇਹੀ ਸਥਾਨ ਹੋਵੇਗਾ ਮੈਂ ਇਸ ਥਾਂ ਨੂੰ ਚੁਣਦਾ ਹਾਂ ਜਿੱਥੇ ਮੈਂ ਹੋਵਾਂਗਾ।
15 ਮੈਂ ਇਸ ਸ਼ਹਿਰ ਨੂੰ ਚੋਖੇ ਭੋਜਨ ਦੀ ਅਸੀਸ ਦੇਵਾਂਗਾ। ਤਾਂ ਜੋ ਗਰੀਬ ਲੋਕਾਂ ਕੋਲ ਖਾਣ ਲਈ, ਚੋਖਾ ਹੋਵੇਗਾ।
16 ਮੈਂ ਜਾਜਕਾਂ ਨੂੰ ਮੁਕਤੀ ਦੇ ਵਸਤਰ ਪਹਿਨਾਵਾਂਗਾ। ਅਤੇ ਮੇਰੇ ਅਨੁਯਾਈ ਉੱਥੇ ਬਹੁਤ ਖੁਸ਼ ਹੋਣਗੇ।
17 ਇਸ ਥਾਂ ਅੰਦਰ, ਮੈਂ ਦਾਊਦ ਨੂੰ ਬਲਵਾਨ ਬਣਾਵਾਂਗਾ। ਮੈਂ ਆਪਣੇ ਚੁਣੇ ਹੋਏ ਰਾਜੇ ਨੂੰ ਇੱਕ ਦੀਪਕ ਪ੍ਰਦਾਨ ਕਰਾਂਗਾ।
18 ਮੈਂ ਦਾਊਦ ਦੇ ਦੁਸ਼ਮਣਾਂ ਨੂੰ ਸ਼ਰਮ ਨਾਲ ਢੱਕ ਦਿਆਂਗਾ। ਪਰ ਮੈਂ ਦਾਊਦ ਦੇ ਪਰਿਵਾਰ ਨੂੰ ਵਧਾ ਦੇਵਾਂਗਾ।"

*ਮੰਦਰ ਜਾਣ ਵੇਲੇ ਦਾਊਦ ਦਾ ਇੱਕ ਗੀਤ।*

## 133

1 ਆਹਾ, ਇਹ ਕਿੰਨੀ ਚੰਗੀ ਅਤੇ ਪ੍ਰਸੰਨਤਾ ਭਰੀ ਗੱਲ ਹੈ ਜਦੋਂ ਸੱਚਮੁੱਚ ਭਰਾ ਇਕੱਠੇ ਹੋ ਕੇ ਮਿਲ-ਬੈਠਦੇ ਹਨ।
2 ਇਹ ਹਾਰੂਨ ਦੇ ਸਿਰ ਉੱਤੇ ਪਾਏ ਹੋਏ ਮਿੱਠੀ ਸੁਗੰਧ ਵਾਲੇ ਤੇਲ ਵਾਂਗ ਹੈ, ਅਤੇ ਉਸ ਦੀ ਦਾਹੜੀ ਵਿੱਚੋਂ ਹੇਠਾਂ ਤਿਲਕਦੇ ਹੋਏ ਜਿਹੜਾ ਉਸ ਦੇ ਖਾਸ ਵਸਤਰਾਂ ਉੱਤੇ ਵੱਗਦਾ ਹੈ।
3 ਇਹ ਵਰਖਾ ਵਾਂਗ ਨਰਮ ਹੈ ਜੋ ਹਰਮੋਨ ਪਰਬਤ ਤੋਂ ਸੀਯੋਨ ਪਰਬਤ ਉੱਤੇ ਹੋ ਰਹੀ ਹੈ। ਕਿਉਂਕਿ ਇਹ ਸੀਯੋਨ ਹੀ ਸੀ ਜਿਸ ਨੂੰ ਯਹੋਵਾਹ ਨੇ ਅਸੀਸ ਪ੍ਰਦਾਨ ਕੀਤੀ ਸੀ। ਸਦੀਵੀ ਜੀਵਨ ਦੀ ਅਸੀਸ।

*ਮੰਦਰ ਜਾਣ ਵੇਲੇ ਦਾ ਇੱਕ ਗੀਤ।*

## 134

1 ਯਹੋਵਾਹ ਦੀ ਉਸਤਤ ਕਰੋ, ਉਸ ਦੇ ਸਾਰੇ ਸੇਵਕੋ! ਤੇਰੇ ਸੇਵਕਾਂ ਨੇ ਤੇਰੇ ਮੰਦਰ ਵਿੱਚ ਸੇਵਾ ਕੀਤੀ ਸੀ।
2 ਸੇਵਕੋ, ਆਪਣੇ ਹੱਥ ਉਠਾਓ ਅਤੇ ਯਹੋਵਾਹ ਨੂੰ ਮੁਬਾਰਕ ਆਖੋ।
3 ਅਤੇ ਯਹੋਵਾਹ ਤੈਨੂੰ ਸੀਯੋਨ ਤੋਂ ਅਸੀਸ ਦੇਵੇ ਯਹੋਵਾਹ ਨੇ ਸਵਰਗ ਅਤੇ ਧਰਤੀ ਨੂੰ ਸਾਜਿਆ ਹੈ।

## 135

1 ਯਹੋਵਾਹ ਦੀ ਉਸਤਤ ਕਰੋ। ਯਹੋਵਾਹ ਦੇ ਨਾਮ ਦੀ ਉਸਤਤ ਕਰੋ! ਯਹੋਵਾਹ ਦੇ ਸੇਵਕੋ, ਉਸ ਦੀ ਉਸਤਤ ਕਰੋ!
2 ਉਸ ਦੀ ਉਸਤਤ ਕਰੋ, ਤੁਸੀਂ ਲੋਕ ਜਿਹੜੇ ਯਹੋਵਾਹ ਦੇ ਮੰਦਰ ਵਿੱਚ, ਸਾਡੇ ਪਰਮੇਸ਼ੁਰ ਦੇ ਮੰਦਰ ਦੇ ਬਰਾਂਡੇ ਵਿੱਚ ਖਲੋਤੇ ਹੋਏ ਹੋ।
3 ਯਹੋਵਾਹ ਦੀ ਉਸਤਤ ਕਰੋ, ਕਿਉਂਕਿ ਉਹ ਭਲਾ ਹੈ। ਉਸ ਦੇ ਨਾਮ ਦੀ ਉਸਤਤ ਕਰੋ, ਕਿਉਂਕਿ ਇਹ ਖੁਸ਼ੀ ਭਰਿਆ ਹੈ।
4 ਯਹੋਵਾਹ ਨੇ ਯਾਕੂਬ ਨੂੰ ਚੁਣਿਆ ਹੈ। ਇਸਰਾਏਲ ਪਰਮੇਸ਼ੁਰ ਦਾ ਹੈ।
5 ਮੈਂ ਜਾਣਦਾ ਹਾਂ ਯਹੋਵਾਹ ਮਹਾਨ ਹੈ! ਸਾਡਾ ਪ੍ਰਭੂ ਸਾਰੇ ਦੇਵਤਿਆ ਨਾਲੋਂ ਵਧੇਰੇ ਮਹਾਨ ਹੈ।
6 ਯਹੋਵਾਹ ਨੇ ਜੋ ਵੀ ਚਾਹਿਆ ਉਹ ਨੇ ਅਕਾਸ਼ ਵਿੱਚ ਅਤੇ ਧਰਤੀ ਉੱਤੇ ਸਮੁੰਦਰਾਂ ਵਿੱਚ ਅਤੇ ਗਹਿਰੇ ਮਹਾਂਸਾਗਰਾਂ ਵਿੱਚ ਕੀਤਾ।
7 ਪਰਮੇਸ਼ੁਰ ਸਾਰੀ ਧਰਤੀ ਉੱਤੇ ਬੱਦਲਵਾਹੀ ਕਰਦਾ ਹੈ। ਪਰਮੇਸ਼ੁਰ ਬਿਜਲੀ ਚਮਕਾਉਂਦਾ ਹੈ ਅਤੇ ਵਰਖਾ ਕਰਦਾ ਹੈ। ਯਹੋਵਾਹ ਹਵਾ ਨੂੰ ਸਾਜਦਾ ਹੈ।
8 ਪਰਮੇਸ਼ੁਰ ਨੇ ਮਿਸਰ ਵਿੱਚ ਆਦਮੀ ਦੇ ਪਲੋਠੇ ਅਤੇ ਉਨ੍ਹਾਂ ਦੇ ਜਾਨਵਰਾਂ ਨੂੰ ਤਬਾਹ ਕਰ ਦਿੱਤਾ ਹੈ।
9 ਪਰਮੇਸ਼ੁਰ ਨੇ ਮਿਸਰ ਵਿੱਚ ਬਹੁਤ ਸਾਰੇ ਚਮਤਕਾਰ ਅਤੇ ਕਰਿਸ਼ਮੇ ਕੀਤੇ। ਪਰਮੇਸ਼ੁਰ ਨੇ ਇਹ ਗੱਲਾਂ ਫ਼ਿਰਊਨ ਅਤੇ ਉਸ ਦੇ ਅਫ਼ਸਰਾਂ ਨਾਲ ਵਾਪਰਨ ਦਾ ਕਾਰਣ ਬਣਾਇਆ।
10 ਪਰਮੇਸ਼ੁਰ ਨੇ ਬਹੁਤ ਸਾਰੀਆਂ ਕੌਮਾਂ ਨੂੰ ਹਰਾ ਦਿੱਤਾ ਪਰਮੇਸ਼ੁਰ ਨੇ ਸ਼ਕਤੀਸ਼ਾਲੀ ਰਾਜੇ ਮਾਰ ਦਿੱਤੇ।
11 ਪਰਮੇਸ਼ੁਰ ਨੇ ਅਮੋਰੀਆਂ ਦੇ ਰਾਜੇ ਸੀਹੋਨ ਨੂੰ ਹਰਾ ਦਿੱਤਾ, ਪਰਮੇਸ਼ੁਰ ਨੇ ਬਾਸ਼ਾਨ ਦੇ ਰਾਜੇ ਓਗ ਨੂੰ ਹਰਾ ਦਿੱਤਾ, ਪਰਮੇਸ਼ੁਰ ਨੇ ਕਨਾਨ ਦੀਆਂ ਸਾਰੀਆਂ ਕੌਮਾਂ ਨੂੰ ਹਰਾ ਦਿੱਤਾ।
12 ਅਤੇ ਪਰਮੇਸ਼ੁਰ ਨੇ ਉਨ੍ਹਾਂ ਦੀ ਧਰਤੀ ਇਸਰਾਏਲ ਨੂੰ ਦੇ ਦਿੱਤੀ। ਪਰਮੇਸ਼ੁਰ ਨੇ ਉਹ ਧਰਤੀ ਆਪਣੇ ਲੋਕਾਂ ਨੂੰ ਦੇ ਦਿੱਤੀ।
13 ਯਹੋਵਾਹ, ਤੇਰਾ ਨਾਮ ਸਦਾ ਲਈ ਰੌਸ਼ਨ ਰਹੇਗਾ। ਯਹੋਵਾਹ ਲੋਕ ਤੈਨੂੰ ਸਦਾ-ਸਦਾ ਲਈ ਯਾਦ ਕਰਨਗੇ।
14 ਯਹੋਵਾਹ ਨੇ ਕੌਮਾ ਨੂੰ ਸਜ਼ਾ ਦਿੱਤੀ ਪਰ ਯਹੋਵਾਹ ਆਪਣੇ ਸੇਵਕਾਂ ਲਈ ਦਯਾਵਾਨ ਹੈ।
15 ਪਰਾਈਆਂ ਕੌਮਾਂ ਦੇ ਲੋਕ ਸਿਰਫ਼ ਸੋਨੇ-ਚਾਂਦੀ ਦੇ ਦੇਵਤੇ ਹੀ ਹਨ, ਉਨ੍ਹਾਂ ਦੇ ਦੇਵਤੇ ਬੰਦਿਆ ਦੇ ਬਣਾਏ ਹੋਏ ਸਿਰਫ਼ ਬੁੱਤ ਹਨ।
16 ਬੁੱਤਾਂ ਦੇ ਮੂੰਹ ਤਾਂ ਹਨ ਪਰ ਉਹ ਬੋਲ ਨਹੀਂ ਸਕਦੇ, ਬੁੱਤਾਂ ਦੀਆਂ ਅੱਖਾਂ ਤਾਂ ਹਨ ਪਰ ਉਹ ਦੇਖ ਨਹੀਂ ਸਕਦੇ।
17 ਬੁੱਤਾਂ ਦੇ ਕੰਨ ਤਾਂ ਹਨ ਪਰ ਸੁਣ ਨਹੀਂ ਸਕਦੇ, ਬੁੱਤਾਂ ਦੇ ਨੱਕ ਤਾਂ ਹਨ ਪਰ ਸੁੰਘ ਨਹੀਂ ਸਕਦੇ।

18 ਉਹ ਜਿਨ੍ਹਾਂ ਨੇ ਬੁੱਤ ਬਣਾਏ, ਉਹ ਉਨ੍ਹਾਂ ਵਰਗੇ ਹੋਣਗੇ। ਕਿਉਂਕਿ ਉਨ੍ਹਾਂ ਨੇ ਸਹਾਇਤਾ ਲਈ ਬੁੱਤਾ ਉੱਤੇ ਵਿਸ਼ਵਾਸ ਕੀਤਾ।
19 ਇਸਰਾਏਲ ਦੇ ਪਰਿਵਾਰ ਵਾਲਿਓ, ਯਹੋਵਾਹ ਨੂੰ ਮੁਬਾਰਕ ਆਖੋ! ਹਾਰੂਨ ਦੇ ਪਰਿਵਾਰ ਵਾਲਿਓ, ਯਹੋਵਾਹ ਨੂੰ ਮੁਬਾਰਕ ਆਖੋ!
20 ਲੇਵੀ ਦੇ ਪਰਿਵਾਰ ਵਾਲਿਓ, ਯਹੋਵਾਹ ਨੂੰ ਮੁਬਾਰਕ ਆਖੋ! ਯਹੋਵਾਹ ਦੇ ਮੰਨਣ ਵਾਲਿਓ ਯਹੋਵਾਹ ਨੂੰ ਮੁਬਾਰਕ ਆਖੋ।
21 ਯਹੋਵਾਹ ਸੀਯੋਨ ਤੋਂ ਮੁਬਾਰਕ ਹੋਵੇ, ਉਸ ਦੇ ਘਰ, ਯਰੂਸ਼ਲਮ ਤੋਂ

ਯਹੋਵਾਹ ਦੀ ਉਸਤਤ ਕਰੋ।

**136** 1ਯਹੋਵਾਹ ਦੀ ਉਸਤਤ ਕਰੋ, ਕਿਉਂਕਿ ਉਹ ਭਲਾ ਹੈ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
2 ਦੇਵਤਿਆਂ ਦੇ ਪਰਮੇਸ਼ੁਰ ਦੀ ਉਸਤਤ ਕਰੋ ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
3 ਪ੍ਰਭੂਆਂ ਦੇ ਪ੍ਰਭੂ ਦੀ ਉਸਤਤ ਕਰੋ, ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
4 ਪਰਮੇਸ਼ੁਰ ਦੀ ਉਸਤਤ ਕਰੋ ਸਿਰਫ਼ ਉਹੀ ਹੈ ਜਿਹੜਾ ਚਮਤਕਾਰ ਕਰਦਾ ਹੈ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
5 ਪਰਮੇਸ਼ੁਰ ਦੀ ਉਸਤਤ ਕਰੋ। ਉਹ ਜਿਸ ਨੇ ਅਕਾਸ਼ਾਂ ਨੂੰ ਸਾਜਣ ਲਈ ਸਿਆਣਪ ਵਰਤੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
6 ਪਰਮੇਸ਼ੁਰ ਨੇ ਸਮੁੰਦਰ ਉੱਤੇ ਧਰਤੀ ਖੁਸ਼ਕ ਰੱਖੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
7 ਪਰਮੇਸ਼ੁਰ ਨੇ ਮਹਾਨ ਰੌਸ਼ਨੀਆਂ ਸਾਜੀਆਂ ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
8 ਪਰਮੇਸ਼ੁਰ ਨੇ ਸੂਰਜ ਨੂੰ ਦਿਨ ਉੱਤੇ ਰਾਜ ਕਰਨ ਲਈ ਸਾਜਿਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
9 ਪਰਮੇਸ਼ੁਰ ਨੇ ਰਾਤ ਉੱਤੇ ਰਾਜ ਕਰਨ ਲਈ ਚੰਦ ਅਤੇ ਤਾਰਿਆਂ ਨੂੰ ਸਾਜਿਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
10 ਪਰਮੇਸ਼ੁਰ ਨੇ, ਮਿਸਰ ਵਿੱਚ ਪਲੋਠੇ ਬੰਦੇ ਅਤੇ ਜਾਨਵਰ ਮਾਰ ਦਿੱਤੇ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
11 ਪਰਮੇਸ਼ੁਰ ਇਸਰਾਏਲ ਨੂੰ ਮਿਸਰ ਤੋਂ ਬਾਹਰ ਲੈ ਆਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
12 ਪਰਮੇਸ਼ੁਰ ਨੇ ਆਪਣੀ ਮਹਾਨ ਸ਼ਕਤੀ ਅਤੇ ਤਾਕਤ ਵਿਖਾਈ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
13 ਪਰਮੇਸ਼ੁਰ ਨੇ ਲਾਲ ਸਮੁੰਦਰ ਨੂੰ ਦੋ ਹਿੱਸਿਆਂ ਵਿੱਚ ਚੀਰ ਦਿੱਤਾ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
14 ਫ਼ਿਰ ਪਰਮੇਸ਼ੁਰ ਨੇ ਇਸਰਾਏਲ ਦੀ ਅਗਵਾਈ ਸਮੁੰਦਰ ਵਿੱਚੋਂ ਦੀ ਕੀਤੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
15 ਪਰਮੇਸ਼ੁਰ ਨੇ ਫ਼ਿਰਊਨ ਅਤੇ ਉਸ ਦੀ ਫ਼ੌਜ ਨੂੰ ਲਾਲ ਸਾਗਰ ਵਿੱਚ ਡੋਬ ਦਿੱਤਾ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
16 ਪਰਮੇਸ਼ੁਰ ਨੇ ਆਪਣੇ ਲੋਕਾਂ ਦੀ ਅਗਵਾਈ ਮਾਰੂਥਲ ਵਿੱਚ ਕੀਤੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
17 ਪਰਮੇਸ਼ੁਰ ਨੇ ਬਲਵਾਨ ਰਾਜਿਆਂ ਨੂੰ ਹਰਾਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
18 ਪਰਮੇਸ਼ੁਰ ਨੇ ਮਜ਼ਬੂਤ ਰਾਜਿਆਂ ਨੂੰ ਹਰਾਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
19 ਪਰਮੇਸ਼ੁਰ ਨੇ ਅਮੋਰੀਆਂ ਦੇ ਰਾਜੇ ਸੀਹੋਨ ਨੂੰ ਹਰਾਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
20 ਪਰਮੇਸ਼ੁਰ ਨੇ ਬਾਸ਼ਾਨ ਦੇ ਰਾਜੇ ਓਗ ਨੂੰ ਹਰਾਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
21 ਪਰਮੇਸ਼ੁਰ ਨੇ ਉਨ੍ਹਾਂ ਦੀ ਧਰਤੀ ਇਸਰਾਏਲ ਨੂੰ ਦੇ ਦਿੱਤੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
22 ਪਰਮੇਸ਼ੁਰ ਨੇ ਉਹ ਧਰਤੀ ਸੁਗਾਤ ਵਜੋਂ ਇਸਰਾਏਲ ਨੂੰ ਦੇ ਦਿੱਤੀ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
23 ਪਰਮੇਸ਼ੁਰ ਨੇ ਸਾਨੂੰ ਯਾਦ ਰੱਖਿਆ, ਜਦੋਂ ਅਸੀਂ ਹਾਰੇ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
24 ਪਰਮੇਸ਼ੁਰ ਨੇ ਸਾਨੂੰ ਸਾਡੇ ਦੁਸ਼ਮਣਾਂ ਤੋਂ ਬਚਾਇਆ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
25 ਪਰਮੇਸ਼ੁਰ ਹਰ ਬੰਦੇ ਨੂੰ ਭੋਜਨ ਦਿੰਦਾ ਹੈ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।
26 ਸਵਰਗ ਦੇ ਪਰਮੇਸ਼ੁਰ ਦੀ ਉਸਤਤ ਕਰੋ। ਉਸ ਦਾ ਸੱਚਾ ਪਿਆਰ ਸਦਾ ਰਹਿੰਦਾ ਹੈ।

**137** 1ਅਸੀਂ ਬਾਬਲ ਦੀਆਂ ਨਦੀਆਂ ਦੇ ਕੰਢੇ ਬੈਠੇ ਸਾਂ ਅਤੇ ਅਸੀਂ ਸੀਯੋਨ ਨੂੰ ਯਾਦ ਕਰਕੇ ਰੋਂਦੇ ਸਾਂ।
2 ਅਸੀਂ ਆਪਣੇ ਰਬਾਬ ਨੇੜੇ ਦੇ ਚਿਨਾਰ ਦੇ ਰੁੱਖਾਂ ਉੱਤੇ ਟੰਗ ਦਿੱਤੇ।
3 ਬਾਬਲ ਵਿੱਚ ਜਿਨ੍ਹਾਂ ਲੋਕਾਂ ਨੇ ਸਾਨੂੰ ਫੜਿਆ ਸੀ, ਸਾਨੂੰ ਗਾਉਣ ਲਈ ਆਖਿਆ। ਉਨ੍ਹਾਂ ਨੇ ਸਾਨੂੰ ਖੁਸ਼ੀ ਭਰੇ ਗੀਤ ਗਾਉਣ ਲਈ ਆਖਿਆ। ਉਨ੍ਹਾਂ ਨੇ ਸਾਨੂੰ ਸੀਯੋਨ ਬਾਰੇ ਗੀਤ ਗਾਉਣ ਲਈ ਆਖਿਆ।
4 ਪਰ ਅਸੀਂ ਬੇਗਾਨੇ ਦੇਸ ਵਿੱਚ ਯਹੋਵਾਹ ਦੇ ਗੀਤ ਨਹੀਂ ਗਾ ਸਕਦੇ।
5 ਹੇ ਯਰੂਸ਼ਲਮ, ਜੇ ਮੈਂ ਕਦੇ ਤੈਨੂੰ ਭੁੱਲ ਜਾਂਵਾ, ਤਾਂ ਮੈਂ ਫਿਰ ਕਦੇ ਗੀਤ ਨਾ ਗਾ ਸਕਾਂ।
6 ਜੇ ਮੈਂ ਤੈਨੂੰ ਚੇਤੇ ਨਾ ਰੱਖਾਂ, ਤਾਂ ਮੈਂ ਫਿਰ ਕਦੇ ਗੀਤ ਨਾ ਗਾ ਸਕਾਂ। ਮੈਂ ਯਰੂਸ਼ਲਮ ਨੂੰ ਸਦਾ ਆਪਣਾ ਉੱਤਮ ਅਨੰਦ ਕਰਕੇ ਯਾਦ ਰੱਖਾਂਗਾ!
7 ਹੇ ਪ੍ਰਭੂ, ਅਦੋਮੀਆਂ ਨੇ ਯਰੂਸ਼ਲਮ ਉੱਤੇ ਕਬਜ਼ਾ ਕਰਕੇ ਜੋ ਕੁਝ ਕੀਤਾ ਸੀ, ਉਸ ਦੇ ਲਈ ਉਨ੍ਹਾਂ ਨੂੰ ਸਜ਼ਾ ਜ਼ਰੂਰ ਦੇਵੀਂ। ਉਹ ਲਲਕਾਰੇ ਸਨ, "ਇਸ ਦੀਆਂ ਇਮਾਰਤਾਂ ਨੂੰ ਢਾਹ ਦਿਓ! ਉਨ੍ਹਾਂ ਨੂੰ ਪੂਰੀ ਤਰਾਂ ਤਬਾਹ ਕਰ ਦਿਓ!"
8 ਬੇਬੀਲੋਨ, ਤੂੰ ਤਬਾਹ ਕੀਤਾ ਜਾਵੇਂਗਾ! ਮੁਬਾਰਕ ਹੈ ਉਹ, ਜਿਹੜਾ ਤੈਨੂੰ ਉਨ੍ਹਾਂ ਕੰਮਾਂ ਦੀ ਸਜ਼ਾ ਦੇਵੇਗਾ, ਜਿਹੜੇ ਤੂੰ ਸਾਡੇ ਵਿਰੁੱਧ ਕੀਤੇ ਸਨ।
9 ਮੁਬਾਰਕ ਹੈ ਉਹ, ਜਿਹੜਾ ਤੇਰੇ ਬੱਚਿਆਂ ਨੂੰ ਫੜ ਕੇ ਉਨ੍ਹਾਂ ਨੂੰ ਚਟਾਨ ਉੱਤੇ ਪਟਕ-ਪਟਕ ਕੇ ਮਾਰਦਾ ਹੈ।

*ਦਾਊਦ ਦਾ ਇੱਕ ਗੀਤ।*

**138** [1]ਹੇ ਪਰਮੇਸ਼ੁਰ, ਮੈਂ ਪੂਰੇ ਦਿਲ ਨਾਲ ਤੇਰੀ ਉਸਤਤ ਕਰਦਾ ਹਾਂ। ਮੈਂ ਸਾਰੇ ਦੇਵਤਿਆਂ ਦੇ ਸਾਹਮਣੇ ਤੇਰੇ ਗੀਤ ਗਾਵਾਂਗਾ।
2 ਹੇ ਪਰਮੇਸ਼ੁਰ, ਮੈਂ ਤੇਰੇ ਪਵਿੱਤਰ ਮੰਦਰ ਨੂੰ ਸਿਜਦਾ ਕਰਦਾ ਹਾਂ। ਮੈਂ ਤੇਰੇ ਨਾਮ ਦੀ, ਤੇਰੇ ਸੱਚੇ ਪਿਆਰ ਦੀ, ਅਤੇ ਤੇਰੀ ਵਫ਼ਾਦਾਰੀ ਦੀ ਉਸਤਤ ਕਰਦਾ ਹਾਂ। ਤੂੰ ਆਪਣੇ ਸ਼ਬਦ ਦੀ ਸ਼ਕਤੀ ਲਈ ਮਸ਼ਹੂਰ ਹੈਂ ਹੁਣ ਤੂੰ ਇਸ ਨੂੰ ਹੋਰ ਵੀ ਮਹਾਨ ਬਣਾ ਦਿੱਤਾ ਹੈ।
3 ਹੇ ਪਰਮੇਸ਼ੁਰ, ਮੈਂ ਤੈਨੂੰ ਮਦਦ ਲਈ ਪੁਕਾਰਿਆ। ਅਤੇ ਤੂੰ ਮੈਨੂੰ ਉੱਤਰ ਦਿੱਤਾ! ਤੂੰ ਮੈਨੂੰ ਸ਼ਕਤੀ ਦਿੱਤੀ।
4 ਹੇ ਯਹੋਵਾਹ, ਧਰਤੀ ਦੇ ਸਾਰੇ ਰਾਜੇ ਤੇਰੀ ਉਸਤਤ ਕਰਨਗੇ। ਜੋ ਤੂੰ ਕਿਹਾ ਜਦ ਉਹ ਸੁਣਨਗੇ।
5 ਉਹ ਯਹੋਵਾਹ ਦੇ ਰਸਤੇ ਬਾਰੇ ਗਾਉਣਗੇ। ਕਿਉਂਕਿ ਯਹੋਵਾਹ ਦੀ ਮਹਿਮਾ ਬਹੁਤ ਮਹਾਨ ਹੈ।
6 ਪਰਮੇਸ਼ੁਰ ਬਹੁਤ ਮਹੱਤਵਪੂਰਣ ਹੈ। ਪਰ ਫ਼ੇਰ ਵੀ ਉਹ ਹਲੀਮ ਲੋਕਾਂ ਦੀ ਪਾਲਣਾ ਕਰਦਾ ਹੈ। ਜੋ ਹੰਕਾਰੀ ਲੋਕ ਕਰਦੇ ਹਨ ਉਹ ਜਾਣਦਾ ਹੈ। ਪਰ ਉਹ ਉਨ੍ਹਾਂ ਤੋਂ ਦੂਰ ਰਹਿੰਦਾ ਹੈ।
7 ਹੇ ਪਰਮੇਸ਼ੁਰ, ਜੇ ਮੈਂ ਮੁਸੀਬਤਾਂ ਵਿੱਚ ਹੋਵਾਂ ਤਾਂ ਮੈਨੂੰ ਜਿੰਦਾ ਰੱਖੀਂ। ਜੇ ਮੇਰੇ ਦੁਸ਼ਮਣ ਮੇਰੇ ਉੱਤੇ ਕ੍ਰੋਧਵਾਨ ਹੋਣ ਤਾਂ ਮੈਨੂੰ ਉਨ੍ਹਾਂ ਕੋਲੋਂ ਬਚਾਈਂ।
8 ਹੇ ਯਹੋਵਾਹ, ਮੈਨੂੰ ਉਹ ਚੀਜ਼ਾਂ ਦੇ ਜਿਨ੍ਹਾਂ ਦਾ ਤੂੰ ਇਕਰਾਰ ਕੀਤਾ ਸੀ। ਹੇ ਯਹੋਵਾਹ, ਤੇਰਾ ਸੱਚਾ ਪਿਆਰ ਸਦਾ ਰਹਿੰਦਾ ਹੈ। ਹੇ ਯਹੋਵਾਹ, ਤੂੰ ਸਾਨੂੰ ਸਾਜਿਆ, ਇਸ ਲਈ ਸਾਨੂੰ ਨਾ ਛੱਡ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਉਸਤਤ ਗੀਤ।*

**139** [1]ਹੇ ਯਹੋਵਾਹ, ਤੂੰ ਮੈਨੂੰ ਪਰਖਿਆ। ਤੂੰ ਮੇਰੇ ਬਾਰੇ ਸਭ ਕੁਝ ਜਾਣਦਾ ਹੈਂ।
2 ਤੂੰ ਜਾਣਦਾ ਹੈਂ ਮੈਂ ਕਦੋਂ ਬੈਠਦਾ ਹਾਂ ਅਤੇ ਕਦੋਂ ਉੱਠਦਾ ਹਾਂ। ਤੂੰ ਦੂਰੋਂ ਹੀ ਮੇਰੇ ਵਿਚਾਰ ਜਾਣ ਲੈਂਦਾ ਹੈਂ।
3 ਹੇ ਯਹੋਵਾਹ, ਤੂੰ ਮੈਨੂੰ ਜਾਣਦਾ ਹੈਂ ਮੈਂ ਕਿੱਥੇ ਜਾ ਰਿਹਾ ਹਾਂ। ਅਤੇ ਮੈਂ ਕਦੋਂ ਲੇਟਿਆ ਹੁੰਦਾ ਹਾਂ। ਤੂੰ ਸਭ ਕੁਝ ਜਾਣਦਾ ਹੈਂ ਜੋ ਮੈਂ ਕਰਦਾ ਹਾਂ।
4 ਹੇ ਯਹੋਵਾਹ, ਤੂੰ ਮੇਰੇ ਮੂੰਹ ਵਿੱਚੋਂ ਸ਼ਬਦ ਨਿੱਕਲਣ ਤੋਂ ਪਹਿਲਾਂ ਹੀ ਜਾਣਦਾ ਹਾਂ ਕਿ ਮੈਂ ਕੀ ਕਹਿਣਾ ਚਾਹੁੰਦਾ ਹਾਂ।
5 ਹੇ ਯਹੋਵਾਹ, ਤੂੰ ਮੇਰੇ ਚਾਰ-ਚੁਫ਼ੇਰੇ, ਸਾਹਮਣੇ ਅਤੇ ਮੇਰੇ ਪਿੱਛੇ ਹੈਂ। ਤੂੰ ਹੌਲੀ ਜਿਹਾ ਆਪਣਾ ਹੱਥ ਮੇਰੇ ਉੱਤੇ ਰੱਖਦਾ ਹੈਂ।
6 ਮੈਂ ਹੈਰਾਨ ਹਾ ਕਿ ਤੂੰ ਕੀ ਕੁਝ ਜਾਣਦਾ ਹੈਂ। ਮੇਰੇ ਲਈ ਇਸ ਨੂੰ ਸਮਝਣਾ ਬਹੁਤ ਮੁਸ਼ਕਿਲ ਹੈ।
7 ਤੁਹਾਡੀ ਆਤਮਾ ਹਰ ਥਾਂ ਹੁੰਦੀ ਹੈ ਜਿੱਥੇ ਵੀ ਮੈਂ ਜਾਂਦਾ ਹਾਂ। ਯਹੋਵਾਹ, ਮੈਂ ਤੇਰੀ ਹਜ਼ੂਰੀ ਤੋਂ ਬਚ ਨਹੀਂ ਸਕਦਾ।
8 ਹੇ ਯਹੋਵਾਹ, ਜੇ ਮੈਂ ਸਵਰਗ ਵਿੱਚ ਜਾਂਦਾ ਹਾਂ ਤੂੰ ਉੱਥੇ ਹੁੰਦਾ ਹੈਂ। ਜੇ ਮੈਂ ਹੇਠਾਂ ਮ੍ਰਿਤੂ ਲੋਕ ਵਿੱਚ ਜਾਂਦਾ ਹਾਂ, ਤੂੰ ਉੱਥੇ ਹੁੰਦਾ ਹੈਂ।
9 ਹੇ ਯਹੋਵਾਹ, ਜੇ ਮੈਂ ਪੂਰਬ ਵਿੱਚ ਜਾਂਦਾ ਹਾਂ, ਜਿੱਥੇ ਸੂਰਜ ਚੜ੍ਹਦਾ ਹੈ। ਤੂੰ ਉੱਥੇ ਹੁੰਦਾ ਹੈਂ। ਜੇ ਮੈਂ ਸਮੁੰਦਰ ਵੱਲ ਪੱਛਮ ਵਿੱਚ ਜਾਂਦਾ ਹਾਂ ਤੂੰ ਉੱਥੇ ਹੁੰਦਾ ਹੈਂ।
10 ਉੱਥੇ ਵੀ ਤੂੰ ਮੇਰਾ ਹੱਥ ਫ਼ੜ ਕੇ ਮੇਰੀ ਅਗਵਾਈ ਕਰੇਂਗਾ। ਅਤੇ ਤੇਰਾ ਮਜ਼ਬੂਤ ਸੱਜਾ ਹੱਥ ਮੈਨੂੰ ਬਚਾਵੇਗਾ।
11 ਯਹੋਵਾਹ, ਭਾਵੇਂ ਮੈਂ ਤੇਰੇ ਕੋਲੋਂ ਛੁਪਣ ਦੀ ਕੋਸ਼ਿਸ਼ ਕਰਾਂ ਅਤੇ ਆਖਾਂ, “ਦਿਨ ਰਾਤ ਵਿੱਚ ਬਦਲ ਗਿਆ ਹੈ। ਅਵੱਸ਼ ਹੀ ਹਨੇਰਾ ਮੈਨੂੰ ਛੁਪਾ ਲਵੇਗਾ।”
12 ਪਰ ਹਨੇਰਾ ਵੀ ਤੇਰੇ ਲਈ ਹਨੇਰਾ ਨਹੀਂ ਹੈ। ਰਾਤ ਤੇਰੇ ਲਈ ਦਿਨ ਵਾਂਗ ਹੀ ਚਮਕਦੀ ਹੈ।
13 ਤੂੰ ਮੇਰੇ ਅੰਗਾਂ ਨੂੰ ਇੱਕਸਾਥ ਬੁਣਿਆ ਅਤੇ ਮਾਸ ਨਾਲ ਢੱਕਿਆ ਜਦੋਂ ਕਿ ਮੈਂ ਅਜੇ ਆਪਣੀ ਮਾਤਾ ਦੇ ਗਰਭ ਵਿੱਚ ਸਾਂ।
14 ਯਹੋਵਾਹ, ਮੈਂ ਤੇਰੀ ਉਸਤਤ ਕਰਦਾ ਹਾਂ! ਤੂੰ ਮੈਨੂੰ ਅਜੀਬ ਢੰਗ ਨਾਲ ਬਣਾਇਆ। ਮੈਂ ਚੰਗੀ ਤਰ੍ਹਾਂ ਜਾਣਦਾ ਹਾਂ ਕਿ ਜੋ ਕੁਝ ਵੀ ਤੂੰ ਕੀਤਾ। ਇਹ ਬਹੁਤ ਅਦਭੁਤ ਹੈ।
15 ਤੂੰ ਮੇਰੇ ਬਾਰੇ ਸਭ ਕੁਝ ਜਾਣਦਾ ਹੈਂ। ਤੂੰ ਮੇਰੀਆਂ ਹੱਡੀਆਂ ਨੂੰ ਵਧਦਿਆਂ ਵੇਖਿਆ ਹੈ, ਜਦੋਂ ਹਾਲੇ ਮੈਂ ਮਾਂ ਦੇ ਗਰਭ ਵਿੱਚ ਛੁਪਿਆ ਹੋਇਆ ਮੇਰਾ ਸਰੀਰ ਰੂਪ ਧਾਰ ਰਿਹਾ ਸੀ।
16 ਤੂੰ ਮੇਰੇ ਸਰੀਰ ਦੇ ਅੰਗਾ ਨੂੰ ਵਧਦਿਆਂ ਵੇਖਿਆ ਹੈ। ਤੂੰ ਉਨ੍ਹਾਂ ਸਾਰਿਆ ਨੂੰ ਆਪਣੀ ਕਿਤਾਬ ਅੰਦਰ ਦਰਜ ਕਰ ਲਿਆ। ਤੂੰ ਮੈਨੂੰ ਹਰ ਰੋਜ਼ ਵੇਖਿਆ ਉਨ੍ਹਾਂ ਵਿੱਚੋਂ ਕੋਈ ਵੀ ਗੁੰਮ ਨਹੀਂ ਹੈ।
17 ਮੇਰੇ ਲਈ ਤੇਰੇ ਵਿਚਾਰ ਮਹੱਤਵਪੂਰਣ ਹਨ। ਹੇ ਪਰਮੇਸ਼ੁਰ, ਤੂੰ ਇੰਨਾ ਜਾਣਦਾ ਹੈਂ!
18 ਜੇ ਕਿਤੇ ਮੈਂ ਉਨ੍ਹਾਂ ਦੀ ਗਿਣਤੀ ਕਰ ਸਕਦਾ। ਉਹ ਸਾਰੇ ਰੇਤ ਦੇ ਕਣਾਂ ਨਾਲੇ ਵੀ ਵਧੇਰੇ ਹੁੰਦੇ।
19 ਹੇ ਪਰਮੇਸ਼ੁਰ, ਤੂੰ ਦੁਸ਼ਟ ਲੋਕਾਂ ਨੂੰ ਮਾਰ ਸੁੱਟੇਂਗਾ। ਹੇ ਖੂਨੀਓ, ਮੇਰੇ ਕੋਲੋਂ ਦੂਰ ਹੋ ਜਾਵੋ।
20 ਉਹ ਬਦ ਲੋਕ ਤੇਰੇ ਬਾਰੇ ਬੁਰਾ ਬੋਲਦੇ ਹਨ। ਉਹ ਤੇਰੇ ਨਾਮ ਬਾਰੇ ਬੁਰਾ ਬੋਲਦੇ ਹਨ।
21 ਹੇ ਯਹੋਵਾਹ, ਮੈਂ ਉਨ੍ਹਾਂ ਲੋਕਾਂ ਨੂੰ ਨਫ਼ਰਤ ਕਰਦਾ ਹਾਂ ਜੋ ਤੈਨੂੰ ਨਫ਼ਰਤ ਕਰਦੇ ਹਨ। ਮੈਂ ਉਨ੍ਹਾਂ ਲੋਕਾਂ ਨੂੰ ਨਫ਼ਰਤ ਕਰਦਾ ਹਾਂ ਜਿਹੜੇ ਤੇਰੇ ਖਿਲਾਫ਼ ਹਨ।
22 ਮੈਂ ਉਨ੍ਹਾਂ ਨੂੰ ਪੂਰੀ ਤਰ੍ਹਾਂ ਨਫ਼ਰਤ ਕਰਦਾ ਹਾਂ। ਤੇਰੇ ਦੁਸ਼ਮਣ ਮੇਰੇ ਵੀ ਦੁਸ਼ਮਣ ਹਨ।
23 ਹੇ ਯਹੋਵਾਹ, ਮੇਰੇ ਵੱਲ ਵੇਖ ਅਤੇ ਮੇਰੇ ਦਿਲ ਦੀਆਂ ਬੁੱਝ ਲੈ। ਮੇਰੀ ਪਰਖ ਕਰ ਅਤੇ ਮੇਰੇ ਵਿਚਾਰ ਜਾਣ ਲੈ।
24 ਵੇਖ ਕਿਤੇ ਮੇਰੇ ਵਿਚਾਰ ਬੁਰੇ ਤਾਂ ਨਹੀਂ ਹਨ। ਅਤੇ ਮੇਰੀ ਰਾਹਨੁਮਾਈ ਉਸ ਰਾਹ ਉੱਤੇ ਕਰ ਜਿਹੜਾ ਸਦੀਵੀ ਹੈ।

*ਨਿਰਦੇਸ਼ਕ ਲਈ: ਦਾਊਦ ਦਾ ਇੱਕ ਉਸਤਤ ਗੀਤ।*

**140** [1]ਹੇ ਯਹੋਵਾਹ, ਮੈਨੂੰ ਬੁਰੇ ਲੋਕਾਂ ਤੋਂ ਬਚਾ। ਜ਼ਾਲਮ ਲੋਕਾਂ ਤੋਂ ਮੇਰੀ ਰੱਖਿਆ ਕਰ।
2 ਉਹ ਲੋਕ ਬੁਰੀਆਂ ਯੋਜਨਾਵਾਂ ਬਣਾਉਂਦੇ ਹਨ। ਉਹ ਲੋਕ ਹਰ ਵੇਲੇ ਲੜਾਈਆਂ ਛੇੜਦੇ ਹਨ।
3 ਉਨ੍ਹਾਂ ਦੀਆਂ ਜੀਭਾਂ ਜ਼ਹਿਰੀਲੇ ਸੱਪਾਂ ਵਰਗੀਆਂ ਹਨ।

ਇਵੇਂ ਹੈ ਜਿਵੇਂ ਉਨ੍ਹਾਂ ਦੀ ਜੀਭ ਹੇਠਾਂ ਸੱਪ ਦਾ ਜ਼ਹਿਰ
ਛੁਪਿਆ ਹੋਵੇ।
4 ਯਹੋਵਾਹ, ਮੈਨੂੰ ਦੁਸ਼ਟ ਲੋਕਾਂ ਤੋਂ ਬਚਾ। ਜ਼ਾਲਮ ਲੋਕਾਂ ਤੋਂ
ਮੇਰੀ ਰੱਖਿਆ ਕਰ। ਉਹ ਲੋਕ ਮੇਰਾ ਪਿੱਛਾ ਕਰਦੇ ਹਨ
ਅਤੇ ਮੈਨੂੰ ਦੁੱਖ ਦੇਣ ਦੀ ਕੋਸ਼ਿਸ਼ ਕਰਦੇ ਹਨ।
5 ਉਹ ਹੰਕਾਰੀ ਲੋਕ ਮੇਰੇ ਲਈ ਫ਼ੰਦੇ ਲਾਉਂਦੇ ਹਨ। ਉਹ ਮੈਨੂੰ
ਫ਼ੜਨ ਲਈ ਜਾਲ ਲਾਉਂਦੇ ਹਨ। ਉਹ ਮੇਰੇ ਰਾਹ ਵਿੱਚ
ਫ਼ੰਦਾ ਲਾਉਂਦੇ ਹਨ।
6 ਹੇ ਯਹੋਵਾਹ, ਤੂੰ ਮੇਰਾ ਪਰਮੇਸ਼ੁਰ ਹੈਂ। ਹੇ ਯਹੋਵਾਹ ਮੇਰੀ
ਪ੍ਰਾਰਥਨਾ ਸੁਣ।
7 ਹੇ ਯਹੋਵਾਹ, ਤੂੰ ਮੇਰਾ ਸ਼ਕਤੀਸ਼ਾਲੀ ਮਾਲਕ ਹੈਂ। ਤੂੰ ਮੇਰਾ
ਮੁਕਤੀਦਾਤਾ ਹੈਂ। ਤੂੰ ਯੁੱਧ ਵਿੱਚ ਮੇਰੇ ਸਿਰ ਦੀ ਰੱਖਿਆ ਕਰ
ਰਹੇ ਟੋਪ ਵਾਂਗ ਹੈਂ।
8 ਯਹੋਵਾਹ, ਉਹ ਲੋਕ ਦੁਸ਼ਟ ਹਨ। ਉਨ੍ਹਾਂ ਨੂੰ ਉਹ ਨਾ ਦੇ ਜੋ
ਉਹ ਮੰਗਦੇ ਹਨ। ਉਨ੍ਹਾਂ ਦੀਆਂ ਯੋਜਨਾਵਾਂ ਸਫ਼ਲ ਨਾ ਹੋਣ
ਦੇ।
9 ਯਹੋਵਾਹ, ਮੇਰੇ ਦੁਸ਼ਮਣਾਂ ਨੂੰ ਜਿੱਤਣ ਨਾ ਦੇ। ਉਹ ਲੋਕ
ਬੁਰੀਆਂ ਗੱਲਾਂ ਦੀਆਂ ਯੋਜਨਾਵਾਂ ਬਣਾਉਂਦੇ ਹਨ, ਪਰ ਕੁਝ
ਅਜਿਹਾ ਕਰ ਕਿ ਬੁਰੀਆਂ ਗੱਲਾਂ ਉਨ੍ਹਾਂ ਨਾਲ ਹੀ ਵਾਪਰਨ।
10 ਉਨ੍ਹਾਂ ਦੇ ਸਿਰਾਂ ਉੱਤੇ ਭੱਖਦੇ ਕੋਲੇ ਵਰਸਾ। ਮੇਰੇ ਦੁਸ਼ਮਣਾਂ ਨੂੰ
ਅੱਗ ਵਿੱਚ ਸੁੱਟ ਦੇ। ਉਨ੍ਹਾਂ ਨੂੰ ਖਾਈ (ਕਬਰ) ਵਿੱਚ ਸੁੱਟ ਦੇ
ਜਿੱਥੋਂ ਉਹ ਕਦੇ ਵੀ ਨਾ ਨਿਕਲ ਸਕਣ।
11 ਯਹੋਵਾਹ, ਉਨ੍ਹਾਂ ਝੂਠਿਆਂ ਨੂੰ ਜਿਉਣ ਨਾ ਦੇ। ਉਨ੍ਹਾਂ ਬੁਰੇ
ਲੋਕਾਂ ਨਾਲ ਬੁਰੀਆਂ ਗੱਲਾਂ ਵਾਪਰਨ ਦੇ।
12 ਮੈਂ ਜਾਣਦਾ ਹਾਂ ਕਿ ਯਹੋਵਾਹ ਨਿਰਪੱਖ ਹੋ ਕੇ ਗਰੀਬ ਲੋਕਾਂ
ਦਾ ਨਿਆਂ ਕਰੇਗਾ। ਪਰਮੇਸ਼ੁਰ ਬੇਸਹਾਰਿਆਂ ਦੀ ਮਦਦ
ਕਰੇਗਾ।
13 ਨੇਕ ਲੋਕ ਤੇਰੇ ਨਾਮ ਦੀ ਉਸਤਤ ਕਰਨਗੇ, ਯਹੋਵਾਹ।
ਨੇਕ ਲੋਕ ਤੇਰੀ ਉਪਾਸਨਾ ਕਰਨਗੇ।

*ਦਾਊਦ ਦਾ ਇੱਕ ਉਸਤਤ ਗੀਤ।*

**141** 1ਹੇ ਯਹੋਵਾਹ, ਮੈਂ ਤੈਨੂੰ ਮਦਦ ਲਈ ਪੁਕਾਰਦਾ
ਹਾਂ। ਮੇਰੀ ਸੁਣ ਜਦੋਂ ਮੈਂ ਤੈਨੂੰ ਪ੍ਰਾਰਥਨਾ ਕਰ
ਰਿਹਾ ਹੋਵਾਂ। ਛੇਤੀ ਕਰ ਅਤੇ ਮੇਰੀ ਮਦਦ ਕਰ।
2 ਯਹੋਵਾਹ, ਮੇਰੀ ਪ੍ਰਾਰਥਨਾ ਮੰਨ ਲੈ। ਇਹ ਬਲਦੀ ਹੋਈ
ਧੂਫ਼ ਦੀ ਸੁਗਾਤ ਵਾਂਗ ਹੋਵੇ। ਇਹ ਸ਼ਾਮ ਵੇਲੇ ਦੀ ਬਲੀ
ਵਾਂਗ ਹੋਵੇ।
3 ਯਹੋਵਾਹ, ਉਨ੍ਹਾਂ ਚੀਜ਼ਾਂ ਨੂੰ ਵੱਸ ਵਿੱਚ ਕਰਨ ਲਈ ਮੇਰੀ
ਮਦਦ ਕਰ, ਜਿਨ੍ਹਾਂ ਬਾਰੇ ਮੈਂ ਆਖਦਾ ਹਾਂ। ਜੋ ਮੈਂ ਆਖਾ
ਮੇਰੀ ਨਿਗਰਾਨੀ ਰੱਖਣ ਵਿੱਚ ਮਦਦ ਕਰ।
4 ਮੇਰੀ ਬੁਰੇ ਕੰਮ ਕਰਨ ਦੀ ਇੱਛਾ ਨੂੰ ਦੂਰ ਕਰ। ਮੈਂ ਉਨ੍ਹਾਂ
ਬੁਰੀਆਂ ਗੱਲਾਂ ਵਿੱਚ ਸ਼ਾਮਲ ਨਾ ਹੋਵਾਂ ਜਿਹੜੀਆਂ ਦੁਸ਼ਟ
ਲੋਕ ਕਰ ਰਹੇ ਹਨ।
5 ਇੱਕ ਚੰਗਾ ਬੰਦਾ ਮੈਨੂੰ ਸੁਧਾਰ ਸਕਦਾ ਹੈ। ਇਹ ਕਰਨਾ ਉਸ
ਦੀ ਕਿੰਨੀ ਮਿਹਰਬਾਨੀ ਹੋਵੇਗੀ। ਤੇਰੇ ਚੇਲੇ ਮੇਰੀ ਪੜਚੋਲ
ਕਰ ਸਕਦੇ ਹਨ। ਉਨ੍ਹਾਂ ਲਈ ਉਹ ਕਰਨ ਵਾਲੀ ਚੰਗੀ ਗੱਲ
ਹੋਵੇਗੀ। ਮੈਂ ਉਸ ਨੂੰ ਪ੍ਰਵਾਨ ਕਰ ਲਵਾਂਗਾ। ਪਰ ਮੈਂ ਹਮੇਸ਼ਾ
ਉਨ੍ਹਾਂ ਬੁਰੇ ਲੋਕਾਂ ਲਈ ਪ੍ਰਾਰਥਨਾ ਕਰਾਂਗਾ ਜੋ ਦੁਸ਼ਟ ਕੰਮ
ਕਰਦੇ ਹਨ।
6 ਉਨ੍ਹਾਂ ਦੇ ਹਾਕਮ ਦੰਡਿਤ ਹੋਣ। ਫ਼ਿਰ ਲੋਕ ਜਾਣ ਲੈਣਗੇ ਕਿ
ਮੈਂ ਸੱਚ ਬੋਲਿਆ ਸੀ।
7 ਲੋਕੀਂ ਖੁਦਾਈ ਕਰਦੇ ਹਨ ਅਤੇ ਧਰਤੀ ਉੱਤੇ ਹੱਲ
ਚਲਾਉਂਦੇ ਹਨ। ਅਤੇ ਆਲੇ-ਦੁਆਲੇ ਮਿੱਟੀ ਉਡਾਉਂਦੇ
ਹਨ। ਇਸੇ ਤਰ੍ਹਾਂ ਸਾਡੀਆਂ ਹੱਡੀਆਂ ਉਨ੍ਹਾਂ ਦੀ ਕਬਰ ਵਿੱਚ
ਖਿੰਡ ਜਾਣਗੀਆਂ।
8 ਹੇ ਯਹੋਵਾਹ, ਮੇਰੇ ਮਾਲਕ, ਮੈਂ ਤੇਰੇ ਵੱਲ ਮਦਦ ਲਈ
ਤੱਕਦਾ ਹਾਂ। ਮੈਨੂੰ ਤੇਰੇ ਉੱਤੇ ਵਿਸ਼ਵਾਸ ਹੈ, ਕਿਰਪਾ ਕਰਕੇ
ਮੈਨੂੰ ਮਰਨ ਨਾ ਦੇਵੀਂ।
9 ਬੁਰੇ ਲੋਕਾਂ ਨੇ ਮੇਰੇ ਲਈ ਫ਼ੰਦੇ ਲਾਏ ਹੋਏ ਹਨ! ਮੈਨੂੰ
ਉਨ੍ਹਾਂ ਦੇ ਫ਼ੰਦਿਆਂ ਵਿੱਚ ਫ਼ਸਣ ਨਾ ਦੇਵੀਂ। ਉਨ੍ਹਾਂ ਨੂੰ ਮੈਨੂੰ
ਫ਼ਸਾਉਣ ਨਾ ਦੇਵੀਂ।
10 ਦੁਸ਼ਟ ਲੋਕ ਆਪਣੇ ਜਾਲਾਂ ਵਿੱਚ ਆਪ ਹੀ ਫ਼ਸ ਜਾਣ।
ਜਦ ਕਿ ਮੈਂ ਬਿਨਾ ਖਤਰੇ ਤੋਂ ਨਿੰਕਲ ਜਾਵਾਂ।

*ਦਾਊਦ ਦਾ ਇੱਕ ਭਗਤੀ ਗੀਤ। ਇਹ ਉਸ ਵੇਲੇ ਦੀ*
*ਪ੍ਰਾਰਥਨਾ ਹੈ ਜਦੋਂ ਉਹ ਗੁਫ਼ਾ ਵਿੱਚ ਸੀ।*

**142** 1ਮੈਂ ਮਦਦ ਵਾਸਤੇ ਯਹੋਵਾਹ ਨੂੰ ਪੁਕਾਰਾਂਗਾ।
ਮੈਂ ਯਹੋਵਾਹ ਅੱਗੇ ਪ੍ਰਾਰਥਨਾ ਕਰਾਂਗਾ।
2 ਮੈਂ ਯਹੋਵਾਹ ਨੂੰ ਆਪਣੀਆਂ ਸਮੱਸਿਆਵਾਂ ਬਾਰੇ ਦੱਸਾਂਗਾ।
ਮੈਂ ਯਹੋਵਾਹ ਨੂੰ ਆਪਣੀਆਂ ਮੁਸੀਬਤਾਂ ਬਾਰੇ ਦੱਸਾਂਗਾ।
3 ਮੇਰੇ ਦੁਸ਼ਮਣਾਂ ਨੇ ਮੇਰੇ ਲਈ ਫ਼ੰਦਾ ਲਾਇਆ ਹੈ। ਮੈਂ
ਹਥਿਆਰ ਛੱਡਣ ਲਈ ਤਿਆਰ ਹਾਂ। ਪਰ ਯਹੋਵਾਹ
ਜਾਣਦਾ ਹੈ ਕਿ ਮੇਰੇ ਨਾਲ ਕੀ ਵਾਪਰ ਰਿਹਾ ਹੈ।
4 ਮੈਂ ਚਾਰ-ਚੁਫ਼ੇਰੇ ਵੇਖਦਾ ਹਾਂ ਅਤੇ ਮੈਨੂੰ ਕੋਈ ਵੀ ਦੋਸਤ
ਨਜ਼ਰ ਨਹੀਂ ਆਉਂਦਾ। ਮੇਰੇ ਲਈ ਭੱਜਣ ਲਈ ਕੋਈ ਵੀ
ਥਾਂ ਨਹੀਂ ਹੈ। ਕੋਈ ਵੀ ਬੰਦਾ ਮੈਨੂੰ ਬਚਾਉਣ ਦੀ ਕੋਸ਼ਿਸ਼
ਨਹੀਂ ਕਰ ਰਿਹਾ ਹੈ।
5 ਇਸ ਲਈ ਮੈਂ ਰੋ-ਰੋ ਕੇ ਯਹੋਵਾਹ ਅੱਗੇ ਮਦਦ ਲਈ
ਪ੍ਰਾਰਥਨਾ ਕਰਦਾ ਹਾਂ। "ਹੇ ਯਹੋਵਾਹ ਤੂੰ ਮੇਰਾ ਸੁਰੱਖਿਅਤ
ਟਿਕਾਣਾ ਹੈਂ। ਹੇ ਯਹੋਵਾਹ, ਤੂੰ ਮੈਨੂੰ ਜੀਉਂਦਾ ਰਹਿਣ ਦੇ
ਸਕਦਾ ਹੈਂ।"
6 ਹੇ ਯਹੋਵਾਹ, ਮੇਰੀ ਪ੍ਰਾਰਥਨਾ ਸੁਣ। ਮੈਨੂੰ ਤੁਹਾਡੀ ਬਹੁਤ
ਲੋੜ ਹੈ। ਮੈਨੂੰ ਲੋਕਾਂ ਕੋਲੋ ਬਚਾ ਜਿਹੜੇ ਮੇਰਾ ਪਿੱਛਾ ਕਰ
ਰਹੇ ਹਨ। ਉਹ ਲੋਕ ਮੇਰੇ ਨਾਲੋਂ ਤਾਕਤਵਰ ਹਨ।
7 ਇਸ ਫ਼ੰਦੇ ਵਿੱਚੋਂ ਨਿੰਕਲਣ ਲਈ ਮੇਰੀ ਮਦਦ ਕਰ। ਤਾਂ
ਜੋ ਮੈਂ ਤੇਰੇ ਨਾਮ ਦੀ ਉਸਤਤ ਕਰਾਂ। ਅਤੇ ਚੰਗੇ ਲੋਕ ਮੇਰੇ
ਨਾਲ ਜਸ਼ਨ ਮਨਾਉਣਗੇ, ਕਿਉਂਕਿ ਤੂੰ ਮੇਰਾ ਧਿਆਨ
ਰੱਖਿਆ ਹੈ।

*ਦਾਊਦ ਦਾ ਇੱਕ ਉਸਤਤ ਗੀਤ।*

**143** 1ਹੇ ਯਹੋਵਾਹ, ਮੇਰੀ ਪ੍ਰਾਰਥਨਾ ਸੁਣ। ਮੇਰੀ
ਪ੍ਰਾਰਥਨਾ ਕੰਨ ਲਾ ਕੇ ਸੁਣ। ਅਤੇ ਫ਼ੇਰ ਮੇਰੀ
ਪ੍ਰਾਰਥਨਾ ਮੰਨ ਲੈ। ਮੈਨੂੰ ਵਿਖਾ ਕਿ ਤੂੰ ਸੱਚਮੁੱਚ ਨੇਕ ਅਤੇ
ਵਫ਼ਾਦਾਰ ਹੈਂ।

2 ਮੈਨੂੰ ਅਦਾਲਤ ਵਿੱਚ ਨਾ ਲਿਆ, ਮੈਂ ਤੇਰਾ ਸੇਵਕ ਹਾਂ। ਕਿਉਂਕਿ ਤੇਰੇ ਨਿਆਂ ਦੇ ਸਾਹਮਣੇ ਕੋਈ ਵੀ ਜਨ ਧਰਮੀ ਨਹੀਂ ਠਹਿਰ ਸਕਦਾ।
3 ਪਰ ਮੇਰੇ ਦੁਸ਼ਮਣ ਮੇਰਾ ਪਿੱਛਾ ਕਰ ਰਹੇ ਹਨ। ਉਨ੍ਹਾਂ ਨੇ ਮੇਰੇ ਜੀਵਨ ਨੂੰ ਮਿੱਟੀ ਵਿੱਚ ਰੋਲ ਦਿੱਤਾ ਹੈ। ਉਹ ਮੈਨੂੰ ਹਨੇਰੀ ਕਬਰ ਅੰਦਰ ਉਨ੍ਹਾਂ ਲੋਕਾਂ ਵਾਂਗ ਧੱਕ ਰਹੇ ਹਨ, ਜਿਹੜੇ ਬਹੁਤ ਪਹਿਲਾਂ ਮਰ ਗਏ ਸਨ।
4 ਮੇਰਾ ਆਤਮਾ ਮੇਰੇ ਅੰਦਰ ਨਢਾਲ ਹੈ। ਮੈਂ ਆਪਣਾ ਹੌਸਲਾ ਗੁਆ ਰਿਹਾ ਹਾਂ।
5 ਪਰ ਮੈਂ ਉਹ ਗੱਲਾਂ ਯਾਦ ਕਰਦਾ ਹਾਂ, ਜਿਹੜੀਆਂ ਬਹੁਤ ਪਹਿਲਾਂ ਵਾਪਰੀਆਂ ਸਨ। ਮੈਂ ਉਨ੍ਹਾਂ ਬਹੁਤ ਸਾਰੀਆਂ ਗੱਲਾਂ ਬਾਰੇ ਸੋਚ ਰਿਹਾ ਹਾਂ ਜਿਹੜੀਆਂ ਤੂੰ ਕੀਤੀਆਂ ਸਨ। ਮੈਂ ਉਨ੍ਹਾਂ ਚੀਜ਼ਾਂ ਬਾਰੇ ਗੱਲ ਕਰ ਰਿਹਾ ਹਾਂ ਜਿਹੜੀਆਂ ਤੂੰ ਆਪਣੀ ਮਹਾਨ ਸ਼ਕਤੀ ਨਾਲ ਕੀਤੀਆਂ ਸਨ!
6 ਹੇ ਯਹੋਵਾਹ, ਮੈਂ ਪ੍ਰਾਰਥਨਾ ਵਿੱਚ ਆਪਣੇ ਹੱਥ ਤੇਰੀ ਵੱਲ ਚੁੱਕਦਾ ਹਾਂ। ਮੈਂ ਤੇਰੀ ਮਦਦ ਲਈ ਇੰਤਜ਼ਾਰ ਕਰ ਰਿਹਾ ਹਾਂ। ਜਿਵੇਂ ਖੁਸ਼ਕ ਧਰਤੀ ਵਰਖਾ ਦਾ ਇੰਤਜ਼ਾਰ ਕਰਦੀ ਹੈ।
7 ਛੇਤੀ ਕਰ, ਯਹੋਵਾਹ, ਤੂੰ ਮੈਨੂੰ ਉੱਤਰ ਦੇ। ਮੈਂ ਆਪਣਾ ਹੌਸਲਾ ਗੁਆ ਚੁੱਕਿਆ ਹਾਂ। ਮੈਥੋਂ ਨਾ ਮੁੜ। ਮੈਨੂੰ ਮਰਨ ਨਾ ਦੇ ਅਤੇ ਕਬਰ ਵਿੱਚ ਪਏ ਇੱਕ ਮੁਰਦੇ ਵਾਂਗ ਨਾ ਹੋਣ ਦੇ।
8 ਹੇ ਪਰਮੇਸ਼ੁਰ, ਤੜਕੇ, ਮੈਨੂੰ ਆਪਣਾ ਸੱਚਾ ਪਿਆਰ ਵਿਖਾ। ਮੈਂ ਤੇਰੇ ਵਿੱਚ ਯਕੀਨ ਰੱਖਾਂਗਾ। ਮੈਨੂੰ ਉਹ ਗੱਲਾਂ ਵਿਖਾ ਜੋ ਮੈਨੂੰ ਕਰਨੀਆਂ ਚਾਹੀਦੀਆਂ ਹਨ। ਮੈਂ ਆਪਣੀ ਜ਼ਿੰਦਗੀ ਤੇਰੇ ਹੱਥਾਂ ਵਿੱਚ ਸੌਂਪਦਾ ਹਾਂ।
9 ਯਹੋਵਾਹ, ਮੈਂ ਤੇਰੇ ਕੋਲ ਸੁਰੱਖਿਆ ਲਈ ਆਇਆ ਹਾਂ, ਮੈਨੂੰ ਮੇਰੇ ਦੁਸ਼ਮਣਾਂ ਕੋਲੋਂ ਬਚਾ।
10 ਜੋ ਕੁਝ ਤੂੰ ਮੇਰੇ ਪਾਸੋਂ ਕਰਵਾਉਣਾ ਚਾਹੁੰਦਾ ਹੈਂ, ਮੈਨੂੰ ਵਿਖਾ। ਤੂੰ ਮੇਰਾ ਪਰਮੇਸ਼ੁਰ ਹੈਂ।
11 ਯਹੋਵਾਹ, ਮੈਨੂੰ ਜਿਉਣ ਦੇ। ਤਾਂ ਜੋ ਲੋਕ ਤੇਰੇ ਨਾਮ ਦੀ ਉਸਤਤ ਕਰਨ। ਮੈਨੂੰ ਵਿਖਾਉ ਕਿ ਤੂੰ ਸੱਚਮੁੱਚ ਭਲਾ ਹੈਂ ਅਤੇ ਮੈਨੂੰ ਮੇਰੇ ਦੁਸ਼ਮਣਾਂ ਤੋਂ ਬਚਾ।
12 ਯਹੋਵਾਹ, ਮੈਨੂੰ ਆਪਣਾ ਪਿਆਰ ਵਿਖਾ। ਅਤੇ ਮੇਰੇ ਦੁਸ਼ਮਣਾਂ ਨੂੰ ਹਰਾ ਦੇ, ਜਿਹੜੇ ਮੈਨੂੰ ਮਾਰਨ ਦੀ ਕੋਸ਼ਿਸ਼ ਕਰਦੇ ਹਨ। ਕਿਉਂਕਿ ਮੈਂ ਤੁਹਾਡਾ ਸੇਵਕ ਹਾਂ।

*ਦਾਊਦ ਦਾ ਇੱਕ ਗੀਤ।*

**144** [1]ਯਹੋਵਾਹ ਮੇਰੀ ਚੱਟਾਨ ਹੈ, ਯਹੋਵਾਹ ਨੂੰ ਮੁਬਾਰਕ ਆਖੋ। ਯਹੋਵਾਹ ਮੈਨੂੰ ਯੁੱਧ ਲਈ ਤਿਆਰ ਕਰਦਾ ਹੈ। ਯਹੋਵਾਹ ਲੜਾਈ ਲਈ ਮੈਨੂੰ ਸਿਖਲਾਈ ਦਿੰਦਾ ਹੈ।
2 ਯਹੋਵਾਹ ਮੈਨੂੰ ਪਿਆਰ ਕਰਦਾ ਹੈ ਅਤੇ ਮੇਰੀ ਰੱਖਿਆ ਕਰਦਾ ਹੈ। ਯਹੋਵਾਹ ਹੀ ਉੱਚੇ ਪਹਾੜਾਂ ਵਿੱਚ ਮੇਰਾ ਸੁਰੱਖਿਅਤ ਸਥਾਨ ਹੈ। ਯਹੋਵਾਹ ਮੈਨੂੰ ਬਚਾਉਂਦਾ ਹੈ। ਯਹੋਵਾਹ ਮੇਰੀ ਢਾਲ ਹੈ। ਮੈਨੂੰ ਉਸ ਉੱਤੇ ਵਿਸ਼ਵਾਸ ਹੈ। ਮੇਰੇ ਲੋਕਾਂ ਉੱਤੇ ਰਾਜ ਕਰਨ ਵਿੱਚ ਯਹੋਵਾਹ ਮੇਰੀ ਮਦਦ ਕਰਦਾ ਹੈ।
3 ਹੇ ਯਹੋਵਾਹ, ਲੋਕੀਂ ਤੇਰੇ ਲਈ ਮਹੱਤਵਪੂਰਨ ਕਿਉਂ ਹਨ? ਤੂੰ ਸਾਡੇ ਵੱਲ ਧਿਆਨ ਵੀ ਕਿਉਂ ਦਿੰਦਾ ਹੈਂ?
4 ਇੱਕ ਬੰਦੇ ਦਾ ਜੀਵਨ ਹਵਾ ਦੇ ਬੁੱਲੇ ਵਰਗਾ ਹੈ। ਇੱਕ ਬੰਦੇ ਦਾ ਜੀਵਨ ਲੰਘਦੇ ਪਰਛਾਵੇਂ ਵਰਗਾ ਹੈ।
5 ਹੇ ਯਹੋਵਾਹ, ਆਕਾਸ਼ ਨੂੰ ਚੀਰ ਸੁੱਟ ਅਤੇ ਉਤਰ ਆ। ਪਹਾੜਾਂ ਨੂੰ ਛੂਹ ਅਤੇ ਉਨ੍ਹਾਂ ਵਿੱਚੋਂ ਧੂੰਆਂ ਉੱਠਣ ਲੱਗੇਗਾ।
6 ਹੇ ਯਹੋਵਾਹ, ਬਿਜਲੀ ਭੇਜ ਅਤੇ ਮੇਰੇ ਦੁਸ਼ਮਣਾਂ ਨੂੰ ਭਜਾ ਦੇ। ਆਪਣੇ “ਤੀਰ” ਛੱਡ ਅਤੇ ਉਨ੍ਹਾਂ ਨੂੰ ਭਜਾ ਦੇ।
7 ਹੇ ਯਹੋਵਾਹ, ਸਵਰਗ ’ਚੋਂ ਹੇਠਾ ਆ ਅਤੇ ਮੈਨੂੰ ਬਚਾ ਲੈ! ਮੈਨੂੰ ਦੁਸ਼ਮਣਾਂ ਦੇ ਸਮੁੰਦਰ ਵਿੱਚ ਨਾ ਡੁੱਬਣ ਦੇ। ਮੈਨੂੰ ਉਨ੍ਹਾਂ ਪਰਦੇਸੀਆ ਕੋਲੋਂ ਬਚਾ।
8 ਇਹ ਦੁਸ਼ਮਣ ਝੂਠੇ ਹਨ। ਉਹ ਗੱਲਾਂ ਆਖਦੇ ਹਨ ਜਿਹੜੀਆਂ ਸੱਚ ਨਹੀਂ ਹਨ।
9 ਹੇ ਯਹੋਵਾਹ, ਮੈਂ ਤੇਰੇ ਕਰਿਸ਼ਮਿਆ ਬਾਰੇ ਇੱਕ ਨਵਾ ਗੀਤ ਗਾਵਾਂਗਾ। ਮੈਂ ਤੇਰੀ ਉਸਤਤ ਕਰਾਂਗਾ ਅਤੇ ਦਸ ਤਾਰਾਂ ਵਾਲੀ ਸਾਰੰਗੀ ਵਜਾਵਾਂਗਾ।
10 ਹੇ ਯਹੋਵਾਹ, ਤੂੰ ਰਾਜਿਆ ਦੀ ਉਨ੍ਹਾਂ ਦੀਆਂ ਲੜਾਈਆਂ ਜਿੱਤਣ ਵਿੱਚ ਮਦਦ ਕਰਦਾ ਹੈ। ਯਹੋਵਾਹ ਨੇ ਆਪਣੇ ਸੇਵਕ ਦਾਊਦ ਨੂੰ ਉਸ ਦੇ ਦੁਸ਼ਮਣਾਂ ਦੀਆਂ ਤਲਵਾਰਾਂ ਤੋਂ ਬਚਾਇਆ।
11 ਮੈਨੂੰ ਇਨ੍ਹਾਂ ਵਿਦੇਸ਼ੀਆ ਤੋਂ ਬਚਾ। ਇਹ ਦੁਸ਼ਮਣ ਝੂਠੇ ਹਨ। ਉਹ ਉਹੀ ਗੱਲਾਂ ਕਰਦੇ ਹਨ ਜਿਹੜੀਆਂ ਸੱਚ ਨਹੀਂ ਹਨ।
12 ਸਾਡੇ ਪੁੱਤਰ ਆਪਣੀ ਜਵਾਨੀ ਵਿੱਚ ਮਜ਼ਬੂਤ ਰੱਖਾਂ ਵਰਗੇ ਹੋਣ। ਸਾਡੀਆਂ ਧੀਆਂ ਮਹਿਲਾਂ ਦੀਆਂ ਖੂਬਸੂਰਤ ਸਜਾਵਟ ਵਰਗੀਆਂ ਹੋਣ।
13 ਸਾਡੇ ਅਨਾਜ ਦੇ ਕੋਠੇ ਸਭ ਤਰ੍ਹਾਂ ਦੀਆਂ ਫ਼ਸਲਾਂ ਨਾਲ ਭਰੇ ਹੋਏ ਹੋਣ। ਸਾਡੇ ਖੇਤਾਂ ਵਿੱਚ ਹਜ਼ਾਰਾਂ ਹੀ ਭੇਡਾਂ ਹੋਣ।
14 ਸਾਡੇ ਫੌਜੀ ਸੁਰੱਖਿਅਤ ਹੋਣ ਕੋਈ ਵੀ ਦੁਸ਼ਮਣ ਅੰਦਰ ਆਉਣ ਦੀ ਕੋਸ਼ਿਸ਼ ਨਹੀਂ ਕਰ ਰਿਹਾ। ਅਸੀਂ ਲੜਨ ਲਈ ਨਹੀਂ ਜਾ ਰਹੇ ਹਾਂ ਸਾਡੀਆਂ ਗਲੀਆਂ ਵਿੱਚ ਲੋਕ ਨਹੀਂ ਚੀਖ ਰਹੇ ਹਨ।
15 ਇਸ ਤਰ੍ਹਾਂ ਦੀਆਂ ਬਰਕਤਾਂ ਹੋਣੀਆਂ ਕਿੰਨਾ ਅਦਭੁਤ ਹੈ। ਜੇ ਯਹੋਵਾਹ ਉਨ੍ਹਾਂ ਦਾ ਪਰਮੇਸ਼ੁਰ ਹੋਵੇ ਤਾਂ ਲੋਕ ਬਹੁਤ ਹੀ ਖੁਸ਼ ਹੁੰਦੇ ਹਨ।

*ਦਾਊਦ ਦਾ ਇੱਕ ਗੀਤ।*

**145** [1]ਹੇ ਮੇਰੇ ਪਰਮੇਸ਼ੁਰ ਅਤੇ ਰਾਜਾ, ਮੈਂ ਤੇਰੀ ਉਸਤਿ ਕਰਦਾ ਹਾਂ। ਮੈਂ ਸਦਾ-ਸਦਾ ਲਈ ਤੇਰੇ ਨਾਮ ਨੂੰ ਮੁਬਾਰਕ ਆਖਾਂਗਾ।
2 ਮੈਂ ਹਰ-ਰੋਜ਼ ਤੇਰੀ ਉਸਤਤ ਕਰਾਂਗਾ, ਮੈਂ ਸਦਾ-ਸਦਾ ਲਈ ਤੇਰੇ ਨਾਮ ਦੀ ਉਸਤਤ ਕਰਾਂਗਾ।
3 ਯਹੋਵਾਹ ਮਹਾਨ ਹੈ। ਲੋਕ ਉਸ ਦੀ ਉਸਤਤ ਬਹੁਤ ਕਰਦੇ ਹਨ। ਅਸੀਂ ਉਸ ਦੇ ਸਾਰੇ ਮਹਾਨ ਕਾਰਜਾਂ ਨੂੰ ਗਿਣ ਨਹੀਂ ਸਕਦੇ।
4 ਯਹੋਵਾਹ, ਲੋਕ ਸਦਾ-ਸਦਾ ਲਈ ਤੇਰੇ ਕਾਰਜਾਂ ਲਈ

ਤੁਹਾਡੀ ਉਸਤਤ ਕਰਨਗੇ। ਉਹ ਤੇਰੇ ਮਹਾਨ ਕਾਰਜਾ
ਬਾਰੇ ਦੱਸਣਗੇ।
5 ਤੇਰੀ ਸ਼ਾਨੋ-ਸ਼ੌਕਤ ਬਹੁਤ ਅਦਭੁਤ ਹੈ। ਮੈਂ ਤੇਰੇ ਚਮਤਕਾਰਾਂ
ਬਾਰੇ ਦੱਸਾਂਗਾ।
6 ਯਹੋਵਾਹ, ਲੋਕ ਤੇਰੇ ਅਦਭੁਤ ਕਾਰਿਆਂ ਬਾਰੇ ਦੱਸਣਗੇ।
ਮੈਂ ਤੇਰੇ ਮਹਾਨ ਕੰਮਾਂ ਬਾਰੇ ਦੱਸਾਂਗਾ।
7 ਲੋਕ ਤੇਰੇ ਭਲੇ ਕੰਮਾਂ ਬਾਰੇ ਦੱਸਣਗੇ। ਲੋਕ ਤੇਰੇ ਨਿਆਂ ਦੇ
ਗੀਤ ਗਾਉਣਗੇ।
8 ਯਹੋਵਾਹ ਮਿਹਰਬਾਨ ਅਤੇ ਦਿਆਲੂ ਹੈ। ਯਹੋਵਾਹ ਸਹਿਜ
ਅਤੇ ਪਿਆਰ ਭਰਿਆ ਹੈ।
9 ਯਹੋਵਾਹ ਹਰ ਇੱਕ ਨਾਲ ਭਲਾ ਕਰਦਾ ਹੈ। ਯਹੋਵਾਹ ਹਰ
ਚੀਜ਼ ਨੂੰ ਆਪਣੀ ਦਯਾ ਵਿਖਾਉਂਦਾ ਹੈ ਜਿਸ ਨੂੰ ਉਸ ਨੇ
ਬਣਾਇਆ।
10 ਯਹੋਵਾਹ, ਜੋ ਵੀ ਤੂੰ ਬਣਾਇਆ ਹੈ, ਤੇਰਾ ਧੰਨਵਾਦ
ਕਰਨਗੇ। ਤੇਰੇ ਅਨੁਯਾਈ ਤੈਨੂੰ ਅਸੀਸ ਦਿੰਦੇ ਹਨ।
11 ਉਹ ਦੱਸਦੇ ਹਨ ਕਿ ਤੁਹਾਡੀ ਸਲਤਨਤ ਕਿੰਨੀ ਮਹਾਨ ਹੈ।
ਉਹ ਦੱਸਦੇ ਹਨ ਤੂੰ ਕਿੰਨਾ ਮਹਾਨ ਹੈਂ।
12 ਇਉਂ ਹੋਰ ਲੋਕੀ ਵੀ ਤੇਰੇ ਮਹਾਨ ਕੰਮਾਂ ਬਾਰੇ ਜਾਣ ਲੈਂਦੇ
ਹਨ, ਯਹੋਵਾਹ। ਉਹ ਲੋਕ ਜਾਣ ਲੈਂਦੇ ਹਨ ਕਿ ਤੁਹਾਡੀ
ਸਲਤਨਤ ਕਿੰਨੀ ਮਹਾਨ ਅਤੇ ਅਦਭੁਤ ਹੈ।
13 ਹੇ ਯਹੋਵਾਹ, ਤੁਹਾਡਾ ਰਾਜ ਸਦਾ-ਸਦਾ ਲਈ ਰਹੇਗਾ। ਤੂੰ
ਸਦਾ-ਸਦਾ ਲਈ ਰਾਜ ਕਰੇਂਗਾ।
14 ਯਹੋਵਾਹ ਨੀਵੇਂ ਡਿੱਗਿਆ ਨੂੰ ਉੱਚਿਆਂ ਚੁੱਕਦਾ ਹੈ।
ਯਹੋਵਾਹ ਉਨ੍ਹਾਂ ਲੋਕਾਂ ਦੀ ਮਦਦ ਕਰਦਾ ਹੈ ਜੋ ਮੁਸੀਬਤ
ਵਿੱਚ ਹਨ।
15 ਯਹੋਵਾਹ, ਸਾਰੇ ਜੀਉਂਦੇ ਪ੍ਰਾਣੀ ਤੇਰੇ ਵੱਲ ਆਪਣੇ ਭੋਜਨ
ਲਈ ਤੱਕਦੇ ਹਨ। ਅਤੇ ਤੂੰ ਉਨ੍ਹਾਂ ਨੂੰ ਸਮੇਂ ਸਿਰ ਭੋਜਨ
ਦਿੰਦਾ ਹੈਂ।
16 ਯਹੋਵਾਹ, ਤੂੰ ਆਪਣੇ ਹੱਥ ਖੋਲ੍ਹਦਾ ਹੈਂ, ਅਤੇ ਤੂੰ ਹਰ
ਜੀਉਂਦੇ ਪ੍ਰਾਣੀ ਨੂੰ ਜੋ ਵੀ ਉਸ ਦੀ ਲੋੜ ਹੈ ਉਸ ਨੂੰ ਦਿੰਦਾ
ਹੈਂ।
17 ਹਰ ਗੱਲ ਜਿਹੜੀ ਯਹੋਵਾਹ ਕਰਦਾ ਹੈ ਭਲੀ ਹੈ। ਹਰ
ਗੱਲ ਜਿਹੜੀ ਉਹ ਕਰਦਾ ਹੈ ਵਿਖਾਉਂਦੀ ਹੈ ਕਿ ਉਹ ਕਿੰਨਾ
ਮਹਾਨ ਹੈ।
18 ਯਹੋਵਾਹ ਹਰ ਉਸ ਬੰਦੇ ਦੇ ਨੇੜੇ ਹੈ ਜੋ ਉਸ ਨੂੰ ਮਦਦ
ਵਾਸਤੇ ਪੁਕਾਰਦਾ ਹੈ। ਪਰਮੇਸ਼ੁਰ ਹਰ ਉਸ ਵਿਅਕਤੀ ਦੇ
ਨੇੜੇ ਹੈ ਜਿਹੜਾ ਨਿਸ਼ਕਪਟਤਾ ਨਾਲ ਉਸ ਨੂੰ ਪ੍ਰਾਰਥਨਾ
ਕਰਦਾ ਹੈ।
19 ਯਹੋਵਾਹ ਉਹੀ ਕਰਦਾ ਹੈ ਜੋ ਉਸ ਦੇ ਮੰਨਣ ਵਾਲੇ ਚਾਹੁੰਦੇ
ਹਨ, ਯਹੋਵਾਹ ਉਨ੍ਹਾਂ ਦੀ ਸੁਣਦਾ ਹੈ। ਉਹ ਉਨ੍ਹਾਂ ਦੀਆਂ
ਅਰਦਾਸਾਂ ਮੰਨਦਾ ਹੈ। ਅਤੇ ਉਹ ਉਨ੍ਹਾਂ ਨੂੰ ਬਚਾਉਂਦਾ ਹੈ।
20 ਯਹੋਵਾਹ ਹਰ ਬੰਦੇ ਨੂੰ ਬਚਾਉਂਦਾ ਹੈ, ਜਿਹੜਾ ਉਸ ਨੂੰ
ਪਿਆਰ ਕਰਦਾ ਹੈ। ਪਰ ਯਹੋਵਾਹ ਬੁਰੇ ਬੰਦੇ ਦਾ ਨਾਸ਼
ਕਰਦਾ ਹੈ।
21 ਮੈਂ ਯਹੋਵਾਹ ਦੀ ਉਸਤਤ ਕਰਾਂਗਾ! ਮੈਂ ਚਾਹੁੰਦਾ ਹਾਂ ਕਿ
ਹਰ ਬੰਦਾ ਉਸ ਦੇ ਪਵਿੱਤਰ ਨਾਮ ਦੀ ਸਦਾ-ਸਦਾ ਲਈ
ਉਸਤਤ ਕਰ ਸਕੇ।

## 146

1 ਯਹੋਵਾਹ ਦੀ ਉਸਤਤ ਕਰੋ। ਹੇ ਮੇਰੀ ਜਾਨ,
ਯਹੋਵਾਹ ਦੀ ਉਸਤਤ ਕਰ।
2 ਮੈਂ ਸਾਰੀ ਉਮਰ ਯਹੋਵਾਹ ਦੀ ਉਸਤਤ ਕਰਾਂਗਾ। ਮੈਂ ਸਾਰੀ
ਉਮਰ ਉਸ ਦੀ ਉਸਤਤ ਦੇ ਗੀਤ ਗਾਵਾਂਗਾ।
3 ਆਪਣੇ ਆਗੂਆਂ ਉੱਤੇ ਮਦਦ ਲਈ ਨਿਰਭਰ ਨਾ ਕਰੋ,
ਲੋਕਾਂ ਉੱਤੇ ਵਿਸ਼ਵਾਸ ਨਾ ਕਰੋ। ਕਿਉਂਕਿ ਲੋਕ ਤੈਨੂੰ ਬਚਾ
ਨਹੀਂ ਸਕਦੇ।
4 ਲੋਕ ਮਰ ਜਾਂਦੇ ਹਨ ਅਤੇ ਦਫ਼ਨਾ ਦਿੱਤੇ ਜਾਂਦੇ ਹਨ।
ਅਤੇ ਫ਼ੇਰ ਉਨ੍ਹਾਂ ਦੀਆਂ ਮਦਦ ਕਰਨ ਦੀਆਂ ਸਾਰੀਆਂ
ਯੋਜਨਾਵਾਂ ਖਤਮ ਹੋ ਜਾਂਦੀਆਂ ਹਨ।
5 ਪਰ ਜਿਹੜੇ ਲੋਕ ਪਰਮੇਸ਼ੁਰ ਕੋਲੋਂ ਸਹਾਇਤਾ ਮੰਗਦੇ ਹਨ
ਬਹੁਤ ਖੁਸ਼ ਹਨ। ਉਹ ਆਪਣੇ ਯਹੋਵਾਹ ਪਰਮੇਸ਼ੁਰ ਉੱਤੇ
ਨਿਰਭਰ ਕਰਦੇ ਹਨ।
6 ਯਹੋਵਾਹ ਨੇ ਸਵਰਗ ਅਤੇ ਧਰਤੀ ਨੂੰ ਸਾਜਿਆ। ਯਹੋਵਹ
ਨੇ ਸਮੁੰਦਰ ਅਤੇ ਉਸ ਵਿੱਚਲੀ ਹਰ ਸ਼ੈਅ ਨੂੰ ਸਾਜਿਆ,
ਯਹੋਵਾਹ ਉਸ ਨੂੰ ਸਦਾ ਲਈ ਬਚਾਵੇਗਾ।
7 ਯਹੋਵਾਹ ਉਨ੍ਹਾਂ ਲੋਕਾਂ ਲਈ ਸਹੀ ਗੱਲਾਂ ਕਰਦਾ ਹੈ ਜਿਨ੍ਹਾਂ ਨੂੰ
ਦੁੱਖ ਦਿੱਤਾ ਗਿਆ ਹੈ ਪਰਮੇਸ਼ੁਰ ਭੁੱਖੇ ਲੋਕਾਂ ਨੂੰ ਭੋਜਨ ਦਿੰਦਾ
ਹੈ ਯਹੋਵਾਹ ਕੈਦ ਵਿੱਚ ਬੰਦ ਲੋਕਾਂ ਨੂੰ ਮੁਕਤ ਕਰਦਾ ਹੈ।
8 ਯਹੋਵਾਹ ਅੰਨ੍ਹੇ ਲੋਕਾਂ ਦੀ ਦੇਖਣ ਵਿੱਚ ਮਦਦ ਕਰਦਾ ਹੈ।
ਯਹੋਵਾਹ ਉਨ੍ਹਾਂ ਲੋਕਾਂ ਦੀ ਮਦਦ ਕਰਦਾ ਹੈ ਜੋ ਮੁਸੀਬਤ
ਵਿੱਚ ਹਨ। ਯਹੋਵਾਹ ਨੇਕ ਲੋਕਾਂ ਨੂੰ ਪਿਆਰ ਕਰਦਾ ਹੈ।
9 ਯਹੋਵਾਹ ਸਾਡੇ ਦੇਸ ਵਿੱਚ ਅਜਨਬੀਆਂ ਨੂੰ ਬਚਾਉਂਦਾ ਹੈ।
ਯਹੋਵਾਹ ਵਿੱਧਵਾਂ ਅਤੇ ਯਤੀਮਾਂ ਦੀ ਮਦਦ ਕਰਦਾ ਹੈ।
ਪਰ ਯਹੋਵਾਹ ਬੁਰੇ ਲੋਕਾਂ ਦਾ ਨਾਸ਼ ਕਰਦਾ ਹੈ।
10 ਯਹੋਵਾਹ ਸਦਾ-ਸਦਾ ਲਈ ਰਾਜ ਕਰੇਗਾ, ਤੇਰਾ ਪਰਮੇਸ਼ੁਰ,
ਹੇ ਸੀਯੋਨ, ਸਦਾ-ਸਦਾ ਲਈ ਰਾਜ ਕਰੇਗਾ।

ਯਹੋਵਾਹ ਦੀ ਉਸਤਤ ਕਰੋ।

## 147

1 ਯਹੋਵਾਹ ਦੀ ਉਸਤਤ ਕਰੋ ਕਿਉਂਕਿ ਉਹ
ਭਲਾ ਹੈ। ਸਾਡੇ ਪਰਮੇਸ਼ੁਰ ਲਈ, ਉਸਤਤ
ਦੇ ਗੀਤ ਗਾਵੋ। ਉਸ ਦੀ ਉਸਤਤ ਕਰਨਾ ਚੰਗਾ ਅਤੇ
ਸੁਹਾਣਾ ਹੈ।
2 ਯਹੋਵਾਹ ਨੇ ਯਰੂਸ਼ਲਮ ਨੂੰ ਉਸਾਰਿਆ। ਪਰਮੇਸ਼ੁਰ ਨੇ
ਇਸਰਾਏਲੀ ਲੋਕਾਂ ਨੂੰ ਵਾਪਸ ਲਿਆਂਦਾ ਹੈ। ਜਿਹੜੇ ਕੈਦ
ਹੋ ਗਏ ਸਨ।
3 ਪਰਮੇਸ਼ੁਰ ਉਨ੍ਹਾਂ ਦੇ ਟੁੱਟੇ ਦਿਲਾਂ ਨੂੰ ਜੋੜਦਾ ਹੈ। ਅਤੇ ਉਨ੍ਹਾਂ
ਦੇ ਜ਼ਖਮਾ ਉੱਤੇ ਮਰਹਮ ਪੱਟੀ ਕਰਦਾ ਹੈ।
4 ਪਰਮੇਸ਼ੁਰ ਤਾਰਿਆਂ ਦੀ ਗਿਣਤੀ ਕਰਦਾ ਹੈ ਅਤੇ ਉਹ ਹਰ
ਇੱਕ ਦਾ ਨਾਮ ਜਾਣਦਾ ਹੈ।
5 ਸਾਡਾ ਮਾਲਕ ਬੜਾ ਮਹਾਨ ਹੈ, ਉਹ ਬਹੁਤ ਸ਼ਕਤੀਸ਼ਾਲੀ
ਹੈ। ਉਸ ਦੇ ਗਿਆਨ ਦੀ ਕੋਈ ਹੱਦ ਨਹੀਂ।
6 ਯਹੋਵਾਹ ਮਸਕੀਨਾ ਦਾ ਆਸਰਾ ਹੈ, ਪਰ ਉਹ ਦੁਸ਼ਟ ਲੋਕਾਂ
ਨੂੰ ਨਮੋਸ਼ੀ ਦਿੰਦਾ ਹੈ।
7 ਯਹੋਵਾਹ ਦਾ ਧੰਨਵਾਦ ਕਰੋ, ਰਬਾਬ ਨਾਲ ਸਾਡੇ ਪਰਮੇਸ਼ੁਰ
ਦੀ ਉਸਤਤ ਕਰੋ।

8 ਯਹੋਵਾਹ ਆਕਾਸ਼ ਨੂੰ ਬੱਦਲਾਂ ਨਾਲ ਭਰਦਾ ਹੈ। ਯਹੋਵਾਹ
ਧਰਤੀ ਲਈ ਵਰਖਾ ਕਰਦਾ ਹੈ। ਯਹੋਵਾਹ ਪਹਾੜਾਂ ਉੱਤੇ
ਘਾਹ ਉਗਾਉਂਦਾ ਹੈ।
9 ਯਹੋਵਾਹ ਜਾਨਵਰਾ ਨੂੰ ਭੋਜਨ ਦਿੰਦਾ ਹੈ, ਯਹੋਵਾਹ
ਪੰਛੀਆ ਦੇ ਬੱਚਿਆਂ ਨੂੰ ਭੋਜਨ ਦਿੰਦਾ ਹੈ।
10 ਯੁੱਧ ਦੇ ਘੋੜੇ ਅਤੇ ਬਲਵਾਨ ਯੋਧੇ ਉਸ ਨੂੰ ਖੁਸ਼ੀ ਪ੍ਰਦਾਨ
ਨਹੀਂ ਕਰਦੇ।
11 ਯਹੋਵਾਹ ਉਨ੍ਹਾਂ ਲੋਕਾਂ ਤੋਂ ਪ੍ਰਸੰਨ ਹੁੰਦਾ ਹੈ ਜਿਹੜੇ ਉਸ ਦੀ
ਉਪਾਸਨਾ ਕਰਦੇ ਹਨ। ਯਹੋਵਾਹ ਉਨ੍ਹਾਂ ਲੋਕਾਂ ਉੱਤੇ ਪ੍ਰਸੰਨ
ਹੁੰਦਾ ਹੈ ਜਿਹੜੇ ਉਸ ਦੇ ਸੱਚੇ ਪਿਆਰ ਉੱਤੇ ਵਿਸ਼ਵਾਸ
ਕਰਦੇ ਹਨ।
12 ਹੇ ਯਰੂਸ਼ਲਮ, ਯਹੋਵਾਹ ਦੀ ਉਸਤਤ ਕਰ! ਹੇ ਸੀਯੋਨ,
ਪਰਮੇਸ਼ੁਰ ਦੀ ਉਸਤਤ ਕਰ।
13 ਹੇ ਯਰੂਸ਼ਲਮ, ਪਰਮੇਸ਼ੁਰ ਤੇਰੇ ਫਾਟਕਾਂ ਨੂੰ ਮਜ਼ਬੂਤ
ਬਣਾਉਂਦਾ ਹੈ। ਅਤੇ ਪਰਮੇਸ਼ੁਰ ਤੇਰੇ ਸ਼ਹਿਰ ਦੇ ਲੋਕਾਂ ਨੂੰ
ਅਸੀਸ ਦਿੰਦਾ ਹੈ।
14 ਪਰਮੇਸ਼ੁਰ ਨੇ ਸਾਡੇ ਦੇਸ ਵਿੱਚ ਅਮਨ ਲਿਆਂਦਾ, ਇਸ
ਲਈ ਸਾਡੇ ਦੁਸ਼ਮਣਾਂ ਨੇ ਯੁੱਧ ਵਿੱਚ ਸਾਡਾ ਅਨਾਜ ਨਹੀਂ
ਲੁੱਟਿਆ ਅਤੇ ਤੇਰੇ ਕੋਲ ਭੋਜਨ ਲਈ ਬਹੁਤ ਅਨਾਜ ਹੈ।
15 ਪਰਮੇਸ਼ੁਰ ਧਰਤੀ ਨੂੰ ਹੁਕਮ ਦਿੰਦਾ ਹੈ, ਅਤੇ ਇਹ ਛੇਤੀ ਹੀ
ਮੰਨ ਲੈਂਦੀ ਹੈ।
16 ਪਰਮੇਸ਼ੁਰ ਓਨਾ ਚਿਰ ਤੱਕ ਬਰਫ਼ਬਾਰੀ ਕਰਦਾ ਹੈ ਜਿੰਨਾ
ਚਿਰ ਤੱਕ, ਜ਼ਮੀਨ ਉਨ ਵਾਂਗ ਸਫ਼ੇਦ ਨਹੀਂ ਹੋ ਜਾਂਦੀ,
ਪਰਮੇਸ਼ੁਰ ਕੋਹਰੇ ਨੂੰ ਹਵਾ ਵਿੱਚ ਘੱਟੇ ਵਾਂਗ ਉਡਾਉਂਦਾ ਹੈ।
17 ਪਰਮੇਸ਼ੁਰ ਆਕਾਸ਼ ਉੱਤੋਂ ਪੱਥਰਾ ਵਾਂਗ ਗੜ੍ਹੇਮਾਰ ਕਰਦਾ
ਹੈ। ਕੋਈ ਵੀ ਬੰਦਾ ਉਸ ਵੱਲੋਂ ਭੇਜੀ ਠੰਡ ਨੂੰ ਨਹੀਂ ਝੱਲ
ਸਕਦਾ।
18 ਫ਼ਿਰ ਪਰਮੇਸ਼ੁਰ ਇੱਕ ਹੋਰ ਹੁਕਮ ਦਿੰਦਾ ਹੈ ਅਤੇ ਗਰਮ
ਹਵਾ ਵਗ ਪੈਂਦੀ ਹੈ। ਫ਼ਿਰ ਬਰਫ਼ ਪਿਘਲਦੀ ਹੈ ਅਤੇ
ਪਾਣੀ ਵਗ ਪੈਂਦਾ ਹੈ।
19 ਪਰਮੇਸ਼ੁਰ ਨੇ ਯਾਕੂਬ (ਇਸਰਾਏਲ) ਨੂੰ ਹੁਕਮ ਦਿੱਤਾ,
ਉਸ ਨੇ ਆਪਣੇ ਨਿਯਮ ਅਤੇ ਅਸੂਲ ਇਸਰਾਏਲ ਨੂੰ
ਦਿੱਤੇ।
20 ਪਰਮੇਸ਼ੁਰ ਨੇ ਅਜਿਹਾ ਕਿਸੇ ਹੋਰ ਕੌਮ ਲਈ ਨਹੀਂ ਕੀਤਾ।
ਪਰਮੇਸ਼ੁਰ ਨੇ ਆਪਣੇ ਨਿਯਮ ਹੋਰਾਂ ਲੋਕਾਂ ਨੂੰ ਨਹੀਂ
ਸਿਖਾਏ।

ਯਹੋਵਾਹ ਦੀ ਉਸਤਤ ਕਰੋ।

## 148

1ਯਹੋਵਾਹ ਦੀ ਉਸਤਤ ਕਰੋ। ਉਤਲੇ ਦੂਤੋ,
ਸਵਰਗ ਵਿੱਚੋਂ ਯਹੋਵਾਹ ਦੀ ਉਸਤਤ ਕਰੋ।
2 ਤੁਸੀਂ ਸਾਰੇ ਦੂਤੋਂ, ਯਹੋਵਾਹ ਦੀ ਉਸਤਤ ਕਰੋ। ਉਸ ਦੀ
ਸਾਰੀ ਫ਼ੌਜ ਵਾਲਿਉ, ਉਸ ਦੀ ਉਸਤਤ ਕਰੋ।
3 ਸੂਰਜ ਅਤੇ ਚੰਦ , ਯਹੋਵਾਹ ਦੀ ਉਸਤਤ ਕਰੋ। ਤਾਰਿਉ
ਅਤੇ ਆਕਾਸ਼ ਦੀਉ ਰੌਸ਼ਨੀਉ, ਉਸ ਦੀ ਉਸਤਤ ਕਰੋ।
4 ਯਹੋਵਾਹ ਦੀ ਉਸਤਤ ਕਰੋ, ਸਭ ਤੋਂ ਉੱਚੇ ਸਵਰਗ ਵਿੱਚ
ਆਕਾਸ਼ ਉਤਲੇ ਪਾਣੀਉ, ਉਸ ਦੀ ਉਸਤਤ ਕਰੋ।
5 ਯਹੋਵਾਹ ਦੇ ਨਾਮ ਦੀ ਉਸਤਤ ਕਰੋ। ਕਿਉਂਕਿ ਪਰਮੇਸ਼ੁਰ
ਨੇ ਹੁਕਮ ਦਿੱਤਾ ਅਤੇ ਸਾਡੇ ਸਾਰਿਆਂ ਦੀ ਸਾਜਨਾ ਹੋਈ।
6 ਪਰਮੇਸ਼ੁਰ ਨੇ ਇਹ ਚੀਜ਼ਾਂ ਸਦਾ ਵਾਸਤੇ ਰਹਿਣ ਲਈ
ਬਣਾਈਆਂ। ਪਰਮੇਸ਼ੁਰ ਨੇ ਨਿਯਮ ਬਣਾਏ ਜਿਹੜੇ ਕਦੀ
ਨਹੀਂ ਮੁੱਕਣਗੇ।
7 ਹੇ ਧਰਤੀ ਉਤਲੀ ਹਰ ਸ਼ੈਅ, ਯਹੋਵਾਹ ਦੀ ਉਸਤਤ ਕਰੋ।
ਹੇ ਮਹਾਂ ਸਾਗਰ ਅਤੇ ਉਸ ਵਿੱਚਲੇ ਜਲ ਜੰਤੂਓ, ਯਹੋਵਾਹ
ਦੀ ਉਸਤਤ ਕਰੋ।
8 ਹੇ ਅੱਗ ਤੇ ਗੜ੍ਹੇ, ਬਰਫ਼ ਤੇ ਬੱਦਲ ਅਤੇ ਤੂਫਾਨੀ ਹਵਾ
ਜਿਹੜੀ ਉਹ ਦਾ ਹੁਕਮ ਮੰਨਦੀ ਹੈ ਉਹ ਦੀ ਉਸਤਤ ਕਰੋ।
9 ਹੇ ਪਹਾੜੋ ਤੇ ਪਹਾੜੀਓ, ਫਲਦਾਰ ਰੁੱਖੋ ਤੇ ਦਿਆਰੋ ਉਹ ਦੀ
ਉਸਤਤ ਕਰੋ।
10 ਹੇ ਜੰਗਲੀ ਜਾਨਵਰੋ ਤੇ ਪਸ਼ੂਓ, ਪੰਛੀਓ ਤੇ ਰੀਂਗਣ ਵਾਲੇ
ਜੀਵੋ ਅਤੇ ਪਰਿੰਦਿਓ ਉਹ ਦੀ ਉਸਤਤ ਕਰੋ।
11 ਹੇ ਧਰਤੀ ਦੇ ਰਾਜਿਓ ਤੇ ਕੌਮੋਂ, ਰਾਜਕੁਮਾਰੋ ਅਤੇ ਹਾਕਮੋ
ਉਹ ਦੀ ਉਸਤਤ ਕਰੋ।
12 ਹੇ ਜਵਾਨੋ ਤੇ ਕੁਆਰੀਓ, ਬੁੱਢਿਓ ਤੇ ਬੱਚਿਓ ਉਹ ਦੀ
ਉਸਤਤ ਕਰੋ।
13 ਯਹੋਵਾਹ ਦੇ ਨਾਮ ਦੀ ਉਸਤਤ ਕਰੋ। ਸਦਾ ਹੀ ਉਸ ਦੇ
ਨਾਮ ਦਾ ਆਦਰ ਕਰੋ! ਉਸ ਦਾ ਨਾਮ ਸਭ ਤੋਂ ਮਹਾਨ ਹੈ।
ਉਹ ਧਰਤੀ ਅਤੇ ਅਕਾਸ਼ ਨਾਲੋਂ ਵੀ ਬਹੁਤ ਮਹਿਮਾਮਈ
ਹੈ।
14 ਪਰਮੇਸ਼ੁਰ ਨੇ ਆਪਣੇ ਲੋਕਾ ਨੂੰ ਮਜ਼ਬੂਤ ਬਣਾਇਆ ਹੈ।
ਉਸ ਦੇ ਵਫ਼ਾਦਾਰ ਪੈਰੋਕਾਰ ਉਹ ਦੀ ਉਸਤਤ ਕਰਨਗੇ। ਹੇ
ਇਸਰਾਏਲ, ਉਹ ਦੇ ਕੀਮਤੀ ਲੋਕੋ, ਯਹੋਵਾਹ ਦੀ ਉਸਤਤ
ਕਰੋ।

## 149

1ਯਹੋਵਾਹ ਦੀ ਉਸਤਤ ਕਰੋ। ਉਨ੍ਹਾਂ ਨਵੀਆਂ
ਗੱਲਾਂ ਬਾਰੇ ਕੋਈ ਨਵਾਂ ਗੀਤ ਗਾਵੋ ਜੋ
ਯਹੋਵਾਹ ਨੇ ਕੀਤੀਆ ਹਨ। ਉਸ ਦੀ ਉਸਤਤ ਉਸ ਦੇ
ਪੈਰੋਕਾਰਾਂ ਦੀ ਸਭਾ ਵਿੱਚ ਗਾਵੋ।
2 ਇਸਰਾਏਲ ਆਪਣੇ ਕਰਤਾ ਨਾਲ ਖੁਸ਼ੀ ਮਨਾਵੇ। ਸੀਯੋਨ
ਦੇ ਲੋਕ ਆਪਣੇ ਰਾਜੇ ਨਾਲ ਅਨੰਦ ਮਨਾਉਣ।
3 ਉਹ ਲੋਕ ਨੂੰ ਨੱਚ ਕੁੱਦ ਕੇ ਅਤੇ ਸਾਰੰਗੀਆ ਵਜਾ ਕੇ
ਪਰਮੇਸ਼ੁਰ ਦੀ ਉਸਤਤ ਕਰਨ।
4 ਯਹੋਵਾਹ ਆਪਣੇ ਲੋਕਾ ਨਾਲ ਖੁਸ਼ ਹੈ। ਪਰਮੇਸ਼ੁਰ ਨੇ
ਆਪਣੇ ਮਸਕੀਨ ਲੋਕਾਂ ਲਈ ਇੱਕ ਅਦਭੁਤ ਗੱਲ
ਕੀਤੀ। ਉਸ ਨੇ ਉਨ੍ਹਾਂ ਨੂੰ ਬਚਾ ਲਿਆ।
5 ਪਰਮੇਸ਼ੁਰ ਦੇ ਪੈਰੋਕਾਰੋ, ਆਪਣੀ ਜਿੱਤ ਵਿੱਚ ਖੁਸ਼ੀ ਮਨਾਉ!
ਬਿਸਤਰ ਉੱਤੇ ਲੇਟਣ ਤੋਂ ਬਾਦ ਵੀ ਪ੍ਰਸੰਨ ਹੋਵੋ।
6 ਲੋਕ ਪਰਮੇਸ਼ੁਰ ਦੀ ਉਸਤਤ ਦੇ ਨਾਹਰੇ ਮਾਰਨ। ਅਤੇ ਤੇਜ਼
ਤਲਵਾਰ ਉਨ੍ਹਾਂ ਦੇ ਹੱਥਾਂ ਵਿੱਚ ਹੋਵੇ।
7 ਉਹ ਆਪਣੇ ਦੁਸ਼ਮਣਾਂ ਤੋਂ ਬਦਲਾ ਲੈਣ। ਉਹ ਉਨ੍ਹਾਂ ਲੋਕਾਂ
ਨੂੰ ਦੰਡ ਦੇਣ।
8 ਪਰਮੇਸ਼ੁਰ ਦੇ ਬੰਦੇ ਉਨ੍ਹਾਂ ਰਾਜਿਆ ਅਤੇ ਮਹੱਤਵਪੂਰਣ
ਲੋਕਾ ਦੇ ਜ਼ੰਜ਼ੀਰਾਂ ਪਾ ਦੇਣਗੇ।
9 ਪਰਮੇਸ਼ੁਰ ਦੇ ਬੰਦੇ ਉਨ੍ਹਾਂ ਨੂੰ ਦੰਡ ਦੇਣਗੇ ਜਿਵੇਂ ਪਰਮੇਸ਼ੁਰ

ਨੇ ਹੁਕਮ ਦਿੱਤਾ ਸੀ। ਪਰਮੇਸ਼ੁਰ ਦੇ ਸਾਰੇ ਪੈਰੋਕਾਰ ਉਸ ਦਾ
ਆਦਰ ਕਰਨਗੇ।

ਯਹੋਵਾਹ ਦੀ ਉਸਤਤ ਕਰੋ।

**150** [1]ਯਹੋਵਾਹ ਦੀ ਉਸਤਤ ਕਰੋ! ਉਸ ਦੇ ਮੰਦਰ
ਵਿੱਚ ਪਰਮੇਸ਼ੁਰ ਦੀ ਉਸਤਤ ਕਰੋ! ਸਵਰਗ
ਵਿੱਚ ਉਸ ਦੀ ਸ਼ਕਤੀ ਦੀ ਉਸਤਤ ਕਰੋ।
2 ਉਸ ਦੇ ਮਹਾਨ ਕੰਮਾਂ ਲਈ ਪਰਮੇਸ਼ੁਰ ਦੀ ਉਸਤਤ ਕਰੋ!
ਉਸ ਦੀ ਉਸਤਤ ਉਸ ਦੀ ਸਾਰੀ ਮਹਾਨਤਾ ਲਈ ਕਰੋ।
3 ਵਾਜੇ-ਗਾਜੇ ਨਾਲ ਪਰਮੇਸ਼ੁਰ ਦੀ ਉਸਤਤ ਕਰੋ। ਵੰਝਲੀਆਂ
ਸਾਰੰਗੀਆਂ ਨਾਲ ਉਸ ਦੀ ਉਸਤਤ ਕਰੋ।
4 ਤੰਬੂਰੀਆਂ ਤੇ ਨੱਚਣ ਨਾਲ ਪਰਮੇਸ਼ੁਰ ਦੀ ਉਸਤਤ ਕਰੋ।
ਉਸ ਦੀ ਉਸਤਤ ਤਾਰਾਂ ਵਾਲੇ ਸਾਜ਼ਾਂ ਅਤੇ ਬੰਸਰੀਆਂ
ਨਾਲ ਕਰੋ।
5 ਛੈਣਿਆਂ ਦੀ ਉੱਚੀ ਅਵਾਜ਼ ਨਾਲ ਪਰਮੇਸ਼ੁਰ ਦੀ ਉਸਤਤ
ਕਰੋ। ਛਣਕਦੇ ਛੈਣਿਆ ਨਾਲ ਉਸ ਦੀ ਉਸਤਤ ਕਰੋ।
6 ਹਰ ਜਾਨਦਾਰ ਪ੍ਰਾਣੀ, ਯਹੋਵਾਹ ਦੀ ਉਸਤਤ ਕਰੇ!

ਹੋਵਾਹ ਦੀ ਉਸਤਤ ਕਰੋ!

## ਨੋਟਸ